ਸ਼ਨੀਵਾਰ, 16 ਮਈ, 2026
2 ਜੇਠ { ਨਾਨਕਸ਼ਾਹੀ 558 / ਬਿਕਰਮੀ 2083
ਜਿਲਦ/VOL. : 74
ਅੰਕ/NO. : 345

ਰੋਜ਼ਾਨਾ
# ਨਵਾਂ ਜ਼ਮਾਨਾ

DAILY NAWAN ZAMANA • SATURDAY, 16 MAY, 2026 ਜਲੰਧਰ

**'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ**

| | |
|---|---|
| ਪੁੱਛ-ਗਿੱਛ (ਰਿਸੈਪਸ਼ਨ) | 0181-5097300 |
| ਇਸ਼ਤਿਹਾਰ ਵਿਭਾਗ | 0181-5097302 |
| ਸਾਹਿਤ ਸੰਪਾਦਕ (ਐਤਵਾਰਤਾ) | 0181-5097305 |
| ਕੰਪਿਊਟਰ ਰੂਮ | 0181-5097310 |
| ਵੈੱਬ ਟੀ ਵੀ | 0181-5133160 |

You Tube nawan zamana TV

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 12

# ਚੰਡੀਗੜ੍ਹ ਪੁਲਸ ਵੱਲੋਂ ਕਿਸਾਨਾਂ 'ਤੇ ਅੰਨ੍ਹਾ ਤਸ਼ੱਦਦ

## • ਲਾਠੀਚਾਰਜ, ਹੰਝੂ ਗੈਸ ਤੇ ਪਾਣੀ ਦੀਆਂ ਬੁਛਾੜਾਂ ਮਾਰੀਆਂ • ਅੱਜ ਪੰਜਾਬ-ਭਰ 'ਚ ਰਾਜਪਾਲ ਤੇ ਭਾਜਪਾ ਦੇ ਪੁਤਲੇ ਸਾੜੇ ਜਾਣਗੇ





**ਚੰਡੀਗੜ੍ਹ (ਗਿਆਨ ਸੈਦਪੁਰੀ/ਗੁਰਜੀਤ ਬਿੱਲਾ)**

ਕੇਂਦਰ ਸਰਕਾਰ ਵੱਲੋਂ ਭਾਖੜਾ ਬਿਆਸ ਮੈਨੇਜਮੈਂਟ ਬੋਰਡ ਵਿੱਚੋਂ ਪੰਜਾਬ ਦੇ ਮੈਂਬਰ ਸਿੰਜਾਈ ਦੀ ਸਥਾਈ ਸੀਟ ਖਤਮ ਕਰਨ ਦੇ ਨੋਟੀਫਿਕੇਸ਼ਨ ਨੂੰ ਰੱਦ ਕਰਵਾਉਣ ਤੇ ਹੋਰ ਮੰਗਾਂ ਨੂੰ ਲੈ ਕੇ ਸ਼ੁੱਕਰਵਾਰ ਸੰਯੁਕਤ ਕਿਸਾਨ ਮੋਰਚਾ ਪੰਜਾਬ ਦੇ ਸੱਦੇ 'ਤੇ ਰਾਜਪਾਲ ਭਵਨ ਵੱਲ ਕੂਚ ਕਰ ਰਹੇ ਹਜ਼ਾਰਾਂ ਕਿਸਾਨਾਂ ਨੂੰ ਰੋਕਣ ਲਈ ਚੰਡੀਗੜ੍ਹ ਪੁਲਸ ਨੇ ਅੰਨ੍ਹਾ ਲਾਠੀਚਾਰਜ ਕੀਤਾ, ਹੰਝੂ ਗੈਸ ਦੇ ਗੋਲੇ ਛੱਡੇ ਅਤੇ ਜਲ ਤੋਪਾਂ ਵੀ ਚਲਾਈਆਂ, ਜਿਸ ਕਾਰਨ ਕਈ ਕਿਸਾਨਾਂ ਦੀਆਂ ਪੱਗਾਂ ਲੱਥ ਗਈਆਂ ਅਤੇ ਕਈ ਜ਼ਖਮੀ ਹੋ ਗਏ। 24 ਕਿਸਾਨਾਂ ਨੂੰ ਹਿਰਾਸਤ ਵਿਚ ਲੈ ਲਿਆ ਗਿਆ।ਹਿਰਾਸਤ ਵਿੱਚ ਲਏ ਕਿਸਾਨਾਂ ਨੂੰ ਛੱਡੇ ਜਾਣ ਮਗਰੋਂ ਮੁਜ਼ਾਹਰਾ ਸਮਾਪਤ ਕੀਤਾ ਗਿਆ।

ਪੂਰੇ ਇੱਕ ਘੰਟੇ ਦੀ ਜੱਦੋਜਹਿਦ ਮਗਰੋਂ ਸੰਯੁਕਤ ਕਿਸਾਨ ਮੋਰਚਾ ਵਲੋਂ ਐਲਾਨ ਕੀਤਾ ਗਿਆ ਕਿ ਕੇਂਦਰ ਦੀ ਭਾਜਪਾ ਸਰਕਾਰ ਦੇ ਇਸ਼ਾਰੇ 'ਤੇ ਰਾਜਪਾਲ ਪੰਜਾਬ ਨੇ ਕਿਸਾਨਾਂ 'ਤੇ ਜਬਰ ਕਰਨ ਦੀ ਚੰਡੀਗੜ੍ਹ ਪੁਲਸ ਨੂੰ ਖੁੱਲੀ ਛੁੱਟੀ ਦਿੱਤੀ, ਜਿਸ ਵਿਰੁੱਧ ਸ਼ਨਿੱਚਰਵਾਰ ਪੰਜਾਬ ਭਰ ਵਿੱਚ ਭਾਜਪਾ ਅਤੇ ਰਾਜਪਾਲ ਦੇ ਪੁਤਲੇ ਫੂਕੇ ਜਾਣਗੇ। ਮੋਰਚੇ ਨੇ ਅਗਲੀ ਰਣਨੀਤੀ ਤੈਅ ਕਰਨ ਲਈ 21 ਮਈ ਨੂੰ ਆਪਣੀ ਮੀਟਿੰਗ ਵੀ ਸੱਦ ਲਈ ਹੈ।

ਕੂਚ ਤੋਂ ਪਹਿਲਾਂ ਕਿਸਾਨ ਵਾਈ ਪੀ ਐਸ ਮੁਹਾਲੀ ਦੇ ਨੇੜੇ ਨੇਚਰ ਪਾਰਕ ਵਿੱਚ ਇੱਕਠੇ ਹੋਏ, ਜਿੱਥੇ ਹਜ਼ਾਰਾਂ ਕਿਸਾਨਾਂ ਨੂੰ ਬਲਦੇਵ ਸਿੰਘ ਨਿਹਾਲਗੜ੍ਹ, ਹਰਿੰਦਰ ਸਿੰਘ ਲੱਖੋਵਾਲ, ਬਲਬੀਰ ਸਿੰਘ ਰਾਜੇਵਾਲ, ਜੋਗਿੰਦਰ ਸਿੰਘ ਉਗਰਾਹਾਂ ਅਤੇ ਰਾਜਿੰਦਰ ਸਿੰਘ ਦੀਪ ਸਿੰਘ ਵਾਲਾ ਨੇ ਸੰਬੋਧਨ ਕੀਤਾ।ਸਟੇਜ ਸਕੱਤਰ ਦੇ ਫਰਜ਼ ਜੰਗਵੀਰ ਸਿੰਘ ਚੌਹਾਨ ਨੇ ਅਦਾ ਕੀਤੇ।




ਬੁਲਾਰਿਆਂ ਨੇ ਭਾਖੜਾ ਬਿਆਸ ਮੈਨੇਜਮੈਂਟ ਬੋਰਡ ਵਿੱਚੋਂ ਪੰਜਾਬ ਦੀ ਸਥਾਈ ਮੈਂਬਰੀ ਖਤਮ ਕਰਨ ਲਈ ਜਾਰੀ ਕੀਤੇ ਨੋਟੀਫਿਕੇਸ਼ਨ ਨੂੰ ਰੱਦ ਕਰਨ ਦੀ ਮੰਗ ਕੀਤੀ। ਉਨ੍ਹਾਂ ਇਸ ਲਈ ਕੇਂਦਰ ਸਰਕਾਰ ਨੂੰ ਆੜੇ ਹੱਥੀਂ ਲੈਂਦਿਆਂ ਕਿਹਾ ਕਿ ਪੰਜਾਬ ਦੇ ਪਾਣੀਆਂ ਦੀ ਸਥਿਤੀ ਤੇ ਕੇਂਦਰੀ ਗਰਾਊਂਡ ਵਾਟਰ ਕਮਿਸ਼ਨ ਅਤੇ ਸੰਸਦ ਵਿੱਚ ਪੇਸ਼ ਰਿਪੋਰਟਾਂ ਨੇ ਦੱਸ ਦਿੱਤਾ ਹੈ ਕਿ ਸੂਬੇ ਵਿੱਚ ਪਾਣੀ ਦਾ ਸੰਕਟ ਦਿਨੋ-ਦਿਨ ਗੰਭੀਰ ਹੋ ਰਿਹਾ ਹੈ।ਧਰਤੀ ਹੇਠਲਾ ਪਾਣੀ ਮੁੱਕਣ ਕਿਨਾਰੇ ਹੈ।ਮੋਰਚਾ ਲੰਬੇ ਸਮੇਂ ਤੋਂ ਮੰਗ ਕਰਦਾ ਆ ਰਿਹਾ ਹੈ ਕਿ ਹਰ ਖੇਤ ਨੂੰ ਨਹਿਰੀ ਪਾਣੀ ਤੇ ਹਰ ਵਾਸੀ ਨੂੰ ਪੀਣ ਵਾਸਤੇ ਸਾਫ ਨਹਿਰੀ ਪਾਣੀ ਦਿੱਤਾ ਜਾਵੇ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵਲੋਂ ਸੂਬੇ ਵਿਚ 70 ਫੀਸਦੀ ਨਹਿਰੀ ਪਾਣੀ ਦੀ ਸਪਲਾਈ ਦੇਣ ਦਾ ਦਾਅਵਾ ਹਕੀਕਤ ਤੋਂ ਕੋਹਾਂ ਦੂਰ ਹੈ। ਉਨ੍ਹਾਂ ਕਿਸਾਨਾਂ ਨੂੰ ਨਹਿਰੀ ਪਾਣੀ ਲੈਣ ਲਈ ਅੱਗੇ ਆਉਣ ਦੀ ਅਪੀਲ ਕਰਦਿਆਂ ਕਿਹਾ ਕਿ ਸੰਯੁਕਤ ਕਿਸਾਨ ਮੋਰਚਾ ਪੰਜਾਬ ਦੇ ਪਾਣੀਆਂ ਦਾ ਮਸਲਾ ਰਿਪੇਰੀਅਨ-ਬੇਸਨ ਸਿਧਾਂਤ ਅਨੁਸਾਰ ਹੱਲ ਕਰਨ, ਪੰਜਾਬ ਪੁਨਰਗਠਨ ਐਕਟ ਦੀਆਂ ਵਿਤਕਰੇ ਪੂਰਨ ਧਰਾਵਾਂ 78,79 ਅਤੇ 80 ਨੂੰ ਰੱਦ ਕਰਨ ਅਤੇ ਸੂਬੇ ਨਾਲ ਹੋਏ ਸਾਰੇ ਗੈਰ ਸੰਵਿਧਾਨਕ ਅਤੇ ਵਿਤਕਰੇਪੂਰਨ ਕਾਨੂੰਨੀ ਸਮਝੌਤੇ ਤੇ ਅਵਾਰਡ ਰੱਦ ਕਰਨ ਦੀ ਮੰਗ ਕਰਦਾ ਹੈ। ਬੁਲਾਰਿਆਂ ਨੇ ਕਿਹਾ ਕਿ ਡੈਮਾਂ ਹੈੱਡਵਰਕਸਾਂ ਨੂੰ ਡੀ-ਸਿਲਟ ਕਰਨ ਲਈ ਕੇਂਦਰ ਸਰਕਾਰ ਵਿਸ਼ੇਸ਼ ਵਿੱਤੀ ਪੈਕੇਜ ਜਾਰੀ ਕਰੇ। ਇਕੱਠ ਵਿੱਚ ਮਤਾ ਪਾਸ ਕਰਕੇ ਕੇਂਦਰ ਸਰਕਾਰ ਨੂੰ ਸਾਉਣੀ ਦੀਆਂ ਫਸਲਾਂ ਲਈ ਨਾਬਾਰਡ ਬੈਂਕ ਰਾਹੀਂ ਸੂਬੇ ਦੇ ਰੋਕੇ ਗਏ 2400 ਕਰੋੜ ਰੁਪਏ ਜਾਰੀ ਕਰਨ ਅਤੇ ਪੰਜਾਬ ਸਰਕਾਰ ਨੂੰ ਹੱਦ ਕਰਜ਼ਿਆਂ ਦੇ ਵਾਧੇ ਨੂੰ ਲਾਗੂ ਕਰਨ ਲਈ ਨੋਟੀਫਿਕੇਸ਼ਨ ਜਾਰੀ ਕਰਨ ਦਾ ਮਤਾ ਪਾਸ ਕੀਤਾ ਗਿਆ।ਇਕੱਠ ਨੇ ਤੇਲ ਅਤੇ ਗੈਸ ਦੇ ਰੇਟਾਂ ਵਿੱਚ ਕੀਤੇ ਵਾਧੇ ਦੀ ਨਿੰਦਾ ਕਰਦਿਆਂ ਇਸ ਨੂੰ ਵਾਪਸ ਲੈਣ ਦੀ ਮੰਗ ਵੀ ਕੀਤੀ। ਇਸ ਤੋਂ ਇਲਾਵਾ ਮੁਜ਼ਾਹਰੇ ਵਿੱਚ ਮਨਜੀਤ ਸਿੰਘ ਧਨੇਰ, ਰੁਲਦੂ ਸਿੰਘ ਮਾਨਸਾ, ਡਾ. ਸਤਨਾਮ ਅਜਨਾਲਾ, ਅਵਤਾਰ ਮਹਿਮਾ, ਬਲਵਿੰਦਰ ਸਿੰਘ ਰਾਜੂ ਔਲਖ, ਪ੍ਰੇਮ ਸਿੰਘ ਭੰਗੂ, ਹਰਜਿੰਦਰ ਸਿੰਘ ਟਾਂਡਾ, ਬੂਟਾ ਸਿੰਘ ਸ਼ਾਦੀਪੁਰ, ਬਲਵਿੰਦਰ ਸਿੰਘ ਮੱਲੀਨੰਗਲ, ਕੰਵਲਜੀਤ ਸਿੰਘ ਪੰਨੂ, ਹਰਭਜਨ ਸਿੰਘ ਬੁੱਟਰ, ਵੀਰ ਸਿੰਘ ਬੜਵਾ, ਮੇਜਰ ਸਿੰਘ ਭਿੱਖੀਵਿੰਡ, ਲੱਖਣਪਾਲ ਸ਼ਰਮਾ, ਤਰਸੇਮ ਸਿੰਘ ਹੀਰਕੇ, ਗੁਰਵਿੰਦਰ ਸਿੰਘ ਢਿੱਲੋਂ ਨੇ ਵੀ ਸੰਬੋਧਨ ਕੀਤਾ।

## ਲੋਕਾਂ ਦਾ ਤੇਲ ਕੱਢਣਾ ਸ਼ੁਰੂ

### ਪੈਟਰੋਲ-ਡੀਜ਼ਲ 3-3 ਰੁਪਏ ਤੇ ਸੀ ਐੱਨ ਜੀ 2 ਰੁਪਏ ਮਹਿੰਗੀ

**ਨਵੀਂ ਦਿੱਲੀ :** ਸ਼ੁੱਕਰਵਾਰ ਤੋਂ ਦੇਸ਼ 'ਚ ਪੈਟਰੋਲ ਤੇ ਡੀਜ਼ਲ ਦੀਆਂ ਕੀਮਤਾਂ ਵਿੱਚ 3-3 ਰੁਪਏ ਪ੍ਰਤੀ ਲੀਟਰ, ਸੀ ਐੱਨ ਜੀ 'ਚ ਪ੍ਰਤੀ ਕਿੱਲੋ 2 ਰੁਪਏ ਵਾਧਾ ਕਰ ਦਿੱਤਾ ਗਿਆ ਹੈ। 3 ਰੁਪਏ ਦਾ ਵਾਧਾ ਪਹਿਲੀ ਨਜ਼ਰੇ ਬਹੁਤ ਜ਼ਿਆਦਾ ਨਹੀਂ ਲੱਗਦਾ, ਪਰ ਤੇਲ ਦੀਆਂ ਕੀਮਤਾਂ ਦਾ ਲੜੀਵਾਰ ਪ੍ਰਭਾਵ ਹੁੰਦਾ ਹੈ। ਡੀਜ਼ਲ, ਖਾਸ ਤੌਰ 'ਤੇ ਭਾਰਤ ਦੇ ਆਵਾਜਾਈ ਦੇ ਢਾਂਚੇ ਟਰੱਕਾਂ, ਬੱਸਾਂ, ਖੇਤੀਬਾੜੀ ਮਸ਼ੀਨਰੀ, ਜਨਰੇਟਰਾਂ ਅਤੇ ਲੌਜਿਸਟਿਕ ਨੈੱਟਵਰਕਾਂ ਨੂੰ ਪ੍ਰਭਾਵਿਤ ਕਰਦਾ ਹੈ। ਡੀਜ਼ਲ ਦੀਆਂ ਕੀਮਤਾਂ ਵਧਣ ਨਾਲ ਸਾਰੇ ਖੇਤਰਾਂ ਵਿੱਚ ਆਵਾਜਾਈ ਦੀਆਂ ਲਾਗਤਾਂ ਵਧਣੀਆਂ ਸ਼ੁਰੂ ਹੋ ਜਾਂਦੀਆਂ ਹਨ। ਪੈਟਰੋਲ ਰੋਜ਼ਾਨਾ ਸਫ਼ਰ ਕਰਨ ਵਾਲਿਆਂ ਨੂੰ ਵਧੇਰੇ ਸਿੱਧੇ ਤੌਰ 'ਤੇ ਪ੍ਰਭਾਵਿਤ ਕਰਦਾ ਹੈ, ਪਰ ਡੀਜ਼ਲ ਉਨ੍ਹਾਂ ਵਸਤੂਆਂ ਅਤੇ ਸੇਵਾਵਾਂ ਦੀਆਂ ਕੀਮਤਾਂ ਨੂੰ ਪ੍ਰਭਾਵਿਤ ਕਰਦਾ ਹੈ ਜੋ ਲੋਕ ਹਰ ਰੋਜ਼ ਵਰਤਦੇ ਹਨ। ਸਭ ਤੋਂ ਪਹਿਲਾਂ ਪ੍ਰਭਾਵਿਤ ਹੋਣ ਵਾਲੇ ਖੇਤਰਾਂ ਵਿੱਚੋਂ ਇੱਕ ਭੋਜਨ ਦੀ ਆਵਾਜਾਈ ਹੈ। ਸਬਜ਼ੀਆਂ, ਫਲ, ਅਨਾਜ ਅਤੇ ਡੇਅਰੀ ਉਤਪਾਦਾਂ ਨੂੰ ਜ਼ਿਆਦਾਤਰ ਡੀਜ਼ਲ ਨਾਲ ਚੱਲਣ ਵਾਲੇ ਟਰੱਕਾਂ ਰਾਹੀਂ ਰਾਜਾਂ ਵਿੱਚ ਲਿਜਾਇਆ ਜਾਂਦਾ ਹੈ। ਆਮ ਤੌਰ 'ਤੇ ਤੇਲ ਦੀ ਕੀਮਤ ਵਿੱਚ ਵਾਧੇ ਤੋਂ ਬਾਅਦ ਭਾੜੇ ਦੀਆਂ ਦਰਾਂ ਸੋਧੀਆਂ ਜਾਂਦੀਆਂ ਹਨ। ਇਸ ਦਾ ਮਤਲਬ ਹੈ ਕਿ ਆਉਣ ਵਾਲੇ ਹਫ਼ਤਿਆਂ ਵਿੱਚ ਸਥਾਨਕ ਬਾਜ਼ਾਰਾਂ ਵਿੱਚ ਟਮਾਟਰ, ਪਿਆਜ਼, ਦੁੱਧ, ਪੈਕ ਕੀਤੇ ਭੋਜਨ ਅਤੇ ਖਾਣ ਵਾਲੇ ਤੇਲ ਵਰਗੀਆਂ ਜ਼ਰੂਰੀ ਵਸਤੂਆਂ ਮਹਿੰਗੀਆਂ ਹੋ ਸਕਦੀਆਂ ਹਨ।

ਮੋਹਾਲੀ ਜ਼ਿਲ੍ਹੇ ਵਿੱਚ ਪੈਟਰੋਲ ਅਤੇ ਡੀਜ਼ਲ ਦੀਆਂ ਕੀਮਤਾਂ ਅਸਮਾਨੀ ਚੜ੍ਹ ਗਈਆਂ ਹਨ। ਨਵੇਂ ਵਾਧੇ ਮੁਤਾਬਕ ਮੋਹਾਲੀ ਵਿੱਚ ਪੈਟਰੋਲ 2.97 ਰੁਪਏ ਪ੍ਰਤੀ ਲੀਟਰ ਅਤੇ ਡੀਜ਼ਲ 2.94 ਰੁਪਏ ਪ੍ਰਤੀ ਲੀਟਰ ਮਹਿੰਗਾ ਹੋ ਗਿਆ ਹੈ। ਤੇਲ ਦੀਆਂ ਇਹ ਨਵੀਆਂ ਅਤੇ ਵਧੀਆਂ ਹੋਈਆਂ ਕੀਮਤਾਂ • ਬਾਕੀ ਸਫਾ 2 'ਤੇ

## ਭਾਜਪਾ ਲੋਕਾਂ ਨੂੰ ਲੁੱਟ ਰਹੀ : ਅਮਨ ਅਰੋੜਾ

**ਚੰਡੀਗੜ੍ਹ (ਗੁਰਜੀਤ ਬਿੱਲਾ, ਸੁਰਜੀਤ ਸੁਮਨ, ਕ੍ਰਿਸ਼ਨ ਗਰਗ)**



ਆਮ ਆਦਮੀ ਪਾਰਟੀ (ਆਪ) ਪੰਜਾਬ ਦੇ ਪ੍ਰਧਾਨ ਅਤੇ ਕੈਬਨਿਟ ਮੰਤਰੀ ਅਮਨ ਅਰੋੜਾ ਨੇ ਤੇਲ ਦੀਆਂ ਕੀਮਤਾਂ ਵਿੱਚ ਵਾਧੇ ਅਤੇ ਮਹਿੰਗਾਈ ਨੂੰ ਲੈ ਕੇ ਭਾਜਪਾ ਦੀ ਅਗਵਾਈ ਵਾਲੀ ਕੇਂਦਰ ਸਰਕਾਰ ਦੀ ਸਖ਼ਤ ਨਿਖੇਧੀ ਕੀਤੀ ਹੈ। ਉਨ੍ਹਾਂ ਕਿਹਾ ਕਿ ਭਾਜਪਾ ਸਰਕਾਰ ਨੇ ਮੁੱਠੀ ਭਰ ਕਾਰਪੋਰੇਟ ਘਰਾਣਿਆਂ ਨੂੰ ਫਾਇਦਾ ਪਹੁੰਚਾਉਂਦੇ ਹੋਏ ਆਮ ਲੋਕਾਂ, ਕਿਸਾਨਾਂ ਅਤੇ ਛੋਟੇ ਕਾਰੋਬਾਰੀਆਂ ਨੂੰ ਆਰਥਿਕ ਤੰਗੀ ਵਿੱਚ ਧੱਕ ਦਿੱਤਾ ਹੈ।ਸ਼ੁੱਕਰਵਾਰ ਨੂੰ ਇੱਕ ਪ੍ਰੈਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਅਮਨ ਅਰੋੜਾ ਨੇ ਕਿਹਾ ਕਿ 12 ਸਾਲ ਪਹਿਲਾਂ ਸੱਤਾ ਵਿੱਚ ਆਉਣ ਤੋਂ ਪਹਿਲਾਂ ਪ੍ਰਧਾਨ ਮੰਤਰੀ ਮੋਦੀ ਵੱਲੋਂ ਕੀਤੇ ਗਏ ਵੱਡੇ-ਵੱਡੇ ਵਾਅਦਿਆਂ ਦੇ ਬਾਵਜੂਦ ਅੱਜ ਪੂਰਾ ਦੇਸ਼ ਵਧਦੀ ਮਹਿੰਗਾਈ ਕਾਰਨ ਪੈਦਾ ਹੋਈਆਂ ਮੁਸ਼ਕਿਲਾਂ ਦਾ ਸਾਹਮਣਾ ਕਰ ਰਿਹਾ ਹੈ।ਤੇਲ ਅਤੇ ਐਲ ਪੀ ਜੀ ਦੀਆਂ ਕੀਮਤਾਂ ਵਿੱਚ ਹੋਏ ਤਾਜ਼ਾ ਵਾਧੇ ਦਾ ਜ਼ਿਕਰ ਕਰਦਿਆਂ ਅਮਨ ਅਰੋੜਾ ਨੇ ਕਿਹਾ ਕਿ ਪੱਛਮੀ ਬੰਗਾਲ ਚੋਣਾਂ ਤੋਂ ਤੁਰੰਤ ਬਾਅਦ ਕੇਂਦਰ ਸਰਕਾਰ ਨੇ ਕਮਰਸ਼ੀਅਲ ਐਲ ਪੀ ਜੀ ਸਿਲੰਡਰ ਦੀ ਕੀਮਤ ਵਿੱਚ ?943 ਰੁਪਏ ਦਾ ਵਾਧਾ ਕਰਕੇ ਛੋਟੇ ਕਾਰੋਬਾਰੀਆਂ ਅਤੇ ਵਪਾਰੀਆਂ ਨੂੰ ਕਰਾਰੀ ਸੱਟ ਮਾਰੀ ਹੈ। ਇਸ ਦੇ ਨਾਲ ਹੀ ਕੇਂਦਰ ਨੇ ਪੈਟਰੋਲ ਦੀ ਕੀਮਤ ਵਿੱਚ 3.14 ਪ੍ਰਤੀ ਲੀਟਰ ਅਤੇ ਡੀਜ਼ਲ ਵਿੱਚ 3.11 ਪ੍ਰਤੀ ਲੀਟਰ ਦਾ ਵਾਧਾ ਕੀਤਾ ਹੈ।ਉਨ੍ਹਾਂ ਦਾਅਵਾ ਕੀਤਾ ਕਿ ਭਾਜਪਾ ਨੂੰ ਚੋਣਾਂ ਵੇਲੇ ਹੀ ਲੋਕ ਭਲਾਈ ਦੀ ਯਾਦ ਆਉਂਦੀ ਹੈ ਪਰ ਵੋਟਾਂ ਹਾਸਲ ਕਰਨ ਤੋਂ ਬਾਅਦ ਉਹ ਲੋਕਾਂ 'ਤੇ ਆਰਥਕ ਬੋਝ ਪਾ ਦਿੰਦੀ ਹੈ।

## ਨੀਟ-ਯੂ ਜੀ ਦੀ ਮੁੜ ਪ੍ਰੀਖਿਆ ਮਿਤੀ ਦਾ ਐਲਾਨ

**ਨਵੀਂ ਦਿੱਲੀ :** ਨੈਸ਼ਨਲ ਟੈਸਟਿੰਗ ਏਜੰਸੀ (ਐੱਨ ਟੀ ਏ) ਨੇ ਫੈਸਲਾ ਕੀਤਾ ਹੈ ਕਿ ਦੇਸ਼ ਭਰ ਵਿੱਚ ਮੈਡੀਕਲ ਦਾਖਲਾ ਪ੍ਰੀਖਿਆ ਨੀਟ-ਯੂ ਜੀ ਹੁਣ 21 ਜੂਨ ਨੂੰ ਦੁਬਾਰਾ ਕਰਵਾਈ ਜਾਵੇਗੀ। ਇਹ ਫੈਸਲਾ ਮੈਡੀਕਲ ਦਾਖਲਾ ਪ੍ਰੀਖਿਆ ਵਿੱਚ ਕਥਿਤ ਬੇਨਿਯਮੀਆਂ ਤੋਂ ਬਾਅਦ ਸਪੱਸ਼ਟਤਾ ਅਤੇ ਜਵਾਬਦੇਹੀ ਦੀ ਮੰਗ ਕਰ ਰਹੇ ਵਿਦਿਆਰਥੀਆਂ, ਮਾਪਿਆਂ ਅਤੇ ਸਿੱਖਿਆ ਨਾਲ ਜੁੜੇ ਵਿਅਕਤੀਆਂ ਦੇ ਵਧਦੇ ਦਬਾਅ ਦਰਮਿਆਨ ਲਿਆ ਗਿਆ ਹੈ। ਅਧਿਕਾਰੀਆਂ ਅਨੁਸਾਰ, ਮੁੜ ਪ੍ਰੀਖਿਆ ਕਥਿਤ ਪੇਪਰ ਲੀਕ ਤੋਂ ਪ੍ਰਭਾਵਿਤ ਉਮੀਦਵਾਰਾਂ ਲਈ ਕਰਵਾਈ ਜਾਵੇਗੀ। ਯੋਗਤਾ, ਕੇਂਦਰਾਂ ਦੀ ਵੰਡ ਅਤੇ ਐਡਮਿਟ ਕਾਰਡਾਂ ਬਾਰੇ ਵਿਸਤ੍ਰਿਤ ਦਿਸ਼ਾ-ਨਿਰਦੇਸ਼ ਜਲਦੀ ਹੀ ਜਾਰੀ ਕੀਤੇ ਜਾਣ ਦੀ ਉਮੀਦ ਹੈ।

## ਤਿੰਨ ਕੈਦੀਆਂ ਵੱਲੋਂ ਭੱਜਣ ਦੀ ਕੋਸ਼ਿਸ਼

**ਪਟਿਆਲਾ :** ਕੇਂਦਰੀ ਜੇਲ੍ਹ ਪਟਿਆਲਾ ਤੋਂ ਤਿੰਨ ਵਿਚਾਰ ਅਧੀਨ (ਹਵਾਲਾਤੀ) ਕੈਦੀਆਂ ਵੱਲੋਂ ਭੱਜਣ ਦੀ ਕੋਸ਼ਿਸ਼ ਕੀਤੀ ਗਈ। ਇਨ੍ਹਾਂ ਵਿੱਚ ਰਾਹੁਲ ਪੁੱਤਰ ਗਿਰਵਰ ਦਿਆਲ, ਵਿਕਰਮ ਸਿੰਘ ਪੁੱਤਰ ਪ੍ਰੇਮ ਸਿੰਘ ਤੇ ਕਰਨਦੀਪ ਸਿੰਘ ਪੁੱਤਰ ਕਸ਼ਮੀਰ ਸਿੰਘ ਸ਼ਾਮਲ ਹਨ। ਪਤਾ ਲੱਗਾ ਹੈ ਕਿ ਚਾਦਰਾਂ ਆਦਿ ਦੀ ਰੱਸੀ ਬਣਾ ਕੇ ਉਹ ਜੇਲ੍ਹ ਦੇ ਬਿਲਕੁਲ ਨਾਲ ਲੱਗਦੇ ਜੇਲ੍ਹ ਟਰੇਨਿੰਗ ਸਕੂਲ ਵਾਲੇ ਪਾਸੇ ਉੱਤਰ ਗਏ ਸਨ, ਪਰੰਤੂ ਜਲਦੀ ਹੀ ਪਤਾ ਲੱਗ ਜਾਣ ਕਰਕੇ ਉਨ੍ਹਾਂ ਨੂੰ ਦਬੋਚ ਲਿਆ ਗਿਆ।

## ਜਲੰਧਰ ਧਮਾਕੇ ਮਾਮਲੇ 'ਚ ਦੋ ਕਾਬੂ

**ਜਲੰਧਰ :** ਸਥਾਨਕ ਬੀ ਐੱਸ ਐੱਫ ਹੈੱਡਕੁਆਰਟਰ ਦੇ ਅੱਗੇ ਬੰਬ ਧਮਾਕਾ ਕਰਨ ਵਾਲੇ ਦੋ ਵਿਅਕਤੀ ਮਦੀਰ ਖਾਨ ਅਤੇ ਅਨਿਲ ਸ਼ਰਮਾ ਨੂੰ ਪੁਲਸ ਨੇ ਕਾਬੂ ਕਰ ਲਿਆ ਹੈ। ਪੁਲਸ ਵੱਲੋਂ ਕੀਤੀ ਜਾਂਚ ਵਿੱਚ ਇਹ ਗੱਲ ਸਾਹਮਣੇ ਆਈ ਹੈ ਧਮਾਕਾ ਕਰਨ ਵਾਲੇ ਵਿਅਕਤੀ ਦਾ ਪਾਕਿਸਤਾਨ ਬੈਠੇ ਗੈਂਗਸਟਰ ਸ਼ਹਿਜ਼ਾਦ ਭੱਟੀ ਨਾਲ ਸੰਪਰਕ ਸੀ। ਬੰਬ ਧਮਾਕੇ ਬਦਲੇ ਉਸ ਨੇ ਮਦੀਰ ਖਾਨ ਨੂੰ ਇਕ ਲੱਖ ਰੁਪਏ ਦੇਣ ਦਾ ਲਾਲਚ ਦਿੱਤਾ ਸੀ, ਜਦੋਂ ਕਿ ਮੁਨੀਰ ਖਾਨ ਦਸਵੀਂ ਫੇਲ੍ਹ ਹੈ ਅਤੇ ਸੋਸ਼ਲ ਮੀਡੀਆ ਦੇ ਜ਼ਰੀਏ ਪਾਕਿਸਤਾਨ ਦੇ ਡਾਨ ਸ਼ਹਿਜ਼ਾਦ ਭੱਟੀ ਦੇ ਸੰਪਰਕ ਵਿੱਚ ਰਹਿੰਦਾ ਸੀ। ਭੱਟੀ ਨੇ ਉਸ ਨੂੰ ਜਿਹਾਦ ਦੇ ਨਾਂਅ 'ਤੇ ਉਕਸਾਇਆ ਅਤੇ ਲਾਲਚ ਦੇ ਕੇ ਧਮਾਕਾ ਕਰਵਾਇਆ ਸੀ। ਦੂਸਰਾ ਵਿਅਕਤੀ ਅਨਿਲ ਸ਼ਰਮਾ ਉੱਤਰ ਪ੍ਰਦੇਸ਼ ਦੇ ਮੁਜ਼ੱਫਰ ਨਗਰ ਦਾ ਰਹਿਣ ਵਾਲਾ ਹੈ। ਉਸ ਨੇ ਦਾਅਵਾ ਕੀਤਾ ਕਿ ਉਹ ਸੁਰੱਖਿਆ ਏਜੰਸੀਆਂ ਲਈ ਵੀ ਕੰਮ ਕਰਦਾ ਹੈ। ਉਸ ਨੇ ਮੰਨਿਆ ਕਿ ਧਮਾਕੇ ਦੀ ਜਾਣਕਾਰੀ ਉਹਨਾਂ ਸੁਰੱਖਿਆ ਏਜੰਸੀਆਂ ਨਾਲ ਸਾਂਝੀ ਕੀਤੀ ਸੀ। ਧਮਾਕੇ ਤੋਂ ਬਾਅਦ ਉਹ ਬੱਸ ਵਿੱਚ ਬੈਠ ਕੇ ਫਰਾਰ ਹੋ ਗਿਆ ਸੀ।

## ਮੁਹਾਲੀ ਰੈਲੀ ਦੀ ਸਫਲਤਾ ਲਈ ਕੋਈ ਕਸਰ ਨਾ ਛੱਡੀ ਜਾਵੇ : ਬਰਾੜ, ਧਾਲੀਵਾਲ





**ਪਟਿਆਲਾ :** ਪੰਜਾਬ ਏਟਕ ਦੇ ਪ੍ਰਧਾਨ ਬੰਤ ਬਰਾੜ ਅਤੇ ਜਨਰਲ ਸਕੱਤਰ ਨਿਰਮਲ ਸਿੰਘ ਧਾਲੀਵਾਲ ਨੇ ਦੱਸਿਆ ਕਿ 19 ਮਈ ਨੂੰ ਪੰਜਾਬ ਏਟਕ ਵੱਲੋਂ ਮੁਹਾਲੀ 'ਚ ਲੇਬਰ ਭਵਨ ਦੇ ਸਾਹਮਣੇ ਕੀਤੀ ਜਾ ਰਹੀ ਰੈਲੀ ਵਿੱਚ ਪੰਜਾਬ ਦੇ ਵੱਖ-ਵੱਖ ਅਦਾਰਿਆਂ, ਸਨਅਤਾਂ, ਟਰਾਂਸਪੋਰਟ, ਬਿਜਲੀ, ਰੋਡਵੇਜ਼, ਬੀ.ਬੀ.ਐੱਮ.ਬੀ. ਉਸਾਰੀ ਕਿਰਤੀ, ਮਨਰੇਗਾ ਵਰਕਰ, ਆਂਗਣਵਾੜੀ, ਭੱਠਾ ਵਰਕਰ, ਆਸ਼ਾ ਵਰਕਰਜ਼, ਮਿਡ-ਡੇ-ਮੀਲ, ਮਿਉਂਸਪਲ ਕਾਮੇ, ਕੰਟਰੈਕਟ ਵਰਕਰ ਆਦਿ ਖੇਤਰਾਂ ਤੋਂ ਹਜ਼ਾਰਾਂ ਦੀ ਗਿਣਤੀ ਵਿੱਚ ਝੰਡੇ, ਮਾਟੋ ਲੈ ਕੇ ਪੁੱਜਣਗੇ। ਹਰ ਇੱਕ ਖੇਤਰ ਦੇ ਵਰਕਰਾਂ ਵਿੱਚ ਰੈਲੀ ਵਿੱਚ ਪੁੱਜਣ ਲਈ ਭਾਰੀ ਉਤਸ਼ਾਹ ਹੈ। ਪੰਜਾਬ ਏਟਕ ਤੋਂ ਇਲਾਵਾ ਪ.ਸ.ਸ.ਫ. 1680, 22-ਬੀ ਨਾਲ ਸੰਬੰਧਤ ਕਰਮਚਾਰੀ ਵੀ ਵੱਡੀ ਗਿਣਤੀ ਵਿੱਚ ਸ਼ਾਮਲ ਹੋਣ ਲਈ ਤਿਆਰੀਆਂ ਕਰ ਚੁੱਕੇ ਹਨ। ਦੋਵਾਂ ਆਗੂਆਂ ਨੇ ਜਿਨ੍ਹਾਂ ਮੰਗਾਂ ਨੂੰ ਲੈ ਕੇ ਰੈਲੀ ਕੀਤੀ ਜਾ ਰਹੀ ਹੈ, ਉਨ੍ਹਾਂ ਦਾ ਜ਼ਿਕਰ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਨੇ ਜੋ ਘੱਟੋ-ਘੱਟ ਉਜਰਤ ਵਿੱਚ ਨਿਗੂਣਾ ਵਾਧਾ ਕਰਕੇ ਉਜਰਤ ਸਿਰਫ 13486 ਰੁਪਏ ਕੀਤੀ ਹੈ। ਇਸ ਦੇ ਵਿਰੁੱਧ ਮਜ਼ਦੂਰ ਜਮਾਤ ਵਿੱਚ ਵਿਆਪਕ ਰੋਸ ਪਾਇਆ ਜਾ ਰਿਹਾ ਹੈ, ਕਿਉਂਕਿ 14 ਸਾਲਾਂ ਬਾਅਦ ਇੰਨੀ ਕੁ ਉਜਰਤ ਵਧਾਉਣਾ • ਬਾਕੀ ਸਫਾ 2 'ਤੇ

## ਅੰਮ੍ਰਿਤਸਰ 'ਚ ਜ਼ੋਰਦਾਰ ਮਜ਼ਦੂਰ ਲਾਮਬੰਦੀ



**ਅੰਮ੍ਰਿਤਸਰ :** ਪੰਜਾਬ ਸਰਕਾਰ ਵੱਲੋਂ ਸਨਅਤੀ ਮਜ਼ਦੂਰਾਂ ਦੀਆਂ ਘੱਟੋ-ਘੱਟ ਤਨਖਾਹਾਂ ਵਿੱਚ ਬਹੁਤ ਹੀ ਘੱਟ ਕੀਤੇ ਵਾਧੇ ਦੇ ਵਿਰੋਧ ਵਿੱਚ ਪੰਜਾਬ ਦੇ ਮਜ਼ਦੂਰਾਂ ਦੀ ਪ੍ਰਮੁੱਖ ਜਥੇਬੰਦੀ ਏਟਕ ਵੱਲੋਂ 19 ਮਈ ਨੂੰ ਲੇਬਰ ਭਵਨ ਮੁਹਾਲੀ ਵਿਖੇ ਵਿਸ਼ਾਲ ਰੋਸ ਰੈਲੀ ਕੀਤੀ ਜਾ ਰਹੀ ਹੈ। ਇਸ ਦੀ ਤਿਆਰੀ ਵਿੱਚ ਅੰਮ੍ਰਿਤਸਰ ਵਿਖੇ ਮਜ਼ਦੂਰਾਂ ਦੀਆਂ ਮੀਟਿੰਗਾਂ ਲਗਾਤਾਰ ਕੀਤੀਆਂ ਜਾ ਰਹੀਆਂ ਹਨ। ਛੇਹਰਟਾ, ਪੁਤਲੀਘਰ, ਬਟਾਲਾ ਰੋਡ, ਘੀ ਮੰਡੀ, ਤਰਨ ਤਾਰਨ ਰੋਡ, ਢਪਈ ਰੋਡ, ਬੱਕਰ ਮੰਡੀ, ਖੂਹ ਭੱਲਾ ਅਤੇ 22 ਨੰਬਰ ਫਾਟਕ ਆਦਿ ਸਨਅਤੀ ਇਲਾਕਿਆਂ ਵਿੱਚ ਮਜ਼ਦੂਰਾਂ ਦੀਆਂ ਮੀਟਿੰਗਾਂ ਕੀਤੀਆਂ ਗਈਆਂ ਹਨ। ਇਹਨਾਂ ਨੂੰ ਅਮਰਜੀਤ ਸਿੰਘ ਆਸਲ, ਬ੍ਰਹਮਦੇਵ • ਬਾਕੀ ਸਫਾ 2 'ਤੇ

## ਭਾਰਤ ਅਤੇ ਯੂ ਏ ਈ ਵਿਚਾਲੇ ਅਹਿਮ ਸਮਝੌਤੇ

**ਅਬੂ ਧਾਬੀ :** ਭਾਰਤ ਅਤੇ ਸੰਯੁਕਤ ਅਰਬ ਅਮੀਰਾਤ (ਯੂ ਏ ਈ) ਨੇ ਸ਼ੁੱਕਰਵਾਰ ਨੂੰ ਪੈਟਰੋਲੀਅਮ ਅਤੇ ਊਰਜਾ ਖੇਤਰ ਵਿੱਚ ਦੋ ਵੱਡੇ ਸਮਝੌਤਿਆਂ 'ਤੇ ਦਸਤਖਤ ਕੀਤੇ ਹਨ। ਇਨ੍ਹਾਂ ਵਿੱਚ ਭਾਰਤ ਦੇ ਰਣਨੀਤਕ ਭੰਡਾਰਾਂ ਵਿੱਚ ਕੱਚੇ ਤੇਲ ਦੀ ਸਟੋਰੇਜ ਵਧਾਉਣ ਲਈ ਇੱਕ ਰਣਨੀਤਕ ਸਮਝੌਤਾ ਅਤੇ ਲੰਮੇ ਸਮੇਂ ਲਈ ਤਰਲ ਪੈਟਰੋਲੀਅਮ ਗੈਸ (ਐੱਲ ਪੀ ਜੀ) ਸਪਲਾਈ ਦਾ ਸਹਿਯੋਗ ਸ਼ਾਮਲ ਹੈ। ਪ੍ਰਧਾਨ ਮੰਤਰੀ ਨਰਿੰਦਰ ਮੋਦੀ ਅਤੇ ਯੂ ਏ ਈ ਦੇ ਰਾਸ਼ਟਰਪਤੀ ਸ਼ੇਖ ਮੁਹੰਮਦ ਬਿਨ ਜਾਇਦ ਅਲ ਨਾਹਯਾਨ ਨੇ ਪੱਛਮੀ ਏਸ਼ੀਆ ਵਿੱਚ ਵਧ ਰਹੇ ਖੇਤਰੀ ਤਣਾਅ ਦੇ ਵਿਚਕਾਰ ਕਈ ਅਹਿਮ ਮੁੱਦਿਆਂ 'ਤੇ ਡੂੰਘੀ ਗੱਲਬਾਤ ਕੀਤੀ। ਇਸ ਦੌਰਾਨ ਦੋਵਾਂ ਦੇਸ਼ਾਂ ਨੇ ਰੱਖਿਆ, ਸ਼ਿਪਿੰਗ, ਬੁਨਿਆਦੀ ਢਾਂਚੇ, ਆਰਟੀਫੀਸ਼ੀਅਲ ਇੰਟੈਲੀਜੈਂਸ ਅਤੇ ਸਮੁੰਦਰੀ ਖੇਤਰ ਵਿੱਚ ਹੁਨਰ ਵਧਾਉਣ ਲਈ ਅਹਿਮ ਸਮਝੌਤੇ ਕੀਤੇ।

## ਜਥੇਦਾਰ ਗੜਗੱਜ ਤੇ ਜਸਟਿਸ ਸੋਢੀ ਵਿਚਾਲੇ ਮੀਟਿੰਗ

**ਸ੍ਰੀ ਆਨੰਦਪੁਰ ਸਾਹਿਬ :** ਸੁਪਰੀਮ ਕੋਰਟ ਤੋਂ ਸੇਵਾ-ਮੁਕਤ ਜਸਟਿਸ ਆਰ.ਐੱਸ. ਸੋਢੀ ਨੇ ਸ਼ੁੱਕਰਵਾਰ ਨੂੰ ਸ੍ਰੀ ਆਨੰਦਪੁਰ ਸਾਹਿਬ ਵਿਖੇ ਸ੍ਰੀ ਅਕਾਲ ਤਖ਼ਤ ਸਾਹਿਬ ਅਤੇ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨਾਲ ਵਿਸ਼ੇਸ਼ ਮੀਟਿੰਗ ਕਰਕੇ ਪੰਜਾਬ ਸਰਕਾਰ ਵੱਲੋਂ ਪਾਸ ਕੀਤੇ ਗਏ "ਜਾਗਤ ਜੋਤ ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ (ਸੋਧ) ਐਕਟ 2026" ਸੰਬੰਧੀ ਵਿਸਥਾਰ ਨਾਲ ਵਿਚਾਰ ਚਰਚਾ ਕੀਤੀ। ਇਸ ਮੌਕੇ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਜਸਟਿਸ ਸੋਢੀ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਉਨ੍ਹਾਂ ਨੇ ਕਾਨੂੰਨੀ ਸੋਧ ਸੰਬੰਧੀ ਪਹਿਲੇ ਦਿਨ ਤੋਂ ਹੀ ਵਿਸਥਾਰਤ ਲੇਖਾਂ ਰਾਹੀਂ ਸੰਗਤ ਨੂੰ ਮਾਮਲੇ ਦੀ ਗੰਭੀਰਤਾ ਬਾਰੇ ਜਾਣੂ ਕਰਵਾਇਆ। ਉਨ੍ਹਾ ਕਿਹਾ ਕਿ ਜਸਟਿਸ ਸੋਢੀ ਦੀ ਸਿੱਖੀ ਅਤੇ ਕਾਨੂੰਨ ਪ੍ਰਤੀ ਡੂੰਘੀ ਸਮਝ ਸਿੱਖ ਕੌਮ ਲਈ ਮਾਰਗਦਰਸ਼ਕ ਹੈ। ਜਸਟਿਸ ਸੋਢੀ ਨੇ ਕਿਹਾ ਕਿ ਸ੍ਰੀ ਗੁਰੂ ਗ੍ਰੰਥ ਸਾਹਿਬ ਪ੍ਰਤੀ ਸਿੱਖਾਂ ਦਾ ਅਕੀਦਾ ਨਿੱਜੀ ਅਤੇ ਆਤਮਿਕ ਮਾਮਲਾ ਹੈ, ਜਿਸ ਵਿੱਚ ਸਰਕਾਰ ਦੀ ਦਖ਼ਲਅੰਦਾਜ਼ੀ ਠੀਕ ਨਹੀਂ। ਉਨ੍ਹਾਂ ਦੋਸ਼ ਲਾਇਆ ਕਿ ਸੂਬਾ ਸਰਕਾਰ ਵੱਲੋਂ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਅਧਿਕਾਰ ਖੇਤਰ ਵਿੱਚ ਸਿੱਧਾ ਦਖ਼ਲ ਕੀਤਾ ਗਿਆ ਹੈ, ਜਿਸ ਨੂੰ ਸਮਰਪਿਤ ਸਿੱਖ ਕਦੇ ਵੀ ਸਵੀਕਾਰ ਨਹੀਂ ਕਰ ਸਕਦੇ। ਇਸੇ ਦੌਰਾਨ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਆਦੇਸ਼ਾਂ ਅਤੇ ਖ਼ਾਲਸਾ ਪੰਥ ਦੀਆਂ ਭਾਵਨਾਵਾਂ ਨੂੰ ਮੁੱਖ ਰੱਖਦਿਆਂ ਤਖ਼ਤ ਸ੍ਰੀ ਦਮਦਮਾ ਸਾਹਿਬ ਦੇ ਜਥੇਦਾਰ ਬਾਬਾ ਟੇਕ ਸਿੰਘ ਧਨੌਲਾ ਵੱਲੋਂ 17 ਮਈ ਨੂੰ ਤਖ਼ਤ ਸਾਹਿਬ (ਤਲਵੰਡੀ ਸਾਬੋ, ਬਠਿੰਡਾ) ਵਿਖੇ ਇੱਕ ਵਿਸ਼ੇਸ਼ ਪੰਥਕ ਇਕੱਠ ਸੱਦਿਆ ਗਿਆ ਹੈ।

ਇਸ ਇਕੱਠ ਵਿੱਚ ਸੂਬਾ ਸਰਕਾਰ ਵੱਲੋਂ ਹਾਲ ਹੀ ਵਿੱਚ ਪਾਸ ਕੀਤੇ ਗਏ ਬੇਅਦਬੀ ਵਿਰੋਧੀ ਕਾਨੂੰਨ 'ਜਾਗਤ ਜੋਤ ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ (ਸੋਧ) ਐਕਟ, 2026' ਬਾਰੇ ਗੰਭੀਰ ਵਿਚਾਰ-ਵਟਾਂਦਰਾ ਕੀਤਾ ਜਾਵੇਗਾ। ਜਥੇਦਾਰ ਬਾਬਾ ਟੇਕ ਸਿੰਘ ਧਨੌਲਾ ਨੇ ਕਿਹਾ ਕਿ ਸਿੱਖ ਕੌਮ ਦੇ ਅੰਦਰੂਨੀ ਧਾਰਮਿਕ ਮਾਮਲਿਆਂ ਵਿੱਚ ਸੂਬਾ ਸਰਕਾਰ ਦੀ ਦਖ਼ਲਅੰਦਾਜ਼ੀ ਨੂੰ ਕਿਸੇ ਵੀ ਕੀਮਤ 'ਤੇ ਬਰਦਾਸ਼ਤ ਨਹੀਂ ਕੀਤਾ ਜਾਵੇਗਾ।

## ਗੌਤਮ ਅਡਾਨੀ ਕੇਸ ਖਤਮ ਕਰਨ ਬਦਲੇ ਜੁਰਮਾਨਾ ਭਰਨ ਲਈ ਸਹਿਮਤ

**ਨਿਊਯਾਰਕ :** ਅਦਾਲਤੀ ਦਸਤਾਵੇਜ਼ਾਂ ਅਨੁਸਾਰ, ਅਮਰੀਕੀ ਸਰਕਾਰ ਦੁਨੀਆ ਦੇ ਸਭ ਤੋਂ ਅਮੀਰ ਲੋਕਾਂ ਵਿੱਚੋਂ ਇੱਕ ਗੌਤਮ ਅਡਾਨੀ ਵਿਰੁੱਧ ਦਾਇਰ ਕੀਤੇ ਗਏ ਮੁਕੱਦਮੇ ਨੂੰ ਸੁਲਝਾਉਣ ਲਈ ਸਹਿਮਤ ਹੋ ਗਈ ਹੈ। 2024 ਦੇ ਅਖੀਰ ਵਿੱਚ ਦਾਇਰ ਕੀਤੇ ਗਏ ਮੁਕੱਦਮੇ ਵਿੱਚ ਸਕਿਓਰਿਟੀਜ਼ ਐਂਡ ਐਕਸਚੇਂਜ ਕਮਿਸ਼ਨ ਨੇ ਭਾਰਤੀ ਅਰਬਪਤੀ ਗੌਤਮ ਅਡਾਨੀ ਅਤੇ ਉਨ੍ਹਾਂ ਦੇ ਭਤੀਜੇ ਸਾਗਰ ਅਡਾਨੀ ਜੋ ਕਿ ਊਰਜਾ ਕੰਪਨੀ ਅਡਾਨੀ ਗ੍ਰੀਨ ਐਨਰਜੀ ਲਿਮਟਿਡ ਦੇ ਦੋਵੇਂ ਆਗੂ ਹਨ, 'ਤੇ ਵਧੀਆਂ ਦਰਾਂ 'ਤੇ ਊਰਜਾ ਖਰੀਦਣ ਦੇ ਸਰਕਾਰੀ ਠੇਕੇ ਹਾਸਲ ਕਰਨ ਬਦਲੇ ਭਾਰਤੀ ਸਰਕਾਰੀ ਅਧਿਕਾਰੀਆਂ ਨੂੰ ਕਰੋੜਾਂ ਡਾਲਰਾਂ ਦੀ ਰਿਸ਼ਵਤ ਦੇਣ ਦਾ ਵਾਅਦਾ ਕਰਨ ਦਾ ਦੋਸ਼ ਲਾਇਆ ਸੀ। ਅਦਾਲਤੀ ਦਸਤਾਵੇਜ਼ ਅਨੁਸਾਰ ਗੌਤਮ ਅਡਾਨੀ 60 ਲੱਖ ਅਮਰੀਕੀ ਡਾਲਰ ਦਾ ਸਿਵਲ ਜੁਰਮਾਨਾ ਭਰਨ ਲਈ ਸਹਿਮਤ ਹੋਏ ਹਨ, ਜਦੋਂ ਕਿ ਉਨ੍ਹਾਂ ਦੇ ਭਤੀਜੇ ਨੇ 1.2 ਕਰੋੜ ਅਮਰੀਕੀ ਡਾਲਰ ਜੁਰਮਾਨੇ ਵਜੋਂ ਦੇਣ 'ਤੇ ਸਹਿਮਤੀ ਜਤਾਈ ਹੈ। ਪ੍ਰਸਤਾਵਿਤ ਸਮਝੌਤੇ ਵਿੱਚ ਦੋਸ਼ ਕਬੂਲਣਾ ਸ਼ਾਮਲ ਨਹੀਂ ਹੈ।

## ਰੱਖੜਾ ਨੂੰ ਪਾਰਟੀ 'ਚੋਂ ਕੱਢਿਆ

**ਜਲੰਧਰ (ਸ਼ੈਲੀ ਐਲਬਰਟ)**

ਸ਼੍ਰੋਮਣੀ ਅਕਾਲੀ ਦਲ ਪੁਨਰ-ਸੁਰਜੀਤ ਦੇ ਸਮੂਹ ਅਹੁਦੇਦਾਰਾਂ ਦੀ ਮੀਟਿੰਗ ਵਿੱਚ ਸਾਰਿਆਂ ਦੀ ਸਹਿਮਤੀ ਨਾਲ ਫੈਸਲਾ ਲੈਂਦਿਆਂ ਗਿਆਨੀ ਹਰਪ੍ਰੀਤ ਸਿੰਘ ਨੇ ਪਾਰਟੀ ਦੇ ਸੀਨੀਅਰ ਆਗੂ ਸੁਰਜੀਤ ਸਿੰਘ ਰੱਖੜਾ, ਜੋ ਕਿ ਪਾਰਟੀ ਦੀ ਕੋਰ ਕਮੇਟੀ ਅਤੇ ਰਾਜਨੀਤਿਕ ਮਾਮਲਿਆਂ ਬਾਰੇ ਕਮੇਟੀ ਦੇ ਮੈਂਬਰ ਵੀ ਹਨ, ਨੂੰ ਪਾਰਟੀ ਵਿਰੋਧੀ ਗਤੀਵਿਧੀਆਂ ਕਾਰਨ ਪਾਰਟੀ ਵਿਚੋਂ ਕੱਢਣ ਦਾ ਐਲਾਨ ਕੀਤਾ। ਰੱਖੜਾ ਦੇ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋਣ ਦੇ ਚਰਚੇ ਹਨ।

## ਹਲਵਾਰਾ ਤੋਂ ਉਡਾਣਾਂ ਸ਼ੁਰੂ



**ਗੁਰੂਸਰ ਸੁਧਾਰ :** ਕੌਮਾਂਤਰੀ ਹਵਾਈ ਅੱਡਾ ਹਲਵਾਰਾ 'ਤੇ ਏਅਰ ਇੰਡੀਆ ਦੀ ਪਹਿਲੀ ਫਲਾਈਟ ਏ.ਆਈ 481 ਸ਼ੁੱਕਰਵਾਰ ਨੂੰ ਸਵੇਰੇ 7:05 'ਤੇ ਲੈਂਡ ਕੀਤੀ ਹੈ। ਇਹ ਫਲਾਈਟ ਦਿੱਲੀ ਦੇ ਇੰਦਰਾ ਗਾਂਧੀ ਕੌਮਾਂਤਰੀ ਹਵਾਈ ਅੱਡੇ ਤੋਂ ਸਵੇਰੇ 5:55 ਵਜੇ ਰਵਾਨਾ ਹੋਈ ਸੀ। ਇਹ ਏਅਰ ਬੱਸ ਏ 320 ਜਹਾਜ਼ ਸੀ ਜਿਸ ਦੀ ਸਮਰੱਥਾ ਲੱਗਭੱਗ 160 ਯਾਤਰੀਆਂ ਦੀ ਹੈ। ਕੇਂਦਰੀ ਰੇਲ ਰਾਜ ਮੰਤਰੀ ਰਵਨੀਤ ਸਿੰਘ ਬਿੱਟੂ ਸਮੇਤ ਭਾਜਪਾ ਦੀ ਇਕ ਟੀਮ ਇਸ ਜਹਾਜ਼ 'ਤੇ ਸਵਾਰ ਸੀ। ਕੇਂਦਰੀ ਮੰਤਰੀ ਬਿੱਟੂ ਦੇ ਨਾਲ ਆਮ ਆਦਮੀ ਪਾਰਟੀ ਨੂੰ ਛੱਡ ਕੇ ਭਾਜਪਾ ਵਿੱਚ ਸ਼ਾਮਲ ਹੋਏ ਰਾਜ ਸਭਾ ਮੈਂਬਰ ਵਿਕਰਮਜੀਤ ਸਿੰਘ ਸਾਹਨੀ ਅਤੇ ਰਜਿੰਦਰ ਗੁਪਤਾ ਵੀ ਇਸ ਵਿੱਚ ਸ਼ਾਮਲ ਸਨ।

## ਅੱਜ-ਨਾਮਾ

ਮਿਡਲ ਈਸਟ ਦੀ ਜੰਗ ਪਿਆ ਤੰਗ ਕੀਤਾ,
ਮਹਿੰਗਾਈ ਵਧੀ ਅਸਮਾਨ ਨੂੰ ਜਾਏ ਬੇਲੀ।
ਡੀਜ਼ਲ, ਪੈਟਰੋਲ, ਗੈਸ ਆ ਹੋਈ ਮਹਿੰਗੀ,
ਲੋਕਾਂ ਦੇ ਸਾਹ ਨਾ ਕਾਬੂ ਵਿੱਚ ਆਏ ਬੇਲੀ।
ਮਹਿੰਗੇ ਤੇਲ ਢੋਆਈ ਜਦ ਕਰੀ ਮਹਿੰਗੀ,
ਇਹਨੇ ਸਭ ਚੀਜ਼ਾਂ ਦੇ ਰੇਟ ਚੜ੍ਹਾਏ ਬੇਲੀ।
ਇਰਾਨ ਦੇ ਨਾਲ ਆ ਜੰਗ ਅਮਰੀਕਨਾਂ ਦੀ,
ਕਸੂਤੇ ਈ ਦੁਨੀਆ ਦੇ ਲੋਕ ਫਸਾਏ ਬੇਲੀ।
ਕਹਿੰਦੇ ਆ ਲੋਕ ਟਰੰਪ ਦੀ ਲੀਡਰੀ ਵਿੱਚ,
ਲੜਾਈ ਨੂੰ ਲੱਗਦੀ ਦਿੱਸੀ ਨਾ ਠੱਲ੍ਹ ਬੇਲੀ।
ਟਿਕਦਾ ਆਰਾਮ ਨਾਲ ਅਜੇ ਟਰੰਪ ਨਾਹੀਂ,
ਪਤਾ ਨਹੀਂ ਚਾੜ੍ਹੇਗਾ ਚੰਦ ਕੀ ਕੱਲ੍ਹ ਬੇਲੀ।

-ਤੀਸ ਮਾਰ ਖਾਂ

## ਭੋਜਸ਼ਾਲਾ-ਕਮਾਲ ਮੌਲਾ ਮਸਜਿਦ ਕੰਪਲੈਕਸ ਸਰਸਵਤੀ ਮੰਦਰ ਕਰਾਰ

### ਮੁਸਲਮਾਨਾਂ ਨੂੰ ਮਸਜਿਦ ਦੀ ਥਾਂ ਲਈ ਸਰਕਾਰ ਕੋਲ ਪਹੁੰਚ ਕਰਨ ਦੀ ਸਲਾਹ



**ਇੰਦੌਰ :** ਮੱਧ ਪ੍ਰਦੇਸ਼ ਹਾਈ ਕੋਰਟ ਨੇ ਸ਼ੁੱਕਰਵਾਰ ਫੈਸਲਾ ਸੁਣਾਇਆ ਕਿ ਧਾਰ ਜ਼ਿਲ੍ਹੇ ਵਿੱਚ ਭੋਜਸ਼ਾਲਾ-ਕਮਾਲ ਮੌਲਾ ਮਸਜਿਦ ਕੰਪਲੈਕਸ ਅਸਲ ਵਿੱਚ ਦੇਵੀ ਸਰਸਵਤੀ ਨੂੰ ਸਮਰਪਤ ਇੱਕ ਮੰਦਰ ਹੈ। ਜਸਟਿਸ ਵਿਜੇ ਕੁਮਾਰ ਸ਼ੁਕਲਾ ਅਤੇ ਜਸਟਿਸ ਆਲੋਕ ਅਵਸਥੀ ਦੀ ਬੈਂਚ ਨੇ ਭਾਰਤੀ ਪੁਰਾਤੱਤਵ ਸਰਵੇਖਣ (ਏ ਐੱਸ ਆਈ) ਦੇ 2003 ਦੇ ਉਸ ਹੁਕਮ ਨੂੰ ਰੱਦ ਕਰ ਦਿੱਤਾ, ਜਿਸ ਵਿੱਚ ਹਿੰਦੂਆਂ ਵੱਲੋਂ ਪੂਜਾ ਨੂੰ ਨਿਯਮਤ ਕਰਦੇ ਹੋਏ ਮੁਸਲਮਾਨਾਂ ਨੂੰ ਇਸ ਸਥਾਨ 'ਤੇ ਨਮਾਜ਼ ਅਦਾ ਕਰਨ ਦੀ ਇਜਾਜ਼ਤ ਦਿੱਤੀ ਗਈ ਸੀ। ਕੋਰਟ ਨੇ ਕਿਹਾ, "2003 ਦੇ ਏ ਐੱਸ ਆਈ ਦੇ ਹੁਕਮ, ਜਿਹੜਾ ਹਿੰਦੂਆਂ ਦੇ ਭੋਜਸ਼ਾਲਾ ਕੰਪਲੈਕਸ ਦੇ ਅੰਦਰ ਪੂਜਾ ਕਰਨ ਦੇ ਅਧਿਕਾਰ ਨੂੰ ਸੀਮਤ ਕਰਦਾ ਹੈ ਅਤੇ ਮੁਸਲਿਮ ਭਾਈਚਾਰੇ ਨੂੰ ਨਮਾਜ਼ ਪੜ੍ਹਨ ਦੀ ਆਗਿਆ ਦਿੰਦਾ ਹੈ, ਨੂੰ ਰੱਦ ਕੀਤਾ ਜਾਂਦਾ ਹੈ।"

ਕੋਰਟ ਨੇ ਕਿਹਾ ਕਿ ਵਿਵਾਦਤ ਢਾਂਚਾ ਇੱਕ ਸੁਰੱਖਿਅਤ ਸਮਾਰਕ ਹੈ ਪਰ ਇਸਦਾ ਧਾਰਮਕ ਚਰਿੱਤਰ ਇੱਕ ਮੰਦਰ ਵਰਗਾ ਹੈ। ਇਸ ਨੇ ਅੱਗੇ ਕਿਹਾ ਕਿ ਮੁਸਲਿਮ ਭਾਈਚਾਰੇ ਦੇ ਮੈਂਬਰ ਮਸਜਿਦ ਲਈ ਬਦਲਵੀਂ ਜ਼ਮੀਨ ਅਲਾਟ ਕਰਨ ਲਈ ਰਾਜ ਸਰਕਾਰ ਕੋਲ ਪਹੁੰਚ ਕਰ ਸਕਦੇ ਹਨ। ਇਤਿਹਾਸਕ ਰਿਕਾਰਡਾਂ, ਪੁਰਾਤੱਤਵ ਸਮੱਗਰੀ ਅਤੇ ਏ ਐੱਸ ਆਈ ਖੋਜਾਂ ਦੇ ਹਵਾਲੇ ਨਾਲ ਕੋਰਟ ਨੇ ਇਹ ਸਿੱਟਾ ਕੱਢਿਆ ਕਿ ਇਹ ਸਥਾਨ ਇਤਿਹਾਸਕ ਤੌਰ 'ਤੇ ਦੇਵੀ ਸਰਸਵਤੀ ਨੂੰ ਸਮਰਪਤ ਇੱਕ ਮੰਦਰ ਨਾਲ ਜੁੜਿਆ ਸੰਸਕ੍ਰਿਤ ਸਿੱਖਿਆ ਦਾ ਕੇਂਦਰ ਸੀ।

ਕੋਰਟ ਨੇ ਕਿਹਾ, "ਤੀਰਥ ਯਾਤਰੀਆਂ ਨੂੰ ਬੁਨਿਆਦੀ ਸਹੂਲਤਾਂ ਪ੍ਰਦਾਨ ਕਰਨਾ, ਕਾਨੂੰਨ ਵਿਵਸਥਾ ਦੀ ਸਹੀ ਸੰਭਾਲ, ਦੇਵੀ ਦੀ ਸ਼ੁੱਧਤਾ ਅਤੇ ਸ਼ੁੱਧ ਚਰਿੱਤਰ ਦੀ ਸੰਭਾਲ ਕਰਨਾ ਵੀ ਇੱਕ ਸੰਵਿਧਾਨਕ ਫਰਜ਼ ਹੈ... ਇਤਿਹਾਸਕ ਸਾਹਿਤ ਵਿਵਾਦਤ ਖੇਤਰ ਦੇ ਚਰਿੱਤਰ ਨੂੰ ਸੰਸਕ੍ਰਿਤ ਸਿੱਖਿਆ ਦੇ ਕੇਂਦਰ ਵਜੋਂ ਸਥਾਪਤ ਕਰਦਾ ਹੈ, ਸਾਹਿਤ ਅਤੇ ਪੁਰਾਤੱਤਵ ਹਵਾਲਿਆਂ ਦੇ ਨਾਲ-ਨਾਲ ਦੇਵੀ ਸਰਸਵਤੀ ਨੂੰ ਸਮਰਪਤ ਇੱਕ ਮੰਦਰ ਦੀ ਹੋਂਦ ਨੂੰ ਦਰਸਾਉਂਦਾ ਹੈ।"

ਕੋਰਟ ਇਸ ਸਥਾਨ 'ਤੇ ਹਿੰਦੂ ਪੂਜਾ ਦੇ ਅਧਿਕਾਰਾਂ ਦੀ ਬਹਾਲੀ ਦੀ ਮੰਗ ਕਰਨ ਵਾਲੀਆਂ ਤੇ ਏ ਐੱਸ ਆਈ ਦੇ 2003 ਦੇ ਉਸ ਨੋਟੀਫਿਕੇਸ਼ਨ ਨੂੰ ਚੁਣੌਤੀ ਦੇਣ ਵਾਲੀਆਂ ਪਟੀਸ਼ਨਾਂ ਦੀ ਸੁਣਵਾਈ ਕਰ ਰਹੀ ਸੀ, ਜਿਸ ਵਿੱਚ ਕੰਪਲੈਕਸ ਦੇ ਅੰਦਰ ਨਮਾਜ਼ ਦੀ ਆਗਿਆ ਦਿੱਤੀ ਗਈ ਸੀ। ਕੋਰਟ ਨੇ ਕਿਹਾ ਕਿ ਇਸਨੇ ਪੁਰਾਤੱਤਵ ਅਤੇ ਇਤਿਹਾਸਕ ਸਬੂਤਾਂ, ਏ ਐੱਸ ਆਈ ਰਿਪੋਰਟਾਂ ਅਤੇ ਸੁਪਰੀਮ ਕੋਰਟ ਦੇ ਅਯੁੱਧਿਆ ਫੈਸਲੇ ਨੂੰ ਇੱਕ ਮਿਸਾਲ ਵਜੋਂ ਲਿਆ ਹੈ। ਕੋਰਟ ਨੇ ਇਹ ਵੀ ਕਿਹਾ ਕਿ ਰਾਜ ਅਤੇ ਕੇਂਦਰ ਸਰਕਾਰ ਨੂੰ ਸੁਰੱਖਿਅਤ ਸਮਾਰਕ ਦੀ ਸੰਭਾਲ ਅਤੇ ਢੁਕਵੇਂ ਪ੍ਰਬੰਧਨ ਨੂੰ ਯਕੀਨੀ ਬਣਾਉਣਾ ਚਾਹੀਦਾ ਹੈ, ਜਦੋਂ ਕਿ ਏ ਐੱਸ ਆਈ ਸਾਈਟ ਦੀ ਸਮੁੱਚੀ ਨਿਗਰਾਨੀ ਜਾਰੀ ਰੱਖੇਗੀ।

ਹਿੰਦੂ ਫਰੰਟ ਫਾਰ ਜਸਟਿਸ ਵੱਲੋਂ ਦਾਇਰ ਇੱਕ ਜਨਹਿੱਤ ਪਟੀਸ਼ਨ ਵਿੱਚ ਸੰਵਿਧਾਨ ਦੇ ਅਨੁਛੇਦ 25 ਅਤੇ 29 ਦੇ ਤਹਿਤ ਅਧਿਕਾਰਾਂ ਨੂੰ ਲਾਗੂ ਕਰਨ ਦੀ ਮੰਗ ਕੀਤੀ ਗਈ ਸੀ, ਨਾਲ ਹੀ ਦੇਵੀ ਸਰਸਵਤੀ ਦੀ ਮੂਰਤੀ ਨੂੰ ਮੁੜ ਸਥਾਪਤ ਕਰਨ ਦੀ ਮੰਗ ਕੀਤੀ ਗਈ ਸੀ, ਜਿਸ ਬਾਰੇ ਦਾਅਵਾ ਕੀਤਾ ਗਿਆ ਸੀ ਕਿ ਇਹ ਅਸਲ ਵਿੱਚ ਰਾਜਾ ਭੋਜ ਵੱਲੋਂ 1034 ਈਸਵੀ ਵਿੱਚ ਸਥਾਪਤ ਕੀਤੀ • ਬਾਕੀ ਸਫਾ 2 'ਤੇ

## ਜਨਮ ਦਿਨ ਮੁਬਾਰਕ




ਕਾਮਰੇਡ ਗੁਰਚਰਨ ਸਿੰਘ ਮਾਨ ਵਾਸੀ ਫਰੀਦਕੋਟ ਨੇ ਆਪਣੀ ਪੋਤਰੀ **ਅਰਲੀਨ ਕੌਰ** ਦੇ ਜਨਮ ਦਿਨ ਮੌਕੇ 2100 ਰੁਪਏ 'ਨਵਾਂ ਜ਼ਮਾਨਾ' ਨੂੰ ਸਹਾਇਤਾ ਵਜੋਂ ਭੇਜੇ। ਅਦਾਰਾ ਧੰਨਵਾਦੀ ਹੈ।

## ਚੇਅਰਮੈਨ ਹਰਪਾਲ ਜੁਨੇਜਾ ਵੱਲੋਂ ਐੱਮ ਡੀ ਮਨੀਸ਼ਾ ਰਾਣਾ ਨਾਲ ਬੈਠਕ

### ਪੀ ਆਰ ਟੀ ਸੀ ਦੀ ਹੋਰ ਬਿਹਤਰੀ ਲਈ ਕੀਤਾ ਵਿਚਾਰ-ਵਟਾਂਦਰਾ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਪੀਆਰਟੀਸੀ ਦੇ ਚੇਅਰਮੈਨ ਐਡਵੋਕੇਟ ਹਰਪਾਲ ਜੁਨੇਜਾ ਨੇ ਅਦਾਰੇ ਦੇ ਨਵਨਿਯੁਕਤ ਮੈਨੇਜਿੰਗ ਡਾਇਰੈਕਟਰ ਮਨੀਸ਼ਾ ਰਾਣਾ ਨਾਲ ਬੈਠਕ ਕਰਕੇ ਪੀਆਰਟੀਸੀ ਦੀ ਹੋਰ ਬਿਹਤਰੀ ਲਈ ਵਿਚਾਰ-ਵਟਾਂਦਰਾ ਕੀਤਾ।ਇਸ ਦੌਰਾਨ ਚੇਅਰਮੈਨ ਨੇ ਨਵੇਂ ਮੈਨੇਜਿੰਗ ਡਾਇਰੈਕਟਰ ਮਨੀਸ਼ਾ ਰਾਣਾ ਨੂੰ ਵਧਾਈ ਦਿੰਦਿਆਂ ਸਵਾਗਤ ਕੀਤਾ।ਇਸ ਮੌਕੇ ਏ ਐੱਮ ਡੀ ਨਵਦੀਪ ਕੁਮਾਰ ਵੀ ਹਾਜ਼ਰ ਸਨ।ਐਡਵੋਕੇਟ ਹਰਪਾਲ ਜੁਨੇਜਾ ਨੇ ਪੀ.ਆਰ.ਟੀ.ਸੀ. ਦੀ ਮੌਜੂਦਾ ਕਾਰਗੁਜ਼ਾਰੀ ਸਬੰਧੀ ਵਿਸਥਾਰ-ਪੂਰਵਕ ਵਿਚਾਰ ਵਟਾਂਦਰਾ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਰਹਿਨੁਮਾਈ ਤੇ ਟਰਾਂਸਪੋਰਟ ਮੰਤਰੀ ਹਰਪਾਲ ਸਿੰਘ ਚੀਮਾ ਦੇ ਨਿਰਦੇਸ਼ ਅਨੁਸਾਰ ਪੰਜਾਬ ਵਾਸੀਆਂ ਦੀ ਸਹੂਲਤ ਲਈ ਪੀ.ਆਰ.ਟੀ.ਸੀ. ਦੀਆਂ ਨਵੀਆਂ ਬੱਸਾਂ ਦੀ ਕਾਰਵਾਈ ’ਚ ਹੋਰ ਤੇਜ਼ੀ ਲਿਆਉਣ ਸਮੇਤ ਪੀ.ਆਰ.ਟੀ.ਸੀ. ਦੇ ਹੋਰ ਵੱਖ ਵੱਖ ਮੱਹਤਵਪੂਰਨ ਮੁੱਦਿਆਂ ਉੱਪਰ ਚਰਚਾ ਕੀਤੀ।ਚੇਅਰਮੈਨ ਜੁਨੇਜਾ ਨੇ ਐੱਮ ਡੀ ਮਨੀਸ਼ਾ ਰਾਣਾ ਨਾਲ ਬੈਠਕ ਦੌਰਾਨ ਪੀ.ਆਰ.ਟੀ.ਸੀ. ਦੀ ਆਮਦਨ ਵਿੱਚ ਵਾਧਾ ਕਰਨ ਤੇ ਨਵੇਂ ਬੱਸ ਸਟੈਂਡ-ਬੱਸ ਸਟਾਪ ਦੀ ਉਸਾਰੀ ਤੇ ਪੀ.ਆਰ.ਟੀ.ਸੀ. ਦੇ ਸਾਰੇ ਅਦਾਰਿਆਂ ਵਿੱਚ ਲਗਾਏ ਜਾਣ ਵਾਲੇ ਸੋਲਰ ਸਿਸਟਮ ਦੀ ਕਾਰਵਾਈ ਵਿੱਚ ਤੇਜ਼ੀ ਲਿਆਉਣ ਲਈ ਵਿਚਾਰ ਕੀਤਾ।ਉਨ੍ਹਾਂ ਕਿਹਾ ਕਿ ਸਾਂਝੇ ਹੰਭਲੇ ਨਾਲ ਪੀ.ਆਰ.ਟੀ.ਸੀ. ਦੀ ਉੱਨਤੀ ਤੇ ਤਰੱਕੀ ਲਈ ਹਰ ਸੰਭਵ ਯਤਨ ਕੀਤੇ ਜਾਣਗੇ।

## ਮਾਤਾ ਗੁਜਰੀ ਸਕੂਲ ਨੇ ਕੀਤਾ ਰਿਕਾਰਡ ਕਾਇਮ



**ਦੇਵੀਗੜ੍ਹ/ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਸੀ. ਬੀ. ਐੱਸ. ਈ. ਬੋਰਡ ਵੱਲੋਂ ਬਾਰਵੀਂ ਕਲਾਸ ਦਾ ਨਤੀਜਾ ਐਲਾਨਿਆ ਗਿਆ।ਸਾਲ 2025-26 ਵਿੱਚ ਮਾਤਾ ਗੁਜਰੀ ਸੀਨੀਅਰ ਸੈਕੰਡਰੀ ਸਕੂਲ ਦੇਵੀਗੜ੍ਹ, ਪਟਿਆਲਾ ਦੇ ਵੱਖ ਵੱਖ ਸਟਰੀਮ ਜਿਵੇਂ ਆਰਟਸ, ਕਾਮਰਸ ਤੇ ਸਾਇੰਸ ਗਰੁੱਪ ਵਿੱਚ ਕੁੱਲ 162 ਵਿਦਿਆਰਥੀਆਂ ਨੇ ਪ੍ਰੀਖਿਆ ਦਿੱਤੀ।ਪਿਛਲੇ ਸਾਲਾਂ ਦੀ ਤਰ੍ਹਾਂ ਇਸ ਸਾਲ ਵੀ ਮਾਤਾ ਗੁਜਰੀ ਸਕੂਲ ਦਾ ਨਤੀਜਾ ਸ਼ਾਨਦਾਰ ਰਿਹਾ।ਨੈਨਸੀ (ਆਰਟਸ ਗਰੁੱਪ) ਨੇ 96.4 ਪ੍ਰਤੀਸ਼ਤ ਲੈ ਕੇ ਪਹਿਲਾ, ਅਕੰਸ਼ਿਤਾ ਗੋਸਵਾਮੀ ਨੇ 93.4 ਪ੍ਰਤੀਸ਼ਤ ਲੈ ਕੇ ਦੂਜਾ ਤੇ ਕਿਰਨਦੀਪ ਨੇ 89.2 ਪ੍ਰਤੀਸ਼ਤ ਲੈ ਕੇ ਤੀਜਾ ਸਥਾਨ ਹਾਸਲ ਕੀਤਾ। ਸਾਇੰਸ ਸਟਰੀਮ ’ਚੋਂ ਸੁਖਪ੍ਰੀਤ ਕੌਰ ਨੇ 91.6% ਅੰਕਾਂ ਨਾਲ ਪਹਿਲਾ, ਖੁਸ਼ਮੀਨ ਕੌਰ ਨੇ 88.2% ਅੰਕਾਂ ਨਾਲ ਦੂਜਾ ਤੇ ਰਮਣੀਕ ਕੌਰ ਬਾਜਵਾ ਨੇ 88% ਅੰਕ ਲੈ ਕੇ ਤੀਜਾ ਸਥਾਨ ਹਾਸਲ ਕੀਤਾ।ਕਾਮਰਸ ਗਰੁੱਪ ਵਿੱਚ ਖੁਸ਼ਲੀਨ ਕੌਰ ਨੇ 91% ਅੰਕ ਲੈ ਕੇ ਸਕੂਲ ’ਚੋਂ ਪਹਿਲਾ, ਸਹਿਜਪ੍ਰੀਤ ਸਿੰਘ ਨੇ 87.8% ਲੈ ਕੇ ਦੂਜਾ ਤੇ ਹਰਵੀਨ ਕੌਰ ਨੇ 87.4% ਅੰਕ ਲੈ ਕੇ ਤੀਜਾ ਸਥਾਨ ਪ੍ਰਾਪਤ ਕੀਤਾ।40 ਵਿਦਿਆਰਥੀਆਂ ਨੇ ਮੈਰਿਟ ਹਾਸਲ ਕੀਤੀ।ਸਕੂਲ ਨਿਰਦੇਸ਼ਕ ਸ. ਭੁਪਿੰਦਰ ਸਿੰਘ ਨੇ ਵਿਦਿਆਰਥੀਆਂ ਨੂੰ ਚੰਗੇ ਭਵਿੱਖ ਦੀਆਂ ਸ਼ੁੱਭ-ਕਾਮਨਾਵਾਂ ਦਿੱਤੀਆਂ।ਟੀਚਿੰਗ ਤੇ ਨਾਨ-ਟੀਚਿੰਗ ਸਟਾਫ਼ ਨੇ ਵੀ ਇਸ ਖੁਸ਼ੀ ਵਿੱਚ ਸ਼ਮੂਲੀਅਤ ਕੀਤੀ।

## ਰਾਜ ਰਤਨ ਪਬਲਿਕ ਸਕੂਲ ਦਾ ਨਤੀਜਾ ਰਿਹਾ ਸ਼ਾਨਦਾਰ



**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਆਰ ਐੱਸ ਡੀ ਰਾਜ ਰਤਨ ਪਬਲਿਕ ਸਕੂਲ ਦੇ 12ਵੀਂ ਜਮਾਤ ਦੇ ਵਿਦਿਆਰਥੀਆਂ ਨੇ ਸਾਲਾਨਾ ਪ੍ਰੀਖਿਆਵਾਂ ਵਿੱਚ ਆਪਣੀ ਮਿਹਨਤ ਦਾ ਲੋਹਾ ਮਨਵਾਉਂਦਿਆਂ ਸਕੂਲ ਤੇ ਮਾਪਿਆਂ ਦਾ ਨਾਂਅ ਰੌਸ਼ਨ ਕੀਤਾ ਹੈ। ਸਕੂਲ ਦਾ ਨਤੀਜਾ 100 ਫ਼ੀਸਦੀ ਰਿਹਾ, ਜਿਸ ਵਿੱਚ ਵੱਖ-ਵੱਖ ਸਟਰੀਮਾਂ ਦੇ ਵਿਦਿਆਰਥੀਆਂ ਨੇ ਮੈਰਿਟ ਸੂਚੀ ਵਿੱਚ ਆਪਣਾ ਸਥਾਨ ਬਣਾ ਕੇ ਵੱਡੀ ਜਿੱਤ ਦਰਜ ਕੀਤੀ ਹੈ। ਕਾਮਰਸ ਸਟਰੀਮ ਵਿੱਚ ਵਿਦਿਆਰਥੀਆਂ ਦਾ ਪ੍ਰਦਰਸ਼ਨ ਬਹੁਤ ਹੀ ਸ਼ਲਾਘਾਯੋਗ ਰਿਹਾ। ਨਿਮਰਤ ਕੌਰ ਨੇ 96 ਪ੍ਰਤੀਸ਼ਤ ਅੰਕ ਪ੍ਰਾਪਤ ਕਰਕੇ ਪਹਿਲਾ ਸਥਾਨ ਹਾਸਲ ਕੀਤਾ, ਜਦਕਿ ਵੰਸ਼ ਨੇ 94 ਪ੍ਰਤੀਸ਼ਤ ਅੰਕਾਂ ਨਾਲ ਦੂਜਾ ਤੇ ਪ੍ਰਭਜੋਤ ਕੌਰ ਨੇ 93 ਪ੍ਰਤੀਸ਼ਤ ਅੰਕਾਂ ਨਾਲ ਤੀਜਾ ਸਥਾਨ ਪ੍ਰਾਪਤ ਕੀਤਾ। ਸਾਇੰਸ ਸਟਰੀਮ ’ਚ ਅਨੀਸ਼ਾ 90 ਪ੍ਰਤੀਸ਼ਤ ਅੰਕਾਂ ਨਾਲ ਪਹਿਲੇ ਸਥਾਨ ’ਤੇ ਰਹੀ, ਯਸ਼ਮੀਨ ਕੌਰ ਨੇ 87 ਪ੍ਰਤੀਸ਼ਤ ਅੰਕਾਂ ਨਾਲ ਦੂਜਾ ਤੇ ਅਰਵੀਨ ਕੌਰ ਨੇ 85 ਪ੍ਰਤੀਸ਼ਤ ਅੰਕਾਂ ਨਾਲ ਤੀਜਾ ਸਥਾਨ ਮੱਲਿਆ। ਆਰਟਸ ਸਟਰੀਮ ਵਿਚ ਸ਼ਿਵੇਸ਼ ਤੇ ਨਮਨ ਗਾਬਾ ਦੋਵਾਂ ਨੇ 90 ਪ੍ਰਤੀਸ਼ਤ ਅੰਕਾਂ ਨਾਲ ਸਾਂਝੇ ਤੌਰ ’ਤੇ ਪਹਿਲੇ, ਹਰਮਨਦੀਪ ਸਿੰਘ ਤੇ ਪਾਰਥ ਮਲਹੋਤਰਾ 87 ਪ੍ਰਤੀਸ਼ਤ ਅੰਕ ਲੈ ਕੇ ਦੂਜੇ ਅਤੇ ਸਰਤਾਜ ਸਿੰਘ 86.2 ਪ੍ਰਤੀਸ਼ਤ ਅੰਕਾਂ ਨਾਲ ਤੀਜੇ ਸਥਾਨ ’ਤੇ ਰਿਹਾ। ਇਸ ਮਾਣਮੱਤੀ ਪ੍ਰਾਪਤੀ ’ਤੇ ਸਕੂਲ ਦੇ ਪ੍ਰਧਾਨ ਐੱਸ ਸੀ ਸਾਂਵਲਕਾ, ਸਕੱਤਰ ਰਜਨੀਸ਼ ਸਾਂਵਲਕਾ, ਡਾਇਰੈਕਟਰ ਐੱਸ. ਪੀ. ਆਨੰਦ ਤੇ ਪ੍ਰਿੰਸੀਪਲ ਡਾ. ਪ੍ਰਵੀਨ ਆਲ ਨੇ ਸਮੂਹ ਹੋਣਹਾਰ ਵਿਦਿਆਰਥੀਆਂ, ਉਨ੍ਹਾਂ ਦੇ ਮਾਪਿਆਂ ਤੇ ਅਧਿਆਪਕਾਂ ਨੂੰ ਦਿਲੋਂ ਵਧਾਈ ਦਿੱਤੀ।

## ਨਰਸਿਜ਼ ਡੇਅ ਉਤਸ਼ਾਹ ਨਾਲ ਮਨਾਇਆ



**ਲਹਿਰਾ ਮੁਹੱਬਤ (ਭੀਮ ਸੈਨ ਹਦਵਾਰੀਆ)**-ਬਾਬਾ ਮੋਨੀ ਜੀ ਮਹਾਰਾਜ ਕਾਲਜ ਆਫ਼ ਨਰਸਿੰਗ ਵਿਖੇ ਅੰਤਰਰਾਸ਼ਟਰੀ ਨਰਸਿਜ਼ ਡੇਅ ਬੜੇ ਹੀ ਉਤਸ਼ਾਹ ਨਾਲ ਮਨਾਇਆ ਗਿਆ। ਇਸ ਮੌਕੇ ਵਿਦਿਆਰਥੀਆਂ ਤੇ ਸਟਾਫ਼ ਵੱਲੋਂ ਵੱਖ-ਵੱਖ ਸੱਭਿਆਚਾਰਕ ਗਤੀਵਿਧੀਆਂ ਦਾ ਆਯੋਜਨ ਕੀਤਾ ਗਿਆ, ਜਿਸ ਵਿੱਚ ਰੰਗੋਲੀ, ਭਾਸ਼ਣ, ਕਵਿਜ਼, ਪੋਸਟਰ ਮੇਕਿੰਗ ਤੇ ਕਵਿਤਾ ਮੁਕਾਬਲੇ ਕਰਾਏ ਗਏ। ਪ੍ਰੋਗਰਾਮ ਦੌਰਾਨ ਵਿਦਿਆਰਥੀਆਂ ਨੇ ਬੜੇ ਜੋਸ਼ ਤੇ ਉਤਸ਼ਾਹ ਨਾਲ ਭਾਗ ਲਿਆ ਤੇ ਆਪਣੀ ਪ੍ਰਤਿਭਾ ਦਾ ਸ਼ਾਨਦਾਰ ਪ੍ਰਦਰਸ਼ਨ ਕੀਤਾ। ਜੇਤੂ ਵਿਦਿਆਰਥੀਆਂ ਨੂੰ ਇਨਾਮਾਂ ਨਾਲ ਸਨਮਾਨਤ ਕੀਤਾ ਗਿਆ। ਵਿਦਿਆਰਥੀਆਂ ਵੱਲੋਂ ਨਰਸਾਂ ਦੀ ਸਮਾਜ ਵਿੱਚ ਭੂਮਿਕਾ, ਮਰੀਜ਼ਾਂ ਦੀ ਸੇਵਾ ਅਤੇ ਮਨੁੱਖਤਾ ਪ੍ਰਤੀ ਉਨ੍ਹਾਂ ਦੇ ਯੋਗਦਾਨ ਬਾਰੇ ਵੀ ਵਿਚਾਰ ਵੀ ਪ੍ਰਗਟ ਕੀਤੇ ਗਏ। ਇਸ ਤਰ੍ਹਾਂ ਦੇ ਪ੍ਰੋਗਰਾਮ ਵਿਦਿਆਰਥੀਆਂ ਵਿੱਚ ਆਤਮ ਵਿਸ਼ਵਾਸ ਤੇ ਸਮਾਜ ਸੇਵਾ ਦੀ ਭਾਵਨਾ ਨੂੰ ਮਜ਼ਬੂਤ ਬਣਾਉਂਦੇ ਹਨ।

## ਵਿਦਿਆਰਥਣ ਕੋਮਲ ਕੌਰ ਨੇ 86 ਫ਼ੀਸਦੀ ਅੰਕ ਲੈ ਕੇ ਕੀਤਾ ਮਾਪਿਆਂ ਦਾ ਨਾਂਅ ਰੌਸ਼ਨ



**ਮਮਦੋਟ (ਜਸਬੀਰ ਸਿੰਘ ਕੰਬੋਜ)**-ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਐਲਾਨੇ ਗਏ ਬਾਰ੍ਹਵੀਂ ਜਮਾਤ ਦੇ ਨਤੀਜਿਆਂ ਵਿੱਚ ਸਰਕਾਰੀ ਗਰਲਜ਼ ਸੀਨੀਅਰ ਸੈਕੰਡਰੀ ਸਮਾਰਟ ਸਕੂਲ (ਸਕੂਲ ਆਫ ਐਮੀਨੈਂਸ) ਦੀ ਵਿਦਿਆਰਥਣ ਕੋਮਲ ਕੌਰ ਨੇ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਕਾਮਰਸ ਗਰੁੱਪ ਵਿੱਚ 86 ਫ਼ੀਸਦੀ ਅੰਕ ਪ੍ਰਾਪਤ ਕਰਕੇ ਆਪਣੇ ਸਕੂਲ, ਮਾਪਿਆਂ, ਅਧਿਆਪਕਾਂ ਤੇ ਇਲਾਕੇ ਦਾ ਨਾਂਅ ਰੌਸ਼ਨ ਕੀਤਾ ਹੈ।ਕੋਮਲ ਕੌਰ, ਜੋ ਗੁਰਚਰਨ ਸਿੰਘ ਉਰਫ਼ ਚੰਨਾ ਇਲੈਕਟਰੀਸ਼ੀਅਨ ਦੀ ਬੇਟੀ ਹੈ, ਨੇ ਇਸ ਕਾਮਯਾਬੀ ਦਾ ਸਿਹਰਾ ਆਪਣੇ ਮਾਪਿਆਂ ਤੇ ਸਕੂਲ ਦੇ ਅਧਿਆਪਕਾਂ ਨੂੰ ਦਿੱਤਾ। ਉਸ ਨੇ ਦੱਸਿਆ ਕਿ ਨਿਯਮਤ ਪੜ੍ਹਾਈ, ਅਧਿਆਪਕਾਂ ਦੀ ਰਹਿਨੁਮਾਈ ਤੇ ਪਰਿਵਾਰ ਦੇ ਸਹਿਯੋਗ ਨਾਲ ਹੀ ਉਹ ਇਹ ਸਫਲਤਾ ਹਾਸਲ ਕਰਨ ਵਿੱਚ ਕਾਮਯਾਬ ਹੋਈ ਹੈ।ਨਤੀਜੇ ਦਾ ਪਤਾ ਲੱਗਦਿਆਂ ਹੀ ਪਰਵਾਰ ਵਿੱਚ ਖੁਸ਼ੀ ਦੀ ਲਹਿਰ ਦੌੜ ਗਈ। ਰਿਸ਼ਤੇਦਾਰਾਂ, ਦੋਸਤਾਂ ਤੇ ਇਲਾਕਾ ਨਿਵਾਸੀਆਂ ਵੱਲੋਂ ਕੋਮਲ ਕੌਰ ਨੂੰ ਵਧਾਈਆਂ ਦਿੱਤੀਆਂ ਜਾ ਰਹੀਆਂ ਹਨ। ਸਕੂਲ ਦੇ ਪ੍ਰਿੰਸੀਪਲ ਰੁਬੀਨਾ ਚੋਪੜਾ ਨੇ ਦੱਸਿਆ ਕਿ ਕੋਮਲ ਕੌਰ ਸ਼ੁਰੂ ਤੋਂ ਹੀ ਮਿਹਨਤੀ ਤੇ ਹੋਣਹਾਰ ਵਿਦਿਆਰਥਣ ਰਹੀ ਹੈ ਅਤੇ ਉਸਦੀ ਇਸ ਪ੍ਰਾਪਤੀ ਨਾਲ ਹੋਰ ਵਿਦਿਆਰਥੀਆਂ ਨੂੰ ਵੀ ਪ੍ਰੇਰਣਾ ਮਿਲੇਗੀ।

## ਬਰੌਡਵੇਅ ਸਕੂਲ ’ਚ ਇਨਵੈਸਟੀਚਰ ਸਮਾਰੋਹ ਕਰਾਇਆ



**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**-ਬਰੌਡਵੇ ਪਬਲਿਕ ਸਕੂਲ, ਮਨਾਲ ਵਿੱਚ ਉਤਸਵ ਦ ਲੈਗੇਸੀ ਹਾਲ ਵਿੱਚ ਇਨਵੈਸਟੀਚਰ ਸਮਾਰੋਹ ਬੜੇ ਉਤਸ਼ਾਹ ਅਤੇ ਸ਼ਾਨ ਨਾਲ ਕਰਾਇਆ ਗਿਆ।ਸਮਾਰੋਹ ਦੌਰਾਨ ਸਕੂਲ ਦੇ ਲਾਲ, ਹਰੇ, ਪੀਲੇ ਅਤੇ ਨੀਲੇ ਸਦਨ ਦੇ ਵਿਦਿਆਰਥੀਆਂ ਨੂੰ ਵੱਖ-ਵੱਖ ਜ਼ਿੰਮੇਵਾਰੀਆਂ ਸੌਂਪੀਆਂ ਗਈਆਂ।ਕਾਰਜਕ੍ਰਮ ਦੀ ਸ਼ੁਰੂਆਤ ਪ੍ਰਾਰਥਨਾ ਤੇ ਰਾਸ਼ਟਰੀ ਗੀਤ ਨਾਲ ਹੋਈ।ਵਿਦਿਆਰਥੀਆਂ ਨੇ ਅਨੁਸ਼ਾਸਨ, ਅਗਵਾਈ ਅਤੇ ਜ਼ਿੰਮੇਵਾਰੀ ਦੀ ਭਾਵਨਾ ਨਾਲ ਆਪਣੇ ਫ਼ਰਜ਼ ਨਿਭਾਉਣ ਦੀ ਸਹੁੰ ਚੁੱਕੀ।ਸਮਾਰੋਹ ਦੌਰਾਨ ਐਂਕਰਿੰਗ, ਹਾਊਸ ਬੈਜ, ਸੈਸ਼ ਤੇ ਸਹੁੰ ਚੁੱਕਣ ਸਮੇਤ ਵੱਖ-ਵੱਖ ਗਤੀਵਿਧੀਆਂ ਸੁਚੱਜੇ ਢੰਗ ਨਾਲ ਸੰਪੰਨ ਹੋਈਆਂ।ਸਕੂਲ ਦੇ ਚੇਅਰਮੈਨ ਰਣਜੀਤ ਸਿੰਘ ਚੀਮਾ ਤੇ ਪ੍ਰਿੰਸੀਪਲ ਮੁਹੰਮਦ ਆਰਿਫ਼ ਸੈਫੀ ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਇਨਵੈਸਟੀਚਰ ਸਮਾਰੋਹ ਵਿਦਿਆਰਥੀਆਂ ਵਿੱਚ ਅਗਵਾਈ, ਆਤਮ-ਵਿਸ਼ਵਾਸ ਅਤੇ ਟੀਮ ਵਰਕ ਦੀ ਭਾਵਨਾ ਪੈਦਾ ਕਰਦਾ ਹੈ।

## ਸਿਹਤ ਵਿਭਾਗ ਵੱਲੋਂ ਮਲੇਰੀਆ, ਡੇਂਗੂ ਜਾਗਰੂਕਤਾ ਮੁਹਿੰਮ ਤੇਜ਼



**ਮੱਖੂ (ਰਛਪਾਲ ਸਿੰਘ ਸੰਧੂ)**-ਸਿਹਤ ਵਿਭਾਗ ਜ਼ਿਲ੍ਹਾ ਫਿਰੋਜ਼ਪੁਰ ਵੱਲੋਂ ਜਿਲ੍ਹੇ ਅੰਦਰ ਮਲੇਰੀਆ ਡੇਂਗੂ ਤੇ ਚਿਕਨਗੁਨੀਆ ਵਿਰੁੱਧ ਜਾਗਰੂਕਤਾ ਮੁਹਿੰਮ ਨੂੰ ਹੋਰ ਤੇਜ਼ ਕਰਦੇ ਹੋਏ ਸਿਵਲ ਸਰਜਨ ਡਾ. ਮੀਨਾਕਸ਼ੀ ਢੀਂਗਰਾ ਦੇ ਦਿਸ਼ਾ-ਨਿਰਦੇਸ਼ਾਂ ਹੇਠ, ਜ਼ਿਲ੍ਹਾ ਐਪੀਡਮਾਲੋਜਿਸਟ ਅਫ਼ਸਰ ਡਾ. ਯੁਵਰਾਜ ਦੀ ਅਗਵਾਈ ਹੇਠ ਤੇ ਪੀਐਚਸੀ ਕੱਸੋਆਣਾ ਦੇ ਸੀਨੀਅਰ ਮੈਡੀਕਲ ਅਫਸਰ ਨਵੀਨ ਸੇਠੀ ਦੀ ਅਗਵਾਈ ਵਿੱਚ ਸਬ ਸੈਂਟਰ ਸ਼ੀਆਂਪਾੜੀ ਦੇ ਅਧੀਨ ਪੈਂਦੇ ਸਕੂਲ ਤੇ ਘਰਾਂ ਵਿੱਚ ਜਾਗਰੂਕਤਾ ਗਤੀਵਿਧੀਆਂ ਕੀਤੀਆਂ ਗਈਆਂ।ਇਸ ਦੌਰਾਨ ਸਿਹਤ ਟੀਮ ਵੱਲੋਂ ਘਰ-ਘਰ ਜਾ ਕੇ ਲੋਕਾਂ ਨੂੰ ਮਲੇਰੀਆ, ਡੇਂਗੂ, ਚਿਕਨਗੁਨੀਆ ਬਾਰੇ ਵਿਸਥਾਰ ਪੂਰਵਕ ਜਾਣਕਾਰੀ ਦਿੱਤੀ ਗਈ।ਐਸ ਆਈ ਬਲਜੀਤ ਸਿੰਘ ਨੇ ਦੱਸਿਆ ਕਿ ਡੇਂਗੂ ਇੱਕ ਵਾਇਰਲ ਬੁਖਾਰ ਹੈ, ਜੋ ਮਾਦਾ ਏਡੀਜ਼ ਐਜਿਪਈ, ਮੱਛਰ ਦੇ ਕੱਟਣ ਨਾਲ ਫੈਲਦਾ ਹੈ।ਇਹ ਮੱਛਰ ਘਰਾਂ ਵਿੱਚ ਪਏ ਕੂਲਰਾ, ਫਰਿਜ ਦੀਆਂ ਟਰੇਆਂ, ਗ਼ਮਲਿਆਂ ਤੇ ਖੜੇ ਪਾਣੀ ਵਾਲੀਆਂ ਹੋਦੀਆ ਵਿੱਚ ਪੈਦਾ ਹੁੰਦਾ ਹੈ।ਰੋਹਿਤ ਢੀਂਗਰਾ ਮਲਟੀਪਰਪਜ ਵੱਲੋਂ ਦੱਸਿਆ ਕਿ ਘਰਾਂ ਵਿੱਚ ਜਾਲੀਦਾਰ ਦਰਵਾਜ਼ੇ, ਮੱਛਰਦਾਨੀ ਤੇ ਮੱਛਰ ਭਜਾਓ ਕਰੀਮ ਵਰਤੋਂ ਕਰਨੀ ਚਾਹੀਦੀ ਹੈ, ਪੂਰੀ ਬਾਂਹ ਵਾਲੇ ਕੱਪੜੇ ਪਾਉਣੇ ਚਾਹੀਦੇ ਹਨ।

## ਸੜਕ ਹਾਦਸੇ ’ਚ ਵਿਦਿਆਰਥੀ ਦੀ ਮੌਤ, ਇੱਕ ਜ਼ਖ਼ਮੀ





**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ ਸਿੰਘ)**-ਸ੍ਰੀ ਮੁਕਤਸਰ ਸਾਹਿਬ ਦੇ ਗੁਰੂ ਹਰਸਹਾਏ ਰੋਡ ’ਤੇ ਤੜਕਸਾਰ ਵਾਪਰੇ ਇੱਕ ਦਰਦਨਾਕ ਸੜਕ ਹਾਦਸੇ ਵਿੱਚ 11ਵੀਂ ਕਲਾਸ ਦੇ ਵਿਦਿਆਰਥੀ ਦੀ ਮੌਤ ਹੋ ਗਈ, ਜਦਕਿ ਉਸ ਦਾ ਦੋਸਤ ਜ਼ਖ਼ਮੀ ਹੋ ਗਿਆ।ਮ੍ਰਿਤਕ ਦੀ ਪਹਿਚਾਣ ਪਰੀਸ਼ ਪੁੱਤਰ ਮੋਹਨ ਲਾਲ ਵਾਸੀ ਕੋਟਲੀ ਰੋਡ ਸ੍ਰੀ ਮੁਕਤਸਰ ਸਾਹਿਬ ਵਜੋਂ ਹੋਈ ਹੈ।ਮਿਲੀ ਜਾਣਕਾਰੀ ਅਨੁਸਾਰ ਨਿਤਿਨ ਤੇ ਉਸ ਦਾ ਦੋਸਤ ਪਰੀਸ਼ ਸਕੂਟੀ ’ਤੇ ਸਕੂਲ ਜਾ ਰਹੇ ਸਨ।ਇਸ ਦੌਰਾਨ ਉਹ ਕਿਸੇ ਕੰਮ ਲਈ ਗੁਰੂ ਹਰਸਹਾਏ ਰੋਡ ਵੱਲ ਚਲੇ ਗਏ।ਜਿਵੇਂ ਹੀ ਉਹ ਸਾਹਮਣੇ ਤੋਂ ਆ ਰਹੇ ਇੱਕ ਟਰੱਕ ਨੇ ਉਨ੍ਹਾਂ ਦੀ ਸਕੂਟੀ ਨੂੰ ਟੱਕਰ ਮਾਰ ਦਿੱਤੀ। ਟੱਕਰ ਤੋਂ ਬਾਅਦ ਪਰੀਸ਼ ਸੜਕ ’ਤੇ ਡਿੱਗ ਗਿਆ ਤੇ ਟਰੱਕ ਹੇਠਾਂ ਆਉਣ ਕਾਰਨ ਗੰਭੀਰ ਰੂਪ ਵਿੱਚ ਜ਼ਖ਼ਮੀ ਹੋ ਗਿਆ, ਜਦਕਿ ਨਿਤਿਨ ਨੂੰ ਮਾਮੂਲੀ ਸੱਟਾਂ ਲੱਗੀਆਂ।ਰਾਹਗੀਰਾਂ ਵੱਲੋਂ ਤੁਰੰਤ ਪੁਲਸ ਹੈਲਪਲਾਈਨ 112 ’ਤੇ ਸੂਚਨਾ ਦਿੱਤੀ ਗਈ।ਇਸ ਉਪਰੰਤ ਪੁਲਸ ਤੇ ਨਿਤਿਨ ਵੱਲੋਂ ਜ਼ਖ਼ਮੀ ਪਰੀਸ਼ ਨੂੰ ਜਲਾਲਾਬਾਦ ਰੋਡ ਸਥਿਤ ਇੱਕ ਨਿੱਜੀ ਹਸਪਤਾਲ ਪਹੁੰਚਾਇਆ ਗਿਆ, ਜਿੱਥੇ ਡਾਕਟਰਾਂ ਨੇ ਉਸ ਨੂੰ ਮ੍ਰਿਤਕ ਘੋਸ਼ਿਤ ਕਰ ਦਿੱਤਾ।ਪ੍ਰਾਰੰਭਿਕ ਜਾਂਚ ਵਿੱਚ ਹਾਦਸੇ ਦਾ ਕਾਰਨ ਸੜਕ ਦੀ ਖਸਤਾ ਹਾਲਤ ਦੱਸਿਆ ਜਾ ਰਿਹਾ ਹੈ।ਪੁਲਸ ਵੱਲੋਂ ਮਾਮਲੇ ਦੀ ਬਰੀਕੀ ਨਾਲ ਜਾਂਚ ਕੀਤੀ ਜਾ ਰਹੀ ਹੈ।ਮ੍ਰਿਤਕ ਪਰੀਸ਼ ਦੀ ਲਾਸ਼ ਨੂੰ ਸਿਵਲ ਹਸਪਤਾਲ ਦੇ ਮੋਰਚਰੀ ਵਿੱਚ ਰਖਵਾ ਦਿੱਤਾ।

## ਥਰਮਲ ਪਲਾਂਟ ਦੇ ਠੇਕਾ ਮੁਲਾਜ਼ਮਾਂ ਵੱਲੋਂ ਗੇਟ ਰੈਲੀ



**ਲਹਿਰਾ ਮੁਹੱਬਤ (ਭੀਮ ਸੈਨ ਹਦਵਾਰੀਆ)**-ਜੀ.ਐੱਚ.ਟੀ.ਪੀ. ਠੇਕਾ ਮੁਲਾਜ਼ਮ ਯੂਨੀਅਨ (ਆਜ਼ਾਦ) ਦੇ ਬੈਨਰ ਹੇਠ ਗੁਰੂ ਹਰਗੋਬਿੰਦ ਥਰਮਲ ਪਲਾਂਟ ਦੇ ਠੇਕਾ ਮੁਲਾਜ਼ਮਾਂ ਨੇ ਸੰਘਰਸ਼ ਮੋਰਚੇ ਦੇ ਬੈਨਰ ਹੇਠ 23 ਮਈ ਤੋਂ ਵਿੱਤ ਮੰਤਰੀ ਦੇ ਹਲਕੇ ਦੇ ਸ਼ਹਿਰ ਦਿੜ੍ਹਬਾ ਵਿਖੇ ਦਿੱਤੇ ਜਾ ਰਹੇ ਲਗਾਤਾਰ ਧਰਨੇ ਦੀ ਤਿਆਰੀ ਵਜੋਂ ਗੇਟ ਰੈਲੀ ਕੀਤੀ। ਮੋਰਚੇ ਦੇ ਸੂਬਾਈ ਆਗੂਆਂ ਜਗਰੂਪ ਸਿੰਘ, ਜਗਸੀਰ ਭੰਗੂ, ਬਾਦਲ ਭੁੱਲਰ, ਹਰਦੀਪ ਤੱਗੜ, ਬਲਜਿੰਦਰ ਮਾਨ, ਲਛਮਣ ਰਾਮਪੁਰਾ ਤੇ ਨਾਇਬ ਸਿੰਘ ਨੇ ਸੰਬੋਧਨ ਕਰਦਿਆਂ ਕਿਹਾ ਕਿ ਵੱਖ-ਵੱਖ ਸਰਕਾਰੀ ਵਿਭਾਗਾਂ ਦੇ ਠੇਕਾ ਮੁਲਾਜ਼ਮਾਂ ਨੂੰ ਵਿਭਾਗਾਂ ਵਿੱਚ ਪੱਕਾ ਕਰਨ ਦਾ ਵਾਅਦਾ ਕਰਕੇ ਸੱਤਾ ਵਿੱਚ ਆਈ ‘ਆਪ ਸਰਕਾਰ’ ਵੀ ਪਿਛਲੀਆਂ ਸਰਕਾਰਾਂ ਦੀ ਤਰ੍ਹਾਂ ਹੀ ਠੇਕਾ ਮੁਲਾਜ਼ਮਾਂ ਨੂੰ ਲਾਰੇ-ਲੱਪਿਆਂ ਵਿੱਚ ਰੱਖ ਕੇ ਆਪਣਾ ਸਮਾਂ ਲੰਘਾ ਰਹੀ ਹੈ। ਵੱਖ-ਵੱਖ ਸਰਕਾਰੀ ਵਿਭਾਗਾਂ ਵਿੱਚ ਪਿਛਲੇ ਲੰਬੇ ਅਰਸੇ ਤੋਂ ਲਗਾਤਾਰ ਨਿਗੂਣੀਆਂ ਤਨਖਾਹਾਂ ’ਤੇ ਤਨਦੇਹੀ ਨਾਲ ਸੇਵਾਵਾਂ ਦਿੰਦੇ ਆ ਰਹੇ ਆਊਟਸੋਰਸਡ ਤੇ ਇਨਲਿਸਟਮੈਂਟ ਠੇਕਾ ਮੁਲਾਜ਼ਮਾਂ ਨੂੰ ਵਿਭਾਗਾਂ ਵਿੱਚ ਮਰਜ਼ ਕਰਕੇ ਪੱਕਾ ਕਰਨ ਲਈ ‘ਆਪ ਸਰਕਾਰ’ ਨੇ ਆਪਣੇ ਸਾਢੇ ਚਾਰ ਸਾਲਾਂ ਦੇ ਕਾਰਜਕਾਲ ਵਿੱਚ ਅਜੇ ਤੱਕ ਕੋਈ ਵੀ ਨੀਤੀ ਨਹੀਂ ਬਣਾਈ, ਜਿਸ ਦੇ ਵਿਰੋਧ ਵਜੋਂ ਮੋਰਚੇ ਦੇ ਬੈਨਰ ਹੇਠ ਸਰਕਾਰੀ ਵਿਭਾਗਾਂ ਦੇ ਠੇਕਾ ਮੁਲਾਜ਼ਮਾਂ ਵੱਲੋਂ ਵਿੱਤ ਮੰਤਰੀ ਦੇ ਹਲਕੇ ਦੇ ਸ਼ਹਿਰ ਦਿੜ੍ਹਬਾ ਵਿਖੇ 23 ਮਈ ਤੋਂ ਲਗਾਤਾਰ ਪਰਿਵਾਰਾਂ-ਬੱਚਿਆਂ ਸਮੇਤ ਸੂਬਾ ਪੱਧਰੀ ਧਰਨਾ ਦਿੱਤਾ ਜਾਵੇਗ ਤੇ ਹਲਕੇ ਦੇ ਪਿੰਡਾਂ ਵਿੱਚ ਰੋਸ ਮਾਰਚ ਕੀਤਾ ਜਾਵੇਗਾ। ਆਗੂਆਂ ਨੇ ਪੰਜਾਬ ਸਰਕਾਰ ਤੋਂ ਮੰਗ ਕੀਤੀ ਕਿ ਸਮੂਹ ਸਰਕਾਰੀ ਵਿਭਾਗਾਂ ਦੇ ਨਿੱਜੀਕਰਨ ਦੀ ਨੀਤੀ ਨੂੰ ਰੱਦ ਕੀਤਾ ਜਾਵੇ, ਸਮੂਹ ਸਰਕਾਰੀ ਵਿਭਾਗਾਂ ਦੇ ਠੇਕਾ ਮੁਲਾਜ਼ਮਾਂ ਨੂੰ ਪਹਿਲ ਤੇ ਤਜਰਬੇ ਦੇ ਆਧਾਰ ’ਤੇ ਵਿਭਾਗਾਂ ਵਿੱਚ ਪੱਕਾ ਕੀਤਾ ਜਾਵੇ, ਘੱਟੋ-ਘੱਟ ਉਜ਼ਰਤਾਂ ਦੇ ਕਾਨੂੰਨ 1948/ਪੰਦਰਵੀਂ ਲੇਬਰ ਕਾਨਫ਼ਰੰਸ ਦੇ ਫਾਰਮੂਲੇ ਮੁਤਾਬਿਕ ਠੇਕਾ ਮੁਲਾਜ਼ਮਾਂ ਦੀ ਤਨਖ਼ਾਹ ਨਿਸ਼ਚਿਤ ਕੀਤੀ ਜਾਵੇ, ਸੇਵਾ ਕਾਲ ਦੌਰਾਨ ਮੌਤ/ਨਕਾਰਾ ਹੋਣ ਤੇ ਪਰਿਵਾਰਕ ਮੈਂਬਰ ਨੂੰ ਸਰਕਾਰੀ ਨੌਕਰੀ, ਪੈਨਸ਼ਨ ਤੇ ਯੋਗ ਮੁਆਵਜ਼ਾ ਦਿੱਤਾ ਜਾਵੇ ਅਤੇ ਸੇਵਾ ਮੁਕਤ ਹੋਣ ਉਪਰੰਤ ਪੈਨਸ਼ਨ ਤੇ ਗੁਜ਼ਾਰਾ ਫ਼ੰਡ ਦਿੱਤਾ ਜਾਵੇ।

## ਟਿੱਪਰ ਟਰੱਕ ਤੇ ਟਰੈਕਟਰ ਦੀ ਟੱਕਰ ’ਚ 2 ਜ਼ਖ਼ਮੀ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ ਸਿੰਘ)**-ਸ੍ਰੀ ਮੁਕਤਸਰ ਸਾਹਿਬ ਦੇ ਪਿੰਡ ਰੁਪਾਣਾ ਵਿਖੇ ਤੜਕਸਾਰ ਵਾਪਰੇ ਇੱਕ ਭਿਆਨਕ ਸੜਕ ਹਾਦਸੇ ਵਿੱਚ ਦੋ ਵਿਅਕਤੀ ਗੰਭੀਰ ਰੂਪ ਵਿੱਚ ਜ਼ਖ਼ਮੀ ਹੋ ਗਏ।ਹਾਦਸਾ ਉਸ ਵੇਲੇ ਵਾਪਰਿਆ, ਜਦੋਂ ਇੱਕ ਟਿੱਪਰ ਟਰੱਕ ਨੇ ਟਰੈਕਟਰ ਨੂੰ ਜ਼ਬਰਦਸਤ ਟੱਕਰ ਮਾਰ ਦਿੱਤੀ।ਜਾਣਕਾਰੀ ਦਿੰਦਿਆਂ ਗਗਨਦੀਪ ਸਿੰਘ ਪਿੰਡ ਭੰਗਾਲਾ ਤਹਿਸੀਲ ਅਬੋਹਰ ਨੇ ਦੱਸਿਆ ਕਿ ਸਵੇਰੇ ਕਰੀਬ 3 ਵਜੇ ਉਸ ਦਾ ਦੋਸਤ ਪੇਪਰ ਮਿੱਲ ਵਿੱਚ ਤੂੜੀ ਵਾਲਾ ਟਰਾਲਾ ਪਾਰਕ ਕਰਕੇ ਰਾਤ ਸਮੇਂ ਪਿੰਡ ਰੁਪਾਣਾ ਵਿਖੇ ਇੱਕ ਹੋਟਲ ’ਤੇ ਰੋਟੀ ਖਾਣ ਲਈ ਗਿਆ ਸੀ ਤੇ ਜਦੋਂ ਉਹ ਤੜਕਸਾਰ ਕਰੀਬ 3 ਵਜੇ ਵਾਪਸ ਪੇਪਰ ਮਿੱਲ ਨੂੰ ਆ ਰਹੇ ਸੀ ਤਾਂ ਮਲੋਟ ਵਾਲੇ ਪਾਸਿਓਂ ਆ ਰਹੇ ਇੱਕ ਟਿੱਪਰ ਟਰੱਕ ਨੇ ਪਿੱਛੇ ਤੋਂ ਟਰੈਕਟਰ ਨੂੰ ਟੱਕਰ ਮਾਰ ਦਿੱਤੀ।ਟੱਕਰ ਇੰਨੀ ਭਿਆਨਕ ਸੀ ਕਿ ਟਰੈਕਟਰ ਦੇ ਕਈ ਟੁਕੜੇ ਹੋ ਗਏ। ਹਾਦਸੇ ਸਮੇਂ ਟਰੈਕਟਰ ਨੂੰ ਸ਼ੰਕਰ ਸਿੰਘ ਚਲਾ ਰਿਹਾ ਸੀ ਤੇ ਉਸ ਦੇ ਨਾਲ ਨਿਸ਼ਾਨ ਸਿੰਘ ਪੁੱਤਰ ਨਛੱਤਰ ਸਿੰਘ ਸਵਾਰ ਸੀ।ਦੋਵੇਂ ਹਾਦਸੇ ਵਿੱਚ ਗੰਭੀਰ ਰੂਪ ਨਾਲ ਜ਼ਖ਼ਮੀ ਹੋ ਗਏ।ਰਾਹਗੀਰਾਂ ਤੇ 112 ਪੁਲਸ ਦੀ ਮਦਦ ਨਾਲ ਜ਼ਖ਼ਮੀਆਂ ਨੂੰ ਇਲਾਜ ਲਈ ਸਿਵਲ ਹਸਪਤਾਲ ਸ੍ਰੀ ਮੁਕਤਸਰ ਸਾਹਿਬ ਪਹੁੰਚਾਇਆ ਗਿਆ, ਜਿੱਥੇ ਡਾਕਟਰਾਂ ਨੇ ਉਨ੍ਹਾਂ ਦੀ ਗੰਭੀਰ ਹਾਲਤ ਦੇ ਚਲਦਿਆਂ ਫਰੀਦਕੋਟ ਮੈਡੀਕਲ ਹਸਪਤਾਲ ਲਈ ਰੈਫਰ ਕਰ ਦਿੱਤਾ।ਫਿਲਹਾਲ ਟਿੱਪਰ ਚਾਲਕ ਫਰਾਰ ਦੱਸਿਆ ਜਾ ਰਿਹਾ ਤੇ ਪੁਲਸ ਵੱਲੋਂ ਮਾਮਲੇ ਦੀ ਜਾਂਚ ਕੀਤੀ ਜਾ ਰਹੀ ਹੈ।

## ਐੱਸ ਸੀ ਕਮਿਸ਼ਨ ਵੱਲੋਂ ਰੋਡ ਦੇ ਵਿਸਥਾਰ ’ਤੇ ਰੋਕ



**ਨਿਹਾਲ ਸਿੰਘ ਵਾਲਾ (ਲਵਲੀ ਕੁਮਾਰ)**-ਪੱਤੋਂ-ਜਵਾਹਰ ਸਿੰਘ ਵਾਲਾ ਤੋਂ ਲੰਘ ਰਹੇ ਐੱਨ ਐੱਚ 254 ਰੋਡ ਦੇ ਵਿਸਥਾਰ ਨੂੰ ਲੈ ਕੇ ਚੱਲ ਰਹੇ ਵਿਵਾਦ ਵਿੱਚ ਐੱਸ ਸੀ ਕਮਿਸ਼ਨ ਨੇ ਵੱਡੀ ਕਾਰਵਾਈ ਕਰਦਿਆਂ ਰੋਕ ਲਗਾ ਦਿੱਤੀ ਹੈ।ਇਸ ਫੈਸਲੇ ਨਾਲ ਉਨ੍ਹਾਂ ਪਰਿਵਾਰਾਂ ਨੂੰ ਵੱਡੀ ਰਾਹਤ ਮਿਲੀ ਹੈ, ਜਿਨ੍ਹਾਂ ਦੇ ਘਰ ਰੋਡ ਅਕਵਾਇਰ ਦੀ ਜ਼ਦ ਵਿੱਚ ਆ ਰਹੇ ਹਨ।ਜਾਣਕਾਰੀ ਅਨੁਸਾਰ ਪਿੰਡ ਦੇ ਪ੍ਰਭਾਵਿਤ ਲੋਕਾਂ ਵੱਲੋਂ ਐੱਸ ਸੀ ਕਮਿਸ਼ਨ ਕੋਲ ਸ਼ਿਕਾਇਤ ਦਰਜ ਕਰਵਾਈ ਗਈ ਸੀ।ਸ਼ਿਕਾਇਤ ਵਿੱਚ ਦੱਸਿਆ ਗਿਆ ਕਿ ਐੱਨ ਐੱਚ 254 ਦੇ ਕੰਮ ਕਾਰਨ ਕਰੀਬ 18 ਤੋਂ 20 ਘਰ ਪ੍ਰਭਾਵਿਤ ਹੋ ਰਹੇ ਹਨ ਤੇ ਲੋਕਾਂ ਨੂੰ ਭਾਰੀ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ।ਮਾਮਲੇ ਦੀ ਸੁਣਵਾਈ ਕਰਦਿਆਂ ਐੱਸ ਸੀ ਕਮਿਸ਼ਨ ਦੇ ਚੇਅਰਮੈਨ ਜਸਵੀਰ ਸਿੰਘ ਗੜ੍ਹੀ ਨੇ ਸੰਬੰਧਤ ਵਿਭਾਗਾਂ ਨੂੰ ਨੋਟਿਸ ਜਾਰੀ ਕਰਦੇ ਹੋਏ ਅਗਲੀ ਕਾਰਵਾਈ ’ਤੇ ਰੋਕ ਦੇ ਹੁਕਮ ਦਿੱਤੇ ਹਨ।ਕਮਿਸ਼ਨ ਨੇ ਮਾਮਲੇ ਦੀ ਪੂਰੀ ਜਾਂਚ ਤੋਂ ਬਾਅਦ ਹੀ ਅਗਲਾ ਫੈਸਲਾ ਕਰਨ ਦੀ ਗੱਲ ਕਹੀ ਹੈ।ਇਸ ਫੈਸਲੇ ਤੋਂ ਬਾਅਦ ਪ੍ਰਭਾਵਿਤ ਪਰਵਾਰਾਂ ਵਿੱਚ ਖੁਸ਼ੀ ਦਾ ਮਾਹੌਲ ਹੈ।ਲੋਕਾਂ ਨੇ ਕਿਹਾ ਕਿ ਐੱਸ ਸੀ ਕਮਿਸ਼ਨ ਨੇ ਉਨ੍ਹਾਂ ਦੀ ਆਵਾਜ਼ ਸੁਣੀ ਹੈ ਤੇ ਉਨ੍ਹਾਂ ਨੂੰ ਇਨਸਾਫ਼ ਦੀ ਉਮੀਦ ਬਣੀ ਹੈ।ਉਨ੍ਹਾਂ ਸਰਕਾਰ ਤੇ ਪ੍ਰਸ਼ਾਸਨ ਤੋਂ ਮੰਗ ਕੀਤੀ ਕਿ ਲੋਕਾਂ ਦੇ ਘਰ ਬਚਾਉਣ ਲਈ ਯੋਗ ਹੱਲ ਕੱਢਿਆ ਜਾਵੇ।

## ਮਹਾਰਾਜਾ ਜੱਸਾ ਸਿੰਘ ਰਾਮਗੜ੍ਹੀਆ ਦਾ ਜਨਮ ਦਿਹਾੜਾ ਮਨਾਇਆ



**ਮੋਗਾ (ਇਕਬਾਲ ਸਿੰਘ ਖਹਿਰਾ)**

ਮੋਗਾ ਵਿਖੇ ਕੌਮੀ ਜਰਨੈਲ ਮਾਹਾਰਾਜਾ ਜੱਸਾ ਸਿੰਘ ਰਾਮਗੜ੍ਹੀਆ ਦੇ 303ਵੇਂ ਜਨਮ ਦਿਵਸ ਮੌਕੇ ਉਨ੍ਹਾਂ ਦੇ ਜੀਵਨ ਤੇ ਕੁਰਬਾਨੀ ਨੂੰ ਯਾਦ ਕਰਦਿਆਂ ਰਾਮਗੜ੍ਹੀਆ ਵੈੱਲਫੇਅਰ ਸੁਸਾਇਟੀ ਵੱਲੋਂ ਰਾਜਾ ਸਿੰਘ ਭਾਰਤਵਾਲੇ ਕਾਰਜਕਾਰੀ ਪ੍ਰਧਾਨ ਦੀ ਅਗਵਾਈ ਹੇਠ ਵਿਸ਼ਵਕਰਮਾ ਭਵਨ ਵਿਖੇ ਸ਼ਰਧਾ ਪੂਰਵਕ ਮਨਾਇਆ ਗਿਆ। ਸੰਗਰਾਂਦ ਦੇ ਪਵਿੱਤਰ ਦਿਹਾੜੇ ਸ਼੍ਰੀ ਗੁਰੂ ਗ੍ਰੰਥ ਸਾਹਿਬ ਦੇ ਪਾਠ ਭੋਗ ਪਾਉਣ ਉਪਰੰਤ ਮਹਾਰਾਜਾ ਜੱਸਾ ਸਿੰਘ ਰਾਮਗੜ੍ਹੀਆ ਦੇ ਜਨਮ ਦਿਨ ਨੂੰ ਸਮਰਪਤ ਦੀਵਾਨ ਸਜਾਏ ਗਏ।ਇਸ ਮੌਕੇ ਭਾਈ ਪਰਮਜੀਤ ਸਿੰਘ ਦੇ ਕੀਰਤਨੀ ਜੱਥੇ ਵੱਲੋਂ ਗੁਰਬਾਣੀ ਕੀਰਤਨ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ ਗਿਆ ਤੇ ਭਾਈ ਭੁਪਿੰਦਰ ਸਿੰਘ ਦੇ ਇੰਟਰਨੈਸ਼ਨਲ ਢਾਡੀ ਜੱਥੇ ਵਲੋਂ ਸਿੱਖ ਇਤਿਹਾਸ ਤੇ ਜੋਧਿਆਂ ਦੀਆਂ ਬੀਰਰਸ ਵਾਰਾਂ ਗਾਈਆਂ ਗਈਆਂ। ਗੁਰਦਵਾਰਾ ਵਿਸ਼ਵਕਰਮਾ ਭਵਨ ਦੇ ਮੁੱਖ ਗ੍ਰੰਥੀ ਭਾਈ ਚਮਕੌਰ ਸਿੰਘ ਨੇ ਸਰਬੱਤ ਦੇ ਭਲੇ ਦੀ ਅਰਦਾਸ ਕੀਤੀ।ਇਸ ਤੋਂ ਪਹਿਲਾਂ ਸੰਗਤਾਂ ਨੇ ਵਿਸ਼ਵਕਰਮਾ ਭਵਨ ਵਿਖੇ ਰਾਜਾ ਸਿੰਘ ਕਾਰਜਕਾਰੀ ਪ੍ਰਧਾਨ ਦੀ ਅਗਵਾਈ ਵਿੱਚ ਮਹਾਰਾਜਾ ਜੱਸਾ ਸਿੰਘ ਰਾਮਗੜ੍ਹੀਆ ਦੇ ਚਿੱਤਰ ’ਤੇ ਸ਼ਰਧਾ ਦੇ ਫੁੱਲ ਅਰਪਣ ਕੀਤੇ।ਇਸ ਸਮਾਗਮ ਵਿੱਚ ਹਰਜਿੰਦਰ ਸਿੰਘ ਰੋਡੇ ਚੇਅਰਮੈਨ ਮਾਰਕਿਟ ਕਮੇਟੀ, ਸ਼੍ਰੋਮਣੀ ਅਕਾਲੀ ਦਲ ਦੇ ਹਲਕਾ ਇੰਚਾਰਜ ਸੰਜੀਤ ਸਿੰਘ ਸ਼ਨੀ ਗਿੱਲ, ਨਰਿੰਦਰਪਾਲ ਪਾਲ ਸਿੰਘ ਸਿੱਧ, ਸਰਬਜੀਤ ਕੌਰ ਰੋਡੇ ਸਾਬਕਾ ਕੌਂਸਲਰ ਤੇ ਹੋਰ ਪਤਵੰਤੇ ਸ਼ਾਮਲ ਹੋਏ।ਮੰਚ ਦਾ ਸੰਚਾਲਨ ਕਰਦਿਆਂ ਚਰਨਜੀਤ ਝੰਡੇਆਣਾ ਨੇ ਸੰਗਰਾਂਦ ਦੇ ਪਵਿੱਤਰ ਮੌਕੇ ਸੰਗਤਾਂ ਨੂੰ ਵਧਾਈ ਦਿੰਦਿਆਂ ਮਹਾਰਾਜਾ ਜੱਸਾ ਸਿੰਘ ਰਾਮਗੜ੍ਹੀਆ ਦੇ ਜੀਵਨ ਬਾਰੇ ਦੱਸਿਆ।ਸ. ਗੁਰਪ੍ਰੀਤਮ ਸਿੰਘ ਚੀਮਾ ਤੇ ਨਰਿੰਦਰ ਸਿੰਘ ਸਹਾਰਨ ਨੇ ਵੀ ਮਹਾਰਾਜਾ ਜੱਸਾ ਸਿੰਘ ਰਾਮਗੜ੍ਹੀਆ ਦੇ ਜੀਵਨ ਸਬੰਧੀ ਵਿਚਾਰਾਂ ਪੇਸ਼ ਕੀਤੀਆਂ।

ਉਪ ਜ਼ਿਲ੍ਹਾ ਸਿੱਖਿਆ ਅਫਸਰ ਗੁਰਦਿਆਲ ਸਿੰਘ ਮਠਾੜੂ ਨੂੰ ਸੁਸਾਇਟੀ ਮੈਂਬਰਾਂ ਨੇ ਸਨਮਾਨਤ ਕੀਤਾ।ਅੰਤ ਵਿੱਚ ਸੰਗਤਾਂ ਨੂੰ ਅਟੁੱਟ ਲੰਗਰ ਵਰਤਾਇਆ ਗਿਆ।

## ‘ਆਪ’ ਦੇ ਉਮੀਦਵਾਰ ਅਸ਼ਵਨੀ ਧੀਰ ਨੇ ਨਾਮਜ਼ਦਗੀ ਕਾਗਜ਼ ਕੀਤੇ ਦਾਖਲ



**ਧੂਰੀ (ਮਨੋਹਰ ਸਿੰਘ ਸੱਗੂ)**-ਨਗਰ ਕੌਂਸਲ ਚੋਣਾਂ ਲਈ ਸਾਬਕਾ ਕੌਂਸਲਰ ਅਸ਼ਵਨੀ ਧੀਰ ਨੇ ਆਮ ਆਦਮੀ ਪਾਰਟੀ ਦੇ ਉਮੀਦਵਾਰ ਵਜੋਂ ਆਪਣੇ ਸਾਥੀਆਂ ਸਮੇਤ ਅੱਜ ਨਗਰ ਕੌਂਸਲ ਧੂਰੀ ਦੇ ਵਾਰਡ ਨੰਬਰ-6 ਤੋਂ ਰਿਟਰਨਿੰਗ ਅਫ਼ਸਰ ਸੁਖਵਿੰਦਰ ਸਿੰਘ ਨੂੰ ਆਪਣੇ ਨਾਮਜ਼ਦਗੀ ਕਾਗਜ ਸੌਂਪੇ।ਨਾਮਜ਼ਦਗੀ ਕਾਗਜ਼ ਦਾਖਲ ਕਰਨ ਲਈ ਅਸ਼ਵਨੀ ਧੀਰ ਆਪਣੇ ਸਥਾਨਕ ਪੁਰਾਣੀ ਦਾਣਾ ਮੰਡੀ ਅੰਦਰ ਫਲਾਂ ਵਾਲੇ ਚੌਂਕ ਨੇੜੇ ਖੋਲ੍ਹੇ ਦਫ਼ਤਰ ਤੋਂ ਕਾਫ਼ਲੇ ਸਮੇਤ ਰਵਾਨਾ ਹੋਏ।ਨਾਮਜ਼ਦਗੀ ਕਾਗਜ਼ ਦਾਖਲ ਕਰਨ ਸਮੇਂ ਉਨ੍ਹਾਂ ਨਾਲ ਮਾਰਕਿਟ ਕਮੇਟੀ ਦੇ ਚੇਅਰਮੈਨ ਰਾਜਵੰਤ ਸਿੰਘ ਘੁੱਲੀ, ਆੜ੍ਹਤੀਆ ਐਸੋਸੀਏਸ਼ਨ ਦੇ ਪ੍ਰਧਾਨ ਜਤਿੰਦਰ ਸਿੰਘ ਮੰਡੇਰ, ਪੰਜਾਬ ਲਘੂ ਉਦਯੋਗ ਤੇ ਨਿਰਯਾਤ ਨਿਗਮ ਦੇ ਡਾਇਰੈਕਟਰ ਅਨਿਲ ਮਿੱਤਲ ਸਮੇਤ ਵੱਡੀ ਗਿਣਤੀ ਵਿੱਚ ਉਨ੍ਹਾਂ ਦੇ ਸਮਰਥਕ ਮੌਜੂਦ ਸਨ।

## ਸਫਾ 1 ਦੇ ਬਾਕੀ...

### ਲੋਕਾਂ ਦਾ ਤੇਲ ਕੱਢਣਾ...

ਸ਼ੁੱਕਰਵਾਰ ਸਵੇਰੇ 6 ਵਜੇ ਤੋਂ ਜ਼ਿਲ੍ਹੇ ਦੇ ਸਾਰੇ ਫਿਲਿੰਗ ਸਟੇਸ਼ਨਾਂ ’ਤੇ ਲਾਗੂ ਹੋ ਗਈਆਂ ਹਨ। ਹੁਣ ਮੋਹਾਲੀ ਵਿੱਚ ਆਮ ਪੈਟਰੋਲ ਦੀ ਕੀਮਤ 100 ਰੁਪਏ ਦਾ ਅੰਕੜਾ ਪਾਰ ਕਰਕੇ 101.49 ਰੁਪਏ ਪ੍ਰਤੀ ਲੀਟਰ ਅਤੇ ਡੀਜ਼ਲ ਦੀ ਕੀਮਤ 91.25 ਰੁਪਏ ਪ੍ਰਤੀ ਲੀਟਰ ਹੋ ਗਈ ਹੈ। ਇੰਡੀਅਨ ਆਇਲ ਦੇ ਪ੍ਰੀਮੀਅਮ ਪੈਟਰੋਲ ਦੀ ਕੀਮਤ ਹੁਣ 110.11 ਰੁਪਏ ਪ੍ਰਤੀ ਲੀਟਰ ਅਤੇ ਪ੍ਰੀਮੀਅਮ ਡੀਜ਼ਲ ਦੀ ਕੀਮਤ 96.61 ਰੁਪਏ ਪ੍ਰਤੀ ਲੀਟਰ ਤੱਕ ਪਹੁੰਚ ਗਈ ਹੈ, ਜਿਸ ਨਾਲ ਆਮ ਜਨਤਾ ਦੀ ਜੇਬ ’ਤੇ ਬੋਝ ਹੋਰ ਵਧ ਗਿਆ ਹੈ। ਦੂਸਰੇ ਪਾਸੇ ਹਾਲੇ ਵੀ ਚੰਡੀਗੜ੍ਹ ਵਿੱਚ ਪੈਟਰੋਲ ਅਤੇ ਡੀਜ਼ਲ ਸਸਤਾ ਮਿਲ ਰਿਹਾ ਹੈ। ਪੈਟਰੋਲ-ਡੀਜ਼ਲ ਦੀਆਂ ਕੀਮਤਾਂ ’ਚ 3 ਰੁਪਏ ਦੇ ਵਾਧੇ ਦੇ ਬਾਵਜੂਦ ਆਇਲ ਮਾਰਕੀਟਿੰਗ ਕੰਪਨੀਆਂ ਬਹੁਤੀਆਂ ਖੁਸ਼ ਨਹੀਂ ਹਨ। ਇੰਡੀਅਨ ਆਇਲ ਕਾਰਪੋਰੇਸ਼ਨ ਲਿਮਟਿਡ ਦੇ ਡਾਇਰੈਕਟਰ ਅਰਵਿੰਦ ਕੁਮਾਰ ਨੇ ਇਸਨੂੰ ਮਾਮੂਲੀ ਵਾਧਾ ਦੱਸਦਿਆਂ ਕਿਹਾ ਹੈ ਕਿ ਪੈਟਰੋਲ ਪੰਪਾਂ ’ਤੇ ਈਂਧਨ ਦੀ ਨਿਰਵਿਘਨ ਸਪਲਾਈ ਬਣਾਈ ਰੱਖਣ ਲਈ ਰਿਫਾਇਨਰੀਆਂ 100 ਪ੍ਰਤੀਸ਼ਤ ਤੋਂ ਵਧ ਸਮਰੱਥਾ ’ਤੇ ਚੱਲ ਰਹੀਆਂ ਹਨ। ਲਾਗਤ ਦੀ ਪੂਰੀ ਭਰਪਾਈ ਕਰਨ ਲਈ ਜਿੰਨੀ ਕੀਮਤ ਵਧਾਉਣ ਦੀ ਲੋੜ ਸੀ, ਇਹ 3 ਰੁਪਏ ਦਾ ਵਾਧਾ ਉਸ ਦਾ ਸਿਰਫ 10 ਫੀਸਦੀ ਹੀ ਹੈ।

### ਮੁਹਾਲੀ ਰੈਲੀ ਦੀ ਸਫਲਤਾ...

ਮਜ਼ਦੂਰਾਂ ਨਾਲ ਕੀਤਾ ਗਿਆ ਇੱਕ ਭੱਦਾ ਮਜ਼ਾਕ ਹੈ। ਜਦ ਕਿ ਘੱਟੋ-ਘੱਟ 26000 ਰੁਪਏ ਪ੍ਰਤੀ ਮਹੀਨਾ ਦਾ ਐਲਾਨ ਤਾਂ ਕਰਨਾ ਹੀ ਬਣਦਾ ਸੀ। ਇਸ ਤੋਂ ਇਲਾਵਾ ਪੰਜਾਬ ਸਰਕਾਰ ਵੱਲੋਂ ਕੇਂਦਰ ਵੱਲੋਂ ਠੋਸੇ ਗਏ ਮਜ਼ਦੂਰ ਵਿਰੋਧੀ ਚਾਰ ਲੇਬਰ ਕੋਡਜ਼ ਪੰਜਾਬ ਵਿੱਚ ਲਾਗੂ ਨਹੀਂ ਕਰਨੇ ਚਾਹੀਦੇ, ਸਰਕਾਰ ਵੱਲੋਂ ਵੱਡੇ-ਵੱਡੇ ਐਲਾਨਾਂ, ਬਿਆਨਾਂ ਰਾਹੀਂ ਕੰਟਰੈਕਟ/ਆਊਟ ਸੋਰਸ ਵਰਕਰਾਂ ਨੂੰ ਪੱਕੇ ਕਰਨ ਦੇ ਵਾਅਦਿਆਂ ਤੋਂ ਪਿੱਛੇ ਹਟਣਾ ਇਸ ਸਰਕਾਰ ਵੱਲੋਂ ਨੌਜੁਆਨਾਂ ਨਾਲ ਕੀਤਾ ਗਿਆ ਇੱਕ ਵੱਡਾ ਧੋਖਾ ਹੈ। ਮੁਲਾਜ਼ਮਾਂ ਨੂੰ ਪੇ ਕਮਿਸ਼ਨ ਅਤੇ ਡੀ.ਏ. ਦੇ ਬਕਾਏ ਦੇਣੇ, ਪੁਰਾਣੀ ਪੈਨਸ਼ਨ ਸਕੀਮ ਬਹਾਲ ਕਰਨੀ, ਸਕੀਮ ਵਰਕਰਾਂ ਆਂਗਣਵਾੜੀ, ਆਸ਼ਾ ਕਰਮੀ, ਮਿਡ-ਡੇ-ਮੀਲ ਵਰਕਰਾਂ ਆਦਿ ਨੂੰ ਪੱਕਾ ਕਰਨਾ, ਉਸਾਰੀ ਕਿਰਤੀ ਲਾਭਪਾਤਰੀਆਂ ਦੀ ਖੱਜਲ-ਖੁਆਰੀ ਬੰਦ ਕਰਕੇ ਪੇਮੈਂਟਾਂ ਸਮੇਂ ਸਿਰ ਦੇਣਾ, ਨਰੇਗਾ ਵਰਕਰਾਂ ਨੂੰ 200 ਦਿਨਾਂ ਦੇ ਕੰਮ ਦੀ ਗਰੰਟੀ, ਨਰੇਗਾ ਸ਼ਹਿਰਾਂ ਵਿੱਚ ਲਾਗੂ ਕਰਨਾ, ਦਿਹਾੜੀ 1000 ਰੁਪਏ ਕਰਨੀ ਅਤੇ ਬਜਟ ਵਿੱਚ ਲੋੜੀਂਦਾ ਪੂਰਾ ਪੈਸਾ ਰੱਖਣਾ, ਭੱਠਾ ਵਰਕਰਾਂ ਦੇ ਲੇਬਰ ਰੇਟਾਂ ਵਿੱਚ ਵਾਧਾ ਕਰਨਾ ਆਦਿ ਸ਼ਾਮਲ ਹਨ। ਏਟਕ ਆਗੂਆਂ ਵੱਲੋਂ ਪਹਿਲਾਂ ਹੀ ਬਹੁਤ ਜ਼ੋਰਦਾਰ ਤਿਆਰੀਆਂ ਦੇ ਬਾਵਜੂਦ ਮੁਲਾਜ਼ਮਾਂ-ਮਜ਼ਦੂਰਾਂ ਨੂੰ ਅਪੀਲ ਕੀਤੀ ਗਈ ਹੈ ਕਿ ਮੰਗਾਂ ਦੀ ਗੰਭੀਰਤਾ, ਸਰਕਾਰ ਵੱਲੋਂ ਕੀਤੇ ਜਾ ਰਹੇ ਮਜ਼ਦੂਰਾਂ ਨਾਲ ਧੋਖੇ ਅਤੇ ਅਣਦੇਖੀ ਦੇ ਵਿਰੁੱਧ ਪ੍ਰਚੰਡ ਰੋਹ ਪ੍ਰਗਟ ਕਰਨ ਲਈ ਮੋਹਾਲੀ ਰੈਲੀ ਦੀ ਸਫਲਤਾ ਵਿੱਚ ਕੋਈ ਕਸਰ ਬਾਕੀ ਨਾ ਛੱਡੀ ਜਾਵੇ।

### ਅੰਮ੍ਰਿਤਸਰ ’ਚ ਜ਼ੋਰਦਾਰ...

ਸ਼ਰਮਾ, ਦਸਵਿੰਦਰ ਕੌਰ, ਸੁਖਵੰਤ ਸਿੰਘ, ਮੋਹਨ ਲਾਲ, ਸ਼ਮਸ਼ੇਰ ਨਾਥ, ਜਸਬੀਰ ਸਿੰਘ ਅਤੇ ਸਤਨਾਮ ਸਿੰਘ ਆਦਿ ਨੇ ਸੰਬੋਧਨ ਕੀਤਾ। ਬੁਲਾਰਿਆਂ ਨੇ ਕਿਹਾ ਕਿ ਪੰਜਾਬ ਸਰਕਾਰ ਨੇ 14 ਸਾਲਾਂ ਦੇ ਅਰਸੇ ਬਾਅਦ ਮਜ਼ਦੂਰਾਂ ਦੀਆਂ ਤਨਖਾਹਾਂ ਵਿੱਚ ਕੇਵਲ 15 ਫੀਸਦੀ ਦਾ ਵਾਧਾ ਕੀਤਾ ਹੈ, ਜਿਸ ਨਾਲ ਮਜ਼ਦੂਰਾਂ ਵਿੱਚ ਬਹੁਤ ਰੋਸ ਪਾਇਆ ਜਾ ਰਿਹਾ ਹੈ। ਉਹਨਾਂ ਅੱਗੇ ਕਿਹਾ ਕਿ ਸਨਅਤੀ ਮਜ਼ਦੂਰਾਂ ਦੀਆਂ ਘੱਟੋ-ਘੱਟ ਤਨਖਾਹਾਂ ਵਿੱਚ ਵਾਧਾ ਕਰਨ ਨਾਲ ਸਰਕਾਰੀ ਖਜ਼ਾਨੇ ਉੱਪਰ ਕੋਈ ਬੋਝ ਨਹੀਂ ਪੈਂਦਾ ਹੈ। ਸਰਕਾਰ ਨੇ ਕੇਵਲ ਤਨਖਾਹਾਂ ਨਿਸ਼ਚਿਤ ਹੀ ਕਰਨੀਆਂ ਹੁੰਦੀਆਂ ਹਨ, ਜਦੋਂ ਕਿ ਅਦਾਇਗੀ ਪ੍ਰਾਈਵੇਟ ਕਾਰਖਾਨੇਦਾਰਾਂ ਅਤੇ ਦੂਜੇ ਅਦਾਰਿਆਂ ਦੇ ਮਾਲਕਾਂ ਵੱਲੋਂ ਕੀਤੀ ਜਾਂਦੀ ਹੈ। ਲੇਕਿਨ ਪੰਜਾਬ ਦੇ ਕਾਰਖਾਨੇਦਾਰਾਂ ਅਤੇ ਵੱਡੇ ਕਾਰੋਬਾਰੀਆਂ ਦੀ ਲਾਬੀ ਇੰਨੀ ਮਜ਼ਬੂਤ ਹੈ ਕਿ ਹਰ ਸਰਕਾਰ ਉਹਨਾਂ ਦੇ ਦਬਾਅ ਹੇਠ ਹੀ ਮਜ਼ਦੂਰਾਂ ਦੀਆਂ ਘੱਟੋ-ਘੱਟ ਤਨਖਾਹਾਂ ਵਿੱਚ ਵਾਧਾ ਕਰਦੀ ਹੈ। ਪਿਛਲੇ 14 ਸਾਲਾਂ ਦੇ ਅਰਸੇ ਦੌਰਾਨ ਕਾਂਗਰਸ, ਅਕਾਲੀ-ਬੀ.ਜੇ.ਪੀ. ਦੀਆਂ ਸਰਕਾਰਾਂ ਵੀ ਰਹੀਆਂ ਹਨ, ਲੇਕਿਨ ਉਹਨਾਂ ਨੇ ਵੀ ਮਜ਼ਦੂਰਾਂ ਦੀ ਅਣਦੇਖੀ ਹੀ ਕੀਤੀ ਹੈ। ਆਪ ਸਰਕਾਰ ਨੇ 4 ਸਾਲਾਂ ਦੇ ਬਾਅਦ ਕੇਵਲ ਨਿਗੂਣਾ ਵਾਧਾ ਹੀ ਕੀਤਾ ਹੈ, ਜਿਸ ਨੂੰ ਮਜ਼ਦੂਰਾਂ ਲਈ ਬਰਦਾਸ਼ਤ ਕਰਨਾ ਬਹੁਤ ਹੀ ਔਖਾ ਹੈ। ਪੰਜਾਬ ਦੇ ਮੁੱਖ ਮੰਤਰੀ ਵੱਲੋਂ 1 ਮਈ ਨੂੰ ਸਪੈਸ਼ਲ ਅੰਸੈਬਲੀ ਦਾ ਸੈਸ਼ਨ ਸੱਦ ਕੇ ਪਹਿਲਾਂ ਮਜ਼ਦੂਰ ਆਗੂਆਂ ਨੂੰ ਇਸ ਵਿੱਚ ਸ਼ਮੂਲੀਅਤ ਦਾ ਸੱਦਾ ਦਿੱਤਾ ਗਿਆ ਸੀ, ਲੇਕਿਨ ਬਾਅਦ ਵਿੱਚ ਕੇਵਲ ਲੇਬਰ ਮੰਤਰੀ ਵੱਲੋਂ ਲੇਬਰ ਭਵਨ ਮੁਹਾਲੀ ਵਿਖੇ ਹੀ ਮੀਟਿੰਗ ਕੀਤੀ ਗਈ, ਜਿਸ ਵਿੱਚ ਲੇਬਰ ਮੰਤਰੀ ਮਜ਼ਦੂਰ ਆਗੂਆਂ ਦੇ ਨਾਲ ਸਹਿਮਤ ਹੋਏ ਸਨ ਕਿ ਮਜ਼ਦੂਰਾਂ ਦੀਆਂ ਘੱਟੋ-ਘੱਟ ਤਨਖਾਹਾਂ ਵਿੱਚ 25 ਫੀਸਦੀ ਦਾ ਵਾਧਾ ਕੀਤਾ ਜਾਵੇਗਾ, ਲੇਕਿਨ ਕਾਰਖਾਨੇਦਾਰਾਂ ਅਤੇ ਵੱਡੇ ਕਾਰੋਬਾਰੀਆਂ ਦੇ ਦਬਾਅ ਹੇਠ ਮੁੱਖ ਮੰਤਰੀ ਵੱਲੋਂ ਕੇਵਲ 15 ਫੀਸਦੀ ਦੇ ਵਾਧੇ ਦਾ ਐਲਾਨ ਹੀ ਕੀਤਾ ਗਿਆ। ਆਗੂਆਂ ਨੇ ਕਿਹਾ ਕਿ 19 ਮਈ ਨੂੰ ਲੇਬਰ ਭਵਨ ਮੁਹਾਲੀ ਵਿਖੇ ਮਜ਼ਦੂਰਾਂ ਦੀ ਰੋਸ ਰੈਲੀ ਵਿੱਚ ਅੰਮ੍ਰਿਤਸਰ ਤੋਂ ਵੱਡੀ ਗਿਣਤੀ ਵਿੱਚ ਮਜ਼ਦੂਰ ਸ਼ਾਮਲ ਹੋਣਗੇ।

### ਭੋਜਸ਼ਾਲਾ-ਕਮਾਲ ਮੌਲਾ ...

ਗਈ ਸੀ। ਪਟੀਸ਼ਨਰਾਂ ਨੇ ਇਹ ਵੀ ਦਲੀਲ ਦਿੱਤੀ ਕਿ ਮਸਜਿਦ ਦਾ ਢਾਂਚਾ ਬਾਅਦ ਦੇ ਸ਼ਾਸਨ ਦੌਰਾਨ ਬਣਾਇਆ ਗਿਆ ਸੀ ਅਤੇ ਇਸ ਵਿੱਚ ਪਹਿਲਾਂ ਦੇ ਮੰਦਰ ਢਾਂਚੇ ਦੇ ਤੱਤ ਸ਼ਾਮਲ ਕੀਤੇ ਗਏ ਸਨ।

ਕੋਰਟ ਦੇ ਹੁਕਮਾਂ ’ਤੇ ਕੀਤੇ ਗਏ ਸਰਵੇਖਣ ਤੋਂ ਬਾਅਦ ਹਾਈ ਕੋਰਟ ਨੂੰ ਸੌਂਪੀ ਗਈ ਆਪਣੀ 2024 ਦੀ ਰਿਪੋਰਟ ਵਿੱਚ ਏ ਐੱਸ ਆਈ ਨੇ ਕਿਹਾ ਸੀ ਕਿ ਪੁਰਾਣੇ ਮੰਦਰਾਂ ਤੋਂ ਕਈ ਆਰਕੀਟੈਕਚਰਲ ਹਿੱਸਿਆਂ ਦੀ ਮੁੜ ਵਰਤੋਂ ਕੀਤੀ ਗਈ ਜਾਪਦੀ ਹੈ। ਮੌਜੂਦਾ ਢਾਂਚਾ ਪੁਰਾਣੇ ਮੰਦਰਾਂ ਦੇ ਹਿੱਸਿਆਂ ਤੋਂ ਬਣਾਇਆ ਗਿਆ... ਥੰਮਾਂ ਤੇ ਦੇਵੀ-ਦੇਵਤਿਆਂ ਦੀਆਂ ਵਿਗੜੀਆਂ ਤਸਵੀਰਾਂ ਤੋਂ ਇਹ ਝਲਕਦਾ ਹੈ। ਸੁਪਰੀਮ ਕੋਰਟ ਨੇ ਮਈ 2024 ਵਿੱਚ, ਸਰਵੇਖਣ ’ਤੇ ਰੋਕ ਲਗਾਉਣ ਤੋਂ ਇਨਕਾਰ ਕਰ ਦਿੱਤਾ ਸੀ ਪਰ ਨਿਰਦੇਸ਼ ਦਿੱਤਾ ਸੀ ਕਿ ਇਸ ਦੇ ਨਤੀਜਿਆਂ ’ਤੇ ਕਾਰਵਾਈ ਨਾ ਕੀਤੀ ਜਾਵੇ। ਇਸ ਸਾਲ ਜਨਵਰੀ ਵਿੱਚ, ਇਸਨੇ ਵਿਵਾਦ ਦੇ ਅੰਤਮ ਫੈਸਲੇ ਤੱਕ ਸਾਈਟ ’ਤੇ ਸਥਿਤੀ ਜਿਉਂ ਦੀ ਤਿਉਂ ਬਣਾਈ ਰੱਖਣ ਦਾ ਹੁਕਮ ਦਿੱਤਾ ਸੀ।

## ਕਾਮਰੇਡ ਰਾਏਕੇ ਨੇ ਵਾਰਡ ਨੰਬਰ ਇੱਕ ਤੋਂ ਕੀਤਾ ਨਾਮਜ਼ਦਗੀ ਪੱਤਰ ਦਾਖਲ



**ਬੁਢਲਾਡਾ (ਅਸ਼ੋਕ ਲਾਕੜਾ)**-ਭਾਰਤੀ ਕਮਿਊਨਿਸਟ ਪਾਰਟੀ ਦੇ ਸੂਬਾ ਕੌਂਸਲ ਮੈਂਬਰ ਕਾਮਰੇਡ ਜਗਸੀਰ ਸਿੰਘ ਰਾਏਕੇ ਵੱਲੋਂ ਨਗਰ ਕੌਂਸਲ ਬੁਡਲਾਡਾ ਦੇ ਵਾਰਡ ਨੰਬਰ ਇੱਕ ਤੋਂ ਬਤੌਰ ਅਜ਼ਾਦ ਉਮੀਦਵਾਰ ਨਾਮਜਦਗੀ ਪੱਤਰ ਐਸਡੀਐਮ ਕੋਲ ਦਾਖਲ ਕੀਤੇ।ਸੀ.ਪੀ.ਆਈ ਦੇ ਨੈਸ਼ਨਲ ਕੌਂਸ਼ਲ ਮੈਂਬਰ ਕਾਮਰੇਡ ਹਰਦੇਵ ਸਿੰਘ ਅਰਸ਼ੀ ਸੀਪੀਆਈ ਦੇ ਜ਼ਿਲ੍ਹਾ ਸਹਾਇਕ ਸਕੱਤਰ ਕਾਮਰੇਡ ਵੇਦ ਪਰਕਾਸ਼ ਸ਼ਹਿਰੀ ਪਾਰਟੀ ਦੇ ਸੱਕਤਰ ਮਾਸਟਰ ਰਘੂਨਾਥ, ਕਾਮਰੇਡ ਹਰਦਿਆਲ ਸਿੰਘ ਤੇ ਵੱਡੀ ਗਿਣਤੀ ਵਿੱਚ ਵਾਰਡ ਦੇ ਪਤਵੰਤੇ ਲੋਕ ਹਾਜ਼ਰ ਸਨ।

## ਮਹਿਲਾ ਸ਼ਕਤੀ ਦਾ ਸਰਕਾਰਾਂ ਬਣਾਉਣ ’ਚ ਅਹਿਮ ਯੋਗਦਾਨ : ਅਰਵਿੰਦ ਖੰਨਾ

### ਪ੍ਰੇਮ ਬਸਤੀ ਵਿਖੇ ਮਹਿਲਾ ਵਰਕਰਾਂ ਨਾਲ ਵਿਸ਼ੇਸ਼ ਮੀਟਿੰਗ



**ਭਵਾਨੀਗੜ੍ਹ (ਰਾਜ ਖੁਰਮੀ)**-ਪ੍ਰੇਮ ਬਸਤੀ ਵਿਖੇ ਨੇਹਾ ਗਰੋਵਰ ਦੀ ਅਗਵਾਈ ਹੇਠ ਅੰਜਲੀ ਸਿੰਗਲਾ ਦੇ ਗ੍ਰਹਿ ਵਿਖੇ ਇੱਕ ਵਿਸ਼ੇਸ਼ ਪ੍ਰੋਗਰਾਮ ਕੀਤਾ ਗਿਆ, ਜਿਸ ਵਿੱਚ ਸ਼੍ਰੋਮਣੀ ਅਕਾਲੀ ਦਲ ਦੇ ਹਲਕਾ ਇੰਚਾਰਜ ਅਰਵਿੰਦ ਖੰਨਾ ਨੇ ਵਿਸ਼ੇਸ਼ ਤੌਰ ’ਤੇ ਸ਼ਿਰਕਤ ਕੀਤੀ।ਪ੍ਰੋਗਰਾਮ ਦੌਰਾਨ ਸਮਾਜਿਕ ਤੇ ਲੋਕ ਹਿੱਤ ਨਾਲ ਜੁੜੇ ਵੱਖ-ਵੱਖ ਮੁੱਦਿਆਂ ’ਤੇ ਵਿਚਾਰ-ਚਰਚਾ ਕੀਤੀ ਗਈ।ਇਸ ਮੌਕੇ ਸੰਬੋਧਨ ਕਰਦਿਆਂ ਅਰਵਿੰਦ ਖੰਨਾ ਨੇ ਪੰਜਾਬ ਵਿੱਚ ਵੱਧ ਰਹੇ ਨਸ਼ਿਆਂ ਦੇ ਰੁਝਾਨ ’ਤੇ ਗੰਭੀਰ ਚਿੰਤਾ ਪ੍ਰਗਟ ਕੀਤੀ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਦਾ ਨਸ਼ਾ ਮੁਕਤੀ ਅਭਿਆਨ ਪੂਰੀ ਤਰ੍ਹਾਂ ਫੇਲ੍ਹ ਸਾਬਿਤ ਹੋ ਰਿਹਾ ਹੈ ਤੇ ਲਗਾਤਾਰ ਅਖ਼ਬਾਰਾਂ ਵਿੱਚ ਨਸ਼ਿਆਂ ਕਾਰਨ ਹੋ ਰਹੀਆਂ ਮੌਤਾਂ ਦੀਆਂ ਖ਼ਬਰਾਂ ਸਾਹਮਣੇ ਆ ਰਹੀਆਂ ਹਨ, ਜੋ ਚਿੰਤਾ ਦਾ ਵਿਸ਼ਾ ਹੈ।ਉਨ੍ਹਾਂ ਮਹਿਲਾ ਸ਼ਕਤੀ ਦੀ ਭੂਮਿਕਾ ਦੀ ਸਰਾਹਨਾ ਕਰਦਿਆਂ ਕਿਹਾ ਕਿ ਕਿਸੇ ਵੀ ਸਰਕਾਰ ਦੇ ਗਠਨ ਵਿੱਚ ਮਹਿਲਾਵਾਂ ਦਾ ਸਭ ਤੋਂ ਵੱਡਾ ਯੋਗਦਾਨ ਹੁੰਦਾ ਹੈ।ਅਰਵਿੰਦ ਖੰਨਾ ਨੇ ਕਿਹਾ ਕਿ ਜਿਸ ਤਰ੍ਹਾਂ ਮਹਿਲਾ ਸ਼ਕਤੀ ਇੱਕਜੁੱਟ ਹੋ ਕੇ ਸ਼੍ਰੋਮਣੀ ਅਕਾਲੀ ਦਲ ਦੀ ਮਜ਼ਬੂਤੀ ਲਈ ਕੰਮ ਕਰ ਰਹੀ ਹੈ, ਉਸ ਨੂੰ ਵੇਖਦਿਆਂ ਉਹ ਦਿਨ ਦੂਰ ਨਹੀਂ ਜਦੋਂ ਪੰਜਾਬ ਵਿੱਚ ਦੁਬਾਰਾ ਅਕਾਲੀ ਸਰਕਾਰ ਬਣੇਗੀ। ਉਨ੍ਹਾਂ ਕਿਹਾ ਕਿ ਲੋਕਾਂ ਦੇ ਭਰੋਸੇ ਤੇ ਸਾਥ ਨਾਲ ਸੰਗਰੂਰ ਵਿੱਚ ਨਵੇਂ ਬਦਲਾਅ ਦੀ ਮਜ਼ਬੂਤ ਨੀਂਹ ਰੱਖੀ ਜਾ ਰਹੀ ਹੈ।ਇਸ ਮੌਕੇ ਮਨਜੀਤ ਕੌਰ, ਸਾਬਕਾ ਨਰੇਸ਼ ਕੁਮਾਰੀ ਸਮੇਤ ਵੱਡੀ ਗਿਣਤੀ ਵਿੱਚ ਅਕਾਲੀ ਮਹਿਲਾ ਵਰਕਰ ਮੌਜੂਦ ਸਨ।

## ਐਸ਼ਮੀਨ ਕੌਰ ਮੋਗਾ ਜ਼ਿਲ੍ਹੇ ’ਚ ਰਹੀ ਪਹਿਲੇ ਸਥਾਨ ’ਤੇ



**ਕੋਟ ਈਸੇ ਖਾਂ (ਅਰੋੜਾ)**-ਪੰਜਾਬ ਸਕੂਲ ਐਜੂਕੇਸ਼ਨ ਬੋਰਡ ਵੱਲੋਂ ਐਲਾਨੇ ਗਏ ਬਾਰ੍ਹਵੀਂ ਦੇ ਨਤੀਜਿਆਂ ਵਿੱਚ ਪਿੰਡ ਖੋਸਾ ਕੋਟਲਾ ਦੀ ਹੋਣਹਾਰ ਧੀ ਐਸ਼ਮੀਨ ਕੌਰ ਨੇ ਸ਼ਾਨਦਾਰ ਪ੍ਰਦਰਸ਼ਨ ਕਰਕੇ ਨਾ ਸਿਰਫ ਆਪਣੇ ਮਾਤਾ-ਪਿਤਾ ਦਾ ਸਗੋਂ ਪੂਰੇ ਪਿੰਡ ਅਤੇ ਇਲਾਕੇ ਦਾ ਨਾਂਅ ਵੀ ਰੌਸ਼ਨ ਕੀਤਾ ਹੈ। ਐਸ਼ਮੀਨ ਕੌਰ, ਜੋ ਅਮਰਜੀਤ ਸਿੰਘ ਦੀ ਧੀ ਹੈ, ਨੇ ਮੋਗਾ ਜ਼ਿਲ੍ਹੇ ਵਿੱਚ ਪਹਿਲਾ ਸਥਾਨ ਹਾਸਲ ਕੀਤਾ ਹੈ ਅਤੇ ਸਾਰੇ ਪੰਜਾਬ ਵਿੱਚ ਬਾਰ੍ਹਵਾਂ ਰੈਂਕ ਪ੍ਰਾਪਤ ਕਰਕੇ ਇੱਕ ਵੱਡੀ ਉਪਲਬਧੀ ਆਪਣੇ ਨਾਂਅ ਕੀਤੀ ਹੈ।ਉਸਦੀ ਇਸ ਕਾਮਯਾਬੀ ਨਾਲ ਪਿੰਡ ਖੋਸਾ ਕੋਟਲਾ ਵਿੱਚ ਖੁਸ਼ੀ ਦੀ ਲਹਿਰ ਦੌੜ ਗਈ ਹੈ ਤੇ ਹਰ ਪਾਸੇ ਉਸਦੀ ਮਿਹਨਤ ਦੀ ਚਰਚਾ ਹੋ ਰਹੀ ਹੈ।ਉਨ੍ਹਾਂ ਕਿਹਾ ਕੀ ਐਸ਼ਮੀਨ ਕੌਰ ਨੇ ਸਾਬਤ ਕਰ ਦਿੱਤਾ ਹੈ ਕਿ ਲਗਨ, ਮਿਹਨਤ ਤੇ ਆਤਮ-ਵਿਸ਼ਵਾਸ ਨਾਲ ਹਰ ਮੁਸ਼ਕਲ ਨੂੰ ਆਸਾਨ ਬਣਾਇਆ ਜਾ ਸਕਦਾ ਹੈ।ਉਸਨੇ ਬਾਰ੍ਹਵੀਂ ਦੀ ਪ੍ਰੀਖਿਆ ਵਿੱਚ ਬਹੁਤ ਹੀ ਸ਼ਾਨਦਾਰ ਅੰਕ ਪ੍ਰਾਪਤ ਕੀਤੇ ਹਨ।ਐਸ਼ਮੀਨ ਦੀ ਇਸ ਵੱਡੀ ਕਾਮਯਾਬੀ ਨਾਲ ਉਸਦੇ ਮਾਪਿਆਂ ਵਿੱਚ ਖੁਸ਼ੀ ਦਾ ਮਾਹੌਲ ਹੈ।ਉਸਦੇ ਪਿਤਾ ਅਮਰਜੀਤ ਸਿੰਘ ਨੇ ਦੱਸਿਆ ਕਿ ਐਸ਼ਮੀਨ ਬਚਪਨ ਤੋਂ ਹੀ ਪੜ੍ਹਾਈ ਪ੍ਰਤੀ ਬਹੁਤ ਜ਼ਿੰਮੇਵਾਰ ਅਤੇ ਮਿਹਨਤੀ ਰਹੀ ਹੈ।ਉਸ ਨੇ ਦਿਨ-ਰਾਤ ਮਿਹਨਤ ਕਰਕੇ ਇਹ ਸਫਲਤਾ ਹਾਸਲ ਕੀਤੀ ਹੈ।ਐਸ਼ਮੀਨ ਕੌਰ ਦੀ ਇਸ ਇਤਿਹਾਸਕ ਕਾਮਯਾਬੀ ਨੂੰ ਦੇਖਦੇ ਹੋਏ ਪਿੰਡ ਖੋਸਾ ਕੋਟਲਾ ਦੇ ਇਤਿਹਾਸਕ ਗੁਰਦੁਆਰਾ ਸ਼੍ਰੀ ਪਾਤਸ਼ਾਹੀ ਸਾਹਿਬ ਵਿਖੇ ਉਸ ਨੂੰ 11 ਹਜ਼ਾਰ ਰੁਪਏ ਦੀ ਰਕਮ ਨਾਲ ਸਨਮਾਨਤ ਕੀਤਾ ਗਿਆ।ਸੰਤ ਬਾਬਾ ਫ਼ਤਿਹ ਸਿੰਘ ਐਜੂਕੇਸ਼ਨਲ ਸੁਸਾਇਟੀ, ਇੰਟੀਗ੍ਰੇਟਡ ਆਰਡੈਂਟ ਸਕੂਲ ਖੋਸਾ ਕੋਟਲਾ, ਸਰਕਾਰੀ ਗਰਲਜ਼ ਸੀਨੀਅਰ ਸੈਕੰਡਰੀ ਸਕੂਲ ਖੋਸਾ ਕੋਟਲਾ ਅਤੇ ਪਿੰਡ ਵਾਸੀਆਂ ਵੱਲੋਂ ਵੀ ਐਸ਼ਮੀਨ ਨੂੰ ਵਿਸ਼ੇਸ਼ ਤੌਰ ’ਤੇ ਸਨਮਾਨਿਤ ਕੀਤਾ ਗਿਆ।ਇਸ ਮੌਕੇ ਸੰਤ ਗਿਆਨੀ ਗੁਰਮੀਤ ਸਿੰਘ ਜੀ ਨੇ ਐਸ਼ਮੀਨ ਕੌਰ ਨੂੰ ਸਨਮਾਨਤ ਕਰਦੇ ਹੋਏ ਉਸ ਦੇ ਆਉਣ ਵਾਲੇ ਭਵਿੱਖ ਲਈ ਨਵੀਂ ਸੇਧ ਦਿੱਤੀ।

## ਬਰੌਡਵੇਅ ਨੇ ਨਤੀਜਿਆਂ ’ਚ ਸਿਰਜਿਆ ਇਤਿਹਾਸ



**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**-ਬਰੌਡਵੇਅ ਪਬਲਿਕ ਸਕੂਲ ਨੇ ਇਸ ਵਾਰ ਵੀ ਬਾਰ੍ਹਵੀਂ ਸ਼੍ਰੇਣੀ ਦੇ ਨਤੀਜਿਆਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦੇ ਹੋਏ ਨਵਾਂ ਇਤਿਹਾਸ ਰਚ ਦਿੱਤਾ ਹੈ।ਸਕੂਲ ਦੇ ਵਿਦਿਆਰਥੀਆਂ ਨੇ ਵੱਖ-ਵੱਖ ਵਿਸ਼ਿਆਂ ਵਿੱਚ ਉੱਚ ਅੰਕ ਪ੍ਰਾਪਤ ਆਪਣੇ ਮਾਪਿਆਂ ਤੇ ਸਕੂਲ ਦਾ ਨਾਂਅ ਵੀ ਰੌਸ਼ਨ ਕੀਤਾ।ਪ੍ਰਬੰਧਕਾਂ ਅਨੁਸਾਰ ਇਸ ਸਾਲ ਵਿਦਿਆਰਥੀਆਂ ਦਾ ਨਤੀਜਾ ਸੌ ਫ਼ੀਸਦੀ ਰਿਹਾ।20 ਵਿਦਿਆਰਥੀਆਂ ਨੇ 90 ਤੋਂ ਵੱਧ ਫ਼ੀਸਦੀ ਤੋਂ ਵੱਧ ਅੰਕ ਹਾਸਲ ਕਰਕੇ ਵਿਸ਼ੇਸ਼ ਮਾਣ ਪ੍ਰਾਪਤ ਕੀਤਾ, ਜਿਸ ਵਿੱਚ ਜਸਮੀਨ ਕੌਰ (ਆਰਟਸ) ਨੇ 97.6 ਫੀਸਦੀ ਅੰਕ ਪ੍ਰਾਪਤ ਕਰ ਕੇ ਪਹਿਲਾ, ਗੁਰਕੰਵਲ ਸਿੰਘ (ਕਮਰਸ) ਨੇ 96.4 ਫੀਸਦੀ ਅੰਕ ਪ੍ਰਾਪਤ ਕਰ ਕੇ ਦੂਜਾ ਤੇ ਜੂਹੀ ਗਰਗ ਨੇ 96.2 ਫੀਸਦੀ ਅੰਕ ਪ੍ਰਾਪਤ ਕਰ ਕੇ ਤੀਜਾ ਸਥਾਨ ਪ੍ਰਾਪਤ ਕੀਤਾ।ਵਿਦਿਆਰਥੀਆਂ ਦੀ ਇਸ ਉਪਲਬਧੀ ਦਾ ਸਿਹਰਾ ਸਕੂਲ ਦੇ ਮਿਹਨਤੀ ਅਧਿਆਪਕਾਂ, ਮਾਪਿਆਂ ਤੇ ਵਿਦਿਆਰਥੀਆਂ ਦੀ ਲਗਨ ਨੂੰ ਦਿੱਤਾ ਗਿਆ।ਜ਼ਿਕਰਯੋਗ ਹੈ ਕਿ ਇਸ ਤੋਂ ਪਹਿਲਾਂ ਸਕੂਲ ਦਾ ਦਸਵੀਂ ਦਾ ਨਤੀਜਾ ਵੀ ਸ਼ਾਨਦਾਰ ਰਿਹਾ ਸੀ, ਜਿਸ ਵਿੱਚ 30 ਬੱਚਿਆਂ ਨੇ 90 ਤੋਂ ਵੱਧ ਪ੍ਰਤੀਸ਼ਤ ਅੰਕ ਪ੍ਰਾਪਤ ਕੀਤੇ ਸਨ।ਸਕੂਲ ਦੇ ਪ੍ਰਿੰਸੀਪਲ ਸ੍ਰੀ ਐਮ ਏ ਸੈਫ਼ੀ ਨੇ ਵਿਦਿਆਰਥੀਆਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਬ੍ਰੋਡਵੇ ਸਕੂਲ ਹਮੇਸ਼ਾ ਹੀ ਸਿੱਖਿਆ ਦੇ ਖੇਤਰ ਵਿੱਚ ਉੱਚ ਮਿਆਰ ਕਾਇਮ ਕਰਨ ਲਈ ਵਚਨਬੱਧ ਹੈ।

## ਵਿਧਾਇਕਾ ਮਾਣੂੰਕੇ ਨੇ ਸੜਕ ਦਾ ਕੀਤਾ ਉਦਘਾਟਨ



**ਜਗਰਾਉਂ (ਸੰਜੀਵ ਅਰੋੜਾ)**-ਵਿਧਾਨ ਸਭਾ ਹਲਕਾ ਜਗਰਾਉਂ ਦੇ ਵਿਧਾਇਕਾ ਬੀਬੀ ਸਰਬਜੀਤ ਕੌਰ ਮਾਣੂੰਕੇ ਨੇ ਪਿੰਡ ਮੱਲ੍ਹਾ ਤੋਂ ਮਾਣੂੰਕੇ ਤੱਕ 50 ਲੱਖ ਰੁਪਏ ਦੀ ਲਾਗਤ ਨਾਲ ਤਿਆਰ ਹੋਈ ਚਾਰ ਕਿਲੋਮੀਟਰ ਲਿੰਕ ਸੜਕ ਦਾ ਉਦਘਾਟਨ ਪਿੰਡ ਮੱਲ੍ਹਾ ਵਿਖੇ ਕੀਤਾ। ਇਸ ਮੌਕੇ ਹਲਕਾ ਵਿਧਾਇਕਾ ਬੀਬੀ ਸਰਬਜੀਤ ਕੌਰ ਮਾਣੂੰਕੇ ਨੇ ਕਿਹਾ ਕਿ ਪੰਜਾਬ ਦੀ ਆਪ ਸਰਕਾਰ ਵੱਲੋਂ ਸੂਬੇ ਦੇ ਵਿਕਾਸ ਨੂੰ ਮੁੱਖ ਰੱਖਦਿਆਂ ਪਿੰਡਾਂ ਦੀਆਂ ਸੜਕਾਂ ਨੂੰ ਪਹਿਲ ਦੇ ਅਧਾਰ ’ਤੇ ਬਣਾਇਆ ਜਾ ਰਿਹਾ ਹੈ। ਇਸ ਮੌਕੇ ਉਨ੍ਹਾਂ ਪਿੰਡ ਮੱਲ੍ਹਾ ਦੇ ਕਿਸਾਨਾਂ ਤੇ ਮਨਰੇਗਾ ਮਜ਼ਦੂਰਾਂ ਦੀਆਂ ਸਮੱਸਿਆਵਾਂ ਸੁਣੀਆਂ, ਜਿਸ ਨੂੰ ਜਲਦੀ ਹੀ ਹੱਲ ਕਰਵਾਉਣ ਦਾ ਵਿਸ਼ਵਾਸ ਦਿਵਾਇਆ। ਇਸ ਮੌਕੇ ਸਰਪੰਚ ਗੁਰਮੇਲ ਸਿੰਘ ਮੱਲ੍ਹਾ ਤੇ ਗ੍ਰਾਮ ਪੰਚਾਇਤ ਡੱਲਾ ਨੇ ਹਲਕਾ ਵਿਧਾਇਕਾ ਬੀਬੀ ਸਰਬਜੀਤ ਕੌਰ ਮਾਣੂੰਕੇ ਤੇ ਮਾਰਕੀਟ ਕਮੇਟੀ ਹਠੂਰ ਦੇ ਚੇਅਰਮੈਨ ਕਰਮਜੀਤ ਸਿੰਘ ਕੰਮੀ ਡੱਲਾ ਨੂੰ ਵਿਸ਼ੇਸ਼ ਤੌਰ ’ਤੇ ਸਨਮਾਨਤ ਕੀਤਾ ਅਤੇ ਪੰਜਾਬ ਸਰਕਾਰ ਦਾ ਧੰਨਵਾਦ ਕੀਤਾ। ਇਸ ਮੌਕੇ ਉਨ੍ਹਾ ਨਾਲ ਪੰਜਾਬ ਮੰਡੀਕਰਨ ਬੋਰਡ ਦੇ ਜੇ ਈ ਪ੍ਰਮਿੰਦਰ ਸਿੰਘ, ਸਰਪੰਚ ਗੁਰਮੇਲ ਸਿੰਘ ਮੱਲ੍ਹਾ, ਸਾਬਕਾ ਸਰਪੰਚ ਹਰਬੰਸ ਸਿੰਘ ਢਿੱਲੋਂ, ਸਰਪੰਚ ਗੁਰਪ੍ਰੀਤ ਸਿੰਘ ਡਾਂਗੀਆ, ਪ੍ਰਧਾਨ ਕੁਲਦੀਪ ਸਿੰਘ ਗੋਗਾ, ਸੀਨੀਅਰ ਆਗੂ ਰਜਿੰਦਰ ਸਿੰਘ ਗਾਗਾ ਮੱਲ੍ਹਾ ਆਦਿ ਹਾਜ਼ਰ ਸਨ।

## ਦਸਵੀਂ-ਬਾਰ੍ਹਵੀਂ ਦੇ ਨਤੀਜਿਆਂ ’ਚ ਡੀ ਐੱਮ ਦਾ ਸ਼ਾਨਦਾਰ ਪ੍ਰਦਰਸ਼ਨ

**ਰਾਮਪੁਰਾ ਫੂਲ (ਦਰਸ਼ਨ ਜਿੰਦਲ)**-ਡੀ ਐੱਮ ਸਕੂਲ ਕਰਾੜਵਾਲਾ ਦੇ ਵਿਦਿਆਰਥੀਆਂ ਨੇ ਸੀ ਬੀ ਐੱਸ ਈ ਬੋਰਡ ਨਵੀਂ ਦਿੱਲੀ ਵੱਲੋਂ ਐਲਾਨੇ ਗਏ ਦਸਵੀਂ ਤੇ ਬਾਰਵੀਂ ਕਲਾਸ ਦੇ ਨਤੀਜਿਆਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਕੀਤਾ ਹੈ।ਜਾਣਕਾਰੀ ਅਨੁਸਾਰ ਇਸ ਵਾਰ ਬਾਰਵੀਂ ਜਮਾਤ ਦੇ ਵਿਦਿਆਰਥੀ ਪ੍ਰੀਤਕਮਲ ਸਿੰਘ ਨੇ 95% (ਸਾਇੰਸ ਗਰੁੱਪ) ਅੰਕ ਪ੍ਰਾਪਤ ਕਰਕੇ ਪਹਿਲਾ ਸਥਾਨ, ਅੰਗਦਵੀਰ ਸਿੰਘ ਨੇ 92% (ਆਰਟਸ ਗਰੁੱਪ) ਅੰਕ ਹਾਸਲ ਕਰ ਕੇ ਦੂਸਰਾ ਤੇ ਮਹਿਕਪ੍ਰੀਤ ਸਿੰਘ ਨੇ 91% (ਸਾਇੰਸ ਗਰੁੱਪ) ਅੰਕ ਹਾਸਲ ਕਰਕੇ ਤੀਸਰਾ ਸਥਾਨ ਪ੍ਰਾਪਤ ਕੀਤਾ।ਇਸ ਦੇ ਨਾਲ ਹੀ ਦਸਵੀਂ ਪ੍ਰੀਖਿਆ ਵਿੱਚ ਵਿਦਿਆਰਥਣ ਰਾਸ਼ੀ ਮੰਗਲਾ ਨੇ 96% ਅੰਕ ਹਾਸਲ ਕਰਕੇ ਪਹਿਲਾ, ਰਣਵੀਰ ਕੌਰ ਢਿੱਲੋਂ ਨੇ 94% ਦੂਸਰਾ ਤੇ ਵਿਦਿਆਰਥਣ ਖੁਸ਼ਪ੍ਰੀਤ ਕੌਰ ਨੇ 90% ਅੰਕ ਹਾਸਲ ਕਰਕੇ ਤੀਸਰਾ ਸਥਾਨ ਹਾਸਲ ਕੀਤਾ। ਜਾਣਕਾਰੀ ਅਨੁਸਾਰ ਦਸਵੀਂ ਦਾ ਨਤੀਜਾ ਵੀਂ 100 ਫ਼ੀਸਦੀ ਹੀ ਰਿਹਾ।ਇਨ੍ਹਾਂ ਵਿਦਿਆਰਥੀਆਂ ਦੇ ਸ਼ਾਨਦਾਰ ਪ੍ਰਦਰਸ਼ਨ ਤੇ ਸਖਤ ਮਿਹਨਤ ਦਾ ਜ਼ਿਕਰ ਕਰਦਿਆਂ ਸੰਸਥਾ ਦੇ ਚੇਅਰਮੈਨ ਇੰਜੀ. ਅਵਤਾਰ ਸਿੰਘ ਢਿੱਲੋਂ ਨੇ ਕਿਹਾ ਕਿ ਸ਼ਾਨਦਾਰ ਪ੍ਰਦਰਸ਼ਨਾਂ ਦੀ ਲਗਾਤਾਰਤਾ ਹੀ ਉੱਚ ਪੱਧਰੀ ਸੰਸਥਾਵਾਂ ਦਾ ਨਿਰਮਾਣ ਕਰਦੀ ਹੈ ਤੇ ਅਖੀਰ ਵਿੱਚ ਉਨ੍ਹਾਂ ਕਿਹਾ ਕਿ ਜਿੱਥੇ ਵਿਦਿਆਰਥੀਆਂ ਨੂੰ ਭਵਿੱਖ ਵਿੱਚ ਹੋਰ ਸਖ਼ਤ ਮਿਹਨਤ ਕਰਨ ਲਈ ਪ੍ਰੇਰਿਆ, ਨਾਲ ਹੀ ਸਕੂਲ ਦੇ ਪ੍ਰਿੰਸੀਪਲ, ਸੰਬੰਧਤ ਸਟਾਫ ਤੇ ਵਿਦਿਆਰਥੀਆਂ ਦੇ ਮਾਤਾ-ਪਿਤਾ ਨੂੰ ਵੀ ਵਧਾਈ ਦਿੱਤੀ।

ਨਵਾਂ ਜ਼ਮਾਨਾ
ਪੋਸਟ ਬਾਕਸ ਨੰ. 134

Printed and Published by Printer, Publisher and Editor : **Chand Singh @ Chand Fatehpuri** for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar.
ਪ੍ਰਕਾਸ਼ਕ, ਛਾਪਕ ਤੇ ਸੰਪਾਦਕ : **ਚੰਦ ਸਿੰਘ ਉਰਫ ਚੰਦ ਫਤਿਹਪੁਰੀ** ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ। * ਪੀ ਆਰ ਬੀ ਐਕਟ ਤਹਿਤ ਖ਼ਬਰਾਂ ਦੀ ਚੋਣ ਲਈ ਜ਼ਿੰਮੇਵਾਰ।
**ਫੋਨ ਨੰਬਰ ਪ੍ਰਬੰਧਕੀ ਵਿਭਾਗ** : 0181-5097300, **ਸਮਾਚਾਰ ਵਿਭਾਗ** : 0181-5097310, **ਈ-ਮੇਲ : nawanzamana@gmail.com * Web : www.nawanzamana.in**

# ਆਰਮੀ ਸਕੂਲਾਂ 'ਚ ਪੰਜਾਬੀ ਦੀ ਥਾਂ ਸੰਸਕ੍ਰਿਤ ਲਾਜ਼ਮੀ ਪੜ੍ਹਾਉਣ ਦਾ ਫੈਸਲਾ ਫ਼ਿਰਕੂ ਤੇ ਗ਼ੈਰ-ਕਾਨੂੰਨੀ : ਤਰਕਸ਼ੀਲ ਸੁਸਾਇਟੀ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)**- ਤਰਕਸ਼ੀਲ ਸੁਸਾਇਟੀ ਪੰਜਾਬ ਨੇ ਆਰਮੀ ਵੈੱਲਫੇਅਰ ਐਜੂਕੇਸ਼ਨ ਸੁਸਾਇਟੀ ਵੱਲੋਂ ਆਰਮੀ ਪਬਲਿਕ ਸਕੂਲਾਂ ਵਿੱਚ ਪੰਜਾਬੀ ਦੀ ਥਾਂ ਸੰਸਕ੍ਰਿਤੀ ਦੀ ਪੜ੍ਹਾਈ ਲਾਜ਼ਮੀ ਕਰਨ ਦੇ ਮਾਂ ਬੋਲੀ ਵਿਰੋਧੀ ਫ਼ਿਰਕੂ ਫੈਸਲੇ ਦਾ ਸਖ਼ਤ ਵਿਰੋਧ ਕਰਦਿਆਂ ਪੰਜਾਬ ਸਰਕਾਰ, ਭਾਸ਼ਾ ਵਿਭਾਗ ਅਤੇ ਸੀਬੀਐੱਸਸੀ ਤੋਂ ਇਸ ਗ਼ੈਰ-ਸੰਵਿਧਾਨਿਕ ਹੁਕਮ ਨੂੰ ਤੁਰੰਤ ਰੱਦ ਕਰਵਾਉਣ ਦੀ ਮੰਗ ਕੀਤੀ ਹੈ।ਉਨ੍ਹਾਂ ਨੇ ਪੰਜਾਬ ਦੀਆਂ ਸਮੂਹ ਲੋਕ ਪੱਖੀ ਅਤੇ ਅਗਾਂਹਵਧੂ ਅਕਾਦਮਿਕ, ਸਾਹਿਤਕ, ਸਮਾਜਿਕ ਤੇ ਜਨਤਕ ਜਮਹੂਰੀ ਸੰਸਥਾਵਾਂ ਅਤੇ ਮਾਪਿਆਂ ਤੋਂ ਮਾਂ ਬੋਲੀ ਪੰਜਾਬੀ ਨੂੰ ਅਪਮਾਨਿਤ ਕਰਨ ਵਾਲੇ ਇਸ ਗ਼ੈਰ-ਕਾਨੂੰਨੀ ਫੈਸਲੇ ਨੂੰ ਰੱਦ ਕਰਵਾਉਣ ਲਈ ਸਾਂਝਾ ਸੰਘਰਸ਼ ਕਰਨ ਦੀ ਅਪੀਲ ਕੀਤੀ ਹੈ। ਸੂਬਾ ਕਮੇਟੀ ਆਗੂਆਂ ਮਾਸਟਰ ਰਾਜਿੰਦਰ ਭਦੌੜ, ਹੇਮ ਰਾਜ ਸਟੈਨੋ, ਜੋਗਿੰਦਰ ਕੁੱਲੇਵਾਲ, ਸੁਮੀਤ ਅੰਮ੍ਰਿਤਸਰ, ਸੁਖਵਿੰਦਰ ਬਾਗਪੁਰ ਅਤੇ ਕੁਲਜੀਤ ਫਾਜ਼ਿਲਕਾ ਨੇ ਪੰਜਾਬੀ ਵਿਰੋਧੀ ਇਸ ਫ਼ਿਰਕੂ ਫ਼ੈਸਲੇ ਦਾ ਸਖ਼ਤ ਵਿਰੋਧ ਕਰਦਿਆਂ ਕਿਹਾ ਕਿ ਪੰਜਾਬ ਦੇ ਰਾਜ ਭਾਸ਼ਾ ਕਾਨੂੰਨ ਪੰਜਾਬ ਲਰਨਿੰਗ ਆਫ ਪੰਜਾਬੀ ਐਂਡ ਲੈਂਗੂਏਜਿਜ਼ (ਅਮੈਂਡਮੈਂਟ) ਐਕਟ-2008 ਅਨੁਸਾਰ ਪੰਜਾਬ ਦੇ ਹਰ ਸਕੂਲ ਵਿੱਚ ਦਸਵੀਂ ਜਮਾਤ ਤੱਕ ਪੰਜਾਬੀ ਭਾਸ਼ਾ ਦੀ ਪੜ੍ਹਾਈ ਲਾਜ਼ਮੀ ਹੈ, ਪਰ ਆਰਮੀ ਵੈੱਲਫੇਅਰ ਐਜੂਕੇਸ਼ਨ ਸੁਸਾਇਟੀ ਵੱਲੋਂ ਜਾਰੀ ਸਰਕੂਲਰ ਵਿੱਚ ਪੰਜਾਬੀ ਨੂੰ ਜਾਣ ਬੁੱਝ ਕੇ ਚੌਥੀ ਐਡੀਸ਼ਨਲ ਭਾਸ਼ਾ ਵਜੋਂ ਰੱਖ ਕੇ ਸੰਸਕ੍ਰਿਤ ਨੂੰ ਲਾਜ਼ਮੀ ਤੌਰ 'ਤੇ ਪੜ੍ਹਾਉਣਾ, ਬੱਚਿਆਂ ਦੇ ਮਾਂ ਬੋਲੀ ਪੰਜਾਬੀ ਸਿੱਖਣ ਦੇ ਮੌਲਿਕ ਅਧਿਕਾਰ, ਭਾਸ਼ਾਈ ਆਜ਼ਾਦੀ ਅਤੇ ਪੰਜਾਬੀ ਸਭਿਆਚਾਰ ਨਾਲ ਸਿੱਧਾ ਖਿਲਵਾੜ ਹੈ।ਉਨ੍ਹਾਂ ਨੇ ਆਰਮੀ ਐਜੂਕੇਸ਼ਨ ਸੁਸਾਇਟੀ ਉਤੇ ਪੰਜਾਬੀ ਭਾਸ਼ਾ ਨੂੰ ਅਪਮਾਨਿਤ ਕਰਨ ਦਾ ਦੋਸ਼ ਲਾਉਂਦਿਆਂ ਕਿਹਾ ਕਿ ਆਰਐੱਸਐੱਸ ਅਤੇ ਭਾਜਪਾ ਦੇ ਹਿੰਦੂ ਰਾਸ਼ਟਰ ਦੇ ਫ਼ਿਰਕੂ ਏਜੰਡੇ ਹੇਠ ਪੰਜਾਬੀ ਭਾਸ਼ਾ ਨੂੰ ਲਾਜ਼ਮੀ ਪੜ੍ਹਾਉਣ ਸਬੰਧੀ ਨਿਯਮਾਂ ਨੂੰ ਬਿਲਕੁਲ ਅੱਖੋਂ ਪਰੋਖੇ ਕਰਕੇ ਵਿਦਿਆਰਥੀਆਂ ਉਤੇ ਸੰਸਕ੍ਰਿਤ ਨੂੰ ਥੋਪਣਾ, ਪੰਜਾਬ ਰਾਜ ਭਾਸ਼ਾ ਕਾਨੂੰਨ-2008 ਅਤੇ ਨਵੀਂ ਸਿੱਖਿਆ ਨੀਤੀ-2020 ਦੀ ਸਰਾਸਰ ਉਲੰਘਣਾ ਹੈ ਜਿਸ ਲਈ ਪੰਜਾਬ ਸਰਕਾਰ ਵੱਲੋਂ ਆਰਮੀ ਵੈੱਲਫੇਅਰ ਐਜੂਕੇਸ਼ਨ ਸੁਸਾਇਟੀ ਵਿਰੁੱਧ ਢੁੱਕਵੀਂ ਕਾਨੂੰਨੀ ਕਾਰਵਾਈ ਕੀਤੀ ਜਾਣੀ ਚਾਹੀਦੀ ਹੈ।ਤਰਕਸ਼ੀਲ ਸੁਸਾਇਟੀ ਨੇ ਆਰਮੀ ਸਕੂਲਾਂ ਵਿੱਚ ਪੜ੍ਹਦੇ ਵਿਦਿਆਰਥੀਆਂ ਦੇ ਮਾਪਿਆਂ ਅਤੇ ਸਮੂਹ ਪੰਜਾਬੀ ਹਿਤੈਸ਼ੀਆਂ ਨੂੰ ਇਸ ਪੰਜਾਬੀ ਵਿਰੋਧੀ ਫੈਸਲੇ ਦਾ ਡਟਵਾਂ ਵਿਰੋਧ ਕਰਨ ਦੀ ਵੀ ਅਪੀਲ ਕੀਤੀ।

# ਸ੍ਰੀ ਗੁਰੂ ਹਰਿਕ੍ਰਿਸ਼ਨ ਪਬਲਿਕ ਸਕੂਲ ਨੇ 12ਵੀਂ ਜਮਾਤ ਦੀ ਪ੍ਰੀਖਿਆ 'ਚ ਸ਼ਾਨਾਂਮੱਤਾ ਇਤਿਹਾਸ ਦੁਹਰਾਇਆ

**ਤਰਨ ਤਾਰਨ (ਪ੍ਰਿਤਪਾਲ ਸਿੰਘ)**- ਸ੍ਰੀ ਗੁਰੂ ਹਰਿਕ੍ਰਿਸ਼ਨ ਪਬਲਿਕ ਸਕੂਲ, ਤਰਨਤਾਰਨ ਨੇ 12ਵੀਂ ਜਮਾਤ ਵਿੱਚ 100% ਪਾਸ ਦਰ ਪ੍ਰਾਪਤ ਕੀਤੀ।ਟਾਪਰਾਂ ਵਿੱਚੋਂ ਸਿਮਰਨਜੀਤ ਕੌਰ (ਕਾਮਰਸ)ਨੇ 97% ਅੰਕਾਂ ਨਾਲ ਪਹਿਲਾ ਸਥਾਨ ਪ੍ਰਾਪਤ ਕੀਤਾ। ਪਾਮਲਦੀਪ ਕੌਰ (ਕਾਮਰਸ) ਨੇ 95.8% ਅੰਕਾਂ ਨਾਲ ਦੂਜਾ ਅਤੇ ਸੁਖਮਨੀ ਕੌਰ ਨੇ 94.8% ਅੰਕਾਂ ਨਾਲ ਤੀਜਾ ਸਥਾਨ ਪ੍ਰਾਪਤ ਕੀਤਾ।ਸਾਇੰਸ (ਮੈਡੀਕਲ) ਗਰੁੱਪ ਵਿੱਚ, ਗੁਰਮਿੰਦਰ ਕੌਰ ਨੇ 94.4%, ਅਨਮੋਲ ਅਤੇ ਮਹਿਨੂਰ ਨੇ 93.6% ਅਤੇ ਅੰਸ਼ਪ੍ਰੀਤ ਕੌਰ ਨੇ 88.6% ਅੰਕ ਪ੍ਰਾਪਤ ਕੀਤੇ।ਸਾਇੰਸ (ਨਾਨ-ਮੈਡੀਕਲ) ਗਰੁੱਪ ਵਿੱਚ, ਹਰਮਨਪ੍ਰੀਤ ਸਿੰਘ ਨੇ 90.2%, ਕਰਨਿਕ ਨੇ 83.6% ਅਤੇ ਸਹਿਜ ਸਿੰਘ ਨੇ 78.4% ਅੰਕ ਪ੍ਰਾਪਤ ਕੀਤੇ।ਆਰਟਸ ਗਰੁੱਪ ਵਿੱਚ, ਸਿਮਰਨਪ੍ਰੀਤ ਕੌਰ ਨੇ 91.4%, ਮਨਿੰਦਰ ਸਿੰਘ ਅਤੇ ਰਮਨਦੀਪ ਕੌਰ ਨੇ 85.2% ਅਤੇ ਅਭੈਦੀਪ ਸਿੰਘ ਨੇ 84.2% ਅੰਕ ਪ੍ਰਾਪਤ ਕੀਤੇ, ਇਸ ਤਰ੍ਹਾਂ ਆਪਣੀ ਪ੍ਰਤਿਭਾ ਦਾ ਪ੍ਰਦਰਸ਼ਨ ਕੀਤਾ।ਵਿਸ਼ਿਆਂ ਵਿੱਚ ਸਭ ਤੋਂ ਵੱਧ ਅੰਕ ਪ੍ਰਾਪਤ ਕਰਨ ਵਾਲਿਆਂ ਵਿੱਚੋਂ ਦੋ ਵਿਦਿਆਰਥੀਆਂ ਨੇ ਪੰਜਾਬੀ ਵਿੱਚ 100, ਦੋ ਨੇ ਅਕਊਂਟਸ ਵਿੱਚ 100, ਅੰਗਰੇਜ਼ੀ ਵਿੱਚ 100, ਬਿਜ਼ਨੈੱਸ ਸਟਡੀਜ਼ ਵਿੱਚ 99, ਪੇਂਟਿੰਗ ਵਿੱਚ 99, ਬਾਇਓਲੋਜੀ ਵਿੱਚ 98, ਆਰਟੀਫੀਸ਼ੀਅਲ ਇੰਟੈਲੀਜੈਂਸ ਵਿੱਚ 98, ਇਨਫਰਮੇਸ਼ਨ ਟੈਕਨਾਲੋਜੀ ਵਿੱਚ 97, ਕੈਮਿਸਟਰੀ ਵਿੱਚ 97, ਇਕਨਾਮਿਕਸ ਵਿੱਚ 95, ਫਿਜ਼ਿਕਸ ਵਿੱਚ 95, ਫਿਜ਼ਿਕਸ ਵਿੱਚ 94, ਫਿਜ਼ੀਕਲ ਐਜੂਕੇਸ਼ਨ ਵਿੱਚ 91, ਪੋਲੀਟੀਕਲ ਸਾਇੰਸ ਵਿੱਚ 89 ਅੰਕ ਪ੍ਰਾਪਤ ਕਰਕੇ ਸਕੂਲ ਦਾ ਨਾਮ ਰੌਸ਼ਨ ਕੀਤਾ।ਪ੍ਰਿੰ. ਸਤਵੰਤ ਸਿੰਘ ਬੈਂਸ, ਚੀਫ਼ ਖ਼ਾਲਸਾ ਦੀਵਾਨ ਦੇ ਵਧੀਕ ਆਨਰੇਰੀ ਸਕੱਤਰ, ਸਥਾਨਕ ਕਮੇਟੀ ਦੇ ਪ੍ਰਧਾਨ ਅਤੇ ਸਕੂਲ ਮੈਂਬਰ ਇੰਚਾਰਜ ਹਰਜੀਤ ਸਿੰਘ, ਸਥਾਨਕ ਕਮੇਟੀ ਦੇ ਉਪ ਪ੍ਰਧਾਨ ਅਤੇ ਸਕੂਲ ਮੈਂਬਰ ਇੰਚਾਰਜ ਗੁਰਿੰਦਰ ਸਿੰਘ, ਸਕੂਲ ਮੈਂਬਰ ਇੰਚਾਰਜ ਸਰਦਾਰ ਨਵਜੋਤ ਸਿੰਘ ਅਤੇ ਰਣਦੀਪ ਸਿੰਘ ਨੇ ਵਿਦਿਆਰਥੀਆਂ, ਮਾਪਿਆਂ ਅਤੇ ਸਮੁੱਚੇ ਸਟਾਫ਼ ਨੂੰ ਵਧਾਈ ਦਿੱਤੀ।



# ਗੁਰੂ ਅਮਰਦਾਸ ਆਦਰਸ਼ ਇੰਸਟੀਚਿਊਟ ਨੇ ਜ਼ਿਲ੍ਹੇ ਨੂੰ ਦੋ ਟਾਪਰ ਦੇ ਕੇ ਰਚਿਆ ਇਤਿਹਾਸ

**ਤਰਨ ਤਾਰਨ (ਪ੍ਰਿਤਪਾਲ ਸਿੰਘ)**- ਸੀਬੀਐੱਸਈ ਬੋਰਡ ਵੱਲੋਂ ਬਾਰ੍ਹਵੀਂ ਜਮਾਤ ਦੇ ਨਤੀਜਿਆਂ 'ਚ ਗੁਰੂ ਅਮਰਦਾਸ ਆਦਰਸ਼ ਇੰਸਟੀਚਿਊਟ, ਗੋਇੰਦਵਾਲ ਸਾਹਿਬ ਦੇ ਬਾਰ੍ਹਵੀਂ ਜਮਾਤ ਦੇ ਵਿਦਿਆਰਥੀਆਂ ਨੇ ਬੇਮਿਸਾਲ ਅੰਕ ਪ੍ਰਾਪਤ ਕਰਕੇ ਆਪਣੇ ਸਕੂਲ ਦਾ ਨਵਾਂ ਇਤਿਹਾਸ ਰਚਿਆ। ਡਾਇਰੈਕਟਰ ਜਤਿੰਦਰਪਾਲ ਸਿੰਘ ਰੰਧਾਵਾ ਅਤੇ ਸਕੂਲ ਦੇ ਪ੍ਰਿੰਸੀਪਲ ਮਨੀਸ਼ਾ ਸੂਦ ਨੇ ਦੱਸਿਆ ਕਿ ਸਕੂਲ ਦੇ ਕੁੱਲ 80 ਵਿਦਿਆਰਥੀ ਪ੍ਰੀਖਿਆ 'ਚ ਬੈਠੇ ਜਿਨ੍ਹਾਂ ਵਿੱਚੋਂ 12 ਵਿਦਿਆਰਥੀਆਂ ਨੇ 90 % ਤੋਂ ਉਪਰ ਅੰਕ ਅਤੇ 46 ਵਿਦਿਆਰਥੀਆਂ ਨੇ 80 % ਤੋਂ ਉੱਪਰ ਅੰਕ ਪ੍ਰਾਪਤ ਕੀਤੇ ਅਤੇ ਸਾਰੇ ਹੀ ਵਿਦਿਆਰਥੀਆਂ ਨੇ ਪਹਿਲੇ ਦਰਜੇ 'ਤੇ ਪਾਸ ਹੋ ਕੇ ਸਕੂਲ ਦਾ ਮਾਣ ਵਧਾਇਆ।ਦੱਸਣਯੋਗ ਹੈ ਕਿ ਸਕੂਲ ਦੀ ਅਲੀਸ਼ਾ ਸਪੁੱਤਰੀ ਜਤਿੰਦਰ ਕੁਮਾਰ ਵਾਸੀ ਖਡੂਰ ਸਾਹਿਬ ਨੇ ਕਾਮਰਸ ਸਟਰੀਮ ਵਿੱਚੋਂ 98 ਪ੍ਰਤੀਸ਼ਤ ਅਤੇ ਨੂਰਪ੍ਰੀਤ ਕੌਰ ਸਪੁੱਤਰੀ ਕੁਲਬੀਰ ਸਿੰਘ ਵਾਸੀ ਵੈਰੋਵਾਲ ਬਾਵਿਆਂ ਨੇ ਨਾਨ-ਮੈਡੀਕਲ ਵਿੱਚੋਂ 95 ਪ੍ਰਤੀਸ਼ਤ ਅੰਕ ਪ੍ਰਾਪਤ ਕਰਕੇ ਤਰਨ ਤਾਰਨ ਜ਼ਿਲ੍ਹੇ ਵਿੱਚੋਂ ਪਹਿਲਾ ਸਥਾਨ ਹਾਸਲ ਕਰਕੇ ਨਵਾਂ ਇਤਿਹਾਸ ਰਚਿਆ।ਇਸੇ ਤਰ੍ਹਾਂ ਮਹਿਕਪ੍ਰੀਤ ਕੌਰ ਸਪੁੱਤਰੀ ਸੁਖਵੰਤ ਸਿੰਘ ਨੇ ਕਾਮਰਸ ਸਟਰੀਮ ਵਿੱਚੋਂ 97 ਪ੍ਰਤੀਸ਼ਤ ਅੰਕ ਪ੍ਰਾਪਤ ਕਰਕੇ ਦੂਸਰਾ ਸਕੂਲ ਵਿੱਚੋਂ ਦੂਸਰਾ ਸਥਾਨ ਅਤੇ ਮਹਿਰਪ੍ਰੀਤ ਕੌਰ ਸਪੁੱਤਰੀ ਮਨਿੰਦਰ ਸਿੰਘ ਨੇ 93 ਪ੍ਰਤੀਸ਼ਤ ਅੰਕ ਪ੍ਰਾਪਤ ਕਰਕੇ ਸਕੂਲ ਵਿੱਚੋਂ ਤੀਸਰਾ ਸਥਾਨ ਹਾਸਲ ਕੀਤਾ।ਸਾਇੰਸ ਸਟਰੀਮ ਵਿੱਚੋਂ ਅਮਨਪ੍ਰੀਤ ਕੌਰ ਸਪੁੱਤਰੀ ਸੁਰਜੀਤ ਸਿੰਘ ਨੇ 94.2 ਪ੍ਰਤੀਸ਼ਤ ਅੰਕ ਪ੍ਰਾਪਤ ਕਰਕੇ ਸਕੂਲ ਵਿੱਚੋਂ ਦੂਸਰਾ ਸਥਾਨ ਅਤੇ ਮਹਿਕਪ੍ਰੀਤ ਕੌਰ ਸਪੁੱਤਰੀ ਸਾਹਿਬ ਸਿੰਘ ਨੇ 94 ਪ੍ਰਤੀਸ਼ਤ ਅੰਕ ਪ੍ਰਾਪਤ ਕਰਕੇ ਤੀਸਰਾ ਸਥਾਨ ਹਾਸਲ ਕੀਤਾ।ਸਕੂਲ ਦਾ ਨਤੀਜਾ 100 ਫ਼ੀਸਦੀ ਰਿਹਾ।ਇਸੇ ਤਰ੍ਹਾਂ ਕਾਮਰਸ ਦੇ ਬਿਜ਼ਨੈੱਸ ਸਟਡੀਜ਼ ਵਿਸ਼ੇ 'ਚ ਇੱਕ ਅਤੇ ਮਿਊਜ਼ਿਕ ਵਿਸ਼ੇ 'ਚ ਤਿੰਨ ਵਿਦਿਆਰਥੀਆਂ ਨੇ 100 ਵਿੱਚੋਂ 100 ਅੰਕ ਪ੍ਰਾਪਤ ਕੀਤੇ। ਸਕੂਲ ਦੀ ਮੈਨੇਜਮੈਂਟ ਕਮੇਟੀ ਦੇ ਮੈਂਬਰਾਂ ਅਤੇ ਪ੍ਰਿੰਸੀਪਲ ਨੇ ਸ਼ਲਾਘਾਯੋਗ ਨਤੀਜੇ ਲਈ ਅਧਿਆਪਕਾਂ, ਵਿਦਿਆਰਥੀਆਂ ਅਤੇ ਉਨ੍ਹਾਂ ਦੇ ਮਾਪਿਆਂ ਨੂੰ ਤਹਿ ਦਿਲੋਂ ਵਧਾਈ ਦਿੱਤੀ।



# ਮਾਤਾ ਸਾਹਿਬ ਕੌਰ ਮਾਡਰਨ ਸੀ. ਸੈ. ਸਕੂਲ ਭਰੋਵਾਲ ਦੇ ਸਾਰੇ ਵਿਦਿਆਰਥੀ ਚੰਗੇ ਅੰਕਾਂ ਨਾਲ ਪਾਸ

**ਖਡੂਰ ਸਾਹਿਬ (ਸਰਬਜੋਤ ਸਿੰਘ ਸੰਧਾ)**- ਮਾਤਾ ਸਾਹਿਬ ਕੌਰ ਮਾਡਰਨ ਸੀਨੀਅਰ ਸੈਕੰਡਰੀ ਸਕੂਲ, ਭਰੋਵਾਲ ਨੇ ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਐਲਾਨੇ ਗਏ ਬਾਰ੍ਹਵੀਂ ਜਮਾਤ ਦੇ ਨਤੀਜਿਆਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਕੇ ਇਲਾਕੇ ਦਾ ਨਾਂ ਰੌਸ਼ਨ ਕੀਤਾ ਹੈ।ਮਨਜੋਤ ਕੌਰ ਨੇ 500 'ਚੋਂ 457 ਅੰਕ (91 5%) ਪ੍ਰਾਪਤ ਕਰਕੇ ਸਕੂਲ ਵਿੱਚੋਂ ਪਹਿਲਾ ਸਥਾਨ ਹਾਸਲ ਕੀਤਾ। ਹਰਮਨਦੀਪ ਕੌਰ 454 ਅੰਕ (90.8%) ਲੈ ਕੇ ਦੂਜਾ ਸਥਾਨ ਅਤੇ ਸੁਮਨਦੀਪ ਕੌਰ ਨੇ 452 ਅੰਕ (90.4%) ਲੈ ਕੇ ਤੀਜਾ ਸਥਾਨ ਹਾਸਲ ਕੀਤਾ।ਇਨ੍ਹਾਂ ਤੋਂ ਇਲਾਵਾ ਗੁਰਲੀਨ ਕੌਰ, ਗਗਨਦੀਪ ਕੌਰ, ਪਵਨਪ੍ਰੀਤ ਕੌਰ, ਗੁਰਪ੍ਰੀਤ ਕੌਰ, ਅਵਨੀਤ ਕੌਰ, ਸੁਖਮਨਪ੍ਰੀਤ ਕੌਰ, ਹਰਮਨਪ੍ਰੀਤ ਕੌਰ, ਸੁਭਮ, ਅਰਮਾਨਪਰੀਤ ਸਿੰਘ, ਅਰਮਾਨ ਸਿੰਘ, ਮੰਨਤਪਰੀਤ ਕੌਰ, ਜਸਕਰਨ ਸਿੰਘ, ਗੁਰਸਿਮਰਨਪ੍ਰੀਤ ਕੌਰ, ਸਿਮਰਨਜੀਤ ਕੌਰ, ਸੰਦੀਪ ਕੌਰ, ਸੇਜਲ, ਨਿਰਮਾਣਪਰੀਤ ਸਿੰਘ, ਮਨਪ੍ਰੀਤ ਕੌਰ ਨੇ ਵੀ 80 ਫੀਸਦੀ ਤੋਂ ਵੱਧ ਅੰਕ ਪ੍ਰਾਪਤ ਕਰਕੇ ਸਕੂਲ ਦਾ ਮਾਣ ਵਧਾਇਆ ਹੈ।ਸਕੂਲ ਦਾ ਕੁੱਲ ਨਤੀਜਾ 100% ਰਿਹਾ।ਇਸ ਮੌਕੇ ਸਕੂਲ ਪ੍ਰਿੰਸੀਪਲ ਮੈਡਮ ਨਵਜੋਤੀ, ਡਾਇਰੈਕਟਰ ਸ. ਤਜਿੰਦਰ ਸਿੰਘ, ਪ੍ਰੈਜ਼ੀਡੈਂਟ ਸੁਖਵਿੰਦਰ ਕੌਰ, ਸਕੱਤਰ ਬਨਵੀਰ ਸਿੰਘ ਅਤੇ ਮੈਨੇਜਮੈਂਟ ਕਮੇਟੀ ਮੈਂਬਰ ਮੈਡਮ ਸੰਗੀਤ ਕੌਰ ਨੇ ਹੋਣਹਾਰ ਵਿਦਿਆਰਥੀਆਂ, ਉਨ੍ਹਾਂ ਦੇ ਮਾਪਿਆਂ ਅਤੇ ਸਮੂਹ ਸਟਾਫ਼ ਨੂੰ ਮੁਬਾਰਕਬਾਦ ਦਿੱਤੀ। ਸਮਾਗਮ ਦੌਰਾਨ ਪੁਜ਼ੀਸ਼ਨਾਂ ਹਾਸਲ ਕਰਨ ਵਾਲੇ ਵਿਦਿਆਰਥੀਆਂ ਦਾ ਮੂੰਹ ਮਿੱਠਾ ਕਰਵਾ ਕੇ ਸਨਮਾਨ ਕੀਤਾ ਗਿਆ।



# ਖ਼ਾਲਸਾ ਕਾਲਜ ਪਬਲਿਕ ਤੇ ਇੰਟਰਨੈਸ਼ਨਲ ਪਬਲਿਕ ਸਕੂਲ ਰਣਜੀਤ ਐਵੀਨਿਊ ਦਾ 12ਵੀਂ ਦਾ ਨਤੀਜਾ ਰਿਹਾ ਸ਼ਾਨਦਾਰ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**— ਖ਼ਾਲਸਾ ਕਾਲਜ ਗਵਰਨਿੰਗ ਕੌਂਸਲ ਅਧੀਨ ਸਫ਼ਲਤਾਪੂਰਵਕ ਚੱਲ ਰਹੇ ਖ਼ਾਲਸਾ ਕਾਲਜ ਪਬਲਿਕ ਸਕੂਲ, ਜੀ. ਟੀ. ਰੋਡ ਅਤੇ ਖ਼ਾਲਸਾ ਕਾਲਜ ਇੰਟਰਨੈਸ਼ਨਲ ਪਬਲਿਕ ਸਕੂਲ, ਰਣਜੀਤ ਐਵੀਨਿਊ ਦੇ ਵਿਦਿਆਰਥੀਆਂ ਨੇ 12ਵੀਂ ਸੀ. ਬੀ. ਐੱਸ. ਈ. ਬੋਰਡ ਦਾ ਨਤੀਜਾ 100 ਫ਼ੀਸਦੀ ਪ੍ਰਾਪਤ ਕਰ ਕੇ ਜ਼ਿਲ੍ਹੇ, ਸਕੂਲ ਅਤੇ ਮਾਪਿਆਂ ਦਾ ਨਾਮ ਰੌਸ਼ਨ ਕੀਤਾ ਹੈ । ਇਸ ਮੌਕੇ ਸਕੂਲ ਪ੍ਰਿੰਸੀਪਲ ਸ: ਅਮਰਜੀਤ ਸਿੰਘ ਗਿੱਲ ਨੇ ਵਿਦਿਆਰਥੀਆਂ ਨੂੰ ਮੁਬਾਰਕਬਾਦ ਦਿੰਦਿਆਂ ਦੱਸਿਆ ਕਿ ਸਕੂਲ ਦੇ 217 ਵਿਦਿਆਰਥੀਆਂ ਨੇ 12ਵੀਂ ਜਮਾਤ ਦੀ ਪ੍ਰੀਖਿਆ ਦਿੱਤੀ ਸੀ ਅਤੇ ਸਾਇੰਸ ਦੀ ਵਿਦਿਆਰਥਣ ਅੰਸ਼ਪ੍ਰੀਤ ਕੌਰ ਨੇ 97% ਪ੍ਰਤੀਸ਼ਤ ਅੰਕ ਲੈ ਕੇ ਪਹਿਲਾ, ਕਾਮਰਸ ਦੀ ਵਿਦਿਆਰਥਣ ਨਵਦੀਪ ਕੌਰ ਨੇ 96.6% ਫ਼ੀਸਦੀ ਨਾਲ ਦੂਸਰਾ, ਕਾਮਰਸ ਦੀ ਖੁਸ਼ਪ੍ਰੀਤ ਕੌਰ ਨੇ 95.4%, ਕਾਮਰਸ ਦੀ ਰਵਰੀਤ ਕੌਰ ਨੇ 95% ਅੰਕ ਨਾਲ ਕ੍ਰਮਵਾਰ ਤੀਜਾ, ਚੌਥਾ ਸਥਾਨ ਪ੍ਰਾਪਤ ਕਰਕੇ ਸਕੂਲ ਦਾ ਨਾਮ ਰੌਸ਼ਨ ਕੀਤਾ ਹੈ। ਜਦ ਕਿ ਸਾਇੰਸ ਦੇ ਅਕਸਦੀਪ ਸਿੰਘ ਨੇ 94.4% ਅਤੇ ਮਨਜੋਤ ਸਿੰਘ ਨੇ 94% ਫੀਸਦੀ, ਹਿਊਮੈਨਿਟੀ ਦੇ ਪੁਨੀਤ ਸ਼ਰਮਾ ਨੇ 92.4, ਕਾਮਰਸ ਦੀ ਅਮਨਪ੍ਰੀਤ ਕੌਰ ਨੇ 92.4%, ਹਿਊਮੈਨਿਟੀ ਦੀ ਗੁਰਲੀਨ ਕੌਰ ਨੇ 92%, ਸਾਇੰਸ ਦੀ ਕੋਮਲਪ੍ਰੀਤ ਕੌਰ ਅਤੇ ਕੰਵਰਦੀਪ ਸਿੰਘ ਕਪੂਰ ਨੇ 91.4%, ਕਾਮਰਸ ਦੇ ਜੋਗੀਰਾਜ ਕਪੂਰ ਨੇ 91.2%, ਕਾਮਰਸ ਦੀ ਪ੍ਰਭਜੋਤ ਕੌਰ ਨੇ 91%, ਕਾਮਰਸ ਦੇ ਮਹਿਰਿੰਦਰਦੀਪ ਸਿੰਘ ਅਤੇ ਕਾਰਤਿਕ ਰਾਮਪਾਲ ਨੇ 90% ਅਤੇ ਸਾਇੰਸ ਦੀ ਹਰਲੀਨ ਕੌਰ ਨੇ 90 ਪ੍ਰਤੀਸ਼ਤ ਅੰਕ ਹਾਸਲ ਕੀਤੇ ਹਨ। ਇਸ ਤੋਂ ਇਲਾਵਾ ਸਾਇੰਸ, ਕਾਮਰਸ, ਹਿਊਮੈਨਿਟੀ ਤੇ ਹੋਰਨਾਂ ਵਿਸ਼ਿਆਂ ਦੇ ਵਿਦਿਆਰਥੀ ਨੇ ਪ੍ਰੀਖਿਆ 'ਚ ਸ਼ਾਨਦਾਰ ਨੰਬਰ ਹਾਸਲ ਕੀਤੇ ਹਨ। ਇਸੇ ਤਰ੍ਹਾਂ ਇੰਟਰਨੈਸ਼ਨਲ ਪਬਲਿਕ ਸਕੂਲ ਦੀ ਸ੍ਰੀਮਤੀ ਨਿਰਮਲਜੀਤ ਕੌਰ ਗਿੱਲ ਨੇ ਕਿਹਾ ਕਿ ਮੈਡੀਕਲ ਦੀ ਵਿਦਿਆਰਥਣ ਸੁਖਦੀਪ ਕੌਰ ਨੇ 94.6% ਪ੍ਰਤੀਸ਼ਤ ਅੰਕ ਲੈ ਕੇ ਪਹਿਲਾ, ਆਰਟਸ ਦੀ ਮਹਿਕਪ੍ਰੀਤ ਕੌਰ ਨੇ 94% ਨਾਲ ਸਕੂਲ 'ਚੋਂ ਦੂਸਰਾ ਅਤੇ ਕਾਮਰਸ ਦੀ ਖੁਸ਼ਦੀਪ ਕੌਰ ਨੇ 93.2% ਲੈ ਕੇ ਸਕੂਲ 'ਚੋਂ ਤੀਸਰਾ ਸਥਾਨ ਹਾਸਲ ਕੀਤਾ। ਉਨ੍ਹਾਂ ਕਿਹਾ ਕਿ 89 ਵਿਦਿਆਰਥੀਆਂ ਨੇ ਉਕਤ ਜਮਾਤ ਦੀ ਪ੍ਰੀਖਿਆ ਦਿੱਤੀ ਸੀ। ਜਿਸ 'ਚ 10 ਵਿਦਿਆਰਥੀ 90% ਤੋਂ ਵਧੇਰੇ ਅਤੇ 32 ਵਿਦਿਆਰਥੀ 80% ਤੋਂ ਵਧੇਰੇ ਪ੍ਰਤੀਸ਼ਤ ਲੈ ਕੇ ਪਾਸ ਹੋਏ। ਉਨ੍ਹਾਂ ਕਿਹਾ ਕਿ ਹੋਰਨਾਂ 'ਚ ਤਨੀਸ਼ਾ ਮਹਾਜਨ ਨੇ 93%, ਚਮਨਪ੍ਰੀਤ ਕੌਰ ਨੇ 92%, ਹਰਕੀਰਤ ਸਿੰਘ ਨੇ 91.8%, ਹਰਨੂਰ ਸਿੰਘ ਨੇ 91.2%, ਸੁਪ੍ਰੀਤ ਕੌਰ ਗਿੱਲ ਨੇ 91%, ਤਨਵੀਰ ਕੌਰ ਨੇ 90.4 % ਅਤੇ ਗੁਰਲੀਨ ਕੌਰ ਨੇ 90.4% ਅੰਕ ਪ੍ਰਾਪਤ ਕਰਕੇ ਸੰਸਥਾ ਦਾ ਨਾਮ ਰੌਸ਼ਨ ਕੀਤਾ।ਇਸ ਮੌਕੇ ਸ: ਗਿੱਲ ਅਤੇ ਸ੍ਰੀਮਤੀ ਗਿੱਲ ਨੇ ਖ਼ਾਲਸਾ ਯੂਨੀਵਰਸਿਟੀ ਦੇ ਪ੍ਰੋ-ਚਾਂਸਲਰ ਅਤੇ ਕੌਂਸਲ ਦੇ ਆਨਰੇਰੀ ਸਕੱਤਰ ਸ: ਰਜਿੰਦਰ ਮੋਹਨ ਸਿੰਘ ਛੀਨਾ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਨ੍ਹਾਂ ਦੁਆਰਾ ਦਿੱਤੇ ਸਹਿਯੋਗ ਸਦਕਾ ਹੀ ਸਕੂਲ ਦਿਨ ਦੁੱਗਣੀ ਰਾਤ ਚੌਗਣੀ ਤਰੱਕੀ ਕਰ ਰਿਹਾ ਹੈ।



# ਨੈਸ਼ਨਲ ਲੋਕ ਸੇਵਾ ਪਾਰਟੀ ਦੀ ਹੰਗਾਮੇਦਾਰ ਮੀਟਿੰਗ

**ਵੇਰਕਾ (ਰਾਣਾ)**- ਵਿਧਾਨ ਸਭਾ ਹਲਕਾ ਮਜੀਠਾ ਦੇ ਪਿੰਡ ਮਾਂਗਾਸਰਾਏ ਵਿਖੇ ਨੈਸ਼ਨਲ ਲੋਕ ਸੇਵਾ ਪਾਰਟੀ ਦੀ ਇੱਕ ਅਹਿਮ ਮੀਟਿੰਗ ਪਾਸਟਰ ਨਿਰਮਲ ਦੀ ਚਰਚ ਵਿੱਚ ਹੋਈ ਜਿਸ ਵਿੱਚ ਪਾਰਟੀ ਦੇ ਫਾਊਂਡਰ ਅਤੇ ਨੈਸ਼ਨਲ ਜਨਰਲ ਸੈਕਟਰੀ ਜਸਪਾਲ ਮਸੀਹ, ਪੂਰਨ ਸਫਰੀ ਸੂਬਾ ਸਕੱਤਰ ਵਿਸ਼ੇਸ਼ ਤੌਰ ਤੇ ਪਹੁੰਚੇ।ਇਸ ਮੌਕੇ ਕਵਲਜੀਤ ਸਿੰਘ ਨੂੰ ਯੂਥ ਵਿੰਗ ਹਲਕਾ ਮਜੀਠੇ ਦਾ ਬਲਾਕ ਪ੍ਰਧਾਨ ਬਣਾਇਆ ਗਿਆ।ਮੀਟਿੰਗ ਨੂੰ ਸੰਬੋਧਨ ਕਰਦੇ ਹੋਏ ਪੂਰਨ ਸਫਰੀ ਸੂਬਾਈ ਸਕੱਤਰ ਨੇ ਆਖਿਆ ਕਿ ਇਤਿਹਾਸ ਗਵਾਹ ਹੈ ਕਿ ਪੂਰੇ ਭਾਰਤ ਵਿੱਚ ਘੱਟ ਗਿਣਤੀ ਮਸੀਹ ਭਾਈਚਾਰੇ ਨਾਲ ਮੌਜੂਦਾ ਸਰਕਾਰਾਂ ਭਾਵੇਂ ਕੇਂਦਰ ਜਾਂ ਸੂਬੇ ਦੀਆਂ ਹੋਣ ਸਾਡੇ ਸਮਾਜ ਨਾਲ ਪੱਖਪਾਤ, ਵਿਤਕਰਾ, ਧੱਕੇਸ਼ਾਹੀ ਕਰਦੀਆਂ ਹਨ।ਇਸ ਦੌਰਾਨ ਜਸਪਾਲ ਮਸੀਹ ਨੇ ਕਿਹਾ ਕਿ ਅਸੀਂ ਹੁਣ ਲੋਕ ਸੇਵਾ ਪਾਰਟੀ ਦੀਆਂ ਟਿਕਟਾਂ 'ਤੇ 117 ਉਮੀਦਵਾਰ ਸੂਬੇ ਅੰਦਰ ਚੋਣ ਮੈਦਾਨ ਵਿੱਚ ਉਤਾਰਾਂਗੇ। ਇਸ ਮੌਕੇ ਹੋਰਨਾਂ ਤੋਂ ਇਲਾਵਾ ਬਿਸ਼ਪ ਲਿਆਸ ਖੋਖਰ, ਪਾਸਟਰ ਬਗੀਚਾ, ਪਾਸਟਰ ਅੰਗਰੇਜ਼, ਪਾਸਟਰ ਦਾਨੀਏਲ ਨਵਾਬ, ਪਾਸਟਰ ਸਿਸਟਰ ਰਾਜ, ਸਾਬਕਾ ਬਲਾਕ ਸੰਮਤੀ ਮੈਂਬਰ ਮਹਿੰਦਰ ਗੋਲਡੀ, ਪਾਸਟਰ ਦਲੇਰ, ਪਾਸਟਰ ਕਸ਼ਮੀਰ ਸਮੇਤ ਪਾਰਟੀ ਵਰਕਰ ਵੀ ਹਾਜ਼ਰ ਸਨ।



# ਪੁਲ ਤਿੱਬੜੀ ਦੇ ਪੰਜਾਬ ਨੈਸ਼ਨਲ ਬੈਂਕ ਦੇ ਬਾਹਰ ਖੜਾ ਮੋਟਰਸਾਈਕਲ ਚੋਰੀ

**ਗੁਰਦਾਸਪੁਰ (ਜਨਕ ਮਹਾਜਨ)**- ਪੁਲਸ ਸਟੇਸ਼ਨ ਪੁਰਾਣਾ ਸ਼ਾਲਾ ਅਧੀਨ ਪੈਂਦੇ ਇਲਾਕੇ ਅੰਦਰ ਚੋਰੀਆਂ ਰੁਕਣ ਦਾ ਨਾਮ ਨਹੀਂ ਲੈ ਰਹੀਆਂ ਜਿਸ ਕਾਰਨ ਜਨਤਾ ਚੋਰਾਂ ਹੱਥੋਂ ਕਾਫੀ ਦੁਖੀ ਹੋਈ ਪਈ ਹੈ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਠੇਕੇਦਾਰ ਹਰਜੀਤ ਸਿੰਘ ਵਾਸੀ ਨਵਾਂਸ਼ਾਲਾ ਨੇ ਦੱਸਿਆ ਕਿ ਦੁਪਹਿਰ ਡੇਢ ਵਜੇ ਦੇ ਕਰੀਬ ਬੈਂਕ ਵਿੱਚ ਆਪਣੀ ਪਾਸਬੁੱਕ ਦੀ ਐਂਟਰੀ ਕਰਵਾਉਣ ਲਈ ਮੋਟਰਸਾਈਕਲ ਨੰਬਰ ਪੀ. ਬੀ. 06 ਬੀ ਡਬਲਯੂ 8162 'ਤੇ ਗਿਆ ਸੀ ਅਤੇ ਮੋਟਰਸਾਈਕਲ ਬੈਂਕ ਦੇ ਬਾਹਰ ਖੜ੍ਹਾ ਕਰਕੇ ਕੁਝ ਹੀ ਸਮਾਂ ਬਾਅਦ ਬਾਹਰ ਆ ਗਿਆ ਤਾਂ ਉਸ ਦਾ ਮੋਟਰਸਾਈਕਲ ਗਾਇਬ ਸੀ। ਉਨ੍ਹਾਂ ਦੱਸਿਆ ਕਿ ਪਹਿਲਾਂ ਵੀ ਉਕਤ ਨੰਬਰ ਦਾ ਮੋਟਰਸਾਈਕਲ ਚੋਰੀ ਹੋ ਗਿਆ ਸੀ ਅਤੇ ਗੁਰਦਾਸਪੁਰ ਪੁਲਸ ਨੇ ਮੋਟਰਸਾਇਕਲ ਲੱਭ ਲਿਆ ਸੀ ਪਰ ਪੁਲਸ ਮੋਟਰਸਾਈਕਲ ਚੋਰ ਨੂੰ ਨਹੀਂ ਫੜ ਸਕੀ। ਉਨ੍ਹਾਂ ਦੱਸਿਆ ਕਿ ਗੁਰਦਾਸਪੁਰ ਸ਼ਹਿਰ ਅਤੇ ਪੇਂਡੂ ਖੇਤਰ ਅੰਦਰ ਨਿਤ ਮੋਟਰਸਾਈਕਲ ਚੋਰੀ ਹੋਣ ਨਾਲ ਲੋਕ ਪੁਲਿਸ ਹੱਥੋਂ ਆਪਣੇ ਆਪ ਨੂੰ ਅਸੁਰੱਖਿਅਤ ਮਹਿਸੂਸ ਕਰ ਰਹੇ ਹਨ। ਉਨ੍ਹਾਂ ਨੇ ਜ਼ਿਲ੍ਹਾ ਪੁਲਿਸ ਮੁਖੀ ਗੁਰਦਾਸਪੁਰ ਪਾਸੋਂ ਮੰਗ ਕੀਤੀ ਗਈ ਚੋਰੀ ਦੀਆਂ ਘਟਨਾਵਾਂ ਰੋਕਣ ਵਾਸਤੇ ਵਿਸ਼ੇਸ਼ ਉਪਰਾਲੇ ਕੀਤੇ ਜਾਣ। ਜਦੋਂ ਇਸ ਸਬੰਧੀ ਥਾਣਾ ਮੁਖੀ ਨਾਲ ਗੱਲਬਾਤ ਕੀਤੀ ਤਾਂ ਉਨ੍ਹਾਂ ਨੇ ਸਪਸ਼ਟ ਕੀਤਾ ਕਿ ਨੇੜੇ ਤੇੜੇ ਲੱਗੇ ਸੀਸੀਟੀਵੀ ਕੈਮਰੇ ਦੀ ਤਲਾਸ਼ੀ ਕੀਤੀ ਜਾ ਰਹੀ ਹੈ ਤੇ ਚੋਰਾਂ ਨੂੰ ਜਲਦੀ ਹੀ ਕਾਬੂ ਕਰ ਲਿਆ ਜਾਵੇਗਾ।



# ਖਾਲਸਾ ਕਾਲਜੀਏਟ ਸਕੂਲ ਮਹਿਤਾ ਦੇ ਬਾਰ੍ਹਵੀਂ ਜਮਾਤ ਦੇ ਮਾਣਮੱਤੇ ਨਤੀਜੇ



**ਤਰਸਿੱਕਾ ( ਤਰਸੇਮ ਸਿੰਘ ਸਾਧਪੁਰ)**- ਦਮਦਮੀ ਟਕਸਾਲ ਦੇ ਮੌਜੂਦਾ ਮੁਖੀ ਅਤੇ ਸੰਤ ਸਮਾਜ ਦੇ ਪ੍ਰਧਾਨ ਗਿਆਨੀ ਹਰਨਾਮ ਸਿੰਘ ਖਾਲਸਾ ਭਿੰਡਰਾਂਵਾਲਿਆਂ ਦੀ ਰਹਿਨੁਮਾਈ ਹੇਠ ਚੱਲ ਰਹੇ ਵਿਦਿਅਕ ਅਦਾਰੇ ਸੰਤ ਗਿਆਨੀ ਗੁਰਬਚਨ ਸਿੰਘ ਖਾਲਸਾ ਕਾਲਜੀਏਟ ਮਹਿਤਾ ਚੌਂਕ ਦੇ ਮੈਡੀਕਲ, ਨਾਨ ਮੈਡੀਕਲ, ਕਾਮਰਸ ਅਤੇ ਆਰਟਸ ਦੇ ਵਿਦਿਆਰਥੀਆਂ ਨੇ ਬਹੁਤ ਹੀ ਪ੍ਰਸ਼ੰਸਾਯੋਗ ਪ੍ਰਦਰਸ਼ਨ ਕੀਤਾ । ਮੈਡੀਕਲ ਸਟਰੀਮ ਵਿੱਚੋਂ ਸ਼ੁਭਨੀਤ ਕੌਰ, ਮਨਸੁਖਵਿੰਦਰ ਸਿੰਘ, ਸ਼ਿਵਪ੍ਰਤਾਪ ਸਿੰਘ, ਨਾਨ ਮੈਡੀਕਲ ਦੇ ਨਵਰਾਜ ਸਿੰਘ, ਜੁਗਰਾਜ ਸਿੰਘ, ਪਰਮਪ੍ਰੀਤ ਸਿੰਘ ਅਰੁਣਪ੍ਰੀਤ ਸਿੰਘ, ਕਾਮਰਸ ਦੀ ਸੰਦੀਪ ਕੌਰ, ਨਵਜੀਤ ਕੌਰ, ਰਵਜੋਤ ਸਿੰਘ, ਆਰਟਸ ਵਿੱਚੋਂ ਮਨਪ੍ਰੀਤ ਕੌਰ, ਰਮਨੀਕ ਸਿੰਘ, ਯੁਵਰਾਜ ਸਿੰਘ ਨੇ ਕ੍ਰਮਵਾਰ ਪਹਿਲਾ, ਦੂਜਾ ਅਤੇ ਤੀਜਾ ਦਰਜਾ ਪ੍ਰਾਪਤ ਕਰਕੇ ਸਕੂਲ ਦਾ ਨਾਮ ਰੌਸ਼ਨ ਕੀਤਾ ਹੈ।ਸ੍ਰ ਸੁਖਦੇਵ ਸਿੰਘ ਨੇ ਸਮੂਹ ਵਿਦਿਆਰਥੀਆਂ ਨੂੰ ਵਧਾਈ ਦਿੰਦਿਆਂ ਅਧਿਆਪਕ ਸਾਹਿਬਾਨਾਂ ਦਾ ਧੰਨਵਾਦ ਕੀਤਾ ਅਤੇ ਬੱਚਿਆਂ ਤੇ ਉਹਨਾਂ ਦੇ ਮਾਪਿਆਂ ਨੂੰ ਮੁਬਾਰਕਬਾਦ ਦਿੱਤੀ। ਇਸ ਉਪਰੰਤ ਸਕੂਲ ਦੇ ਪ੍ਰਿੰਸੀਪਲ ਸਰਦਾਰ ਗੁਰਦੀਪ ਸਿੰਘ ਜਲਾਲ ਉਸਮਾ ਅਤੇ ਸਟਾਫ ਮੈਂਬਰਾਂ ਨੇ ਸਕੂਲ ਦੇ ਚਮਕਦੇ ਸਿਤਾਰਿਆਂ ਦਾ ਮੂੰਹ ਮਿੱਠਾ ਕਰਵਾਇਆ ਅਤੇ ਕਿਹਾ ਕਿ ਵਿਦਿਆਰਥੀਆਂ ਦੀ ਅਣਥੱਕ ਮਿਹਨਤ ਅਤੇ ਅਧਿਆਪਕਾਂ ਦੀ ਨਿਸ਼ਠਾ ਨੇ ਇਸ ਸਫਲਤਾ ਨੂੰ ਸੰਭਵ ਬਣਾਇਆ ਹੈ । ਇਸ ਮੌਕੇ ਪ੍ਰਿੰਸੀਪਲ ਗੁਰਦੀਪ ਸਿੰਘ ਜਲਾਲ ਉਸਮਾ ,ਪ੍ਰਿੰਸੀਪਲ ਹਰਸ਼ਦੀਪ ਸਿੰਘ ਰੰਧਾਵਾ , ਸੁਖਦੇਵ ਸਿੰਘ, ਸੁਖਜੀਤ ਸਿੰਘ , ਸੁਪਰਡੈਂਟ ਕੁਲਦੀਪ ਕੌਰ , ਅਤੇ ਸਮੂਹ ਅਧਿਆਪਕ ਸਾਹਿਬਾਨਾਂ ਨੇ ਵਿਦਿਆਰਥੀਆਂ ਤੇ ਮਾਪਿਆਂ ਨੂੰ ਸ਼ੁਭਕਾਮਨਾਵਾਂ ਦਿੱਤੀਆਂ।

# ਸਰਬਜੀਤ ਸਿੰਘ ਜ਼ਿਲ੍ਹਾ ਪ੍ਰੀਸ਼ਦ ਦੇ ਚੇਅਰਮੈਨ ਤੇ ਰਾਜਵਿੰਦਰ ਕੌਰ ਵਾਈਸ ਚੇਅਰਪਰਸਨ ਬਣੇ

**ਚੇਤਨਪੁਰਾ ( ਸੁਖਵੰਤ ਚੇਤਨਪੁਰੀ )** - ਬੱਚਤ ਭਵਨ ਅੰਮ੍ਰਿਤਸਰ ਵਿਖੇ ਵਧੀਕ ਡਿਪਟੀ ਕਮਿਸ਼ਨਰ ਸ: ਰੁਪਿੰਦਰਪਾਲ ਸਿੰਘ ਅਗਵਾਈ ਹੇਠ ਜ਼ਿਲ੍ਹਾ ਪ੍ਰੀਸ਼ਦ ਦੇ ਸਿੱਧੇ ਚੁਣੇ ਗਏ ਮੈਂਬਰਾਂ ਸਮੇਤ ਜ਼ਿਲ੍ਹੇ ਦੀਆਂ ਪੰਚਾਇਤ ਸਮੀਤੀਆਂ ਦੇ ਚੇਅਰਮੈਨਾਂ ਦੀ ਪਹਿਲੀ ਮੀਟਿੰਗ ਕੀਤੀ ਗਈ। ਮੀਟਿੰਗ ਵਿੱਚ ਵਧੀਕ ਡਿਪਟੀ ਕਮਿਸ਼ਨਰ ਜਨਰਲ-ਕਮ-ਪ੍ਰੀਜਾਇਡਿੰਗ ਅਫ਼ਸਰ ਵਲੋਂ ਜ਼ਿਲ੍ਹਾ ਪ੍ਰੀਸ਼ਦ ਅੰਮ੍ਰਿਤਸਰ ਦੇ ਚੇਅਰਮੈਨ ਅਤੇ ਉਪ ਚੇਅਰਮੈਨ ਸਬੰਧੀ ਚੋਣ ਕਰਵਾਈ ਗਈ। ਇਸ ਚੋਣ ਵਿੱਚ ਸਰਬਸੰਮਤੀ ਨਾਲ ਸ. ਸਰਬਜੀਤ ਸਿੰਘ ਨੂੰ ਜ਼ਿਲ੍ਹਾ ਪ੍ਰੀਸ਼ਦ ਦਾ ਚੇਅਰਮੈਨ ਚੁਣਿਆ ਗਿਆ ਜਦੋਂ ਕਿ ਸ੍ਰੀਮਤੀ ਰਾਜਵਿੰਦਰ ਕੌਰ ਸਰਬਸੰਮਤੀ ਨਾਲ ਜ਼ਿਲ੍ਹਾ ਪ੍ਰੀਸ਼ਦ ਦੇ ਉਪ ਚੇਅਰਪਰਸਨ ਚੁਣੇ ਗਏ। ਇਸ ਮੌਕੇ ਨਵੇਂ ਚੁਣੇ ਗਏ ਜ਼ਿਲ੍ਹਾ ਪ੍ਰੀਸ਼ਦ ਅੰਮ੍ਰਿਤਸਰ ਦੇ ਚੇਅਰਮੈਨ ਸ: ਸਰਬਜੀਤ ਸਿੰਘ ਅਤੇ ਉਪ ਚੇਅਰਪਰਸਨ ਸ੍ਰੀਮਤੀ ਰਾਜਵਿੰਦਰ ਕੌਰ ਨੇ ਸਾਰੇ ਮੈਂਬਰਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਸਾਰੇ ਮੈਂਬਰਾਂ ਵਲੋਂ ਉਨ੍ਹਾਂ ਉੱਪਰ ਜੋ ਭਰੋਸਾ ਦਰਸਾਇਆ ਗਿਆ ਹੈ, ਉਹ ਉਸ 'ਤੇ ਪੂਰੀ ਤਰ੍ਹਾਂ ਖਰਾ ਉਤਰਨ ਦੀ ਕੋਸ਼ਿਸ਼ ਕਰਨਗੇ।ਉਨ੍ਹਾਂ ਕਿਹਾ ਕਿ ਉਹ ਸਾਰੇ ਮੈਂਬਰਾਂ ਨੂੰ ਨਾਲ ਲੈ ਕੇ ਜ਼ਿਲ੍ਹੇ ਵਿੱਚ ਵਿਕਾਸ ਦੀ ਗਤੀ ਨੂੰ ਹੋਰ ਤੇਜ਼ ਕਰਨਗੇ। ਇਸ ਮੌਕੇ ਬਲਾਕ ਸੰਮਤੀ ਵੇਰਕਾ ਦੀ ਚੇਅਰਪਰਸਨ ਮੈਡਮ ਨਵਨੀਤ ਕੌਰ, ਮੈਂਬਰ ਜ਼ਿਲ੍ਹਾ ਪ੍ਰੀਸ਼ਦ ਸ: ਸਤਨਾਮ ਸਿੰਘ, ਸ: ਮਨਜੀਤ ਸਿੰਘ, ਸ: ਜਸਬੀਰ ਸਿੰਘ, ਸ: ਬਲਜੀਤ ਸਿੰਘ, ਸ: ਲਖਵਿੰਦਰ ਸਿੰਘ , ਮੈਡਮ ਪ੍ਰਿਯੰਕਾ, ਸ੍ਰੀਮਤੀ ਮਨਦੀਪ ਕੌਰ, ਸ੍ਰੀਮਤੀ ਕਮਲੇਸ਼ ਰਾਣੀ, ਅਤੇ ਇਸ ਤੋਂ ਇਲਾਵਾ ਪੰਚਾਇਤ ਸੰਮਤੀਆਂ ਹਰਸ਼ਾ ਛੀਨਾ ਦੇ ਚੇਅਰਮੈਨ ਸ: ਕਰਮਜੀਤ ਸਿੰਘ, ਚੋਗਾਵਾਂ ਦੇ ਚੇਅਰਮੈਨ ਮੈਡਮ ਭਜਨ ਕੌਰ, ਅਟਾਰੀ ਦੇ ਚੇਅਰਮੈਨ ਸ੍ਰੀਮਤੀ ਮੁਖਵਿੰਦਰ ਕੌਰ, ਮਜੀਠਾ ਦੇ ਚੇਅਰਮੈਨ ਸ: ਯਾਦਵਿੰਦਰ ਸਿੰਘ, ਸ: ਹੁਸਨਪ੍ਰੀਤ ਸਿੰਘ ਸਿਆਲਕਾ, ਰਈਆ ਪੰਚਾਇਤ ਸੰਮਤੀ ਦੇ ਚੇਅਰਮੈਨ ਸ: ਹਰਭਜਨ ਸਿੰਘ, ਅਜਨਾਲਾ ਦੇ ਚੇਅਰਮੈਨ ਸ੍ਰੀਮਤੀ ਮਵਿੰਦਰ ਕੌਰ, ਜੰਡਿਆਲਾ ਪੰਚਾਇਤ ਸੰਮਤੀ ਦੇ ਚੇਅਰਮੈਨ ਸ: ਅਮਰੀਕ ਸਿੰਘ ਹਾਜ਼ਰ ਸਨ।



# ਜੁਗਾੜੂ ਰੇਹੜੇ ਬਣਾ ਕੇ ਵੇਚਣ ਵਾਲੇ ਖ਼ਿਲਾਫ਼ ਮਾਮਲਾ ਦਰਜ

**ਗੁਰਦਾਸਪੁਰ (ਜਨਕ ਮਹਾਜਨ)**- ਥਾਣਾ ਸਿਟੀ ਗੁਰਦਾਸਪੁਰ ਪੁਲਸ ਨੇ ਜੁਗਾੜੂ ਰੇਹੜੇ ਬਣਾ ਕੇ ਵੇਚਣ ਵਾਲੇ ਇਕ ਵਿਅਕਤੀ ਨੂੰ ਕਾਬੂ ਕਰਕੇ ਉਸ ਖ਼ਿਲਾਫ਼ ਮਾਮਲਾ ਦਰਜ ਕੀਤਾ ਹੈ। ਜਾਣਕਾਰੀ ਦਿੰਦੇ ਹੋਏ ਥਾਣਾ ਸਿਟੀ ਗੁਰਦਾਸਪੁਰ ਦੇ ਐੱਸ. ਆਈ. ਸੋਮ ਲਾਲ ਨੇ ਦੱਸਿਆ ਕਿ ਉਨ੍ਹਾਂ ਸਮੇਤ ਪੁਲਸ ਹਨੂੰਮਾਨ ਚੌਕ ਗੁਰਦਾਸਪੁਰ ਮੌਜੂਦ ਸੀ ਕਿ ਮੁੱਖਬਰ ਖਾਸ ਨੇ ਇਲਤਾਹ ਦਿੱਤੀ ਕਿ ਸੁਖਵਿੰਦਰ ਸਿੰਘ ਪੁੱਤਰ ਮੋਹਨ ਸਿੰਘ ਵਾਸੀ ਭਾਈ ਲਾਲੋ ਚੌਕ ਮੇਹਰਚੰਦ ਰੋਡ ਗੁਰਦਾਸਪੁਰ ਜੋ ਪਾਬੰਦੀਸ਼ੁਦਾ ਜੁਗਾੜੂ ਰੇਹੜੀਆਂ ਬਣਾ ਕੇ ਉਨ੍ਹਾਂ ਨੂੰ ਮੋਟਰਸਾਈਕਲਾਂ ਵਿੱਚ ਫਿੱਟ ਕਰਕੇ ਵੇਚਣ ਦਾ ਕੰਮ ਕਰਦਾ ਹੈ ਜਿਸ ਕਰਕੇ ਇਨ੍ਹਾਂ ਵਹੀਕਲਾਂ ਨੂੰ ਚਲਾਉਣ ਵਾਲਿਆਂ ਕਰਕੇ ਆਮ ਰਾਹਗੀਰਾਂ ਦੀ ਜਾਨ ਨੂੰ ਖਤਰਾ ਪੈਦਾ ਹੁੰਦਾ ਹੈ ਕਿਉਂਕਿ ਇਹ ਨਾ ਹੀ ਕਿਸੇ ਕੰਪਨੀ ਤੋਂ ਪਾਸ ਹੁੰਦੇ ਹਨ ਅਤੇ ਨਾ ਹੀ ਇਨ੍ਹਾਂ ਦੇ ਬਰੇਕ ਵਗੈਰਾ ਦਰੁਸਤ ਹੁੰਦੇ ਹਨ। ਮਾਣਯੋਗ ਡਿਪਟੀ ਕਮਿਸ਼ਨਰ ਸਾਹਿਬ ਗੁਰਦਾਸਪੁਰ ਵੱਲੋਂ ਜਾਰੀ ਕੀਤੇ ਹੋਏ ਹੁਕਮ ਅਨੁਸਾਰ ਇਨ੍ਹਾਂ ਜੁਗਾੜੂ ਵਹੀਕਲਾਂ ਨੂੰ ਬਣਾਉਣ ਅਤੇ ਵੇਚਣ 'ਤੇ ਪਾਬੰਦੀ ਲਗਾਈ ਹੋਈ। ਤਫਤੀਸ਼ੀ ਅਫਸਰ ਨੇ ਸਮੇਤ ਪੁਲਸ ਪਰਟੀ ਉਕਤ ਜਗ੍ਹਾ 'ਤੇ ਰੇਡ ਕਰਕੇ ਇਕ ਜੁਗਾੜੂ ਰੇਹੜਾ ਬਰਾਮਦ ਕੀਤਾ ਗਿਆ। ਪੁਲਸ ਨੇ ਉਕਤ ਵਿਅਕਤੀ ਖ਼ਿਲਾਫ਼ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਆਰੰਭ ਕਰ ਦਿੱਤੀ ਹੈ।

# ਸਪਰਿੰਗ ਬਰਡਜ਼ ਸਕੂਲ ਦਾ 12ਵੀਂ ਦਾ ਨਤੀਜਾ ਆਇਆ ਸੌ ਫੀਸਦੀ

**ਤਰਸਿੱਕਾ, (ਤਰਸੇਮ ਸਿੰਘ ਸਾਧਪੁਰ)**- ਸਪਰਿੰਗ ਬਰਡਜ਼ ਸਕੂਲ ਅੱਡਾ ਸੈਦੋਲੇਹਲ (ਖਜਾਲਾ) ਦਾ 12ਵੀਂ ਦਾ ਨਤੀਜਾ ਨਤੀਜਾ 100% ਰਿਹਾ। ਪ੍ਰਿੰ. ਗੁਰਪ੍ਰੀਤ ਕੌਰ ਨੇ ਦੱਸਿਆ ਕਿ ਇਹ ਸਭ ਵਿਦਿਆਰਥੀਆਂ ਦੀ ਮਿਹਨਤ ਅਤੇ ਸਟਾਫ਼ ਦੇ ਸਹਿਯੋਗ ਸਦਕਾ ਹੋਇਆ। ਐੱਮ. ਡੀ. ਪਰਮਿੰਦਰ ਸਿੰਘ ਨੇ ਦੱਸਿਆ ਕਿ ਬਾਰ੍ਹਵੀਂ ਕਲਾਸ ਆਰਟਸ ਗਰੁੱਪ ਦੀ ਇੰਦਰਜੀਤ ਕੌਰ 94%, ਅੰਮ੍ਰਿਤਪਾਲ ਕੌਰ 93%, ਅਰਸ਼ਦੀਪ ਕੌਰ 92%, ਰਮਨਦੀਪ ਕੌਰ 89%, ਪਰਨੀਤ ਕੌਰ 86%, ਅਤੇ ਸਤੀਸ਼ ਕੁਮਾਰ ਨੇ 85% ਅੰਕ ਪ੍ਰਾਪਤ ਕੀਤੇ ਬਾਰ੍ਹਵੀ ਕਲਾਸ ਮੈਡੀਕਲ ਵਿੱਚੋਂ ਮਹਿਕਪ੍ਰੀਤ ਕੌਰ ਨੇ 91 8%, ਸ਼ੁਭਪ੍ਰੀਤ ਕੌਰ 91.2%, ਸੁਖਨਜੀਤ ਕੌਰ 91%, ਸੁਪਨਦੀਪ ਕੌਰ 89.6%, ਅੰਮ੍ਰਿਤਪਾਲ ਕੌਰ 88.8%, ਜਸਸ਼ੇਰਦੀਪ ਸਿੰਘ 88.2%, ਹਰਲੀਨ ਕੌਰ 87%, ਅਮਨਪ੍ਰੀਤ ਕੌਰ 86%, ਇਕਨੂਰ ਕੌਰ 85.6, ਲਵਦੀਪ ਸਿੰਘ 85%, ਅੰਕ ਪ੍ਰਾਪਤ ਕੀਤੇ ਇਸੇ ਤਰ੍ਹਾਂ ਦਸਵੀਂ ਕਲਾਸ ਦੇ ਵਿਦਿਆਰਥੀਆਂ ਵਿੱਚੋ ਨਵਨੀਤ ਕੌਰ 91%, ਮਹਿਕਪ੍ਰੀਤ ਕੌਰ 88%, ਕਿਰਨਪ੍ਰੀਤ ਕੌਰ 87%, ਸਿਮਰਪ੍ਰੀਤ ਕੌਰ 86%,ਮੁਸਕਾਨਦੀਪ ਕੌਰ 86%,ਅਤੇ ਜਸਲੀਨ ਕੌਰ ਨੇ ਅੱਠਵੀ ਕਲਾਸ 'ਚੋਂ 95% ਅੰਕ ਹਾਸਿਲ ਕਰਕੇ ਸਕੂਲ ਦਾ ਨਾਮ ਰੌਸ਼ਨ ਕੀਤਾ। ਪ੍ਰਿੰਸੀਪਲ ਮੈਡਮ ਗੁਰਪ੍ਰੀਤ ਕੌਰ, ਸਿੱਖ ਮਿਸ਼ਨਰੀ ਕਾਲਜ ਤੋਂ ਇੰਦਰਬੀਰ ਸਿੰਘ, ਮਾਸਟਰ ਰਘਬੀਰ ਸਿੰਘ, ਮਾਸਟਰ ਗੁਰਮੇਜ ਸਿੰਘ ਸੈਦੋਲੇਹਲ, ਸਪੋਰਟਸ ਟੀਚਰ ਮਨਵਿੰਦਰ ਸਿੰਘ ਅਤੇ ਸਮੂਹ ਸਟਾਫ ਮੈਂਬਰਾਂ ਨੇ ਵਿਦਿਆਰਥੀਆਂ ਦਾ ਮੂੰਹ ਮਿੱਠਾ ਕਰਵਾਇਆ ਅਤੇ ਹੋਰ ਵਧੀਆ ਮਿਹਨਤ ਕਰਨ ਦਾ ਆਸ਼ੀਰਵਾਦ ਦਿੱਤਾ।



# ਹਿੰਦੂ ਕੰਨਿਆ ਮਹਾਂ ਵਿਦਿਆਲਾ ਧਾਰੀਵਾਲ ਦਾ ਬੀ ਏ ਸਮੈਸਟਰ ਤੀਜਾ ਦਾ ਨਤੀਜਾ ਸ਼ਾਨਦਾਰ



**ਧਾਰੀਵਾਲ, (ਮਨਦੀਪ ਵਿੱਕੀ)**- ਹਿੰਦੂ ਕੰਨਿਆ ਮਹਾਂ ਵਿਦਿਆਲਿਆ ਧਾਰੀਵਾਲ ਦਾ ਬੀ. ਏ. ਸਮੈਸਟਰ ਤੀਜਾ ਦਾ ਨਤੀਜਾ ਸ਼ਾਨਦਾਰ ਰਿਹਾ। ਇਸ ਸਬੰਧੀ ਕਾਲਜ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐੱਨ. ਡੀ. ਅਨੰਦ, ਸਕੱਤਰ ਰਮੇਸ਼ ਕੋਹਲੀ ਅਤੇ ਪ੍ਰਿੰਸੀਪਲ ਡਾ. ਰਜਵਿੰਦਰ ਕੌਰ ਨੇ ਦੱਸਿਆ ਕਿ ਗੁਰੂ ਨਾਨਕ ਦੇਵ ਯੂਨੀਵਰਸਿਟੀ ਅੰਮ੍ਰਿਤਸਰ ਵੱਲੋਂ ਲਈਆਂ ਗਈਆਂ ਦਸੰਬਰ 2025 ਦੀਆਂ ਪ੍ਰੀਖਿਆਵਾਂ ਵਿੱਚੋਂ ਬੀ ਏ ਸਮੈਸਟਰ ਤੀਜਾ ਵਿੱਚ ਉਨ੍ਹਾਂ ਦੇ ਕਾਲਜ ਦੀਆਂ ਵਿਦਿਆਰਥਣਾਂ ਨੇ ਮੱਲਾਂ ਮਾਰਦੇ ਹੋਏ ਸ਼ਾਨਦਾਰ ਨਤੀਜੇ ਪ੍ਰਾਪਤ ਕੀਤੇ ਹਨ, ਜਿਸ ਵਿੱਚ ਸੋਫੀਆ ਅਤੇ ਰਿਤਿਕਾ ਨੇ 7.17 ਐੱਸਜੀਪੀਏ ਅੰਕ ਪ੍ਰਾਪਤ ਕਰਕੇ ਕਾਲਜ ਵਿੱਚੋਂ ਪਹਿਲੇ ਸਥਾਨ, ਜਸਪ੍ਰੀਤ ਕੌਰ ਨੇ 6.64 ਐੱਸਜੀਪੀਏ ਅੰਕ ਪ੍ਰਾਪਤ ਕਰਕੇ ਦੂਸਰਾ ਸਥਾਨ ਅਤੇ ਰਮਨਦੀਪ ਕੌਰ ਨੇ 6.59 ਐੱਸਜੀਪੀਏ ਅੰਕ ਪ੍ਰਾਪਤ ਕਰਕੇ ਤੀਸਰਾ ਸਥਾਨ ਹਾਸਿਲ ਕਰਕੇ ਆਪਣੀ ਸੰਸਥਾ ਅਤੇ ਮਾਤਾ ਪਿਤਾ ਦਾ ਨਾਮ ਰੌਸ਼ਨ ਕੀਤਾ ਹੈ। ਇਨ੍ਹਾਂ ਤੋਂ ਇਲਾਵਾ ਵੀ ਬਾਕੀ ਵਿਦਿਆਰਥੀ ਚੰਗੇ ਅੰਕ ਲੈ ਕੇ ਪਾਸ ਹੋਏ ਹਨ। ਇਸ ਸ਼ਾਨਦਾਰ ਨਤੀਜੇ ਲਈ ਕਾਲਜ ਪ੍ਰਬੰਧਕਾਂ ਅਤੇ ਪ੍ਰਿੰਸੀਪਲ ਡਾਕਟਰ ਰਜਵਿੰਦਰ ਕੌਰ ਨੇ ਵਿਦਿਆਰਥਣਾਂ, ਉਨ੍ਹਾਂ ਦੇ ਮਾਪਿਆਂ ਤੇ ਅਧਿਆਪਕਾਂ ਨੂੰ ਵਧਾਈ ਦਿੱਤੀ ਗਈ ਅਤੇ ਵਿਦਿਆਰਥੀਆਂ ਦੇ ਚੰਗੇ ਭਵਿੱਖ ਦੀ ਕਾਮਨਾ ਕੀਤੀ ਗਈ।

# ਏਕਤਾ ਚੌਧਰੀ ਬਲਾਕ ਸੰਮਤੀ ਧਾਰਕਲਾਂ ਦੀ ਚੇਅਰਮੈਨ ਅਤੇ ਸੁਨੀਤਾ ਉਪ ਚੇਅਰਮੈਨ ਨਿਯੁਕਤ

**ਪਠਾਨਕੋਟ (ਦਵਿੰਦਰ ਸਿੰਘ)**- ਜ਼ਿਲ੍ਹਾ ਪਠਾਨਕੋਟ ਦੇ ਬਲਾਕ ਧਾਰਕਲਾਂ ਅੰਦਰ ਬਲਾਕ ਸੰਮਤੀ ਚੋਣਾਂ ਦੌਰਾਨ ਜੇਤੂ ਰਹੇ ਉਮੀਦਵਾਰਾਂ ਵੱਲੋਂ ਚੇਅਰਮੈਨ ਅਤੇ ਉਪ ਚੇਅਰਮੈਨ ਦੀ ਚੋਣ ਲਈ ਇੱਕ ਵਿਸ਼ੇਸ਼ ਮੀਟਿੰਗ ਬਲਾਕ ਵਿਕਾਸ ਤੇ ਪੰਚਾਇਤ ਅਫਸਰ ਧਾਰਕਲਾਂ ਦੇ ਦਫ਼ਤਰ ਵਿਖੇ ਆਯੋਜਿਤ ਕੀਤੀ ਗਈ। ਇਸ ਮੌਕੇ ਪੰਜਾਬ ਦੇ ਕੈਬਨਿਟ ਮੰਤਰੀ ਲਾਲ ਚੰਦ ਕਟਾਰੂਚੱਕ ਵਿਸ਼ੇਸ਼ ਤੌਰ 'ਤੇ ਹਾਜ਼ਰ ਹੋਏ। ਉਨ੍ਹਾਂ ਦੇ ਨਾਲ ਹਲਕਾ ਇੰਚਾਰਜ ਸੁਜਾਨਪੁਰ ਅਮਿਤ ਮਿੰਟੂ, ਰੋਸ਼ਨ ਭਗਤ, ਸੋਹਨ ਲਾਲ ਸਾਪਰਕੰਡੀ, ਸੰਦੀਪ ਕੁਮਾਰ ਬਲਾਕ ਪ੍ਰਧਾਨ ਅਤੇ ਹੋਰ ਆਮ ਆਦਮੀ ਪਾਰਟੀ ਦੇ ਕਾਰਜਕਰਤਾ ਅਤੇ ਅਹੁਦੇਦਾਰ ਵੀ ਹਾਜ਼ਰ ਸਨ। ਮੀਟਿੰਗ ਦੌਰਾਨ ਸਰਬਸੰਮਤੀ ਨਾਲ ਏਕਤਾ ਚੌਧਰੀ ਨੂੰ ਬਲਾਕ ਸੰਮਤੀ ਧਾਰਕਲਾਂ ਦਾ ਚੇਅਰਮੈਨ ਅਤੇ ਸੁਨੀਤਾ ਨੂੰ ਉਪ ਚੇਅਰਮੈਨ ਚੁਣਿਆ ਗਿਆ। ਇਸ ਮੌਕੇ ਕੈਬਨਿਟ ਮੰਤਰੀ ਲਾਲ ਚੰਦ ਕਟਾਰੂਚੱਕ ਵੱਲੋਂ ਨਵ-ਨਿਯੁਕਤ ਚੇਅਰਮੈਨ ਅਤੇ ਉਪ ਚੇਅਰਮੈਨ ਨੂੰ ਫੁੱਲਾਂ ਦੇ ਹਾਰ ਪਾ ਕੇ ਸਨਮਾਨਿਤ ਕੀਤਾ ਗਿਆ ਅਤੇ ਉਨ੍ਹਾਂ ਨੂੰ ਅਹੁਦੇ ਦੀਆਂ ਵਧਾਈਆਂ ਦਿੱਤੀਆਂ ਗਈਆਂ। ਸਮਾਗਮ ਨੂੰ ਸੰਬੋਧਨ ਕਰਦਿਆਂ ਕੈਬਨਿਟ ਮੰਤਰੀ ਲਾਲ ਚੰਦ ਕਟਾਰੂਚੱਕ ਨੇ ਕਿਹਾ ਕਿ ਪੰਜਾਬ ਅੰਦਰ ਹਾਲ ਹੀ ਵਿੱਚ ਹੋਈਆਂ ਜ਼ਿਲ੍ਹਾ ਪਰੀਸ਼ਦ ਅਤੇ ਬਲਾਕ ਸੰਮਤੀ ਚੋਣਾਂ ਵਿੱਚ ਲੋਕਾਂ ਨੇ ਆਮ ਆਦਮੀ ਪਾਰਟੀ ਨੂੰ ਭਰਪੂਰ ਸਮਰਥਨ ਦਿੱਤਾ ਹੈ। ਉਨ੍ਹਾਂ ਕਿਹਾ ਕਿ ਪਠਾਨਕੋਟ ਜ਼ਿਲ੍ਹੇ ਦੀਆਂ ਛੇ ਬਲਾਕ ਸੰਮਤੀਆਂ ਵਿੱਚੋਂ ਪੰਜ 'ਤੇ ਪਾਰਟੀ ਦੇ ਚੇਅਰਮੈਨ ਬਣੇ ਹਨ, ਜੋ ਲੋਕਾਂ ਦੇ ਭਰੋਸੇ ਦਾ ਪ੍ਰਤੀਕ ਹੈ ।ਇਸ ਮੌਕੇ ਅਮਿਤ ਮਿੰਟੂ ਨੇ ਕਿਹਾ ਕਿ ਪਾਰਟੀ ਦੀ ਪੂਰੀ ਟੀਮ ਮਿਲਜੁਲ ਕੇ ਧਾਰਕਲਾਂ ਬਲਾਕ ਅਤੇ ਸੁਜਾਨਪੁਰ ਹਲਕੇ ਦੇ ਵਿਕਾਸ ਲਈ ਕੰਮ ਕਰੇਗੀ। ਉਨ੍ਹਾਂ ਕਿਹਾ ਕਿ ਪਿੰਡਾਂ ਦੀਆਂ ਜ਼ਰੂਰਤਾਂ ਨੂੰ ਧਿਆਨ ਵਿੱਚ ਰੱਖਦੇ ਹੋਏ ਵਿਕਾਸ ਕਾਰਜਾਂ ਨੂੰ ਤਰਜੀਹ ਦਿੱਤੀ ਜਾਵੇਗੀ।ਨਵ-ਨਿਯੁਕਤ ਚੇਅਰਮੈਨ ਏਕਤਾ ਚੌਧਰੀ ਅਤੇ ਉਪ ਚੇਅਰਮੈਨ ਸੁਨੀਤਾ ਨੇ ਲੋਕਾਂ ਅਤੇ ਪਾਰਟੀ ਹਾਈਕਮਾਂਡ ਦਾ ਧੰਨਵਾਦ ਕਰਦਿਆਂ ਭਰੋਸਾ ਦਿਵਾਇਆ ਕਿ ਉਹ ਬਿਨਾਂ ਕਿਸੇ ਭੇਦਭਾਵ ਦੇ ਹਲਕੇ ਦੇ ਵਿਕਾਸ ਲਈ ਕੰਮ ਕਰਨਗੀਆਂ ਅਤੇ ਲੋਕਾਂ ਦੀਆਂ ਸਮੱਸਿਆਵਾਂ ਦੇ ਹੱਲ ਲਈ ਹਮੇਸ਼ਾ ਤਤਪਰ ਰਹਿਣਗੀਆਂ।



# ਸਿੱਧੂ ਪਰਿਵਾਰ ਨਾਲ ਸੱਚਰ ਤੇ ਹੋਰ ਆਗੂਆਂ ਨੇ ਦੁੱਖ ਪ੍ਰਗਟਾਇਆ

**ਤਰਸਿੱਕਾ (ਤਰਸੇਮ ਸਿੰਘ ਸਾਧਪੁਰ)** - ਹਲਕਾ ਮਜੀਠਾ ਨਾਲ ਸੰਬੰਧਿਤ ਸਰਪੰਚ ਪਰਮਜੀਤ ਸਿੰਘ ਸਿੱਧੂ ਟਾਹਲੀ ਸਾਹਿਬ (ਆਸਟਰੇਲੀਆ) , ਬਲਕਾਰ ਸਿੰਘ ਟਾਹਲੀ ਸਾਹਿਬ, ਮਨਪ੍ਰੀਤ ਸਿੰਘ ਕੈਨੇਡਾ ਅਤੇ ਸਰਬਜੀਤ ਕੌਰ ਦੇ ਮਾਤਾ ਤੇ ਪਲਵਿੰਦਰ ਸਿੰਘ ਗਿੱਲ ਜਨਰਲ ਸਕੱਤਰ ਪੰਜਾਬ ਖੰਡ ਮਿਲ ਯੂਨੀਅਨ ਦੇ ਸੱਸ ਸੁਖਵਿੰਦਰ ਕੌਰ ਪਤਨੀ ਬਲਦੇਵ ਸਿੰਘ ਸਿੱਧੂ ਪ੍ਰਧਾਨ ਗੁਰਦੁਆਰਾ ਟਾਹਲੀ ਸਾਹਿਬ ਅਕਾਲ ਚਲਾਣਾ ਕਰ ਗਏ ਸਨ 'ਤੇ ਵੱਖ ਵੱਖ ਆਗੂਆਂ ਵੱਲੋਂ ਦੁੱਖ ਦਾ ਪ੍ਰਗਟਾਵਾ ਕੀਤਾ ਗਿਆ ਹੈ। ਕਾਂਗਰਸ ਪਾਰਟੀ ਵੱਲੋਂ ਹਲਕਾ ਮਜੀਠਾ ਦੇ ਇੰਚਾਰਜ ਭਗਵੰਤਪਾਲ ਸਿੰਘ ਸੱਚਰ, ਬਲਾਕ ਸੰਮਤੀ ਤਰਸਿਕਾ ਦੇ ਸਾਬਕਾ ਚੇਅਰਮੈਨ ਗੁਰਮੀਤ ਸਿੰਘ ਰਾਜੂ ਭੀਲੋਵਾਲ, ਚੇਅਰਮੈਨ ਜਗਦੇਵ ਸਿੰਘ ਬੱਗਾ ਨਾਲ ਸਰਪੰਚ ਪਰਮਜੀਤ ਸਿੰਘ ਦੇ ਗ੍ਰਹਿ ਵਿੱਚ ਪਹੁੰਚੇ ਅਤੇ ਸਿੱਧੂ ਪਰਿਵਾਰ ਦੇ ਨਾਲ ਦੁੱਖ ਸਾਂਝਾ ਕੀਤਾ । ਇਸੇ ਤਰ੍ਹਾਂ ਐਡਵੋਕੇਟ ਭਗਵੰਤ ਸਿੰਘ ਸਿਆਲਕਾ ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ , ਬਲਵਿੰਦਰ ਸਿੰਘ ਸਾਬਕਾ ਸਰਪੰਚ ਸਿਆਲਕਾ, ਚੇਅਰਮੈਨ ਸਿਕੰਦਰ ਸਿੰਘ ਖਿਦੋਵਾਲੀ, ਸਬਨਮ ਸਿੰਘ ਕਾਜੀਕੋਟ, ਕਵਲਜੀਤ ਸਿੰਘ ਸਰਪੰਚ ਟਾਹਲੀ ਸਾਹਿਬ, ਜਗਰੂਪ ਸਿੰਘ ਰੂਪੋਵਾਲੀ, ਝਿਰਮਲ ਸਿੰਘ ਸਾਧਪੁਰ, ਸਰਪੰਚ ਅੰਗਰੇਜ ਸਿੰਘ ਖੇੜੇ ਬਾਲਾਚੱਕ, ਨੇ ਸਰਪੰਚ ਪਰਮਜੀਤ ਸਿੰਘ ਅਤੇ ਹੋਰ ਸਿੱਧੂ ਪਰਿਵਾਰ ਦੇ ਮੈਂਬਰਾਂ ਨਾਲ ਹਮਦਰਦੀ ਦਾ ਇਜ਼ਹਾਰ ਕੀਤਾ । ਮਾਤਾ ਸੁਖਵਿੰਦਰ ਕੌਰ ਨਮਿਤ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ 19 ਮਈ ਨੂੰ ਉਹਨਾਂ ਦੇ ਗ੍ਰਹਿ ਵਿਖੇ ਪੈਣ ਉਪਰੰਤ ਗੁਰਦੁਆਰਾ ਬਾਬਾ ਬੀਰ ਸਿੰਘ ਟਾਹਲੀ ਸਾਹਿਬ ਵਿਖੇ 12 ਤੋਂ 2 ਵਜੇ ਤੱਕ ਸ਼ਰਧਾਂਜਲੀ ਸਮਾਰੋਹ ਹੋਵੇਗਾ ।



# ਬਾਜ਼ਾਰਾਂ 'ਚ ਲੱਗੇ ਕੂੜੇ ਦੇ ਅੰਬਾਰ, ਬਿਮਾਰੀਆਂ ਫੈਲਣ ਦਾ ਡਰ

**ਫ਼ਤਿਹਗੜ੍ਹ ਚੂੜੀਆਂ (ਜਸਦੇਵ ਸਿੰਘ ਮਾਨ)**- ਪੰਜਾਬ ਵਿੱਚ ਸਫਾਈ ਕਰਮਚਾਰੀਆਂ ਦੀ ਹੜਤਾਲ11ਵੇਂ ਦਿਨ ਵਿੱਚ ਪਹੁੰਚ ਗਈ ਹੈ ਪਰ ਅਫ਼ਸੋਸ ਦੀ ਗੱਲ ਇਹ ਹੈ ਕਿ ਸੂਬੇ ਦਾ ਸਥਾਨਕ ਸਰਕਾਰਾਂ ਵਿਭਾਗ ਅਤੇ ਜ਼ਿਲ੍ਹਾ ਪ੍ਰਸ਼ਾਸਨ ਕੁੰਭਕਰਨੀ ਨੀਂਦ ਸੁੱਤਾ ਹੋਇਆ ਹੈ।ਪੂਰਾ ਪੰਜਾਬ ਅੱਜ ਕੂੜੇ ਦੇ ਢੇਰ 'ਤੇ ਬੈਠਾ ਹੈ, ਪਰ ਪ੍ਰਸ਼ਾਸਨਿਕ ਅਧਿਕਾਰੀ ਸਿਰਫ਼ ਫਾਈਲਾਂ ਘੁਮਾਉਣ ਅਤੇ ਮੀਟਿੰਗਾਂ ਦਾ ਡਰਾਮਾ ਕਰਨ ਤੱਕ ਸੀਮਿਤ ਹਨ। ਸ਼ਹਿਰਾਂ ਦੀਆਂ ਮੁੱਖ ਸੜਕਾਂ ਤੋਂ ਲੈ ਕੇ ਵੀ.ਆਈ.ਪੀ. ਇਲਾਕਿਆਂ ਤੱਕ, ਗੰਦਗੀ ਦੇ ਅੰਬਾਰ ਬੋਅ ਮਾਰ ਰਹੇ ਹਨ, ਜਿਸ ਨੇ ਨਗਰ ਨਿਗਮਾਂ, ਕਰਪੋਰੇਸ਼ਨਾਂ ਅਤੇ ਨਗਰ ਕੌਂਸਲਾਂ ਦੇ ਸਫਾਈ ਪ੍ਰਬੰਧਾਂ ਦੇ ਦਾਅਵਿਆਂ ਦੀ ਫੂਕ ਕੱਢ ਦਿੱਤੀ ਹੈ।ਗੰਦਗੀ ਕਾਰਨ ਹੁਣ ਜਨਤਾ ਦੇ ਸਬਰ ਦਾ ਬੰਨ੍ਹ ਟੁੱਟਦਾ ਜਾਪ ਰਿਹਾ ਹੈ। ਸਥਾਨਕ ਪ੍ਰਸ਼ਾਸਨ ਦੀ ਸਭ ਤੋਂ ਵੱਡੀ ਨਾਕਾਮੀ ਇਹ ਰਹੀ ਕਿ ਪਿਛਲੇ 11 ਦਿਨਾਂ ਵਿੱਚ ਉਨ੍ਹਾਂ ਕੂੜੇ ਦੇ ਨਿਪਟਾਰੇ ਲਈ ਕੋਈ ਵੀ 'ਪਲਾਨ-ਬੀ' ਤਿਆਰ ਨਹੀਂ ਕੀਤਾ ਗਿਆ।ਨਗਰ ਨਿਗਮਾਂ ਦੇ ਉਚ ਅਧਿਕਾਰੀ, ਜੋ ਮੋਟੀਆਂ ਤਨਖਾਹਾਂ ਲੈ ਰਹੇ ਹਨ, ਹੜਤਾਲ ਦਾ ਹੱਲ ਕੱਢਣ ਦੀ ਬਜਾਏ ਹੱਥ 'ਤੇ ਹੱਥ ਧਰ ਕੇ ਬੈਠੇ ਹਨ।ਸ਼ਹਿਰ ਵਾਸੀਆਂ ਦਾ ਕਹਿਣਾ ਹੈ ਕਿ ਜੇਕਰ ਕਰਮਚਾਰੀ ਹੜਤਾਲ 'ਤੇ ਸਨ ਤਾਂ ਪ੍ਰਸ਼ਾਸਨ ਨੇ ਬਦਲਵੇਂ ਪ੍ਰਬੰਧ ਕਿਉਂ ਨਹੀਂ ਕੀਤੇ ? ਕੀ ਪ੍ਰਸ਼ਾਸਨ ਕਿਸੇ ਵੱਡੀ ਮਹਾਮਾਰੀ ਦੇ ਫੈਲਣ ਦਾ ਇੰਤਜ਼ਾਰ ਕਰ ਰਿਹਾ ਹੈ ? ਹੜਤਾਲ ਦੇ ਚੱਲਦੇ ਪੰਜਾਬ ਦੇ ਸਾਰੇ ਛੋਟੇ ਵੱਡੇ ਸ਼ਹਿਰਾਂ ਦੀਆਂ ਗਲੀਆਂ ਨਰਕ ਬਣੀਆਂ ਪਈਆਂ ਹਨ, ਅਫ਼ਸਰਸ਼ਾਹੀ ਬੇਫ਼ਿਕਰ ਹੈ।ਹਾਲਾਤ ਇਹ ਹਨ ਕਿ ਕੂੜੇ ਦੀ ਸੜਹਾਂਦ ਕਾਰਨ ਲੋਕਾਂ ਦਾ ਸਾਹ ਲੈਣਾ ਦੁਭਰ ਹੋ ਗਿਆ ਹੈ।ਜਦੋਂ ਤੱਕ ਨਿਯੁਕਤੀ ਪੱਤਰ ਅਤੇ ਹੋਰ ਮੰਗਾਂ ਲਿਖਤੀ ਰੂਪ ਵਿੱਚ ਪੂਰੀਆਂ ਨਹੀਂ ਹੁੰਦੀਆਂ, ਇੱਕ ਵੀ ਕੂੜਾ ਚੁੱਕਣ ਵਾਲੀ ਗੱਡੀ ਸੜਕ ਤੇ ਨਹੀਂ ਉਤਰੇਗੀ।ਪ੍ਰਸ਼ਾਸਨ ਕੋਈ ਢੁੱਕਵਾਂ ਹੱਲ ਕੱਢੇ।



# ਸੀਚੇਵਾਲ ਤੇ ਹੋਰਨਾਂ ਸ਼ਖਸੀਅਤਾਂ ਵੱਲੋਂ 17.72 ਕਰੋੜ ਦੀ ਲਾਗਤ ਨਾਲ ਹੋਣ ਵਾਲੇ ਵਿਕਾਸ ਕਾਰਜਾਂ ਦੀ ਸ਼ੁਰੂਆਤ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**- ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਭਗਵਾਨ ਵਾਲਮੀਕਿ ਤੀਰਥ ਸਥੱਲ ਦੇ ਵਿਕਾਸ ਲਈ 17 ਕਰੋੜ 72 ਲੱਖ ਰੁਪਏ ਦੀ ਲਾਗਤ ਨਾਲ ਹੋਣ ਵਾਲੇ ਵਿਕਾਸ ਕਾਰਜਾਂ ਦੀ ਅੱਜ ਸ਼ੁਰੂਆਤ ਕੀਤੀ ਗਈ ਹੈ। ਇਨ੍ਹਾਂ ਵਿਕਾਸ ਕਾਰਜਾਂ ਦਾ ਉਦਘਾਟਨ ਰਾਜ ਸਭਾ ਮੈਂਬਰ ਤੇ ਵਾਤਾਵਰਨ ਪ੍ਰੇਮੀ ਸੰਤ ਬਲਬੀਰ ਸਿੰਘ ਸੀਚੇਵਾਲ, ਸੂਬੇ ਦੇ ਲੋਕ ਨਿਰਮਾਣ ਮੰਤਰੀ ਸ. ਹਰਭਜਨ ਸਿੰਘ ਈ ਟੀ ਓ ਅਤੇ ਭਗਵਾਨ ਵਾਲਮੀਕਿ ਜੀ ਤੀਰਥ ਸਥਲ ਸ਼ਰਾਇਨ ਬੋਰਡ ਦੇ ਐਡਵਾਈਜ਼ਰੀ ਬੋਰਡ ਦੇ ਚੇਅਰਮੈਨ ਸ੍ਰੀ ਬਾਲ ਜੋਗੀ ਪ੍ਰਗਟ ਨਾਥ ਵੱਲੋਂ ਸਾਂਝੇ ਤੌਰ 'ਤੇ ਕੀਤਾ ਗਿਆ। ਭਗਵਾਨ ਵਾਲਮੀਕਿ ਜੀ ਤੀਰਥ ਸਥਲ ਦੇ ਵਿਕਾਸ ਕਾਰਜਾਂ ਦੀ ਸ਼ੁਰੂਆਤ ਕਰਦੇ ਹੋਏ ਸੰਤ ਬਲਬੀਰ ਸਿੰਘ ਸੀਚੇਵਾਲ ਨੇ ਕਿਹਾ ਕਿ ਇਸ ਪਾਵਨ ਅਸਥਾਨ ਦੇ ਵਿਕਾਸ ਵਿੱਚ ਕੋਈ ਕਮੀਂ ਨਹੀਂ ਛੱਡੀ ਜਾਵੇਗੀ। ਲੋਕ ਨਿਰਮਾਣ ਮੰਤਰੀ ਸ੍ਰ ਹਰਭਜਨ ਸਿੰਘ ਈ:ਟੀ:ਓ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਰਾਜ ਸਰਕਾਰ ਵੱਲੋਂ ਭਗਵਾਨ ਵਾਲਮੀਕਿ ਜੀ ਤੀਰਥ ਸਥੱਲ ਦੇ ਵਿਕਾਸ ਲਈ 17.72 ਕਰੋੜ ਰੁਪਏ ਦੀ ਰਾਸ਼ੀ ਖਰਚ ਕੀਤੀ ਜਾਵੇਗੀ। ਉਨ੍ਹਾਂ ਦੱਸਿਆ ਕਿ ਕਰੀਬ 2.8 ਕਰੋੜ ਰੁਪਏ ਦੀ ਲਾਗਤ ਨਾਲ ਮੁੱਖ ਮੰਦਿਰ ਦੀ ਪੇਂਟਿੰਗ/ਪਾਲਿਸਿੰਗ ਦਾ ਕੰਮ, ਮੰਦਿਰ ਨੂੰ ਜਾਂਦੇ ਰਸਤੇ ਦੇ ਪਿੱਲਰਾਂ ਦੀ ਮੁਰੰਮਤ ਦਾ ਕੰਮ, ਸੈਂਡ ਸਟੋਨ ਪੱਥਰ ਦੀ ਸਿਲੀਕਾਨ ਕਟਿੰਗ ਦਾ ਕੰਮ ਕੀਤਾ ਜਾਵੇਗਾ। ਇਸ ਤੋਂ ਇਲਾਵਾ 3.74 ਕਰੋੜ ਰੁਪਏ ਦੀ ਲਾਗਤ ਨਾਲ ਪਵਿੱਤਰ ਸਰੋਵਰ ਦੀ ਸਾਫ ਸਫਾਈ ਜਿਸ ਵਿੱਚ ਸਰੋਵਰ ਵਿੱਚੋਂ ਗਾਰ ਕੱਢਣੀ, ਸਾਫ ਰੇਤ ਪਾਉਣੀ ਅਤੇ ਹੋਰ ਵਿਕਾਸ ਕਾਰਨ ਕੀਤੇ ਜਾਣਗੇ। ਉਨ੍ਹਾਂ ਅੱਗੇ ਦੱਸਿਆ ਕਿ 2.42 ਕਰੋੜ ਰੁਪਏ ਦੀ ਲਾਗਤ ਨਾਲ ਸੰਗਤ ਹਾਲ ਦੇ ਪੱਥਰ ਦੀ ਰਿਪੇਅਰ, ਲੰਗਰ ਹਾਲ, ਸਰਾਂ, ਪੈਨੋਰਮਾ ਸਥਿਤ ਹਾਲ ਦੇ ਪੇਂਟ ਦਾ ਕੰਮ ਕੀਤਾ ਜਾਵੇਗਾ। ਕਰੀਬ 1.74 ਕਰੋੜ ਰੁਪਏ ਦੀ ਲਾਗਤ ਨਾਲ ਸ਼ਰਧਾਲੂਆਂ ਲਈ ਸਰਾਂ ਵਿੱਚ ਨਵਾਂ ਫਰਨੀਚਰ, ਏ:ਸੀ ਅਤੇ ਹੋਰ ਕੰਮ ਕਰਵਾਏ ਜਾਣਗੇ। ਭਗਵਾਨ ਵਾਲਮੀਕਿ ਜੀ ਤੀਰਥ ਸਥੱਲ ਸ਼ਰਾਇਨ ਬੋਰਡ ਦੇ ਐਡਵਾਈਜਰੀ ਬੋਰਡ ਦੇ ਚੇਅਰਮੈਨ ਸ੍ਰੀ ਬਾਲ ਜੋਗੀ ਪ੍ਰਗਟ ਨਾਥ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਉਨ੍ਹਾਂ ਨੂੰ ਜੋ ਸੇਵਾ ਦਿੱਤੀ ਗਈ ਹੈ ਉਹ ਪੂਰੀ ਤਨਦੇਹੀ ਨਾਲ ਨਿਭਾਉਣਗੇ। ਇਸ ਮੌਕੇ ਵਿਧਾਇਕ ਡਾ. ਜਸਬੀਰ ਸਿੰਘ ਸੰਧੂ, ਵਿਧਾਇਕ ਸ. ਜਸਵਿੰਦਰ ਸਿੰਘ ਰਮਦਾਸ, ਨਸ਼ਾ ਮੁਕਤੀ ਮੋਰਚਾ ਦੀ ਮਾਝਾ ਕੋਆਰਡੀਨੇਟਰ ਮੈਡਮ ਸੋਨੀਆ ਮਾਨ, ਮਾਝਾ ਜੋਨ ਦੇ ਸਕੱਤਰ ਸ੍ਰੀ ਰਵਿੰਦਰ ਹੰਸ, ਜ਼ਿਲ੍ਹਾ ਪ੍ਰਧਾਨ ਐਸ:ਸੀ ਵਿੰਗ ਡਾ. ਇੰਦਰਪਾਲ ਸਿੰਘ, ਵਧੀਕ ਡਿਪਟੀ ਕਮਿਸ਼ਨਰ ਸ. ਰੁਪਿੰਦਰਪਾਲ ਸਿੰਘ, ਜਨਰਲ ਮੈਨੇਜਰ ਸ੍ਰੀ ਮਧੁਰ ਭਾਟੀਆ, ਸ੍ਰੀ ਪਵਨ ਦਰਾਵਿੰਡ, ਸ੍ਰੀ ਕੁਮਾਰ ਦਰਸ਼ਨ, ਐੱਸ:ਡੀ:ਐੱਮ ਮਨਵੀਰ ਸਿੰਘ ਢਿਲੋਂ, ਦਲਿਤ ਵਿਕਾਸ ਬੋਰਡ ਦੇ ਚੇਅਰਮੈਨ ਵਿਜੈ ਦਾਨਵ, ਚੇਅਰਮੈਨ ਸਫਾਈ ਕਰਮਚਾਰੀ ਕਮਿਸ਼ਨ ਚੰਦਨ ਗਰੇਵਾਲ, ਸੈਰ ਸਪਾਟਾ ਅਧਿਕਾਰੀ ਸ੍ਰ ਸੁਖਮਨ ਸਿੰਘ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਸੰਗਤਾਂ ਹਾਜ਼ਰ ਸਨ।



# ਸ਼ਾਨਦਾਰ ਰਿਹਾ ਦਸਮੇਸ਼ ਸਕੂਲ ਮਹਿਤਾ ਦਾ ਬਾਰ੍ਹਵੀਂ ਦਾ ਨਤੀਜਾ

**ਤਰਸਿੱਕਾ (ਤਰਸੇਮ ਸਿੰਘ ਸਾਧਪੁਰ)**- ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਐਲਾਨੇ ਗਏ ਬਾਰ੍ਹਵੀਂ ਕਲਾਸ ਦੇ ਨਤੀਜੇ ਵਿੱਚ ਇਲਾਕੇ ਦੀ ਨਾਮਵਰ ਸੰਸਥਾ ਦਸਮੇਸ਼ ਪਬਲਿਕ ਸੀਨੀ. ਸੈਕੰ. ਸਕੂਲ ਮਹਿਤਾ ਚੌਂਕ ਦਾ ਨਤੀਜਾ 100% ਰਿਹਾ। ਬਾਰ੍ਹਵੀਂ ਜਮਾਤ ਦੇ ਕੁੱਲ 109 ਵਿਦਿਆਰਥੀਆਂ ਨੇ, ਜਿਸ ਵਿੱਚ ਮੈਡੀਕਲ 37, ਕਾਮਰਸ 47 ਅਤੇ ਆਰਟਸ ਸਟਰੀਮ ਦੇ 26 ਵਿਦਿਆਰਥੀਆਂ ਦੁਆਰਾ ਸਲਾਨਾ ਪ੍ਰੀਖਿਆ ਦਿੱਤੀ ਗਈ।ਸਕੂਲ ਦੀ ਮੈਡੀਕਲ ਸਟਰੀਮ ਦੀ ਵਿਦਿਆਰਥਣ ਸੰਦੀਪ ਕੌਰ ਨੇ 470/500 (94%) ਅੰਕ ਹਾਸਿਲ ਕਰਕੇ ਪਹਿਲਾ ਸਥਾਨ ਹਾਸਿਲ ਕੀਤਾ । ਗਗਨਪ੍ਰੀਤ ਕੌਰ ਨੇ 469/500 (93.8%) ਅੰਕ ਹਾਸਿਲ ਕਰਕੇ ਦੂਸਰਾ ਅਤੇ ਕੋਮਲਪ੍ਰੀਤ ਕੌਰ ਨੇ 465/500 (93%) ਅੰਕ ਹਾਸਿਲ ਕਰਕੇ ਤੀਸਰਾ ਸਥਾਨ ਹਾਸਿਲ ਕੀਤਾ।ਕਾਮਰਸ ਗਰੁੱਪ ਦੇ ਵਿਦਿਆਰਥੀ ਜਸ਼ਕਰਨਦੀਪ ਸਿੰਘ ਤੇ ਦਲਬੀਰ ਸਿੰਘ ਨੇ 475/500 (95%) ਅੰਕ ਹਾਸਿਲ ਕਰਕੇ ਪਹਿਲਾ, ਜੈਸਮੀਨ ਕੌਰ ਨੇ 465 /500 (93%) ਅੰਕ ਹਾਸਿਲ ਕਰਕੇ ਦੂਸਰਾ ਅਤੇ ਦਿਲਪ੍ਰੀਤ ਕੌਰ ਨੇ 463/500 (92.6%) ਅੰਕ ਹਾਸਿਲ ਕਰਕੇ ਤੀਸਰਾ ਸਥਾਨ ਹਾਸਿਲ ਕੀਤਾ।ਆਰਟਸ ਸਟਰੀਮ ਦੀ ਅਰਸ਼ਦੀਪ ਕੌਰ ਨੇ 480 /500 (96%) ਅੰਕ ਹਾਸਿਲ ਕਰਕੇ ਪਹਿਲਾ, ਪ੍ਰਭਜੋਤ ਕੌਰ ਨੇ 479/500 (95.8%) ਅੰਕ ਹਾਸਿਲ ਕਰਕੇ ਦੂਸਰਾ ਅਤੇ ਮਨਜਿੰਦਰ ਕੌਰ ਨੇ 455/500 (91%) ਅੰਕ ਹਾਸਿਲ ਕਰਕੇ ਤੀਸਰਾ ਸਥਾਨ ਪ੍ਰਾਪਤ ਕੀਤਾ।ਮੈਡੀਕਲ ਸਟਰੀਮ ਵਿੱਚ 90% ਤੋਂ ਵੱਧ ਅੰਕ ਪ੍ਰਾਪਤ ਕਰਨ ਵਾਲੇ 6 ਵਿਦਿਆਰਥੀ, 80% ਤੋਂ ਵੱਧ ਅੰਕ ਪ੍ਰਾਪਤ ਕਰਨ ਵਾਲੇ 13 ਵਿਦਿਆਰਥੀ ਰਹੇ। 70% ਤੋਂ ਵੱਧ 15 ਵਿਦਿਆਰਥੀ ਤੇ 60% ਤੋਂ ਵੱਧ 03 ਵਿਦਿਆਰਥੀ ਰਹੇ।ਕਾਮਰਸ ਸਟਰੀਮ ਵਿੱਚ 90% ਤੋਂ ਵੱਧ ਅੰਕ ਪ੍ਰਾਪਤ ਕਰਨ ਵਾਲੇ 08 ਵਿਦਿਆਰਥੀ, 80% ਤੋਂ ਵੱਧ ਅੰਕ ਪ੍ਰਾਪਤ ਕਰਨ ਵਾਲੇ 35 ਵਿਦਿਆਰਥੀ, 70% ਤੋਂ ਵੱਧ ਅੰਕ ਪ੍ਰਾਪਤ ਕਰਨ ਵਾਲੇ 04 ਵਿਦਿਆਰਥੀ ਰਹੇ। ਆਰਟਸ ਸਟਰੀਮ ਦੇ 90% ਤੋਂ ਵੱਧ ਅੰਕ ਪ੍ਰਾਪਤ ਕਰਨ ਵਾਲੇ 03 ਵਿਦਿਆਰਥੀ, 80% ਤੋਂ ਵੱਧ ਅੰਕ ਪ੍ਰਾਪਤ ਕਰਨ ਵਾਲੇ 03 ਵਿਦਿਆਰਥੀ, 70% ਤੋਂ ਵੱਧ ਅੰਕ ਪ੍ਰਾਪਤ ਕਰਨ ਵਾਲੇ 15 ਵਿਦਿਆਰਥੀ, 60% ਤੋਂ ਵੱਧ ਅੰਕ ਪ੍ਰਾਪਤ ਕਰਨ ਵਾਲੇ 04 ਵਿਦਿਆਰਥੀ ਰਹੇ।ਚੇਅਰਮੈਨ ਸ. ਗੁਰਦੀਪ ਸਿੰਘ ਰੰਧਾਵਾ ਨੇ ਬਾਰ੍ਹਵੀਂ ਜਮਾਤ ਦਾ ਸ਼ਾਨਦਾਰ ਨਤੀਜਾ ਆਉਣ 'ਤੇ ਵਿਦਿਆਰਥੀਆਂ ਅਤੇ ਸਮੂਹ ਸਟਾਫ਼ ਨੂੰ ਵਧਾਈ ਦਿੱਤੀ । ਸੰਸਥਾ ਦੇ ਮੈਨੇਜਿੰਗ ਡਾਇਰੈਕਟਰ ਹਰਸ਼ਦੀਪ ਸਿੰਘ ਰੰਧਾਵਾ ਵੱਲੋਂ ਵੀ ਵਿਦਿਆਰਥੀਆਂ ਅਤੇ ਉਹਨਾਂ ਦੇ ਮਾਪਿਆਂ ਨੂੰ ਵਧਾਈ ਦਿੱਤੀ, ਵਿਦਿਆਰਥੀਆਂ ਨੂੰ ਆਉਣ ਵਾਲੇ ਸਮੇਂ ਵਿੱਚ ਵੀ ਏਸੇ ਤਰ੍ਹਾਂ ਮਿਹਨਤ ਕਰਦੇ ਰਹਿਣ ਲਈ ਪ੍ਰੇਰਿਆ। ਇਸ ਮੌਕੇ ਪ੍ਰਿੰਸੀਪਲ ਮੈ: ਗੁਰਬੀਰ ਕੌਰ, ਡਾਇਰੈਕਟਰ ਮੈ: ਹਰਪ੍ਰੀਤ ਕੌਰ, ਕੋਆਰਡੀਨੇਟਰ ਅੰਮ੍ਰਿਤਪਾਲ ਸਿੰਘ , ਸਮੂਹ ਸਟਾਫ਼ ਅਤੇ ਵਿਦਿਆਰਥੀ ਹਾਜ਼ਰ ਸਨ।



# ਗੁਰੂ ਨਾਨਕ ਪਬਲਿਕ ਸਕੂਲ ਦੇ ਵਿਦਿਆਰਥੀਆਂ ਨੇ ਬਾਰ੍ਹਵੀਂ ਜਮਾਤ ਦੇ ਨਤੀਜਿਆਂ 'ਚ ਮਾਰੀਆਂ ਮੱਲਾਂ

**ਖਡੂਰ ਸਾਹਿਬ ਸਾਹਿਬ (ਸਰਬਜੋਤ ਸਿੰਘ ਸੰਧਾ)**- ਗੁਰੂ ਨਾਨਕ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਸ੍ਰੀ ਗੋਇੰਦਵਾਲ ਸਾਹਿਬ ਵਿਖੇ ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਐਲਾਨੇ ਬਾਰ੍ਹਵੀਂ ਜਮਾਤ ਦੇ ਨਤੀਜਿਆਂ ਵਿੱਚ ਵੱਡੀਆਂ ਮੱਲਾਂ ਮਾਰੀਆਂ ਹਨ, ਦਿਲਾਵਰ ਸਿੰਘ ਨੇ 91 ਪ੍ਰਤੀਸ਼ਤ, ਬਲਵਿੰਦਰ ਸਿੰਘ ਨੇ 90 ਪ੍ਰਤੀਸ਼ਤ, ਸੁਖਮਨਪ੍ਰੀਤ ਕੌਰ ਨੇ 89 ਪ੍ਰਤੀਸ਼ਤ, ਨਵਜੋਤ ਸਿੰਘ ਨੇ 89 ਪ੍ਰਤੀਸ਼ਤ, ਨਵਜੋਤ ਬੀਰ ਸਿੰਘ ਨੇ 88 ਪ੍ਰਤੀਸ਼ਤ, ਪਵਨਪ੍ਰੀਤ ਸਿੰਘ ਨੇ 88 ਪ੍ਰਤੀਸ਼ਤ, ਮੁਹੱਬਤ ਪਾਲ ਸਿੰਘ ਨੇ 87 ਪ੍ਰਤੀਸ਼ਤ, ਦਿਲਜਾਨ ਪ੍ਰੀਤ ਸਿੰਘ ਨੇ 86 ਪ੍ਰਤੀਸ਼ਤ, ਪ੍ਰੂਸਾ ਤਲਵਾੜ ਨੇ 86 ਪ੍ਰਤੀਸ਼ਤ, ਅਰਮਾਨ ਪ੍ਰੀਤ ਸਿੰਘ ਨੇ 85 ਪ੍ਰਤੀਸ਼ਤ, ਪਲਕ ਅਤੇ ਦਿਲਜੀਤ ਸਿੰਘ ਨੇ 84 ਪ੍ਰਤੀਸ਼ਤ, ਗੁਰਸਾਹਿਲ ਸਿੰਘ, ਹਰਮਨਦੀਪ ਸਿੰਘ, ਰਣਜੋਧ ਸਿੰਘ, ਅਭੀਜੀਤ ਸਿੰਘ, ਸਹਿਜਦੀਪ ਸਿੰਘ ਨੇ 80 ਪ੍ਰਤੀਸ਼ਤ ਅੰਕ ਹਾਸਲ ਕਰਕੇ ਸੰਸਥਾ ਅਤੇ ਮਾਪਿਆਂ ਦਾ ਨਾਮ ਰੌਸ਼ਨ ਕੀਤਾ। ਪ੍ਰਿੰਸੀਪਲ ਭਗਵੰਤ ਕੌਰ ਨੇ ਕਿਹਾ ਕਿ ਇਹ ਚੰਗੇ ਨਤੀਜੇ ਸਮੂਹ ਸਟਾਫ ਮੈਂਬਰਾਂ ਅਤੇ ਵਿਦਿਆਰਥੀਆਂ ਦੀ ਸਖ਼ਤ ਮਿਹਨਤ ਦਾ ਨਤੀਜਾ ਹਨ। ਉਨ੍ਹਾਂ ਕਿਹਾ ਕਿ ਇਨ੍ਹਾਂ ਹੋਣਹਾਰ ਵਿਦਿਆਰਥੀਆਂ ਨੂੰ ਸਕੂਲ ਦੀ ਪ੍ਰਬੰਧਕੀ ਕਮੇਟੀ ਵੱਲੋਂ ਸਕੂਲ ਦੇ ਸਾਲਾਨਾ ਸਮਾਗਮ ਦੌਰਾਨ ਮਾਪਿਆਂ ਦੀ ਹਾਜ਼ਰੀ ਵਿੱਚ ਸਨਮਾਨਿਤ ਕੀਤਾ ਜਾਵੇਗਾ।ਇਸ ਮੌਕੇ ਕਲਾਸ ਦੀ ਇੰਚਾਰਜ ਸ਼ਰਨਜੀਤ ਕੌਰ ਨੇ ਵਿਦਿਆਰਥੀਆਂ ਨੂੰ ਭਵਿੱਖ ਲਈ ਸ਼ੁਭਕਾਮਨਾਵਾਂ ਦਿੰਦਿਆਂ ਕਿਹਾ ਕਿ ਇਹ ਕਾਮਯਾਬੀਆਂ ਨਾ ਸਿਰਫ ਸਕੂਲ ਦੀ ਸ਼ਾਨ ਹਨ ਸਗੋਂ ਇਲਾਕੇ ਦੇ ਚੰਗੇ ਭਵਿੱਖ ਦੀ ਉਮੀਦ ਹਨ। ਇਸ ਮੌਕੇ ਹੋਰਨਾਂ ਤੋਂ ਇਲਾਵਾ ਸ਼ਰਨਜੀਤ ਕੌਰ, ਕੁਲਦੀਪ ਸਿੰਘ, ਮਨਪ੍ਰੀਤ ਕੌਰ, ਬੇਅੰਤ ਕੌਰ, ਕੰਵਰਜੀਤ ਸਿੰਘ, ਕੁਲਜਿੰਦਰ ਕੌਰ ਅਤੇ ਸਮੂਹ ਸਟਾਫ ਮੈਂਬਰ ਹਾਜ਼ਰ ਸਨ।



# ਚੋਣਾਂ ਖਤਮ, ਵਸੂਲੀ ਸ਼ੁਰੂ

ਚਾਰ ਰਾਜਾਂ ਅਤੇ ਇੱਕ ਕੇਂਦਰ ਸ਼ਾਸਤ ਪ੍ਰਦੇਸ਼ ਵਿੱਚ ਵਿਧਾਨ ਸਭਾ ਚੋਣਾਂ ਖਤਮ ਹੋਣ ਤੋਂ 16 ਦਿਨ ਬਾਅਦ ਸ਼ੁੱਕਰਵਾਰ ਪੈਟਰੋਲ ਤੇ ਡੀਜ਼ਲ ਦੀਆਂ ਕੀਮਤਾਂ ਵਿੱਚ 3-3 ਰੁਪਏ ਪ੍ਰਤੀ ਲੀਟਰ ਅਤੇ ਸੀ ਐੱਨ ਜੀ ਦੀ ਕੀਮਤ 'ਚ 2 ਰੁਪਏ ਪ੍ਰਤੀ ਕਿੱਲੋ ਦਾ ਵਾਧਾ ਕਰ ਦਿੱਤਾ ਗਿਆ। ਇਹ ਵਾਧਾ ਸਰਕਾਰ ਵੱਲੋਂ ਕੀਤੇ ਜਾ ਰਹੇ ਇਸ ਦਾਅਵੇ ਦਰਮਿਆਨ ਕੀਤਾ ਗਿਆ ਹੈ ਕਿ ਪੱਛਮੀ ਏਸ਼ੀਆ ਵਿੱਚ ਚੱਲ ਰਹੇ ਟਕਰਾਅ ਕਾਰਨ ਵਿਸ਼ਵਵਿਆਪੀ ਊਰਜਾ ਸਪਲਾਈ ਵਿੱਚ ਵਿਘਨ ਦੇ ਬਾਵਜੂਦ ਦੇਸ਼ ਵਿੱਚ ਈਂਧਨ ਦੀ ਕੋਈ ਕਮੀ ਨਹੀਂ ਹੈ ਅਤੇ ਪੈਟਰੋਲ, ਡੀਜ਼ਲ ਜਾਂ ਐੱਲ ਪੀ ਜੀ ਨੂੰ ਰਾਸ਼ਨ ਕਰਨ ਦੀ ਕੋਈ ਯੋਜਨਾ ਨਹੀਂ ਹੈ। ਸਰਕਾਰ ਦੇ ਦਾਅਵੇ ਦੇ ਬਾਵਜੂਦ ਤੇਲ ਕੰਪਨੀਆਂ ਨੇ ਵਧਦੀਆਂ ਵਿਸ਼ਵਵਿਆਪੀ ਊਰਜਾ ਕੀਮਤਾਂ ਦਾ ਭਾਰ ਖਪਤਕਾਰਾਂ 'ਤੇ ਪਾਉਣਾ ਸ਼ੁਰੂ ਕਰ ਦਿੱਤਾ ਹੈ।

ਮਈ ਦੇ ਪਹਿਲੇ ਦਿਨ ਹੀ, ਸਰਕਾਰ ਨੇ ਕਮਰਸ਼ੀਅਲ ਐੱਲ ਪੀ ਜੀ ਸਿਲੰਡਰਾਂ ਲਈ 40 ਪ੍ਰਤੀਸ਼ਤ ਤੋਂ ਵੱਧ ਦਾ ਰਿਕਾਰਡ ਵਾਧਾ ਕੀਤਾ ਸੀ, ਜੋ ਕਿ 993 ਰੁਪਏ ਬਣਦਾ ਸੀ। ਆਪੋਜ਼ੀਸ਼ਨ ਨੇ ਪੈਟਰੋਲ, ਡੀਜ਼ਲ ਅਤੇ ਸੀ ਐੱਨ ਜੀ ਦੀਆਂ ਕੀਮਤਾਂ ਵਿੱਚ ਵਾਧੇ ਨੂੰ ਲੈ ਕੇ ਸਰਕਾਰ 'ਤੇ ਸਵਾਲ ਉਠਾਏ ਹਨ। ਰਾਹੁਲ ਗਾਂਧੀ ਨੇ ਕਿਹਾ ਹੈ ਕਿ ਮੋਦੀ ਸਰਕਾਰ ਦੀ ਗਲਤੀ ਦਾ ਨਤੀਜਾ ਹੁਣ ਲੋਕ ਭੁਗਤਣਗੇ। ਕਾਂਗਰਸ ਨੇ ਕਿਹਾ ਹੈ ਕਿ 'ਮਹਿੰਗਾਈ ਮੈਨ' ਮੋਦੀ ਨੇ ਇੱਕ ਵਾਰ ਫਿਰ ਲੋਕਾਂ 'ਤੇ ਹਮਲਾ ਕੀਤਾ ਹੈ। ਚੋਣਾਂ ਖਤਮ ਹੋਣ ਤੋਂ ਬਾਅਦ ਮੋਦੀ ਨੇ ਵਸੂਲੀ ਸ਼ੁਰੂ ਕਰ ਦਿੱਤੀ ਹੈ। ਜਦੋਂ ਅੰਤਰਰਾਸ਼ਟਰੀ ਤੇਲ ਦੀਆਂ ਕੀਮਤਾਂ ਡਿਗ ਰਹੀਆਂ ਸਨ, ਤਾਂ ਉਸ ਦਾ ਲਾਭ ਭਾਰਤੀ ਖਪਤਕਾਰਾਂ ਨੂੰ ਨਹੀਂ ਦਿੱਤਾ ਗਿਆ ਤੇ ਜਦੋਂ ਵਧਣੀਆਂ ਸ਼ੁਰੂ ਹੋਈਆਂ ਹਨ ਤਾਂ ਲੋਕਾਂ 'ਤੇ ਭਾਰ ਪਾਉਣਾ ਸ਼ੁਰੂ ਕਰ ਦਿੱਤਾ ਗਿਆ ਹੈ। ਜਦੋਂ ਪ੍ਰਧਾਨ ਮੰਤਰੀ ਦੇ ਕਰੀਬੀ ਦੋਸਤਾਂ-ਅਮਰੀਕਾ ਅਤੇ ਇਜ਼ਰਾਈਲ ਵੱਲੋਂ ਪੱਛਮੀ ਏਸ਼ੀਆ ਵਿੱਚ ਛੇੜੀ ਗਈ ਜੰਗ ਕਾਰਨ ਅੰਤਰਰਾਸ਼ਟਰੀ ਤੇਲ ਦੀਆਂ ਕੀਮਤਾਂ ਵਧ ਰਹੀਆਂ ਹਨ ਅਤੇ ਵਿਧਾਨ ਸਭਾ ਚੋਣਾਂ ਵੀ ਖਤਮ ਹੋ ਗਈਆਂ ਹਨ, ਤਾਂ ਮੋਦੀ ਸਰਕਾਰ ਨੇ ਪਹਿਲਾਂ ਕਮਰਸ਼ੀਅਲ ਰਸੋਈ ਗੈਸ ਦੀਆਂ ਕੀਮਤਾਂ ਵਧਾਉਣ ਤੋਂ ਬਾਅਦ ਹੁਣ ਪੈਟਰੋਲ ਅਤੇ ਡੀਜ਼ਲ ਦੀਆਂ ਕੀਮਤਾਂ ਵੀ ਵਧਾ ਦਿੱਤੀਆਂ ਹਨ। ਇਸ ਨਾਲ ਮਹਿੰਗਾਈ ਹੋਰ ਵਧਣੀ ਤੈਅ ਹੈ, ਜਿਸ ਦੇ ਹੁਣ ਇਸ ਵਿੱਤੀ ਸਾਲ ਵਿੱਚ ਲੱਗਭੱਗ 6 ਫੀਸਦੀ ਤੱਕ ਪਹੁੰਚਣ ਦੀ ਉਮੀਦ ਹੈ ਅਤੇ ਵਿਕਾਸ ਦਰ ਦੇ ਅਨੁਮਾਨਾਂ ਵਿੱਚ ਵੀ ਕਾਫੀ ਕਮੀ ਆਵੇਗੀ। ਟੀ ਐੱਮ ਸੀ ਨੇਤਾ ਡੈਰੇਕ ਓ'ਬ੍ਰਾਇਨ ਨੇ ਪੁੱਛਿਆ ਹੈ ਕਿ ਕੀ ਪੱਛਮੀ ਬੰਗਾਲ ਸਰਕਾਰ ਪੈਟਰੋਲ ਤੇ ਡੀਜ਼ਲ 'ਤੇ ਵੈਟ ਘਟਾਏਗੀ ਕਿਉਂਕਿ ਸੂਬੇ ਦੀ ਡਬਲ ਇੰਜਣ ਸਰਕਾਰ ਨੂੰ ਹੁਣ ਕੇਂਦਰੀ ਫੰਡਾਂ ਦੇ ਰੋਕੇ ਜਾਣ ਦੀ ਚਿੰਤਾ ਨਹੀਂ ਕਰਨੀ ਪੈਣੀ। ਸਮਾਜਵਾਦੀ ਪਾਰਟੀ ਦੇ ਪ੍ਰਧਾਨ ਅਖਿਲੇਸ਼ ਯਾਦਵ ਨੇ ਤਨਜ਼ ਕੀਤਾ ਹੈ ਕਿ ਜੇ ਤੁਸੀਂ ਅੱਗੇ ਵਧਣਾ ਚਾਹੁੰਦੇ ਹੋ, ਤਾਂ ਸਾਈਕਲ ਹੀ ਇੱਕੋ-ਇੱਕ ਵਿਕਲਪ ਹੈ।

ਚੇਤੇ ਰਹੇ ਕਿ ਪਿਛਲੇ ਸਾਲ ਮਾਰਚ ਵਿੱਚ ਘਰੇਲੂ ਰਸੋਈ ਗੈਸ ਦੀਆਂ ਕੀਮਤਾਂ ਵਿੱਚ ਵੀ ਪ੍ਰਤੀ ਸਿਲੰਡਰ 60 ਰੁਪਏ ਦਾ ਵਾਧਾ ਕੀਤਾ ਗਿਆ ਸੀ, ਹਾਲਾਂਕਿ ਅਧਿਕਾਰੀਆਂ ਦਾ ਕਹਿਣਾ ਹੈ ਕਿ ਕੀਮਤਾਂ ਅਜੇ ਵੀ ਅਸਲ ਕੀਮਤ ਤੋਂ ਘੱਟ ਹਨ। ਸੋ ਘਰੇਲੂ ਗੈਸ ਮਹਿੰਗੀ ਹੋਣੀ ਵੀ ਪੱਕੀ ਸਮਝੋ। ਅਰਥਸ਼ਾਸਤਰੀਆਂ ਨੇ ਚੇਤਾਵਨੀ ਦਿੱਤੀ ਹੈ ਕਿ ਈਂਧਨ ਦੀਆਂ ਵਧੀਆਂ ਕੀਮਤਾਂ ਆਵਾਜਾਈ, ਮਾਲ-ਭਾੜੇ ਅਤੇ ਲੌਜਿਸਟਿਕਸ ਦੀ ਲਾਗਤ ਵਿੱਚ ਵੀ ਵਾਧਾ ਕਰਨਗੀਆਂ, ਜਿਸ ਦਾ ਮਹਿੰਗਾਈ 'ਤੇ ਵਿਆਪਕ ਪ੍ਰਭਾਵ ਪਵੇਗਾ। ਭਾਰਤ ਦੀ ਪ੍ਰਚੂਨ ਮਹਿੰਗਾਈ ਮਾਰਚ ਵਿੱਚ 3.40 ਪ੍ਰਤੀਸ਼ਤ ਤੋਂ ਵਧ ਕੇ ਅਪ੍ਰੈਲ 2026 ਵਿੱਚ 3.48 ਪ੍ਰਤੀਸ਼ਤ ਹੋ ਗਈ ਸੀ; ਜਦੋਂ ਕਿ ਥੋਕ ਮਹਿੰਗਾਈ 42 ਮਹੀਨਿਆਂ ਦੇ ਉੱਚ ਪੱਧਰ 8.3 ਪ੍ਰਤੀਸ਼ਤ 'ਤੇ ਪਹੁੰਚ ਗਈ ਸੀ, ਜਿਸ ਦਾ ਮੁੱਖ ਕਾਰਨ ਈਂਧਨ ਅਤੇ ਊਰਜਾ ਦੀਆਂ ਕੀਮਤਾਂ ਵਿੱਚ ਵਾਧਾ ਹੈ। ਪੈਟਰੋਲ ਤੇ ਡੀਜ਼ਲ ਦੀਆਂ ਕੀਮਤਾਂ ਵਿੱਚ ਨਵਾਂ ਵਾਧਾ ਹੋਰ ਕਚੂਮਰ ਕੱਢੇਗਾ।

## ਪਾਠਕ-ਸੱਥ

### ਜੰਗ ਦਾ ਪ੍ਰਭਾਵ

ਭਾਰਤ ਦੇ ਪ੍ਰਧਾਨ ਮੰਤਰੀ ਦੁਆਰਾ ਆਪਣੇ ਭਾਸ਼ਣ ਵਿੱਚ ਲੋਕਾਂ ਨੂੰ ਇਹ ਅਪੀਲ ਕੀਤੀ ਗਈ ਹੈ ਕਿ ਉਹ ਰਸੋਈ ਗੈਸ, ਸਰ੍ਹੋਂ ਦੇ ਤੇਲ, ਪੈਟਰੋਲ ਡੀਜ਼ਲ ਦੀ ਖ਼ਪਤ ਘੱਟ ਅਤੇ ਇੱਕ ਸਾਲ ਤੱਕ ਸੋਨੇ ਦੀ ਖਰੀਦ ਤੋਂ ਪਰਹੇਜ਼ ਕਰਨ। ਇਸ ਭਾਸ਼ਣ ਨਾਲ ਜਿੱਥੇ ਲੋਕਾਂ ਵਿੱਚ ਆਪਣੀਆਂ ਜ਼ਰੂਰਤਾਂ ਪੂਰੀਆਂ ਕਰਨ ਨੂੰ ਲੈ ਕੇ ਸਹਿਮ ਪੈਦਾ ਹੋਣਾ ਸੁਭਾਵਿਕ ਹੈ, ਉਥੇ ਜੰਗ ਦਾ ਪ੍ਰਭਾਵ ਨਜ਼ਰ ਆਉਣਾ ਵੀ ਸ਼ੁਰੂ ਹੋ ਗਿਆ ਹੈ।ਇਹ ਗੱਲ ਸੌ ਪ੍ਰਤੀਸ਼ਤ ਸੱਚ ਹੈ ਕਿ ਜੰਗ ਦਾ ਸੇਕ ਕੇਵਲ ਉਹਨਾਂ ਲੋਕਾਂ ਨੂੰ ਨਹੀਂ ਲੱਗਦਾ, ਜਿੱਥੇ ਜੰਗ ਹੋ ਰਹੀ ਹੋਵੇ, ਸਗੋਂ ਜੰਗ ਦਾ ਪ੍ਰਭਾਵ ਆਢ-ਗੁਆਂਢ ਦੇ ਦੇਸ਼ਾਂ ਵਿੱਚ ਵੀ ਦੇਖਣ ਨੂੰ ਮਿਲਦਾ ਹੈ, ਜਿਸ ਦੀ ਗੱਲ ਪ੍ਰਧਾਨ ਮੰਤਰੀ ਨੇ ਆਪਣੇ ਭਾਸ਼ਣ ਵਿੱਚ ਵੀ ਕੀਤੀ ਹੈ। ਆਮ ਵਿਅਕਤੀ ਇਸ ਦੁਵਿਧਾ ਵਿੱਚ ਫ਼ਸ ਗਿਆ ਹੈ ਕਿ ਉਹ ਹੁਣ ਕੀ ਕਰੇ, ਕਿਉਂਕਿ ਦੋ ਟਾਈਮ ਰੋਟੀ ਖਾਣੀ ਤਾਂ ਜ਼ਰੂਰੀ ਹੈ, ਨਹੀਂ ਤਾਂ ਵਿਅਕਤੀ ਜਿਉਂਦਾ ਨਹੀਂ ਰਹਿ ਸਕਦਾ। ਅੰਕੜੇ ਕੁੱਝ ਵੀ ਕਹਿੰਦੇ ਹੋਣ, ਪ੍ਰੰਤੂ ਇਹ ਜ਼ਮੀਨੀ ਹਕੀਕਤ ਹੈ ਕਿ ਗੈਸ ਸਿਲੰਡਰ ਇੱਕ ਵਾਰ ਮਿਲਣ ਤੋਂ ਬਾਅਦ ਪੰਤਾਲੀ ਦਿਨਾਂ ਬਾਅਦ ਦੂਜੀ ਬੁਕਿੰਗ ਹੁੰਦੀ ਹੈ। ਬੁਕਿੰਗ ਹੋਣ ਤੋਂ ਬਾਅਦ ਵੀ ਦੋ-ਚਾਰ ਦਿਨ ਸਿਲੰਡਰ ਮਿਲਣ ਵਿੱਚ ਉੱਪਰ ਲੰਘ ਜਾਂਦੇ ਹਨ । ਜਿਹੜੇ ਪਰਵਾਰ ਛੋਟੇ ਹਨ, ਉਹ ਤਾਂ ਔਖਾ-ਸੌਖਾ ਕੁੱਝ ਗੈਸ ਸਿਲੰਡਰ ਵਰਤ ਕੇ ਅਤੇ ਕੁੱਝ ਲੱਕੜੀ ਬਾਲ ਕੇ ਗੁਜ਼ਾਰਾ ਕਰ ਲੈਣਗੇ, ਪ੍ਰੰਤੂ ਖ਼ਾਸ ਕਰਕੇ ਸ਼ਹਿਰਾਂ ਵਿੱਚ ਲੋਕ ਕੀ ਕਰਨਗੇ, ਉਹਨਾਂ ਕੋਲ ਤਾਂ ਲੱਕੜੀ ਬਾਲਣ ਦੀ ਵੀ ਸੁਵਿਧਾ ਘੱਟ ਹੁੰਦੀ ਹੈ, ਬਾਕੀ ਲੱਕੜੀ ਬਾਲਣ 'ਤੇ ਪ੍ਰਦੂਸ਼ਣ ਹੁੰਦਾ ਹੈ, ਇਹ ਬੁੱਧੀਜੀਵੀਆਂ ਦਾ ਤਰਕ ਹੈ।ਹੁਣ ਸਭ ਤੋਂ ਵੱਡਾ ਸਵਾਲ ਇਹ ਪੈਦਾ ਹੁੰਦਾ ਹੈ ਕਿ ਆਮ ਵਿਅਕਤੀ ਰੋਟੀ ਪਕਾਏਗਾ ਕਿਵੇਂ, ਚੁੱਲ੍ਹੇ ਬਲਦੇ ਰਹਿਣਗੇ ਜਾਂ ਚੁੱਲ੍ਹਿਆਂ ਦੀ ਅੱਗ ਮੱਠੀ ਪੈ ਜਾਵੇਗੀ। ਹਾਕਮਾਂ ਨੇ ਬਦਲਾਅ ਦੀ ਅਜਿਹੀ ਹਨੇਰੀ ਲਿਆਂਦੀ ਕਿ ਲੋਕ ਰੋਜ਼ੀ-ਰੋਟੀ ਨੂੰ ਤਰਸਣ ਲੱਗ ਪਏ । ਅਜੇ ਬਦਲਾਅ ਹੋਰ ਵੀ ਆ ਰਿਹਾ ਹੈ, ਇਹ ਨਾ ਹੋਵੇ ਕਿ ਇਹ ਬਦਲਾਅ ਸਾਡੀ ਹਸਤੀ ਹੀ ਖ਼ਤਮ ਕਰ ਦੇਵੇ। ਸਮਾਜਿਕ ਕਲਿਆਣ ਦਾ ਬੀੜਾ ਚੁੱਕਣ ਵਾਲਿਆਂ ਦੇ ਨਾਲ-ਨਾਲ ਆਮ ਵਿਅਕਤੀ ਨੂੰ ਵੀ ਇਸ ਵਿਸ਼ੇ 'ਤੇ ਮੰਥਨ ਕਰਕੇ ਸਮੱਸਿਆ ਦਾ ਹੱਲ ਤਲਾਸ਼ਣ ਵੱਲ ਵਧਣਾ ਹੋਵੇਗਾ ਤਾਂ ਜੋ ਘਰਾਂ ਦੇ ਚੁੱਲ੍ਹੇ ਬਲਦੇ ਰਹਿਣ ।

-ਰਜਵਿੰਦਰ ਪਾਲ ਸ਼ਰਮਾ,
70873-67969

# ਬੱਬਰ ਅਕਾਲੀ ਲਹਿਰ ਦੇ ਭੁੱਲੇ-ਵਿੱਸਰੇ ਸ਼ਹੀਦ

**ਚਰੰਜੀ ਲਾਲ ਕੰਗਣੀਵਾਲ**

ਬੱਬਰ ਅਕਾਲੀ ਲਹਿਰ ਦੇ ਦੂਜੇ ਲਾਹੌਰ ਸਾਜ਼ਿਸ਼ ਕੇਸ 1924 ਈ: ਦੇ ਫੈਸਲੇ ਤੋਂ ਪਿੱਛੋਂ ਅੰਗਰੇਜ਼ੀ ਸਰਕਾਰ ਨੂੰ ਲੱਗਾ ਸੀ ਕਿ ਉਸ ਨੇ ਬੱਬਰ ਅਕਾਲੀ ਲਹਿਰ ਦਾ ਖਾਤਮਾ ਕਰ ਦਿੱਤਾ ਹੈ, ਪਰ ਇਸ ਹਥਿਆਰਬੰਦ ਲਹਿਰ ਨੇ ਆਜ਼ਾਦੀ ਦੀ ਪ੍ਰਾਪਤੀ ਤੱਕ ਬਦਲਵੇਂ ਰੂਪਾਂ ਵਿਚ ਆਜ਼ਾਦੀ ਸੰਗਰਾਮ ਵਿਚ ਵਿਲੱਖਣ ਕਾਰਨਾਮੇ ਕੀਤੇ। ਇਨ੍ਹਾਂ ਕਾਰਨਾਮਿਆਂ ਦੇ ਨਾਇਕ ਸ਼ਹੀਦ ਧੰਨਾ ਬਹਿਬਲਪੁਰ, ਸ਼ਹੀਦ ਰਤਨ ਸਿੰਘ ਰੱਕੜ, ਵਰਿਆਮ ਸਿੰਘ ਧੁੱਗਾ ਅਤੇ ਸ਼ਹੀਦ ਸਾਧੂ ਸਿੰਘ ਸਾਂਧਰਾ ਸਨ, ਜਿਨ੍ਹਾਂ ਮੌਤ ਨਾਲ ਹਠਖੇਲੀਆਂ ਕਰਕੇ ਅੰਗਰੇਜ਼ ਅਧਿਕਾਰੀਆਂ ਦੇ ਸਾਹ ਸੂਤ ਲਏ ਸਨ। ਇਨ੍ਹਾਂ 'ਚੋਂ ਹੀ ਸਾਧੂ ਸਿੰਘ ਸਾਂਧਰਾ, ਲਾਭ ਸਿੰਘ ਅਤੇ ਭਾਨ ਸਿੰਘ ਰੰਧਾਵਾ ਮਸੰਦਾਂ ਨੂੰ 16 ਮਈ ਨੂੰ ਜਲੰਧਰ ਜੇਲ੍ਹ ਵਿਚ ਇਕੱਠਿਆਂ ਨੂੰ ਫਾਂਸੀ ਲਾ ਕੇ ਸ਼ਹੀਦ ਕੀਤਾ ਗਿਆ ਸੀ।


ਫਾਂਸੀ ਪਿੱਛੋਂ ਸਸਕਾਰ ਮੌਕੇ ਸ਼ਹੀਦ ਲਾਭ ਸਿੰਘ, ਸਾਧੂ ਸਿੰਘ ਸਾਂਧਰਾ ਤੇ ਭਾਨ ਸਿੰਘ ਰੰਧਾਵਾ ਮਸੰਦਾਂ ਦੀਆਂ ਮ੍ਰਿਤਕ ਦੇਹਾਂ। ਪਿੱਛੇ ਖੜ੍ਹੇ ਸਾਧੂ ਸਿੰਘ ਦੇ ਭਤੀਜੇ ਜਗਤ ਸਿੰਘ, ਜਸਵੰਤ ਸਿੰਘ ਸਾਂਧਰਾ।

ਸੰਨ 1927 ਤੱਕ ਅੰਗਰੇਜ਼ੀ ਸਰਕਾਰ ਨੇ 12 ਬੱਬਰ ਅਕਾਲੀ ਦੇਸ਼ ਭਗਤਾਂ ਨੂੰ ਫਾਂਸੀ ਲਾ ਦਿੱਤਾ ਸੀ, ਅੱਠ ਪੁਲਸ ਤੇ ਫ਼ੌਜ ਦਾ ਮੁਕਾਬਲਾ ਕਰਦੇ ਸ਼ਹੀਦ ਹੋ ਚੁੱਕੇ ਸਨ ਅਤੇ ਬਾਕੀ ਸਾਰੇ ਜੇਲ੍ਹਾਂ ਦੀਆਂ ਕਾਲ-ਕੋਠੜੀਆਂ ਵਿੱਚ ਰੱਖ ਕੇ ਸਰਕਾਰ ਨੇ ਲਹਿਰ ਨੂੰ ਕੁਚਲਣ ਦਾ ਭਰਮ ਪਾਲ ਲਿਆ ਸੀ। ਇਸ ਭਰਮ ਜਾਲ ਕਰਕੇ ਦੁਆਬੇ ਵਿਚ ਗ਼ਦਾਰ ਤੇ ਅੰਗਰੇਜ਼ ਝੋਲੀ ਚੁੱਕ ਭੂਸਰ ਗਏ ਤੇ ਉਨ੍ਹਾਂ ਨੇ ਬੱਬਰ ਦੇਸ਼ ਭਗਤਾਂ ਦੇ ਪਰਵਾਰਾਂ 'ਤੇ ਜ਼ੁਲਮ ਢਾਹੁਣੇ ਸ਼ੁਰੂ ਕਰ ਦਿੱਤੇ।

19 ਜਨਵਰੀ 1936 ਨੂੰ ਪਹਿਲੇ ਲਾਹੌਰ ਸਾਜ਼ਿਸ਼ ਕੇਸ ਦੇ ਫੈਸਲੇ ਵਿਚ ਉਮਰ ਕੈਦੀ ਸਾਧੂ ਸਿੰਘ ਪਿੰਡ ਸਾਂਧਰਾ, ਭਾਨ ਸਿੰਘ ਤੇ ਲਾਭ ਸਿੰਘ ਪਿੰਡ ਰੰਧਾਵਾ ਮਸੰਦਾਂ (ਜਲੰਧਰ) ਨੂੰ ਹਾਈਕੋਰਟ ਨੇ ਬਰੀ ਕਰ ਦਿੱਤਾ ਸੀ। ਬੱਬਰ ਭਾਨ ਸਿੰਘ ਪੁੱਤਰ ਹੁਕਮ ਸਿੰਘ ਪਿੰਡ ਰੰਧਾਵਾ ਮਸੰਦਾਂ ਦੇਸ਼ ਤੇ ਕੌਮੀ ਪਿਆਰ ਹੋਣ ਕਰਕੇ ਬੱਬਰ ਅਕਾਲੀ ਲਹਿਰ ਵਿਚ ਸ਼ਾਮਲ ਹੋ ਗਿਆ ਸੀ। ਉਸ ਨੂੰ ਉਮਰ ਕੈਦ ਦੀ ਸਜ਼ਾ ਹੋਈ ਸੀ, ਪਰ ਅਪੀਲ ਵਿਚ ਬਰੀ ਹੋ ਗਿਆ ਸੀ। ਇਸੇ ਪਿੰਡ ਦੇ ਲਾਭ ਸਿੰਘ ਪੁੱਤਰ ਗੁਜਰ ਸਿੰਘ ਨੇ ਵੀ ਬੱਬਰ ਅਕਾਲੀ ਲਹਿਰ ਵਿਚ ਸ਼ਾਮਲ ਹੋ ਕੇ ਸਰਗਰਮ ਹਿੱਸਾ ਲਿਆ ਸੀ।

ਬਰੀ ਹੋ ਕੇ ਸਾਧੂ ਸਿੰਘ ਆਪਣੇ ਪਿੰਡ ਸਾਂਧਰਾ (ਹੁਸ਼ਿਆਰਪੁਰ) ਆਇਆ ਤਾਂ ਉਸ ਨੂੰ ਪਤਾ ਲੱਗਾ ਕਿ ਕਡਿਆਣਾ (ਨੇੜੇ ਸ਼ਾਮਚੁਰਾਸੀ) ਦੇ ਦਸ ਨੰਬਰੀਏ ਜਗਤੇ ਨੇ ਉਮਰ ਕੈਦ ਭੁਗਤ ਰਹੇ ਬੱਬਰ ਸੁਰੈਣ ਸਿੰਘ ਪਿੰਡ ਦੌਲਤਪੁਰ ਦੀ ਪਤਨੀ ਮਹਾਂ ਕੌਰ ਨੂੰ ਉਧਾਲ ਲਿਆ ਸੀ, ਸ਼ਹੀਦ ਬੰਤਾ ਸਿੰਘ ਧਾਮੀਆਂ ਦੀ ਵਿਧਵਾ ਕਰਮ ਕੌਰ ਨੂੰ ਉਧਾਲ ਕੇ ਬਦਮਾਸ਼ ਸੁੱਚਾ ਸਿੰਘ ਸੰਧਰਾਂ ਵਾਲੇ ਦੇ ਵਸਾ ਦਿੱਤਾ ਸੀ। ਜਗਤੇ ਨੇ ਇਲਾਕੇ ਵਿਚ ਮਨਮਰਜ਼ੀਆਂ ਕਰਨ ਲਈ ਜਵਾਲਾ ਸਿੰਘ ਕਾਠੇ ਅਧਿਕਾਰੇ, ਸੁੱਚਾ ਸਿੰਘ ਤੇ ਜੀਵਨ ਸਿੰਘ ਕਡਿਆਣਾ ਜਿਹੇ ਜ਼ਰਾਇਮ ਪੇਸ਼ਾਵਰਾਂ ਨੂੰ ਨਾਲ ਗੰਢ ਲਿਆ ਸੀ।

ਸਾਧੂ ਸਿੰਘ ਨੇ ਜਗਤੇ ਨੂੰ ਕੁਕਰਮਾਂ ਤੋਂ ਬਾਜ਼ ਆਉਣ ਲਈ ਜੇਲ੍ਹ 'ਚੋਂ ਸੁਨੇਹੇ ਭੇਜੇ ਸਨ, ਪਰ ਉਸ 'ਤੇ ਪੁਲਸ 'ਤੇ ਅੰਗਰੇਜ਼ ਝੋਲੀ ਚੁੱਕਾਂ ਦੀ ਹਮਾਇਤ ਦਾ ਭੂਤ ਸਵਾਰ ਸੀ। ਅਜਿਹੀ ਅੱਤਿਆਚਾਰੀ ਤੇ ਦੁਖਦਾਈ ਹਾਲਤ ਨੂੰ ਦੇਖ ਕੇ ਸਾਧੂ ਸਿੰਘ ਦਾ ਖ਼ੂਨ ਉਬਾਲੇ ਖਾਣ ਲੱਗ ਪਿਆ। ਉਹ ਰੰਧਾਵੇ ਮਸੰਦੀ ਆਇਆ ਅਤੇ ਭਾਨ ਸਿੰਘ ਤੇ ਲਾਭ ਸਿੰਘ ਨਾਲ ਸਲਾਹ ਕਰਕੇ ਦੁਸ਼ਟਾਂ ਨੂੰ ਸਖ਼ਤ ਸਜ਼ਾ ਦੇਣ ਦੀ ਯੋਜਨਾ ਬਣਾਈ। ਅਗਲੇ ਦਿਨ ਮੂੰਹ ਹਨੇਰੇ ਤਿੰਨੇ ਕਡਿਆਣੇ ਪੁੱਜ ਗਏ ਤੇ ਜਗਤੇ ਨੂੰ ਘਰੋਂ ਬਾਹਰ ਲਿਆ ਕੇ ਉਸ ਦੀ ਲਾਸ਼ ਦੇ ਟੁਕੜੇ ਕਰ ਦਿੱਤੇ। ਲਾਸ਼ ਦੇ ਟੁਕੜਿਆਂ ਦੁਆਲੇ ਸੋਹਣ ਸਿੰਘ ਗੰ੍ਥੀ ਨੇ ਧਮਾਲ ਪਾਉਂਦਿਆਂ ਗਾਇਆ ਸੀ :

*ਦੀਵਾ ਬੁਝ ਜਾਵੇ ਫੂਕ ਮਾਰਿਆਂ 'ਤੇ,*
*ਮਚੀ ਅੱਗ ਨੂੰ ਕੌਣ ਬੁਝਾਉਣ ਵਾਲਾ*
*ਪਿੰਜਰੇ ਪਾ ਕੇ ਦੇਸ਼ ਦੇ ਆਸ਼ਕਾਂ ਨੂੰ*
*ਸਾਡੇ ਜੋਸ਼ ਨੂੰ ਕੌਣ ਮਿਟਾਉਣ ਵਾਲਾ।*

ਇਸ ਪਿੱਛੋਂ ਸਾਂਧਰਾ ਦੇ ਸੁੱਚੇ, ਕਡਿਆਣੇ ਦੇ ਲੰਬੜਦਾਰ ਜੀਵਨ ਸਿੰਘ, ਮਹਾਂ ਕੌਰ, ਕਰਮ ਕੌਰ ਅਤੇ ਇਨ੍ਹਾਂ ਨੂੰ ਉਧਾਲਣ ਵਿਚ ਮਦਦ ਕਰਨ ਵਾਲੀ ਸ਼ੇਖ਼ਰੀ ਨੂੰ ਗੋਲੀਆਂ ਨਾਲ ਖ਼ਤਮ ਕਰਕੇ ਤਿੰਨੇ ਰੂਪੋਸ਼ ਹੋ ਗਏ। ਸਾਧੂ ਸਿੰਘ ਸਾਂਧਰਾ ਨੇ ਸੂਸਾਂ ਦੇ ਮਹਿੰਗਾ ਸਿੰਘ ਤੇ ਬਿਸ਼ਨੇ ਦੀ ਮਦਦ ਨਾਲ ਇਲਾਕੇ ਦੇ ਬਦਨਾਮ ਅੰਗਰੇਜ਼ ਝੋਲੀ ਚੁੱਕਾਂ ਦੇ ਸਰਗਨੇ ਪਿੰਡ ਕਾਠੇ ਅਧਿਕਾਰੇ ਦੇ ਜਵਾਲਾ ਸਿੰਘ ਨੂੰ ਵੀ ਗੋਲੀਆਂ ਮਾਰ ਕੇ ਪਾਰ ਕਰ ਦਿੱਤਾ ਸੀ, ਜਿਸ ਨੇ ਹਰਿਆਣਾ ਥਾਣੇ ਦੇ ਆਗਾ ਖ਼ਾ ਥਾਣੇਦਾਰ ਰਾਹੀਂ ਸਾਧੂ ਸਿੰਘ ਅਤੇ ਉਸ ਦੇ ਵੱਡੇ ਭਰਾ ਕਿਸ਼ਨ ਸਿੰਘ ਨੂੰ ਝੂਠੇ ਕੇਸ ਵਿੱਚ ਸਜ਼ਾ ਦੁਆਈ ਸੀ। ਕਿਸ਼ਨ ਸਿੰਘ ਸਜ਼ਾ ਭੁਗਤ ਰਿਹਾ ਸੀ। ਇਕੋ ਦਿਨ ਕੀਤੇ ਗਏ ਛੇ ਕਤਲਾਂ ਨਾਲ ਸਰਕਾਰੀ ਹਲਕਿਆਂ ਵਿਚ ਮਾਤਮ ਛਾ ਗਿਆ ਅਤੇ ਦੇਸ਼ ਭਗਤ ਹਲਕਿਆਂ ਵਿਚ ਨਵੀਂ ਆਸ ਦੀ ਕਿਰਨ ਦਿਖਾਈ ਦੇਣ ਲੱਗ ਪਈ ਸੀ। ਉਨ੍ਹਾਂ ਦੀ ਵਿਸ਼ਵਾਸਘਾਤੀ ਧੰਨਾ ਸਿੰਘ ਕੋਟਲੀ ਬਾਵਾਦਾਸ ਨੂੰ ਸੋਧਣ ਦੀ ਖਾਹਿਸ਼ ਪੂਰੀ ਨਾ ਹੋ ਸਕੀ ਕਿਉਂਕਿ ਉਹ ਸਾਧੂ ਸਿੰਘ ਦੀ ਰਿਹਾਈ ਬਾਰੇ ਸੁਣ ਕੇ ਪਹਿਲਾਂ ਹੀ ਯੂ.ਪੀ. ਵੱਲ ਨਿਕਲ ਗਿਆ ਸੀ। ਇਨ੍ਹਾਂ ਕਤਲਾਂ ਦੀ ਜ਼ਿੰਮੇਵਾਰੀ ਆਪਣੇ ਸਿਰ ਲੈ ਕੇ ਇਨ੍ਹਾਂ ਇਨਕਲਾਬੀਆਂ ਨੇ ਐਲਾਨ ਕੀਤਾ ਕਿ ਉਨ੍ਹਾਂ ਨਵੇਂ ਸਿਰਿਓਂ ਬੱਬਰ ਅਕਾਲੀ ਜਥਾ ਬਣਾ ਲਿਆ ਹੈ।

ਭੱਜ-ਦੌੜ ਵਿੱਚ ਰਾਤ ਵੇਲੇ ਸਫਰ ਕਰਦਿਆਂ ਸਾਧੂ ਸਿੰਘ ਦੇ ਪੈਰ 'ਤੇ ਸੱਪ ਲੜ ਗਿਆ ਤਾਂ ਦਲੇਰੀ ਨਾਲ ਸਾਧੂ ਸਿੰਘ ਨੇ ਆਪਣੇ ਚਾਕੂ ਨਾਲ ਡੰਗ ਵਾਲੀ ਜਗ੍ਹਾ ਤੋਂ ਮਾਸ ਦੀ ਚਾਕਲੀ ਕੱਟ ਕੇ ਜ਼ਹਿਰ ਚੜ੍ਹਨੋਂ ਰੋਕ ਤਾਂ ਲਿਆ, ਪਰ ਪੈਰ ਦਾ ਜ਼ਖ਼ਮ ਭਰ ਗਿਆ ਸੀ। ਇਨ੍ਹਾਂ ਦੀ ਗ੍ਰਿਫ਼ਤਾਰੀ ਦਾ ਐਲਾਨ ਕਰਕੇ ਪੁਲਸ ਹਰਲ-ਹਰਲ ਫਿਰਦੀ ਪਿੱਛਾ ਕਰ ਰਹੀ ਸੀ। ਬਚਾਅ ਲਈ ਤਿੰਨੋਂ ਭਾਨ ਸਿੰਘ ਦੇ ਭਣੋਈਏ ਭੋਲਾ ਸਿੰਘ ਕੋਲ ਮਿੰਟਗੁਮਰੀ ਚਲੇ ਗਏ। ਉਹ ਸੱਪ ਦੇ ਡੰਗੇ ਦਾ ਇਲਾਜ ਜਾਣਦਾ ਸੀ। ਸਾਧੂ ਸਿੰਘ ਦੀ ਗ੍ਰਿਫਤਾਰੀ ਲਈ ਸਰਕਾਰ ਵੱਲੋਂ ਮੁਰੱਬਾ ਤੇ ਪੰਦਰਾਂ ਸੌ ਰੁਪਏ ਇਨਾਮ ਦੇ ਕੀਤੇ ਗਏ ਐਲਾਨ ਨੂੰ ਸੁਣ ਕੇ ਭੋਲਾ ਸਿੰਘ ਬੇਈਮਾਨ ਹੋ ਗਿਆ ਤੇ ਉਸ ਨੇ ਸਾਧੂ ਸਿੰਘ ਨੂੰ ਗ੍ਰਿਫ਼ਤਾਰ ਕਰਾਉਣ ਦੀ ਜੁਗਤ ਬਣਾਈ। 23 ਜੂਨ 1930 ਨੂੰ ਪੁਲਸ ਨੇ ਗਿਆਨੀ ਸੋਹਣ ਸਿੰਘ ਨੂੰ ਕਡਿਆਣੇ ਤੋਂ ਗ੍ਰਿਫ਼ਤਾਰ ਕਰ ਲਿਆ ਤੇ ਉਸ ਨੇ ਭੇਤ ਪੁਲਸ ਨੂੰ ਦੇ ਦਿੱਤਾ।

ਲਾਭ ਸਿੰਘ ਤੇ ਭਾਨ ਸਿੰਘ ਦੀ ਗ੍ਰਿਫ਼ਤਾਰੀ ਤੋਂ ਬਾਅਦ ਭੋਲਾ ਸਿੰਘ ਦੀ ਬੇਈਮਾਨੀ ਨੇ ਸਾਧੂ ਸਿੰਘ ਸਾਂਧਰਾ ਨੂੰ ਗ੍ਰਿਫ਼ਤਾਰ ਕਰਵਾ ਦਿੱਤਾ। ਸਾਧੂ ਸਿੰਘ ਬਨਾਮ ਕਿੰਗ ਐਂਪਰਰ ਦੇ ਨਾਂਅ ਹੇਠ 1930 ਨੂੰ ਹੁਸ਼ਿਆਰਪੁਰ ਦੀ ਸੈਸ਼ਨ ਕੋਰਟ ਵਿਚ ਮੁਕੱਦਮਾ ਸ਼ੁਰੂ ਹੋਇਆ ਅਤੇ ਤਿੰਨਾਂ ਨੂੰ ਫਾਂਸੀ ਦੀ ਸਜ਼ਾ ਦਾ ਹੁਕਮ ਸੁਣਾਇਆ ਗਿਆ। 16 ਮਈ ਫਾਂਸੀ ਤੋਂ ਇੱਕ ਦਿਨ ਪਹਿਲਾਂ ਜਲੰਧਰ ਦੀ ਜੇਲ੍ਹ ਵਿੱਚ ਮੁਲਾਕਾਤ ਨੂੰ ਗਈ ਸਾਧੂ ਸਿੰਘ ਦੀ ਵੱਡੀ ਭਰਜਾਈ ਭਾਗੋ ਤੇ ਵੱਡਾ ਭਤੀਜਾ ਜਗਤ ਸਿੰਘ ਵੱਲੋਂ ਲੇਖਕ ਨੂੰ ਦੱਸਣ ਅਨੁਸਾਰ, "ਸਾਧੂ ਸਿੰਘ ਨੂੰ ਫਾਂਸੀ ਲੱਗਣ ਦਾ ਰਤਾ ਵੀ ਖੌਫ਼ ਨਹੀਂ ਸੀ, ਉਹਦਾ ਚਿਹਰਾ ਦਗ-ਦਗ ਕਰਦਾ ਸੀ। ਦਰੋਗੇ ਨੇ ਸਾਨੂੰ ਕਿਹਾ ਕਿ ਇਹ ਕੱਲ੍ਹ ਤੋਂ ਬਾਅਦ ਤੁਹਾਨੂੰ ਨਹੀਂ ਮਿਲਣਾ, ਖੁੱਲ੍ਹਾ ਸਮਾਂ ਮੁਲਾਕਾਤ ਕਰ ਲਓ। ਚਾਚਾ ਨੂੰ ਇਕੋ ਪਛਤਾਵਾ ਸੀ ਕਿ ਉਹ ਆਪਣੇ ਸਾਥੀਆਂ ਧੰਨਾ ਸਿੰਘ ਬਹਿਬਲਪੁਰ, ਵਰਿਆਮ ਸਿੰਘ ਧੁੱਗਾ, ਬੰਤਾ ਸਿੰਘ ਧਾਮੀਆਂ ਵਾਂਗ ਮੈਦਾਨ-ਏ-ਜੰਗ ਵਿਚ ਦੁਸ਼ਮਣਾਂ ਨਾਲ ਦੋ-ਦੋ ਹੱਥ ਕਰਕੇ ਸ਼ਹੀਦ ਹੋਣਾ ਚਾਹੁੰਦਾ ਸੀ। ਮਾਂ ਨੇ ਚਾਚੇ ਨੂੰ ਕਿਹਾ ਕਿ ਲਾਸ਼ ਅਸੀਂ ਪਿੰਡ ਲੈ ਜਾਣੀ ਹੈ ਤਾਂ ਉਹਨੇ ਜਵਾਬ ਦਿੱਤਾ ਕਿ ਉਸ ਦਾ ਸਸਕਾਰ ਸ਼ਹੀਦ ਸਾਥੀਆਂ ਨਾਲ ਰੰਧਾਵਾ ਮਸੰਦਾਂ ਵਿਚ ਹੀ ਕੀਤਾ ਜਾਵੇ।"

ਅਗਲੇ ਦਿਨ ਸਵੇਰੇ ਹੀ ਜਲੰਧਰ ਦੀ ਜੇਲ੍ਹ ਵਿਚ ਭਾਨ ਸਿੰਘ, ਲਾਭ ਸਿੰਘ ਅਤੇ ਸਾਧੂ ਸਿੰਘ ਨੂੰ ਫਾਂਸੀ ਲਟਕਾ ਕੇ ਸ਼ਹੀਦ ਕਰ ਦਿੱਤਾ ਗਿਆ। ਤਿੰਨਾਂ ਦੀਆਂ ਲਾਸ਼ਾਂ ਗੱਡੇ 'ਤੇ ਲੱਦ ਕੇ ਰੰਧਾਵਾ ਮਸੰਦਾਂ ਲਿਆਂਦੀਆਂ ਗਈਆਂ ਤੇ ਇਕੱਠਿਆਂ ਦਾ ਸਸਕਾਰ ਕੀਤਾ ਗਿਆ।

**# ਸੰਪਰਕ : 97806-02066**

# ਏ ਆਈ ਦਾ ਮਨੁੱਖੀ ਜੀਵਨ 'ਤੇ ਪ੍ਰਭਾਵ


ਸੰਜੀਵ ਸਿੰਘ ਸੈਣੀ

ਅੱਜ ਏ ਆਈ ਦਾ ਜ਼ਮਾਨਾ ਹੈ। ਇਸ ਦੇ ਆਉਣ ਨਾਲ ਕਈ ਖੇਤਰਾਂ ਵਿੱਚ ਬਹੁਤ ਵੱਡਾ ਬਦਲਾਵ ਆਉਣਾ ਸ਼ੁਰੂ ਹੋ ਚੁੱਕਿਆ ਹੈ। ਅਸੀਂ ਕਦੇ ਵੀ ਇਹ ਕਿਆਸ ਨਹੀਂ ਲਗਾਇਆ ਸੀ ਕਿ ਸਾਡਾ ਭਵਿੱਖ ਏਨਾ ਬਦਲ ਜਾਵੇਗਾ । ਮਾਨਵੀ ਕਦਰਾਂ-ਕੀਮਤਾਂ ਦੇ ਧਾਰਨੀ ਲੋਕ ਇਹ ਵਿਚਾਰ ਕਰ ਰਹੇ ਹਨ ਕਿ ਡਿਜੀਟਲ ਯੁੱਗ ਵਿੱਚ ਮਾਨਵਤਾ ਕਾਇਮ ਰਹਿ ਸਕੇਗੀ ? ਕੀ ਮਨੁੱਖ ਮਸ਼ੀਨ ਬਣ ਕੇ ਤਾਂ ਨਹੀਂ ਰਹਿ ਜਾਵੇਗਾ ? ਕੀ ਆਉਣ ਵਾਲੇ ਸਮੇਂ ਵਿੱਚ ਮਸ਼ੀਨਾਂ ਹੀ ਸਮਾਜ ਨੂੰ ਚਲਾਉਣਗੀਆਂ। ਆਖਿਰ ਮਨੁੱਖ ਕਿੱਥੇ ਜਾਵੇਗਾ ? ਅਜਿਹੀ ਵਿੱਚ ਰੂਹ ਕੰਬਣੀ ਤਾਂ ਸੁਭਾਵਿਕ ਹੀ ਹੈ, ਕਿਉਂਕਿ ਜੋ ਕੁਝ ਵਰਤ ਰਿਹਾ ਹੈ, ਉਹ ਬਹੁਤ ਹੀ ਹੈਰਾਨੀਜਨਕ ਹੈ । ਅੱਜ ਤੋਂ ਕੁਝ ਸਾਲਾਂ ਪਹਿਲਾਂ ਕੰਮ ਕਰਨ ਲਈ ਕਈ ਕਈ ਦਿਨ ਲੱਗ ਜਾਂਦੇ ਸਨ ਤੇ ਖਰਚਾ ਵੀ ਬਹੁਤ ਹੁੰਦਾ ਸੀ। ਬੇਰੁਜ਼ਗਾਰੀ ਵੀ ਵਧ ਗਈ ਹੈ । ਕਿਸੇ ਅਦਾਰੇ ਵਿੱਚ ਕਿੰਨੇ ਲੋਕ ਕੰਮ ਕਰਦੇ ਸਨ, ਉਹੀ ਕੰਮ ਕੰਪਿਊਟਰ 'ਤੇ ਹੋ ਰਿਹਾ ਹੈ । ਦੇਖਿਆ ਹੀ ਹੈ ਕਿ ਫਾਸਟ ਟੈਗ ਆਉਣ ਕਾਰਨ ਟੋਲ ਇਕੱਠਾ ਕਰਨ ਵਾਲਿਆਂ ਦੀ ਗਿਣਤੀ ਘਟ ਗਈ ਹੈ, ਪਰ ਅੱਜਕੱਲ੍ਹ ਏ ਆਈ ਕਾਰਨ ਇਹ ਸਭ ਕੁਝ ਕੁਝ ਘੰਟਿਆਂ, ਮਿੰਟਾਂ, ਸਕਿੰਟਾਂ ਵਿੱਚ ਹੋ ਜਾਂਦਾ ਹੈ । ਅੱਜ ਏ ਆਈ ਸਭ ਕੁਝ ਪ੍ਰਭਾਵਤ ਕਰਨ ਦੀ ਮੁਹਾਰਤ ਰੱਖਦਾ ਹੈ । ਮਾਹਰ ਤਾਂ ਇੱਥੋਂ ਤੱਕ ਕਹਿ ਰਹੇ ਹਨ ਕਿ ਘਰਾਂ ਵਿੱਚ ਕੰਮ ਕਰਨ ਲਈ ਰੋਬੋਟ ਤੱਕ ਆ ਜਾਣਗੇ । ਆਰਟੀਫੀਸ਼ੀਅਲ ਇੰਟੈਲੀਜੈਂਸ ਦਾ ਮਨੁੱਖੀ ਜੀਵਨ 'ਤੇ ਕੀ ਪ੍ਰਭਾਵ ਪਵੇਗਾ, ਮਾਹਰ ਵੀ ਇਸ ਨੂੰ ਚੰਗੀ ਤਰ੍ਹਾਂ ਨਹੀਂ ਦੱਸ ਰਹੇ। ਸੋਸ਼ਲ ਮੀਡੀਆ ਦਾ ਜ਼ਮਾਨਾ ਹੈ, ਜਿਸ ਕਾਰਨ ਹਰ ਇਨਸਾਨ ਦੇ ਹੱਥ ਵਿੱਚ ਮੋਬਾਇਲ ਹੈ। ਸੋਸ਼ਲ ਮੀਡੀਆ 'ਤੇ ਵੱਖ-ਵੱਖ ਸਾਈਟਾਂ 'ਤੇ ਆਪਣੇ ਅਕਾਊਂਟ ਬਣਾ ਕੇ ਫੋਲੋਵਰਜ਼ ਦੀ ਗਿਣਤੀ ਨੂੰ ਵਧਾ ਰਿਹਾ ਹੈ। ਉੱਥੇ ਲੋਕਾਂ ਦੇ ਮਿਲੇ ਕੁਮੈਂਟਸ ਮਨ ਦੀ ਅਵਸਥਾ ਨੂੰ ਨਿਰਧਾਰਿਤ ਕਰ ਰਹੇ ਹਨ । ਦੇਖਦੇ ਹਾਂ ਕਿ ਹਰ ਪੰਜ ਮਿੰਟ ਬਾਅਦ ਜੇ ਕੋਈ ਮੈਸੇਜ ਨਾ ਆਇਆ ਤਾਂ ਸਾਨੂੰ ਤੋੜ ਲੱਗਣ ਲੱਗ ਜਾਂਦੀ ਹੈ। ਇੰਟਰਨੈੱਟ ਨੇ ਬਹੁਤ ਕੁਝ ਦਿੱਤਾ । ਮੌਸਮ, ਚੀਜ਼ਾਂ, ਹੋਰ ਵੀ ਕੋਈ ਜਾਣਕਾਰੀ ਨਾਲ ਇਨਸਾਨੀ ਜੀਵਨ ਆਸਾਨ ਤਾਂ ਬਣ ਗਿਆ, ਪਰ ਇਨਸਾਨ ਨੂੰ ਗੁਲਾਮ ਬਣਾ ਕੇ ਰੱਖ ਦਿੱਤਾ । ਸੋਸ਼ਲ ਮੀਡੀਆ 'ਤੇ ਗਲਤ ਗੇਮ ਡਾਊਨਲੋਡ ਕਰਕੇ ਕਈ ਬੱਚਿਆਂ ਦੀ ਜਾਨ ਤੱਕ ਚਲੀ ਗਈ। ਕਾਰਨ ਸੀ ਕਿ ਉਹਨਾਂ ਦੀ ਜ਼ਿੰਦਗੀ ਵਿੱਚ ਸੋਸ਼ਲ ਮੀਡੀਆ ਨੇ ਬਹੁਤ ਅਹਿਮ ਥਾਂ ਬਣਾ ਲਈ। ਰਿਸ਼ਤੇਦਾਰੀ ਨੂੰ ਖਤਮ ਕਰ ਦਿੱਤਾ। ਆਪਸੀ ਪਿਆਰ, ਪ੍ਰੀਤ ਖਤਮ ਹੋ ਚੁੱਕਿਆ ਹੈ । ਕਿਸੇ ਕੋਲ ਵੇਲਾ ਹੀ ਨਹੀਂ ਕਿ ਕਿਸੇ ਦੇ ਦੁੱਖ ਵਿੱਚ ਸ਼ਰੀਕ ਹੋ ਸਕੇ । ਸਾਡੇ ਪਰਵਾਰਾਂ ਵਿੱਚੋਂ ਤੇ ਖਾਸ ਕਰ ਨਵੀਂ ਪੀੜ੍ਹੀ ਵਿੱਚੋਂ ਰਿਸ਼ਤਿਆਂ ਦਾ ਨਿੱਘ ਅਤੇ ਰਿਸ਼ਤਿਆਂ ਦੀ ਖਿੱਚ ਖਤਮ ਹੁੰਦੀ ਜਾ ਰਹੀ ਹੈ । ਮਨੁੱਖ ਦਾ ਮਨੁੱਖ ਨਾਲੋਂ ਸੰਵਾਦ ਖਤਮ ਹੋ ਰਿਹਾ ਹੈ ।ਸਿੱਧਾ ਰਿਸ਼ਤਾ ਸਕਰੀਨ ਨਾਲ ਜੁੜ ਰਿਹਾ ਹੈ। ਬੱਚਿਆਂ ਦੇ ਮਨਾਂ ਵਿੱਚ ਇਹ ਤਕਨੀਕਾਂ ਮਨੁੱਖੀ ਰਿਸ਼ਤਿਆਂ ਦੇ ਗੁਣਾਂ ਨੂੰ ਉਪਜਣ ਤੋਂ ਰੋਕ ਰਹੀਆਂ ਹਨ । ਏ ਆਈ ਤੇ ਹੋਰ ਜੀ ਪੀ ਟੀ ਵਰਗੀਆਂ ਐਪਸ ਜਿੱਥੇ ਅੱਜਕੱਲ੍ਹ ਦੀ ਨੌਜਵਾਨੀ ਦਾ ਜੀਵਨ ਸੁਖਾਲਾ ਤਾਂ ਬਣਾ ਰਹੀਆਂ ਹਨ, ਪਰ ਮਾਨਸਿਕ ਤੇ ਸਰੀਰਕ ਨੁਕਸਾਨ ਵੀ ਹੋ ਰਿਹਾ ਹੈ।ਉੱਥੇ ਉਹਨਾਂ ਨੂੰ ਨੈਤਿਕ ਕਦਰਾਂ-ਕੀਮਤਾਂ ਤੋਂ ਵੀ ਦੂਰ ਕਰ ਰਹੀਆਂ ਹਨ। ਉਦਾਹਰਣ ਦੇ ਤੌਰ ਤੋਂ ਜੈੱਨ ਜੀ ਅੱਜ ਨਵੀਂ ਸੋਚ ਦਾ ਨਤੀਜਾ ਹੈ।



ਅੱਜ ਅਖਬਾਰਾਂ, ਕਿਤਾਬਾਂ, ਰਸਾਲਿਆਂ ,ਯਾਨੀ ਪ੍ਰਿੰਟ ਮੀਡੀਆ ਨਾਲ ਨੌਜਵਾਨੀ ਦਾ ਰਿਸ਼ਤਾ ਖਤਮ ਹੁੰਦਾ ਜਾ ਰਿਹਾ ਹੈ। ਇਹ ਚੀਜ਼ਾਂ ਤਾਂ ਮਨੁੱਖ ਦੀ ਸੁੱਖ-ਸੁਵਿਧਾ ਨੂੰ ਆਸਾਨ ਕਰਨ ਲਈ ਬਣਾਈਆਂ ਗਈਆਂ ਸਨ। ਕੁਦਰਤ ਨੇ ਮਨੁੱਖ ਨੂੰ ਸੁਚੱਜੀ ਬੁੱਧੀ ਦੇ ਕੇ ਨਿਵਾਜਿਆ ਹੈ ।ਮਨੁੱਖ ਕੋਲ ਬਹੁਤ ਤਾਕਤ ਹੈ, ਪਰ ਅਜੋਕੇ ਮਨੁੱਖ ਨੇ ਨਿੱਜਤਾ ਨੂੰ ਪਹਿਲ ਦੇ ਕੇ ਸਰਬਤ ਦੇ ਭਲੇ ਨੂੰ ਨਕਾਰ ਦਿੱਤਾ ਹੈ। ਪੈਸੇ ਦੀ ਹੋੜ ਜ਼ਿਆਦਾ ਹੈ । ਅੱਜ ਸਾਰੀ ਦੁਨੀਆ ਇਨਸਾਨ ਦੀ ਮੁੱਠੀ ਵਿੱਚ ਹੈ, ਪਰ ਅਸੀਂ ਆਪਣੇ ਆਪ ਤੋਂ ਦੂਰ ਹਾਂ ,ਅਸੀਂ ਆਪਣਾ ਅੰਦਰਲਾ ਕਦੇ ਫਰੋਲਿਆ ਹੀ ਨਹੀਂ, ਸਗੋਂ ਜੋ ਸਾਨੂੰ ਸੋਸ਼ਲ ਮੀਡੀਆ ਦਿਖਾ ਰਿਹਾ ਹੈ, ਉਸ ਦੇ ਜਾਲ ਵਿੱਚ ਫਸ ਕੇ ਅਸੀਂ ਆਪਣਾ ਆਪਾ ਹੀ ਗਵਾ ਰਹੇ ਹਾਂ। ਆਉਣ ਵਾਲਾ ਸਮਾਂ ਕਿਹੋ ਜਿਹਾ ਹੋਵੇਗਾ ? ਜਦੋਂ ਸਾਰਾ ਕੁਝ ਮਸ਼ੀਨਾਂ ਸਾਂਭ ਲੈਣਗੀਆਂ ਤਾਂ ਕਿਥੇ ਮਨੁੱਖ ਵਿਹਲਾ ਤਾਂ ਨਹੀਂ ਹੋ ਜਾਵੇਗਾ ? ਅਕਸਰ ਕਿਹਾ ਜਾਂਦਾ ਹੈ ਕਿ ਖਾਲੀ ਦਿਮਾਗ ਸ਼ੈਤਾਨ ਦਾ ਘਰ ਹੁੰਦਾ ਹੈ । ਇਨਸਾਨ 'ਤੇ ਕੀ ਵਾਪਰੇਗੀ ? ਜਦੋਂ ਏ ਆਈ ਪੂਰੀ ਤਰ੍ਹਾਂ ਇਨਸਾਨ ਦਾ ਕੰਮ ਕਰੇਗੀ, ਇਨਸਾਨ ਦੀ ਜ਼ਿੰਦਗੀ ਕਿਹੋ ਜਿਹੀ ਹੋ ਜਾਵੇਗੀ ? ਜੇ ਬੱਚਿਆਂ ਦੀ ਗੱਲ ਕਰੀਏ ਤਾਂ ਦਸ ਕੁ ਸਾਲ ਪਹਿਲਾਂ ਸ਼ਾਮ ਨੂੰ ਸਾਰੇ ਬੱਚੇ ਗਰਾਊਂਡ ਵਿੱਚ ਖੇਡਣ ਜਾਂਦੇ ਸਨ, ਸਰੀਰਕ ਵਿਕਾਸ ਹੁੰਦਾ ਸੀ ।ਅੱਜ ਸਕੂਲਾਂ ਤੋਂ ਆ ਕੇ ਬੱਚਿਆਂ ਦਾ ਸਾਰਾ ਸਮਾਂ ਸਕਰੀਨ 'ਤੇ ਗੁਜ਼ਰ ਰਿਹਾ ਹੈ। ਦੇਖ ਰਹੇ ਹਾਂ ਕਿ ਬੱਚੇ ਉਸੇ ਤਰ੍ਹਾਂ ਵੱਡੇ ਹੋ ਰਹੇ ਹਨ ,ਉਸੇ ਤਰ੍ਹਾਂ ਜ਼ਿੰਦਗੀ ਚੱਲ ਰਹੀ ਹੈ।

ਅੱਜ ਮੋਬਾਇਲ ਦੀ ਜਕੜ ਵਿੱਚ ਹਰ ਇਨਸਾਨ ਹੈ । ਹਰ ਉਮਰ ਦਾ ਵਿਅਕਤੀ ਦੇ ਹੱਥ ਵਿੱਚ ਮੋਬਾਇਲ ਹੈ, ਪਰ ਮੋਬਾਇਲ ਦਾ ਏਨਾ ਗੁਲਾਮ ਬਣ ਕੇ ਰਹਿ ਜਾਵੇਗਾ, ਕਿਸੇ ਨੇ ਸੋਚਿਆ ਤੱਕ ਨਹੀਂ ਸੀ। ਤਕਨੀਕਾਂ ਦੱਸ ਰਹੀਆਂ ਹਨ ਕਿ ਜੋ ਮਨੁੱਖੀ ਦਿਮਾਗ ਹੈ, ਉਹ ਵੀ ਚਿੱਪ ਨਾਲ ਚੱਲੇਗਾ, ਜਿਸ ਦਾ ਕੰਟਰੋਲ ਵੀ ਤਕਨੀਕ ਦੇ ਹੱਥ ਹੋਵੇਗਾ ।

ਪੰਜਾਬ ਦੇ ਅੰਮ੍ਰਿਤਸਰ ਸ਼ਹਿਰ ਵਿੱਚ 'ਮੋਬਾਇਲ ਅਡਿਕਸ਼ਨ ਸੈਂਟਰ' ਖੋਲ੍ਹਿਆ ਗਿਆ ਹੈ। ਤਾਂ ਜੋ ਲੋਕਾਂ ਨੂੰ ਮੋਬਾਇਲ ਤੋਂ ਦੂਰੀ ਬਾਰੇ ਦੱਸਿਆ ਜਾ ਸਕੇ । ਅੱਜ ਮੋਬਾਇਲ ਕਾਰਨ ਦੁਰਘਟਨਾਵਾਂ ਵਾਪਰ ਰਹੀਆਂ ਹਨ। ਸੋਸ਼ਲ ਮੀਡੀਆ ਦੀ ਦੁਰਵਰਤੋਂ ਕਰਨ ਨਾਲ ਲੋਕ ਮਾਨਸਿਕ ਤਣਾਅ, ਮਾਈਗ੍ਰੇਨ, ਡਿਪਰੈਸ਼ਨ ਉਨੀਂਦਰਾਪਣ, ਹੋਰ ਕਈ ਬਿਮਾਰੀਆਂ ਦੇ ਸ਼ਿਕਾਰ ਹੋ ਰਹੇ ਹਨ ।ਛੋਟੇ ਬੱਚਿਆਂ ਦੀਆਂ ਅੱਖਾਂ 'ਤੇ ਚਸ਼ਮੇ ਚੜ੍ਹ ਚੁੱਕੇ ਹਨ । ਡਿਜੀਟਲ ਤਕਨੀਕਾਂ, ਡਿਜੀਟਲ ਨਸਲਾਂ ਮਨੁੱਖੀ ਸਰੀਰ ਨੂੰ ਖਤਮ ਕਰ ਰਹੀਆਂ ਹਨ। ਬੱਚੇ ਸਾਡਾ ਕੱਲ ਦਾ ਭਵਿੱਖ ਹਨ । ਬਾਲ ਮਨਾਂ ਨੂੰ ਕਿਸ ਤਰ੍ਹਾਂ ਸਵਾਰਨਾ ਹੈ, ਇਹ ਸਾਡੇ ਅਧਿਆਪਕਾਂ ਤੇ ਮਾਪਿਆਂ, ਸਮਾਜ ਦੀ ਜ਼ਿੰਮੇਵਾਰੀ ਬਣਦੀ ਹੈ । ਤਕਨੀਕਾਂ ਨਵੀਂਆਂ-ਨਵੀਂਆਂ ਆਉਣਗੀਆਂ, ਪਰ ਮਨੁੱਖ ਵਿੱਚੋਂ ਮਾਨਵਤਾ ਖ਼ਤਮ ਨਾ ਹੋ ਜਾਵੇ, ਇਸ ਨੂੰ ਬਣਾਈ ਰੱਖਣ ਲਈ ਸਾਡੀ ਸਾਰਿਆਂ ਦੀ ਜ਼ਿੰਮੇਵਾਰੀ ਬਣਦੀ ਹੈ।

**# ਸੰਪਰਕ : 78889-66168**

# ਰਾਜਨੀਤਿਕ ਬਿਰਤਾਂਤ ਅਤੇ ਸੂਬੇ ਦੇ ਭਾਈਚਾਰੇ ਦੀ ਟੁੱਟ-ਭੱਜ


ਡਾ. ਸਰਬਜੀਤ ਸਿੰਘ

ਲੋਕਤੰਤਰ ਦੀ ਖ਼ੂਬਸੂਰਤ ਪ੍ਰਕਿਰਿਆ ਵਿੱਚ ਕੇਂਦਰ ਅਤੇ ਸੂਬੇ ਦੀਆਂ ਸਰਕਾਰਾਂ ਆਪਣੇ-ਆਪਣੇ ਦਾਇਰੇ ਅਤੇ ਹੱਕਾਂ ਨਾਲ ਅੱਗੇ ਵਧਦੀਆਂ ਹਨ ਅਤੇ ਵਿਕਾਸ ਮੁਖੀ ਮਾਡਲ ਦੀ ਗੱਲ ਕਰਦੀਆਂ ਹੋਈਆਂ ਲੋਕਾਂ ਨੂੰ ਇਹ ਅਹਿਸਾਸ ਕਰਾਉਂਦੀਆਂ ਹਨ ਕਿ ਉਹ ਉਹਨਾਂ ਦੇ ਹਿੱਤ ਲਈ ਕਾਰਜ ਕਰ ਰਹੀਆਂ ਹਨ। ਗੱਲ ਪੰਜਾਬ ਸੂਬੇ ਦੀ ਕਰੀਏ ਤਾਂ ਪਿਛਲੇ ਕੁਝ ਦਿਨਾਂ ਤੋਂ ਰਾਜਨੀਤਿਕ ਬਿਰਤਾਂਤ ਸਿਰਜੇ ਜਾ ਰਹੇ ਹਨ। ਇੱਕ ਪਾਸੇ ਸੂਬੇ ਦੀਆਂ ਬਹੁਤ ਸਾਰੀਆਂ ਚੁਣੌਤੀਆਂ ਹਨ। ਇਸ ਵਿੱਚ ਨੌਜਵਾਨਾਂ ਦਾ ਰੁਜ਼ਗਾਰ, ਸੂਬੇ ਦੀ ਆਰਥਿਕ ਸਥਿਤੀ, ਪੇਂਡੂ ਅਤੇ ਸ਼ਹਿਰੀ ਖੇਤਰ ਦਾ ਵਿਕਾਸ, ਸਿੱਖਿਆ ਪ੍ਰਣਾਲੀ, ਹਸਪਤਾਲਾਂ ਦੀ ਹਾਲਤ ਅਤੇ ਸਭ ਤੋਂ ਵੱਡੀ ਸਮੱਸਿਆ ਸੂਬੇ ਦੇ ਵਸਨੀਕਾਂ ਦੀ ਜਾਨ-ਮਾਲ ਦੀ ਰਾਖੀ ਅਤੇ ਨਸ਼ਾ ਮੁਕਤ ਕਰਨ ਦਾ ਸੰਕਲਪ ਹੈ। ਤਾਜ਼ਾ ਸਥਿਤੀ ਦੀ ਜੇਕਰ ਗੱਲ ਕਰੀਏ ਤਾਂ ਸੂਬੇ ਅੰਦਰ ਕੇਂਦਰੀ ਸੱਤਾ ਅਤੇ ਸੂਬੇ ਦੀ ਸੱਤਾ ਅੰਦਰ ਇੱਕ ਰਾਜਨੀਤਕ ਦੌੜ ਚੱਲ ਰਹੀ ਹੈ। ਸੰਵਿਧਾਨ ਦੀ ਤਾਕਤ ਨਾਲ ਜਾਂਚ ਏਜੰਸੀਆਂ ਆਪਣੀ-ਆਪਣੀ ਤਰਜ 'ਤੇ ਅੱਗੇ ਵਧ ਰਹੀਆਂ ਹਨ। ਇੱਕ ਪਾਸੇ ਕੇਂਦਰੀ ਜਾਂਚ ਏਜੰਸੀਆਂ ਹਨ ਤੇ ਦੂਜੇ ਪਾਸੇ ਸੂਬੇ ਦੀਆਂ ਏਜੰਸੀਆਂ ਹਨ। ਜਦੋਂ ਕੇਂਦਰੀ ਏਜੰਸੀਆਂ ਸੂਬੇ ਦੇ ਕਿਸੇ ਵੱਡੇ ਰਾਜਨੀਤਿਕ ਵਿਅਕਤੀ ਨੂੰ ਆਪਣੀ ਜਾਂਚ ਦੇ ਘੇਰੇ ਵਿੱਚ ਸ਼ਾਮਿਲ ਕਰਦੀਆਂ ਹਨ ਤਾਂ ਸੂਬੇ ਦੀ ਸੱਤਾ 'ਤੇ ਕਾਬਜ਼ ਧਿਰ ਇਹ ਇਲਜਾਮ ਲਾਉਂਦੀ ਹੈ ਕਿ ਇਹ ਗਲਤ ਹੋ ਰਿਹਾ ਹੈ, ਪਰ ਜਦੋਂ ਸੂਬੇ ਦੀਆਂ ਜਾਂਚ ਏਜੰਸੀਆਂ ਸੱਤਾ ਤੋਂ ਉਲਟ ਰਾਜਨੀਤਿਕ ਪਾਰਟੀਆਂ ਦੇ ਵਿਅਕਤੀਆਂ ਨੂੰ ਆਪਣੀ ਜਾਂਚ ਦੇ ਘੇਰੇ ਵਿੱਚ ਸ਼ਾਮਿਲ ਕਰਦੀਆਂ ਹਨ ਤਾਂ ਸੂਬਾ ਸਰਕਾਰ ਉਹਨਾਂ ਨੂੰ ਕਾਨੂੰਨ ਅਨੁਸਾਰ ਕੀਤੀ ਜਾ ਰਹੀ ਕਾਰਵਾਈ ਦੱਸਦੀ ਹੈ। ਪਿਛਲੇ ਕੁਝ ਸਮੇਂ ਤੋਂ ਕੇਂਦਰੀ ਜਾਂਚ ਏਜੰਸੀਆਂ ਸੂਬੇ ਦੀ ਰਾਜਨੀਤੀ ਅਤੇ ਪ੍ਰਸ਼ਾਸਨਿਕ ਅਹੁਦਿਆਂ 'ਤੇ ਬੈਠੇ ਪ੍ਰਭਾਵਸ਼ੀਲ ਵਿਅਕਤੀਆਂ ਨੂੰ ਆਪਣੀ ਜਾਂਚ ਦੇ ਘੇਰੇ ਵਿੱਚ ਲੈ ਰਹੀਆਂ ਹਨ ਅਤੇ ਜਾਂਚ ਨੂੰ ਅੱਗੇ ਵਧਾ ਰਹੀਆਂ ਹਨ। ਅਜਿਹੀ ਸਥਿਤੀ ਵਿੱਚ ਸੂਬੇ ਦੀ ਸੱਤਾ 'ਤੇ ਕਾਬਜ ਰਾਜਨੀਤਿਕ ਪਾਰਟੀ, ਨਵੇਂ ਰਾਜਨੀਤਕ ਬਿਰਤਾਂਤ ਨੂੰ ਲੈ ਕੇ ਅੱਗੇ ਵਧਣਾ ਚਾਹੁੰਦੀ ਹੈ। ਉਹ ਆਪਣੇ ਧਰਨੇ, ਮੁਜ਼ਾਹਰਿਆਂ ਨੂੰ ਕੇਂਦਰੀ ਸੱਤਾ 'ਤੇ ਕਾਬਜ਼ ਰਾਜਨੀਤਕ ਪਾਰਟੀ ਦੇ ਸਨਮੁੱਖ ਕੇਂਦਰਤ ਕਰਨਾ ਚਾਹੁੰਦੀ ਹੈ। ਇਸ ਸਥਿਤੀ ਨਾਲ ਸੂਬੇ ਦੇ ਵਸਨੀਕ ਜੋ ਰਾਜਨੀਤਕ ਤੌਰ 'ਤੇ ਵੱਖ ਵੱਖ ਪਾਰਟੀਆਂ ਨਾਲ ਸੰਬੰਧ ਰੱਖਦੇ ਹਨ, ਆਪਸ ਵਿੱਚ ਇੱਕ-ਦੂਜੇ ਦੇ ਉਲਟ ਖੜੇ ਨਜ਼ਰ ਆ ਰਹੇ ਹਨ। ਮੀਡੀਆ ਰਿਪੋਰਟਾਂ ਤੋਂ ਅੰਦਾਜ਼ਾ ਲਗਾ ਸਕਦੇ ਹਾਂ ਕਿ ਕਿਸ ਕਦਰ ਲੋਕ ਆਪਣੇ ਆਪਣੇ ਰਾਜਨੀਤਿਕ ਅਕਾਵਾਂ ਨੂੰ ਖੁਸ਼ ਰੱਖਣ ਲਈ ਕਿਸੇ ਵੀ ਹੱਦ ਤੱਕ ਜਾਣ ਲਈ ਤਿਆਰ ਹਨ। ਸ਼ਾਇਦ ਪੰਜਾਬ ਜਿਹੇ ਸੂਬੇ ਵਿੱਚ ਜਿੱਥੇ ਲੋਕ ਸਭ ਧਰਮਾਂ ਦਾ ਸਨਮਾਨ ਕਰਦੇ ਹਨ ਅਤੇ ਭਾਈਚਾਰਕ ਸਾਂਝ ਨਾਲ ਜੀਵਨ ਬਤੀਤ ਕਰ ਰਹੇ ਹਨ, ਉਹਨਾਂ ਲਈ ਇਹ ਸਥਿਤੀ ਹੈ ਕਿ ਉਹ ਆਪਸ ਵਿੱਚ ਇੱਕ-ਦੂਜੇ ਦੇ ਆਹਮੋ-ਸਾਹਮਣੇ ਖੜੇ ਨਜ਼ਰ ਆ ਰਹੇ ਹਨ। ਇੱਥੇ ਮਸਲਾ ਇਹ ਪੈਦਾ ਹੁੰਦਾ ਹੈ ਕਿ ਕੀ ਸੂਬੇ ਦੀਆਂ ਸਾਰੀਆਂ ਮੁਢਲੀਆਂ ਜ਼ਰੂਰਤਾਂ ਪੂਰੀਆਂ ਹੋ ਚੁੱਕੀਆਂ ਹਨ। ਅਸੀਂ ਸੂਬੇ ਦੇ ਵਸਨੀਕਾਂ ਨੂੰ ਸਿਰਫ ਇੱਕੋ ਰਾਜਨੀਤਕ ਏਜੰਡੇ 'ਤੇ ਕੇਂਦਰਤ ਕਰਕੇ ਕੀ ਦੱਸਣਾ ਚਾਹੁੰਦੇ ਹਾਂ। ਪੰਜਾਬ ਜੋ ਕਿ ਸਰਹੱਦੀ ਖੇਤਰ ਦੇ ਨਾਲ ਲੱਗਦਾ ਇੱਕ ਸੂਬਾ ਹੈ, ਜਿਸ ਦੀਆਂ ਪਹਿਲਾਂ ਹੀ ਕਈ ਵੰਗਾਰਾਂ ਹਨ। ਅਜਿਹੀ ਸਥਿਤੀ ਵਿੱਚ ਜੇਕਰ ਅਸੀਂ ਸੂਬੇ ਦੇ ਆਪਸੀ ਭਾਈਚਾਰੇ ਨੂੰ ਵੀ ਇਸ ਤਰ੍ਹਾਂ ਪ੍ਰਭਾਵਿਤ ਕਰਾਂਗੇ ਤਾਂ ਇਸ ਸੂਬੇ ਦਾ ਭਵਿੱਖ ਕੀ ਹੋਵੇਗਾ। ਅੱਜ ਸੂਬੇ ਦੇ ਵਸਨੀਕ ਵੱਖ-ਵੱਖ ਤਰ੍ਹਾਂ ਦੀਆਂ ਚੁਣੌਤੀਆਂ ਦੇ ਨਾਲ ਦੋ-ਚਾਰ ਹੋ ਰਹੇ ਹਨ, ਜਿਸ ਵਿੱਚ ਰੋਜ਼ਮਰ੍ਹਾ ਦੀਆਂ ਜ਼ਰੂਰਤਾਂ ਨੂੰ ਪੂਰਾ ਕਰਨ ਲਈ ਉਹਨਾਂ ਦੀ ਆਰਥਿਕ ਸਥਿਤੀ ਚੰਗੀ ਨਹੀਂ ਹੈ। ਸੂਬੇ ਅੰਦਰ ਰੁਜ਼ਗਾਰ ਦੀ ਘਾਟ ਹੈ। ਨਿੱਤ ਵਾਪਰਦੀਆਂ ਕਤਲੋਗਾਰਤ ਅਤੇ ਫਿਰੌਤੀ ਦੀਆਂ ਘਟਨਾਵਾਂ ਨੇ ਸੂਬੇ ਦੇ ਵਸਨੀਕਾਂ ਅੰਦਰ ਸਹਿਮ ਪੈਦਾ ਕੀਤਾ ਹੋਇਆ ਹੈ। ਖਾਸ ਕਰਕੇ ਉੱਚ ਸਿੱਖਿਆ ਦੇ ਖੇਤਰ ਵਿੱਚ ਪਿਛਲੇ ਕਈ ਸਾਲਾਂ ਤੋਂ ਕਾਲਜਾਂ ਵਿੱਚ ਰੈਗੂਲਰ ਅਧਿਆਪਕਾਂ ਦੀ ਘਾਟ ਹੈ, ਜਿਸ ਕਾਰਨ ਧੜਾਧੜ ਖੁੱਲ੍ਹ ਰਹੀਆਂ ਪ੍ਰਾਈਵੇਟ ਯੂਨੀਵਰਸਿਟੀਆਂ ਨੇ ਆਰਥਿਕ ਤੌਰ 'ਤੇ ਸੂਬੇ ਦੇ ਵਸਨੀਕਾਂ ਨੂੰ ਵੱਡੀ ਸੱਟ ਮਾਰੀ ਹੈ। ਆਮ ਲੋਕਾਂ ਦੀ ਸਿੱਖਿਆ ਅਤੇ ਸਿਹਤ ਸਹੂਲਤਾਂ ਦਾ ਪ੍ਰਬੰਧ ਕਰਨ ਦੀ ਜ਼ਿੰਮੇਵਾਰੀ ਸਰਕਾਰ ਦੀ ਹੈ, ਪਰ ਜ਼ਮੀਨੀ ਪੱਧਰ 'ਤੇ ਪ੍ਰਾਈਵੇਟ ਹਸਪਤਾਲਾਂ ਅਤੇ ਪ੍ਰਾਈਵੇਟ ਵਿਦਿਅਕ ਅਦਾਰਿਆਂ ਦੀ ਲੁੱਟ ਨੇ ਆਮ ਲੋਕਾਂ ਦੀ ਜ਼ਿੰਦਗੀ ਮੁਸ਼ਕਲ ਕਰ ਦਿੱਤੀ ਹੈ। ਆਪਣੇ ਬੱਚਿਆਂ ਨੂੰ ਪੜ੍ਹਾਉਣ ਲਈ ਵਿਅਕਤੀ ਨੂੰ ਆਪਣੀ ਜ਼ਿੰਦਗੀ ਭਰ ਦੀ ਕਮਾਈ ਦੇਣੀ ਪੈ ਰਹੀ ਹੈ। ਅਜਿਹੀ ਹਾਲਤ ਹੀ ਬਿਮਾਰੀਆਂ ਸਮੇਂ ਪ੍ਰਾਈਵੇਟ ਹਸਪਤਾਲਾਂ ਦੀ ਹੈ, ਜਿਸ ਵਿੱਚ ਬੰਦੇ ਨੂੰ ਬਿਮਾਰੀ ਦੇ ਨਾਲ-ਨਾਲ ਮਾਨਸਿਕ ਤੌਰ 'ਤੇ ਵੀ ਤੰਗ-ਪਰੇਸ਼ਾਨ ਕੀਤਾ ਜਾਂਦਾ ਹੈ। ਹੁਣ ਮਸਲਾ ਇਹ ਪੈਦਾ ਹੁੰਦਾ ਹੈ ਕਿ ਜਦੋਂ ਸੂਬੇ ਅੰਦਰ ਏਨੀਆਂ ਚੁਣੌਤੀਆਂ ਹੋਣ ਤਾਂ ਅਸੀਂ ਰਾਜਨੀਤਕ ਬਿਰਤਾਂਤ ਸਿਰਜ ਕੇ ਆਮ ਲੋਕਾਂ ਨੂੰ ਕੀ ਦੱਸਣਾ ਚਾਹੁੰਦੇ ਹਨ ਜਾਂ ਫਿਰ ਸਾਡਾ ਮੰਤਵ ਸਿਰਫ ਤੇ ਸਿਰਫ ਸੱਤਾ ਪ੍ਰਾਪਤੀ ਹੈ, ਇਸ ਤੋਂ ਵੱਧ ਕੁਝ ਵੀ ਨਹੀਂ ਹੈ।

ਲੋਕਾਂ ਨੂੰ ਇਹ ਨਹੀਂ ਮਹਿਸੂਸ ਕਰਾਉਣਾ ਚਾਹੀਦਾ ਕਿ ਰਾਜਨੀਤਕ ਵਿਅਕਤੀਆਂ ਅਤੇ ਆਮ ਵਿਅਕਤੀਆਂ ਵਿੱਚ ਬਹੁਤ ਫਰਕ ਹੈ। ਸੂਬੇ ਅੰਦਰ ਫੈਲਿਆ ਹੋਇਆ ਵੀ ਆਈ ਪੀ ਕਲਚਰ ਆਮ ਲੋਕਾਂ ਦੀ ਮਾਨਸਿਕਤਾ ਨੂੰ ਪ੍ਰਭਾਵਤ ਕਰ ਰਿਹਾ ਹੈ। ਆਮ ਲੋਕ ਤਿੰਨ ਟਾਈਮ ਦੀ ਰੋਟੀ ਲਈ ਸੰਘਰਸ਼ ਕਰ ਰਹੇ ਹਨ। ਆਮ ਲੋਕਾਂ ਦੀ ਰਾਏ ਹੈ ਕਿ ਹਕੀਕਤ ਵਿੱਚ ਕੀਤੇ ਜਾ ਰਹੇ ਕੰਮ ਆਪਣੇ ਆਪ ਵਿੱਚ ਬੋਲਦੇ ਹਨ । ਅਜਿਹੀ ਸਥਿਤੀ ਵਿੱਚ ਜਿੱਥੇ ਪਹਿਲਾਂ ਹੀ ਲੋਕ ਆਪਣੀ ਜ਼ਿੰਦਗੀ ਜਿਉਣ ਲਈ ਸੰਘਰਸ਼ ਕਰ ਰਹੇ ਹੋਣ, ਉੱਥੇ ਸੂਬੇ ਦੇ ਲੋਕਾਂ ਦੇ ਆਪਸੀ ਭਾਈਚਾਰੇ ਨੂੰ ਇਸ ਤਰ੍ਹਾਂ ਪ੍ਰਭਾਵਤ ਕਰਨ ਤੋਂ ਬਚਣਾ ਚਾਹੀਦਾ ਹੈ ਅਤੇ ਰਲ-ਮਿਲ ਕੇ ਸੂਬੇ ਦੇ ਹਿੱਤ ਲਈ ਕਾਰਜ ਕਰਨਾ ਚਾਹੀਦਾ ਹੈ।

**# ਸੰਪਰਕ : 79860-16795**

# ਸਾਈਫਨ ਲਗਾਉਣ ਦੇ ਮਾਮਲੇ ਨੂੰ ਲੈ ਕੇ ਵੱਖ-ਵੱਖ ਪਿੰਡਾਂ ਦੇ ਲੋਕ ਆਹਮੋ-ਸਾਹਮਣੇ

- ਸਾਈਫਨ ਲੱਗਣ ਦੇ ਵਿਰੋਧ ਵਾਲੇ ਪਿੰਡਾਂ ਵੱਲੋਂ ਧਰਨਾ 13 ਦਿਨਾਂ ਤੋਂ ਜਾਰੀ
- ਹਮਾਇਤੀ ਪਿੰਡਾਂ ਨੇ ਰੋਹਟੀ ਪੁਲ ਵਿਖੇ ਕੀਤਾ ਚੱਕਾ ਜਾਮ



**ਨਾਭਾ (ਵਰਿੰਦਰ ਵਰਮਾ)**-ਬਰਸਾਤ ਦਾ ਸੀਜ਼ਨ ਸ਼ੁਰੂ ਹੋਣ ਤੋਂ ਪਹਿਲਾਂ ਹੀ ਕਿਸਾਨਾਂ ਨੂੰ ਪਾਣੀ ਦੀ ਮਾਰ ਦਾ ਡਰ ਸਤਾਉਣ ਲੱਗਾ ਹੈ। ਨਾਭਾ ਦੇ ਭੋੜੇ ਸਾਈਫਨ ਨਜ਼ਦੀਕ ਕਈ ਪਿੰਡਾਂ ਵਿੱਚ ਹਰ ਸਾਲ ਬਰਸਾਤੀ ਸੀਜ਼ਨ ਦੌਰਾਨ ਪਾਣੀ ਦੀ ਡਾਫ ਲੱਗਣ ਕਰਕੇ ਫਸਲਾਂ ਨੂੰ ਭਾਰੀ ਨੁਕਸਾਨ ਹੁੰਦਾ ਹੈ, ਜਿਸ ਦੇ ਮੱਦੇਨਜ਼ਰ ਪਿੰਡ ਬਿਰੜਵਾਲ, ਖੋਖ, ਕੋਟਲੀ ਸਮੇਤ ਕਈ ਪਿੰਡਾਂ ਦੇ ਕਿਸਾਨਾਂ ਨੇ ਵਿਭਾਗ ਨੂੰ ਬਰਸਾਤੀ ਪਾਣੀ ਦੀ ਨਿਕਾਸੀ ਲਈ ਨਵੇਂ ਸਾਈਫ਼ਨ ਦੀ ਮੰਗ ਕੀਤੀ, ਜਿਸ ਦੇ ਮੱਦੇਨਜ਼ਰ ਵਿਭਾਗ ਨੇ ਨਵਾਂ ਸਾਈਫਨ ਮਨਜ਼ੂਰ ਵੀ ਕਰ ਲਿਆ, ਪਰ ਜਦੋਂ ਕੰਮ ਸ਼ੁਰੂ ਕਰਵਾਇਆ ਗਿਆ ਤਾਂ ਨਜ਼ਦੀਕ ਦੇ ਪਿੰਡਾਂ ਗੋਬਿੰਦਗੜ੍ਹ ਛੰਨਾ, ਅਲਹੌਰਾਂ ਕਲਾਂ, ਅਲਹੌਰਾਂ ਖੁਰਦ ਤੇ ਕਈ ਹੋਰ ਪਿੰਡਾਂ ਦੇ ਲੋਕਾਂ ਨੇ ਇਹ ਕਹਿ ਕੇ ਕੰਮ ਰੁਕਵਾ ਦਿੱਤਾ ਕਿ ਇਸ ਸਾਈਫਨ ਦੇ ਬਣਨ ਨਾਲ ਉਨ੍ਹਾਂ ਦੇ ਪਿੰਡਾਂ ਵਿੱਚ ਪਾਣੀ ਦੀ ਵੱਡੀ ਮਾਰ ਹੋਵੇਗੀ। ਪਿੰਡ ਗੋਬਿੰਦਗੜ੍ਹ ਛੰਨਾ ਅਲਹੌਰਾ ਕਲਾਂ, ਅਲਹੌਰਾ ਖੁਰਦ ਤੇ ਹੋਰ ਪਿੰਡਾਂ ਦੇ ਕਿਸਾਨਾਂ ਵੱਲੋਂ ਸਾਈਫਨ ਨਜ਼ਦੀਕ ਪਿਛਲੇ ਲਗਭਗ 13 ਦਿਨਾਂ ਤੋਂ ਧਰਨਾ ਦੇ ਕੇ ਕੰਮ ਰੁਕਵਾਉਣ ਤੇ ਸਾਈਫਨ ਲਗਾਉਣ ਦੀ ਪ੍ਰੋਪੋਜ਼ਲ ਨੂੰ ਰੱਦ ਕਰਨ ਦੀ ਮੰਗ ਕਰ ਰਹੇ ਹਨ।

ਦੂਜੇ ਪਾਸੇ ਅੱਜ ਸਾਈਫਨ ਦਾ ਕੰਮ ਰੁਕਣ ਦੇ ਰੋਸ ਵਜੋਂ ਪਿੰਡ ਬਿਰੜਵਾਲ, ਖੋਖ, ਕੋਟਲੀ ਦੇ ਕਿਸਾਨਾਂ ਨੇ ਨਾਭਾ ਪਟਿਆਲਾ ਰੋਡ ਤੇ ਜਾਮ ਲਗਾ ਕੇ ਪ੍ਰਸ਼ਾਸਨ ਤੇ ਸਰਕਾਰ ਖਿਲਾਫ ਰੋਸ ਧਰਨਾ ਦਿੱਤਾ ਗਿਆ। ਕਿਸਾਨਾਂ ਦੀ ਮੰਗ ਹੈ ਕਿ ਉਨ੍ਹਾਂ ਦੀ ਫਸਲ ਦਾ ਹਰ ਸਾਲ ਨੁਕਸਾਨ ਹੁੰਦਾ ਹੈ, ਜਿਸ ਕਰਕੇ ਇਸ ਬਰਸਾਤੀ ਸੀਜ਼ਨ ਤੋਂ ਪਹਿਲਾਂ ਹੀ ਇਸ ਸਾਈਫਨ ਦਾ ਕੰਮ ਪੂਰਾ ਹੋਣਾ ਚਾਹੀਦਾ ਹੈ, ਕਿਉਂਕਿ ਸਰਕਾਰ ਵੱਲੋਂ ਇਸ ਨੂੰ ਮਨਜ਼ੂਰ ਕੀਤਾ ਜਾ ਚੁੱਕਾ ਹੈ।ਇੱਕ ਪਾਸੇ ਕੁਝ ਪਿੰਡਾਂ ਦੇ ਕਿਸਾਨ ਸਾਈਫਨ ਦੇ ਬਣਨ ਦੇ ਵਿਰੋਧ ਵਿੱਚ ਧਰਨਾ ਦੇ ਰਹੇ ਹਨ, ਦੂਜੇ ਪਾਸੇ ਕੁਝ ਪਿੰਡਾਂ ਦੇ ਲੋਕ ਸਾਈਫਨ ਬਣਨ ਦੀ ਮੰਗ ਕਰ ਰਹੇ ਹਨ, ਕਿਉਂਕਿ ਵਿਭਾਗ ਵੱਲੋਂ ਸਾਈਫਨ ਬਣਨ ਦੀ ਮਨਜ਼ੂਰੀ ਮਿਲ ਚੁੱਕੀ ਹੈ।ਸਾਈਫਨ ਦਾ ਵਿਰੋਧ ਕਰ ਰਹੇ ਕਿਸਾਨਾਂ ਦਾ ਕਹਿਣਾ ਹੈ ਕਿ ਇਸ ਸਾਈਫਨ ਦੇ ਬਣਨ ਨਾਲ ਪਿੰਡ ਗੋਬਿੰਦਗੜ੍ਹ ਛੰਨਾ ਦੇ ਕਿਸਾਨਾਂ ਦਾ ਵੱਡਾ ਨੁਕਸਾਨ ਹੋਵੇਗਾ, ਕਿਉਂਕਿ ਇਨ੍ਹਾਂ ਸਾਰੇ ਪਿੰਡਾਂ ਦਾ ਪਾਣੀ ਉਨ੍ਹਾਂ ਦੇ ਪਿੰਡਾਂ ਵਿੱਚ ਆ ਕੇ ਜਮ੍ਹਾਂ ਹੋ ਜਾਵੇਗਾ, ਜਿਸ ਲਈ ਅੱਗੇ ਦੀ ਕੋਈ ਨਿਕਾਸੀ ਦਾ ਪ੍ਰਬੰਧ ਪ੍ਰਸ਼ਾਸਨ ਵੱਲੋਂ ਨਹੀਂ ਕੀਤਾ ਗਿਆ ਹੈ। ਸਾਈਫਨ ਲਗਾਉਣ ਦੀ ਮੰਗ ਕਰ ਰਹੇ ਕਿਸਾਨਾਂ ਨੇ ਕਿਹਾ ਕਿ ਹਰ ਸਾਲ ਉਨ੍ਹਾਂ ਦਾ ਨੁਕਸਾਨ ਬਰਸਾਤੀ ਪਾਣੀ ਦੀ ਨਿਕਾਸੀ ਨਾ ਹੋਣ ਕਰਕੇ ਹੁੰਦਾ ਹੈ, ਜਿਸ ਕਰਕੇ ਹੀ ਉਨ੍ਹਾਂ ਵੱਲੋਂ ਲਿਖਤੀ ਸ਼ਿਕਾਇਤ ਵਿਭਾਗ ਨੂੰ ਦਿੱਤੀ ਗਈ ਸੀ, ਪਰ ਜਦੋਂ ਸਾਈਫਨ ਮਨਜ਼ੂਰ ਹੋ ਗਿਆ ਤਾਂ ਗੋਬਿੰਦਗੜ੍ਹ ਛੰਨਾ ਦੇ ਲੋਕ ਇਸਦਾ ਵਿਰੋਧ ਕਰ ਰਹੇ ਹਨ।ਉਨ੍ਹਾਂ ਕਿਹਾ ਕਿ ਹਲਕਾ ਵਿਧਾਇਕ ਗੁਰਦੇਵ ਸਿੰਘ ਦੇਵ ਮਾਨ ਤੇ ਪ੍ਰਸ਼ਾਸਨ ਹੁਣ ਉਨ੍ਹਾਂ ਦੀ ਸਾਰ ਨਹੀਂ ਲੈ ਰਿਹਾ, ਜਿਸ ਕਰਕੇ ਹੀ ਉਨ੍ਹਾਂ ਨੂੰ ਮਜਬੂਰੀ ਬਸ ਅੱਜ ਨਾਭਾ-ਪਟਿਆਲਾ ਰੋਡ 'ਤੇ ਜਾਮ ਲਗਾਉਣਾ ਪਿਆ। ਉਨ੍ਹਾਂ ਨੇ ਪ੍ਰਸ਼ਾਸਨ ਤੇ ਸਰਕਾਰ ਨੂੰ ਚੇਤਾਵਨੀ ਦਿੰਦਿਆਂ ਕਿਹਾ ਕਿ ਜੇਕਰ ਮਸਲੇ ਦਾ ਹੱਲ ਨਾ ਹੋਇਆ ਤਾਂ ਉਹ ਆਪਣਾ ਸੰਘਰਸ਼ ਤੇਜ਼ ਕਰਨਗੇ। ਇਸ ਮੌਕੇ ਮਹਿਕਮੇ ਦੇ ਐਕਸੀਅਨ ਸੁਵਨੀਕ ਸਿੰਘ ਮੌਕੇ 'ਤੇ ਧਰਨਾ ਸਥਾਨ 'ਤੇ ਪਹੁੰਚੇ, ਜਿੱਥੇ ਧਰਨਾਕਾਰੀਆਂ ਵੱਲੋਂ ਉਨ੍ਹਾਂ ਨੂੰ ਮੰਗ ਪੱਤਰ ਦਿੱਤਾ ਗਿਆ।ਮੰਗ ਪੱਤਰ ਲੈਣ ਉਪਰੰਤ ਉਨ੍ਹਾਂ ਧਰਨਾਕਾਰੀਆ ਨੂੰ ਇਸ ਮਸਲੇ ਨੂੰ ਵਿਚਾਰਨ ਦਾ ਭਰੋਸਾ ਦਿੱਤਾ ਗਿਆ, ਜਿਸ 'ਤੇ ਧਰਨਾ ਚੁੱਕ ਲਿਆ ਤਾਂ ਜਾ ਕੇ ਜਾਮ 'ਚ ਫਸੇ ਰਾਹਗੀਰਾਂ ਨੇ ਸੁੱਖ ਦਾ ਸਾਹ ਲਿਆ।

# ਜੈਪੁਰ ਤੋਂ ਚੰਡੀਗੜ੍ਹ ਜਾ ਰਹੀ ਬੱਸ ਬਾਜ਼ਾਰ 'ਚ ਪਲਟੀ, ਇੱਕ ਮੌਤ, 11 ਜ਼ਖਮੀ



ਘੱਗਾ ਦੇ ਬਾਜ਼ਾਰ ਵਿੱਚ ਪਲਟੀ ਹੋਈ ਬੱਸ।

**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)**

ਸਬ ਡਵੀਜ਼ਨ ਪਾਤੜਾਂ ਦੇ ਕਸਬਾ ਘੱਗਾ ਵਿਖੇ ਜੈਪੁਰ ਤੋਂ ਚੰਡੀਗੜ੍ਹ ਜਾ ਰਹੀ ਬੱਸ ਦੇ ਪਲਟ ਜਾਣ ਨਾਲ ਇੱਕ ਦੀ ਮੌਤ ਹੋ ਗਈ, ਜਦੋਂ ਕਿ ਦਰਜਨ ਦੇ ਕਰੀਬ ਸਵਾਰੀਆਂ ਜ਼ਖਮੀ ਹੋ ਗਈਆਂ।ਹਾਦਸੇ ਦੀ ਸੂਚਨਾ ਮਿਲਣ 'ਤੇ ਪੁੱਜੀ ਸੜਕ ਸੁਰੱਖਿਆ ਫੋਰਸ ਦੀ ਟੀਮ ਵੱਲੋਂ ਜ਼ਖਮੀ ਵਿਅਕਤੀਆਂ ਨੂੰ ਬੱਸ ਵਿੱਚੋਂ ਕੱਢ ਕੇ ਹਸਪਤਾਲ ਪਹੁੰਚਾਇਆ ਗਿਆ।ਜਾਣਕਾਰੀ ਦਿੰਦਿਆਂ ਐੱਸ ਐੱਸ ਐੱਫ ਟੀਮ ਦੇ ਮੁਖੀ ਏ ਐੱਸ ਆਈ ਚਰਨਜੀਤ ਸਿੰਘ ਨੇ ਦੱਸਿਆ ਕਿ ਰਾਠੌਰ ਟ੍ਰੈਵਲਜ਼ ਦੀ ਬੱਸ, ਜੋ ਕਿ ਜੈਪੁਰ ਤੋਂ ਚੰਡੀਗੜ੍ਹ ਜਾ ਰਹੀ ਸੀ, ਅਚਾਨਕ ਤੜਕਸਾਰ ਸਾਢੇ ਤਿੰਨ ਵਜੇ ਦੇ ਕਰੀਬ ਕਸਬਾ ਘੱਗਾ ਦੇ ਅਤਾਲਾਂ ਮੋੜ ਦੇ ਨਜ਼ਦੀਕ ਬੇਕਾਬੂ ਹੋ ਕੇ ਪਹਿਲਾਂ ਬਿਜਲੀ ਦੇ ਖੰਭੇ ਨਾਲ ਟਕਰਾਈ ਤੇ ਉਸ ਤੋਂ ਬਾਅਦ ਸੜਕ ਕਿਨਾਰੇ ਪਲਟ ਗਈ।ਹਾਦਸੇ ਤੋਂ ਬਾਅਦ ਮੌਕੇ 'ਤੇ ਅਫਰਾ-ਤਫਰੀ ਦਾ ਮਾਹੌਲ ਬਣ ਗਿਆ।ਇਸ ਦੌਰਾਨ ਸਥਾਨਕ ਲੋਕਾਂ ਨੇ ਵੀ ਰਾਹਤ ਕਾਰਜਾਂ ਵਿੱਚ ਸਹਿਯੋਗ ਦਿੱਤਾ ਤੇ ਜ਼ਖਮੀਆਂ ਨੂੰ ਬੱਸ ਵਿੱਚੋਂ ਬਾਹਰ ਕੱਢਿਆ।ਜ਼ਖਮੀ ਯਾਤਰੀਆਂ ਨੂੰ ਨਿੱਜੀ ਤੇ ਸਰਕਾਰੀ ਐਂਬੂਲੈਂਸਾਂ ਰਾਹੀਂ ਸਿਵਲ ਹਸਪਤਾਲ ਸਮਾਣਾ ਪਹੁੰਚਾਇਆ ਗਿਆ, ਜਿੱਥੇ ਉਨ੍ਹਾਂ ਦਾ ਇਲਾਜ ਜਾਰੀ ਹੈ।ਜ਼ਖਮੀਆਂ ਵਿੱਚ ਸੰਜੀਵ ਕੁਮਾਰ, ਅਮਿੱਤ ਕੁਮਾਰ, ਸੋਨੂ ਕੁਮਾਰੀ, ਮਨੋਜ ਕੁਮਾਰ, ਰਾਮ ਅਵਤਾਰ, ਨਰਿੰਦਰ ਕੁਮਾਰ, ਸੁਸ਼ੀਲ ਕੁਮਾਰ, ਸੁਮਨ ਦੇਵੀ, ਸਚਿਨ ਕੁਮਾਰ, ਰਾਘਵ ਲੱਖੀ ਤੇ ਅਮਰ ਚੰਦ ਦੇ ਨਾਂਅ ਸ਼ਾਮਲ ਹਨ।ਐੱਸ ਐੱਸ ਐੱਫ ਟੀਮ ਵਿੱਚ ਏ ਐੱਸ ਆਈ ਚਰਨਜੀਤ ਸਿੰਘ ਤੋਂ ਇਲਾਵਾ ਕਾਂਸਟੇਬਲ ਹਰਪ੍ਰੀਤ ਸਿੰਘ ਤੇ ਕਾਂਸਟੇਬਲ ਅਮ੍ਰਿਤ ਸਿੰਘ ਸ਼ਾਮਲ ਸਨ, ਜਿਨ੍ਹਾਂ ਨੇ ਰਾਹਤ ਤੇ ਬਚਾਅ ਕਾਰਜਾਂ ਵਿੱਚ ਅਹਿਮ ਭੂਮਿਕਾ ਨਿਭਾਈ।

# ਮਨਰੇਗਾ ਕਾਨੂੰਨ ਖਤਮ ਕਰਨ ਖਿਲਾਫ਼ ਮਜ਼ਦੂਰਾਂ ਵੱਲੋਂ ਕੇਂਦਰ ਵਿਰੁੱਧ ਨਾਅਰੇਬਾਜ਼ੀ

- ਸੀਟੂ ਵੱਲੋਂ 'ਮਨਰੇਗਾ ਬਚਾਓ, ਰੁਜ਼ਗਾਰ ਬਚਾਓ' ਦਾ ਸੱਦਾ



**ਸੰਗਰੂਰ (ਪ੍ਰਵੀਨ ਸਿੰਘ)**

ਸੀਟੂ ਪੰਜਾਬ ਦੇ ਸੱਦੇ 'ਤੇ ਸ਼ੁੱਕਰਵਾਰ ਸੰਗਰੂਰ ਨੇੜੇ ਸੋਹੀਆਂ ਕਲਾਂ ਬੀੜ 'ਚ ਕੰਮ ਕਰਦੇ ਮਨਰੇਗਾ ਮਜ਼ਦੂਰਾਂ ਦੀ ਮੀਟਿੰਗ ਕੀਤੀ ਗਈ।ਕੇਂਦਰ ਦੀ ਮੋਦੀ ਸਰਕਾਰ ਵੱਲੋਂ ਮਨਰੇਗਾ ਕਾਨੂੰਨ ਨੂੰ ਖਤਮ ਕਰਕੇ ਇਸ ਦੀ ਥਾਂ ਜੀ ਰਾਮ ਜੀ, ਜੋ ਸਕੀਮ ਲਿਆਂਦੀ ਗਈ ਹੈ, ਇਸ ਖਿਲਾਫ਼ ਮਜ਼ਦੂਰਾਂ ਵੱਲੋਂ ਜ਼ੋਰਦਾਰ ਨਾਅਰੇਬਾਜ਼ੀ ਕੀਤੀ ਗਈ।ਇਸ ਮੌਕੇ ਮਨਰੇਗਾ ਸੀਟੂ ਦੇ ਜ਼ਿਲ੍ਹਾ ਪ੍ਰਧਾਨ ਕਾਮਰੇਡ ਰਾਮ ਸਿੰਘ ਸੋਹੀਆਂ ਤੇ ਜ਼ਿਲ੍ਹਾ ਸਕੱਤਰ ਸਤਵੀਰ ਤੁੰਗਾਂ ਨੇ ਮਜ਼ਦੂਰਾਂ ਨੂੰ ਜਾਗਰੂਕ ਕਰਦਿਆਂ ਦੱਸਿਆ ਕਿ ਕੇਂਦਰ ਦੀ ਮੋਦੀ ਸਰਕਾਰ 1 ਜੁਲਾਈ ਤੋਂ ਮਨਰੇਗਾ ਨੂੰ ਖਤਮ ਕਰਨ ਜਾ ਰਹੀ ਹੈ।ਉਨ੍ਹਾਂ ਕਿਹਾ ਕਿ ਇਸ ਨਾਲ ਮਜ਼ਦੂਰ ਪਰਿਵਾਰਾਂ ਨੂੰ ਵੱਡੀ ਆਰਥਿਕ ਸੱਟ ਵਜੇਗੀ।

ਉਨ੍ਹਾਂ ਕਿਹਾ ਕਿ ਜੋ ਮਨਰੇਗਾ ਕਾਨੂੰਨ ਦੀ ਥਾਂ ਨਵੀਂ ਜੀ ਰਾਮ ਜੀ ਸਕੀਮ ਲਿਆਂਦੀ ਗਈ ਹੈ, ਉਹ ਮਜ਼ਦੂਰਾਂ ਨੂੰ ਕੰਮ ਦੀ ਗਰੰਟੀ ਨਹੀਂ ਕਰਦੀ। ਉਨ੍ਹਾਂ ਕਿਹਾ ਕਿ ਇਸ ਸਕੀਮ ਨਾਲ ਹੁਣ ਪਿੰਡ ਦੀ ਪੰਚਾਇਤ ਵੀ ਆਪਣੀ ਚਾਹਤ ਅਨੁਸਾਰ ਕੰਮ ਨਹੀਂ ਚਲਾ ਸਕੇਗੀ, ਜੇਕਰ ਕੰਮ ਕੇਂਦਰ ਵੱਲੋਂ ਪਾਸ ਹੋਵੇਗਾ ਤੇ 40 ਫੀਸਦੀ ਪੈਸਾ ਸੂਬਾ ਸਰਕਾਰ ਪਾਵੇਗੀ ਤਾਂ ਹੀ ਕਿਤੇ ਕੰਮ ਚੱਲ ਸਕੇਗਾ।ਰੋਡ ਬਰਮਾਂ, ਨਹਿਰਾਂ-ਕੱਸੀਆਂ ਦੀ ਸਫਾਈ ਤੇ ਹੋਰ ਬਹੁਤ ਸਾਰੇ ਕੰਮ ਕੇਂਦਰ ਨੇ ਪਹਿਲਾਂ ਹੀ ਇਸ ਵਿੱਚੋਂ ਕੱਢ ਦਿੱਤੇ ਹਨ।ਉਨ੍ਹਾਂ ਕਿਹਾ ਕਿ ਮੋਦੀ ਸਰਕਾਰ ਦੀ ਮਜ਼ਦੂਰਾਂ ਨਾਲ ਇਸ ਧੱਕੇਸ਼ਾਹੀ ਖਿਲਾਫ਼ ਅੱਜ ਪੂਰੇ ਦੇਸ਼ ਅੰਦਰ ਸੀਟੂ ਵੱਲੋਂ ਦੂਜੀਆਂ ਮਜ਼ਦੂਰ ਜਥੇਬੰਦੀਆਂ ਨੂੰ ਨਾਲ ਲੈ ਕੇ 'ਮਨਰੇਗਾ ਬਚਾਓ, ਰੁਜ਼ਗਾਰ ਬਚਾਓ' ਦਾ ਸੱਦਾ ਦਿੱਤਾ ਗਿਆ ਹੈ, ਜਿਸ ਤਹਿਤ ਮਨਰੇਗਾ ਮਜ਼ਦੂਰ ਅੱਜ ਕੇਂਦਰ ਦੀ ਮੋਦੀ ਸਰਕਾਰ ਖਿਲਾਫ ਆਪਣਾ ਰੋਸ ਪ੍ਰਗਟ ਕਰ ਰਹੇ ਹਨ ਅਤੇ ਮਨਰੇਗਾ ਤੇ ਲਾਗੂ ਕੀਤੇ ਗਏ ਤਿੰਨ ਲੇਬਰ ਕੋਡਾਂ ਦੀਆਂ ਕਾਪੀਆਂ ਸਾੜੀਆਂ ਜਾ ਰਹੀਆਂ ਹਨ ਤੇ ਸਰਕਾਰ ਖਿਲਾਫ਼ ਨਾਅਰੇਬਾਜ਼ੀ ਕੀਤੀ ਜਾ ਰਹੀ ਹੈ।ਉਨ੍ਹਾਂ ਸਰਕਾਰ ਤੋਂ ਮੰਗ ਕੀਤੀ ਕਿ ਕੁਝ ਜ਼ਰੂਰੀ ਸੋਧਾਂ ਨਾਲ ਮੁੜ ਮਨਰੇਗਾ ਕਾਨੂੰਨ ਨੂੰ ਹੀ ਲਾਗੂ ਕੀਤਾ ਜਾਵੇ, ਸਾਲ ਵਿੱਚ 200 ਦਿਨ ਕੰਮ ਦੇਣ, ਮਨਰੇਗਾ ਮਜ਼ਦੂਰ ਦੀ ਦਿਹਾੜੀ 700 ਰੁਪਏ ਕਰਨ ਤੇ ਆਨਲਾਈਨ ਹਾਜ਼ਰੀ ਦੇ ਝੰਜਟ ਨੂੰ ਖਤਮ ਕਰਨ ਦੀ ਸੋਧ ਕੀਤੀ ਜਾਵੇ।ਮਨਰੇਗਾ ਮੇਟ ਨੂੰ ਸਕਿਲਡ ਵਰਕਰ ਦੀ ਤਨਖਾਹ ਦਿੱਤੀ ਜਾਵੇ।ਉਨ੍ਹਾਂ ਕਿਹਾ ਕਿ ਜੇਕਰ ਸਰਕਾਰ ਨੇ ਮਜ਼ਦੂਰਾਂ ਦੀਆਂ ਇਨ੍ਹਾਂ ਮੰਗਾਂ ਵੱਲ ਧਿਆਨ ਨਾ ਦਿੱਤਾ ਤਾਂ ਤਿੱਖਾ ਤੇ ਵੱਡਾ ਸੰਘਰਸ਼ ਵਿੱਢਿਆ ਜਾਵੇਗਾ।ਇਸ ਮੌਕੇ ਤਰਲੋਕ ਸਿੰਘ, ਦਰਸ਼ਨ ਸਿੰਘ ਖੁਰਾਣੀ, ਭੋਲਾ ਸਿੰਘ ਸੋਹੀਆਂ, ਗੋਬਿੰਦ ਸਿੰਘ ਸੋਹੀਆਂ, ਕੁਲਵਿੰਦਰ ਕੌਰ ਕਮੋਮਾਜਰਾ, ਪਰਮਜੀਤ ਕੌਰ, ਸਰਬਜੀਤ ਕੌਰ, ਰਾਣੀ ਕੌਰ, ਗੁਰਮੀਤ ਕੌਰ, ਕੁਲਦੀਪ ਕੌਰ, ਜਸਵੰਤ ਕੌਰ, ਬਲਜੀਤ ਕੌਰ, ਬਾਰੂ ਸਿੰਘ, ਚੂਹੜ ਸਿੰਘ ਮੈਂਬਰ ਖੁਰਾਣੀ ਤੇ ਹੋਰ ਵੱਡੀ ਗਿਣਤੀ ਵਿੱਚ ਮਨਰੇਗਾ ਵਰਕਰ ਹਾਜ਼ਰ ਸਨ।

## ਕਾਤਰਾਂ

### ਪੱਤਰਕਾਰ ਭੰਡਾਰੀ ਨੂੰ ਸਦਮਾ, ਪਿਤਾ ਦਾ ਦੇਹਾਂਤ



**ਗੁਰੂ ਹਰਸਹਾਏ (ਮਨਦੀਪ ਸਿੰਘ ਸੋਢੀ)**-ਪੱਤਰਕਾਰ ਤੇ ਮੈਡੀਕਲ ਐਸੋਸੀਏਸ਼ਨ ਗੁਰੂ ਹਰਸਹਾਏ ਦੇ ਪ੍ਰਧਾਨ ਰਵਿੰਦਰ ਸਿੰਘ ਭੰਡਾਰੀ ਨੂੰ ਉਸ ਸਮੇਂ ਵੱਡਾ ਸਦਮਾ ਲੱਗਿਆ, ਜਦੋਂ ਉਸ ਦੇ ਪਿਤਾ ਸ੍. ਹਰਬੀਰ ਸਿੰਘ ਭੰਡਾਰੀ ਸੰਖੇਪ ਬਿਮਾਰੀ ਤੋਂ ਬਾਅਦ 83 ਸਾਲ ਦੀ ਉਮਰ ਭੋਗਦੇ ਹੋਏ ਅਕਾਲ ਚਲਾਣਾ ਕਰ ਗਏ। ਉਨ੍ਹਾ ਦਾ ਅੰਤਿਮ ਸੰਸਕਾਰ ਪਿੰਡ ਲੈਪੋ ਜ਼ਿਲ੍ਹਾ ਫਿਰੋਜ਼ਪੁਰ ਦੇ ਸ਼ਮਸ਼ਾਨਘਾਟ ਵਿੱਚ ਧਾਰਮਿਕ ਰੀਤੀ-ਰਿਵਾਜ ਅਨੁਸਾਰ ਕਰ ਦਿੱਤਾ ਗਿਆ।ਉਨ੍ਹਾਂ ਦੇ ਅਕਾਲ ਚਲਾਣੇ 'ਤੇ ਰਾਜਨੀਤਕ, ਧਾਰਮਿਕ, ਸਮਾਜ ਸੇਵੀ ਜਥੇਬੰਦੀਆਂ ਤੇ ਪ੍ਰੈੱਸ ਕਲੱਬ ਗੁਰੂ ਹਰਸਹਾਏ ਦੇ ਸਾਥੀਆਂ ਵੱਲੋਂ ਇਸ ਦੁੱਖ ਦੀ ਘੜੀ ਵਿੱਚ ਸ਼ਾਮਲ ਹੋ ਕੇ ਪਰਵਾਰ ਨਾਲ ਦੁੱਖ ਦਾ ਪ੍ਰਗਟਾਵਾ ਕੀਤਾ ਗਿਆ।

### ਡੀ ਏ ਵੀ ਦੀ 12ਵੀਂ ਜਮਾਤ ਦਾ ਨਤੀਜਾ 100% ਰਿਹਾ



**ਰਾਜਪੁਰਾ (ਰਮੇਸ਼ ਕਟਾਰੀਆ)**-ਡੀ ਏ ਵੀ ਪਬਲਿਕ ਸਕੂਲ ਰਾਜਪੁਰਾ ਨੇ ਸੀਬੀਐੱਸਈ ਵੱਲੋਂ ਐਲਾਨੇ ਗਏ 12ਵੀਂ ਜਮਾਤ ਦੇ ਨਤੀਜਿਆਂ ਵਿੱਚ 100% ਪਾਸ ਪ੍ਰਾਪਤ ਕਰਕੇ ਇੱਕ ਵਾਰ ਫਿਰ ਉੱਤਮਤਾ ਦੀ ਇੱਕ ਨਵੀਂ ਮਿਸਾਲ ਕਾਇਮ ਕੀਤੀ ਹੈ।ਕਾਮਰਸ ਸਟ੍ਰੀਮ ਵਿੱਚ ਇੱਕ ਹੁਸ਼ਿਆਰ ਵਿਦਿਆਰਥਣ ਹਰਕੀਰਤ ਕੌਰ ਨੇ 96.6% ਅੰਕਾਂ ਨਾਲ ਸਕੂਲ ਵਿੱਚ ਪਹਿਲਾ, ਨਮਨ ਕੌਰ ਨੇ 96.2% ਅੰਕਾਂ ਨਾਲ ਦੂਜਾ ਤੇ ਗੁਰਲੀਨ ਕੌਰ ਨੇ 88.4% ਅੰਕਾਂ ਨਾਲ ਤੀਜਾ ਸਥਾਨ ਪ੍ਰਾਪਤ ਕੀਤਾ।ਆਰਟਸ ਤੇ ਸਾਇੰਸ ਦੇ ਵਿਦਿਆਰਥੀਆਂ ਦੇ ਨਤੀਜੇ ਵੀ ਸ਼ਾਨਦਾਰ ਰਹੇ।ਸਕੂਲ ਪ੍ਰਿੰਸੀਪਲ ਸ਼੍ਰੀਮਤੀ ਅਲਪਨਾ ਪਾਠਕ ਨੇ ਸਾਰੇ ਵਿਦਿਆਰਥੀਆਂ ਨੂੰ ਉਨ੍ਹਾਂ ਦੀ ਸ਼ਾਨਦਾਰ ਸਫਲਤਾ 'ਤੇ ਵਧਾਈ ਦਿੱਤੀ ਤੇ ਉਨ੍ਹਾਂ ਦੇ ਉੱਜਵਲ ਭਵਿੱਖ ਦੀ ਕਾਮਨਾ ਕੀਤੀ।ਉਸ ਨੇ ਕਿਹਾ ਕਿ ਇਹ ਸਫਲਤਾ ਵਿਦਿਆਰਥੀਆਂ ਦੀ ਅਣਥੱਕ ਮਿਹਨਤ, ਉਨ੍ਹਾਂ ਦੇ ਅਧਿਆਪਕਾਂ ਦੀ ਸਮਰਪਤ ਅਗਵਾਈ ਤੇ ਉਨ੍ਹਾਂ ਦੇ ਮਾਪਿਆਂ ਦੇ ਨਿਰੰਤਰ ਸਮਰਥਨ ਦਾ ਨਤੀਜਾ ਹੈ।ਸਕੂਲ ਪ੍ਰਬੰਧਨ ਕਮੇਟੀ ਤੇ ਸਟਾਫ਼ ਮੈਂਬਰਾਂ ਨੇ ਸਾਰੇ ਸਫਲ ਵਿਦਿਆਰਥੀਆਂ ਤੇ ਉਨ੍ਹਾਂ ਦੇ ਮਾਪਿਆਂ ਨੂੰ ਵਧਾਈ ਦਿੱਤੀ ਅਤੇ ਉਨ੍ਹਾਂ ਦੇ ਉੱਜਵਲ ਭਵਿੱਖ ਦੀ ਕਾਮਨਾ ਕੀਤੀ।

### ਬੀ ਐੱਸ ਐੱਫ ਵੱਲੋਂ ਸਰਚ ਦੌਰਾਨ ਡਰੋਨ ਬਰਾਮਦ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਫਿਰੋਜ਼ਪੁਰ ਦੇ ਸਰਹੱਦੀ ਪਿੰਡ ਕਾਲੂ ਵਾਲਾ ਵਿਖੇ ਬੀਐੱਸਐੱਫ ਨੇ ਸਰਚ ਦੌਰਾਨ ਪ੍ਰਾਇਮਰੀ ਸਕੂਲ ਦੇ ਕੋਲੋਂ 1 ਡਰੋਨ ਬਰਾਮਦ ਕੀਤਾ ਹੈ। ਇਸ ਸਬੰਧੀ ਥਾਣਾ ਸਦਰ ਫਿਰੋਜ਼ਪੁਰ ਪੁਲਸ ਨੇ ਅਣਪਛਾਤੇ ਵਿਅਕਤੀ ਖਿਲਾਫ ਭਾਰਤੀ ਵਾਯੂਯਾਨ ਐਕਟ ਤਹਿਤ ਮਾਮਲਾ ਦਰਜ ਕੀਤਾ ਹੈ। ਜਾਣਕਾਰੀ ਦਿੰਦੇ ਹੋਏ ਸਹਾਇਕ ਥਾਣੇਦਾਰ ਕੁਲਵੰਤ ਸਿੰਘ ਨੇ ਦੱਸਿਆ ਕਿ ਅਸਿਸਟੈਂਟ ਕਮਾਂਡੈਂਟ ਦੀਪ ਸਿੰਘ ਈਸੀਓ ਵਾਈ 99 ਬਟਾਲੀਅਨ ਬੀਐੱਸਐੱਫ ਨੇ ਦੱਸਿਆ ਕਿ ਉਨ੍ਹਾਂ ਵੱਲੋਂ ਸਰਚ ਕਰਨ 'ਤੇ ਪਿੰਡ ਕਾਲੂ ਵਾਲਾ ਪ੍ਰਾਇਮਰੀ ਸਕੂਲ ਦੇ ਨੇੜਿਓਂ ਇਕ ਡਰੋਨ ਬਰਾਮਦ ਹੋਇਆ। ਜਾਂਚ ਅਧਿਕਾਰੀ ਕੁਲਵੰਤ ਸਿੰਘ ਨੇ ਦੱਸਿਆ ਕਿ ਪੁਲਸ ਨੇ ਅਣਪਛਾਤੇ ਵਿਅਕਤੀ ਖਿਲਾਫ ਮਾਮਲਾ ਦਰਜ ਕਰ ਲਿਆ ਹੈ ਤੇ ਅੱਗੇ ਦੀ ਕਾਰਵਾਈ ਕੀਤੀ ਜਾ ਰਹੀ ਹੈ।

# ਢਾਈ ਦਰਜਨ ਮੁਲਾਜ਼ਮ ਪੀ ਐੱਸ ਈ ਬੀ ਇੰਪ. ਫੈਡਰੇਸ਼ਨ ਏਟਕ 'ਚ ਸ਼ਾਮਲ



**ਲੁਧਿਆਣਾ (ਜਸਦੀਪ ਵਰਤੀਆ)**-ਬਿਜਲੀ ਨਿਗਮ ਦੀ ਸਭ ਤੋਂ ਜੁਝਾਰੂ ਤੇ ਪਾਰਦਰਸ਼ੀ ਢੰਗ ਨਾਲ ਕੰਮ ਕਰਨ ਵਾਲੀ ਜਥੇਬੰਦੀ ਪੀਐੱਸਈਬੀ ਇੰਪਲਾਈਜ਼ ਫੈਡਰੇਸ਼ਨ ਏਟਕ ਦੀ ਕਾਰਗੁਜ਼ਾਰੀ ਤੋਂ ਪ੍ਰਭਾਵਿਤ ਹੋ ਕੇ ਮਾਡਲ ਟਾਊਨ ਡਵੀਜ਼ਨ ਦੇ ਢਾਈ ਦਰਜਨ ਸਹਾਇਕ ਲਾਈਨਮੈਨ ਵੱਖ ਵੱਖ ਜਥੇਬੰਦੀਆਂ ਨੂੰ ਅਲਵਿਦਾ ਆਖ ਫੈਡਰੇਸ਼ਨ ਏਟਕ ਵਿੱਚ ਸ਼ਾਮਲ ਹੋ ਗਏ।ਇਨ੍ਹਾਂ ਦੀ ਸ਼ਮੂਲੀਅਤ ਸੂਬਾ ਸਕੱਤਰ ਗੁਰਪ੍ਰੀਤ ਸਿੰਘ ਮਹਿਦੂਦਾਂ ਨੇ ਸੂਬੇ ਦੇ ਸਾਬਕਾ ਡਿਪਟੀ ਜਨਰਲ ਸਕੱਤਰ ਤੇ ਐਫੀ ਮੈਂਬਰ ਰਸ਼ਪਾਲ ਸਿੰਘ ਪਾਲੀ, ਸਰਕਲ ਪੱਛਮੀਂ ਦੇ ਸਰਪ੍ਰਸਤ ਠਾਕੁਰ ਸੋਬਨ ਸਿੰਘ ਤੇ ਪ੍ਰਧਾਨ ਗੁਰਮੁੱਖ ਸਿੰਘ, ਪੂਰਬੀ ਦੇ ਸਰਪ੍ਰਸਤ ਸਤੀਸ਼ ਭਾਰਦਵਾਜ ਦੀ ਹਾਜ਼ਰੀ ਵਿੱਚ ਡਵੀਜ਼ਨ ਪ੍ਰਧਾਨ ਕੁਲਜੀਤ ਸਿੰਘ, ਸਕੱਤਰ ਕਮਲਜੀਤ ਸਿੰਘ, ਜੇਈ ਮਕਸ਼ਿੰਦਰ ਸਿੰਘ ਤੇ ਰਵਿੰਦਰ ਸ਼ਰਮਾ ਗੋਗੀ ਦੀ ਹਾਜ਼ਰੀ ਵਿੱਚ ਫੁੱਲਾਂ ਦੇ ਹਾਰ ਪਾ ਕੇ ਕੀਤੀ।

ਮੁਲਾਜ਼ਮਾਂ ਵੱਲੋਂ ਰੱਖੀਆਂ ਮੰਗਾਂ ਬਾਬਤ ਐਕਸੀਅਨ ਇੰਜ: ਤਰਸੇਮ ਲਾਲ ਬੈਂਸ ਨਾਲ ਵਫਦ ਨੇ ਮੁਲਾਕਾਤ ਕੀਤੀ। ਐਕਸੀਅਨ ਬੈਂਸ ਨੇ ਜਿੱਥੇ ਦੋ ਸਹਾਇਕ ਲਾਈਨਮੈਨਾਂ ਦੀ ਹੋਈ ਬਦਲੀ ਤਹਿਤ ਰਿਲੀਵਿੰਗ ਆਰਡਰ ਦਿੱਤੇ ਉੱਥੇ ਹੀ ਲੋੜਾ (ਪੈਟਰੋਲ ਭੱਤਾ) ਦੇ ਰੁਕੇ ਕੰਮ ਨੂੰ ਹੋਰਨਾਂ ਡਵੀਜ਼ਨਾਂ ਦੀ ਤਰਜ਼ 'ਤੇ ਦੇਣ ਲਈ ਲੇਖਾਕਾਰ ਨੂੰ ਕਿਹਾ।ਸ੍ਰੀ ਬੈਂਸ ਦਾ ਜਥੇਬੰਦੀ ਵੱਲੋਂ ਧੰਨਵਾਦ ਕੀਤਾ ਗਿਆ।ਇਸ ਮੌਕੇ ਵੱਡੀ ਗਿਣਤੀ ਵਿੱਚ ਹੋਰ ਮੁਲਾਜ਼ਮ ਸਾਥੀ ਹਾਜ਼ਰ ਸਨ।

# ਨੀਟ ਪੇਪਰ ਲੀਕ ਮਾਮਲੇ ਨੂੰ ਲੈ ਕੇ ਕਾਂਗਰਸ ਵੱਲੋਂ ਕੇਂਦਰ ਖਿਲਾਫ ਪ੍ਰਦਰਸ਼ਨ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਪਟਿਆਲਾ ਦੇ ਫੁਆਰਾ ਚੌਂਕ ਵਿਖੇ ਕਾਂਗਰਸੀ ਵਰਕਰਾਂ ਵੱਲੋਂ ਕੇਂਦਰ ਸਰਕਾਰ ਖਿਲਾਫ ਜ਼ੋਰਦਾਰ ਧਰਨਾ ਪ੍ਰਦਰਸ਼ਨ ਕੀਤਾ ਗਿਆ।ਇਸ ਧਰਨੇ ਵਿੱਚ ਵੱਡੀ ਵਿਣਤੀ ਵਿੱਚ ਕਾਂਗਰਸ ਪਾਰਟੀ ਦੇ ਆਗੂਆਂ, ਵਰਕਰਾਂ, ਵਿਦਿਆਰਥੀਆਂ ਤੇ ਨੌਜਵਾਨਾਂ ਨੇ ਹਿੱਸਾ ਲਿਆ।

ਮਹੰਤ ਹਰਵਿੰਦਰ ਖਨੌੜਾ ਸਾਬਕਾ ਪ੍ਰਧਾਨ ਜ਼ਿਲ੍ਹਾ ਪਟਿਆਲਾ ਨੇ ਕਿਹਾ ਕਿ ਨੀਟ ਪ੍ਰੀਖਿਆ ਦੇ ਪੇਪਰ ਲੀਕ ਮਾਮਲੇ ਤੇ ਗਹਿਰੀ ਚਿੰਤਾ ਪ੍ਰਗਟ ਕੀਤੀ ਤੇ ਨੀਟ ਵਰਗੀ ਮਹੱਤਵਪੂਰਨ ਪ੍ਰੀਖਿਆ ਦੇ ਪੇਪਰ ਲੀਕ ਹੋਣਾ ਦੇਸ਼ ਦੇ ਲੱਖਾਂ ਮਿਹਨਤੀ ਵਿਦਿਆਰਥੀਆਂ ਅਤੇ ਉਨ੍ਹਾਂ ਦੇ ਮਾਪਿਆਂ ਨਾਲ ਵੱਡਾ ਧੋਖਾ ਹੈ ਕਿ ਵਿਦਿਆਰਥੀ ਸਾਲਾਂ ਭਰ ਦਿਨ-ਰਾਤ ਮਿਹਨਤ ਕਰਦੇ ਹਨ ਤਾਂ ਜੋ ਉਹ ਡਾਕਟਰ ਬਣ ਕੇ ਦੇਸ਼ ਤੇ ਸਮਾਜ ਦੀ ਸੇਵਾ ਕਰ ਸਕਣ, ਪਰ ਅਜਿਹੀਆਂ ਘਟਨਾਵਾਂ ਉਨ੍ਹਾਂ ਦੇ ਸੁਪਨਿਆਂ ਨੂੰ ਝਟਕਾ ਦਿੰਦੀਆਂ ਹਨ। ਹਰਦੀਪ ਸਿੰਘ ਜੋਸ਼ਨ ਸੀਨੀਅਰ ਵਾਇਸ ਚੇਅਰਮੈਨ ਓ.ਬੀ.ਸੀ. ਵਿੰਗ ਪੰਜਾਬ ਨੇ ਕਿਹਾ ਕਿ ਘਟਨਾ ਸਿੱਖਿਆ ਪ੍ਰਣਾਲੀ ਦੀ ਭਰੋਸੇਯੋਗਤਾ 'ਤੇ ਸਵਾਲ ਖੜੇ ਕਰਦੀ ਹੈ।ਸਰਕਾਰ ਤੇ ਸਬੰਧਤ ਏਜੰਸੀਆਂ ਨੂੰ ਚਾਹੀਦਾ ਹੈ ਕਿ ਇਸ ਮਾਮਲੇ ਦੀ ਨਿਰਪੱਖ ਤੇ ਉੱਚ ਪੱਧਰੀ ਜਾਂਚ ਕਰਵਾਈ ਜਾਵੇ ਅਤੇ ਜੋ ਵੀ ਦੋਸ਼ੀ ਪਾਏ ਜਾਣ, ਉਨ੍ਹਾਂ ਖਿਲਾਫ ਸਖਤ ਤੋਂ ਸਖਤ ਕਾਰਵਾਈ ਕੀਤੀ ਜਾਵੇ।ਰਤਨਜੀਤ ਜਾਹਲਾਂ ਕੁਆਰਡੀਨੇਟਰ ਨੇ ਕਿਹਾ ਕਿ ਨੌਜਵਾਨ ਦੇਸ਼ ਦਾ ਭਵਿੱਖ ਹੁੰਦੇ ਹਨ, ਉਨ੍ਹਾਂ ਦੇ ਭਵਿੱਖ ਨਾਲ ਕਿਸੇ ਵੀ ਤਰ੍ਹਾਂ ਦਾ ਖਿਲਵਾੜ ਸਹਿਣ ਨਹੀਂ ਕੀਤਾ ਜਾਵੇਗਾ।ਜੇਕਰ ਯੋਗ ਵਿਦਿਆਰਥੀਆਂ ਦੀ ਮਿਹਨਤ ਦਾ ਮੁੱਲ ਇਸੇ ਤਰ੍ਹਾਂ ਘਟਾਇਆ ਗਿਆ ਤਾਂ ਨੌਜਵਾਨਾਂ ਦਾ ਪ੍ਰਣਾਲੀ ਤੋਂ ਵਿਸ਼ਵਾਸ ਉੱਠ ਜਾਵੇਗਾ।ਹਰਿੰਦਰ ਸ਼ਰਮਾ ਕੌਰਜੀਵਾਲਾ ਸਾਬਕਾ ਚੇਅਰਮੈਨ ਬ੍ਰਾਹਮਣ ਵੈੱਲਫੇਅਰ ਬੋਰਡ ਪੰਜਾਬ ਨੇ ਕਿਹਾ ਕਿ ਧਰਨੇ ਦੌਰਾਨ ਕਾਂਗਰਸੀ ਵਰਕਰਾਂ ਨੇ ਕੇਂਦਰ ਸਰਕਾਰ ਖਿਲਾਫ ਜ਼ੋਰਦਾਰ ਨਾਅਰੇਬਾਜ਼ੀ ਕੀਤੀ ਤੇ ਮੰਗ ਕੀਤੀ ਕਿ ਪੇਪਰ ਲੀਕ ਵਿੱਚ ਸ਼ਾਮਲ ਲੋਕਾਂ ਦੀ ਜਾਇਦਾਦ ਜਬਤ ਹੋਵੇ ਤੇ ਉਨ੍ਹਾਂ ਦੀ ਇਹ ਕੇਸਾਂ ਦੀ ਸੁਣਵਾਈ ਫਾਸਟ ਟਰੈਕ ਅਦਾਲਤ ਵਿੱਚ ਹੋਵੇ, ਸਜ਼ਾ ਅਜਿਹੀ ਹੋਵੇ ਕਿ ਆਉਣ ਵਾਲੀਆਂ ਪੀੜ੍ਹੀਆਂ ਵੀ ਯਾਦ ਰੱਖਣ।ਡਾ. ਰਾਜ ਕੁਮਾਰ ਡਕਾਲਾ ਸਾਬਕਾ ਵਾਇਸ ਚੇਅਰਮੈਨ ਨੇ ਕਿਹਾ ਕਿ ਸਿੱਖਿਆ ਪ੍ਰਣਾਲੀ ਨੂੰ ਪਾਰਦਰਸ਼ੀ ਤੇ ਸੁਰੱਖਿਆ ਬਣਾਉਣਾ ਸਰਕਾਰ ਦੀ ਜ਼ਿੰਮੇਵਾਰੀ ਹੈ।ਕਾਂਗਰਸੀ ਵਰਕਰਾਂ ਨੇ ਚੇਤਾਵਨੀ ਦਿੱਤੀ ਕਿ ਜੇਕਰ ਇਸ ਮਾਮਲੇ ਵਿੱਚ ਜਲਦੀ ਤੇ ਪ੍ਰਭਾਵਸ਼ਾਲੀ ਕਾਰਵਾਈ ਨਾ ਕੀਤੀ ਗਈ ਤਾਂ ਕਾਂਗਰਸ ਪਾਰਟੀ ਵੱਲੋਂ ਸੰਘਰਸ਼ ਨੂੰ ਹੋਰ ਤਿੱਖਾ ਕੀਤਾ ਜਾਵੇਗਾ।ਇਸ ਮੌਕੇ ਹਰਿੰਦਰ ਸ਼ਰਮਾ, ਰਤਨਜੀਤ ਜਾਹਲਾ, ਹਨੀ ਵੜੈਚ, ਗੁਰਮੀਤ ਸਿੰਘ, ਰਾਜ ਕੁਮਾਰ ਡਕਾਲਾ, ਨੀਰਜ ਮੰਡੋਰਾ ਪ੍ਰਧਾਨ ਓ.ਬੀ.ਸੀ., ਹਰਦੀਪ ਸਿੰਘ ਜੋਸ਼ਨ, ਵਿਨੋਦ ਭਟਨਾਗਰ ਪ੍ਰਧਾਨ ਸੇਵਾ ਦਲ ਪਟਿਆਲਾ, ਰਾਣੀ ਪ੍ਰਧਾਨ ਮਹਿਲਾ, ਭੂਸ਼ਨ ਸ਼ਰਮਾ ਮੀਤ ਪ੍ਰਧਾਨ, ਬ੍ਰਿਜ ਭੂਸ਼ਨ ਅੱਤਰੀ (ਬ੍ਰਾਹਮਣ ਸਮਾਜ ਵੈੱਲਫੇਅਰ ਫਰੰਟ), ਬਬਲੀ, ਹਰਪ੍ਰੀਤ ਸਿੰਘ ਵਾਇਸ ਪ੍ਰਧਾਨ, ਨਰਿੰਦਰ ਕੌਰਜੀਵਾਲਾ ਤੇ ਹਨੀ ਵੜੈਚ ਆਦਿ ਹਾਜ਼ਰ ਸਨ।

# 19 ਦੀ ਰੈਲੀ 'ਚ ਲੁਧਿਆਣੇ ਤੋਂ ਵੱਡੀ ਗਿਣਤੀ 'ਚ ਸ਼ਾਮਲ ਹੋਣਗੇ ਮਜ਼ਦੂਰ ਤੇ ਮੁਲਾਜ਼ਮ : ਭਾਟੀਆ/ਵਿਜੇ ਕੁਮਾਰ



**ਲੁਧਿਆਣਾ (ਨ ਜ਼ ਸ)**-ਘੱਟੋ ਘੱਟ ਉਜਰਤ 26000 ਰੁਪਏ ਮਹੀਨਾ, ਅੱਠ ਘੰਟੇ ਦਿਹਾੜੀ, ਹਰ ਛੇ ਮਹੀਨੇ ਬਾਅਦ ਮਹਿੰਗਾਈ ਭੱਤੇ ਦਾ ਵਾਧਾ ਤੇ ਹੋਰ ਮੰਗਾਂ ਨੂੰ ਲੈ ਕੇ ਏਟਕ ਪੰਜਾਬ ਵੱਲੋਂ 19 ਮਈ ਨੂੰ ਕਿਰਤ ਕਮਿਸ਼ਨਰ ਦਫਤਰ ਮੁਹਾਲੀ ਦੇ ਸਾਹਮਣੇ ਕੀਤੀ ਜਾਣ ਵਾਲੀ ਰੈਲੀ ਵਿੱਚ ਲੁਧਿਆਣਾ ਤੋਂ ਵੱਡੀ ਗਿਣਤੀ ਵਿੱਚ ਮਜ਼ਦੂਰ ਤੇ ਮੁਲਾਜ਼ਮ ਸਾਥੀ ਸ਼ਾਮਲ ਹੋਣਗੇ।ਪਿਛਲੇ ਦਿਨੀਂ ਇਸ ਮੁੱਦੇ ਨੂੰ ਲੈ ਕੇ ਏਟਕ ਲੁਧਿਆਣਾ ਦੀ ਮੀਟਿੰਗ ਕੀਤੀ ਗਈ, ਜਿਸ ਵਿੱਚ ਵੱਖ-ਵੱਖ ਯੂਨੀਅਨਾਂ ਵੱਲੋਂ ਵੱਡੀ ਗਿਣਤੀ ਵਿੱਚ ਮਜ਼ਦੂਰ ਤੇ ਮੁਲਾਜ਼ਮਾਂ ਦੀ ਸ਼ਮੂਲੀਅਤ ਲਈ ਆਗੂ ਸਾਥੀਆਂ ਨੇ ਜ਼ਿੰਮੇਵਾਰੀ ਲਈ।ਲੁਧਿਆਣਾ ਏਟਕ ਦੇ ਜਨਰਲ ਸਕੱਤਰ ਐੱਮ ਐੱਸ ਭਾਟੀਆ ਤੇ ਪ੍ਰਧਾਨ ਵਿਜੇ ਕੁਮਾਰ ਨੇ ਦੱਸਿਆ ਕਿ 19 ਮਈ ਦੀ ਰੈਲੀ ਨੂੰ ਲੈ ਕੇ ਮਜ਼ਦੂਰਾਂ ਤੇ ਮੁਲਾਜ਼ਮਾਂ ਵਿੱਚ ਜੋਸ਼ ਹੈ ਅਤੇ ਇਸ ਸੰਬੰਧ ਵਿੱਚ ਵੱਖ-ਵੱਖ ਅਦਾਰਿਆਂ ਵਿੱਚ ਮੀਟਿੰਗਾਂ ਕੀਤੀਆਂ ਜਾ ਰਹੀਆਂ ਹਨ।

# ਘੱਟ ਪੜ੍ਹੇ-ਲਿਖੇ ਜਾਂ ਹੈਂਡੀਕੈਪਡ ਮੁਲਾਜ਼ਮਾਂ ਦੀਆਂ ਜਨਗਣਨਾ 'ਚ ਡਿਊਟੀਆਂ ਲਾਉਣੀਆਂ ਬੰਦ ਕਰੇ ਸਰਕਾਰ : ਰਾਣਵਾਂ



**ਲੁਧਿਆਣਾ (ਰੈਕਟਰ ਕਥੂਰੀਆ)**-ਦੀ ਕਲਾਸ ਫੋਰ ਗੌਰਮਿੰਟ ਇੰਪਲਾਈਜ਼ ਯੂਨੀਅਨ ਪੰਜਾਬ ਦੇ ਪ੍ਰਧਾਨ ਦਰਸ਼ਨ ਸਿੰਘ ਲੁਬਾਣਾ ਤੇ ਸਕੱਤਰ ਜਨਰਲ ਰਣਜੀਤ ਸਿੰਘ ਰਾਣਵਾਂ, ਜ਼ਿਲ੍ਹਾ ਲੁਧਿਆਣਾ ਦੇ ਜਨਰਲ ਸਕੱਤਰ ਸੁਰਿੰਦਰ ਸਿੰਘ ਬੈਂਸ ਨੇ ਦੱਸਿਆ ਕਿ ਵੱਖੋ ਵੱਖ ਵਿਭਾਗਾਂ ਵਿੱਚ ਕੰਮ ਕਰਦੇ ਅਨਪੜ੍ਹ, ਘੱਟ ਪੜ੍ਹੇ ਤੇ ਹੈਂਡੀਕੈਪਟ ਦਰਜਾਚਾਰ ਮੁਲਾਜ਼ਮਾਂ ਦੀਆਂ ਅਧਿਕਾਰੀਆਂ ਵੱਲੋਂ ਜਬਰੀ ਤੌਰ 'ਤੇ ਐੱਸ ਆਈ ਆਰ (ਜਨਗਣਨਾ) ਕਰਨ ਲਈ ਡਿਊਟੀਆਂ ਲਾਈਆਂ ਜਾ ਰਹੀਆਂ ਹਨ ਅਤੇ ਜੇਕਰ ਦਰਜਾਚਾਰ ਮੁਲਾਜ਼ਮ ਅਜਿਹੀ ਡਿਊਟੀ ਕਰਨ ਤੋਂ ਅਸਮਰਥਾ ਪ੍ਰਗਟ ਕਰਦਾ ਹੈ ਤਾਂ ਉਸ ਵਿਰੁੱਧ ਸਖਤ ਕਾਰਵਾਈ ਕਰਨ ਦੇ ਡਰਾਵੇ ਦਿੱਤੇ ਜਾ ਰਹੇ ਹਨ, ਅਨਪੜ੍ਹ ਜਾਂ ਘੱਟ ਪੜ੍ਹੇ ਲਿਖੇ ਜਾਂ ਹੈਂਡੀਕੈਪਟ ਦਰਜਾਚਾਰ ਕਰਮਚਾਰੀਆਂ ਨੂੰ ਆਪਣੇ ਪੱਧਰ 'ਤੇ ਪੜ੍ਹੇ ਲਿਖੇ ਵਿਅਕਤੀ ਦਾ ਪ੍ਰਬੰਧ ਕਰਨ ਲਈ ਜ਼ੋਰ ਦਿੱਤਾ ਜਾ ਰਿਹਾ ਹੈ, ਜੋ ਸਰਾਸਰ ਧੱਕਾ ਹੈ। ਸਾਥੀ ਲੁਬਾਣਾ ਤੇ ਰਾਣਵਾਂ ਨੇ ਕਿਹਾ ਕਿ ਕਰਮਚਾਰੀਆਂ ਨਾਲ ਅਜਿਹੀ ਧੱਕੇਸ਼ਾਹੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ। ਆਗੂਆਂ ਨੇ ਪੰਜਾਬ ਸਰਕਾਰ ਤੋਂ ਪੁਰਜ਼ੋਰ ਮੰਗ ਕੀਤੀ ਕਿ ਅਨਪੜ੍ਹ, ਘੱਟ ਪੜ੍ਹੇ ਲਿਖੇ ਦਰਜਾਚਾਰ ਕਰਮਚਾਰੀਆਂ ਤੇ ਹੈਂਡੀਕੈਪਟ ਕਰਮਚਾਰੀਆਂ ਦੀਆਂ ਐੱਸ ਆਈ ਆਰ (ਜਨਗਣਨਾ) ਲਈ ਡਿਊਟੀਆਂ ਲਾਉਣੀਆਂ ਤੁਰੰਤ ਬੰਦ ਕੀਤੀਆਂ ਜਾਣ, ਅਜਿਹਾ ਨਾ ਹੋਣ ਦੀ ਸੂਰਤ ਵਿੱਚ ਜਥੇਬੰਦੀ ਵੱਲੋਂ ਸੰਘਰਸ਼ ਕੀਤਾ ਜਾਵੇਗਾ।

### ਪੈਟਰੋਲ ਤੇ ਡੀਜ਼ਲ ਦੀਆਂ ਵਧੀਆਂ ਕੀਮਤਾਂ ਦਾ ਵਿਰੋਧ

**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਪੰਜਾਬ ਅੰਦਰ ਪੈਟਰੋਲ ਤੇ ਡੀਜ਼ਲ ਦੀਆਂ ਕੀਮਤਾਂ ਵਿਚ ਵਾਧੇ ਦੇ ਫ਼ੈਸਲੇ ਦਾ ਆਮ ਲੋਕਾਂ, ਪ੍ਰਾਈਵੇਟ ਬੱਸ ਅਪ੍ਰੇਟਰਾਂ ਅਤੇ ਟਰਾਂਸਪੋਰਟਰਾਂ ਨੇ ਤਿੱਖਾ ਵਿਰੋਧ ਕੀਤਾ।ਲੋਕਾਂ ਦਾ ਕਹਿਣਾ ਹੈ ਕਿ ਪਹਿਲਾਂ ਹੀ ਮਹਿੰਗਾਈ ਨੇ ਲੋਕਾਂ ਦੀ ਕਮਰ ਤੋੜ ਕੇ ਰੱਖ ਦਿੱਤੀ ਹੈ ਤੇ ਹੁਣ ਤੇਲ ਦੀਆਂ ਕੀਮਤਾਂ ਵਧਣ ਨਾਲ ਰੋਜ਼ਾਨਾ ਖਰਚ ਹੋਰ ਵੱਧ ਜਾਵੇਗਾ।ਟਰਾਂਸਪੋਰਟਰਾਂ ਨੇ ਕਿਹਾ ਕਿ ਡੀਜ਼ਲ ਮਹਿੰਗਾ ਹੋਣ ਕਾਰਨ ਟਰਾਂਸਪੋਰਟ ਦਾ ਖਰਚ ਵਧੇਗਾ, ਜਿਸਦਾ ਸਿੱਧਾ ਅਸਰ ਸਮਾਨ ਦੀਆਂ ਕੀਮਤਾਂ ਉੱਤੇ ਪਵੇਗਾ।ਪ੍ਰਾਈਵੇਟ ਬੱਸ ਚਾਲਕਾਂ ਨੇ ਦੱਸਿਆ ਕਿ ਪਹਿਲਾਂ ਹੀ ਘੱਟ ਸਵਾਰੀਆਂ ਤੇ ਵਧਦੇ ਖਰਚਿਆਂ ਕਾਰਨ ਉਹ ਮੁਸ਼ਕਲਾਂ ਦਾ ਸਾਹਮਣਾ ਕਰ ਰਹੇ ਹਨ, ਉੱਪਰੋਂ ਡੀਜ਼ਲ ਦੀ ਕੀਮਤ ਵਧਣ ਨਾਲ ਹਾਲਾਤ ਹੋਰ ਖਰਾਬ ਹੋਣਗੇ।ਆਮ ਲੋਕਾਂ ਨੇ ਵੀ ਆਪਣੀ ਨਾਰਾਜ਼ਗੀ ਜਤਾਉਂਦੇ ਹੋਏ ਕਿਹਾ ਕਿ ਪੈਟਰੋਲ ਮਹਿੰਗਾ ਹੋਣ ਨਾਲ ਹਰ ਵਰਗ ਪ੍ਰਭਾਵਤ ਹੋਵੇਗਾ।ਲੋਕਾਂ ਨੇ ਸਰਕਾਰ ਤੋਂ ਮੰਗ ਕੀਤੀ ਕਿ ਪੈਟਰੋਲ ਅਤੇ ਡੀਜ਼ਲ ਦੀਆਂ ਕੀਮਤਾਂ ਵਿੱਚ ਕੀਤਾ ਗਿਆ ਵਾਧਾ ਤੁਰੰਤ ਵਾਪਸ ਲਿਆ ਜਾਵੇ ਤਾਂ ਜੋ ਆਮ ਜਨਤਾ ਨੂੰ ਰਾਹਤ ਮਿਲ ਸਕੇ।ਸੁਰਜੀਤ ਥਿੰਦ ਟਰਾਂਸਪੋਟਰਾਂ ਤੇ ਜ਼ਿਮੀਦਾਰਾਂ ਟਰੱਕ ਯੂਨੀਅਨ ਦੇਵੀਗੜ੍ਹ ਦੇ ਚੇਅਰਮੈਨ ਸੁਰਜੀਤ ਸਿੰਘ ਥਿੰਦ ਨੇ ਕਿਹਾ ਹੈ ਕਿ ਤੇਲ ਦੀਆਂ ਕੀਮਤਾਂ ਵਿੱਚ ਕੀਤਾ ਵਾਧਾ ਟਰਾਂਸਪੋਟਰਾਂ ਨੂੰ ਮੰਦਹਾਲੀ ਦੇ ਕਗਾਰ 'ਤੇ ਖੜਾ ਕਰ ਦੇਵੇਗਾ।



# ਆਸ਼ਾ ਵਰਕਰਜ਼ ਫੈਸਿਲੀਟੇਟਰਜ਼ ਨੇ ਸਿਵਲ ਸਰਜਨ ਨੂੰ ਸੌਂਪਿਆ ਮੰਗ ਪੱਤਰ



**ਮੋਗਾ (ਇਕਬਾਲ ਸਿੰਘ ਖਹਿਰਾ)**-ਆਲ ਇੰਡੀਆ ਆਸ਼ਾ ਵਰਕਰਜ਼ ਫੈਸੀਲੀਟੇਟਰਜ਼ ਯੂਨੀਅਨ ਪੰਜਾਬ (ਏਟਕ) ਮੁੱਖ ਦਫਤਰ ਪ.ਸ.ਸ.ਫ.1680/22-ਬੀ ਚੰਡੀਗੜ੍ਹ ਸੂਬਾ ਪ੍ਰਧਾਨ ਅਮਰਜੀਤ ਕੌਰ ਰਣ ਸਿੰਘ ਵਾਲਾ ਸੂਬਾ ਜਰਨਲ ਸਕੱਤਰ ਬਲਵੀਰ ਕੌਰ ਗਿੱਲ ਦੀ ਅਗਵਾਈ ਵਿੱਚ ਸਿਵਲ ਹਸਪਤਾਲ ਮੋਗਾ ਵਿਖੇ ਸਿਵਲ ਸਰਜ ਡਾ. ਅਸ਼ੋਕ ਸਿੰਗਲਾ ਨੂੰ ਮਿਲੇ।ਵਿਸ਼ੇਸ਼ ਤੌਰ 'ਤੇ ਟਰੇਡ ਯੂਨੀਅਨ ਕੌਂਸਲ ਮੋਗਾ ਦੇ ਪ੍ਰਧਾਨ ਜਗਦੀਸ਼ ਸਿੰਘ ਚਾਹਲ, ਪੰਜਾਬ ਪੈਨਸ਼ਨਰਜ਼ ਯੂਨੀਅਨ ਮੋਗਾ ਜਰਨਲ ਸਕੱਤਰ ਬੂਟਾ ਸਿੰਘ ਭੱਟੀ, ਪਸਸਫ ਮੋਗਾ ਦੇ ਜ਼ਿਲ੍ਹਾ ਸਕੱਤਰ ਭੁਪਿੰਦਰ ਸਿੰਘ ਸੇਖੋਂ, ਦੀ ਕਲਾਸ ਫੋਰ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਚਮਨ ਲਾਲ, ਜ਼ਿਲ੍ਹਾ ਸੈਕਟਰੀ ਹਰੀ ਬਹਾਦਰ ਬਿੱਟੂ ਪਹੁੰਚੇ।ਆਗੂਆਂ ਵੱਲੋਂ ਸਿਵਲ ਸਰਜਨ ਨੂੰ ਵਿਸਥਾਰ ਨਾਲ ਦੱਸਿਆ ਗਿਆ ਕਿ ਪਿੰਡ ਕਿਸ਼ਨਪੁਰਾ ਵਿਖੇ ਫੈਸੀਲਿਟੇਟਰ ਦੀ ਖਾਲੀ ਪਈ ਸੀਟ ਕਾਰਨ ਆਸ਼ਾ ਵਰਕਰਜ਼ ਨੂੰ ਆਪਣੇ ਕੀਤੇ ਗਏ ਕੰਮਾਂ ਦੀ ਰਿਪੋਟ ਭਰਨ ਵਿੱਚ ਬਹੁਤ ਦਿੱਕਤ ਆ ਰਹੀ ਹੈ।ਆਸ਼ਾ ਵਰਕਰਜ਼ ਵੱਲੋਂ ਸੀ ਐੱਚ ਸੀ ਬਲਾਕ ਕੋਟ ਈਸੇ ਖਾਂ ਵਿਖੇ ਆਸ਼ਾ ਵਰਕਰਜ਼ ਦੀਆਂ ਫਾਇਲਾਂ ਭਰ ਕੇ ਮਿਤੀ 04/08/25 ਨੂੰ ਦਿੱਤੀਆਂ ਗਈਆਂ ਹਨ।ਪੂਰੇ ਨੌਂ ਮਹੀਨੇ ਬੀਤ ਗਏ ਹਨ।

ਘੱਟੋ ਘੱਟ ਚਾਰ-ਪੰਜ ਵਾਰ ਲਿਖਤੀ ਚਿੱਠੀਆਂ ਸਮੇਤ ਐੱਸ ਐੱਮ ਓ ਸਾਹਿਬ ਨੂੰ ਮਿਲਿਆ ਗਿਆ ਹੈ।ਉੱਥੋਂ ਦੇ ਅਧਿਕਾਰੀਆਂ ਵੱਲੋਂ ਕੋਈ ਵੀ ਪ੍ਰਕਿਰਿਆ ਸ਼ੁਰੂ ਨਹੀਂ ਕੀਤੀ ਗਈ ਅਤੇ ਨਾ ਕੋਈ ਢੁੱਕਵਾਂ ਜਵਾਬ ਮਿਲ ਰਿਹਾ ਹੈ।ਆਸ਼ਾ ਵਰਕਰਜ਼ ਫੈਸੀਲਿਟੇਟਰਜ਼ ਸਾਂਝਾ ਮੋਰਚਾ ਪੰਜਾਬ ਦੇ ਕਨਵੀਨਰਾਂ ਵੱਲੋਂ ਬੇਨਤੀ ਪੱਤਰ, ਜਿਸ ਦਾ ਸੀਰੀਅਲ ਨੰਬਰ 85 ਹੈ ਜੀ, 23 ਅਪ੍ਰੈਲ 26 ਨੂੰ ਪੰਜਾਬ ਸਰਕਾਰ ਮਾਨਯੋਗ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਦੀ ਅਗਵਾਈ ਵਿੱਚ ਸਿਵਲ ਸਕੱਤਰੇਤ ਚੰਡੀਗੜ੍ਹ ਵਿਖੇ ਸਿਹਤ ਵਿਭਾਗ ਦੇ ਉੱਚ ਅਧਿਕਾਰੀਆਂ ਨੂੰ ਸੌਂਪਿਆ ਗਿਆ। ਸਿਵਲ ਸਰਜਨ ਵੱਲੋ ਵਿਸ਼ਵਾਸ ਦਿਵਾਇਆ ਗਿਆ ਕਿ ਤੁਹਾਡਾ ਕੰਮ 15-20 ਦਿਨਾਂ 'ਚ ਹੋ ਜਾਵੇਗਾ ਅਤੇ ਸੰਦੀਪ ਕੌਰ ਪਤਨੀ ਮੰਗਤ ਰਾਮ ਵਾਸੀ ਮੋਹਨ ਸਿੰਘ ਸਲਾਮ ਏਰੀਆ ਯੂ. ਏ. ਡੀ. ਸਬ ਸੈਂਟਰ ਬੁੱਕਣ ਵਾਲਾ ਰੋਡ ਦੀ ਅਪ੍ਰੈਲ ਮਹੀਨੇ ਦੇ ਕੀਤੇ ਗਏ ਕੰਮਾਂ ਦੀ ਰਿਪੋਰਟ ਰਸੀਵ ਨਹੀਂ ਕੀਤੀ ਗਈ। ਇਸ ਲਈ ਐੱਸ ਐੱਮ ਓ ਨੂੰ ਇਸ ਮਾਮਲੇ ਲਈ ਮਿਲਣ ਗਏ।ਸਾਹਿਬ ਛੁੱਟੀ 'ਤੇ ਹੋਣ ਕਾਰਨ ਦਫ਼ਤਰ ਦੇ ਡਿਸਪੈਚ ਕਲਾਰਕ ਨੂੰ ਮੰਗ ਪੱਤਰ ਸੌਂਪਿਆ ਗਿਆ।ਉਨ੍ਹਾਂ ਸੰਦੀਪ ਕੌਰ ਨੂੰ ਐੱਸ ਐੱਮ ਓ ਨੂੰ ਸੋਮਵਾਰ ਮਿਲਣ ਲਈ ਕਿਹਾ ਤੇ ਕਿਹਾ ਕਿ ਗੱਲਬਾਤ ਰਾਹੀਂ ਇੰਨਸੈਂਟਿਵ ਦਾ ਹੱਲ ਕੀਤਾ ਜਾਵੇਗਾ।ਮੀਟਿੰਗ ਵਿੱਚ ਸ਼ਾਮਲ ਸਰਬਜੀਤ ਕੌਰ ਪਹਾੜਾ ਚੌਂਕ, ਮਨਜੀਤ ਕੌਰ ਪ੍ਰੀਤ ਨਗਰ, ਨਰਿੰਦਰ ਕੌਰ ਸੇਖੋਂ ਵਾਲਾ ਚੌਂਕ, ਹਰਵਿੰਦਰ ਕੌਰ ਸ੍ਰੀ ਚੰਦ ਨਗਰ ਮੋਗਾ, ਭਿੰਦਰ ਕੌਰ, ਰਣਜੀਤ ਕੌਰ, ਕਰਮਜੀਤ ਕੌਰ, ਕਲਵਜੀਤ ਕੌਰ ਭਿੰਡਰ, ਕ੍ਰਿਸ਼ਨ ਦੇਵੀ ਬਾਘਾ ਪੁਰਾਣਾ, ਸੁਖਵੀਰ ਕੌਰ, ਸੋਨਦੀਪ ਕੌਰ ਮੋਗਾ, ਜਸਵਿੰਦਰ ਕੌਰ ਕ੍ਰਿਸ਼ਨਾ ਪੁਰਾ, ਰਮਨਦੀਪ ਕੌਰ ਕ੍ਰਿਸ਼ਨਾ ਆਦਿ ਸਾਥੀ ਸ਼ਾਮਲ ਹੋਏ।

# ਸ਼ਹੀਦ ਸੁਖਦੇਵ ਨੂੰ ਜਨਮ ਦਿਵਸ ਮੌਕੇ ਏ ਡੀ ਸੀ ਪੂਨਮ ਸਿੰਘ ਵੱਲੋਂ ਸ਼ਰਧਾ ਦੇ ਫੁੱਲ ਭੇਟ

### ਸ਼ਹੀਦ ਸੁਖਦੇਵ ਦੇ ਜੱਦੀ ਘਰ ਤੱਕ ਸਿੱਧੀ ਪਹੁੰਚ ਸੜਕ ਦਾ ਕੀਤਾ ਉਦਘਾਟਨ

**ਲੁਧਿਆਣਾ (ਰਾਜ ਸਿੰਗਲਾ)**-ਵਧੀਕ ਡਿਪਟੀ ਕਮਿਸ਼ਨਰ (ਜ) ਪੂਨਮ ਸਿੰਘ ਨੇ ਸ਼ੁੱਕਰਵਾਰ ਨੂੰ ਮਹਾਨ ਆਜ਼ਾਦੀ ਘੁਲਾਟੀਏ ਸ਼ਹੀਦ ਸੁਖਦੇਵ ਜੀ ਨੂੰ ਉਨ੍ਹਾਂ ਦੇ ਜਨਮ ਦਿਵਸ ਮੌਕੇ ਮੁਹੱਲਾ ਨੌਘਰਾ ਵਿਖੇ ਉਨ੍ਹਾਂ ਦੇ ਜੱਦੀ ਘਰ ਵਿਖੇ ਸ਼ਰਧਾ ਦੇ ਫੁੱਲ ਭੇਟ ਕੀਤੇ।ਸ਼ਹੀਦ ਸੁਖਦੇਵ ਥਾਪਰ ਮੈਮੋਰੀਅਲ ਟਰੱਸਟ ਦੇ ਰਾਸ਼ਟਰੀ ਪ੍ਰਧਾਨ ਅਸ਼ੋਕ ਥਾਪਰ ਅਤੇ ਤ੍ਰਿਭੁਵਨ ਥਾਪਰ ਦੇ ਨਾਲ ਵਧੀਕ ਡਿਪਟੀ ਕਮਿਸ਼ਨਰ ਪੂਨਮ ਸਿੰਘ ਨੇ ਚੌੜਾ ਬਾਜ਼ਾਰ ਤੋਂ ਸ਼ਹੀਦ ਦੇ ਜੱਦੀ ਘਰ ਤੱਕ ਸਿੱਧੀ ਪਹੁੰਚ ਸੜਕ ਦਾ ਰਸਮੀ ਉਦਘਾਟਨ ਵੀ ਕੀਤਾ।ਇਸ ਮੌਕੇ ਬੋਲਦਿਆਂ ਵਧੀਕ ਡਿਪਟੀ ਕਮਿਸ਼ਨਰ ਪੂਨਮ ਸਿੰਘ ਨੇ ਕਿਹਾ ਕਿ ਸ਼ਹੀਦ ਸੁਖਦੇਵ ਜੀ, ਸ਼ਹੀਦ ਭਗਤ ਸਿੰਘ ਜੀ ਤੇ ਸ਼ਹੀਦ ਰਾਜਗੁਰੂ ਜੀ ਨੇ ਦੇਸ਼ ਲਈ ਮਹਾਨ ਕੁਰਬਾਨੀ ਦਿੱਤੀ ਤੇ ਦੇਸ਼ ਹਮੇਸ਼ਾ ਉਨ੍ਹਾਂ ਦਾ ਰਿਣੀ ਰਹੇਗਾ।ਉਨ੍ਹਾਂ ਕਿਹਾ ਕਿ ਧਰਤੀ ਦੇ ਇਨ੍ਹਾਂ ਮਹਾਨ ਸਪੂਤਾਂ ਨੇ ਭਾਰਤ ਨੂੰ ਵਿਦੇਸ਼ੀ ਸਾਮਰਾਜਵਾਦ ਦੇ ਬੰਧਨਾਂ ਤੋਂ ਮੁਕਤ ਕਰਵਾਉਣ ਲਈ ਆਪਣੀਆਂ ਜਾਨਾਂ ਵਾਰ ਦਿੱਤੀਆਂ।ਉਨ੍ਹਾਂ ਕਿਹਾ ਕਿ ਅਜਿਹੇ ਸ਼ਹੀਦਾਂ ਦੀਆਂ ਕੁਰਬਾਨੀਆਂ ਸਦਕਾ ਹੀ ਅੱਜ ਨਾਗਰਿਕ ਸ਼ਾਂਤੀ, ਆਜ਼ਾਦੀ ਤੇ ਭਾਈਚਾਰਕ ਸਾਂਝ ਦੇ ਮਾਹੌਲ ਵਿੱਚ ਰਹਿ ਰਹੇ ਹਨ।ਪੂਨਮ ਸਿੰਘ ਨੇ ਕਿਹਾ ਕਿ ਸਾਨੂੰ ਆਪਣੇ ਸ਼ਹੀਦਾਂ ਨੂੰ ਕਦੇ ਨਹੀਂ ਭੁੱਲਣਾ ਚਾਹੀਦਾ।ਉਨ੍ਹਾਂ ਬਹੁਤ ਛੋਟੀ ਉਮਰ ਵਿੱਚ ਆਪਣੀਆਂ ਜਾਨਾਂ ਕੁਰਬਾਨ ਕਰ ਦਿੱਤੀਆਂ ਸਨ ਤੇ ਹੁਣ ਹਰ ਨਾਗਰਿਕ ਦੀ ਜ਼ਿੰਮੇਵਾਰੀ ਹੈ ਕਿ ਉਹ ਰਾਸ਼ਟਰੀ ਏਕਤਾ, ਅਖੰਡਤਾ ਤੇ ਤਰੱਕੀ ਲਈ ਅਣਥੱਕ ਮਿਹਨਤ ਕਰੇ।ਉਨ੍ਹਾਂ ਕਿਹਾ ਕਿ ਸ਼ਹੀਦ ਸੁਖਦੇਵ ਜੀ, ਸ਼ਹੀਦ ਭਗਤ ਸਿੰਘ ਜੀ ਤੇ ਸ਼ਹੀਦ ਰਾਜਗੁਰੂ ਜੀ ਦਾ ਜੀਵਨ, ਆਦਰਸ਼ ਤੇ ਦਰਸ਼ਨ ਆਉਣ ਵਾਲੀਆਂ ਪੀੜ੍ਹੀਆਂ ਨੂੰ ਪ੍ਰੇਰਿਤ ਕਰਦੇ ਰਹਿਣਗੇ।ਵਧੀਕ ਡਿਪਟੀ ਕਮਿਸ਼ਨਰ ਪੂਨਮ ਸਿੰਘ ਨੇ ਨੌਜਵਾਨਾਂ ਨੂੰ ਭ੍ਰਿਸ਼ਟਾਚਾਰ, ਨਸ਼ਾਖੋਰੀ, ਭਰੂਣ ਹੱਤਿਆ ਤੇ ਅਨਪੜ੍ਹਤਾ ਵਰਗੀਆਂ ਸਮਾਜਿਕ ਬੁਰਾਈਆਂ ਦੇ ਖਾਤਮੇ ਲਈ ਸਰਗਰਮੀ ਨਾਲ ਯੋਗਦਾਨ ਪਾਉਣ ਦੀ ਅਪੀਲ ਕਰਦਿਆਂ ਕਿਹਾ ਕਿ ਇਹ ਦੇਸ਼ ਦੇ ਸ਼ਹੀਦਾਂ ਨੂੰ ਸੱਚੀ ਸ਼ਰਧਾਂਜਲੀ ਹੋਵੇਗੀ।

### 8 ਗ੍ਰਾਮ ਹੈਰੋਇਨ ਸਮੇਤ ਦੋ ਗ੍ਰਿਫਤਾਰ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਥਾਣਾ ਸਿਟੀ ਫਿਰੋਜ਼ਪੁਰ ਤੇ ਥਾਣਾ ਘੱਲ ਖੁਰਦ ਪੁਲਸ ਨੇ ਗਸ਼ਤ ਤੇ ਚੈਕਿੰਗ ਦੌਰਾਨ ਦੋ ਵਿਅਕਤੀਆਂ ਨੂੰ 8 ਗ੍ਰਾਮ ਹੈਰੋਇਨ ਸਮੇਤ ਗ੍ਰਿਫਤਾਰ ਕਰਕੇ ਉਨ੍ਹਾਂ ਖਿਲਾਫ ਮਾਮਲਾ ਦਰਜ ਕੀਤਾ ਹੈ। ਜਾਣਕਾਰੀ ਦਿੰਦੇ ਹੋਏ ਥਾਣਾ ਸਿਟੀ ਫਿਰੋਜ਼ਪੁਰ ਪੁਲਸ ਦੇ ਐੱਸਆਈ ਦੀਪਸ਼ਿਖਾ ਨੇ ਦੱਸਿਆ ਕਿ ਉਨ੍ਹਾਂ ਨੂੰ ਖਾਸ ਮੁਖਬਰ ਨੇ ਇਤਲਾਹ ਦਿੱਤੀ ਕਿ ਵਿਲੀਅਮ ਪੁੱਤਰ ਅਮਰੀਕ ਵਾਸੀ ਕੋਠੀ ਰਾਏ ਸਾਹਿਬ ਕਨਾਲ ਕਾਲੋਨੀ ਫਿਰੋਜ਼ਪੁਰ, ਜੋ ਹੈਰੋਇਨ ਵੇਚਣ ਦਾ ਧੰਦਾ ਕਰਦਾ ਹੈ, ਅੱਜ ਵੀ ਹੈਰੋਇਨ ਲੈ ਕੇ ਰਾਏ ਸਿੱਖ ਭਵਨ ਪਾਸ ਵੇਚਣ ਲਈ ਗਾਹਕਾਂ ਦਾ ਇੰਤਜ਼ਾਰ ਕਰ ਰਿਹਾ ਹੈ। ਜੇਕਰ ਹੁਣੇ ਉਸ 'ਤੇ ਛਾਪੇਮਾਰੀ ਕੀਤੀ ਜਾਵੇ ਤਾਂ ਕਾਬੂ ਆ ਸਕਦਾ ਹੈ। ਪੁਲਸ ਨੇ ਦੱਸਿਆ ਕਿ ਉਕਤ ਦੋਸ਼ੀ 'ਤੇ ਛਾਪੇਮਾਰੀ ਕਰਕੇ ਉਸ ਨੂੰ ਕਾਬੂ ਕੀਤਾ ਗਿਆ ਤੇ ਤਲਾਸ਼ੀ ਦੌਰਾਨ ਉਸ ਕੋਲੋਂ 4 ਗ੍ਰਾਮ ਹੈਰੋਇਨ ਬਰਾਮਦ ਹੋਈ। ਉਧਰ ਥਾਣਾ ਘੱਲ ਖੁਰਦ ਪੁਲਸ ਦੇ ਸਹਾਇਕ ਥਾਣੇਦਾਰ ਅਮਨਦੀਪ ਨੇ ਦੱਸਿਆ ਕਿ ਉਨ੍ਹਾਂ ਦੀ ਪੁਲਸ ਪਾਰਟੀ ਦੌਰਾਨੇ ਗਸ਼ਤ ਸੀ ਤਾਂ ਇਸ ਦੌਰਾਨ ਸਾਥੀ ਕਰਮਚਾਰੀਆਂ ਦੀ ਮੱਦਦ ਨਾਲ ਇਕ ਸ਼ੱਕੀ ਵਿਅਕਤੀ ਗੁਰਪ੍ਰੀਤ ਸਿੰਘ ਉਰਫ ਗੋਪੀ ਪੁੱਤਰ ਹਰਦਿਆਲ ਸਿੰਘ ਵਾਸੀ ਉੱਗੋਕੇ ਨੂੰ ਕਾਬੂ ਕੀਤਾ ਗਿਆ ਤੇ ਉਸ ਦੀ ਤਲਾਸ਼ੀ ਲੈਣ ਤੇ ਉਸ ਪਾਸੋਂ 4 ਗ੍ਰਾਮ ਹੈਰੋਇਨ ਬਰਾਮਦ ਹੋਈ। ਪੁਲਸ ਨੇ ਦੱਸਿਆ ਕਿ ਉਕਤ ਦੋਸ਼ੀਆਨ ਖਿਲਾਫ ਮਾਮਲਾ ਦਰਜ ਕਰ ਲਿਆ ਹੈ।

# ਦੇਸ਼ ਭਗਤ ਯੂਨੀਵਰਸਿਟੀ ਵੱਲੋਂ ਵਿਦਾਇਗੀ ਸਮਾਰੋਹ ਤੇ ਅਲੂਮਨੀ ਮਿਲਣੀ ਦਾ ਆਯੋਜਨ



**ਮੰਡੀ ਗੋਬਿੰਦਗੜ੍ਹ (ਪ੍ਰਮੋਦ ਭਾਰਦਵਾਜ)**

ਦੇਸ਼ ਭਗਤ ਯੂਨੀਵਰਸਿਟੀ ਦੇ ਅਧੀਨ ਅਗ੍ਰਿਮ ਕਲੱਬ ਵੱਲੋਂ ਏ.ਪੀ.ਜੇ. ਅਬਦੁਲ ਕਲਾਮ ਸੈਮੀਨਾਰ ਹਾਲ ਵਿੱਚ ਵਿਦਾਇਗੀ ਸਮਾਰੋਹ ਤੇ ਐਲਮਨਾਈ ਮਿਲਣੀ 2026 ਦਾ ਸਫਲ ਆਯੋਜਨ ਕੀਤਾ ਗਿਆ। ਸਮਾਗਮ ਵਿੱਚ ਨਵੇਂ ਵਿਦਿਆਰਥੀਆਂ, ਪੁਰਾਣੇ ਵਿਦਿਆਰਥੀਆਂ, ਅਧਿਆਪਕਾਂ ਤੇ ਮਾਣਯੋਗ ਹਸਤੀਆਂ ਨੇ ਬੜੇ ਉਤਸ਼ਾਹ ਨਾਲ ਭਾਗ ਲਿਆ, ਜਿਸ ਨਾਲ ਇਹ ਸਮਾਰੋਹ ਭਾਵਨਾਵਾਂ, ਖੁਸ਼ੀਆਂ ਅਤੇ ਯਾਦਾਂ ਦਾ ਯਾਦਗਾਰ ਮੇਲ ਬਣ ਗਿਆ।

ਪ੍ਰੋਗਰਾਮ ਦੀ ਸ਼ੁਰੂਆਤ ਚਾਂਸਲਰ ਡਾ. ਜ਼ੋਰਾ ਸਿੰਘ ਅਤੇ ਪ੍ਰੋ-ਚਾਂਸਲਰ ਡਾ. ਤਜਿੰਦਰ ਕੌਰ ਦੇ ਸਵਾਗਤ ਨਾਲ ਹੋਈ। ਇਸ ਤੋਂ ਬਾਅਦ ਦੀਪ ਜਗਾ ਕੇ ਡੀਬੀਯੂ ਗੀਤ ਪੇਸ਼ ਕੀਤਾ ਗਿਆ।ਖੇਤੀਬਾੜੀ ਤੇ ਜੀਵਨ ਵਿਗਿਆਨ ਫੈਕਲਟੀ ਦੀ ਡਾਇਰੈਕਟਰ ਪ੍ਰੋ. (ਡਾ.) ਐਚ. ਕੇ. ਸਿੱਧੂ ਨੇ ਸਮੂਹ ਹਾਜ਼ਰੀਨ ਦਾ ਤਹਿ ਦਿਲੋਂ ਸਵਾਗਤ ਕੀਤਾ।ਉਨ੍ਹਾਂ ਪ੍ਰੇਰਨਾਦਾਇਕ ਸ਼ਬਦਾਂ ਵਿੱਚ ਕਿਹਾ ਕਿ ਸਿੱਖਿਆ ਉਸ ਜੀਵਨ ਦੀ ਪਹਿਲਾਂ ਤੋਂ ਕੀਤੀ ਜਾਣ ਵਾਲੀ ਤਿਆਰੀ ਹੈ, ਜਿਸ ਦੀ ਅਗਵਾਈ ਤੁਹਾਨੂੰ ਖੁਦ ਕਰਨੀ ਪੈਣੀ ਹੈ। ਸੀਨੀਅਰ ਤੇ ਜੂਨੀਅਰ ਵਿਦਿਆਰਥੀਆਂ ਵੱਲੋਂ ਪੇਸ਼ ਕੀਤੀਆਂ ਰੰਗਾਰੰਗ ਸੱਭਿਆਚਾਰਕ ਪੇਸ਼ਕਾਰੀਆਂ ਨੇ ਸਮਾਗਮ ਵਿੱਚ ਰੌਣਕ ਅਤੇ ਜੋਸ਼ ਭਰ ਦਿੱਤਾ।ਮੁੱਖ ਆਕਰਸ਼ਣਾਂ ਵਿੱਚ ਜਾਗ੍ਰਿਤੀ ਰਾਜਪੂਤ ਨੂੰ ਮਿਸ ਫ੍ਰੈਸ਼ਰ ਅਤੇ ਅੰਦਲੀਬ ਨੂੰ ਮਿਸਟਰ ਫ੍ਰੈਸ਼ਰ ਦਾ ਖਿਤਾਬ ਦਿੱਤਾ ਗਿਆ।ਅਵੰਤੀਆ ਨੂੰ ਮਿਸ ਪਰਸਨੈਲਿਟੀ ਤੇ ਰਾਹੁਲ ਰਾਜ ਨੂੰ ਮਿਸਟਰ ਪਰਸਨੈਲਿਟੀ ਸਨਮਾਨ ਨਾਲ ਨਿਵਾਜਿਆ ਗਿਆ।ਐਲਮਨਾਈ ਮਿਲਣੀ ਸਮਾਗਮ ਦਾ ਵਿਸ਼ੇਸ਼ ਕੇਂਦਰ ਰਹੀ ਜਿਸ ਵਿੱਚ ਭਾਰਤ ਦੇ ਵੱਖ-ਵੱਖ ਰਾਜਾਂ ਅਤੇ ਵਿਦੇਸ਼ਾਂ ਤੋਂ ਆਏ ਪੁਰਾਣੇ ਵਿਦਿਆਰਥੀਆਂ ਨੇ ਆਪਣੇ ਪ੍ਰੇਰਨਾਦਾਇਕ ਤਜਰਬੇ, ਉਪਲਬਧੀਆਂ ਤੇ ਪਿਆਰੀਆਂ ਯਾਦਾਂ ਸਾਂਝੀਆਂ ਕੀਤੀਆਂ।ਉਨ੍ਹਾਂ ਦੀਆਂ ਗੱਲਾਂ ਨੇ ਮੌਜੂਦਾ ਵਿਦਿਆਰਥੀਆਂ ਨੂੰ ਪ੍ਰੇਰਿਤ ਕੀਤਾ ਅਤੇ ਯੂਨੀਵਰਸਿਟੀ ਨਾਲ ਉਨ੍ਹਾਂ ਦੇ ਰਿਸ਼ਤਿਆਂ ਨੂੰ ਹੋਰ ਮਜ਼ਬੂਤ ਬਣਾਇਆ।ਸਮਾਗਮ ਦੇ ਆਯੋਜਕ ਡਾ. ਅਵਿਨਾਸ਼ ਕੁਮਾਰ ਭਾਟੀਆ ਨੇ ਕਿਹਾ ਕਿ ਵਿਦਿਆਰਥੀ ਜੀਵਨ ਦੀਆਂ ਯਾਦਾਂ ਵਿਅਕਤੀ ਦੇ ਚਰਿੱਤਰ ਤੇ ਵਿਕਾਸ ਦਾ ਨਿਰਮਾਣ ਕਰਦੀਆਂ ਹਨ।ਸਮਾਗਮ ਦੀ ਕਾਰਵਾਈ ਦਾ ਸੁਚੱਜਾ ਸੰਚਾਲਨ ਡਾ. ਸਿਮਰਨਜੀਤ ਕੌਰ ਨੇ ਕੀਤਾ।

# ਸਰਕਾਰ 18 ਦੀ ਮੀਟਿੰਗ 'ਚ ਮੰਗਾਂ ਦਾ ਹੱਲ ਕਰੇ ਨਹੀਂ ਤਾਂ ਵਿੱਢਾਂਗੇ ਤਿੱਖਾ ਸੰਘਰਸ਼ : ਜਗਤਾਰ ਸਿੰਘ

**ਸਪੈਸ਼ਲ ਕਾਡਰ ਪਾਲਸੀ ਦਾ ਪਨਬੱਸ/ਪੀ ਆਰ ਟੀ ਸੀ ਦੇ ਕੱਚੇ ਮੁਲਾਜ਼ਮਾਂ ਵੱਲੋਂ ਸਖ਼ਤ ਵਿਰੋਧ**



**ਲੁਧਿਆਣਾ (ਰੈਕਟਰ ਕਥੂਰੀਆ)**

ਪੰਜਾਬ ਰੋਡਵੇਜ਼ ਪਨਬਸ/ਪੀਆਰਟੀਸੀ ਕੰਟਰੈਕਟ ਵਰਕਰਜ਼ ਯੂਨੀਅਨ ਵੱਲੋਂ ਸ਼ੁੱਕਰਵਾਰ ਸੂਬਾ ਭਰ ਵਿੱਚ 27 ਡਿੱਪੂਆਂ 'ਤੇ ਗੇਟ ਰੈਲੀਆਂ ਕੀਤੀਆਂ ਗਈਆਂ।ਲੁਧਿਆਣਾ ਡਿੱਪੂ ਦੇ ਗੇਟ 'ਤੇ ਸੂਬਾ ਆਗੂ ਜਗਤਾਰ ਤੇ ਡਿੱਪੂ ਪ੍ਰਧਾਨ ਜਤਿੰਦਰ ਸਿੰਘ ਸੋਨੀ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਕੱਚੇ ਮੁਲਾਜ਼ਮਾਂ ਦੀਆਂ ਮੰਗਾਂ ਨੂੰ ਲਗਾਤਾਰ ਨਜ਼ਰ ਅੰਦਾਜ਼ ਕੀਤਾ ਜਾ ਰਿਹਾ ਹੈ।ਸਰਕਾਰੀ ਬੱਸਾਂ ਪਾਉਣ ਵਿੱਚ ਚਾਰ ਸਾਲਾਂ ਤੋਂ ਫੇਲ੍ਹ ਸਰਕਾਰ ਹੁਣ ਵਿਭਾਗ ਵਿੱਚ ਕਿਲੋਮੀਟਰ ਸਕੀਮ ਪ੍ਰਾਈਵੇਟ ਮਾਲਕਾਂ ਦੀਆ ਬੱਸਾਂ ਪਾ ਕੇ ਨਿੱਜੀਕਰਨ ਕਰਨ ਵੱਲ ਤੁਰੀ ਹੈ।ਪਿਛਲੇ 4 ਸਾਲਾਂ ਦੌਰਾਨ 4-5 ਸੌ ਸਰਕਾਰੀ ਬੱਸਾਂ ਕੰਡਮ ਹੋ ਚੁੱਕੀਆਂ ਹਨ।ਹੋਰ ਬੱਸਾਂ ਤਾਂ ਕੀ ਪਾਉਣੀਆਂ ਪਹਿਲੀਆਂ ਬੱਸਾਂ ਦੇ ਟਾਇਰ ਸਪੇਅਰਪਾਰਟ ਤੱਕ ਨਹੀਂ ਲਿਆਂਦੇ ਗਏ।ਦੂਸਰੇ ਪਾਸੇ ਮੁਲਾਜ਼ਮਾਂ ਦੀਆਂ ਮੰਗਾਂ ਨੂੰ ਲਗਾਤਾਰ ਨਜ਼ਰ ਅੰਦਾਜ਼ ਕੀਤਾ ਜਾ ਰਿਹਾ ਹੈ।ਮੰਗਾਂ ਦਾ ਹੱਲ ਕਰਨ ਦੀ ਬਜਾਏ ਸਰਕਾਰ ਵੱਲੋਂ ਪਿਛਲੇ ਦਿਨੀਂ 28 ਨਵੰਬਰ 2025 ਵਿੱਚ ਕੱਚੇ ਮੁਲਾਜ਼ਮਾਂ ਉੱਪਰ 307 ਦੇ ਪਰਚੇ ਦਰਜ ਕਰਕੇ ਜੇਲ੍ਹਾਂ ਵਿੱਚ ਬੰਦ ਕੀਤਾ ਗਿਆ, ਉਨ੍ਹਾਂ ਨੂੰ ਬਿਨਾਂ ਸ਼ਰਤ ਰਿਹਾਅ ਕੀਤਾ ਜਾਵੇ। ਜਨਰਲ ਸਕੱਤਰ ਪ੍ਰਵੀਨ ਕੁਮਾਰ, ਮੀਤ ਪ੍ਰਧਾਨ ਗੁਰਪ੍ਰੀਤ ਸਿੰਘ ਬੜੈਚ ਨੇ ਸਾਂਝੇ ਤੌਰ 'ਤੇ ਕਿਹਾ ਕਿ ਕੱਚੇ ਮੁਲਾਜ਼ਮਾਂ ਨੂੰ ਪੱਕਾ ਕਰਨ, ਠੇਕੇਦਾਰ ਵਿਚੋਲੀਏ ਬਾਹਰ ਕੱਢਣ, ਬਰਾਬਰ ਕੰਮ ਬਰਾਬਰ ਤਨਖਾਹ ਲਾਗੂ ਕਰਨ ਦੀ ਬਜਾਏ ਹੁਣ ਵਿਭਾਗ ਵੱਲੋਂ ਕੱਚੇ ਮੁਲਾਜ਼ਮਾਂ ਨੂੰ ਸਪੈਸ਼ਲ ਕਾਡਰ ਪਾਲਸੀ 2023 ਲਾਗੂ ਕਰਨ ਲਈ ਇੱਕ ਪੱਤਰ ਜਾਰੀ ਕੀਤਾ ਗਿਆ, ਜਿਸ ਵਿੱਚ ਜਥੇਬੰਦੀ ਦਾ ਨਾਮ ਦਰਜ ਕਰਕੇ ਵਰਕਰਾਂ ਨੂੰ ਗੁੰਮਰਾਹ ਕਰਨ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ। ਇਸ ਮੌਕੇ ਜਥੇਬੰਦੀ ਵੱਲੋਂ ਪੰਜਾਬ ਰੋਡਵੇਜ਼ ਪਨਬਸ ਤੇ ਪੀ ਆਰ ਟੀ ਸੀ ਦੇ ਸਮੂਹ ਡਿੱਪੂਆਂ ਅੱਗੇ ਗੇਟ ਰੈਲੀਆਂ ਕਰਕੇ ਹੈੱਡ ਆਫਿਸ ਵੱਲੋਂ ਜਾਰੀ ਕੀਤੇ ਗਏ ਸਪੈਸ਼ਲ ਕਾਡਰ ਪਾਲਸੀ 16-5-2023 (ਜਿਹੜੀ ਵਿਭਾਗ ਵੱਲੋਂ ਕੱਲ੍ਹ ਯੂਨੀਅਨ ਦਾ ਨਾਮ ਐਡ ਕਰਕੇ ਕੱਢੀ ਗਈ) ਦੇ ਪੱਤਰ ਦੀਆਂ ਕਾਪੀਆਂ ਸਾੜੀਆਂ ਗਈਆਂ ਤੇ ਆਪਣੀਆਂ ਮੰਗਾਂ ਪ੍ਰਤੀ ਵਰਕਰਾਂ ਨੂੰ ਲਾਮਬੰਦ ਕੀਤਾ ਗਿਆ। ਇਸ ਸਥਿਤੀ ਵਿੱਚ ਸੂਬਾ ਕਮੇਟੀ ਵੱਲੋਂ ਆਪਣੀ ਮੀਟਿੰਗ 17 ਮਈ ਨੂੰ ਲੁਧਿਆਣੇ ਵਿਖੇ ਰੱਖੀ ਗਈ ਹੈ ਤੇ ਟਰਾਂਸਪੋਰਟ ਵਿਭਾਗ ਦੀਆਂ ਦੂਸਰੀਆਂ ਜਥੇਬੰਦੀਆਂ ਨੂੰ ਵੀ ਸੱਦਾ ਦਿੱਤਾ ਗਿਆ ਹੈ। ਇਸ ਮੀਟਿੰਗ ਵਿੱਚ ਅਗਲੇ ਸੰਘਰਸ਼ਾਂ ਪ੍ਰਤੀ ਰਣਨੀਤੀ ਤਿਆਰ ਕੀਤੀ ਜਾਵੇਗੀ। ਇਸ ਮੌਕੇ ਸੁਖਵਿੰਦਰ ਸਿੰਘ ਬੱਬੂ, ਤਰਵਿੰਦਰ ਸਿੰਘ, ਸਤਿਗੁਰੂ ਸਿੰਘ, ਪੀ ਆਰ ਟੀ ਸੀ ਤੋਂ ਗੁਰਬਾਜ਼ ਸਿੰਘ, ਹਰਸ਼ਰਨ ਸਿੰਘ ਨੇ ਦੱਸਿਆ ਕਿ ਸਾਡੀਆਂ ਮੰਗਾਂ ਸਬੰਧੀ, ਜੋ 15 ਮਈ ਦੀ ਜਥੇਬੰਦੀ ਨਾਲ ਮੀਟਿੰਗ ਹੋਣੀ ਸੀ, ਹੁਣ ਇਹ ਮੀਟਿੰਗ ਟਰਾਂਸਪੋਰਟ ਮੰਤਰੀ ਵੱਲੋਂ 18 ਤਰੀਕ ਨੂੰ ਕਰਨ ਲਈ ਸਮਾਂ ਮੰਗਿਆ ਗਿਆ ਹੈ, ਕਿਉਂਕਿ ਮੰਗਾਂ ਦਾ ਹੱਲ ਕੱਢ ਕੇ ਮੀਟਿੰਗ ਕਰਨ ਦਾ ਭਰੋਸਾ ਦਿੱਤਾ ਗਿਆ ਹੈ।ਜੇਕਰ 18 ਮਈ ਨੂੰ ਮੀਟਿੰਗ ਕਰਕੇ ਕੋਈ ਠੋਸ ਹੱਲ ਨਹੀਂ ਕੱਢਿਆ ਜਾਂਦਾ ਤਾਂ ਤੁਰੰਤ ਹੜਤਾਲ ਸ਼ੁਰੂ ਕੀਤੀ ਜਾਵੇਗੀ, ਜਿਸ ਦੀ ਜ਼ਿੰਮੇਵਾਰੀ ਪੰਜਾਬ ਸਰਕਾਰ ਤੇ ਟਰਾਂਸਪੋਰਟ ਵਿਭਾਗ ਪੰਜਾਬ ਦੀ ਹੋਵੇਗੀ।

# ਰਣਬੀਰ ਹੈਪੀ ਤੇ ਮੱਖਣ ਰੋਗਲਾ ਦੀ ਯਾਦ 'ਚ ਖ਼ੂਨਦਾਨ ਕੈਂਪ ਲਾ ਕੇ ਸ਼ਰਧਾਂਜਲੀ ਭੇਟ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**

ਸਵ: ਰਣਬੀਰ ਹੈਪੀ ਤੇ ਮੱਖਣ ਰੋਗਲਾ ਦੀ ਯਾਦ ਵਿੱਚ ਹਰ ਸਾਲ ਦੀ ਤਰ੍ਹਾਂ ਯੂਥ ਫੈਡਰੇਸ਼ਨ ਆਫ ਇੰਡੀਆ, ਪਾਵਰ ਹਾਊਸ ਯੂਥ ਕਲੱਬ, ਯੁਵਕ ਸੇਵਾਵਾਂ ਕਲੱਬ ਦੀਪ ਨਗਰ ਵਲੋਂ ਲਾਈਫ ਲਾਈਨ ਬਲੱਡ ਬੈਂਕ ਵਿਖੇ ਖੂਨਦਾਨ ਕੈਂਪ ਲਾਇਆ ਗਿਆ, ਜਿਸ ਵਿੱਚ ਮੁੱਖ ਮਹਿਮਾਨ ਡੀ.ਐਸ.ਪੀ ਫ਼ਤਿਹ ਸਿੰਘ ਬਰਾੜ ਨੇ ਸ਼ਿਰਕਤ ਕੀਤੀ।ਪ੍ਰੋਗਰਾਮ ਦੀ ਪ੍ਰਧਾਨਗੀ ਸੁਖਜਿੰਦਰ ਸਿੰਘ ਇੰਚਾਰਜ ਜ਼ਿਲ੍ਹਾ ਸਾਂਝ ਕੇਂਦਰ ਪਟਿਆਲਾ ਤੇ ਪਰਮਿੰਦਰ ਭਲਵਾਨ ਮੈਂਬਰ ਨਸ਼ਾ ਮੁਕਤ ਭਾਰਤ ਅਭਿਆਨ, ਮੈਂਬਰ ਜ਼ਿਲ੍ਹਾ ਸਾਂਝ ਕੇਂਦਰ ਪਟਿਆਲਾ, ਮੈਂਬਰ ਜ਼ਿਲ੍ਹਾ ਯੁਵਾ ਸਾਂਝ ਕਮੇਟੀ, ਮੈਂਬਰ ਵੂਮੈਨ ਕੌਂਸਲਿਗ ਸੈਲ ਨੇ ਕੀਤੀ।ਖ਼ੂਨਦਾਨ ਕੈਂਪ ਦਾ ਉਦਘਾਟਨ ਸਵ: ਰਣਬੀਰ ਹੈਪੀ ਦੇ ਭਰਾਵਾਂ ਜਗਤਾਰ ਨਿੱਕਾ, ਸਤਬੀਰ ਕਾਲਾ ਤੇ ਸਵਰਗੀ ਮੱਖਣ ਰੋਗਲਾ ਦੇ ਭਰਾ ਕੁਲਵੰਤ ਸਿੰਘ ਸਾਬਕਾ ਸਰਪੰਚ ਰੋਗਲਾ ਨੇ ਖ਼ੁਦ ਖ਼ੂਨਦਾਨ ਕਰਕੇ ਕੀਤਾ।ਵਿਸ਼ੇਸ਼ ਤੌਰ 'ਤੇ ਰਛਪਾਲ ਸਿੰਘ ਸਾਬਕਾ ਈ.ਟੀ.ਓ, ਜਗਤਾਰ ਤੂਰ, ਗਵਰਨਰ ਐਵਾਰਡੀ ਜਤਵਿੰਦਰ ਗਰੇਵਾਲ, ਮਨਪ੍ਰੀਤ ਗਰੇਵਾਲ, ਵਰਿੰਦਰ ਮਾਜਰੀ ਅਕਾਲੀਆਂ, ਹੈਪੀ, ਉਦੇ ਸਿੰਘ, ਬਲਜੀਤ ਭਾਖਰ, ਵਿਨੇ ਕੁਮਾਰ, ਉਪਕਾਰ ਸਿੰਘ, ਡਾਕਟਰ ਹਰਨੇਕ ਸਿੰਘ ਢੋਟ, ਮੰਗਤ ਰਾਮ ਮੰਗਾ, ਗੋਬਿੰਦ ਸਿੰਘ, ਸੁਖਦੇਵ ਸਿੰਘ ਢਿੱਲੋਂ ਲਲੋਡਾ, ਰਾਜੂ ਬਡੂੰਗਰ, ਗੁਰਪ੍ਰੀਤ ਸਿੰਘ ਸੁਨਾਮ, ਖੇਮਕਰਨ ਸਿੰਘ, ਗਗਨਦੀਪ ਸਿੰਘ, ਗੌਤਮ ਹਾਡਾ, ਹਰਵਿੰਦਰ ਚਲੈਲਾ, ਸੁਸ਼ੀਲ ਕੁਮਾਰ, ਸਨੀ ਸ਼ਰਮਾ, ਨੀਨੂ ਰੋਗਲਾ, ਵਿਨੋਦ ਕੁਮਾਰ, ਹੈਪੀ ਹੇਅਰ, ਮੇਹਰਦੀਨ ਖਾਨ ਲੰਗ, ਠੇਕੇਦਾਰ ਗੁਰਬਚਨ ਸਿੰਘ, ਨਜ਼ੀਰ ਮੁਹੰਮਦ, ਗੁਰਜੰਟ ਸਿਉਣਾ, ਰਾਜ ਕੁਮਾਰ, ਸੋਨੀ ਸੋਹਲ, ਹਰਮਨਜੀਤ ਸਿੰਘ ਰੰਧਾਵਾ, ਗੁਰਜੀਤ ਸਿੰਘ ਲੱਕੀ ਹਰਦਾਸਪੁਰ ਨੇ ਸ਼ਿਰਕਤ ਕੀਤੀ।ਡੀ.ਐਸ.ਪੀ ਫ਼ਤਿਹ ਸਿੰਘ ਬਰਾੜ ਨੇ ਕਿਹਾ ਕਿ ਨੌਜਵਾਨਾਂ ਵੱਲੋਂ ਵਿਛੜੇ ਸਾਥੀਆਂ ਰਣਬੀਰ ਹੈਪੀ ਤੇ ਮੱਖਣ ਰੋਗਲਾ ਦੀ ਯਾਦ ਵਿੱਚ ਖ਼ੂਨਦਾਨ ਕੈਂਪ ਲਾ ਕੇ ਉਨ੍ਹਾਂ ਨੂੰ ਸ਼ਰਧਾਂਜਲੀ ਭੇਟ ਕਰਨਾ ਸ਼ਲਾਘਾਯੋਗ ਉਪਰਾਲਾ ਹੈ।

## ਸਰਵਹਿੱਤਕਾਰੀ ਵਿੱਦਿਆ ਮੰਦਰ ਦਾ ਬਾਰ੍ਹਵੀਂ ਦਾ ਨਤੀਜਾ ਰਿਹਾ ਸ਼ਾਨਦਾਰ



**ਭੀਖੀ (ਧਰਮਵੀਰ ਸ਼ਰਮਾ, ਗੁਰਿੰਦਰ ਔਲਖ)**-ਸੀ.ਬੀ.ਐਸ.ਈ. ਵੱਲੋਂ ਐਲਾਨੇ ਗਏ ਬਾਰਵੀਂ ਜਮਾਤ ਦੇ ਨਤੀਜੇ 'ਚ ਸਰਵਹਿੱਤਕਾਰੀ ਵਿੱਦਿਆ ਮੰਦਰ ਸੀਬੀਐਸਈ ਦੇ ਵਿਦਿਆਰਥੀਆਂ ਦਾ ਸ਼ਾਨਦਾਰ ਪ੍ਰਦਰਸ਼ਨ ਰਿਹਾ। ਪ੍ਰਿੰਸੀਪਲ ਡਾ. ਗਗਨਦੀਪ ਪਰਾਸ਼ਰ ਨੇ ਦੱਸਿਆ ਕਿ ਸ਼ੈਸ਼ਨ 2025-26 ਦੌਰਾਨ ਸਾਇੰਸ, ਕਾਮਰਸ ਤੇ ਆਰਟਸ ਗਰੁੱਪ ਦੇ ਕੁੱਲ 105 ਬੱਚਿਆਂ ਨੇ ਬਾਰ੍ਹਵੀਂ ਦੀ ਪ੍ਰੀਖਿਆ ਦਿੱਤੀ ਤੇ ਸਕੂਲ ਦਾ ਨਤੀਜਾ ਸੌ ਪ੍ਰਤੀਸ਼ਤ ਰਿਹਾ। ਉਨ੍ਹਾਂ ਦੱਸਿਆ ਕਿ ਆਰਟਸ ਗਰੁੱਪ 'ਚ ਪੁਨੀਤ ਕੌਰ ਨੇ 96.2, ਕਾਮਰਸ ਗਰੁੱਪ 'ਚ ਮਹਿਕਪ੍ਰੀਤ ਕੌਰ, ਰਤਨਪ੍ਰੀਤ ਕੌਰ ਨੇ 94.6, ਸਾਇੰਸ ਗਰੁੱਪ 'ਚ ਖੁਸ਼ਬੂ, ਇਸ਼ਮੀਤ ਧਾਲੀਵਾਲ ਨੇ 89.6 ਪ੍ਰਤੀਸ਼ਤ ਅੰਕ ਪ੍ਰਾਪਤ ਕਰਕੇ ਸਕੂਲ ਦਾ ਨਾਂਅ ਰੌਸ਼ਨ ਕੀਤਾ। ਉਨ੍ਹਾਂ ਦੱਸਿਆ ਕਿ ਸਕੂਲ ਦੇ 6 ਵਿਦਿਆਰਥੀਆਂ ਨੇ 90 ਪ੍ਰਤੀਸ਼ਤ ਤੋਂ ਉੱਪਰ, 44 ਵਿਦਿਆਰਥੀਆਂ ਨੇ 75 ਪ੍ਰਤੀਸ਼ਤ ਤੋਂ ਉੱਪਰ ਤੇ 40 ਵਿਦਿਆਰਥੀਆਂ ਨੇ 60 ਪ੍ਰਤੀਸ਼ਤ ਤੋਂ ਉੱਪਰ ਅੰਕ ਪ੍ਰਾਪਤ ਕਰਕੇ ਸਭ ਦਾ ਮਾਣ ਵਧਾਇਆ ਹੈ। ਵਿਦਿਆਰਥੀਆਂ ਦੀ ਇਸ ਸ਼ਾਨਦਾਰ ਸਫਲਤਾ ਮੌਕੇ ਸਕੂਲ ਪ੍ਰਬੰਧਕ ਕਮੇਟੀ, ਸਕੂਲ ਪ੍ਰਿੰਸੀਪਲ ਡਾ. ਗਗਨਦੀਪ ਪਰਾਸ਼ਰ ਅਤੇ ਸਮੂਹ ਸਟਾਫ ਵੱਲੋਂ ਬੱਚਿਆਂ ਅਤੇ ਉਨ੍ਹਾਂ ਦੇ ਮਾਪਿਆਂ ਨੂੰ ਵਧਾਈ ਦਿੱਤੀ ਗਈ ਅਤੇ ਉਨ੍ਹਾਂ ਦੇ ਉੱਜਵਲ ਭਵਿੱਖ ਲਈ ਸ਼ੁਭਕਾਮਨਾਵਾਂ ਵੀ ਦਿੱਤੀਆਂ।

## ਗਰਮੀ ਦੇ ਮੱਦੇਨਜ਼ਰ ਵਾਟਰ ਕੂਲਰ ਦੀ ਸੇਵਾ ਕਰਾਈ



**ਸਨੌਰ (ਰਾਜਿੰਦਰ ਸਿੰਘ ਥਿੰਦ)**-ਵਧ ਰਹੀ ਗ਼ਰਮੀ ਤੇ ਤਾਪਮਾਨ ਨੂੰ ਧਿਆਨ ਵਿੱਚ ਰੱਖਦਿਆਂ ਟ੍ਰੈਫਿਕ ਇੰਚਾਰਜ ਦੇਵੀਗੜ੍ਹ ਬਲਵਿੰਦਰ ਸਿੰਘ ਵੱਲੋਂ ਵਿਅਸਤ ਇਲਾਕੇ ਜੌੜੀਆਂ ਸੜਕਾਂ ਵਿਖੇ ਆਪਣੇ ਨਿੱਜੀ ਖਰਚੇ ਨਾਲ ਠੰਢੇ ਪੀਣ ਵਾਲੇ ਪਾਣੀ ਲਈ ਵਾਟਰ ਕੂਲਰ ਲਵਾਇਆ ਗਿਆ।ਇਸ ਉਪਰਾਲੇ ਦੀ ਇਲਾਕੇ ਦੇ ਲੋਕਾਂ ਵੱਲੋਂ ਖੂਬ ਪ੍ਰਸ਼ੰਸਾ ਕੀਤੀ ਜਾ ਰਹੀ ਹੈ। ਜੌੜੀਆਂ ਸੜਕਾਂ ਸਨੌਰ ਦਾ ਇੱਕ ਅਹਿਮ ਚੌਰਾਹਾ ਹੈ, ਜਿੱਥੇ ਹਰ ਰੋਜ਼ ਸੈਂਕੜਿਆਂ ਦੀ ਗਿਣਤੀ ਵਿੱਚ ਲੋਕ, ਵਾਹਨ ਚਾਲਕ, ਵਿਦਿਆਰਥੀ, ਮਜ਼ਦੂਰ ਤੇ ਰਾਹਗੀਰ ਆਉਂਦੇ-ਜਾਂਦੇ ਹਨ।ਗਰਮੀ ਦੇ ਇਸ ਤਿੱਖੇ ਮੌਸਮ ਵਿੱਚ ਪੀਣ ਵਾਲੇ ਠੰਢੇ ਪਾਣੀ ਦੀ ਸਹੂਲਤ ਨਾ ਹੋਣ ਕਾਰਨ ਲੋਕਾਂ ਨੂੰ ਕਾਫੀ ਮੁਸ਼ਕਲ ਦਾ ਸਾਹਮਣਾ ਕਰਨਾ ਪੈਂਦਾ ਸੀ। ਇਸ ਸਮੱਸਿਆ ਨੂੰ ਮਹਿਸੂਸ ਕਰਦਿਆਂ ਟ੍ਰੈਫਿਕ ਇੰਚਾਰਜ ਦੇਵੀਗੜ੍ਹ ਬਲਵਿੰਦਰ ਸਿੰਘ ਨੇ ਸਮਾਜ ਸੇਵਾ ਦੀ ਭਾਵਨਾ ਨਾਲ ਆਪਣੇ ਖਰਚੇ ਉੱਤੇ ਵਾਟਰ ਕੂਲਰ ਲਵਾ ਕੇ ਸ਼ਲਾਘਾਯੋਗ ਮਿਸਾਲ ਕਾਇਮ ਕੀਤੀ ਹੈ।ਬਲਵਿੰਦਰ ਸਿੰਘ ਨੇ ਕਿਹਾ ਕਿ ਪੁਲਸ ਸਿਰਫ ਕਾਨੂੰਨ-ਵਿਵਸਥਾ ਨੂੰ ਕਾਇਮ ਰੱਖਣ ਤੱਕ ਸੀਮਤ ਨਹੀਂ, ਸਗੋਂ ਸਮਾਜਿਕ ਜ਼ਿੰਮੇਵਾਰੀਆਂ ਨੂੰ ਨਿਭਾਉਣਾ ਵੀ ਸਾਡਾ ਫ਼ਰਜ਼ ਹੈ।ਉਨ੍ਹਾਂ ਦੱਸਿਆ ਕਿ ਗਰਮੀ ਦੇ ਮੌਸਮ 'ਚ ਆਮ ਲੋਕਾਂ ਨੂੰ ਠੰਢਾ ਤੇ ਸਾਫ਼ ਪਾਣੀ ਉਪਲਬਧ ਕਰਾਉਣਾ ਇੱਕ ਛੋਟਾ ਜਿਹਾ ਯਤਨ ਹੈ, ਜਿਸ ਨਾਲ ਬਹੁਤ ਸਾਰੇ ਲੋਕਾਂ ਨੂੰ ਰਾਹਤ ਮਿਲੇਗੀ। ਉਨ੍ਹਾਂ ਕਿਹਾ ਕਿ ਰਾਹਗੀਰਾਂ, ਰਿਕਸ਼ਾ ਚਾਲਕਾਂ, ਦਿਹਾੜੀਦਾਰ ਮਜ਼ਦੂਰਾਂ ਤੇ ਟ੍ਰੈਫਿਕ ਡਿਊਟੀ ਕਰ ਰਹੇ ਕ੍ਰਮਚਾਰੀਆਂ ਲਈ ਇਹ ਵਾਟਰ ਕੂਲਰ ਕਾਫੀ ਲਾਭਦਾਇਕ ਸਾਬਤ ਹੋਵੇਗਾ।ਇਸ ਤਰ੍ਹਾਂ ਦੇ ਉਪਰਾਲੇ ਸਮਾਜ ਵਿੱਚ ਮਨੁੱਖਤਾ ਤੇ ਸੇਵਾ ਭਾਵਨਾ ਨੂੰ ਹੋਰ ਮਜ਼ਬੂਤ ਕਰਦੇ ਹਨ।ਇਲਾਕੇ ਦੇ ਦੁਕਾਨਦਾਰਾਂ ਤੇ ਨਾਗਰਿਕਾਂ ਨੇ ਬਲਵਿੰਦਰ ਸਿੰਘ ਦਾ ਧੰਨਵਾਦ ਕਰਦਿਆਂ ਕਿਹਾ ਕਿ ਅੱਜ ਦੇ ਸਮੇਂ ਵਿੱਚ ਅਜਿਹੇ ਲੋਕ ਬਹੁਤ ਘੱਟ ਮਿਲਦੇ ਹਨ, ਜੋ ਆਪਣੀ ਨਿੱਜੀ ਆਮਦਨ ਵਿੱਚੋਂ ਲੋਕ ਭਲਾਈ ਲਈ ਯੋਗਦਾਨ ਪਾਉਂਦੇ ਹਨ।ਉਨ੍ਹਾਂ ਕਿਹਾ ਕਿ ਇਹ ਉਪਰਾਲਾ ਹੋਰਨਾਂ ਲਈ ਵੀ ਪ੍ਰੇਰਨਾ ਸਰੋਤ ਬਣੇਗਾ।

## ਡੀ ਟੀ ਐੱਫ ਦਾ ਵਫ਼ਦ ਡਿਪਟੀ ਕਮਿਸ਼ਨਰ ਨੂੰ ਮਿਲਿਆ



**ਲੁਧਿਆਣਾ (ਸਤੀਸ਼ ਸਚਦੇਵਾ)**-ਡੈਮੋਕ੍ਰੈਟਿਕ ਟੀਚਰਜ਼ ਫਰੰਟ ਲੁਧਿਆਣਾ ਵੱਲੋਂ ਗੈਰ-ਵਿੱਦਿਅਕ ਡਿਊਟੀਆਂ ਸਬੰਧੀ ਡੀਟੀਐਫ ਦਾ ਵਫਦ ਜਨਰਲ ਸਕੱਤਰ ਰੁਪਿੰਦਰਪਾਲ ਸਿੰਘ ਗਿੱਲ ਦੀ ਅਗਵਾਈ ਹੇਠ ਸਹਾਇਕ ਕਮਿਸ਼ਨਰ ਜਨਰਲ ਪਾਇਲ ਗੋਇਲ ਪੀ ਸੀ ਐਸ ਨੂੰ ਮਿਲਿਆ।ਵਫ਼ਦ ਵਿੱਚ ਜਸਵਿੰਦਰ ਸਿੰਘ ਐਤੀਆਣਾ, ਅਮਨਦੀਪ ਵਰਮਾ, ਰਜਿੰਦਰ ਜੰਡਿਆਲੀ ਅਤੇ ਡੀ ਐਮ ਐਫ ਦੇ ਜ਼ਿਲ੍ਹਾ ਪ੍ਰਧਾਨ ਸੁਖਵਿੰਦਰ ਸਿੰਘ ਲੀਲ੍ਹ ਹਾਜ਼ਰ ਸਨ।ਵਫਦ ਵੱਲੋਂ ਕਿਹਾ ਗਿਆ ਕਿ ਪਹਿਲਾਂ ਪ੍ਰਸ਼ਾਸਨ ਵੱਲੋਂ ਪੱਤਰ ਜਾਰੀ ਕਰਕੇ ਲੁਧਿਆਣਾ ਜਿਲੇ ਦੇ ਕਰਮਚਾਰੀਆਂ ਨੂੰ ਜਨਗਣਨਾ 2027 ਦੌਰਾਨ ਸੇਵਾਮੁਕਤ ਹੋਣ ਵਾਲੇ, ਪ੍ਰਸੂਤਾ ਛੁੱਟੀ ਤੇ ਗਰਭਵਤੀ ਹੋਣ ਕਾਰਨ ਛੋਟ ਦਿੱਤੀ ਗਈ ਸੀ। ਹੁਣ ਇਨ੍ਹਾਂ 'ਚੋਂ ਵੱਡੀ ਗਿਣਤੀ ਕ੍ਰਮਚਾਰੀਆ ਦੀਆਂ ਡਿਊਟੀਆਂ ਲਾ ਦਿੱਤੀਆਂ ਗਈਆਂ।ਉਨ੍ਹਾਂ ਦਿੱਤੀ ਛੋਟ ਨੂੰ ਬਰਕਰਾਰ ਰੱਖਣ ਦੀ ਮੰਗ ਕੀਤੀ।ਉਨ੍ਹਾਂ ਮੰਗ ਕੀਤੀ ਕਿ ਅਧਿਆਪਕਾਂ ਨੂੰ ਸਕੂਲ ਵਿੱਚ ਅੱਧਾ ਦਿਨ ਲਾਉਣ ਤੋਂ ਬਾਅਦ ਸੈਂਸਜ਼ ਡਿਊਟੀ ਕਰਨ ਦੀ ਆਗਿਆ ਦਿੰਦਾ ਪੱਤਰ ਜਾਰੀ ਕੀਤਾ ਜਾਵੇ।ਵੱਡੇ ਪੱਧਰ ਤੇ ਅਧਿਆਪਕਾਂ ਦੀ ਸੈਂਸਜ਼ ਡਿਊਟੀ ਲੱਗ ਚੁੱਕੀ ਹੈ। ਇਸ ਲਈ ਨਿਗਮ ਤੇ ਕੌਂਸਲ ਚੋਣਾਂ ਵਿੱਚ ਅਧਿਆਪਕਾਂ ਦੀ ਡਿਊਟੀ ਘੱਟ ਤੋਂ ਘੱਟ ਲਾਈ ਜਾਵੇ।ਜੇਕਰ ਨਿਗਮ ਤੇ ਕੌਂਸਲ ਚੋਣਾਂ ਵਿੱਚ ਅਧਿਆਪਕਾਂ ਦੀ ਡਿਊਟੀ ਲਾਉਣੀ ਵੀ ਪਵੇ ਤਾਂ ਸੰਬੰਧਤ ਸਿੱਖਿਆ ਬਲਾਕ ਦੇ ਅੰਦਰ ਨੇੜੇ ਤੋਂ ਨੇੜੇ ਲਾਈ ਜਾਵੇ।

## ਸ੍ਰੀ ਸਨਾਤਨ ਧਰਮ ਮਹਾਵੀਰ ਦਲ ਭੀਖੀ ਦੀ ਚੋਣ



**ਭੀਖੀ (ਧਰਮਵੀਰ ਸ਼ਰਮਾ)**-ਸ੍ਰੀ ਸਨਾਤਨ ਧਰਮ ਮਹਾਵੀਰ ਦਲ ਪੰਜਾਬ (ਰਜਿ.) ਭੀਖੀ ਦੀ ਸਾਲਾਨਾ ਚੋਣ ਸਥਾਨਕ ਸ਼ਿਵ ਮੰਦਰ ਵਿਖੇ ਸੁਭਾਸ਼ ਮਹਿਤਾ ਦੀ ਰਹਿਨੁਮਾਈ ਹੇਠ ਹੋਈ, ਜਿਸ ਦੌਰਾਨ ਸਰਵਸੰਮਤੀ ਨਾਲ ਅਸ਼ੋਕ ਕੁਮਾਰ ਬੱਗਾ ਪ੍ਰਧਾਨ, ਵਰਿੰਦਰ ਜਿੰਦਲ ਜਨਰਲ ਸਕੱਤਰ ਤੇ ਸੁਭਾਸ਼ ਚੰਦ ਖਜ਼ਾਨਚੀ ਚੁਣੇ ਗਏ। ਇਸ ਤੋਂ ਇਲਾਵਾ ਅਮਿਤ ਮਹਿਤਾ ਸੀਨੀਅਰ ਮੀਤ ਪ੍ਰਧਾਨ, ਭੀਮ ਸੈਨ ਮੀਤ ਪ੍ਰਧਾਨ, ਗੁਲਸ਼ਨ ਮਿੱਤਲ ਸਹਾਇਕ ਸਕੱਤਰ ਤੇ ਪ੍ਰੇਮ ਮਿੱਤਲ ਰੂਬੀ ਸਹਾਇਕ ਖਜ਼ਾਨਚੀ ਚੁਣੇ ਗਏ। ਇਸ ਤੋਂ ਇਲਾਵਾ ਤਰਸੇਮ ਚੰਦ ਜਿੰਦਲ, ਰਾਜ ਕੁਮਾਰ ਰਾਜੂ, ਰਾਜ ਕੁਮਾਰ ਰਾਜੀ ਤੇ ਸੋਨੂੰ ਸ਼ਰਮਾ ਸਟੋਰ ਕੀਪਰ, ਸੁਖਦੇਵ ਮਹੰਤ ਸੁੱਖਾ, ਬਲਵਿੰਦਰ ਦਾਸ ਕਾਲਾ, ਪ੍ਰਮੋਦ ਸਿੰਗਲਾ ਤੇ ਜੀਵਨ ਸਿੰਗਲਾ ਕੈਪਟਨ, ਸੰਦੀਪ ਜਿੰਦਲ, ਪੁਨੀਤ ਗੋਇਲ, ਵਿਪਨ ਗੋਇਲ ਅਤੇ ਚਿੰਕੂ ਸਿੰਗਲਾ ਪ੍ਰਚਾਰ ਸਕੱਤਰ, ਸੁਭਾਸ਼ ਮਹਿਤਾ, ਭੋਲਾ ਮੱਲ ਮਿੱਤਲ, ਰਜਿੰਦਰ ਜਿੰਦਲ ਰਾਜੀ, ਹਰਮੇਸ਼ ਲਾਲ ਮਿੱਤਲ, ਨੀਤਿਨ ਗੋਇਲ ਰਿੰਕਾ, ਹਰਮੇਸ਼ ਸਿੰਘ ਮਿੱਤਲ, ਨਰਿੰਦਰ ਜਿੰਦਲ ਮੈਂਬਰ ਚੁਣੇ ਗਏ। ਇਸ ਤੋਂ ਇਲਾਵਾ ਮਾ. ਉਮ ਪ੍ਰਕਾਸ਼ ਜਿੰਦਲ, ਹਾਕਮ ਚੰਦ, ਨਰਿੰਦਰ ਜਿੰਦਲ ਡੀਸੀ, ਕ੍ਰਿਸ਼ਨ ਗਰਗ, ਪ੍ਰਿੰਸ ਮਹਿਤਾ, ਰਮੇਸ਼ ਸ਼ਾਰਦਾ ਸਰਪ੍ਰਸਤ ਨਿਯੁਕਤ ਕੀਤੇ ਗਏ।

## ਸਪਰਿੰਗ ਫੀਲਡ ਕਾਨਵੈਂਟ ਸਕੂਲ ਦਾ ਨਤੀਜਾ ਸ਼ਾਨਦਾਰ



**ਬਾਘਾ ਪੁਰਾਣਾ (ਮਨੀ ਸਿੰਗਲਾ)**-ਸਪਰਿੰਗ ਫੀਲਡ ਕਾਨਵੈਂਟ ਸਕੂਲ ਬਾਘਾ ਪੁਰਾਣਾ ਦਾ ਸੀ.ਬੀ.ਐੱਸ.ਈ. ਬੋਰਡ 12ਵੀਂ ਕਲਾਸ ਦਾ ਨਤੀਜਾ ਸ਼ਾਨਦਾਰ ਆਇਆ ਹੈ।ਹਮੇਸ਼ਾ ਦੀ ਤਰ੍ਹਾਂ ਮੈਡੀਕਲ, ਨਾਨ ਮੈਡੀਕਲ ਤੇ ਕਾਮਰਸ ਦੇ ਸਾਰੇ ਬੱਚਿਆਂ ਨੇ ਬਹੁਤ ਵਧੀਆ ਨੰਬਰ ਲਏ।ਨਾਨ-ਮੈਡੀਕਲ ਅਨੀਕੇਤ ਗੋਇਲ 92 ਫੀਸਦੀ, ਕਾਮਰਸ ਕੇਸ਼ਵ ਬਾਂਸਲ 91 ਫੀਸਦੀ, ਨਾਨ ਮੈਡੀਕਲ ਹੀਮਿਕਾ ਅਰੋੜਾ 90 ਫੀਸਦੀ, ਕਾਮਰਸ ਮਾਨਵ ਬਾਂਸਲ 90 ਫੀਸਦੀ, ਕਾਮਰਸ ਗੁਲਸ਼ੇਰ ਸਿੰਘ 90 ਫੀਸਦੀ, ਕਾਮਰਸ ਖੁਸ਼ਪ੍ਰੀਤ ਕੌਰ ਗਿੱਲ 87 ਫੀਸਦੀ, ਕਾਮਰਸ ਗਗਨਦੀਪ ਸਿੰਘ 86 ਫੀਸਦੀ, ਮੈਡੀਕਲ ਮੀਨਾਕਸ਼ੀ ਗਰਗ 86 ਫੀਸਦੀ, ਮੈਡੀਕਲ ਪਨਾਹ 85 ਫੀਸਦੀ, ਮੈਡੀਕਲ ਤਨਿਸ਼ 84 ਫੀਸਦੀ, ਕਾਮਰਸ ਪ੍ਰੀਆ ਸ਼ਰਮਾ 83 ਫੀਸਦੀ, ਕਾਮਰਸ ਕੋਮਲਪ੍ਰੀਤ ਕੌਰ ਬਰਾੜ 83 ਫੀਸਦੀ, ਮੈਡੀਕਲ ਐਸਪ੍ਰੀਤ ਕੌਰ 82 ਫੀਸਦੀ, ਨਾਨ ਮੈਡੀਕਲ ਪਰਾਚੀ 82 ਫੀਸਦੀ, ਕਾਮਰਸ ਸੁਮਿਤ ਨਰੂਲਾ 82 ਫੀਸਦੀ, ਮੈਡੀਕਲ ਸੁਖਮਨਪ੍ਰੀਤ ਕੌਰ ਬਰਾੜ 81 ਫੀਸਦੀ, ਮੈਡੀਕਲ ਮਨਪ੍ਰੀਤ ਕੌਰ 80 ਫੀਸਦੀ ਨੰਬਰ ਲੈ ਕੇ ਪਾਸ ਹੋਏ।ਸਕੂਲ ਚੇਅਰਮੈਨ ਨਰ ਸਿੰਘ ਬਰਾੜ ਤੇ ਪ੍ਰਿੰਸੀਪਲ ਬਾਇਜੂ ਵਿਜੇ ਨੇ ਬੱਚਿਆਂ ਨੂੰ ਵਧਾਈ ਦਿੱਤੀ ਤੇ ਅਧਿਆਪਕਾਂ ਦੀ ਵੀ ਪ੍ਰਸ਼ੰਸਾ ਕੀਤੀ ਅਤੇ ਪ੍ਰੇਰਨਾ ਕੀਤੀ ਕਿ ਹਰ ਸਾਲ ਬੋਰਡ ਦੇ ਰਿਜ਼ਲਟ ਵਧੀਆ ਲਿਆਉਣ ਲਈ ਹੋਰ ਮਿਹਨਤ ਕੀਤੀ ਜਾਵੇ ਤਾਂ ਕੇ ਬੱਚੇ ਵਧੀਆ ਨੰਬਰ ਲੈ ਕੇ ਪਾਸ ਹੋਣ ਤੇ ਸਕੂਲ ਦਾ ਨਾਮ ਉੱਚਾ ਹੋਵੇ ਅਤੇ ਬੱਚਿਆਂ ਦੇ ਮਾਪਿਆਂ ਨੂੰ ਵੀ ਵਧਾਈ ਦਿੱਤੀ।

## ਕਿਰਨਦੀਪ ਕੌਰ ਨੇ ਬਾਰਵੀਂ 'ਚੋਂ 96.4% ਅੰਕ ਪ੍ਰਾਪਤ ਕਰਕੇ ਮਹਿਦੂਦਾਂ ਪਰਵਾਰ ਦਾ ਚਮਕਾਇਆ ਨਾਂਅ



**ਲੁਧਿਆਣਾ (ਜਸਦੀਪ ਵਰਤੀਆ)**-ਪੰਜਾਬ ਸਕੂਲ ਸਿਖਿਆ ਬੋਰਡ ਦੇ ਆਏ ਨਤੀਜਿਆਂ 'ਚ ਮਹਿਦੂਦਾਂ ਪਰਵਾਰ ਦੀ ਧੀ ਕਿਰਨਦੀਪ ਕੌਰ ਨਾਫਰੇ ਨੇ 482/500 (96.4%) ਅੰਕ ਪ੍ਰਾਪਤ ਕਰਕੇ ਜਿੱਥੇ ਮਹਿਦੂਦਾਂ ਪਰਿਵਾਰ ਦਾ ਨਾਮ ਚਮਕਾਇਆ, ਉੱਥੇ ਹੀ ਅਪਣੇ ਬੀਸੀਐਮ ਸੀਨੀਅਰ ਸੈਕੰਡਰੀ ਸਕੂਲ ਦਾ ਨਾਮ ਵੀ ਚਮਕਾਇਆ।ਇਸ ਪ੍ਰਾਪਤੀ 'ਤੇ ਕਿਰਨਦੀਪ ਕੌਰ ਨਾਫਰੇ ਨੇ ਸਕੂਲ ਦੀ ਪ੍ਰਿੰਸੀਪਲ ਸਿੰਪਲ ਵਰਮਾ, ਸਾਬਕਾ ਪ੍ਰਿੰਸੀਪਲ ਨੀਰੂ ਕੌੜਾ ਤੇ ਕਲਾਸ ਇੰਚਾਰਜ ਸ਼ਿਲਪੀ ਗਾਂਧੀ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਨ੍ਹਾਂ ਦੀ ਕਰਵਾਈ ਮਿਹਨਤ ਦੇ ਬਲਬੂਤੇ ਉਹ ਏਥੇ ਤੱਕ ਪੁੱਜੀ ਹੈ।ਮੌਕੇ 'ਤੇ ਹਾਜ਼ਰ ਕਿਰਨਦੀਪ ਦੇ ਮਾਤਾ ਤੇ ਪਿਤਾ ਗੁਰਿੰਦਰ ਕੌਰ ਮਹਿਦੂਦਾਂ ਤੇ ਗੁਰਪ੍ਰੀਤ ਸਿੰਘ ਮਹਿਦੂਦਾਂ ਨੇ ਕਿਹਾ ਕਿ ਉਨ੍ਹਾਂ ਦੀ ਧੀ ਦਾ ਸੁਪਨਾ ਜੱਜ ਬਣਨ ਦਾ ਹੈ, ਜਿਸ ਨੂੰ ਪੂਰਾ ਕਰਨ ਲਈ ਅਸੀਂ ਹਰ ਵਾਅ ਲਗਾ ਦਿਆਂਗੇ।ਉਨ੍ਹਾਂ ਸਮੇਤ ਕਿਰਨਦੀਪ ਦੇ ਅਧਿਆਪਕਾਂ ਨੇ ਦੱਸਿਆ ਕਿ ਉਹ ਪੜ੍ਹਾਈ ਦੇ ਨਾਲ ਨਾਲ ਹੋਰਨਾਂ ਖੇਤਰਾਂ ਵਿੱਚ ਵੀ ਮੋਹਰੀ ਰਹੀ ਹੈ।

## ਸਪਰਿੰਗ ਡਿਊ ਸਕੂਲ ਨਾਨਕਸਰ ਦਾ ਨਤੀਜਾ ਸੌ ਫੀਸਦੀ ਰਿਹਾ



**ਜਗਰਾਉਂ (ਸੰਜੀਵ ਅਰੋੜਾ)**-ਮਾਲਵੇ ਦੀ ਪ੍ਰਸਿੱਧ ਸੰਸਥਾ ਸਪਰਿੰਗ ਡਿਊ ਪਬਲਿਕ ਸਕੂਲ ਨਾਨਕਸਰ ਨੇ ਸੀ.ਬੀ.ਐੱਸ.ਈ. ਬਾਰਵੀਂ ਜਮਾਤ ਦੇ ਵਿਦਿਆਰਥੀਆ ਨੇ ਨਤੀਜਿਆਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਸੌ ਫੀਸਦੀ ਨਤੀਜਾ ਹਾਸਲ ਕੀਤਾ ਹੈ। ਸਕੂਲ ਦੇ ਵਿਦਿਆਰਥੀਆਂ ਨੇ ਵੱਖ-ਵੱਖ ਸਟ੍ਰੀਮਾਂ ਵਿੱਚ ਉੱਚ ਅੰਕ ਪ੍ਰਾਪਤ ਕਰਕੇ ਸਕੂਲ, ਮਾਪਿਆਂ ਤੇ ਇਲਾਕੇ ਦਾ ਨਾਮ ਰੌਸ਼ਨ ਕੀਤਾ।

ਆਰਟਸ ਸਟ੍ਰੀਮ ਵਿੱਚ ਰਮਨੀਤ ਕੌਰ ਨੇ 90.40 ਪ੍ਰਤੀਸ਼ਤ ਅੰਕ ਲੈ ਕੇ ਸਕੂਲ 'ਚੋਂ ਪਹਿਲਾ ਸਥਾਨ ਪ੍ਰਾਪਤ ਕੀਤਾ। ਇਸ ਤੋਂ ਇਲਾਵਾ ਖੁਸ਼ਪ੍ਰੀਤ ਕੌਰ ਨੇ 88.60 ਪ੍ਰਤੀਸ਼ਤ, ਗੁਰਬੀਰ ਕੌਰ ਨੇ 86.80 ਪ੍ਰਤੀਸ਼ਤ, ਅਸ਼ਲੀਨ ਕੌਰ ਨੇ 82.80 ਪ੍ਰਤੀਸ਼ਤ ਤੇ ਪਰਤੀਕ ਸਿੰਘ ਚਾਹਲ ਨੇ 82.80 ਪ੍ਰਤੀਸ਼ਤ ਅੰਕ ਹਾਸਲ ਕੀਤੇ। ਕਾਮਰਸ ਸਟ੍ਰੀਮ ਵਿੱਚ ਜਸ਼ਨਦੀਪ ਸਿੰਘ ਨੇ 89.20 ਪ੍ਰਤੀਸ਼ਤ ਤੇ ਗੁਰਸ਼ਾਨ ਸਿੰਘ ਨੇ 85.20 ਪ੍ਰਤੀਸ਼ਤ ਅੰਕ ਹਾਸਲ ਕਰਕੇ ਸ਼ਾਨਦਾਰ ਪ੍ਰਦਰਸ਼ਨ ਕੀਤਾ। ਮੈਡੀਕਲ ਸਟ੍ਰੀਮ ਵਿੱਚ ਖੁਸ਼ਪ੍ਰੀਤ ਕੌਰ ਨੇ 88.80 ਪ੍ਰਤੀਸ਼ਤ, ਗੁਰਲੀਨ ਕੌਰ ਨੇ 88.20 ਪ੍ਰਤੀਸ਼ਤ, ਜਸਲੀਨ ਕੌਰ ਨੇ 85.80 ਪ੍ਰਤੀਸ਼ਤ, ਮਹਕਪ੍ਰੀਤ ਕੌਰ ਨੇ 81.60 ਪ੍ਰਤੀਸ਼ਤ, ਅਰਸ਼ਦੀਪ ਸਿੰਘ ਨੇ 81.40 ਪ੍ਰਤੀਸ਼ਤ, ਗੁਰਸਿਮਰਨ ਸਿੰਘ ਢਿੱਲੋਂ ਨੇ 80.20 ਪ੍ਰਤੀਸ਼ਤ ਤੇ ਮਨਵੀਰ ਸਿੰਘ ਨੇ 80 ਪ੍ਰਤੀਸ਼ਤ ਅੰਕ ਪ੍ਰਾਪਤ ਕੀਤੇ। ਸਕੂਲ ਦੇ ਪ੍ਰਿੰਸੀਪਲ ਰੀਨਾ ਜੈਦਿਕਾ ਤੇ ਵਾਈਸ ਪ੍ਰਿੰਸੀਪਲ ਬੇਅੰਤ ਬਾਵਾ ਨੇ ਵਿਦਿਆਰਥੀਆਂ, ਅਧਿਆਪਕਾਂ ਤੇ ਮਾਪਿਆਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਇਹ ਨਤੀਜੇ ਸਖ਼ਤ ਮਿਹਨਤ, ਅਨੁਸ਼ਾਸਨ ਤੇ ਸਮਰਪਣ ਦਾ ਨਤੀਜਾ ਹਨ। ਉਨ੍ਹਾਂ ਕਿਹਾ ਕਿ ਸਕੂਲ ਹਮੇਸ਼ਾ ਵਿਦਿਆਰਥੀਆਂ ਨੂੰ ਗੁਣਵੱਤਾ ਵਾਲੀ ਸਿੱਖਿਆ ਤੇ ਚੰਗੇ ਸੰਸਕਾਰ ਦੇਣ ਲਈ ਵਚਨਬੱਧ ਹੈ। ਇਸ ਦੌਰਾਨ ਪ੍ਰਧਾਨ ਮਨਜੋਤ ਚੌਹਾਨ, ਚੇਅਰਮੈਨ ਬਲਦੇਵ ਬਾਵਾ, ਮੈਨੇਜਿੰਗ ਡਾਇਰੈਕਟਰ ਸੁਖਵਿੰਦਰ ਛਾਬੜਾ, ਡਾਇਰੈਕਟਰ ਨਵਨੀਤ ਚੌਹਾਨ, ਮੈਨੇਜਰ ਮਨਦੀਪ ਚੌਹਾਨ, ਮੈਨੇਜਿੰਗ ਡਾਇਰੈਕਟਰ ਬਹਾਦਰ ਸਿੰਘ ਸਿੱਧੂ ਤੇ ਹਰਜੀਤ ਸਿੰਘ ਸਿੱਧੂ ਯੂ ਐੱਸ ਏ ਨੇ ਵਿਦਿਆਰਥੀਆਂ ਤੇ ਉਨ੍ਹਾਂ ਦੇ ਮਾਪਿਆਂ ਨੂੰ ਮੁਬਾਰਕਬਾਦ ਦਿੰਦਿਆਂ ਭਵਿੱਖ ਲਈ ਸ਼ੁੱਭ-ਕਾਮਨਾਵਾਂ ਦਿੱਤੀਆਂ।

## ਜੇ ਕੇ ਐੱਸ ਪਬਲਿਕ ਸਕੂਲ ਦਾ ਨਤੀਜਾ ਸ਼ਾਨਦਾਰ

**ਗੁਰੂ ਹਰਸਹਾਏ (ਫ਼ਕੀਰ ਚੰਦ ਸਿਕਰੀ)**-ਜੇ ਕੇ ਐੱਸ ਪਬਲਿਕ ਸਕੂਲ ਗੁਰੂ ਹਰਸਹਾਏ ਨੇ ਇੱਕ ਵਾਰ ਫਿਰ ਸੀਬੀਐੱਸਈ ਜਮਾਤ 12ਵੀਂ ਬੋਰਡ ਪ੍ਰੀਖਿਆਵਾਂ ਵਿੱਚ ਸ਼ਾਨਦਾਰ ਨਤੀਜੇ ਪ੍ਰਾਪਤ ਕਰਕੇ ਖੇਤਰ ਦਾ ਮਾਣ ਵਧਾਇਆ।ਵਿਦਿਆਰਥੀਆਂ ਨੇ ਆਪਣੀ ਮਿਹਨਤ, ਲਗਨ ਤੇ ਆਪਣੇ ਅਧਿਆਪਕਾਂ ਦੇ ਮਾਰਗਦਰਸ਼ਨ ਨਾਲ ਸ਼ਾਨਦਾਰ ਪ੍ਰਦਰਸ਼ਨ ਕੀਤਾ।ਆਰਟਸ ਸਟ੍ਰੀਮ ਵਿੱਚ ਸਹਿਜਪ੍ਰੀਤ ਨੇ 93.2% ਅੰਕਾਂ ਨਾਲ ਪਹਿਲਾ, ਜਦੋਂ ਕਿ ਪ੍ਰਿੰਸੀਪਾਲ ਤੇ ਸੁਮਿਤ ਨੇ 90% ਅੰਕਾਂ ਨਾਲ ਸਾਂਝੇ ਤੌਰ 'ਤੇ ਦੂਜਾ ਤੇ ਗੁਰਸ਼ਾਨ ਨੇ 86% ਅੰਕਾਂ ਨਾਲ ਤੀਜਾ ਸਥਾਨ ਪ੍ਰਾਪਤ ਕੀਤਾ।ਕਾਮਰਸ ਸਟ੍ਰੀਮ ਵਿੱਚ ਸਿਮਰਨਪ੍ਰੀਤ ਨੇ 86.2% ਅੰਕਾਂ ਨਾਲ ਪਹਿਲਾ, ਖੁਸ਼ੀ ਨੇ 81.4% ਅੰਕਾਂ ਨਾਲ ਦੂਜਾ ਤੇ ਤਮੰਨਾ ਨੇ 79% ਅੰਕਾਂ ਨਾਲ ਤੀਜਾ ਸਥਾਨ ਪ੍ਰਾਪਤ ਕੀਤਾ।ਮੈਡੀਕਲ ਸਟ੍ਰੀਮ ਵਿੱਚ ਅਰਸ਼ੀਆ ਨੇ 89% ਅੰਕਾਂ ਨਾਲ ਪਹਿਲਾ, ਗੀਤ ਨੇ 86% ਅੰਕਾਂ ਨਾਲ ਦੂਜਾ, ਜਦੋਂਕਿ ਸਿਮਰਨਪ੍ਰੀਤ ਸੰਧੂ ਨੇ 84% ਅੰਕਾਂ ਨਾਲ ਤੀਜਾ ਸਥਾਨ ਪ੍ਰਾਪਤ ਕੀਤਾ।ਸਕੂਲ ਪ੍ਰਿੰਸੀਪਲ ਮੀਨੂੰ ਮੋਂਗਾ ਨੇ ਵਿਦਿਆਰਥੀਆਂ, ਮਾਪਿਆਂ ਤੇ ਅਧਿਆਪਕਾਂ ਨੂੰ ਵਧਾਈ ਦਿੱਤੀ।

## ਸੜਕ ਕਿਨਾਰੇ ਸੁੱਟੇ ਕੂੜੇ ਨੂੰ ਅੱਗ ਲੱਗਣ ਕਾਰਨ ਦਰੱਖਤ ਝੁਲਸੇ, ਵਾਤਾਵਰਣ ਹੋਇਆ ਪ੍ਰਦੂਸ਼ਤ



**ਭੀਖੀ (ਧਰਮਵੀਰ ਸ਼ਰਮਾ)**

ਬੇਸ਼ੱਕ ਚਾਲੂ ਹਾੜੀ ਦੇ ਸੀਜ਼ਨ ਦੌਰਾਨ ਕਣਕ ਦੀ ਰਹਿੰਦ-ਖੂੰਹਦ ਨੂੰ ਅੱਗ ਨਾ ਲਾਉਣ ਲਈ ਪ੍ਰਸ਼ਾਸਨ ਨੇ ਸਖਤੀ ਦਿਖਾਉਂਦਿਆਂ ਅੱਗ ਲਾਉਣ ਵਾਲੇ ਕਈ ਕਿਸਾਨਾਂ 'ਤੇ ਕਾਨੂੰਨੀ ਕਾਰਵਾਈ ਕਰਦਿਆਂ ਪਰਚੇ ਦਰਜ ਕਰਾਏ, ਪਰ ਪ੍ਰਸ਼ਾਸਨ ਦੀ ਢਿੱਲ ਕਾਰਨ ਕਈ ਰੈਸਟੋਰੈਂਟ ਤੇ ਪੈਲੇਸਾਂ ਵਾਲੇ ਕਾਨੂੰਨ ਦੀਆਂ ਧੱਜੀਆਂ ਉਡਾ ਆਪਣਾ ਡਿਸਪੋਜ਼ਲ ਕੂੜਾ ਸ਼ਰੇਆਮ ਸੜਕਾਂ ਦੇ ਕਿਨਾਰੇ ਸੁੱਟ ਰਹੇ ਹਨ ਤੇ ਗਾਹੇ-ਬਗਾਹੇ ਇਸ ਕੂੜੇ ਨੂੰ ਅੱਗ ਲੱਗਣ ਨਾਲ ਜਿੱਥੇ ਵਾਤਾਵਰਣ ਪ੍ਰਦੂਸ਼ਤ ਹੁੰਦਾ ਹੈ, ਉੱਥੇ ਦਰਜਨਾਂ ਰੁੱਖ ਅੱਗ ਦੀ ਬਲੀ ਚੜ੍ਹ ਰਹੇ ਹਨ। ਸਥਾਨਕ ਰਾਜ ਮਾਰਗ 'ਤੇ ਸੁੱਟੇ ਕੂੜੇ ਨੂੰ ਅੱਗ ਲੱਗਣ ਕਾਰਨ ਅਜਿਹਾ ਹੀ ਵਾਪਰਿਆ, ਜਿਸ ਨਾਲ ਵਾਤਾਵਰਣ ਪ੍ਰਦੂਸ਼ਤ ਹੋਣ ਦੇ ਨਾਲ-ਨਾਲ ਦਰਜਨਾਂ ਰੁੱਖ ਝੁਲਸੇ ਗਏ। ਅੱਗ ਐਨੀ ਭਿਆਨਕ ਸੀ ਕਿ ਕਾਬੂ ਪਾਉਣ ਲਈ ਅੱਗ ਬੁਝਾਊ ਗੱਡੀਆਂ ਮੰਗਵਾਉਣੀਆਂ ਪਈਆਂ। ਨਗਰ ਪੰਚਾਇਤ ਸਵੱਛ-ਭਾਰਤ ਮੁਹਿੰਮ ਤਹਿਤ ਪ੍ਰਦੂਸ਼ਣ 'ਤੇ ਕਾਬੂ ਪਾਉਣ ਲਈ ਰੇਹੜੀਆਂ ਤੇ ਛੋਟੀਆਂ ਦੁਕਾਨਾਂ ਵਾਲਿਆਂ ਦਾ ਇਸ ਗੱਲੋਂ ਚਲਾਨ ਕੱਟ ਦਿੰਦੀਆਂ ਹਨ ਕਿ ਉਹ ਗੈਰਮਿਆਰੀ ਪਲਾਸਟਿਕ ਦੇ ਲਿਫ਼ਾਫੇ ਵਰਤਦੇ ਹਨ, ਜਦੋਂਕਿ ਕਈ ਹੋਟਲਾਂ, ਪੈਲੇਸਾਂ ਵਾਲੇ ਸ਼ਰੇਆਮ ਸੜਕਾਂ ਤੇ ਵੱਡੀ ਤਾਦਾਦ ਵਿੱਚ ਡਿਸਪੋਜਲ ਗਾਰਵੇਜ਼ ਸੁੱਟ ਦਿੰਦੇ ਹਨ ਤੇ ਅੱਖ ਬਚਾ ਕੇ ਅੱਗ ਵੀ ਲਾ ਦਿੱਤੀ ਜਾਂਦੀ ਹੈ, ਪਰ ਨਗਰ ਪੰਚਾਇਤ ਦਾ ਸੈਨੀਟੇਸ਼ਨ ਵਿਭਾਗ ਕੁੰਭਕਰਨੀ ਮਸਤੀ ਵਿੱਚ ਹੈ। ਦੂਜੇ ਪਾਸੇ ਵਣ ਵਿਭਾਗ ਦੇ ਕਰਮਚਾਰੀ ਵੀ ਆਪਣੇ ਫਰਜ਼ਾਂ ਦੀ ਅਣਦੇਖ਼ੀ ਕਰਦੇ ਨਜ਼ਰ ਆਉਂਦੇ ਹਨ, ਜੋ ਇਨ੍ਹਾਂ ਨੂੰ ਸੜਕਾਂ ਕਿਨਾਰੇ ਰੁੱਖਾਂ ਥੱਲੇ ਕੂੜਾਂ ਸੁੱਟਣੋਂ ਵਰਜਦੇ ਨਹੀਂ। ਜਦੋਂ ਇਸ ਸਬੰਧੀ ਵਣ ਵਿਭਾਗ ਦੇ ਕਰਮਚਾਰੀ ਮਨਦੀਪ ਕੌਰ ਨਾਲ ਗੱਲ ਕੀਤੀ ਤਾਂ ਉਨ੍ਹਾਂ ਕਿਹਾ ਕਿ ਇਸ ਸਬੰਧੀ ਜਲਦੀ ਪੁਖ਼ਤਾ ਕਾਰਵਾਈ ਕੀਤੀ ਜਾਵੇਗੀ। ਦੂਜੇ ਪਾਸੇ ਨਗਰ ਪੰਚਾਇਤ ਦੇ ਸੈਨੀਟੇਸ਼ਨ ਬ੍ਰਾਂਚ ਦੇ ਕ੍ਰਮਚਾਰੀਆਂ ਦਾ ਕਹਿਣਾ ਸੀ ਕਿ ਜਲਦੀ ਹੋਟਲਾਂ ਤੇ ਪੈਲਸਾਂ ਦੇ ਮਾਲਕਾਂ ਨੂੰ ਇਸ ਸਬੰਧੀ ਨੋਟਿਸ ਦਿੱਤਾ ਜਾਵੇਗਾ।

## ਮਾਤਾ ਸਾਹਿਬ ਕੌਰ ਗਰਲਜ਼ ਕਾਲਜ ਦਾ ਸਥਾਪਨਾ ਦਿਵਸ ਮਨਾਇਆ



**ਨਿਹਾਲ ਸਿੰਘ ਵਾਲਾ (ਲਵਲੀ ਕੁਮਾਰ)**-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਸ੍ਰ. ਹਰਜਿੰਦਰ ਸਿੰਘ ਧਾਮੀ ਦੀ ਰਹਿਨੁਮਾਈ ਤੇ ਸਕੱਤਰ (ਵਿੱਦਿਆ) ਇੰਜੀ. ਸੁਖਮਿੰਦਰ ਸਿੰਘ ਦੇ ਦਿਸ਼ਾ-ਨਿਰਦੇਸ਼ਾਂ ਹੇਠ ਚੱਲ ਰਹੀ ਇਲਾਕੇ ਦੀ ਨਾਮਵਰ ਵਿੱਦਿਅਕ ਸੰਸਥਾ ਮਾਤਾ ਸਾਹਿਬ ਕੌਰ ਗਰਲਜ਼ ਕਾਲਜ, ਗਹਿਲ (ਬਰਨਾਲਾ) ਦਾ 27ਵਾਂ ਸਥਾਪਨਾ ਦਿਵਸ ਬੜੀ ਸ਼ਰਧਾ, ਉਤਸ਼ਾਹ ਤੇ ਧਾਰਮਿਕ ਭਾਵਨਾ ਨਾਲ ਮਨਾਇਆ ਗਿਆ।ਇਸ ਮੌਕੇ ਕਾਲਜ ਵਿਖੇ ਸ੍ਰੀ ਸੁਖਮਨੀ ਸਾਹਿਬ ਜੀ ਦੇ ਪਾਠ ਕਰਵਾਏ ਗਏ, ਜਿਨ੍ਹਾਂ ਵਿੱਚ ਕਾਲਜ ਦੀ ਪ੍ਰਬੰਧਕ ਕਮੇਟੀ ਦੇ ਅਹੁਦੇਦਾਰ, ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸਟਾਫ ਮੈਂਬਰਾਂ, ਵਿਦਿਆਰਥਣਾਂ ਤੇ ਇਲਾਕੇ ਦੀਆਂ ਸੰਗਤਾਂ ਨੇ ਹਾਜ਼ਰੀ ਭਰੀ ਤੇ ਸੰਸਥਾ ਦੀ ਚੜ੍ਹਦੀ ਕਲਾ ਤੇ ਸਰਬੱਤ ਦੇ ਭਲੇ ਲਈ ਅਰਦਾਸ ਕੀਤੀ।ਇਸ ਮੌਕੇ ਪ੍ਰਿੰਸੀਪਲ ਚਰਨਦੀਪ ਸਿੰਘ (ਡਾ.) ਨੇ ਕਾਲਜ ਦੀਆਂ ਪ੍ਰਾਪਤੀਆਂ ਬਾਰੇ ਚਾਨਣਾ ਪਾਉਂਦਿਆਂ ਕਿਹਾ ਕਿ ਕਾਲਜ ਦਾ ਮੁੱਖ ਉਦੇਸ਼ ਵਿਦਿਆਰਥਣਾਂ ਨੂੰ ਸਿਰਫ਼ ਅਕਾਦਮਿਕ ਤੌਰ 'ਤੇ ਹੀ ਨਹੀਂ, ਸਗੋਂ ਨੈਤਿਕ ਤੇ ਆਧਿਆਤਮਿਕ ਤੌਰ 'ਤੇ ਵੀ ਮਜ਼ਬੂਤ ਬਣਾਉਣਾ ਹੈ। ਸੰਸਥਾ ਦੀ ਲੋਕਲ ਕਾਲਜ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਜਥੇਦਾਰ ਨਿਸ਼ਾਨ ਸਿੰਘ ਭੋਲਾ ਨੇ ਆਪਣੇ ਸੰਬੋਧਨ ਦੌਰਾਨ ਸੰਸਥਾ ਦੇ ਸਥਾਪਨਾ ਸਮੇਂ ਤੋਂ ਲੈ ਕੇ ਹੁਣ ਤੱਕ ਦੇ ਮਾਣਮੱਤੇ ਇਤਿਹਾਸ 'ਤੇ ਸੰਖੇਪ ਚਾਨਣਾ ਪਾਇਆ।ਉਨ੍ਹਾਂ ਪ੍ਰਿੰਸੀਪਲ ਡਾ. ਚਰਨਦੀਪ ਸਿੰਘ ਦੀ ਯੋਗ ਅਗਵਾਈ ਅਧੀਨ ਸੰਸਥਾ ਦੀਆਂ ਪ੍ਰਾਪਤੀਆਂ, ਅਨੁਸ਼ਾਸਤ ਮਾਹੌਲ ਤੇ ਵਿਦਿਆਰਥੀਆਂ ਦੇ ਸਰਵਪੱਖੀ ਵਿਕਾਸ ਲਈ ਕੀਤੇ ਜਾ ਰਹੇ ਯਤਨਾਂ ਦੀ ਵੀ ਸਰਾਹਨਾ ਕੀਤੀ।ਇਸ ਮੌਕੇ ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸੰਤ ਬਲਵੀਰ ਸਿੰਘ ਘੁੰਨਸ, ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਜਥੇਦਾਰ ਬਲਦੇਵ ਸਿੰਘ ਚੂੰਘਾਂ ਤੇ ਸੀਨੀਅਰ ਆਗੂ ਤੇ ਇੰਚਾਰਜ ਹਲਕਾ ਮਹਿਲ ਕਲਾਂ ਜਥੇਦਾਰ ਨਾਥ ਸਿੰਘ ਹਮੀਦੀ, ਸੰਤ ਬਲਵੀਰ ਸਿੰਘ ਘੁੰਨਸ, ਜਥੇਦਾਰ ਬਲਦੇਵ ਸਿੰਘ ਚੂੰਘਾਂ, ਜਥੇਦਾਰ ਨਾਥ ਸਿੰਘ ਹਮੀਦੀ ਨੇ ਵੀ ਆਪਣੇ ਵਿਚਾਰ ਪ੍ਰਗਟ ਕੀਤੇ।ਇਸ ਸਮੇਂ ਸਾਬਕਾ ਪ੍ਰਧਾਨ ਜਥੇਦਾਰ ਗੁਰਮੇਲ ਸਿੰਘ ਸੰਧੂ, ਚੇਅਰਮੈਨ ਜਗਦੇਵ ਸਿੰਘ ਸੰਧੂ, ਜਥੇਦਾਰ ਰਣਧੀਰ ਸਿੰਘ ਬਾਠ, ਸ. ਜਸਦੇਵ ਸਿੰਘ ਧਾਲੀਵਾਲ, ਸਰਪੰਚ ਸ. ਬਲਵੀਰ ਸਿੰਘ ਮਾਨ ਆਦਿ ਨੇ ਵੀ ਹਾਜ਼ਰੀ ਭਰੀ।ਸਟੇਜ ਸੰਚਾਲਨ ਦੀ ਭੂਮਿਕਾ ਧਾਰਮਿਕ ਅਧਿਆਪਕ ਹਰਮਨਪ੍ਰੀਤ ਸਿੰਘ ਵੱਲੋਂ ਨਿਭਾਈ ਗਈ।

## ਖੇਤੀ ਮਾਹਰਾਂ ਵੱਲੋਂ ਕਾਲੇ ਬਿੱਲੇ ਲਾ ਕੇ ਸਰਕਾਰ ਵਿਰੁੱਧ ਰੋਸ ਜ਼ਾਹਰ



**ਬਠਿੰਡਾ (ਪਰਵਿੰਦਰ ਜੀਤ ਸਿੰਘ)**

ਪੰਜਾਬ ਸਰਕਾਰ ਵੱਲੋਂ ਖੇਤੀਬਾੜੀ ਵਿਭਾਗ ਦੇ ਮੁਲਾਜ਼ਮਾਂ ਦੀਆਂ ਮੰਗਾਂ ਨੂੰ ਲਗਾਤਾਰ ਅਣਗੌਲਿਆ ਕੀਤੇ ਜਾਣ ਦੇ ਰੋਸ ਵਜੋਂ ਪੰਜਾਬ ਭਰ ਦੇ ਖੇਤੀਬਾੜੀ ਵਿਕਾਸ ਅਫ਼ਸਰਾਂ, ਬਾਗਬਾਨੀ ਵਿਕਾਸ ਅਫਸਰਾਂ, ਸਹਾਇਕ ਡਾਇਰੈਕਟਰ ਬਾਗਬਾਨੀ, ਖੇਤੀਬਾੜੀ ਅਫ਼ਸਰਾਂ ਵੱਲੋਂ ਕਾਲੇ ਬਿੱਲੇ ਲਾ ਕੇ ਪੰਜਾਬ ਸਰਕਾਰ ਵਿਰੁੱਧ ਰੋਸ ਜ਼ਾਹਰ ਕੀਤਾ।ਪਲਾਂਟ ਡਾਕਟਰਜ਼ ਸਰਵਿਸਜ਼ ਐਸੋਸੀਏਸ਼ਨ ਪੰਜਾਬ ਦੇ ਨੁਮਾਇੰਦਿਆਂ ਨੇ ਦੱਸਿਆ ਕਿ ਆਪਣੀਆਂ ਜਾਇਜ਼ ਮੰਗਾਂ ਸਬੰਧੀ ਕਈ ਵਾਰ ਮੀਟਿੰਗਾਂ ਕੀਤੀਆਂ ਗਈਆਂ, ਪਰ ਮੌਜੂਦਾ ਸਰਕਾਰ ਜੋ ਵੱਡੇ ਵੱਡੇ ਵਾਅਦੇ ਕਰਕੇ ਸੱਤਾ ਵਿੱਚ ਆਈ ਸੀ, ਵੱਲੋਂ ਵਾਰ-ਵਾਰ ਖੇਤੀ ਮਾਹਿਰਾਂ ਦੀਆਂ ਜਾਇਜ਼ ਮੰਗਾਂ ਨੂੰ ਅਣਗੌਲਿਆ ਕੀਤਾ ਗਿਆ ਹੈ।ਇਸ ਵਕਤ ਵਿਭਾਗ ਵਿੱਚ ਵੱਖ-ਵੱਖ ਕੇਡਰਾਂ ਦੀਆਂ ਵੱਡੇ ਪੱਧਰ 'ਤੇ ਅਸਾਮੀਆਂ ਖਾਲੀ ਹੋਣ ਕਰਕੇ ਕਿਸਾਨਾਂ ਤੱਕ ਪਹੁੰਚਣ ਵਾਲੀਆਂ ਖੇਤੀ ਪਸਾਰ ਸੇਵਾਵਾਂ ਬੁਰੀ ਤਰ੍ਹਾਂ ਪ੍ਰਭਾਵਿਤ ਹੋ ਰਹੀਆਂ ਹਨ।ਵੱਡੀ ਗਿਣਤੀ ਵਿੱਚ ਖਾਲੀ ਪਈਆਂ ਅਸਾਮੀਆਂ ਤੇ ਖੇਤੀ ਮਾਹਿਰਾਂ ਦੀ ਭਰਤੀ ਨਾ ਕਰਕੇ ਤੇ ਬਣਦੀਆਂ ਤਰੱਕੀਆਂ ਨਾ ਦੇ ਕੇ ਸਰਕਾਰ ਕਾਰਪੋਰੇਟਾਂ ਨੂੰ ਖੇਤੀ ਪਸਾਰ ਸੇਵਾਵਾਂ ਤੇ ਕਬਜ਼ਾ ਕਰਨ ਦਾ ਰਾਹ ਪੱਧਰਾ ਕਰ ਰਹੀ ਹੈ।ਨੁਮਾਇੰਦਿਆਂ ਨੇ ਦੱਸਿਆ ਕਿ ਖੇਤੀਬਾੜੀ ਪਸਾਰ ਸੇਵਾਵਾਂ ਦੀ ਅਹਿਮੀਅਤ ਨੂੰ ਧਿਆਨ ਵਿੱਚ ਰੱਖਦਿਆਂ ਪਿਛਲੀਆਂ ਸਰਕਾਰਾਂ ਵੱਲੋਂ ਖੇਤੀ ਮਾਹਿਰਾਂ ਦੀ ਪੇ ਪੈਰਿਟੀ ਵੈਟਰਨਰੀ ਅਫ਼ਸਰਾਂ ਨਾਲ ਜੋੜੀ ਹੋਈ ਸੀ, ਪਰ ਮੌਕੇ ਦੀ ਸਰਕਾਰ ਵੱਲੋਂ ਇਹ ਪੇ ਪੈਰਿਟੀ ਤੋੜ ਕੇ ਕਿਸਾਨ ਹਿੱਤ ਵਿੱਚ ਲੋੜੀਂਦੀਆਂ ਖੇਤੀ ਪਸਾਰ ਸੇਵਾਵਾਂ ਦੇ ਮਿਆਰ ਨੂੰ ਡੇਗੇ ਜਾਣ ਦਾ ਸਬੂਤ ਹੈ।ਐਸੋਸੀਏਸ਼ਨ ਵੱਲੋਂ ਦਿੱਤੀ ਕਾਲ ਅਨੁਸਾਰ ਪੰਜਾਬ ਭਰ ਦੇ ਸਮੂਹ ਖੇਤੀਬਾੜੀ ਵਿਕਾਸ ਅਫ਼ਸਰ, ਬਾਗਬਾਨੀ ਵਿਕਾਸ ਅਫਸਰ, ਸਹਾਇਕ ਡਾਇਰੈਕਟਰ ਬਾਗਬਾਨੀ, ਖੇਤੀਬਾੜੀ ਅਫਸਰਾਂ ਵੱਲੋਂ ਵੱਖ ਵੱਖ ਪਿੰਡਾਂ ਵਿੱਚ ਲਾਏ ਕਿਸਾਨ ਸਿਖਲਾਈ ਕੈਂਪਾਂ ਵਿੱਚ, ਹੋਰ ਫ਼ੀਲਡ ਖੇਤੀ ਗਤੀਵਿਧੀਆਂ ਤੇ ਦਫ਼ਤਰੀ ਕੰਮਕਾਜ ਦੌਰਾਨ ਕਾਲੇ ਬਿੱਲੇ ਲਾ ਕੇ ਲੋਕਾਂ ਵਿੱਚ ਵਿਚਰਦਿਆਂ ਪੰਜਾਬ ਸਰਕਾਰ ਵਿਰੁੱਧ ਆਪਣਾ ਰੋਸ ਦਰਜ਼ ਕਰਾਇਆ ਗਿਆ।

## ਵੋਟਰ ਸੂਚੀ ਸੁਧਾਈ ਦੇ ਨਾਂਅ ਹੇਠ ਅਸਲ ਵੋਟਾਂ ਕੱਟਣ ਦੀ ਇਜਾਜ਼ਤ ਨਹੀਂ ਦਿੱਤੀ ਜਾਵੇਗੀ : ਮਾਨ

**ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**

ਚੋਣ ਕਮਿਸ਼ਨ ਇੰਡੀਆ ਜੋ ਕਿ ਬੀਤੇ ਲੰਮੇ ਸਮੇਂ ਤੋਂ ਸੈਂਟਰ ਦੀ ਮੋਦੀ ਦੀ ਬੀਜੇਪੀ-ਆਰ.ਐਸ.ਐਸ ਹਕੂਮਤ ਦੀ ਨਿਰੰਤਰ ਕਠਪੁਤਲੀ ਬਣ ਕੇ ਵਿਚਰਦਾ ਆ ਰਿਹਾ ਹੈ ਤੇ ਇਸਦੇ ਤਿੰਨੋਂ ਚੋਣ ਕਮਿਸ਼ਨਰ ਉਪਰੋਕਤ ਬੀਜੇਪੀ ਦੇ ਹੱਕ ਵਿਚ ਗੈਰ ਕਾਨੂੰਨੀ ਢੰਗ ਨਾਲ ਖੁੱਲ੍ਹੇਆਮ ਵਿਚਰਦੇ ਆ ਰਹੇ ਹਨ, ਉਸਦੀ ਵਜ੍ਹਾ ਨਾਲ ਹੀ ਵੈਸਟ ਬੰਗਾਲ ਤੇ ਹੋਰ ਕਈ ਸੂਬਿਆਂ ਵਿਚ ਹੋਈਆ ਚੋਣਾਂ ਦੌਰਾਨ ਮਨੀਪੁਰ ਕਾਂਡ ਦੀ ਤਰ੍ਹਾਂ ਇਥੋ ਦੇ ਨਿਵਾਸੀਆ ਵਿਚ ਵੱਡਾ ਰੋਸ ਉਤਪੰਨ ਹੋ ਚੁੱਕਾ ਹੈ, ਕਿਉਂਕਿ ਇਹ ਹੁਕਮਰਾਨ ਸਭ ਜਮਹੂਰੀਅਤ ਤੇ ਕਾਨੂੰਨੀ ਪ੍ਰੰਪਰਾਵਾਂ ਦਾ ਘਾਣ ਕਰਕੇ ਤੇ ਚੋਣ ਕਮਿਸ਼ਨ ਵਰਗੇ ਨਿਰਪੱਖ ਸੰਸਥਾਂ ਦੀ ਖੂਬ ਦੁਰਵਰਤੋ ਕਰਕੇ ਤਾਨਾਸ਼ਾਹੀ ਸੋਚ ਅਧੀਨ ਜਬਰੀ ਵਿਰੋਧੀ ਪਾਰਟੀ ਦੀਆਂ ਵੋਟਾਂ ਲੱਖਾਂ-ਕਰੋੜਾਂ ਵਿਚ ਕੱਟਕੇ ਅਤੇ ਆਪਣੀਆਂ ਦੂਜੇ ਸੂਬੇ 'ਚੋਂ ਵੋਟਰਾਂ ਨੂੰ ਲਿਜਾ ਕੇ ਵੋਟਾਂ ਭੁਗਤਾ ਕੇ ਜਮਹੂਰੀਅਤ ਦਾ ਖੁੱਲ੍ਹੇਆਮ ਕਤਲ ਕਰਦੇ ਨਜ਼ਰ ਆ ਰਹੇ ਹਨ। ਜਿਸ ਢੰਗ ਨਾਲ ਇਹ ਹੁਕਮਰਾਨ ਅਤੇ ਚੋਣ ਕਮਿਸਨ ਸਾਂਝੇ ਤੌਰ 'ਤੇ ਵਿਚਰਦਾ ਨਜ਼ਰ ਆ ਰਿਹਾ ਹੈ, ਇਥੇ ਕੋਈ ਵੀ ਨਿਰਪੱਖ ਚੋਣਾਂ ਹੋਣ ਦੀ ਸੰਭਾਵਨਾ ਬਾਕੀ ਨਹੀਂ ਰਹਿ ਗਈ, ਜੋ ਹੁਣ ਪੰਜਾਬ, ਯੂਟੀ ਚੰਡੀਗੜ੍ਹ ਵਿਚ ਵੋਟਰ ਸੂਚੀ ਸੁਧਾਈ ਕਰਨ ਦੇ ਨਾਂਅ ਹੇਠ ਚੋਣਾਂ ਤੋ ਐਨ ਪਹਿਲੇ ਇਹ ਹੁਕਮਰਾਨ ਇਥੇ ਵੀ ਵੈਸਟ ਬੰਗਾਲ ਵਰਗਾ ਗੈਰ ਕਾਨੂੰਨੀ, ਜਮਹੂਰੀਅਤ ਵਿਰੋਧੀ ਵਰਤਾਰਾ ਵਰਤਾ ਕੇ ਤੇ ਲੋਕਤੰਤਰੀ ਕਦਰਾਂ ਕੀਮਤਾਂ ਦਾ ਘਾਣ ਕਰਕੇ ਪੰਜਾਬ ਵਰਗੇ ਸਰਹੱਦੀ ਸੂਬੇ ਉਤੇ ਸਿਆਸੀ ਤੌਰ 'ਤੇ ਕਾਬਜ਼ ਹੋਣਾ ਲੋਚਦੇ ਹਨ। ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਤੇ ਸਿੱਖ ਕੌਮ ਬੀਜੇਪੀ-ਆਰ.ਐਸ.ਐਸ ਅਤੇ ਚੋਣ ਕਮਿਸ਼ਨ ਦੇ ਇਨ੍ਹਾਂ ਮੰਦਭਾਵਨਾ ਭਰੇ ਮਨਸੂਬਿਆਂ ਨੂੰ ਕਦਾਚਿਤ ਕਾਮਯਾਬ ਨਹੀ ਹੋਣ ਦੇਣਗੇ ਅਤੇ ਸਾਡੀਆਂ ਵੈਸਟ ਬੰਗਾਲ ਦੀ ਤਰ੍ਹਾਂ ਜੋ 90 ਲੱਖ ਵੋਟਾਂ ਕੱਟੀਆਂ ਗਈਆਂ ਹਨ, ਉਸਦੀ ਇਜਾਜ਼ਤ ਅਸੀਂ ਕਤਈ ਨਹੀਂ ਦੇਵਾਂਗੇ।

ਜੇਕਰ ਹੁਕਮਰਾਨਾਂ ਨੇ ਇਥੇ ਵੀ ਵੈਸਟ ਬੰਗਾਲ ਦੀ ਤਰ੍ਹਾਂ ਕੋਈ ਜਬਰ ਕਰਨ ਦੀ ਕੋਸ਼ਿਸ਼ ਕੀਤੀ ਤਾਂ ਇਸਦੇ ਨਿਕਲਣ ਵਾਲੇ ਭਿਆਨਕ ਨਤੀਜਿਆਂ ਲਈ ਇਹ ਫਿਰਕੂ ਹੁਕਮਰਾਨ, ਮੁੱਖ ਚੋਣ ਕਮਿਸਨਰ ਇੰਡੀਆ ਤੇ ਦੂਜੇ ਚੋਣ ਕਮਿਸ਼ਨਰ ਸਿੱਧੇ ਤੌਰ 'ਤੇ ਜਿੰਮੇਵਾਰ ਹੋਣਗੇ।ਇਹ ਵਿਚਾਰ ਸਿਮਰਨਜੀਤ ਸਿੰਘ ਮਾਨ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਨੇ ਪੰਜਾਬ, ਯੂਟੀ ਤੇ ਹੋਰ 19 ਸੂਬਿਆਂ ਵਿੱਚ ਹੋਣ ਜਾ ਰਹੀ ਵੋਟਰ ਸੂਚੀ ਸੁਧਾਈ ਮੰਦਭਾਵਨਾ ਭਰੀ ਪ੍ਰਨਾਲੀ ਤੇ ਸਿਸਟਮ ਦੀ ਕਰੜੇ ਸ਼ਬਦਾਂ ਵਿਚ ਨਿੰਦਾ ਕਰਦੇ ਹੋਏਮੋਦੀ ਹਕੂਮਤ ਨੂੰ ਪੰਜਾਬ ਵਿਚ ਅਜਿਹੀ ਘਿਨਾਉਣੀ ਖੇਡ ਖੇਡਣ ਦੀ ਕਤਈ ਵੀ ਇਜਾਜ਼ਤ ਨਾ ਦੇਣ ਦੀ ਗੱਲ ਕਰਦੇ ਹੋਏ ਪ੍ਰਗਟ ਕੀਤੇ।

## ਝਾੜ ਸਾਹਿਬ ਕਾਲਜ ਵਿਖੇ ਐੱਨ ਡੀ ਏ/ਐੱਸ ਐੱਸ ਬੀ ਓਬਸਟੈਕਲਜ਼ ਪ੍ਰੋਜੈਕਟ ਦਾ ਉਦਘਾਟਨ



**ਸਮਰਾਲਾ (ਸੁਰਜੀਤ ਸਿੰਘ)**-ਖਾਲਸਾ ਕਾਲਜ ਫ਼ਾਰ ਵਿਮੈਨ ਝਾੜ ਸਾਹਿਬ 'ਚ ਪੜ੍ਹਦੀਆਂ ਵਿਦਿਆਰਥਣਾਂ ਦੇ ਭਵਿੱਖ ਨੂੰ ਸੁਰੱਖਿਅਤ ਰੱਖਣ ਦੇ ਮੱਦੇਨਜ਼ਰ ਅਕਾਦਮਿਕ ਸਿਲੇਬਸ ਦੇ ਨਾਲ ਨਾਲ ਉਨ੍ਹਾਂ ਨੂੰ ਕਿੱਤਾ-ਮੁਖੀ ਕੋਰਸ ਵੀ ਕਰਵਾਏ ਜਾਂਦੇ ਹਨ, ਤਾਂ ਜੋ ਉਹ ਆਪਣੇ ਡਿਗਰੀ ਕੋਰਸ ਮੁਕੰਮਲ ਕਰਨ ਉਪਰੰਤ ਆਪਣੇ ਪੈਰਾਂ ਸਿਰ ਖੜ੍ਹੇ ਹੋ ਸਕਣ।ਇਸੇ ਸਿਲਸਿਲੇ ਵਿੱਚ ਕਾਲਜ ਵਿੱਚ ਇੱਕ ਹੋਰ ਉੱਦਮ ਦੀ ਸ਼ੁਰੂਆਤ ਕਰਦੇ ਹੋਏ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਪ੍ਰਧਾਨ, ਸ਼੍ਰੋਮਣੀ ਗੁ. ਪ੍ਰ. ਕਮੇਟੀ ਸ੍ਰੀ ਅੰਮ੍ਰਿਤਸਰ ਸਾਹਿਬ, ਸੁਖਮਿੰਦਰ ਸਿੰਘ ਸਕੱਤਰ (ਵਿੱਦਿਆ) ਸ਼੍ਰੋਮਣੀ ਗੁ. ਪ੍ਰ. ਕਮੇਟੀ ਵੱਲੋਂ ਦਿੱਤੇ ਗਏ ਦਿਸ਼ਾ ਨਿਰਦੇਸ਼ ਅਨੁਸਾਰ ਤੇ ਕਾਲਜ ਪ੍ਰਿੰਸੀਪਲ ਡਾ. ਰਜਿੰਦਰ ਕੌਰ ਦੀ ਰਹਿਨੁਮਾਈ ਤੇ ਗੁਰੂ ਤੇਗ ਬਹਾਦਰ ਖਾਲਸਾ ਕਾਲਜ ਸ੍ਰੀ ਅਨੰਦਪੁਰ ਸਾਹਿਬ ਦੇ ਡਿਫੈਂਸ ਤੇ ਸਟ੍ਰੈਟਿਜਿਕ ਸਟਡੀਜ਼ ਵਿਭਾਗ ਦੇ ਮੁਖੀ ਕੈਪਟਨ ਸੰਦੀਪ ਕੁਮਾਰ ਦੀ ਅਗਵਾਈ ਹੇਠ ਐੱਨ.ਡੀ.ਏ/ਐੱਸ.ਐੱਸ.ਬੀ ਓਬਸਟੈਕਲਜ਼ ਪ੍ਰੋਜੈਕਟ ਲਗਾਇਆ ਗਿਆ, ਜਿਸ ਦਾ ਉਦਘਾਟਨ ਸੁਖਮਿੰਦਰ ਸਿੰਘ ਸਕੱਤਰ (ਵਿੱਦਿਆ), ਕੈਪਟਨ ਸੰਦੀਪ ਕੁਮਾਰ, ਕਾਲਜ ਪ੍ਰਿੰਸੀਪਲ, ਕਾਲਜ ਦੀ ਲੋਕਲ ਮੈਨੇਜਮੈਂਟ ਕਮੇਟੀ ਦੇ ਮੈਂਬਰ ਸਾਹਿਬਾਨ ਵੱਲੋਂ ਸਾਂਝੇ ਰੂਪ ਵਿੱਚ ਕੀਤਾ ਗਿਆ।ਇਸ ਮੌਕੇ ਮੁੱਖ ਮਹਿਮਾਨ ਸੁਖਮਿੰਦਰ ਸਿੰਘ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਇਹ ਪ੍ਰੋਜੈਕਟ ਇਲਾਕੇ ਦੀਆਂ ਲੜਕੀਆਂ ਲਈ ਬਹੁਤ ਲਾਹੇਵੰਦ ਸਾਬਿਤ ਹੋਵੇਗਾ।ਕੈਪਟਨ ਸੰਦੀਪ ਕੁਮਾਰ ਨੇ ਵਿਦਿਆਰਥਣਾਂ ਤੇ ਉਨ੍ਹਾਂ ਦੇ ਮਾਪਿਆਂ ਨੂੰ ਸੰਬੋਧਨ ਵਿੱਚ ਵਿਦਿਆਰਥੀਆਂ ਅੰਦਰ ਉਤਸ਼ਾਹ ਪੈਦਾ ਕਰਨ ਹਿੱਤ ਐੱਨ.ਡੀ.ਏ. ਦੀ ਪ੍ਰੀਖਿਆ ਸਬੰਧੀ ਤਿਆਰੀ ਤੇ ਭਵਿੱਖ ਸਬੰਧੀ ਯੋਜਨਾਵਾਂ ਬਾਰੇ ਵਿਸਥਾਰ ਪੂਰਵਕ ਦੱਸਿਆ। ਉਨ੍ਹਾਂ ਸ਼੍ਰੋਮਣੀ ਕਮੇਟੀ ਵੱਲੋਂ ਇਸ ਪ੍ਰੋਜੈਕਟ ਦਾ ਹਿੱਸਾ ਬਣਾਉਣ 'ਤੇ ਪ੍ਰਧਾਨ ਸਾਹਿਬ ਤੇ ਸਕੱਤਰ ਵਿੱਦਿਆ ਦਾ ਧੰਨਵਾਦ ਕੀਤਾ।ਇਸ ਪ੍ਰੋਜੈਕਟ ਦੇ ਕਨਵੀਨਰ ਡਾ. ਸੁਨੀਤਾ ਕੌਸ਼ਲ ਨੇ ਦੱਸਿਆ ਕਿ ਕਾਲਜ ਵਿਖੇ ਐੱਨ.ਡੀ.ਏ. ਦੇ ਲਿਖਤੀ ਪੇਪਰ ਦੀ ਫ੍ਰੀ ਤਿਆਰੀ ਕਰਵਾਈ ਜਾ ਰਹੀ ਹੈ ਤੇ ਨਾਲ ਹੀ ਵਿਦਿਆਰਥੀ ਨੂੰ ਸਰੀਰਕ ਤੰਦਰੁਸਤੀ ਤੇ ਹਿੰਮਤ ਦੀ ਜਾਚ ਕਰਨ ਲਈ ਤਿਆਰ ਕੀਤਾ ਜਾ ਰਿਹਾ ਹੈ, ਜਿਸ ਦੀ ਟ੍ਰੇਨਿੰਗ ਰਣਬੀਰ ਸਿੰਘ ਖੇਡ ਵਿਭਾਗ ਵੱਲੋਂ ਦਿੱਤੀ ਜਾਵੇਗੀ।

## ਪਾਰਕ ਲਈ ਵਾਟਰ ਕੂਲਰ ਭੇਟ



**ਗਿੱਦੜਬਾਹਾ (ਜਸਵੰਤ ਗਿੱਲ ਛੱਤਿਆਣਾ)**-ਆੜ੍ਹਤੀਆ ਐਸੋਸੀਏਸ਼ਨ ਦੇ ਪ੍ਰਧਾਨ ਸੁਨੀਲ ਬਾਂਸਲ ਵੱਲੋਂ ਆਪਣੇ ਸਵਰਗੀ ਪਿਤਾ ਸਾਧੂ ਰਾਮ ਬਾਂਸਲ ਤੇ ਸਵਰਗੀ ਮਾਤਾ ਨਿਰਮਲਾ ਦੇਵੀ ਬਾਂਸਲ ਦੀ ਯਾਦ ਵਿੱਚ ਮੰਡੀ ਵਾਲਾ ਪਾਰਕ ਵਿਖੇ ਇਕ ਵਾਟਰ ਕੂਲਰ ਭੇਟ ਕੀਤਾ ਗਿਆ।ਇਸ ਸੰਬੰਧੀ ਜਾਣਕਾਰੀ ਦਿੰਦੇ ਹੋਏ ਪ੍ਰਧਾਨ ਸੁਮਨ ਸਿੰਗਲਾ ਨੇ ਦੱਸਿਆ ਕਿ ਮੰਡੀ ਵਾਲਾ ਪਾਰਕ ਵਿਖੇ ਆਉਣ ਵਾਲੇ ਲੋਕਾਂ ਨੂੰ ਪੀਣ ਵਾਲੇ ਠੰਡੇ ਪਾਣੀ ਦੀ ਸੁਵਿਧਾ ਦੇਣ ਲਈ ਸਮਾਜਸੇਵੀ ਸੁਨੀਲ ਬਾਂਸਲ ਤੇ ਉਨ੍ਹਾਂ ਦੇ ਪਰਿਵਾਰ ਵੱਲੋਂ 100 ਲੀਟਰ ਸਮਰਥਾ ਵਾਲਾ ਵਾਟਰ ਕੂਲਰ ਭੇਟ ਕੀਤਾ ਗਿਆ ਹੈ।ਇਸ ਮੌਕੇ ਮੰਡੀ ਵਾਲਾ ਪਾਰਕ ਕਮੇਟੀ ਵੱਲੋਂ ਬਾਂਸਲ ਪਰਿਵਾਰ ਦਾ ਇਸ ਉਪਰਾਲੇ ਲਈ ਧੰਨਵਾਦ ਕੀਤਾ ਗਿਆ।ਇਸ ਮੌਕੇ ਸੁਮਨ ਸਿੰਗਲਾ ਤੋਂ ਇਲਾਵਾ ਕੈਸ਼ੀਅਰ ਓਮ ਪ੍ਰਕਾਸ਼, ਸੰਜੀਵ ਕੁਮਾਰ ਕਾਕਾ ਆਦਿ ਮੌਜੂਦ ਸਨ।

## ਸਰਕਾਰ ਸਫਾਈ ਕਰਮਚਾਰੀਆਂ ਦੇ ਮਸਲੇ ਦਾ ਤੁਰੰਤ ਹੱਲ ਕਰੇ : ਧਾਲੀਵਾਲ



**ਮਮਦੋਟ (ਜਸਬੀਰ ਸਿੰਘ ਕੰਬੋਜ)**-ਪਿਛਲੇ ਕਰੀਬ ਇੱਕ ਹਫਤੇ ਤੋਂ ਸ਼ਹਿਰਾਂ ਤੇ ਕਸਬਿਆਂ ਵਿੱਚ ਕੰਮ ਕਰਦੇ ਸਫਾਈ ਕਰਮਚਾਰੀਆਂ ਵੱਲੋਂ ਆਪਣੀਆਂ ਮੰਗਾਂ ਨੂੰ ਲੈ ਕੇ ਸੰਘਰਸ਼ ਵਿੱਢਿਆ ਹੋਇਆ ਹੈ, ਜਿਸ ਕਾਰਨ ਸ਼ਹਿਰਾਂ ਤੇ ਕਸਬਿਆਂ ਵਿੱਚ ਥਾਂ-ਥਾਂ ਬਦਬੂ ਮਾਰਦੇ ਗੰਦਗੀ ਦੇ ਢੇਰ ਦੇਖਣ ਨੂੰ ਮਿਲ ਰਹੇ ਹਨ। ਸਰਕਾਰ ਤੇ ਪ੍ਰਸ਼ਾਸਨ ਨੂੰ ਚਾਹੀਦਾ ਹੈ ਕਿ ਸਫਾਈ ਸੇਵਕਾਂ ਦੀਆਂ ਮੰਗਾਂ 'ਤੇ ਵਿਚਾਰ ਕਰਦੇ ਹੋਏ ਇਸ ਹੜਤਾਲ ਨੂੰ ਖਤਮ ਕਰਨ ਲਈ ਜਲਦ ਤੋਂ ਜਲਦ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇ।ਇਸ ਗੱਲ ਦਾ ਪ੍ਰਗਟਾਵਾ ਅਧਿਕਾਰ ਸੰਘਰਸ਼ ਪਾਰਟੀ ਦੇ ਸੀਨੀਅਰ ਵਾਇਸ ਪ੍ਰਧਾਨ ਪੰਜਾਬ ਸਤਿੰਦਰ ਕੌਰ ਧਾਲੀਵਾਲ ਨੇ ਪ੍ਰੈੱਸ ਨੋਟ ਜਾਰੀ ਕਰਦਿਆਂ ਕੀਤਾ। ਉਨ੍ਹਾ ਕਿਹਾ ਕਿ ਲੰਮੇ ਸਮੇਂ ਤੋਂ ਪੰਜਾਬ ਦੇ ਵੱਖ ਵੱਖ ਮਹਿਕਮਿਆਂ ਵਿੱਚ ਕੰਮ ਕਰਦੇ ਸਫ਼ਾਈ ਕਾਮੇ ਹੜਤਾਲ 'ਤੇ ਬੈਠੇ ਹਨ।ਸਰਕਾਰਾਂ ਦੀ ਮਿਲੀ ਭੁਗਤ ਨਾਲ ਠੇਕੇਦਾਰੀ ਸਿਸਟਮ ਲਾਗੂ ਕਰਕੇ ਉਨ੍ਹਾਂ ਦਾ ਸ਼ੋਸ਼ਣ ਕੀਤਾ ਜਾ ਰਿਹਾ।ਜਦੋਂ ਅਸੀਂ ਉਨ੍ਹਾਂ ਨੂੰ ਕੰਮ ਕਰਦੇ ਵੇਖਦੇ ਹਾਂ ਤਾਂ ਰੌਂਗਟੇ ਖੜੇ ਹੋ ਜਾਂਦੇ ਹਨ।ਲੋਕ ਜਿਸ ਗੰਦਗੀ ਦੇ ਲਾਗਿਓਂ ਵੀ ਲੰਘਣਾ ਪਸੰਦ ਨਹੀਂ ਕਰਦੇ, ਸਫ਼ਾਈ ਸੇਵਕਾਂ ਨੂੰ ਉਸੇ ਗੰਦਗੀ 'ਚ ਕੰਮ ਕਰਨਾ ਪੈਂਦਾ ਹੈ।ਮਾਨ ਸਰਕਾਰ ਸਫ਼ਾਈ ਕਾਮਿਆਂ ਨੂੰ ਰੈਗੂਲਰ ਕਰਕੇ ਇਨ੍ਹਾਂ ਦੀ ਪੋਸਟ ਨੂੰ ਟੈਕਨੀਕਲ ਐਲਾਨ ਕਰੇ।ਠੇਕੇਦਾਰੀ ਸਿਸਟਮ ਬੰਦ ਕਰਕੇ ਰੈਗੂਲਰ ਭਰਤੀ ਕੀਤੀ ਜਾਵੇ।ਸਫ਼ਾਈ ਕਰਮਚਾਰੀਆਂ ਦਾ ਮੈਨੂਅਲੀ ਕੰਮ ਮੁਕੰਮਲ ਤੌਰ 'ਤੇ ਬੰਦ ਕੀਤਾ ਜਾਵੇ, ਉਨ੍ਹਾਂ ਦੇ ਸਾਰੇ ਕੰਮ ਦਾ ਮਸ਼ੀਨੀਕਰਨ ਕੀਤਾ ਜਾਵੇ।

## ਕਾਂਗਰਸ ਨੇ ਜਾਰੀ ਕੀਤੀ 31 ਉਮੀਦਵਾਰਾਂ ਦੀ ਸੂਚੀ

**ਰਾਜਪੁਰਾ (ਰਮੇਸ਼ ਕਟਾਰੀਆ)**-ਸਾਬਕਾ ਵਿਧਾਇਕ ਹਰਦਿਆਲ ਸਿੰਘ ਕੰਬੋਜ ਨੇ ਹੋ ਰਹੀਆਂ ਨਗਰ ਕੌਂਸਲ ਦੀਆਂ ਚੋਣਾਂ ਲਈ ਕਾਂਗਰਸ ਵੱਲੋਂ 31 ਵਾਰਡਾਂ ਦੇ 31 ਉਮੀਦਵਾਰਾਂ ਦੀ ਲਿਸਟ ਜਾਰੀ ਕਰ ਦਿੱਤੀ ਹੈ, ਜਿਨ੍ਹਾਂ ਵਿੱਚ ਵਾਰਡ ਨੰਬਰ 1 ਤੋਂ ਸੁਨੀਤਾ ਰਾਣੀ, ਵਾਰਡ ਨੰਬਰ 2 ਤੋਂ ਰਾਜਿੰਦਰ ਕੁਮਾਰ, ਵਾਰਡ ਨੰਬਰ 3 ਤੋਂ ਸ਼੍ਰੀਮਤੀ ਰੁਪਿੰਦਰ ਕੌਰ, ਵਾਰਡ ਨੰਬਰ 4 ਤੋਂ ਅਮਰਜੀਤ ਸਿੰਘ ਲਿੰਕਨ, ਵਾਰਡ ਨੰਬਰ 5 ਤੋਂ ਕਮਲਾ ਰਾਣੀ, ਵਾਰਡ ਨੰਬਰ 6 ਤੋਂ ਪਵਨ ਪਿੰਕਾ, ਵਾਰਡ ਨੰਬਰ 7 ਤੋਂ ਸ੍ਰੀਮਤੀ



ਸੁਰੇਖਾ ਰਾਣੀ, ਵਾਰਡ ਨੰਬਰ 8 ਤੋਂ ਮਦਨ ਮਹਕ, ਵਾਰਡ ਨੰਬਰ 9 ਤੋਂ ਹੀਨਾ, ਵਾਰਡ ਨੰਬਰ 10 ਤੋਂ ਸੁਰਿੰਦਰ ਸ਼ਰਮਾ, ਵਾਰਡ ਨੰਬਰ 11 ਤੋਂ ਸ੍ਰੀਮਤੀ ਰੁਬਲਪ੍ਰੀਤ ਕੌਰ, ਵਾਰਡ ਨੰਬਰ 12 ਤੋਂ ਇਸ਼ਾਨ ਮੁੰਡੇਜਾ, ਵਾਰਡ ਨੰਬਰ 13 ਤੋਂ ਕਿਰਨ ਬਾਲਾ, ਵਾਰਡ ਨੰਬਰ 14 ਤੋਂ ਅਮਰਿੰਦਰ ਸਿੰਘ ਸਾਬਕਾ ਸਰਪੰਚ, ਵਾਰਡ ਨੰਬਰ 15 ਤੋਂ ਰੂਬੀ ਰਾਣੀ, ਵਾਰਡ ਨੰਬਰ 16 ਤੋਂ ਅੰਕਿਤ ਚੌਧਰੀ, ਵਾਰਡ ਨੰਬਰ 17 ਤੋਂ ਸ੍ਰੀਮਤੀ ਰੰਜਨਾ ਕੁਮਾਰੀ, ਵਾਰਡ ਨੰਬਰ 18 ਤੋਂ ਮੁਨੀਸ਼ ਮੁੰਜਾਲ, ਵਾਰਡ ਨੰਬਰ 19 ਤੋਂ ਕਮਲਪ੍ਰੀਤ ਕੌਰ, ਵਾਰਡ ਨੰਬਰ 20 ਤੋਂ ਦਰਸ਼ਨ ਸਿੰਘ ਮਾਮਾ, ਵਾਰਡ ਨੰਬਰ 21 ਤੋਂ ਕਵਿਤਾ ਰਾਣੀ, ਵਾਰਡ ਨੰਬਰ 22 ਤੋਂ ਮਨਦੀਪ ਸਿੰਘ ਡਿੰਪੀ ਰਾਣਾ, ਵਾਰਡ ਨੰਬਰ 23 ਤੋਂ ਸ੍ਰੀਮਤੀ ਰੁਪਿੰਦਰ ਕੌਰ, ਵਾਰਡ ਨੰਬਰ 24 ਤੋਂ ਅਮਨਦੀਪ ਸਿੰਘ ਨਾਗੀ, ਵਾਰਡ ਨੰਬਰ 25 ਤੋਂ ਸ੍ਰੀਮਤੀ ਸੰਗੀਤਾ ਤੁਲੀ, ਵਾਰਡ ਨੰਬਰ 26 ਤੋਂ ਅਮਰ ਸਿੰਘ ਪਾਸੀ, ਵਾਰਡ ਨੰਬਰ 27 ਤੋਂ ਦਰਸ਼ਨ ਕੌਰ, ਵਾਰਡ ਨੰਬਰ 28 ਤੋਂ ਅਮਿਤ ਕੁਮਾਰ ਟਿੰਕੂ, ਵਾਰਡ ਨੰਬਰ 29 ਤੋਂ ਸ੍ਰੀਮਤੀ ਪੂਜਾ ਰਾਣੀ, ਵਾਰਡ ਨੰਬਰ 30 ਤੋਂ ਗੁਰਚਰਨ ਸਿੰਘ ਸਰਾਓ ਤੇ ਵਾਰਡ ਨੰਬਰ 31 ਤੋਂ ਸ੍ਰੀਮਤੀ ਜਗਵਿੰਦਰ ਕੌਰ ਨੂੰ ਪਾਰਟੀ ਉਮੀਦਵਾਰ ਐਲਾਨਿਆ ਗਿਆ ਹੈ। ਹਰਦਿਆਲ ਸਿੰਘ ਕੰਬੋਜ ਨੇ ਕਿਹਾ ਕਿ ਕਾਂਗਰਸ ਪਾਰਟੀ ਇਸ ਵਾਰ ਵਿਕਾਸ ਦੇ ਮੁੱਦੇ 'ਤੇ ਲੋਕਾਂ ਕੋਲ ਵੋਟਾਂ ਮੰਗਣ ਜਾਵੇਗੀ।

## ਵਾਰਡ ਨੰ. 10 ਤੋਂ ਕ੍ਰਿਪਾਲ ਸਿੰਘ ਨੇ ਪੇਪਰ ਭਰੇ



**ਸੁਨਾਮ ਊਧਮ ਸਿੰਘ ਵਾਲਾ (ਅਸ਼ੋਕ ਬਾਂਸਲ, ਹਾਕਮ ਭੱਟੀ)**-ਨਗਰ ਕੌਂਸਲ ਚੋਣਾਂ ਨੂੰ ਲੈ ਕੇ ਵਾਰਡ ਨੰਬਰ 10 ਵਿੱਚੋਂ ਆਜ਼ਾਦ ਉਮੀਦਵਾਰ ਕ੍ਰਿਪਾਲ ਸਿੰਘ ਸੰਧੇ ਨੇ ਆਪਣੇ ਕਾਗਜ਼ ਸਥਾਨਕ ਰੈਸਟ ਹਾਊਸ ਵਿਖੇ ਚੋਣ ਅਫਸਰ ਕੋਲ ਦਾਖਲ ਕੀਤੇ।ਇਸ ਮੌਕੇ ਸੰਧੇ ਨੇ ਕਿਹਾ ਕਿ ਉਨ੍ਹਾਂ ਨੇ ਅੱਜ ਵਾਰਡ ਨੰਬਰ 10 ਵਿੱਚੋਂ ਆਪਣੇ ਨਾਮਜ਼ਦਗੀ ਕਾਗਜ਼ ਦਾਖ਼ਲ ਕੀਤੇ ਹਨ। ਉਨ੍ਹਾ ਕਿਹਾ ਕਿ ਵਾਰਡ ਨਿਵਾਸੀਆਂ ਦਾ ਉਨ੍ਹਾਂ ਨੂੰ ਪੂਰਾ ਸਹਿਯੋਗ ਮਿਲ ਰਿਹਾ ਹੈ। ਉਨ੍ਹਾ ਵਾਰਡ ਵਾਸੀਆਂ ਨਿਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਪਿਛਲੇ ਲੰਮੇ ਸਮੇਂ ਤੋਂ ਵਾਰਡ ਦੀ ਸੇਵਾ ਕਰ ਰਹੇ ਹਨ ਤੇ ਇਹ ਸੇਵਾ ਇਸੇ ਤਰ੍ਹਾਂ ਹੀ ਜਾਰੀ ਰਹੇਗੀ। ਇਸ ਲਈ ਉਹ ਇਸ ਵਾਰ ਉਨ੍ਹਾ ਨੂੰ ਇਕ ਸੇਵਾ ਦਾ ਮੌਕਾ ਜ਼ਰੂਰ ਦੇਣ।ਇਸ ਮੌਕੇ ਹਾਜ਼ਰ ਵਾਰਡ ਵਾਸੀਆਂ ਨੇ ਵੀ ਸੰਧੇ ਨੂੰ ਆਪਣੇ ਵੱਲੋਂ ਹਰ ਮਦਦ ਦਾ ਭਰੋਸਾ ਵੀ ਦਿਵਾਇਆ।

## ਚੁਪਕੀਤੀ 'ਚ ਵਿਕਾਸ ਕਾਰਜਾਂ ਨੂੰ ਨਵੀਂ ਗਤੀ ਮਿਲੀ : ਡਾ. ਅਰੋੜਾ



**ਮੋਗਾ (ਇਕਬਾਲ ਸਿੰਘ ਖਹਿਰਾ)**-ਵਿਧਾਇਕਾ ਡਾ. ਅਮਨਦੀਪ ਕੌਰ ਅਰੋੜਾ ਵੱਲੋਂ ਕੁੱਲ 1.75 ਕਰੋੜ ਦੇ ਵੱਖ-ਵੱਖ ਪ੍ਰੋਜੈਕਟਾਂ ਦੀ ਸ਼ੁਰੂਆਤ ਨਾਲ ਮੋਗਾ ਜ਼ਿਲ੍ਹੇ ਦੇ ਪਿੰਡ ਚੁਪਕੀਤੀ ਵਿੱਚ ਵਿਕਾਸ ਕਾਰਜਾਂ ਨੂੰ ਇੱਕ ਨਵਾਂ ਹੁਲਾਰਾ ਮਿਲਿਆ ਹੈ।ਇਸ ਮੌਕੇ ਬੋਲਦਿਆਂ ਵਿਧਾਇਕ ਡਾ. ਅਮਨਦੀਪ ਕੌਰ ਅਰੋੜਾ ਨੇ ਕਿਹਾ ਕਿ ਪਿੰਡ ਚੁਪਕੀਤੀ ਦੇ ਵਸਨੀਕਾਂ ਦੀਆਂ ਲੰਬੇ ਸਮੇਂ ਤੋਂ ਲਟਕਦੀਆਂ ਆ ਰਹੀਆਂ ਮੰਗਾਂ ਨੂੰ ਪੂਰਾ ਕਰਦੇ ਹੋਏ ਕੁੱਲ 1.75 ਕਰੋੜ ਦੀ ਲਾਗਤ ਨਾਲ ਵਿਕਾਸ ਕਾਰਜ ਸ਼ੁਰੂ ਕੀਤੇ ਗਏ ਹਨ।ਇਸ ਵਿੱਚ ਨਹਿਰੀ ਪਾਣੀ ਦੀ ਨਾਲੀ (ਖਾਲਾ) ਲਈ 1.57 ਕਰੋੜ, ਸਕੂਲ ਵਿੱਚ ਇੰਟਰਲਾਕਿੰਗ ਟਾਈਲਾਂ ਲਗਾਉਣ ਲਈ 3 ਲੱਖ, ਪਿੰਡ ਦੀਆਂ ਗਲੀਆਂ ਵਿੱਚ ਇੰਟਰਲਾਕਿੰਗ ਟਾਈਲਾਂ ਲਗਾਉਣ ਲਈ 13 ਲੱਖ ਤੇ ਇੱਕ ਨਵੇਂ ਬੱਸ ਸਟੈਂਡ ਅਤੇ ਪ੍ਰਵੇਸ਼ ਦੁਆਰ ਲਈ 2.50 ਲੱਖ ਦੀ ਰਾਸ਼ੀ ਸ਼ਾਮਲ ਹੈ।ਉਨ੍ਹਾਂ ਪਿੰਡਾਂ ਦੇ ਸਰਵਪੱਖੀ ਵਿਕਾਸ ਪ੍ਰਤੀ ਆਪਣੀ ਵਚਨਬੱਧਤਾ ਨੂੰ ਹੋਰ ਦੁਹਰਾਇਆ ਤੇ ਜ਼ੋਰ ਦਿੱਤਾ ਕਿ ਉਹ ਸਮਾਜ ਦੇ ਹਰ ਵਰਗ ਦੀ ਭਲਾਈ ਲਈ ਲਗਾਤਾਰ ਕੰਮ ਕਰ ਰਹੀ ਹੈ।ਇਸ ਮੌਕੇ ਚੇਅਰਪਰਸਨ ਹਰਪ੍ਰੀਤ ਕੌਰ, ਸਰਪੰਚ ਮਨਜੀਤ ਸਿੰਘ, ਜਗਦੀਪ ਸਿੰਘ ਤੇ ਸਮੁੱਚੇ ਪੰਚਾਇਤ ਦੇ ਮੈਂਬਰ ਮੌਜੂਦ ਸਨ।

## ਵਿਦਿਆਰਥੀ ਪ੍ਰੀਸ਼ਦ ਦੀ ਚੋਣ



**ਗਿੱਦੜਬਾਹਾ (ਜਸਵੰਤ ਗਿੱਲ ਛੱਤਿਆਣਾ)**-ਜੇਐੱਨਜੇ ਡੀਏਵੀ ਸੀਨੀਅਰ ਸੈਕੰਡਰੀ ਪਬਲਿਕ ਸਕੂਲ ਗਿੱਦੜਬਾਹਾ ਵਿਖੇ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਵਿਦਿਆਰਥੀਆਂ ਤੇ ਸਕੂਲ ਪ੍ਰਸ਼ਾਸਨ ਵਿੱਚ ਬਿਹਤਰੀਨ ਤਾਲਮੇਲ ਬਣਾਉਣ ਦੇ ਮੰਤਵ ਨਾਲ ਤੇ ਵਿਦਿਆਰਥੀਆਂ ਅੰਦਰ ਸਵੈ-ਵਿਸ਼ਵਾਸ ਪੈਦਾ ਕਰਨ ਲਈ ਵਿਦਿਆਰਥੀ ਪ੍ਰੀਸ਼ਦ ਦੀ ਚੋਣ ਕਰਵਾਈ ਗਈ।ਪ੍ਰਿੰਸੀਪਲ ਗੁਰਦਾਸ ਸਿੰਘ ਮਾਨ ਨੇ ਦੱਸਿਆ ਕਿ ਵਿਦਿਆਰਥੀ ਪ੍ਰੀਸ਼ਦ ਦੇ ਮੈਂਬਰ ਸਕੂਲ ਸਮੇਂ ਦੌਰਾਨ ਸਕੂਲ ਵਿੱਚ ਅਨੁਸ਼ਾਸਨ ਪ੍ਰਤੀ ਜ਼ਿੰਮੇਵਾਰ ਹੁੰਦੇ ਹਨ ਤੇ ਸਕੂਲ ਦੀਆਂ ਗਤੀਵਿਧੀਆਂ ਦੌਰਾਨ ਸਕੂਲ ਪ੍ਰਸ਼ਾਸਨ ਨੂੰ ਆਪਣਾ ਪੂਰਾ ਸਹਿਯੋਗ ਦੇ ਕੇ ਹਰ ਗਤੀਵਿਧੀ ਨੂੰ ਸਫਲਤਾਪੂਰਵਕ ਨੇਪਰੇ ਚੜ੍ਹਾਉਣ ਵਿੱਚ ਸਹਾਇਤਾ ਕਰਦੇ ਹਨ।ਇਸ ਵਿਦਿਆਰਥੀ ਪ੍ਰੀਸ਼ਦ ਵਿੱਚ ਕੁੱਲ ਮਿਲਾ ਕੇ 70 ਦੇ ਕਰੀਬ ਮੈਂਬਰ ਹੁੰਦੇ ਹਨ ਤੇ ਉਹ ਸਕੂਲ ਦੇ ਹਰ ਵਿਭਾਗ ਵਿੱਚ ਆਪਣੀ ਜ਼ਿੰਮੇਵਾਰੀ ਨਿਭਾਉਂਦੇ ਹਨ।ਇਸ ਦੇ ਨਾਲ ਹੀ ਇਨ੍ਹਾਂ ਸਭ ਵਿਭਾਗਾਂ ਨੂੰ ਸਾਂਭਣ ਲਈ ਬਾਰਵੀਂ ਜਮਾਤ ਦੀ ਮਨਮੀਤ ਕੌਰ ਨੂੰ ਸਕੂਲ ਦੀ ਕੈਪਟਨ, ਵਿਸ਼ਵਦੀਪ ਕੌਰ ਨੂੰ ਵਾਈਸ ਕੈਪਟਨ, ਰੁਸਤਮ ਨੂੰ ਹੈੱਡ ਬੁਆਏ, ਹਰਮੀਨ ਕੌਰ ਨੂੰ ਹੈੱਡ ਗਰਲ, ਕਰਨਦੀਪ ਸਿੰਘ ਨੂੰ ਡਿਪਟੀ ਹੈੱਡ ਬੁਆਏ ਤੇ ਜਪਨ ਨੂੰ ਡਿਪਟੀ ਹੈੱਡ ਗਰਲ ਚੁਣਿਆ ਗਿਆ।ਇਸ ਸਾਰੀ ਵਿਦਿਆਰਥੀ ਪ੍ਰੀਸ਼ਦ ਨੇ ਪ੍ਰਿੰਸੀਪਲ ਸਾਹਿਬ ਨੂੰ ਵਿਸ਼ਵਾਸ ਦਿਵਾਇਆ ਕਿ ਉਹ ਸੈਸ਼ਨ 2026-2027 ਦੌਰਾਨ ਵਿਦਿਆਰਥੀ ਪ੍ਰੀਸ਼ਦ ਦੇ ਸਾਰੇ ਵਿਭਾਗਾਂ ਦੇ ਕੰਮ ਸੁਚਾਰੂ ਢੰਗ ਨਾਲ ਕਰਨਗੇ ਤੇ ਸਕੂਲ ਪ੍ਰਸ਼ਾਸਨ ਨੂੰ ਆਪਣਾ ਪੂਰਾ ਸਹਿਯੋਗ ਦੇਣਗੇ।

## ਮਹੰਤ ਲਛਮਣ ਦਾਸ ਸੀਨੀ: ਸੈਕੰ: ਸਕੂਲ ਦੀ +2 ਕਲਾਸ ਦਾ ਨਤੀਜਾ ਸ਼ਾਨਦਾਰ ਰਿਹਾ




**ਜਗਰਾਓਂ (ਅਮਿਤ ਖੰਨਾ)**-ਸਾਇੰਸ ਗਰੁੱਪ ਵਿੱਚੋਂ ਹਰਮੀਨ ਕੌਰ ਨੇ 96% ਅੰਕ ਪ੍ਰਾਪਤ ਕਰਕੇ ਪਹਿਲਾ ਸਥਾਨ ਪ੍ਰਾਪਤ ਕੀਤਾ।ਸੀ.ਬੀ.ਐੱਸ.ਈ. ਨਵੀਂ ਦਿੱਲੀ ਵੱਲੋਂ +2 ਕਲਾਸ ਦੇ ਨਤੀਜੇ ਦਾ ਐਲਾਨ ਕਰ ਦਿੱਤਾ ਗਿਆ ਹੈ।ਮਹੰਤ ਲਛਮਣ ਦਾਸ ਸੀਨੀ: ਸੈਕੰ: ਸਕਲ, ਤਲਵੰਡੀ ਕਲਾਂ ਦੇ ਵਿਦਿਆਰਥੀਆਂ ਨੇ +2 ਵਿੱਚੋਂ ਬੇਹਤਰਹੀਣ ਪ੍ਰਦਰਸ਼ਨ ਕੀਤਾ ਹੈ।+2 ਸਾਇੰਸ ਗਰੁੱਪ ਵਿੱਚੋਂ ਹਰਮੀਨ ਕੌਰ ਨੇ 96% (480/500) ਅੰਕ ਪ੍ਰਾਪਤ ਕਰਕੇ ਪਹਿਲਾ, ਚਰਨਸ਼ਰਨਪ੍ਰੀਤ ਸਿੰਘ ਪੰਨੂ ਨੇ 95% (473/500) ਅੰਕ ਪ੍ਰਾਪਤ ਕਰਕੇ ਦੂਜਾ, ਮਨਵੀਰ ਕੌਰ ਨੇ 93% (463/500) ਅੰਕ ਪ੍ਰਾਪਤ ਕਰਕੇ ਤੀਜਾ ਸਥਾਨ ਕਮਲਪ੍ਰੀਤ ਕੌਰ ਤੇ ਜਸ਼ਨਦੀਪ ਕੌਰ ਨੇ 89%(445/500) ਅੰਕ ਪ੍ਰਾਪਤ ਕਰਕੇ ਚੌਥਾ ਸਥਾਨ ਪ੍ਰਾਪਤ ਕੀਤਾ।ਇਸੇ ਤਰ੍ਹਾਂ +2 ਕਾਮਰਸ ਵਿੱਚੋਂ ਜਸ਼ਨਪ੍ਰੀਤ ਸਿੰਘ ਨੇ 79.4% (397/500) ਅੰਕ ਪ੍ਰਾਪਤ ਕਰਕੇ ਪਹਿਲਾ, ਹਰਮਨਦੀਪ ਕੌਰ ਨੇ 75.4% (377/500) ਅੰਕ ਪ੍ਰਾਪਤ ਕਰਕੇ ਦੂਜਾ, ਜਗਦੀਪ ਸਿੰਘ ਢੱਟ ਨੇ 74.4% (372/500) ਅੰਕ ਪ੍ਰਾਪਤ ਕਰਕੇ ਤੀਜਾ, ਅਰਮਾਨਪ੍ਰੀਤ ਸਿੰਘ ਨੇ 73% (365/500) ਅੰਕ ਪ੍ਰਾਪਤ ਕਰਕੇ ਚੌਥਾ ਸਥਾਨ ਪ੍ਰਾਪਤ ਕੀਤਾ।

ਇਸੇ ਤਰ੍ਹਾਂ +2 ਆਰਟਸ ਵਿੱਚੋਂ ਜਸਕੀਰਤ ਸਿੰਘ ਨੇ 83.4% (417/500) ਅੰਕ ਪ੍ਰਾਪਤ ਕਰਕੇ ਪਹਿਲਾ, ਬਲਕਰਨ ਸਿੰਘ ਨੇ 80.4% (402/500) ਅੰਕ ਪ੍ਰਾਪਤ ਕਰਕੇ ਦੂਜਾ, ਰਾਜਕਰਨ ਸਿੰਘ ਨੇ 72% (360/500) ਅੰਕ ਪ੍ਰਾਪਤ ਕਰਕੇ ਤੀਜਾ ਅਤੇ ਰਾਜਵੀਰ ਸਿੰਘ ਨੇ 69% (345/500) ਅੰਕ ਪ੍ਰਾਪਤ ਕਰਕੇ ਚੌਥਾ ਸਥਾਨ ਪ੍ਰਾਪਤ ਕੀਤਾ। ਸਾਰੇ ਵਿਦਿਆਰਥੀਆਂ ਨੇ ਬਹੁਤ ਹੀ ਚੰਗੇ ਅੰਕ ਪ੍ਰਾਪਤ ਕੀਤੇ।ਪ੍ਰਿੰਸੀਪਲ ਬਲਦੇਵ ਦਾਸ ਬਾਵਾ ਨੇ ਪਹਿਲੀਆਂ ਪੁਜੀਸ਼ਨਾਂ 'ਤੇ ਆਉਣ ਵਾਲੇ ਅਤੇ ਚੰਗੇ ਅੰਕ ਪ੍ਰਾਪਤ ਕਰਨ ਵਾਲੇ ਵਿਦਿਆਰਥੀਆਂ ਅਤੇ ਉਹਨਾਂ ਦੇ ਮਾਤਾ-ਪਿਤਾ ਨੂੰ ਵਧਾਈ ਦਿੱਤੀ। ਪ੍ਰਿੰਸੀਪਲ ਬਲਦੇਵ ਦਾਸ ਬਾਵਾ ਨੇ ਸਾਰੇ ਸਟਾਫ਼ ਦੀ ਵਧੀਆ ਕਾਰਗੁਜ਼ਾਰੀ ਦੀ ਸ਼ਲਾਘਾ ਕੀਤੀ।

## ਜਸਵਿੰਦਰ ਕੌਰ ਨੇ ਪੰਜਾਬ ਯੂਨੀਵਰਸਿਟੀ 'ਚ 10ਵਾਂ ਸਥਾਨ ਹਾਸਲ ਕੀਤਾ



**ਲੁਧਿਆਣਾ (ਰੈਕਟਰ ਕਥੂਰੀਆ)**-ਮਾਸਟਰ ਤਾਰਾ ਸਿੰਘ ਮੈਮੋਰੀਅਲ ਕਾਲਜ ਫਾਰ ਵਿਮ ਦੀਆਂ ਬੀਬੀਏ ਪਹਿਲੇ ਸਮੈਸਟਰ ਦੀਆਂ ਵਿਦਿਆਰਥਣਾਂ ਨੇ ਪੰਜਾਬ ਯੂਨੀਵਰਸਿਟੀ, ਚੰਡੀਗੜ੍ਹ ਵੱਲੋਂ ਦਸੰਬਰ 2025 ਵਿੱਚ ਕਰਵਾਈਆਂ ਗਈਆਂ ਪ੍ਰੀਖਿਆਵਾਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਕੇ ਕਾਲਜ ਦਾ ਨਾਂਅ ਰੌਸ਼ਨ ਕੀਤਾ।ਜਸਵਿੰਦਰ ਕੌਰ ਨੇ 8.17 ਐਸਜੀਪੀਏ ਪ੍ਰਾਪਤ ਕਰਕੇ ਪੰਜਾਬ ਯੂਨੀਵਰਸਿਟੀ, ਚੰਡੀਗੜ੍ਹ ਵਿੱਚ 10ਵਾਂ ਸਥਾਨ ਤੇ ਕਾਲਜ ਵਿੱਚ ਪਹਿਲਾ ਸਥਾਨ ਹਾਸਲ ਕੀਤਾ।ਯਸ਼ਮੀਨ ਕੌਰ ਨੇ ਕਾਲਜ ਵਿੱਚ ਦੂਜਾ ਸਥਾਨ ਹਾਸਲ ਕੀਤਾ ਅਤੇ ਆਰਤੀ ਨੇ ਤੀਜਾ ਸਥਾਨ ਪ੍ਰਾਪਤ ਕੀਤਾ।ਕਾਲਜ ਦੇ ਪ੍ਰਿੰਸੀਪਲ ਡਾ. ਕਿਰਨਦੀਪ ਕੌਰ, ਪ੍ਰਧਾਨ ਸਵਰਨ ਸਿੰਘ ਜੀ, ਸਕੱਤਰ ਗੁਰਬਚਨ ਸਿੰਘ ਪਾਹਵਾ ਅਤੇ ਪ੍ਰਬੰਧਕ ਕਮੇਟੀ ਦੇ ਹੋਰ ਮੈਂਬਰਾਂ ਨੇ ਵਿਦਿਆਰਥਣਾਂ ਨੂੰ ਉਨ੍ਹਾਂ ਦੀ ਕਠਿਨ ਮਿਹਨਤ ਤੇ ਸਫਲਤਾ ਲਈ ਵਧਾਈ ਦਿੱਤੀ।

# 27.50 ਲੱਖ ਦੇ ਵਿਕਾਸ ਕਾਰਜਾਂ ਨਾਲ ਪਿੰਡ ਜਾਂਗਲੀਆਣਾ ਦੀ ਬਦਲੇਗੀ ਨੁਹਾਰ : ਵਿਧਾਇਕ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ, ਓ ਪੀ ਰਾਣਾ)**- ਮੈਂ ਹਮੇਸ਼ਾ ਆਪਣੇ ਹਲਕੇ ਦੇ ਲੋਕਾਂ ਦੀਆਂ ਉਮੀਦਾਂ ਨੂੰ ਪੂਰਾ ਕਰਨ ਲਈ ਕੰਮ ਕਰਨ ਅਤੇ ਬਹੁ-ਪੱਖੀ ਯਤਨ ਕਰਨ ਦੀ ਕੋਸ਼ਿਸ਼ ਕਰਦਾ ਹਾਂ। ਇਹ ਵਿਚਾਰ ਚੱਬੇਵਾਲ



ਵਿਧਾਇਕ ਡਾ. ਇਸ਼ਾਂਕ ਕੁਮਾਰ ਨੇ ਜ਼ਾਹਿਰ ਕੀਤੇ, ਜੋ ਉਸ ਸਮੇਂ ਜਾਂਗਲੀਆਣਾ ਨਿਵਾਸੀਆਂ ਦੇ ਰੂਬਰੂ ਸਨ। ਇਕੱਠ ਨੂੰ ਸੰਬੋਧਨ ਕਰਦੇ ਹੋਏ ਡਾ. ਇਸ਼ਾਂਕ ਨੇ ਕਿਹਾ ਕਿ ਪਿੰਡ ਜਾਂਗਲੀਆਣਾ ਵਿੱਚ ਇਸ ਸਮੇਂ ?27.50 ਲੱਖ ਦੇ ਕਈ ਵਿਕਾਸ ਕਾਰਜ ਚੱਲ ਰਹੇ ਹਨ ਜੋ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨਗੇ ਤੇ ਪਿੰਡ ਵਾਸੀਆਂ ਨੂੰ ਸਹੂਲਤ ਦੇਣਗੇ। ਉਨ੍ਹਾਂ ਦੱਸਿਆ ਕਿ ਪਿੰਡ ਵਾਸੀਆਂ ਦੀਆਂ ਮੰਗਾਂ ਅਨੁਸਾਰ 7.50 ਲੱਖ ਗੰਦੇ ਪਾਣੀ ਦੀ ਨਿਕਾਸੀ ਅਤੇ ਸੀਵਰੇਜ ਲਈ ਜਾਰੀ ਕੀਤੇ ਗਏ ਹਨ, 15 ਲੱਖ ਦੀ ਗ੍ਰਾਂਟ ਨਾਲ ਗਲੀਆਂ-ਨਾਲੀਆਂ ਦੀ ਉਸਾਰੀ/ਰਿਪੇਅਰ ਦੇ ਕੰਮ ਪ੍ਰਗਤੀ ਅਧੀਨ ਹਨ ਅਤੇ ਜਲਦੀ ਹੀ ਪੂਰੇ ਹੋ ਜਾਣਗੇ। 5 ਲੱਖ ਦੀ ਲਾਗਤ ਨਾਲ ਸ੍ਰੀ ਗੁਰੂ ਰਵਿਦਾਸ ਧਰਮਸ਼ਾਲਾ ਦਾ ਨਿਰਮਾਣ ਵੀ ਤੇਜੀ ਨਾਲ ਚਲ ਰਿਹਾ ਹੈ। ਵਿਧਾਇਕ ਨੇ ਅੱਗੇ ਦੱਸਿਆ ਕਿ ਰਸੂਲਪੁਰ ਤੋਂ ਜਾਂਗਲੀਆਣਾ ਤੱਕ 0.60 ਕਿਲੋਮੀਟਰ ਲੰਬਾਈ ਵਾਲੀ ਸੜਕ ਲਈ ਵੀ 12.34 ਲੱਖ ਦੀ ਲਾਗਤ ਨਾਲ ਟੈਂਡਰ ਮਨਜ਼ੂਰ ਹੋ ਗਿਆ ਹੈ ਅਤੇ ਇਸ ਸੜਕ ਨੂੰ ਬਣਾਉਣ ਦਾ ਕੰਮ ਵੀ ਜਲਦੀ ਹੀ ਸ਼ੁਰੂ ਹੋ ਜਾਵੇਗਾ।ਪਿੰਡ ਵਾਸੀਆਂ ਵੱਲੋਂ ਸਰਪੰਚ ਮਨਜੀਤ ਕੌਰ ਨੇ ਚੱਲ ਰਹੇ ਵਿਕਾਸ ਕਾਰਜਾਂ ਲਈ ਡਾ. ਇਸ਼ਾਂਕ ਦਾ ਧੰਨਵਾਦ ਕੀਤਾ ਤੇ ਪਿੰਡ ਵਿੱਚ ਬੁਨਿਆਦੀ ਢਾਂਚੇ ਨੂੰ ਬਿਹਤਰ ਬਣਾਉਣ ਲਈ ਕੀਤੇ ਜਾ ਰਹੇ ਯਤਨਾਂ 'ਤੇ ਸੰਤੁਸ਼ਟੀ ਪ੍ਰਗਟ ਕੀਤੀ। ਇਸ ਮੌਕੇ ਮੀਨਾ ਕੁਮਾਰੀ (ਪੰਚ), ਲਹਿੰਬਰ ਸਿੰਘ (ਪੰਚ), ਕੁਲਜੀਤ ਸਿੰਘ (ਪੰਚ), ਸਤਨਾਮ ਸਿੰਘ, ਰਸ਼ਪਾਲ ਸਿੰਘ, ਹਰਦੀਪ ਸਿੰਘ, ਗੁਰਦੀਪ ਸਿੰਘ ਅਤੇ ਪਿੰਡ ਦੀਆਂ ਹੋਰ ਮੋਹਤਬਰ ਸ਼ਖਸੀਅਤਾਂ ਵੀ ਸ਼ਾਮਲ ਸਨ।

# ਐੱਲ ਪੀ ਯੂ ਸਕੂਲ ਆਫ਼ ਫੈਸ਼ਨ ਡਿਜ਼ਾਈਨ ਵੱਲੋਂ ਰਚਨਾਤਮਕਤਾ ਦਾ ਪ੍ਰਦਰਸ਼ਨ



**ਜਲੰਧਰ (ਸ਼ੈਲੀ ਐਲਬਰਟ)**- ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ ਦੇ ਸਕੂਲ ਆਫ਼ ਫੈਸ਼ਨ ਡਿਜ਼ਾਈਨ ਨੇ ਇੱਕ ਵਾਰ ਫਿਰ ਈਸੀਐਲਏਟੀ ਈਲੀਵਨ 16.0 ਰਾਹੀਂ ਨਵੀਨਤਾ, ਰਚਨਾਤਮਕਤਾ ਅਤੇ ਉਦਯੋਗ-ਅਧਾਰਤ ਫੈਸ਼ਨ ਸਿੱਖਿਆ ਪ੍ਰਤੀ ਆਪਣੀ ਵਚਨਬੱਧਤਾ ਦਾ ਪ੍ਰਦਰਸ਼ਨ ਕੀਤਾ।

ਇਹ ਪ੍ਰੋਗਰਾਮ ਅੰਤਿਮ ਸਾਲ ਦੇ ਵਿਦਿਆਰਥੀਆਂ ਲਈ ਇੱਕ ਸ਼ਾਨਦਾਰ ਗ੍ਰੈਜੂਏਸ਼ਨ ਪ੍ਰਦਰਸ਼ਨੀ ਸੀ, ਜਿਸ ਵਿੱਚ ਐੱਲ ਪੀ ਯੂ ਦੇ ਫੈਸ਼ਨ ਪ੍ਰੋਗਰਾਮ ਰਾਹੀਂ ਵਿਕਸਤ ਕੀਤੇ ਗਏ ਕਲਾਤਮਕ ਦ੍ਰਿਸ਼ਟੀਕੋਣ, ਤਕਨੀਕੀ ਮੁਹਾਰਤ ਅਤੇ ਸਮਕਾਲੀ ਡਿਜ਼ਾਈਨ ਦੀ ਸਮਝ ਨੂੰ ਉਜਾਗਰ ਕੀਤਾ ਗਿਆ ਸੀ। ਰਨਵੇਅ ਪੇਸ਼ਕਾਰੀ ਵਿੱਚ ਲਚਕਤਾ, ਸਥਿਰਤਾ, ਵਿਰਾਸਤ, ਪਛਾਣ ਅਤੇ ਪਰਿਵਰਤਨ ਵਰਗੇ ਥੀਮਾਂ ਤੋਂ ਪ੍ਰੇਰਿਤ ਕਈ ਤਰ੍ਹਾਂ ਦੇ ਸੰਗ੍ਰਹਿ ਪ੍ਰਦਰਸ਼ਿਤ ਕੀਤੇ ਗਏ। 'ਥ੍ਰੈਡਸ ਆਫ ਰਿਸੀਲੈਂਸ', 'ਰੂਟਸ ਰੀਇਮੈਜਿਨਡ', 'ਈਕੋਜ਼ ਆਫ਼ ਹੈਰੀਟੇਜ' ਤੇ 'ਰਿਲਮਜ਼ ਆਫ਼ ਟ੍ਰਾਂਸਫਾਰਮੇਸ਼ਨ' ਵਰਗੇ ਦੌਰਾਂ ਰਾਹੀਂ, ਵਿਦਿਆਰਥੀਆਂ ਨੇ ਮਨਮੋਹਕ ਫੈਸ਼ਨ ਕਹਾਣੀਆਂ ਪੇਸ਼ ਕੀਤੀਆਂ ਜੋ ਸੱਭਿਆਚਾਰਕ ਪ੍ਰੇਰਨਾ ਨੂੰ ਭਵਿੱਖ ਦੇ ਰੁਝਾਨਾਂ ਅਤੇ ਪ੍ਰਯੋਗਾਤਮਕ ਕਹਾਣੀ ਸੁਣਾਉਣ ਨਾਲ ਮਿਲਾਉਂਦੀਆਂ ਸਨ। ਪ੍ਰਸਿੱਧ ਭਾਰਤੀ ਕਾਸਟਿਊਮ ਡਿਜ਼ਾਈਨਰ ਅੰਜੂ ਮੋਦੀ (ਬਾਜੀਰਾਓ ਮਸਤਾਨੀ ਅਤੇ ਰਾਮਲੀਲਾ ਵਰਗੀਆਂ ਬਲਾਕਬਸਟਰ ਫਿਲਮਾਂ ਲਈ ਜਾਣੀ ਜਾਂਦੀ ਹੈ) ਨੇ ਇਸ ਮੌਕੇ 'ਤੇ ਸ਼ਿਰਕਤ ਕੀਤੀ ਅਤੇ ਉਭਰਦੇ ਡਿਜ਼ਾਈਨਰਾਂ ਦੁਆਰਾ ਦਿਖਾਈ ਗਈ ਰਚਨਾਤਮਕਤਾ, ਵਿਸ਼ਵਾਸ ਅਤੇ ਪੇਸ਼ੇਵਰ ਸੂਝ-ਬੂਝ ਦੀ ਪ੍ਰਸ਼ੰਸਾ ਕੀਤੀ। ਇਸ ਮੌਕੇ 'ਤੇ ਬੋਲਦੇ ਹੋਏ, ਪ੍ਰੋ ਚਾਂਸਲਰ ਕਰਨਲ ਡਾ. ਰਸ਼ਮੀ ਮਿੱਤਲ ਨੇ ਜ਼ੋਰ ਦੇ ਕੇ ਕਿਹਾ ਕਿ ਅੱਜ ਦੇ ਫੈਸ਼ਨ ਉਦਯੋਗ ਨੂੰ ਅਜਿਹੇ ਪੇਸ਼ੇਵਰਾਂ ਦੀ ਜ਼ਰੂਰਤ ਹੈ ਜੋ ਤਕਨੀਕੀ ਮੁਹਾਰਤ, ਨਵੀਨਤਾ ਅਤੇ ਮਾਰਕੀਟ ਸਮਝ ਨਾਲ ਰਚਨਾਤਮਕਤਾ ਨੂੰ ਸਹਿਜੇ ਹੀ ਜੋੜ ਸਕਣ।

# ਸੰਤ ਬਾਬਾ ਰਾਮ ਸਿੰਘ ਦੀ ਬਰਸੀ ਤੇ ਜੋੜ ਮੇਲਾ 4 ਜੁਲਾਈ ਤੋਂ

**ਜੇਜੋਂ ਦੋਆਬਾ (ਨਿਰਮਲ ਸਿੰਘ ਮੁੱਗੋਵਾਲ)**- ਸੱਚਖੰਡ ਵਾਸੀ ਸੰਤ ਬਾਬਾ ਰਾਮ ਸਿੰਘ ਜੀ ਦੀ 26ਵੀਂ ਬਰਸੀ ਤੇ ਸਾਲਾਨਾ ਜੋੜ ਮੇਲਾ ਡੇਰਾ ਬੁੰਗਾ ਸਾਹਿਬ ਪਿੰਡ ਤਾਜੇਵਾਲ ਵਿਖੇ 4 ਜੁਲਾਈ ਤੋਂ 6 ਜੁਲਾਈ ਤੱਕ ਸ਼ਰਧਾ ਤੇ ਉਤਸ਼ਾਹ ਪੂਰਵਕ ਢੰਗ ਨਾਲ ਕਰਵਾਇਆ ਜਾ ਰਿਹਾ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਇਸ ਅਸਥਾਨ ਦੇ ਮੁੱਖ ਸੇਵਾਦਾਰ ਸੰਤ ਮਹਾਂਵੀਰ ਸਿੰਘ ਤਾਜੇਵਾਲ ਨੇ ਦੱਸਿਆ ਕਿ ਸਮਾਗਮ ਦੇ ਸੰਬੰਧ ਵਿੱਚ 4 ਜੁਲਾਈ ਨੂੰ ਸ੍ਰੀ ਆਖੰਡ ਪਾਠ ਸਾਹਿਬ ਆਰੰਭ ਕੀਤੇ ਜਾਣਗੇ, ਜਿਨਾਂ ਦੇ ਭੋਗ 6 ਜੁਲਾਈ ਨੂੰ ਪੈਣਗੇ। ਪਾਠ ਦੇ ਭੋਗ ਤੋਂ ਬਾਅਦ ਕਥਾ ਕੀਰਤਨ ਅਤੇ ਗੁਰਮਤਿ ਸਮਾਗਮ ਹੋਵੇਗਾ। ਜਿਸ ਵਿੱਚ ਪਹੁੰਚ ਰਹੇ ਸੰਤ ਮਹਾਂਪੁਰਸ਼ ਸੰਗਤਾਂ ਨੂੰ ਉਸ ਸਰਬ ਸ਼ਕਤੀਮਾਨ ਪਰਮਾਤਮਾ ਦੇ ਨਾਂਅ ਨਾਲ ਜੋੜਨਗੇ, ਜੋ ਇਸ ਬ੍ਰਹਿਮੰਡ ਦੇ ਕਣ- ਕਣ ਵਿੱਚ ਮੌਜੂਦ ਹੋ ਕੇ ਸਭਨਾ ਜੀਵਾਂ ਦੀ ਪ੍ਰਤੀਪਾਲਣਾ ਕਰ ਰਿਹਾ ਹੈ। ਇਸ ਦੇ ਨਾਲ ਹੀ ਸੱਚਖੰਡ ਵਾਸੀ ਸੰਤ ਬਾਬਾ ਰਾਮ ਸਿੰਘ ਜੀ ਦੇ ਪਰਉਪਕਾਰੀ ਕਾਰਜਾਂ ਤੋਂ ਵੀ ਸੰਗਤਾਂ ਨੂੰ ਜਾਣੂ ਕਰਵਾਇਆ ਜਾਵੇਗਾ। ਗੁਰੂ ਕਾ ਲੰਗਰ ਅਤੁੱਟ ਵਰਤੇਗਾ। ਸੰਤ ਮਹਾਂਵੀਰ ਸਿੰਘ ਤਾਜੇਵਾਲ ਜੀ ਨੇ ਦੱਸਿਆ ਕਿ ਸਮਾਗਮ ਦੀਆਂ ਤਿਆਰੀਆਂ ਸ਼ੁਰੂ ਕਰ ਦਿੱਤੀਆਂ ਗਈਆਂ ਹਨ।

# ਸਰਕਾਰੀ ਹਾਈ ਸਕੂਲ ਘੁੜਕਾ 'ਚ ਇਨਾਮ ਵੰਡ ਸਮਾਰੋਹ

**ਬਿਲਗਾ (ਵਿਜੇ ਕੁਮਾਰ)**- ਸਰਕਾਰੀ ਹਾਈ ਸਕੂਲ ਘੁੜਕਾ (ਜਲੰਧਰ) ਵਿਖੇ ਸਾਲਾਨਾ ਇਨਾਮ ਵੰਡ ਸਮਾਰੋਹ ਕਰਵਾਇਆ ਗਿਆ। ਜਿਸ ਵਿੱਚ ਮੁੱਖ ਮਹਿਮਾਨ ਵਜੋਂ ਮੌਜੂਦਾ ਸਰਪੰਚ ਜਰਨੈਲ ਕੌਰ, ਬਲਾਕ ਸੰਮਤੀ ਮੈਂਬਰ ਸੋਢੀ, ਪੰਚ ਪਰਮਜੀਤ ਸਿੰਘ ਸੰਧੂ, ਐਸ.ਐਮ.ਸੀ. ਚੇਅਰਮੈਨ ਨੀਲਮ ਰਾਣੀ ਅਤੇ ਪਿੰਡ ਦੇ ਪਤਵੰਤੇ ਸੱਜਣ ਸ਼ਾਮਲ ਹੋਏ।



ਸਮਾਗਮ ਦੌਰਾਨ ਵਿਦਿਆਰਥੀਆਂ ਨੂੰ ਵਿਦਿਅਕ ਅਤੇ ਸਹਿ ਵਿਦਿਅਕ ਪ੍ਰਾਪਤੀਆਂ ਲਈ ਇਨਾਮ ਵੰਡੇ ਗਏ। ਇਸ ਸਮੇਂ ਦੌਰਾਨ ਮੁੱਖ ਅਧਿਆਪਕ ਜਸਵਿੰਦਰ ਕੌਰ ਅਤੇ ਸਟਾਫ ਮੈਂਬਰ ਅਮਰਜੀਤ ਕੌਰ, ਬਲਜੀਤ ਕੌਰ, ਮਨਪ੍ਰੀਤ ਕੌਰ, ਮਿਸ ਅੰਮ੍ਰਿਤ ਕੌਰ ਵੀ ਮੌਜੂਦ ਸਨ।

# ਦ ਨੋਬੇਲ ਸਕੂਲ ਦਾ 12ਵੀਂ ਦਾ ਨਤੀਜਾ ਰਿਹਾ 100 ਫੀਸਦੀ

**ਕਰਤਾਰਪੁਰ (ਹਰਮੇਸ਼ ਦੱਤ )** ਦ ਨੋਬੇਲ ਸਕੂਲ ਨੇ ਇੱਕ ਵਾਰ ਫਿਰ ਆਪਣੀ ਉਤਕ੍ਰਿਸ਼ਟ ਪ੍ਰਾਪਤੀ ਦਰਜ ਕਰਦੇ ਹੋਏ ਹਾਲ ਹੀ ਵਿੱਚ ਐਲਾਨੇ ਸੀ ਬੀ ਐੱਸ ਈ ਕਲਾਸ 12ਵੀਂ ਦੇ ਨਤੀਜਿਆਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਕੀਤਾ ਹੈ। ਸਕੂਲ ਨੇ 100% ਨਤੀਜਾ ਹਾਸਲ ਕਰਕੇ ਪੂਰੇ ਸਕੂਲ ਪਰਵਾਰ ਲਈ ਮਾਣ ਅਤੇ ਖੁਸ਼ੀ ਦਾ ਮੌਕਾ ਪੈਦਾ ਕੀਤਾ ਹੈ।ਪ੍ਰੀਖਿਆ ਵਿੱਚ ਸ਼ਾਮਲ ਵਿਦਿਆਰਥੀਆਂ




ਵਿੱਚੋਂ ਬਲਜੋਤ ਕੌਰ ਨੇ 88% ਅੰਕ ਪ੍ਰਾਪਤ ਕਰਕੇ ਪਹਿਲਾ ਸਥਾਨ ਹਾਸਲ ਕੀਤਾ। ਇਸ ਤੋਂ ਬਾਅਦ ਆਸ਼ਨਾ ਗੁਪਤਾ ਨੇ 87%, ਨਵਨੀਤ ਕੌਰ ਸੁਮਰਾ ਨੇ 85%, ਹਰਸਿਮਰਨਜੋਤ ਕੌਰ ਨੇ 84%, ਕੋਮਲ ਕੁਮਾਰੀ ਨੇ 84%, ਹਰਲੀਨ ਨੇ 82% ਅਤੇ ਓਮਿੰਗ ਮਾਧਰ ਨੇ 81% ਅੰਕ ਪ੍ਰਾਪਤ ਕਰਕੇ ਆਪਣੀ ਮਿਹਨਤ ਅਤੇ ਸਮਰਪਣ ਦਾ ਪ੍ਰਮਾਣ ਦਿੱਤਾ। ਸਕੂਲ ਦੇ ਚੇਅਰਮੈਨ ਪ੍ਰੋ. ਸੀ ਐੱਲ ਕੋਛੜ ਤੇ ਮੈਨੇਜਿੰਗ ਡਾਇਰੈਕਟਰ ਇੰਜੀ. ਕੁਮਾਰ ਸ਼ਿਵ ਕੋਛੜ ਨੇ ਵਿਦਿਆਰਥੀਆਂ ਨੂੰ ਉਨ੍ਹਾਂ ਦੇ ਉੱਜਵਲ ਭਵਿੱਖ ਲਈ ਸ਼ੁਭਕਾਮਨਾਵਾਂ ਦਿੱਤੀਆਂ ਅਤੇ ਜੀਵਨ ਵਿੱਚ ਨਿਰੰਤਰ ਉਤਕ੍ਰਿਸ਼ਟਤਾ ਹਾਸਲ ਕਰਨ ਲਈ ਪ੍ਰੇਰਿਤ ਕੀਤਾ। ਸਕੂਲ ਦੀ ਡਾਇਰੈਕਟਰ ਸਰੋਜ ਸ਼ਰਮਾ ਅਤੇ ਪ੍ਰਿੰਸੀਪਲ ਰਵਿੰਦਰ ਕੌਰ ਨੇ ਵਿਦਿਆਰਥੀਆਂ ਦੀ ਇਸ ਪ੍ਰਾਪਤੀ 'ਤੇ ਮਾਣ ਪ੍ਰਗਟ ਕਰਦੇ ਹੋਏ ਵਿਦਿਆਰਥੀਆਂ, ਅਧਿਆਪਕਾਂ ਅਤੇ ਮਾਪਿਆਂ ਨੂੰ ਉਨ੍ਹਾਂ ਦੇ ਨਿਰੰਤਰ ਸਹਿਯੋਗ ਅਤੇ ਯਤਨਾਂ ਲਈ ਵਧਾਈ ਦਿੱਤੀ।

# ਜਗਤਾਰ ਤਾਰੀ ਦਾ ਸੂਫ਼ੀਆਨਾ ਗੀਤ 'ਅੱਲਾਹ ਰਾਮ' ਹੋਇਆ ਰਿਲੀਜ਼

**ਜਲੰਧਰ (ਲਖਵਿੰਦਰ ਸਿੰਘ ਆਧੀ)**- ਮੇਲਿਆਂ ਦੀਆਂ ਸਟੇਜਾਂ ਲੁੱਟਣ ਵਾਲੇ ਨੌਜਵਾਨ ਗਾਇਕ ਜਗਤਾਰ ਤਾਰੀ ਦਾ ਨਵਾਂ ਗੀਤ ਰਿਲੀਜ਼ ਹੋ ਚੁੱਕਾ ਹੈ।ਸੋਸ਼ਲ ਮੀਡੀਆ ਰਾਹੀਂ ਆਪਣੀ ਗਾਇਕੀ ਦਾ ਲੋਹਾ ਮਨਵਾਉਣ ਵਾਲੇ ਜਗਤਾਰ ਤਾਰੀ ਇਸ ਵਾਰ ਇੱਕ ਬਹੁਤ ਹੀ ਖ਼ੂਬਸੂਰਤ ਸੂਫ਼ੀਆਨਾ ਅੰਦਾਜ਼ ਵਿੱਚ ਦਰਸ਼ਕਾਂ ਦੇ ਰੂ-ਬ-ਰੂ ਹੋਏ ਹਨ। ਉਨ੍ਹਾਂ ਦਾ ਨਵਾਂ ਸੂਫ਼ੀ ਗੀਤ 'ਅੱਲਾਹ ਰਾਮ' ਦਰਸ਼ਕਾਂ ਦੇ ਦਿਲਾਂ ਨੂੰ ਛੂਹ ਰਿਹਾ ਹੈ।

ਇਸ ਗੀਤ ਨੂੰ ਤਾਰਾ ਆਧੀ ਵਾਲੇ ਨੇ ਬਹੁਤ ਹੀ ਖ਼ੂਬਸੂਰਤ ਲਾਈਨਾਂ ਨਾਲ ਸ਼ਿੰਗਾਰਿਆ ਹੈ, ਜਿਸ ਨੂੰ ਜਗਤਾਰ ਤਾਰੀ ਨੇ ਆਪਣੀ ਬੇਹੱਦ ਮਿੱਠੀ ਅਤੇ ਸੁਰੀਲੀ ਆਵਾਜ਼ ਵਿੱਚ ਗਾਇਆ ਹੈ।ਹੈਰੀ ਅਮਿਤ ਵੱਲੋਂ ਇਸ ਦਾ ਬਾਕਮਾਲ ਮਿਊਜ਼ਿਕ ਤਿਆਰ ਕੀਤਾ ਗਿਆ ਹੈ। ਇਸ ਖ਼ੂਬਸੂਰਤ ਪ੍ਰੋਜੈਕਟ ਨੂੰ ਅਮਰੀਕ ਮਾਈਕਲ ਵੱਲੋਂ ਪੇਸ਼ ਕੀਤਾ ਗਿਆ ਹੈ।

# ਸਫਾਈ ਸੇਵਕਾਂ ਤੇ ਮਿਊਂਸਪਲ ਕਾਮਿਆਂ ਦੀ ਹੜਤਾਲ 8ਵੇਂ ਦਿਨ ਵੀ ਜਾਰੀ

**ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)**- ਸਫਾਈ ਸੇਵਕਾਂ ਅਤੇ ਮਿਉਂਸਪਲ ਕਾਮਿਆਂ ਦੀ ਅਨਮਿੱਥੇ ਸਮੇਂ ਲਈ ਕੀਤੀ ਹੜਤਾਲ ਜਿੱਥੇ ਅੱਠਵੇਂ ਦਿਨ ਵਿੱਚ ਦਾਖਲ ਹੋ ਗਈ ਉੱਥੇ ਜਲੰਧਰ ਜ਼ਿਲ੍ਹੇ ਵਿੱਚ ਵੀ ਹਰ ਰੋਜ਼ ਨਗਰ ਕੌਂਸਲਾਂ ਅਤੇ ਨਗਰ ਪੰਚਾਇਤਾਂ ਦੇ ਕਾਮੇ ਹੜਤਾਲ



ਕਰਕੇ ਇਸ ਸੰਘਰਸ਼ ਵਿੱਚ ਸ਼ਾਮਿਲ ਹੋ ਰਹੇ ਹਨ। ਨਗਰ ਕੌਂਸਲ ਨਕੋਦਰ ਵਿੱਚ ਵੀ ਸਫਾਈ ਸੇਵਕ ਅਤੇ ਮਿਉਂਸੀਪਲ ਕਿਰਤੀਆਂ ਨੇ ਮੁਕੰਮਲ ਕੰਮ ਕਰ ਠੱਪ ਕਰਕੇ ਪੰਜਾਬ ਭਰ ਵਿੱਚ 6 ਮਈ ਤੋਂ ਚੱਲ ਰਹੀ ਅਣਮਿੱਥੇ ਸਮੇਂ ਦੀ ਹੜਤਾਲ ਵਿੱਚ ਸ਼ਾਮਿਲ ਹੋ ਗਏ। ਨਗਰ ਕੌਂਸਲ ਨਕੋਦਰ ਦਫਤਰ ਅੱਗੇ ਯੂਨੀਅਨ ਦੇ ਪ੍ਰਧਾਨ ਵਿਨੋਦ ਕੁਮਾਰ ਅਤੇ ਵਾਈਸ ਪ੍ਰਧਾਨ ਵਿੱਕੀ ਦੀ ਪ੍ਰਧਾਨਗੀ ਹੇਠ ਰੈਲੀ ਕਰਕੇ ਮੰਗ ਕੀਤੀ ਗਈ ਸਮੁੱਚੇ ਮਿਉਨਸੀਪਲ ਕਾਮਿਆਂ ਨੂੰ ਬਿਨਾਂ ਸ਼ਰਤ ਪੱਕਾ ਕੀਤਾ ਜਾਵੇ, ਸਫਾਈ ਸੇਵਕਾਂ ਨੂੰ ਘੱਟੋ ਘੱਟ ਉਜਰਤ 40 ਹਜ਼ਾਰ ਰੁਪਈਆ ਪ੍ਰਤੀ ਮਹੀਨਾ ਦਿੱਤਾ ਜਾਵੇ। ਪੁਰਾਣੀ ਪੈਨਸ਼ਨ ਬਹਾਲ ਕੀਤੀ ਜਾਵੇ, ਆਊਟਸੋਰਸਿੰਗ ਅਤੇ ਕੱਚੇ ਮੁਲਾਜ਼ਮਾਂ ਨੂੰ ਰੈਗੂਲਰ ਕੀਤਾ ਜਾਵੇ। ਸਫਾਈ ਸੇਵਕਾਂ ਦੇ ਆਗੂਆਂ ਨੇ ਕਿਹਾ ਕਿ ਆਪਣੀਆਂ ਹੱਕੀ ਮੰਗਾਂ ਲਈ ਪੰਜਾਬ ਭਰ ਵਿੱਚ ਚੱਲ ਰਹੀ ਹੜਤਾਲ ਨੂੰ ਸਰਕਾਰ 'ਚ ਬੈਠੇ ਕੁਝ ਦਲਿਤ ਆਗੂਆਂ ਵੱਲੋਂ ਹੜਤਾਲ ਖਤਮ ਕਰਵਾਉਣ ਦੀਆਂ ਕੋਝੀਆਂ ਚਾਲਾਂ ਚੱਲੀਆਂ ਜਾ ਰਹੀਆਂ ਹਨ ਜਿਸ ਨੂੰ ਬੂਰ ਨਹੀਂ ਪਵੇਗਾ। ਉਹਨਾਂ ਵੱਲੋਂ ਹੜਤਾਲ ਖਤਮ ਕਰਨ ਦੀ ਅਪੀਲ ਨੂੰ ਦਲਿਤ ਭਾਈਚਾਰੇ ਨੇ ਪੂਰੀ ਤਰ੍ਹਾਂ ਰੱਦ ਕਰਦਿਆਂ ਮੰਗਾਂ ਦੀ ਪ੍ਰਾਪਤੀ ਤੱਕ ਸੰਘਰਸ਼ ਜਾਰੀ ਰੱਖਣ ਦਾ ਮਨ ਬਣਾ ਲਿਆ ਹੈ। ਇਸੇ ਲਈ ਨਗਰ ਕੌਂਸਲ ਨਕੋਦਰ ਦਾ ਕਾਮਾ ਸੰਘਰਸ਼ ਕਰ ਰਹੇ ਆਗੂਆਂ ਨਾਲ ਡੱਟ ਕੇ ਖੜ੍ਹਾ ਹੈ। ਇਸ ਮੌਕੇ ਨਗਰ ਕੌਂਸਲ ਦੇ ਕਾਰਜ ਸਾਧਕ ਅਫਸਰ ਰਣਧੀਰ ਸਿੰਘ ਵੱਲੋਂ ਹੜਤਾਲੀ ਕਾਮਿਆਂ ਕੋਲ ਪਹੁੰਚ ਕੇ ਮੰਗ ਪੱਤਰ ਵੀ ਲਿਆ ਗਿਆ। ਸਫਾਈ ਕਾਮਿਆਂ ਦੇ ਸਮਰਥਨ ਵਿੱਚ ਆਏ ਪੇਂਡੂ ਸਫਾਈ ਕਰਮਚਾਰੀ ਯੂਨੀਅਨ ਦੇ ਸੂਬਾ ਪ੍ਰਧਾਨ ਪ੍ਰੇਮ ਸਰਸ, ਸਾਬਕਾ ਐਮ ਸੀ ਪਵਨ ਗਿੱਲ, ਪੁਰਸ਼ੋਤਮ ਲਾਲ ਬਿੱਟੂ, ਨੌਜਵਾਨ ਭਾਰਤ ਸਭਾ ਦੇ ਆਗੂ ਨਵਜੋਤ ਸਿਆਣੀਵਾਲ ਨੇ ਸੰਬੋਧਨ ਕੀਤਾ।

# ਸਫਾਈ ਯੂਨੀਅਨ ਦੀ ਹੜਤਾਲ ਖ਼ਤਮ ਕਰਾਵੇ ਸਰਕਾਰ : ਮਿੱਕੀ ਪੰਡਿਤ

**ਟਾਂਡਾ ਉੜਮੁੜ (ਮਿਥਲੇਸ਼ ਗਰਗ, ਜਸਵਿੰਦਰ ਸੰਧੂ)**- ਸਫ਼ਾਈ ਸੇਵਕਾਂ ਤੇ ਨਗਰ ਕੌਂਸਲ ਕਰਮਚਾਰੀਆਂ ਵੱਲੋਂ ਆਪਣੀਆਂ ਮੰਗਾਂ ਸਬੰਧੀ ਕੀਤੀ ਗਈ ਹੜਤਾਲ ਕਾਰਨ ਸ਼ਹਿਰ ਵਿੱਚ ਵੱਖ-ਵਖ ਥਾਵਾਂ ਤੇ ਕੂੜੇ ਕਰਕਟ ਦੇ ਲਗੇ ਢੇਰਾਂ ਕਾਰਨ ਹਰ ਪਾਸੇ ਗੰਦਗੀ ਫੈਲਣ ਕਾਰਨ ਵਧ ਰਹੀਆਂ ਬਿਮਾਰੀਆਂ ਅਤੇ ਸਫ਼ਾਈ ਯੂਨੀਅਨ ਦੀ



ਸਰਕਾਰ ਵੱਲੋਂ ਹੜਤਾਲ ਖਤਮ ਨਾ ਕਰਵਾਏ ਜਾਣ ਦੇ ਰੋਸ ਵਜੋਂ ਸ਼ਿਵ ਸੈਨਾ ਪੰਜਾਬ ਦੇ ਉੱਤਰ ਭਾਰਤ ਪ੍ਰਧਾਨ ਮਿੱਕੀ ਪੰਡਿਤ ਦੀ ਅਗਵਾਈ ਵਿੱਚ ਇੱਕ ਮੀਟਿੰਗ ਦਾ ਆਯੋਜਨ ਕੀਤਾ ਗਿਆ ਜਿਸ ਵਿੱਚ ਵੱਖ-ਵੱਖ ਧਾਰਮਿਕ, ਸਮਾਜਿਕ ਅਤੇ ਹਿੰਦੂ ਨੇਤਾਵਾਂ ਨੇ ਭਾਗ ਲਿਆ।ਮੀਟਿੰਗ 'ਚ ਸ਼ਾਮਿਲ ਸ਼ਿਵ ਸੈਨਾ ਦੋਆਬਾ ਪ੍ਰਧਾਨ ਸ਼ਿਵਮ ਵੈਦ, ਜ਼ਿਲ੍ਹਾ ਚੇਅਰਮੈਨ ਵਿਕਾਸ ਜਸਰਾ, ਸਨਾਤਨ ਧਰਮ ਸਭਾ ਕਲੋਆਂ ਦੇ ਪ੍ਰਧਾਨ ਆਕਾਸ਼ ਰਾਣਾ, ਯੁਵਾ ਨੇਤਾ ਜਿੰਦਰ ਬਨਿਆਲ, ਉੱਘੇ ਸਮਾਜ ਸੇਵੀ ਸ਼ੁਭਮ ਮਲਹੋਤਰਾ, ਯੁਵਾ ਨੇਤਾ ਜੋਵਨ, ਵੇਟ ਏਰੀਆ ਪ੍ਰਧਾਨ ਤੇ ਜਲੰਧਰ ਯੂਥ ਇਨਚਾਰਜ ਗਗਨ ਪਰੋਜ, ਹਿੰਦੂ ਨੇਤਾ ਗਿੰਦਾ ਪਰੋਜ, ਯੁਵਾ ਨੇਤਾ ਹਰਜੀਤ ਸਿੰਘ ਬਘੇਲ, ਹਿੰਦੂ ਨੇਤਾ ਗੌਰਵ, ਹਿੰਦੂ ਨੇਤਾ ਸੂਰਜ, ਬਲਰਾਜ ਸਿੰਘ ਅਤੇ ਹਰਪਾਲ ਸਿੰਘ ਤੋਂ ਇਲਾਵਾ ਹੋਰ ਸ਼ਿਵ ਸੈਨਾ ਵਰਕਰਾਂ ਨੇ ਅਜੇ ਤੱਕ ਸਫਾਈ ਯੂਨੀਅਨ ਦੀ ਹੜਤਾਲ ਖਤਮ ਨਾ ਕਰਨ ਕਾਰਨ ਸਰਕਾਰ ਖਿਲਾਫ਼ ਰੋਸ ਦਾ ਪ੍ਰਗਟਾਵਾ ਕੀਤਾ।ਹਾਜ਼ਰ ਇਕੱਠ ਨੂੰ ਸੰਬੋਧਨ ਕਰਦੇ ਹੋਏ ਪ੍ਰਧਾਨ ਮਿੱਕੀ ਪੰਡਿਤ ਨੇ ਕਿਹਾ ਕਿ ਨਗਰ ਕੌਂਸਲ ਦੀਆਂ ਵੱਖ-ਵੱਖ ਯੂਨੀਅਨਾਂ ਵੱਲੋਂ ਮੰਗੀਆਂ ਜਾ ਰਹੀਆਂ ਉਨ੍ਹਾਂ ਦੀਆਂ ਜਾਇਜ਼ ਮੰਗਾਂ ਸਰਕਾਰ ਨੂੰ ਪ੍ਰਵਾਨ ਕਰ ਲੈਣੀਆਂ ਚਾਹੀਦੀਆਂ ਹਨ ਜਾਂ ਫਿਰ ਇੱਕ ਟੇਬਲ ਤੇ ਬੈਠ ਕੇ ਉਨ੍ਹਾਂ ਨਾਲ ਮੀਟਿੰਗ ਕਰਕੇ ਇਸ ਮਸਲੇ ਦਾ ਜਲਦ ਹੱਲ ਕਰਨ ਦੀ ਕੋਸ਼ਿਸ਼ ਕਰਨੀ ਚਾਹੀਦੀ ਹੈ। ਉਨ੍ਹਾਂ ਕਿਹਾ ਕਿ ਸ਼ਹਿਰ ਦੀਆਂ ਸੜਕਾਂ ਤੇ ਜਗ੍ਹਾ ਜਗ੍ਹਾ ਲੱਗੇ ਗੰਦਗੀ ਦੇ ਢੇਰਾਂ ਤੋਂ ਉਠ ਰਹੀ ਬਦਬੂ ਕਾਰਨ ਰਾਹਗੀਰਾਂ ਦਾ ਲੰਘਣਾ ਦੁਸ਼ਵਾਰ ਬਣਿਆ ਹੋਇਆ ਹੈ।

# ਦਰਸ਼ਨ ਸਿੰਘ ਟਾਹਲੀ ਬਣੇ ਜ਼ਿਲ੍ਹਾ ਪ੍ਰੀਸ਼ਦ ਦੇ ਚੇਅਰਮੈਨ

**ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)**- ਹਲਕਾ ਨਕੋਦਰ ਤੋਂ ਦਰਸ਼ਨ ਸਿੰਘ ਟਾਹਲੀ ਸਰਬਸੰਮਤੀ ਨਾਲ ਬਣੇ ਜਲੰਧਰ ਜਿਲ੍ਹਾ ਪ੍ਰੀਸ਼ਦ ਦੇ ਚੇਅਰਮੈਨ, ਜਦਕਿ ਵਾਇਸ ਚੇਅਰਮੈਨ ਅਮਰੀਕ ਸਿੰਘ ਸੈਣੀ ਨੂੰ ਬਣਾਇਆ ਗਿਆ ਹੈ। ਸਰਬਸੰਮਤੀ ਨਾਲ ਇਹ ਚੋਣ ਹੋਈ ਹੈ। ਇਸ ਮੌਕੇ ਤੇ ਵਿਧਾਇਕ ਇੰਦਰਜੀਤ ਕੌਰ ਮਾਨ ਵੱਲੋਂ ਹਲਕਾ ਨਕੋਦਰ ਨੂੰ ਮਿਲੇ ਇਸ ਮਾਣ ਨੂੰ ਲੈ ਕੇ ਆਮ ਆਦਮੀ ਪਾਰਟੀ ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ, ਮੁੱਖ ਮੰਤਰੀ ਭਗਵੰਤ ਮਾਨ, ਪੰਜਾਬ ਦੇ ਇੰਚਾਰਜ ਮੁਨੀਸ਼ ਸਿੱਸੋਦੀਆ, ਪਾਰਟੀ ਪ੍ਰਧਾਨ ਅਮਨ ਅਰੋੜਾ ਦਾ ਧੰਨਵਾਦ ਕਰਦਿਆ ਕਿਹਾ ਜਲੰਧਰ ਜ਼ਿਲ੍ਹੇ ਕਰਤਾਰਪੁਰ ਤੋਂ ਸ. ਬਲਕਾਰ ਸਿੰਘ ਸਾਬਕਾ ਮੰਤਰੀ ਤੇ ਵਿਧਾਇਕ,ਆਦਮਪੁਰ ਦੇ ਇੰਚਾਰਜ ਪਵਨ ਕੁਮਾਰ ਟੀਨੂ, ਜਲੰਧਰ ਕੈਂਟ ਤੋਂ ਇੰਚਾਰਜ ਰਾਜਵਿੰਦਰ ਕੌਰ ਥਿਆੜਾ,



ਸ਼ਾਹਕੋਟ ਦੇ ਇੰਚਾਰਜ ਪਿੰਦਰ ਪੰਡੋਰੀ, ਫਿਲੌਰ ਦੇ ਇੰਚਾਰਜ ਪ੍ਰੇਮ ਕੁਮਾਰ, ਪਲਾਨਿੰਗ ਬੋਰਡ ਦੇ ਚੇਅਰਮੈਨ ਅਮ੍ਰਿਤਪਾਲ ਸਿੰਘ ਦੇ ਸਹਿਯੋਗ ਸਦਕਾ ਸੰਭਵ ਹੋਇਆ ਹੈ। ਬੀਬੀ ਮਾਨ ਨੇ ਕਿਹਾ ਇਸ ਚੋਣ ਨੂੰ ਲੈ ਕੇ ਜਿਲ੍ਹਾ ਪ੍ਰੀਸ਼ਦ ਮੈਂਬਰਾਂ, ਬਲਾਕ ਸੰਮਤੀਆਂ ਦੇ ਚੇਅਰਮੈਨ ਤੇ ਜਿਲ੍ਹਾ ਜਲੰਧਰ ਦੇ ਵੋਟਰਾਂ ਦਾ ਵੀ ਧੰਨਵਾਦ ਕੀਤਾ ਹੈ।

# ਹੈਰੋਇਨ ਸਮੇਤ ਇੱਕ ਕਾਬੂ

**ਨਵਾਂਸ਼ਹਿਰ (ਮਨੋਜ ਲਾਡੀ)**- ਥਾਣਾ ਸਿਟੀ ਨਵਾਸ਼ਹਿਰ ਦੀ ਪੁਲਸ ਨੇ 2 ਗ੍ਰਾਮ ਹੈਰੋਇਨ ਸਮੇਤ ਇਕ ਵਿਅਕਤੀ ਨੂੰ ਕਾਬੂ ਕੀਤਾ। ਪੁਲਸ ਥਾਣਾ ਨਵਾਂਸ਼ਹਿਰ ਵਿਖੇ ਦਰਜ ਮਾਮਲੇ ਅਨੁਸਾਰ ਐੱਸਐੱਚਓ ਅਵਤਾਰ ਸਿੰਘ ਨੇ ਦੱਸਿਆ ਕਿ ਸਮੇਤ ਪੁਲਸ ਪਾਰਟੀ ਗਸ਼ਤ ਦੌਰਾਨ ਥਾਣਾ ਤੋਂ ਗੜ੍ਹਸ਼ੰਕਰ ਰੋਡ ਸਾਈਡ ਵੱਲ ਜਾ ਰਹੇ ਸੀ। ਜਦੋਂ ਪੁਲਸ ਪਾਰਟੀ ਦੀ ਗੱਡੀ ਮਹਿੰਦੀਪੁਰ ਪੁਲ ਹੇਠਾਂ ਤੋਂ ਬਲਾਚੌਰ ਸਾਈਡ ਨੂੰ ਮੁੜੀ ਤਾਂ ਪੁਲ ਹੇਠਾਂ ਸੜਕ ਦੇ ਸੱਜੇ ਪਾਸੇ ਫੁੱਟਪਾਥ 'ਤੇ ਇਕ ਨੌਜਵਾਨ ਲਾਈਟਾਂ ਦੀ ਰੋਸ਼ਨੀ ਵਿਚ ਖੜ੍ਹਾ ਦਿਖਾਈ ਦਿੱਤਾ। ਜਿਸ ਨੇ ਸੱਜੇ ਹੱਥ ਵਿਚ ਫੜੀ ਲਿਫਾਫੀ 'ਚ ਕੋਈ ਚੀਜ਼ ਸੜਕ ਕਿਨਾਰੇ ਉੱਘੇ ਘਾਹ ਵਿਚ ਸੁੱਟ ਦਿੱਤੀ ਤੇ ਉਸ ਵੱਲੋਂ ਸੁੱਟੀ ਲਿਫਾਫੀ ਵਿਚੋਂ 2 ਗ੍ਰਾਮ ਹੈਰੋਇਨ ਬਰਾਮਦ ਹੋਈ।

# ਬਾਰ੍ਹਵੀਂ ਦੇ ਨਤੀਜਿਆਂ 'ਚ ਵਿਦਿਆਰਥੀਆਂ ਨੇ ਮਾਰੀਆਂ ਮੱਲਾਂ

**ਡੇਰਾਬੱਸੀ (ਵਿਨੈ ਕੁਮਾਰ ਜੈਨ)**- ਸਥਾਨਕ ਸ਼ਹਿਰ ਦੇ ਨਾਮਵਰ ਵਿਦਿਅਕ ਅਦਾਰੇ 'ਗਲੋਬਲ ਵਿਜ਼ਡਮ ਇੰਟਰਨੈਸ਼ਨਲ ਸਕੂਲ', ਡੇਰਾਬੱਸੀ ਵਿੱਚ ਉਸ ਸਮੇਂ ਮਾਣ ਅਤੇ ਜਸ਼ਨ ਦੀ ਲਹਿਰ ਦੌੜ ਗਈ, ਜਦੋਂ ਕੇਂਦਰੀ ਸੈਕੰਡਰੀ ਸਿੱਖਿਆ ਬੋਰਡ ਵੱਲੋਂ ਐਲਾਨੇ ਗਏ ਬਾਰ੍ਹਵੀਂ ਜਮਾਤ ਦੇ ਨਤੀਜਿਆਂ ਵਿੱਚ ਸਕੂਲ ਦੇ ਵਿਦਿਆਰਥੀਆਂ ਨੇ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਅਕਾਦਮਿਕ




ਪ੍ਰਤਿਭਾ ਅਤੇ ਸਖ਼ਤ ਮਿਹਨਤ ਦਾ ਲੋਹਾ ਮਨਵਾਇਆ। ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਸਕੂਲ ਦਾ ਨਤੀਜਾ ਸ਼ਾਨਦਾਰ ਰਿਹਾ ਹੈ, ਜਿਸ ਨੇ ਸੰਸਥਾ ਦੇ ਅਕਾਦਮਿਕ ਰਿਕਾਰਡ ਵਿੱਚ ਇੱਕ ਹੋਰ ਸੁਨਹਿਰੀ ਅਧਿਆਏ ਜੋੜ ਦਿੱਤਾ ਹੈ। ? ਸਕੂਲ ਦੇ ਵਿਦਿਆਰਥੀਆਂ ਨੇ ਸਾਇੰਸ, ਕਾਮਰਸ ਅਤੇ ਹਿਊਮੈਨਿਟੀਜ਼ (ਕਲਾ) ਸਟ੍ਰੀਮਾਂ ਵਿੱਚ ਬਰਾਬਰ ਰੂਪ ਵਿੱਚ ਮੱਲਾਂ ਮਾਰੀਆਂ ਹਨ। ਅੰਕੜਿਆਂ ਅਨੁਸਾਰ, ਸਕੂਲ ਦੇ ਲਗਭਗ 25 ਫ਼ੀਸਦੀ ਵਿਦਿਆਰਥੀਆਂ ਨੇ 80 ਫ਼ੀਸਦੀ ਤੋਂ ਵੱਧ ਅੰਕ ਪ੍ਰਾਪਤ ਕਰਕੇ ਸੰਸਥਾ ਦਾ ਨਾਮ ਪੂਰੇ ਖੇਤਰ ਵਿੱਚ ਰੌਸ਼ਨ ਕੀਤਾ ਹੈ। ਸ਼ਾਨਦਾਰ ਪ੍ਰਾਪਤੀਆਂ ਕਰਨ ਵਾਲੇ ਵਿਦਿਆਰਥੀਆਂ ਵਿੱਚ ਸਾਇੰਸ ਸਟ੍ਰੀਮ ਤੋਂ ਰਜਤ ਅਤੇ ਕਾਮਰਸ ਸਟ੍ਰੀਮ ਤੋਂ ਅਗਰਿਤਾ ਨੇ ਆਪਣੀ ਅਕਾਦਮਿਕ ਉੱਤਮਤਾ ਦਾ ਪ੍ਰਦਰਸ਼ਨ ਕਰਦਿਆਂ ਮੋਹਰੀ ਸਥਾਨ ਪ੍ਰਾਪਤ ਕੀਤੇ। ਇਸੇ ਤਰ੍ਹਾਂ, ਜਸ਼ਨ ਦੇ ਮਾਹੌਲ ਨੂੰ ਹੋਰ ਵਧਾਉਂਦੇ ਹੋਏ ਹਿਊਮੈਨਿਟੀਜ਼ (ਆਰਟਸ) ਦੀ ਵਿਦਿਆਰਥਣ ਵੰਸ਼ਿਕਾ ਨੇ 90 ਫ਼ੀਸਦੀ ਅੰਕ ਪ੍ਰਾਪਤ ਕਰਕੇ ਇੱਕ ਨਵੀਂ ਮਿਸਾਲ ਕਾਇਮ ਕੀਤੀ ਹੈ। ਵੰਸ਼ਿਕਾ ਦੀ ਇਸ ਪ੍ਰਾਪਤੀ ਨੇ ਉਸ ਨੂੰ ਬਾਕੀ ਸਾਥੀ ਵਿਦਿਆਰਥੀਆਂ ਲਈ ਇੱਕ ਪ੍ਰੇਰਨਾ ਸਰੋਤ ਵਜੋਂ ਸਥਾਪਿਤ ਕੀਤਾ ਹੈ।ਇਨ੍ਹਾਂ ਸ਼ਾਨਦਾਰ ਨਤੀਜਿਆਂ 'ਤੇ ਖੁਸ਼ੀ ਦਾ ਪ੍ਰਗਟਾਵਾ ਕਰਦਿਆਂ ਸਕੂਲ ਦੇ ਚੇਅਰਮੈਨ ਗੁਰਦੀਪ ਸਿੰਘ ਚਹਿਲ ਨੇ ਵਿਦਿਆਰਥੀਆਂ ਅਤੇ ਉਨ੍ਹਾਂ ਦੇ ਮਾਪਿਆਂ ਨੂੰ ਮੁਬਾਰਕਬਾਦ ਦਿੱਤੀ। ਉਨ੍ਹਾਂ ਕਿਹਾ ਕਿ ਇਹ ਸਫਲਤਾ ਸਿਰਫ਼ ਵਿਦਿਆਰਥੀਆਂ ਦੀ ਹੀ ਨਹੀਂ, ਸਗੋਂ ਸਮਰਪਿਤ ਸਟਾਫ਼ ਮੈਂਬਰਾਂ ਅਤੇ ਮਾਪਿਆਂ ਦੇ ਅਟੁੱਟ ਵਿਸ਼ਵਾਸ ਅਤੇ ਸਮੂਹਿਕ ਯਤਨਾਂ ਦਾ ਨਤੀਜਾ ਹੈ।

# ਐੱਸ ਬੀ ਐੱਸ ਸਕੂਲ ਦਾ ਬਾਰ੍ਹਵੀਂ ਦਾ ਨਤੀਜਾ ਰਿਹਾ ਸ਼ਾਨਦਾਰ




**ਗੜ੍ਹਸ਼ੰਕਰ (ਫੂਲਾ ਸਿੰਘ ਬੀਰਮਪੁਰ)** ਐੱਸ ਬੀ ਐੱਸ ਮਾਡਲ ਹਾਈ ਸਕੂਲ ਸਦਰਪੁਰ ਦਾ ਸੀ ਬੀ ਐਸ ਈ ਦਾ ਬਾਰਵੀਂ ਜਮਾਤ ਦਾ ਨਤੀਜਾ ਸ਼ਾਨਦਾਰ ਰਿਹਾ। ਸਕੂਲ ਪ੍ਰਿੰਸੀਪਲ ਜਸਪ੍ਰੀਤ ਕੌਰ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਬਾਰਵੀਂ ਜਮਾਤ ਵਿੱਚ ਅਨੀਸ਼ਾ 97%, ਜਸਕਰਨ ਸਿੰਘ 93% ਅਤੇ ਯਤਿਨ ਕੁਮਾਰ ਨੇ 90% ਅੰਕਾਂ ਨਾਲ ਸਕੂਲ ਵਿੱਚ ਪਹਿਲਾ ਦੂਜਾ ਅਤੇ ਤੀਜਾ ਸਥਾਨ ਹਾਸਿਲ ਕੀਤਾ। ਬਾਰਵੀਂ ਜਮਾਤ ਦੇ ਸੱਭ ਤੋਂ ਜਿਆਦਾ ਅੰਕ ਅੰਗਰੇਜ਼ੀ 99, ਬਾਇਓਲੋਜੀ 95, ਇਕਨੋਮਿਕਸ 97, ਅਕਾਊਂਟਸ 98, ਬਿਜਨਸ ਸਟਡੀਜ 96, ਆਈ ਪੀ 97 ਅਤੇ ਫਿਜੀਕਲ ਐਜੂਕੇਸ਼ਨ 98 ਇਸ ਤਰਾਂ ਰਹੇ। ਵਧੀਆ ਨਤੀਜੇ ਲਈ ਸਕੂਲ ਪ੍ਰਿੰਸੀਪਲ ਨੇ ਸਮੂਹ ਸਟਾਫ ਮੈਂਬਰਾਂ,ਵਿਦਿਆਰਥੀਆਂ ਅਤੇ ਮਾਪਿਆਂ ਨੂੰ ਵਧਾਈ ਦਿੱਤੀ। ਸਕੂਲ ਦੇ ਮੈਨੇਜਿੰਗ ਡਾਇਰੈਕਟਰ ਸ਼੍ਰੀਮਤੀ ਸੁਰਿੰਦਰ ਕੌਰ ਬੈਂਸ ਨੇ ਵੀ ਸਟਾਫ ਅਤੇ ਬੱਚਿਆਂ ਦੀ ਸਖਤ ਮਿਹਨਤ ਸਦਕਾ ਪ੍ਰਾਪਤ ਹੋਏ ਨਤੀਜੇ ਲਈ ਉਹਨਾਂ ਨੂੰ ਵਧਾਈ ਦਿੱਤੀ ਤੇ ਨਾਲ ਹੀ ਭਵਿੱਖ ਲਈ ਹੋਰ ਸਖਤ ਮਿਹਨਤ ਕਰਨ ਲਈ ਪ੍ਰੇਰਿਤ ਕੀਤਾ।

# ਜਿਆਣ ਦੀਆਂ ਸੜਕਾਂ ਲਈ 2.22 ਕਰੋੜ ਦੀਆਂ ਗਰਾਂਟਾਂ ਜਾਰੀ

**ਹੁਸ਼ਿਆਰਪੁਰ (ਓ ਪੀ ਰਾਣਾ)**- ਹਲਕਾ ਚੱਬੇਵਾਲ ਦੇ ਵਿਧਾਇਕ ਡਾ ਇਸ਼ਾਂਕ ਕੁਮਾਰ ਨੇ ਪਿੰਡ ਜਿਆਣ ਦੀ ਇਕ ਮਹੱਤਵਪੂਰਨ ਸੜਕ ਹੁਸ਼ਿਆਰਪੁਰ-ਗੜ੍ਹਸ਼ੰਕਰ ਰੋਡ ਤੋਂ ਜਿਆਣ ਤੱਕ 0.94 ਕਿਲੋਮੀਟਰ ਲੰਬੀ ਸੀਮੈਂਟ ਕੰਕਰੀਟ ਦੀ ਬਣਾਈ ਗਈ ਸੜਕ ਦਾ ਉਦਘਾਟਨ ਕੀਤਾ, ਜੋ ਕਿ 73 ਲੱਖ ਰੁਪਏ ਦੀ ਲਾਗਤ ਨਾਲ ਤਿਆਰ ਕੀਤੀ ਗਈ ਹੈ। ਇਸ ਸੜਕ ਦੀ ਚੌੜਾਈ ਪਹਿਲਾਂ ਦੇ 10 ਫੁੱਟ ਤੋਂ ਵਧਾ ਕੇ 18 ਫੁੱਟ ਕੀਤੀ ਗਈ ਹੈ, ਜਿਸ ਨਾਲ ਇਲਾਕੇ ਦੇ ਲੋਕਾਂ



ਨੂੰ ਵਧੀਆ ਅਤੇ ਸੁਚੱਜੀ ਆਵਾਜਾਈ ਸਹੂਲਤ ਮਿਲੇਗੀ। ਇਸ ਮੌਕੇ ਡਾ. ਇਸ਼ਾਂਕ ਕੁਮਾਰ ਨੇ ਦੱਸਿਆ ਕਿ ਜਿਆਣ ਦੇ ਆਲੇ-ਦੁਆਲੇ ਸੜਕ ਕਨੈਕਟੀਵਿਟੀ ਨੂੰ ਹੋਰ ਮਜ਼ਬੂਤ ਬਣਾਉਣ ਲਈ ਲਗਭਗ 2.22 ਕਰੋੜ ਰੁਪਏ ਦੇ ਪ੍ਰੋਜੈਕਟ ਚੱਲ ਰਹੇ ਹਨ। ਉਨ੍ਹਾਂ ਕਿਹਾ ਕਿ ਇਸ ਨਵੀਂ ਸੜਕ ਤੋਂ ਇਲਾਵਾ ਜਿਆਣ ਨਾਲ ਜੁੜੀਆਂ ਜ਼ਿਆਦਾਤਰ ਸੜਕਾਂ ਦੇ ਕੰਮ ਮੁਕੰਮਲ ਹੋ ਚੁੱਕੇ ਹਨ, ਜਿਵੇਂ ਕਿ ਮੰਡੀ ਜਿਆਣ ਦੀ ਅਪ੍ਰੋਚ ਰੋਡ, ਜਿਆਣ ਤੋਂ ਹੁਸ਼ਿਆਰਪੁਰ-ਚੰਡੀਗੜ੍ਹ ਰੋਡ ਅਤੇ ਭੀਲੋਵਾਲ ਤੋਂ ਜਿਆਣ ਤੱਕ ਦੀ ਸੜਕ। ਉਨ੍ਹਾਂ ਦੱਸਿਆ ਕਿ ਸਿਰਫ ਜਿਆਣ ਤੋਂ ਸੈਦੋ ਪੱਟੀ ਤੱਕ ਦੀ ਸੜਕ ਬਾਕੀ ਹੈ, ਜੋ ਜਲਦੀ ਪੂਰੀ ਕੀਤੀ ਜਾਵੇਗੀ। ਡਾ ਇਸ਼ਾਂਕ ਨੇ ਕਿਹਾ ਨਾ ਸਿਰਫ ਜਿਆਣ, ਸਗੋਂ ਪੂਰੇ ਹਲਕੇ ਚੱਬੇਵਾਲ ਵਿੱਚ ਵਿਕਾਸ ਕਾਰਜ ਤੇਜ਼ੀ ਨਾਲ ਚੱਲ ਰਹੇ ਹਨ, ਜਿਸ ਨਾਲ ਬੁਨਿਆਦੀ ਢਾਂਚੇ ਅਤੇ ਸਹੂਲਤਾਂ ਵਿੱਚ ਵੱਡਾ ਸੁਧਾਰ ਆ ਰਿਹਾ ਹੈ। ਇਹ ਵੀ ਜ਼ਿਕਰਯੋਗ ਹੈ ਕਿ ਤਿੰਨ ਕੁ ਮਹੀਨੇ ਪਹਿਲਾਂ ਪਿੰਡ ਜਿਆਣ ਦੇ ਵਸਨੀਕਾਂ ਨੇ ਚੱਬੇਵਾਲ ਦਫਤਰ ਵਿੱਚ ਵਿਧਾਇਕ ਨਾਲ ਮਿਲ ਕੇ ਚੱਲ ਰਹੇ ਵਿਕਾਸ ਕਾਰਜਾਂ ਅਤੇ ਹੋਰ ਮਸਲਿਆਂ 'ਤੇ ਚਰਚਾ ਕੀਤੀ ਸੀ। ਵਿਧਾਇਕ ਨੇ ਉਨ੍ਹਾਂ ਨੂੰ ਪੂਰਾ ਸਹਿਯੋਗ ਅਤੇ ਸਮੇਂ ਸਿਰ ਕੰਮ ਪੂਰੇ ਕਰਨ ਦਾ ਭਰੋਸਾ ਦਿੱਤਾ ਸੀ ਅਤੇ ਹੁਣ ਉਹ ਵਾਅਦਾ ਜ਼ਮੀਨੀ ਪੱਧਰ 'ਤੇ ਨਜ਼ਰ ਆ ਰਿਹਾ ਹੈ।

# ਸਰਕਾਰੀ ਸਕੂਲ ਤਲਵਣ ਦਾ ਨਤੀਜਾ ਸੌ ਫ਼ੀਸਦੀ

**ਬਿਲਗਾ (ਵਿਜੇ ਕੁਮਾਰ)**- ਬਿਲਗਾ ਦੇ ਨਜ਼ਦੀਕੀ ਪਿੰਡ ਤਲਵਣ ਦੇ ਪੀ ਐਮ ਸ਼੍ਰੀ ਸਰਕਾਰੀ ਕੰਨਿਆ ਹਾਈ ਸਕੂਲ ਤਲਵਣ 10ਵੀਂ ਦਾ ਰਿਜ਼ਲਟ 100% ਤੇ 2 ਕੁੜੀਆਂ ਨੇ ਜ਼ਿਲ੍ਹੇ ਵਿੱਚੋਂ ਟੌਪ ਕੀਤਾ ਤੇ ਨਵਨੂਰ ਭੱਲਾ ਜ਼ਿਲ੍ਹੇ ਵਿੱਚੋਂ 8ਵਾਂ ਤੇ ਪੰਜਾਬ ਵਿੱਚੋਂ 12ਵਾਂ ਰਿੰਕ 633/650 ਨੰਬਰ ਅਤੇ ਪ੍ਰਭਨੂਰ ਭੱਲਾ ਨੇ ਜ਼ਿਲ੍ਹੇ ਵਿੱਚੋਂ 6ਵਾਂ ਰਿੰਕ ਤੇ ਜ਼ਿਲ੍ਹੇ ਵਿੱਚੋਂ ਤੀਸਰਾ ਸਥਾਨ ਪ੍ਰਾਪਤ ਕਰਕੇ ਸਕੂਲ ਦਾ, ਪਿੰਡ ਦਾ, ਮਾਂ ਬਾਪ ਦੀ ਨਾਂਅ ਰੋਸ਼ਨ ਕੀਤਾ। ਡੀ ਡੀ ਓ ਮੁੱਖ ਅਧਿਆਪਕ ਜਸਵਿੰਦਰ ਕੌਰ ਤੇ ਸਕੂਲ ਸਟਾਫ ਦੀ ਮਿਹਨਤ ਸਦਕਾ ਸਕੂਲ ਦਾ ਰਿਜ਼ਲਟ 100% ਆਇਆ।

# ਮਾਵਾਂ ਧੀਆਂ ਸਤਿਕਾਰ ਯੋਜਨਾ ਤਹਿਤ ਅਲੀ ਚੱਕ 'ਚ ਕੈਂਪ ਲਗਾਇਆ



**ਜਲੰਧਰ (ਲਖਵਿੰਦਰ ਸਿੰਘ ਆਧੀ)**- ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਸਰਕਾਰ ਵਲੋਂ ਮਾਵਾਂ -ਧੀਆਂ ਸਤਿਕਾਰ ਯੋਜਨਾ ਤਹਿਤ ਪਿੰਡ ਅਲੀ ਚੱਕ ਵਿਖੇ ਕੈਂਪ ਲਗਾਇਆ ਗਿਆ। ਆਪ ਆਗੂ ਨਛੱਤਰ ਸਿੰਘ ਪੱਪੂ ਨੇ ਦੱਸਿਆ ਕਿ ਕੈਂਪ ਵਿੱਚ ਜਨਰਲ ਮਹਿਲਾਵਾਂ ਲਈ 1000 ਰੁਪਏ ਪ੍ਰਤੀ ਮਹੀਨਾ ਅਤੇ ਐਸ ਸੀ ਮਹਿਲਾਵਾਂ ਲਈ 1500 ਰੁਪਏ ਸਨਮਾਨ ਭੱਤਾ ਤਹਿਤ ਪਿੰਡ ਦੇ ਸਕੂਲ ਵਿਚ ਰਜਿਸਟ੍ਰੇਸ਼ਨ ਸ਼ੁਰੂ ਕੀਤੀ, ਜਿਸ ਵਿਚ ਪਹਿਲੇ ਦਿਨ 15 ਫਾਰਮ ਭਰੇ ਗਏ।

# ਇੰਦਰਜੋਤ ਕੌਰ ਬਲਾਕ 'ਚੋਂ ਪਹਿਲਾ ਸਥਾਨ ਪ੍ਰਾਪਤ ਕਰਨ 'ਤੇ ਸਨਮਾਨਤ

**ਅੱਡਾਂ ਸਰਾਂ (ਜਸਵੀਰ ਕਾਜਲ)**- ਇੰਦਰਜੋਤ ਕੌਰ ਸਪੁੱਤਰੀ ਗੁਰਤਾਜ ਸਿੰਘ ਨੰਬਰਦਾਰ ਪਿੰਡ ਧੂਤਕਲਾ ਸਿਖਿਆਰਥੀ ਦੇਸ਼ ਭਗਤਾ ਗੋਰਮੈਂਟ ਸੀਨੀਅਰ ਸੈਕੰਡਰੀ ਸਮਾਰਟ ਸਕੂਲ ਧੂਤ ਕਲਾਂ ਦੀ ਹੋਣਹਾਰ ਵਿਦਿਆਰਥਣ ਨੂੰ ਐਜੂਕੇਸ਼ਨ ਬਲਾਕ-1 ਭੂੰਗਾ ਵਿੱਚੋ 95% ਨੰਬਰ ਲੈ ਕੇ ਪਹਿਲੇ ਸਥਾਨ 'ਤੇ ਆਉਣ ਤੇ ਸ਼ਹੀਦ ਭਗਤ ਸਿੰਘ ਕ੍ਰਾਂਤੀਕਾਰੀ ਸੁਸਾਇਟੀ ਪੰਜਾਬ ਰਜਿ: ਵੱਲੋ ਸਨਮਾਨਤ ਕੀਤਾ ਗਿਆ। ਇਸ ਮੌਕੇ ਸੰਬੋਧਨ ਕਰਦਿਆ ਰਵਿੰਦਰ ਸਿੰਘ ਕਾਹਲੋ ਪ੍ਰਧਾਨ ਸ਼ਹੀਦ ਭਗਤ ਸਿੰਘ ਕ੍ਰਾਂਤੀਕਾਰੀ ਸੁਸਾਇਟੀ ਪੰਜਾਬ



ਤੇ ਅਮਨ ਅਰਮਾਨ ਲੰਡਨ ਮੈਡੀਸਿਟੀਪਿੰਡ ਖੁਰਦਾ ਨੇ ਸੰਬੋਧਨ ਕਰਦੇ ਹੋਏ ਕਿਹਾ ਕਿ ਇੰਦਰਜੋਤ ਕੌਰ ਆਮ ਪਰਿਵਾਰ ਨਾਲ ਸਬੰਧਤ ਹੋਣ ਤੇ ਵੀ ਆਪਣੀ ਸ਼ਖਤ ਮਿਹਨਤ ਨਾਲ ਆਪਣੇ ਸਕੂਲ ਦਾ ਤੇ ਆਪਣੇ ਮਾਤਾ ਪਿਤਾ ਦਾ ਨਾਂਅ ਰੋਸ਼ਨ ਕੀਤਾ ਹੈ। ਇੰਦਰਜੋਤ ਕੌਰ ਵਰਗੇ ਵਿਦਿਆਰਥੀ ਦੂਜੇ ਬੱਚਿਆ ਲਈ ਪ੍ਰੇਰਨਾ ਸਰੋਤ ਹਨ। ਇਸ ਮੌਕੇ ਇੰਦਰਜੋਤ ਕੌਰ ਨੇ ਆਪਣੀ ਪ੍ਰਾਪਤੀ ਦਾ ਸਿਹਰਾ ਰਵਿੰਦਰ ਸਿੰਘ ਸਕੂਲ ਇੰਚਾਰਜ, ਸਤਵਿੰਦਰ ਕੌਰ ਮੈਡਮ, ਹਰਪ੍ਰੀਤ, ਰਮਾਕਾਂਤ, ਨਿਰਮਲਪਾਲ ਕੌਰ ਮੈਡਮ, ਰੁਪਿੰਦਰ ਮੈਡਮ ਸਕੂਲ ਦੇ ਸਿਰ ਬੰਨਦਿਆ ਉਨ੍ਹਾ ਵੱਲੋ ਕਰਵਾਈ ਮਿਹਨਤ ਦੱਸਿਆ।

# ਦਸਮੇਸ਼ ਕਾਨਵੈਂਟ ਹਾਈ ਸਕੂਲ ਅੱਟੀ ਦਾ ਨਤੀਜਾ ਰਿਹਾ ਸ਼ਾਨਦਾਰ

**ਗੁਰਾਇਆ (ਬਿੰਦਰ ਸੁੰਮਨ)**- ਸ਼੍ਰੀ ਦਸਮੇਸ਼ ਕਾਨਵੈਂਚ ਹਾਈ ਸਕੂਲ ਅੱਟੀ ਦਾ ਨਤੀਜਾ ਸੋ ਫੀਸਦੀ ਰਿਹਾ। ਪੰਜਾਬ ਸਕੂਲ ਸਿੱਖਿਆ ਬੋਰਡ ਵਲੋਂ ਲਈ ਗਈ ਦਸਵੀਂ ਦੀ ਪ੍ਰੀਖਿਆ ਸਬੰਧੀ ਸਕੂਲ ਪ੍ਰਿੰਸੀਪਲ



ਬਲਜਿੰਦਰ ਕੁਮਾਰ ਨੇ ਦੱਸਿਆ ਕਿ ਇਸ ਪ੍ਰੀਖਿਆ 'ਚ ਕੁਲ 46 ਵਿਦਿਆਰਥੀਆਂ ਨੇ ਭਾਗ ਲਿਆ। ਸਾਰੇ ਵਿਦਿਆਰਥੀ ਚੰਗੇ ਨੰਬਰ ਲੈ ਕੇ ਪਾਸ ਹੋਈ। ਉਨ੍ਹਾਂ ਅੱਗੇ ਦੱਸਿਆ ਕਿ 15 ਵਿਦਿਆਰਥੀਆਂ ਨੇ 90 ਫੀਸਦੀ ਤੋਂ ਉੱਪਰ ਅੰਕ ਹਾਸਲ ਕੀਤੇ ਜਦ ਕਿ ਸੁਖਮਨ ਸਿੰਘ ਨੇ 97.5 ਫੀਸਦੀ ਅੰਕ ਲੈ ਕੇ ਮੈਰਿਟ ਸੂਚੀ 'ਚ ਸਥਾਨ ਬਣਾਇਆ। ਮਨਪ੍ਰੀਤ ਕੌਰ ਨੇ 95.8 ਅੰਕਾਂ ਨੌਲ ਦੂਸਰਾ ਸਥਾਨ ਹਾਸਲ ਕੀਤਾ। ਜਦਿ ਕਿ ਹਰਜੋਤ ਦੁਲੇ ਨੇ 95ਫੀਸਦੀ ਅੰਕ ਲੈ ਕੇ ਤੀਸਰਾ ਸਥਾਨ ਹਾਸਲ ਕੀਤਾ। ਇਸ ਤੋਂ ਇਲਾਵਾ ਅੰਮ੍ਰਿਤਪ੍ਰੀਤ ਕੌਰ, ਅਰਮਾਨ ਰਣਦੇਵ ਨੇ 94.15 ਫੀਸਦੀ ਅੰਕਾਂ ਨਾਲ ਤੀਸਰਾ ਸਥਾਨ ਹਾਸਲ ਕੀਤਾ ਜਦਕਿ ਸਮ੍ਰਿਤ ਕੌਰ ਅਤੇ ਅਮਾਨਤ ਮਹਿਰੇ ਨੇ 93.8 ਫੀਸਦੀ ਅੰਕਾਂ ਨਾਲ ਸਕੂਲ 'ਚੋਂ 5ਵਾਂ ਸਥਾਨ ਹਾਸਲ ਕੀਤਾ। ਤਿਰਸ਼ਾ ਨੇ 93.6 ਅੰਕਾਂ ਨਾਲ 6ਵਾਂ ਸਥਾਨ ਹਾਸਲ ਕੀਤਾ। ਇਸ ਮੌਕੇ ਸਕੂਲ ਐੱਮ ਡੀ ਸੁਖਦੀਪ ਸਿੰਘ ਨੇ ਦੱਸਿਆ ਕਿ ਸਕੂਲ ਦਾ ਉਦੇਸ਼ ਬੱਚਿਆਂ ਨੂੰ ਮਿਆਰੀ ਸਿੱਖਿਆ ਦੇਣਾ ਹੈ ਜਿਸ ਦੇ ਲਈ ਇਸ ਨਤੀਜੇ ਦੇ ਲਈ ਮਿਹਨਤੀ ਟੀਮ ਵਧਾਈ ਦੀ ਪਾਤਰ ਹੈ। ਉਨ੍ਹਾਂ ਅੱਗੇ ਕਿਹਾ ਕਿ ਸੁਖਮਨ ਸਿੰਘ ਨੇ ਸਪੋਰਟਸ ਕੋਟੇ 'ਚੋਂ ਚੌਥਾ ਸਥਾਨ ਹਾਸਲ ਕੀਤਾ ਹੈ।

# ਵਿਦਿਆਰਥੀ ਕੌਂਸਲ ਦੀ ਚੋਣ

**ਟਾਂਡਾ ਉੜਮੁੜ (ਜਸਵਿੰਦਰ ਸੰਧੂ, ਮਿਥਲੇਸ਼ ਗਰਗ)**- ਸਿਲਵਰ ਓਕ ਇੰਟਰਨੈਸ਼ਨਲ ਸੀਨੀਅਰ ਸੈਕੰਡਰੀ ਸਕੂਲ ਸ਼ਾਹਬਾਜਪੁਰ ਵਿੱਚ ਬੜੀ ਸ਼ਾਨੋ-ਸ਼ੌਕਤ ਦੇ ਨਾਲ ਵਿਦਿਆਰਥੀ ਕੌਂਸਲ ਦੀ ਚੋਣ ਹੋਈ। ਸੰਸਥਾ ਦੀ ਪ੍ਰਿੰਸੀਪਲ ਮੁਨੀਸ਼ਾ ਸੰਗਰ ਦੀ ਅਗਵਾਈ ਵਿਚ ਇਹ ਪ੍ਰੋਗਰਾਮ ਬੜੀ ਸਫਲਤਾ ਪੂਰਵਕ ਨੇਪਰੇ ਚੜ੍ਹਿਆ। ਪ੍ਰਿੰਸੀਪਲ ਮੁਨੀਸ਼ਾ ਸੰਗਰ ਨੇ ਦੱਸਿਆ ਤੇ ਇਸ ਖਾਸ ਮੌਕੇ ਤੇ ਮੁੱਖ ਮਹਿਮਾਨ ਵਜੋਂ ਸਬ-ਡਿਵੀਜ਼ਨਲ ਮਜਿਸਟਰੇਟ ਟਾਂਡਾ ਲਵਪ੍ਰੀਤ ਸਿੰਘ ਔਲਖ ਅਤੇ ਸੰਸਥਾ ਦੇ ਚੇਅਰਮੈਨ ਤਰਲੋਚਨ



ਸਿੰਘ ਨੇ ਖਾਸ ਤੌਰ ਤੇ ਹਾਜ਼ਰੀ ਭਰੀ।ਪ੍ਰਿੰਸੀਪਲ ਮੁਨੀਸ਼ਾ ਸੰਗਰ ਨੇ ਵਿਦਿਆਰਥੀ ਕੌਂਸਲ ਦੀ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਸਕੂਲ ਦੇ ਹੋਣਹਾਰ ਵਿਦਿਆਰਥੀਆਂ ਪਾਰਸਦੀਪ ਸਿੰਘ ਅਤੇ ਗੁਰਨੂਰ ਕੌਰ ਨੇ ਸਕੂਲ ਕੈਪਟਨ ਵਜੋਂ ਜਿੰਮੇਵਾਰੀ ਸੰਭਾਲੀ। ਕਰਮਜੀਤ ਕੌਰ ਅਤੇ ਜਸਮੀਤ ਸਿੰਘ ਵਾਈਸ ਕੈਪਟਨ ਬਣੇ। ਦਕਸ਼ ਖਡਵਾਲ, ਰਣਦੀਪ ਸਿੰਘ, ਮਨਜੀਤ ਕੌਰ, ਨਮਨੀਤ ਕੌਰ ਅਤੇ ਅਰਸ਼ਦੀਪ ਕੌਰ ਨੇ ਡਿਸਿਪਲਨ ਕੈਪਟਨ ਦੀ ਜਿੰਮੇਵਾਰੀ ਸਾਂਭੀ। ਜਸਨੂਰ ਕੌਰ ਸਪੋਰਟਸ ਕੈਪਟਨ ਅਤੇ ਗੁਰਨੂਰ ਸਿੰਘ, ਲਕਸ਼ ਟੰਡਨ ਅਤੇ ਹਰਮਨ ਪ੍ਰੀਤ ਸਿੰਘ ਲਾਖਾ ਸਪੋਰਟਸ ਕੌਂਸਲ ਮੈਂਬਰ ਚੁਣੇ ਗਏ। ਚਰਨਪ੍ਰੀਤ ਕੌਰ, ਰਾਜਦੀਪ ਕੌਰ ਨੇ ਸੀਸੀਏ ਕੈਪਟਨ ਅਤੇ ਸੌਰਭੀ ਅਤੇ ਹਰਲੀਨ ਕੌਰ ਨੇ ਵਾਈਸ ਸੀਸੀਏ ਕੈਪਟਨ ਦੀ ਜ਼ੁੰਮੇਵਾਰੀ ਸੰਭਾਲੀ। ਈਕੋ ਕਲੱਬ ਦੇ ਕੈਪਟਨ ਵਜੋਂ ਧਰਮਪ੍ਰੀਤ ਸਿੰਘ, ਸਾਹਿਬ ਪ੍ਰੀਤ ਸਿੰਘ, ਦਮਨਪ੍ਰੀਤ ਕੌਰ ਅਤੇ ਤਰਨਪ੍ਰੀਤ ਕੌਰ ਸੈਣੀ ਨੇ ਅਹੁਦਾ ਸੰਭਾਲਿਆ। ਦੀਪ ਸੁਰਿੰਦਰ ਸਿੰਘ, ਮਨਰਾਜ ਸਿੰਘ ਮੁਲਤਾਨੀ ਅਤੇ ਮਨਪ੍ਰੀਤ ਸਿੰਘ ਯੂਥ ਕਲੱਬ ਦੇ ਕੈਪਟਨ ਜਦਕਿ ਜਸਲੀਨ ਕੌਰ ਅਤੇ ਬਲੈਸੀ ਵਾਈਸ ਯੂਥ ਕਲੱਬ ਕੈਪਟਨ ਚੁਣੇ ਗਏ। ਪ੍ਰਭਲੀਨ ਕੌਰ, ਰਮਨਦੀਪ ਕੌਰ, ਸ਼ਬਨਮਪ੍ਰੀਤ ਕੌਰ, ਹਰਮਨਦੀਪ ਸਿੰਘ, ਗੁਰਮਨਪ੍ਰੀਤ ਸਿੰਘ, ਮਿਤੁਲ ਬਹਿਲ, ਮਾਧਵ ਪਾਸੀ, ਸਾਹਿਜਪ੍ਰੀਤ ਕੌਰ, ਹਰਲੀਨ ਕੌਰ ਅਤੇ ਲਵਪ੍ਰੀਤ ਕੌਰ ਈਵੈਂਟ ਕੋਆਰਡੀਨੇਟਰ ਨਿਯੁਕਤ ਕੀਤੇ ਗਏ।ਹਾਊਸ ਕੈਪਟਨ ਦੇ ਵਜੋਂ ਮਰਕਰੀ ਹਾਊਸ ਦੇ ਮਨਰਾਜਪ੍ਰੀਤ ਸਿੰਘ ਅਤੇ ਜਸਮੀਨ ਸੈਣੀ ਕੈਪਟਨ ਸ਼ਿਵਨੀਤ ਅਤੇ ਗੁਰਕੀਰਤ ਸਿੰਘ ਵਾਈਸ ਕੈਪਟਨ ਬਣੇ। ਗੁਰਜੀਤ ਸਿੰਘ ਅਤੇ ਸਿਮਰਨਪ੍ਰੀਤ ਅਰਥ ਹਾਊਸ ਦੇ ਕੈਪਟਨ ਬਣੇ ਜਦਕਿ ਹਰਪ੍ਰੀਤ ਸਿੰਘ ਅਤੇ ਹਰਪ੍ਰੀਤ ਕੌਰ ਵਾਈਸ ਕੈਪਟਨ ਨਿਯੁਕਤ ਹੋਏ।

# ਖਾਲਸਾ ਕਾਲਜ ਦਾ ਬੀ ਕਾਮ ਦਾ ਨਤੀਜਾ ਰਿਹਾ ਸ਼ਾਨਦਾਰ



**ਮਾਹਿਲਪੁਰ (ਸ਼ਫ਼ਰੀ)**- ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਵੱਲੋਂ ਐਲਾਨੇ ਨਤੀਜਿਆਂ ਵਿੱਚ ਖੇਤਰ ਦੇ ਸ੍ਰੀ ਗੁਰੂ ਗੋਬਿੰਦ ਸਿੰਘ ਖਾਲਸਾ ਕਾਲਜ ਮਾਹਿਲਪੁਰ ਦੇ ਪੋਸਟ ਗ੍ਰੈਜੂਏਟ ਕਾਮਰਸ ਅਤੇ ਬਿਜ਼ਨਸ ਐਡਮਿਨਿਸਟਰੇਸ਼ਨ ਵਿਭਾਗ ਵਿੱਚ ਚੱਲਦੇ ਕੋਰਸ ਬੀ ਕਾਮ ਸਮੈਸਟਰ ਪਹਿਲਾ ਦਾ ਨਤੀਜਾ ਸ਼ਾਨਦਾਰ ਰਿਹਾ ਹੈ। ਇਸ ਬਾਰੇ ਗੱਲ ਕਰਦੇ ਪ੍ਰਿੰਸੀਪਲ ਡਾ. ਪਰਵਿੰਦਰ ਸਿੰਘ ਤੇ ਕਮਰਸ ਵਿਭਾਗ ਦੇ ਮੁਖੀ ਡਾ ਬਿਮਲਾ ਜਸਵਾਲ ਨੇ ਦੱਸਿਆ ਕਿ ਬੀ ਕਾਮ ਸਮੈਸਟਰ ਪਹਿਲਾ ਦੇ ਨਤੀਜੇ ਵਿੱਚ ਵਿਦਿਆਰਥਣ ਜਸਲੀਨ ਕੌਰ ਅਤੇ ਵਿਦਿਆਰਥਣ ਮਹਿਕ ਨੇ ਐੱਸ ਜੀ ਪੀ ਏ 7.79 ਅੰਕਾਂ ਨਾਲ ਬਰਾਬਰ ਰਹਿ ਕੇ ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਦੀ ਮੈਰਿਟ ਸੂਚੀ ਵਿੱਚ 24ਵਾਂ ਸਥਾਨ ਤੇ ਕਾਲਜ ਵਿੱਚੋਂ ਸਾਂਝੇ ਤੌਰ 'ਤੇ ਪਹਿਲਾ ਸਥਾਨ ਹਾਸਿਲ ਕਰਕੇ ਸੰਸਥਾ ਦਾ ਨਾਮ ਰੋਸ਼ਨ ਕੀਤਾ ਹੈ। ਉਨ੍ਹਾਂ ਦੱਸਿਆ ਕਿ ਹਰਲੀਨ ਨਾਗਰਾ ਨੇ ਐਸਜੀਪੀਏ 7.46 ਅੰਕ ਪ੍ਰਾਪਤ ਕਰਕੇ ਕਾਲਜ ਵਿੱਚੋਂ ਦੂਸਰਾ ਅਤੇ ਮਨਪ੍ਰੀਤ ਕੌਰ ਨੇ ਐਸਜੀਪੀ ਏ 7.21 ਅੰਕ ਪ੍ਰਾਪਤ ਕਰਕੇ ਕਾਲਜ ਵਿੱਚੋਂ ਤੀਸਰਾ ਸਥਾਨ ਪ੍ਰਾਪਤ ਕੀਤਾ।

# ਨੰਬਰਦਾਰ ਭੁੱਲਾ ਰਾਮ ਤੇਜੀ ਵੱਲੋਂ ਸ੍ਰੀ ਵਾਲਮੀਕ ਦਾ ਸਰੂਪ ਤੇ ਆਰਥਿਕ ਸਹਾਇਤਾ ਭੇਟ

**ਦਸੂਹਾ (ਕਰਨੈਲ ਮਾਂਗਟ)** ਐੱਸ ਵੀ ਐੱਨ ਡੀ ਏ ਵੀ ਸੀਨੀਅਰ ਸੈਕੰਡਰੀ ਸਕੂਲ ਪੰਡੋਰੀ ਵਿਖੇ ਲਮੀਨ ਦੇ ਨੰਬਰਦਾਰ ਭੁੱਲਾ ਰਾਮ ਤੇਜੀ ਜ਼ਿਲ੍ਹਾ ਪ੍ਰਧਾਨ ਕਮਲੇਸ਼ਵਰ ਵਾਲਮੀਕ ਐਜੂਕੇਸ਼ਨਲ ਟਰੱਸਟ (ਰਜਿ) ਭਾਰਤ ਨੇ ਭਗਵਾਨ ਸ੍ਰੀ ਵਾਲਮੀਕ ਦਾ ਸਰੂਪ ਅਤੇ 2100/- ਰੁਪਏ ਸਕੂਲ ਨੂੰ ਭੇਟ ਕੀਤੇ। ਇਸ ਤੇ ਸਕੂਲ ਦੇ ਡਾਇਰੈਕਟਰ ਚੈਨ ਸਿੰਘ ਨੇ ਭਗਵਾਨ ਵਾਲਮੀਕ ਦੇ ਜੀਵਨ ਤੇ ਚਾਨਣਾ ਪਾਉਂਦੇ



ਹੋਏ ਨੰਬਰਦਾਰ ਭੁੱਲਾ ਰਾਮ ਤੇਜੀ ਦਾ ਧੰਨਵਾਦ ਕੀਤਾ ਤੇ ਵਾਇਦਾ ਕੀਤਾ ਕਿ ਸਕੂਲ ਵਿੱਚ ਹਰ ਸਾਲ ਭਗਵਾਨ ਸ੍ਰੀ ਵਾਲਮੀਕ ਦਾ ਜਨਮ ਦਿਵਸ ਮਨਾਇਆ ਜਾਵੇਗਾ। ਇਸ ਮੌਕੇ ਤੇ ਸਕੂਲ ਮੁਖੀ ਪ੍ਰਿੰਸੀਪਲ ਕਿਰਨ ਬਾਲਾ, ਨਿਸ਼ਾ, ਅੰਜਨਾ, ਅਮਨਦੀਪ ਕੌਰ,ਵਿਨੋਦ ਕੁਮਾਰੀ ਅਤੇ ਸਮੂਹ ਸਟਾਫ ਹਾਜ਼ਰ ਸਨ।

# ਵੋਟਰ ਸੂਚੀਆਂ ਦੀ ਸੁਧਾਈ ਦੌਰਾਨ ਨੌਜਵਾਨਾਂ ਦੀ ਸ਼ਮੂਲੀਅਤ ਯਕੀਨੀ ਬਣਾਉਣ ਦੀ ਮੰਗ

**ਚੰਡੀਗੜ੍ਹ (ਗੁਰਜੀਤ ਬਿੱਲਾ)**- ਸਾਬਕਾ ਕੈਬਨਿਟ ਮੰਤਰੀ ਅਤੇ ਕਾਂਗਰਸ ਵਰਕਿੰਗ ਕਮੇਟੀ ਦੇ ਮੈਂਬਰ ਵਿਜੈ ਇੰਦਰ ਸਿੰਗਲਾ ਨੇ ਪੰਜਾਬ ਦੇ ਮੁੱਖ ਚੋਣ ਅਫ਼ਸਰ ਨੂੰ ਇੱਕ ਅਹਿਮ ਪੱਤਰ ਲਿਖ ਕੇ ਆਉਣ ਵਾਲੀ ਵਿਸ਼ੇਸ਼ ਵੋਟਰ ਸੂਚੀ ਸੁਧਾਈ ਪ੍ਰਕਿਰਿਆ ਦੌਰਾਨ ਨੌਜਵਾਨਾਂ ਦੀ ਭਾਗੀਦਾਰੀ ਵਧਾਉਣ ਲਈ ਵਿਸ਼ੇਸ਼ ਉਪਰਾਲੇ ਕਰਨ ਦੀ ਅਪੀਲ ਕੀਤੀ ਹੈ। ਸਿੰਗਲਾ ਨੇ ਚੋਣ ਪ੍ਰਕਿਰਿਆ ਦੀ ਪਾਰਦਰਸ਼ਤਾ 'ਤੇ ਜ਼ੋਰ ਦਿੰਦਿਆਂ ਕਿਹਾ ਕਿ ਲੋਕਤੰਤਰ ਦੀ ਮਜ਼ਬੂਤੀ ਲਈ ਵੋਟਰ ਸੂਚੀਆਂ ਦਾ ਤਰੁੱਟੀ ਰਹਿਤ ਅਤੇ ਨਿਰਪੱਖ ਹੋਣਾ ਅਤਿ ਜ਼ਰੂਰੀ ਹੈ, ਤਾਂ ਜੋ ਪਿਛਲੇ ਸਮੇਂ ਵਿੱਚ ਹੋਰਨਾਂ ਰਾਜਾਂ ਵਿੱਚ ਦੇਖੀਆਂ ਗਈਆਂ ਪ੍ਰਬੰਧਕੀ ਖਾਮੀਆਂ ਪੰਜਾਬ ਵਿੱਚ ਨਾ ਦੁਹਰਾਈਆਂ ਜਾਣ। ਪੱਤਰ ਵਿੱਚ ਚੋਣ ਪ੍ਰਕਿਰਿਆ ਪ੍ਰਤੀ ਨੌਜਵਾਨਾਂ ਦੀ ਘਟ ਰਹੀ ਰੁਚੀ 'ਤੇ ਗੰਭੀਰ ਚਿੰਤਾ ਪ੍ਰਗਟ ਕਰਦਿਆਂ ਸਿੰਗਲਾ ਨੇ ਕਿਹਾ ਕਿ ਸਾਲ 2024 ਦੇ ਅੰਕੜੇ ਦੱਸਦੇ ਹਨ ਕਿ 18-19 ਸਾਲ ਦੇ ਯੋਗ ਨੌਜਵਾਨਾਂ ਵਿੱਚੋਂ ਸਿਰਫ਼ 40 ਫੀਸਦੀ ਹੀ ਵੋਟਰ ਵਜੋਂ ਰਜਿਸਟਰਡ ਹੋ ਸਕੇ ਸਨ।

# ਗਿਆਨੀ ਬਲਵੰਤ ਸਿੰਘ ਦੀ ਸਾਲਾਨਾ ਬਰਸੀ ਮਨਾਈ

**ਮੁਹਾਲੀ (ਗੁਰਜੀਤ ਬਿੱਲਾ)**- ਧੰਨ ਧੰਨ ਅਮਰ ਸ਼ਹੀਦ ਜੱਥੇਦਾਰ ਬਾਬਾ ਹਨੂੰਮਾਨ ਸਿੰਘ ਜੀ ਦੇ ਸ਼ਹੀਦੀ ਅਸਥਾਨ ਗੁਰਦੁਆਰਾ ਸਿੰਘ ਸ਼ਹੀਦਾਂ ਵਿਖੇ ਗੁ: ਸਾਹਿਬ ਜੀ ਦੇ ਪਹਿਲੇ ਮੁੱਖ ਗ੍ਰੰਥੀ ਸੱਚ ਖੰਡ ਵਾਸੀ ਗਿਆਨੀ ਬਾਬਾ ਬਲਵੰਤ ਸਿੰਘ ਦੀ 41ਵੀਂ ਸਾਲਾਨਾ ਬਰਸੀ ਬੜੀ ਸ਼ਰਧਾ ਭਾਵਨਾ ਨਾਲ ਮਨਾਈ ਗਈ। ਬਰਸੀ ਦੇ ਸਬੰਧ ਵਿੱਚ ਸਵੇਰੇ 9 ਵਜੇ ਸ੍ਰੀ ਸਹਿਜ ਪਾਠ ਸਾਹਿਬ ਜੀ ਦੇ ਭੋਗ ਪਾਏ ਗਏ, ਇਸ ਉਪਰੰਤ ਸਾਰਾ ਦਿਨ ਧਾਰਮਿਕ ਸਮਾਗਮ ਦਾ ਆਯੋਜਨ ਕੀਤਾ ਗਿਆ। ਇਸ ਸਮਾਗਮ ਵਿੱਚ ਭਾਈ ਸਰਬਜੀਤ ਸਿੰਘ ਤੇ ਫਗਵਾੜੇ ਵਾਲੀਆਂ ਦੇ ਇੰਟਰਨੈਸ਼ਨਲ ਢਾਡੀ ਜੱਥੇ ਨੇ ਗਿਆਨੀ ਬਲਵੰਤ ਸਿੰਘ ਦਾ ਜੀਵਨ ਬ੍ਰਿਤਾਂਤ ਅਤੇ ਉਨ੍ਹਾਂ ਵੱਲੋਂ ਲਗਾਤਾਰ 55 ਸਾਲ ਗੁ: ਸਾਹਿਬ ਜੀ ਦੇ ਮੁੱਖ ਗ੍ਰੰਥੀ ਵਜੋਂ ਅਣਥੱਕ ਸੇਵਾ ਨਿਭਾਉਣ ਬਾਰੇ ਸੰਗਤਾਂ ਨੂੰ ਵਿਸਥਾਰ ਸਹਿਤ ਜਾਣੂੰ ਕਰਵਾਇਆ। ਭਾਈ ਨਿਰਮੋਲਕ ਸਿੰਘ ਹੰਸਾਲੀ ਸਾਹਿਬ ਵਾਲਿਆਂ ਦੇ ਰਾਗੀ ਜੱਥੇ ਨੇ ਆਪਣੇ ਰਸ ਭਿੰਨੇ ਕੀਰਤਨ ਰਾਹੀਂ ਸੰਗਤਾਂ ਨੂੰ ਇਲਾਹੀ ਬਾਣੀ ਨਾਲ ਗਵਾ ਕੇ ਗੁਰੂ ਨਾਲ ਜੋੜਨ ਦਾ ਉਪਰਾਲਾ ਕੀਤਾ। ਇਸ ਤੋਂ ਇਲਾਵਾ



ਗਿਆਨ ਜਗਜੀਤ ਸਿੰਘ ਗੁਰਦੁਆਰਾ ਬਾਉਲੀ ਸਾਹਿਬ, ਬੀਬੀ ਰਾਜੀਵੰਦਰ ਕੌਰ, ਧੰਨ ਧੰਨ ਅਮਰ ਸ਼ਹੀਦ ਬਾਬਾ ਦੀਪ ਸਿੰਘ ਕਵੀਸ਼ਰੀ ਜੱਥਾ, ਸ਼੍ਰੋਮਣੀ ਪ੍ਰਚਾਰਕ ਭਾਈ ਸੁਰਜੀਤ ਸਿੰਘ ਸਿੰਘ ਦਮਦਮੀ ਟਕਸਾਲ, ਭਾਈ ਮਨਪ੍ਰੀਤ ਸਿੰਘ, ਭਾਈ ਤੇਜਿੰਦਰ ਸਿੰਘ, ਭਾਈ ਨਿਰਮੈਲ ਸਿੰਘ, ਭਾਈ ਚਰਨਜੀਤ ਸਿੰਘ, ਭਾਈ ਮਨਜੀਤ ਸਿੰਘ, ਬੀਬੀ ਬਖਸ਼ਿੰਦਰ ਕੌਰ, ਭਾਈ ਗੁਰਵਿੰਦਰ ਸਿੰਘ ਸ਼ੇਰ ਏ ਪੰਜਾਬ ਕਵੀਸ਼ਰੀ ਜੱਥਾ, ਪਾਂਈ ਗੁਰਦੀਪ ਸਿੰਘ ਦੇ ਜੱਥਿਆਂ ਤੋਂ ਇਲਾਵਾ ਗੁਰਦੁਆਰਾ ਸਿੰਘ ਸ਼ਹੀਦਾਂ ਦੇ ਹਜ਼ੂਰੀ ਜੱਥੇ ਭਾਈ ਨਿਤਿਨ ਸਿੰਘ, ਭਾਈ ਗੁਰਮੀਤ ਸਿੰਘ, ਭਾਈ ਜਸਵੰਤ ਸਿੰਘ, ਭਾਈ ਸੁਖਵਿੰਦਰ ਸਿੰਘ ਕਥਾ ਕੀਰਤਨ, ਕਵੀਸ਼ਰੀ ਅਤੇ ਗੁਰਮਤਿ ਵਿਚਾਰਾਂ ਰਾਹੀਂ ਸੰਗਤਾਂ ਨੂੰ ਸਾਰਾ ਦਿਨ ਹਰਿ ਜਸ ਸੁਣਾ ਕੇ ਨਿਹਾਲ ਕੀਤਾ। ਇਸ ਮੌਕੇ ਤੇ ਸੰਤ ਮਹਾਂਪੁਰਖਾਂ, ਧਾਰਮਿਕ ਆਗੂਆਂ, ਪਿੰਡ ਅਤੇ ਇਲਾਕੇ ਦੇ ਧਾਰਮਿਕ ਅਤੇ ਸਿਆਸੀ ਆਗੂਆਂ ਨੇ ਸੱਚ ਖੰਡ ਵਾਸੀ ਗਿ: ਬਲਵੰਤ ਸਿੰਘ ਨੂੰ ਉਚੇਚੇ ਤੌਰ ਤੇ ਆ ਕੇ ਸ਼ਰਧਾ ਦੇ ਫੁੱਲ ਭੇਟ ਕੀਤੇ। ਹਜ਼ਾਰਾਂ ਸੰਗਤਾਂ ਨੇ ਇਸ ਅਸਥਾਨ ਦੇ ਪਵਿੱਤਰ ਸਰੋਵਰ ਵਿੱਚ ਇਸ਼ਨਾਨ ਕੀਤਾ। ਹਰ ਵਿਭਾਗ ਦੇ ਮਾਹਿਰ ਡਾਕਟਰਾਂ ਵੱਲੋਂ ਮਰੀਜ਼ਾਂ ਦਾ ਮੁਆਇਨਾ ਕੀਤਾ ਗਿਆ ਅਤੇ ਦਵਾਈ ਗੁ: ਸਾਹਿਬ ਵੱਲੋਂ ਦਿੱਤੀ ਗਈ। ਗੁਰੂ ਕਾ ਲੰਗਰ ਸੰਗਤਾਂ ਨੂੰ ਅਤੁੱਟ ਵਰਤਾਇਆ ਗਿਆ।

# ਆਮ ਆਦਮੀ ਪਾਰਟੀ ਨਗਰ ਕੌਂਸਲ ਚੋਣਾਂ 'ਚ ਸ਼ਾਨਦਾਰ ਜਿੱਤ ਪ੍ਰਾਪਤ ਕਰੇਗੀ : ਬਾਲੂ

**ਨੂਰਮਹਿਲ ( ਬਾਲ ਕ੍ਰਿਸ਼ਨ ਬਾਲੀ )**- ਚੇਅਰਮੈਨ ਮਾਰਕੀਟ ਕਮੇਟੀ ਨਕੋਦਰ ਅਤੇ ਸਰਪੰਚ ਪਿੰਡ ਉਮਰਪੁਰ ਕਲਾਂ ਕਰਨੈਲ ਰਾਮ



ਬਾਲੂ ਨੇ ਇੱਕ ਬਿਆਨ ਵਿੱਚ ਆਖਿਆ ਕਿ ਆਮ ਆਦਮੀ ਪਾਰਟੀ ਹਲਕਾ ਨਕੋਦਰ ਤੋਂ ਨਗਰ ਕੌਂਸਲ ਦੀਆਂ ਚੋਣਾਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰੇਗੀ। ਉਹਨਾਂ ਕਿਹਾ ਹੈ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਿੱਚ ਹਲਕਾ ਵਿਧਾਇਕ ਨਕੋਦਰ ਬੀਬੀ ਇੰਦਰਜੀਤ ਕੌਰ ਮਾਨ ਦਿਨ ਰਾਤ ਮਿਹਨਤ ਕਰ ਰਹੇ ਹਨ ਅਤੇ ਦੂਸਰੀਆਂ ਪਾਰਟੀਆਂ ਦੇ ਵਰਕਰ ਭਾਰੀ ਗਿਣਤੀ ਵਿੱਚ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਕਰ ਰਹੇ ਹਨ। ਬਾਲੂ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੇ ਉਮੀਦਵਾਰ ਭਾਰੀ ਬਹੁਮਤ ਨਾਲ ਜਿੱਤ ਪ੍ਰਾਪਤ ਕਰਨਗੇ।

# ਮਰੀਜ਼ਾਂ ਨੂੰ ਇਲਾਜ ਉਪਲਬਧ ਕਰਵਾ ਰਹੀ 'ਮੁੱਖ ਮੰਤਰੀ ਸਿਹਤ ਯੋਜਨਾ'

**ਚੰਡੀਗੜ੍ਹ (ਗੁਰਜੀਤ ਬਿੱਲਾ, ਕ੍ਰਿਸ਼ਨ ਗਰਗ, ਸੁਰਜੀਤ ਸੁਮਨ)**- ਵਿਸ਼ਵ ਹਾਈਪਰਟੈਂਸ਼ਨ ਦਿਵਸ ਦੇ ਮੌਕੇ 'ਤੇ ਭਗਵੰਤ ਮਾਨ ਸਰਕਾਰ ਦੀ ਮੁੱਖ ਮੰਤਰੀ ਸਿਹਤ ਯੋਜਨਾ ਉੱਚ ਰਕਤਚਾਪ ਅਤੇ ਇਸ ਨਾਲ ਸੰਬੰਧਿਤ ਬੀਮਾਰੀਆਂ ਨਾਲ ਜੂਝ ਰਹੇ ਮਰੀਜ਼ਾਂ ਨੂੰ ਸਸਤੀ ਅਤੇ ਸਮੇਂ ਸਿਰ ਸਿਹਤ ਸੇਵਾਵਾਂ ਪ੍ਰਦਾਨ ਕਰਕੇ ਮਹੱਤਵਪੂਰਨ ਰਾਹਤ ਦੇ ਰਹੀ ਹੈ। ਜਿਵੇਂ-ਜਿਵੇਂ ਵੱਖ-ਵੱਖ ਉਮਰ ਵਰਗਾਂ ਵਿੱਚ ਉੱਚ ਰਕਤਚਾਪ ਦੇ ਮਾਮਲੇ ਵਧ ਰਹੇ ਹਨ, ਇਹ ਯੋਜਨਾ ਪੰਜਾਬ ਦੇ ਹਜ਼ਾਰਾਂ ਪਰਵਾਰਾਂ ਨੂੰ ਸਮੇਂ ਸਿਰ ਇਲਾਜ ਉਪਲੱਬਧ ਕਰਵਾਉਣ ਦੇ ਨਾਲ-ਨਾਲ ਭਾਰੀ ਚਿਕਿਤਸਾ ਖਰਚਿਆਂ ਤੋਂ ਵੀ ਸੁਰੱਖਿਆ ਪ੍ਰਦਾਨ ਕਰ ਰਹੀ ਹੈ। ਹਾਈਪਰਟੈਂਸ਼ਨ, ਜਿਸ ਨੂੰ ਆਮ ਤੌਰ 'ਤੇ ਹਾਈ ਬਲੱਡ ਪ੍ਰੈਸ਼ਰ ਕਿਹਾ ਜਾਂਦਾ ਹੈ, ਨੂੰ ਡਾਕਟਰ ਅਕਸਰ ਸਾਇਲੈਂਟ ਕਿਲਰ ਕਹਿੰਦੇ ਹਨ। ਇਹ ਬਿਨਾਂ ਕਿਸੇ ਸਪੱਸ਼ਟ ਚੇਤਾਵਨੀ ਦੇ ਸਟ੍ਰੋਕ, ਹਾਰਟ ਫੇਲਿਅਰ ਜਾਂ ਕਿਡਨੀ ਰੋਗ ਵਰਗੀਆਂ ਗੰਭੀਰ ਸਮੱਸਿਆਵਾਂ ਦਾ ਕਾਰਨ ਬਣ ਸਕਦਾ ਹੈ। ਇਹ ਬੀਮਾਰੀ ਲਗਭਗ ਹਰ ਉਮਰ ਵਰਗ ਵਿੱਚ ਦੇਖੀ ਜਾ ਰਹੀ ਹੈ। ਹਸਪਤਾਲਾਂ ਵਿੱਚ ਬਜ਼ੁਰਗ ਪੁਰਸ਼ ਜਾਂਚ ਰਿਪੋਰਟਾਂ ਦੀ ਉਡੀਕ ਕਰਦੇ ਨਜ਼ਰ ਆਉਂਦੇ ਹਨ, ਮਹਿਲਾਵਾਂ ਆਪਣੇ ਪਰਸ ਵਿੱਚ ਦਵਾਈਆਂ ਦੀਆਂ ਪਰਚੀਆਂ ਸੰਭਾਲ ਕੇ ਰੱਖਦੀਆਂ ਹਨ, ਜਦਕਿ ਨੌਜਵਾਨ ਮਰੀਜ਼ ਵੀ ਬਲੱਡ ਪ੍ਰੈਸ਼ਰ ਦੀਆਂ ਵਧਦੀਆਂ ਰੀਡਿੰਗਾਂ ਨੂੰ ਲੈ ਕੇ ਚਿੰਤਾ ਵਿਅਕਤ ਕਰਦੇ ਦਿਖਾਈ ਦਿੰਦੇ ਹਨ। ਹਰ ਮਰੀਜ਼ ਦੀ ਫਾਈਲ ਦੇ ਪਿੱਛੇ ਇੱਕ ਪਰਵਾਰ ਹੁੰਦਾ ਹੈ ਜੋ ਬੀਮਾਰੀ ਅਤੇ ਵਧਦੇ ਇਲਾਜ ਖਰਚਿਆਂ ਵਿਚਕਾਰ ਸੰਤੁਲਨ ਬਣਾਉਣ ਦੀ ਕੋਸ਼ਿਸ਼ ਕਰ ਰਿਹਾ ਹੁੰਦਾ ਹੈ। ਵਿਸ਼ਵ ਸਿਹਤ ਸੰਗਠਨ ਅਨੁਸਾਰ ਭਾਰਤ ਵਿੱਚ ਉੱਚ ਰਕਤਚਾਪ ਦਾ ਬੋਝ ਤੇਜ਼ੀ ਨਾਲ ਵਧ ਰਿਹਾ ਹੈ, ਜਿਸਦੇ ਮੁੱਖ ਕਾਰਨ ਗਲਤ ਖੁਰਾਕ, ਤਣਾਅ, ਤੰਬਾਕੂ ਦਾ ਸੇਵਨ, ਸਰੀਰਕ ਗਤੀਵਿਧੀ ਦੀ ਕਮੀ ਅਤੇ ਅਨਿਯਮਿਤ ਜੀਵਨਸ਼ੈਲੀ ਹਨ। ਡਾਕਟਰਾਂ ਦਾ ਕਹਿਣਾ ਹੈ ਕਿ ਕਈ ਮਰੀਜ਼ਾਂ ਨੂੰ ਇਸ ਬੀਮਾਰੀ ਦਾ ਪਤਾ ਤਦ ਲੱਗਦਾ ਹੈ ਜਦੋਂ ਗੰਭੀਰ ਜਟਿਲਤਾਵਾਂ ਪੈਦਾ ਹੋ ਚੁੱਕੀਆਂ ਹੁੰਦੀਆਂ ਹਨ। ਇਸ ਵਧਦੇ ਸਿਹਤ ਸੰਕਟ ਵਿਚਕਾਰ ਪੰਜਾਬ ਦੀ ਮੁੱਖ ਮੰਤਰੀ ਸਿਹਤ ਯੋਜਨਾ ਇੱਕ ਮਹੱਤਵਪੂਰਨ ਸੁਰੱਖਿਆ ਕਵਚ ਸਾਬਤ ਹੋ ਰਹੀ ਹੈ।



ਫਗਵਾੜਾ ਦੇ ਸਵਾਮੀ ਸੰਤ ਦਾਸ ਪਬਲਿਕ ਸਕੂਲ ਦੀ 12ਵੀਂ ਜਮਾਤ ਦੀ ਵਿਦਿਆਰਥਣ ਨਿਸ਼ਕਾ ਬਾਂਸਲ ਨੇ ਕਾਮਰਸ ਸਟ੍ਰੀਮ ਵਿੱਚ 98.4% ਅੰਕ ਪ੍ਰਾਪਤ ਕਰਕੇ ਕਪੂਰਥਲਾ ਜ਼ਿਲ੍ਹੇ ਚੋਂ ਪਹਿਲਾ ਸਥਾਨ ਪ੍ਰਾਪਤ ਕੀਤਾ। ਉਸ ਦੇ ਦਾਦਾ ਪ੍ਰੋਫੈਸਰ ਪੀ ਕੇ ਬਾਂਸਲ, ਦਾਦੀ ਸਨੇਹ ਬਾਂਸਲ, ਪਿਤਾ ਸੀ ਏ ਪਿਊਸ਼ ਬਾਂਸਲ, ਮਾਤਾ ਐਡਵੋਕੇਟ ਸ਼ਾਲਿਕਾ ਬਾਂਸਲ ਤੇ ਭਰਾ ਮੇਧਾਂਸ਼ ਬਾਂਸਲ ਨੇ ਉਸ ਨੂੰ ਇਸ ਪ੍ਰਾਪਤੀ 'ਤੇ ਮਠਿਆਈਆਂ ਭੇਟ ਕਰਕੇ ਵਧਾਈ ਦਿੱਤੀ। (ਫੋਟੋ ਤੇ ਵੇਰਵਾ : ਜਸਵਿੰਦਰ ਢੱਡਾ, ਫਗਵਾੜਾ)

## ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਨੇ ਡਿਪਟੀ ਕਮਿਸ਼ਨਰ ਨੂੰ ਦਿੱਤਾ ਯਾਦ ਪੱਤਰ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਗੈਸ, ਤੇਲ ਅਤੇ ਖਾਣ ਪੀਣ ਦੀਆਂ ਵਸਤਾਂ ਦੀਆਂ ਕੀਮਤਾਂ ਵਿੱਚ ਕੇਂਦਰ ਦੀ ਨਰਿੰਦਰ ਮੋਦੀ ਸਰਕਾਰ ਵੱਲੋਂ ਲਗਾਤਾਰ ਵਾਧਾ ਕੀਤਾ ਰਿਹਾ ਹੈ ਜਿਸ ਦੀ ਬਦੌਲਤ ਮਧ ਵਰਗ ਅਤੇ ਗਰੀਬ ਲੋਕਾਂ ਦਾ ਜੀਣਾ ਮੁਸ਼ਕਲ ਭਰਿਆ ਹੋਇਆ ਪਿਆ ਹੈ ਜਿਸ ਦੇ ਵਿਰੁੱਧ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਵਲੋਂ ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਹੁਸ਼ਿਆਰਪੁਰ ਤੋਂ ਜਥੇਦਾਰ ਗੁਰਦੀਪ ਸਿੰਘ ਖੁਣ ਖੁਣ ਸੀਨੀਅਰ ਮੀਤ ਪ੍ਰਧਾਨ ਕਿਸਾਨ ਵਿੰਗ, ਗੁਰਨਾਮ ਸਿੰਘ ਸਿੰਗੜੀਵਾਲਾ ਜਿਲਾ ਪ੍ਰਧਾਨ ਤੇ ਹਰਵਿੰਦਰ ਸਿੰਘ ਹੀਰਾ ਹਲਕਾ ਇੰਚਾਰਜ ਹੁਸ਼ਿਆਰਪੁਰ ਦੀ ਅਗਵਾਈ ਹੇਠ ਸ਼ਹਿਰ ਵਿੱਚ ਮੋਟਰਸਾਈਕਲ ਮਾਰਚ ਕਰਦਿਆਂ ਹੋਇਆ ਸੈਕਟਰੀਏਟ ਵਿਖੇ ਜਾ ਕੇ ਆਸ਼ੀਕਾ ਜੈਨ ਡਿਪਟੀ ਕਮਿਸ਼ਨਰ ਦੇ ਰੁਝੇਵਿਆਂ ਕਾਰਨ ਮੇਜਰ (ਡਾ.) ਸੁਮਿਤ ਮੁੱਦਾ ਅਸਿਸਟੈਂਟ ਕਮਿਸ਼ਨਰ (ਜ) ਹੁਸ਼ਿਆਰਪੁਰ ਨੂੰ ਦੇਸ਼ ਦੀ ਪ੍ਰੈਜ਼ੀਡੈਂਟ ਦਰੋਪਤੀ ਮੁਰਮੂ ਲਈ ਯਾਦ ਪੱਤਰ ਦਿੱਤਾ।



ਇਸ ਸਮੇਂ ਮਾਰਚ ਦੌਰਾਨ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਦੇ ਵਰਕਰਾਂ ਨੇ ਮੰਹਿਆਈ ਦੀ ਮਾਰ ਨਾਲ ਜਨਤਾ ਦਾ ਬੁਰਾ ਹਾਲ, ਨਸ਼ਿਆਂ ਦੀ ਮਾਰ ਨੌਜਵਾਨਾਂ ਦਾ ਬੁਰਾ ਹਾਲ, ਗੈਂਗਸਟਰਾਂ ਦੀ ਮਾਰ ਜਨਤਾ ਦਾ ਬੁਰਾ ਹਾਲ, ਬੇਰੁਜ਼ਗਾਰੀ ਦੀ ਮਾਰ ਲੋਕਾਂ ਦਾ ਬੁਰਾ ਹਾਲ ਨਾਅਰੇ ਲਗਾ ਕੇ ਸਖਤ ਵਿਰੋਧ ਦਰਜ ਕਰਾਇਆ। ਇਸ ਸਮੇਂ ਪਰਮਿੰਦਰ ਸਿੰਘ ਲਾਚੋਵਾਲ ਪ੍ਰਧਾਨ ਆਜ਼ਾਦ ਕਿਸਾਨ ਸੰਘਰਸ਼ ਕਮੇਟੀ ਲਾਚੋਵਾਲ, ਜਗਦੀਸ਼ ਸਿੰਘ ਚੱਬੇਵਾਲ, ਅਕਬਰ ਸਿੰਘ ਬੁਰੇ ਜੱਟਾਂ, ਮੌਲਵੀ ਖਲੀਲ ਅਹਿਮਦ, ਬੁੱਧ ਸਿੰਘ ਨੰਦਗੜ੍ਹ, ਜਥੇਦਾਰ ਪ੍ਰੀਤਮ ਸਿੰਘ ਨੰਗਲ ਕਲਾਲ, ਲਾਭ ਸਿੰਘ ਨਸਰਾਲਾ, ਮਲਕੀਅਤ ਸਿੰਘ ਅਸਲਾਮਾਬਾਦ, ਜਸਵੀਰ ਸਿੰਘ ਚੱਕੋਵਾਲ, ਪਰਮਜੀਤ ਸਿੰਘ ਲਿੱਦੜਾਂ, ਸੁਖਦੇਵ ਸਿੰਘ ਕਾਹਰੀ, ਪਰਮਜੀਤ ਸਿੰਘ ਮਿੰਟੂ, ਅਮਨਦੀਪ ਸਿੰਘ ਸਨੀ, ਅਮਰਜੀਤ ਸਿੰਘ ਨਿੱਕਾ, ਅੰਮ੍ਰਿਤਪਾਲ ਸਿੰਘ ਅਰੋੜਾ, ਗੌਰਵ ਮੱਲ, ਪਾਰਸ ਸਿੰਘ ਰਹੀਮਪੁਰ, ਜਸਰਾਜ ਸਿੰਘ ਆਦਿ ਵੱਡੀ ਪੱਧਰ ਤੇ ਹਾਜ਼ਰ ਸਨ।

## ਦਿ ਵਰਕਿੰਗ ਰਿਪੋਰਟਰਜ਼ ਐਸੋਸੀਏਸ਼ਨ ਦੀ ਮੀਟਿੰਗ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਦਿ ਵਰਕਿੰਗ ਰਿਪੋਰਟਰਜ਼ ਐਸੋਸੀਏਸ਼ਨ (ਰਜਿ:) ਪੰਜਾਬ ਇੰਡੀਆ ਦੇ ਜ਼ਿਲ੍ਹਾ ਹੁਸ਼ਿਆਰਪੁਰ ਯੂਨਿਟ ਦੀ ਮੀਟਿੰਗ ਜਗਤਾਰ ਸਿੰਘ ਭੁੰਗਰਨੀ ਦੀ ਪ੍ਰਧਾਨਗੀ ਹੇਠ ਸੀ ਪੀ ਆਈ ਦਫਤਰ ਹੀਰਾ ਕਲੋਨੀ ਹੁਸ਼ਿਆਰਪੁਰ ਵਿਖੇ ਸੰਪੰਨ ਹੋਈ, ਜਿਸ ਵਿੱਚ ਵੱਖ-ਵੱਖ ਯੂਨਿਟਾਂ ਦੇ ਪ੍ਰਧਾਨ ਅਤੇ ਮੈਂਬਰ ਸਾਹਿਬਾਨਾਂ ਨੇ ਹਿੱਸਾ ਲਿਆ। ਮੀਟਿੰਗ ਦਾ ਏਜੰਡਾ ਸਲੇਰਨ ਡੈਮ ਵਿਖੇ ਹੋਈ ਮੀਟਿੰਗ ਦਾ ਰਿਵਿਊ, ਪੱਤਰਕਾਰਾਂ ਨੂੰ ਦਰਪੇਸ਼ ਮੁਸ਼ਕਿਲਾਂ ਦੇ ਹੱਲ ਅਤੇ ਐਸੋਸੀਏਸ਼ਨ ਦੇ ਨਵੇਂ ਆਈ ਕਾਰਡ ਦੇਣਾ ਸੀ। ਮੀਟਿੰਗ ਵਿੱਚ ਸੂਬਾ ਪ੍ਰਧਾਨ ਸਰਦਾਰ ਬਲਵੀਰ ਸਿੰਘ ਸੈਣੀ ਨੇ ਪੱਤਰਕਾਰਾਂ ਨੂੰ ਫੀਲਡ ਵਿੱਚ ਆ ਰਹੀਆਂ ਮੁਸ਼ਕਿਲਾਂ ਅਤੇ ਉਹਨਾਂ ਦੇ ਹੱਲ ਸਬੰਧੀ ਵਿਸਥਾਰ ਪੂਰਵਕ ਚਰਚਾ ਕੀਤੀ। ਉਨ੍ਹਾਂ ਨਿਰਪੱਖ ਅਤੇ ਉਸਾਰੂ ਪੱਤਰਕਾਰੀ ਕਰਨ ਅਤੇ ਪੱਤਰਕਾਰਾਂ ਦੀ ਏਕਤਾ ਨੂੰ ਮਜਬੂਤ ਕਰਨ 'ਤੇ ਜ਼ੋਰ ਦਿੱਤਾ। ਇਸ ਮੌਕੇ ਸਾਰੇ ਬੁਲਾਰਿਆਂ ਨੇ 2 ਮਈ ਨੂੰ ਕਰਵਾਏ ਵਿਸ਼ੇਸ਼ ਸੈਮੀਨਾਰ ਦੀ ਸ਼ਲਾਘਾ ਕਰਦਿਆਂ ਇਸ ਨੂੰ ਜਥੇਬੰਦੀ ਦਾ ਉਸਾਰੂ ਕਦਮ ਦੱਸਿਆ। ਮੀਟਿੰਗ ਦੌਰਾਨ ਇਹ ਫੈਸਲਾ ਕੀਤਾ ਗਿਆ ਕਿ ਹੀਰਾ ਕਲੋਨੀ ਸਥਿਤ ਸੀ ਪੀ ਆਈ ਦੇ ਦਫਤਰ ਵਿਖੇ ਹਰ ਮਹੀਨੇ ਦੀ 13 ਤਰੀਕ ਨੂੰ ਸਵੇਰੇ 10 ਵਜੇ ਤੋਂ 12 ਵਜੇ ਤੱਕ ਜ਼ਿਲ੍ਹਾ ਪੱਧਰੀ ਮੀਟਿੰਗ ਹੋਇਆ ਕਰੇਗੀ ਜਿਸ ਵਿੱਚ ਜ਼ਿਲ੍ਹੇ ਦੇ ਸਾਰੇ ਪੱਤਰਕਾਰ ਸ਼ਾਮਿਲ ਹੋਣਾ ਯਕੀਨੀ ਬਣਾਉਣਗੇ। ਇਸ ਮੀਟਿੰਗ ਵਿੱਚ ਹਿੱਸਾ ਲੈਣ ਵਾਲੇ ਸਮੂਹ ਪੱਤਰਕਾਰਾਂ ਨੂੰ ਨਵੇਂ ਕਾਰਡ ਸਾਲ 2026-27 ਲਈ ਵੀ ਜਾਰੀ ਕੀਤੇ ਗਏ। ਇਸ ਮੌਕੇ ਬਲਵੀਰ ਸਿੰਘ ਸੈਣੀ, ਤਰਸੇਮ ਦੀਵਾਨਾ, ਅਸ਼ਵਨੀ ਸ਼ਰਮਾ, ਗੁਰਬਿੰਦਰ ਸਿੰਘ ਪਲਾਹਾ, ਨੀਤੂ ਸ਼ਰਮਾ, ਸ਼੍ਰੀਮਤੀ ਜਯੋਤਸਨਾ ਵਿੱਜ, ਜਗਤਾਰ ਸਿੰਘ ਭੁੰਗਰਨੀ, ਸੰਜੀਵ ਦਾਦੂਵਾਲ, ਪੰਕਜ ਕੁਮਾਰ, ਵਿਵੇਕ ਅਗਨੀਹੋਤਰੀ, ਮਾਸਟਰ ਮੋਹਨ ਸਿੰਘ ਡਾਂਡੀਆਂ, ਸੰਜੀਵ ਬੇਦੀ, ਚੰਦਰਪਾਲ ਸਾਈ, ਸ਼ਰਨਜੀਤ ਸਿੰਘ ਪਿੱਪਲਾਂਵਾਲਾ, ਅਤੇ ਜਸਵੀਰ ਸਿੰਘ ਪ੍ਰਧਾਨ ਮੇਹਟਿਆਣਾ ਯੂਨਿਟ ਤੋਂ ਇਲਾਵਾ ਹੋਰ ਵੀ ਬਹੁਤ ਸਾਰੇ ਪੱਤਰਕਾਰ ਹਾਜ਼ਰ ਸਨ।



## ਵੱਖ ਵੱਖ ਪਾਰਟੀਆਂ ਦੇ ਲੋਕ 'ਆਪ' 'ਚ ਹੋਏ ਸ਼ਾਮਿਲ : ਕੁਲਵੰਤ ਸਿੰਘ

**ਮੁਹਾਲੀ (ਗੁਰਜੀਤ ਬਿੱਲਾ)**- ਵਿਧਾਨ ਸਭਾ ਹਲਕਾ ਮੋਹਾਲੀ ਦੇ ਵਿੱਚ ਵੱਖ-ਵੱਖ ਪਾਰਟੀਆਂ ਨੂੰ ਅਲਵਿਦਾ ਆ ਕੇ ਲੋਕੀ ਵੱਡੀ ਗਿਣਤੀ ਦੇ ਵਿੱਚ ਆਮ ਆਦਮੀ ਪਾਰਟੀ ਦੇ ਵਿੱਚ ਸ਼ਾਮਿਲ ਹੋ ਰਹੇ ਹਨ ਅਤੇ ਇਹ ਸਿਲਸਿਲਾ ਪਿਛਲੇ ਕਈ ਦਿਨਾਂ ਦੀ ਤਰ੍ਹਾਂ ਹੀ ਅੱਜ ਵੀ ਜਾਰੀ ਰਿਹਾ, ਮਨਜੀਤ ਕੌਰ ਸਰਪੰਚ ਚੱਪੜਚਿੜੀ ਖੁਰਦ ਅਤੇ ਸੈਕਟਰ 94 ਮੋਹਾਲੀ ਦੇ ਪ੍ਰਧਾਨ ਸੰਦੀਪ ਸਿੰਘ ਸੰਧੂ ਦੀ ਪ੍ਰੇਰਨਾ ਸਦਕਾ ਵੱਡੀ ਗਿਣਤੀ ਦੇ ਵਿੱਚ ਨੌਜਵਾਨਾਂ ਨੇ ਆਮ ਆਦਮੀ ਪਾਰਟੀ ਦਾ ਪੱਲਾ ਫੜਿਆ. ਜਿਹਨਾਂ ਨੂੰ ਪਾਰਟੀ ਵਿੱਚ ਸ਼ਾਮਿਲ ਹੋਣ ਤੇ ਵਿਧਾਇਕ ਕੁਲਵੰਤ ਸਿੰਘ ਨੇ ਜੀ ਆਇਆਂ ਨੂੰ ਆਖਿਆ। ਇਸ ਮੌਕੇ ਤੇ ਪ੍ਰੈਸ ਕਾਨਫਰੰਸ ਨੂੰ ਸੰਬੋਧਨ ਕਰਦੇ ਹੋਏ ਵਿਧਾਇਕ ਕੁਲਵੰਤ ਸਿੰਘ ਨੇ ਕਿਹਾ ਕਿ ਆਮ ਆਦਮੀ ਪਾਰਟੀ ਵਿੱਚ ਸ਼ਾਮਿਲ ਹੋਣ ਵਾਲਿਆਂ ਦਾ ਸਿਲਸਿਲਾ ਜਿਸ ਤਰ੍ਹਾਂ ਪਿਛਲੇ ਕਈ ਦਿਨਾਂ ਤੋਂ ਜਾਰੀ ਹੈ, ਉਹ ਅਗਾਂਹ ਵੀ ਜਾਰੀ ਰਹੇਗਾ ਅਤੇ ਆਮ ਆਦਮੀ ਪਾਰਟੀ ਦੇ ਪਰਿਵਾਰ ਵਿੱਚ ਲਗਾਤਾਰ ਵੱਡਾ ਵਾਧਾ ਹੁੰਦਾ ਜਾ ਰਿਹਾ ਹੈ ਜੋ ਕਿ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਆਮ ਆਦਮੀ ਪਾਰਟੀ ਦੀ ਸਰਕਾਰ ਦੀ ਸਵਾ ਚਾਰ ਸਾਲ ਦੀ ਕਾਰਗੁਜ਼ਾਰੀ ਦੇ ਚਲਦਿਆਂ ਹੋ ਰਿਹਾ।



ਇਸ ਮੌਕੇ ਤੇ ਸਰਪੰਚ ਮਨਜੀਤ ਕੌਰ ਚੱਪੜਚਿੜੀ ਖੁਰਦ, ਸੰਦੀਪ ਸਿੰਘ ਸੰਧੂ ਸੈਕਟਰ 94 ਸਮੇਤ ਹਰਦੀਪ ਸਿੰਘ, ਸਿਮਰਤ ਪਾਲ ਸਿੰਘ, ਨੇਹਾ ਸੈਣੀ, ਨਵਦੀਪ ਸੈਣੀ, ਕਿਰਤਪਾਲ ਸਿੰਘ, ਜਸਕਰਨ ਸਿੰਘ ਵੀ ਸ਼ਾਮਿਲ ਹਨ।

## ਨਾਮਜ਼ਦਗੀਆਂ ਦੇ ਤੀਜੇ ਦਿਨ 134 ਨਾਮਜ਼ਦਗੀਆਂ ਦਾਖ਼ਲ

**ਮੁਹਾਲੀ (ਗੁਰਜੀਤ ਬਿੱਲਾ)**- ਸਥਾਨਕ ਸਰਕਾਰਾਂ ਦੀਆਂ ਚੋਣਾਂ ਲਈ ਨਾਮਜ਼ਦਗੀਆਂ ਦਾਖ਼ਲ ਕਰਨ ਦੀ ਪ੍ਰਕਿਰਿਆ ਸ਼ੁੱਕਰਵਾਰ ਨੂੰ ਤੀਜੇ ਦਿਨ ਵਿੱਚ ਦਾਖ਼ਲ ਹੋ ਗਈ, ਜਿਸ ਦੌਰਾਨ ਹੁਣ ਤੱਕ ਜ਼ਿਲ੍ਹੇ ਦੀਆਂ ਵੱਖ-ਵੱਖ ਸ਼ਹਿਰੀ ਸਥਾਨਕ ਸੰਸਥਾਵਾਂ ਵਿੱਚ ਕੁੱਲ 134 ਨਾਮਜ਼ਦਗੀਆਂ ਪ੍ਰਾਪਤ ਹੋਈਆਂ।ਵੇਰਵਾ ਦਿੰਦਿਆਂ ਡਿਪਟੀ ਕਮਿਸ਼ਨਰ-ਕਮ-ਜ਼ਿਲ੍ਹਾ ਚੋਣ ਅਫ਼ਸਰ ਸ੍ਰੀਮਤੀ ਕੋਮਲ ਮਿੱਤਲ ਨੇ ਦੱਸਿਆ ਕਿ ਨਗਰ ਨਿਗਮ ਮੋਹਾਲੀ ਵਿੱਚ 40, ਨਗਰ ਕੌਂਸਲ ਬਨੂੜ ਵਿੱਚ 13, ਨਗਰ ਕੌਂਸਲ ਡੇਰਾਬੱਸੀ ਵਿੱਚ 4, ਨਗਰ ਕੌਂਸਲ ਕੁਰਾਲੀ ਵਿੱਚ 19, ਨਗਰ ਕੌਂਸਲ ਲਾਲੜੂ ਵਿੱਚ 4, ਨਗਰ ਕੌਂਸਲ ਨਵਾਂ ਗਾਉਂ ਵਿੱਚ 1 ਅਤੇ ਨਗਰ ਕੌਂਸਲ ਜ਼ੀਰਕਪੁਰ ਵਿੱਚ 53 ਨਾਮਜ਼ਦਗੀਆਂ ਹੁਣ ਤੱਕ ਪ੍ਰਾਪਤ ਹੋਈਆਂ ਹਨ।

ਉਨ੍ਹਾਂ ਹੋਰ ਜਾਣਕਾਰੀ ਦਿੰਦਿਆਂ ਕਿਹਾ ਕਿ ਜ਼ਿਲ੍ਹੇ ਵਿੱਚ ਸਥਾਨਕ ਸਰਕਾਰਾਂ ਦੀਆਂ ਚੋਣਾਂ ਲਈ ਨਾਮਜ਼ਦਗੀਆਂ ਦਾਖ਼ਲ ਕਰਨ ਦੀ ਆਖ਼ਰੀ ਤਾਰੀਖ਼ 16 ਮਈ ਹੈ।ਉਨ੍ਹਾਂ ਦੱਸਿਆ ਕਿ ਨਾਮਜ਼ਦਗੀ ਪੱਤਰਾਂ ਦੀ ਜਾਂਚ 18 ਮਈ ਨੂੰ ਕੀਤੀ ਜਾਵੇਗੀ, ਜਦਕਿ ਉਮੀਦਵਾਰ 19 ਮਈ ਤੱਕ ਆਪਣੀਆਂ ਨਾਮਜ਼ਦਗੀਆਂ ਵਾਪਸ ਲੈ ਸਕਣਗੇ।

## ਸਰਕਾਰੀ ਸਕੂਲ ਕਮਾਹੀ ਦੇਵੀ ਦੇ 6 ਵਿਦਿਆਰਥੀ ਮੈਰਿਟ ਸੂਚੀ 'ਚ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਪੰਜਾਬ ਸਕੂਲ ਸਿੱਖਿਆ ਬੋਰਡ ਮੁਹਾਲੀ ਵੱਲੋਂ ਬਾਰ੍ਹਵੀਂ ਜਮਾਤ ਦੇ ਐਲਾਨੇ ਨਤੀਜਿਆਂ 'ਚ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਕਮਾਹੀ ਦੇਵੀ ਦੇ 6 ਵਿਦਿਆਰਥੀਆਂ ਨੂੰ ਬੋਰਡ ਦੀ ਮੈਰਿਚ ਸੂਚੀ ਵਿਚ ਸਥਾਨ ਹਾਸਲ ਕੀਤਾ ਹੈ। ਸਕੂਲ ਪ੍ਰਿੰਸੀਪਲ ਰਾਜੇਸ਼ ਕੁਮਾਰ ਨੇ ਦਸਿਆ ਕਿ ਇਸ਼ਤਾ ਸ਼ਰਮਾ ਪੁੱਤਰੀ ਸੁਰਿੰਦਰ ਕੁਮਾਰ ਨੇ 491/500 ਅੰਕ ਹਾਸਲ ਕਰਕੇ ਪੰਜਾਬ ਭਰ 'ਚੋਂ 10ਵਾਂ, ਮਾਨਸੀ ਦੇਵੀ ਪੁੱਤਰੀ ਮਨਜੀਤ ਕੁਮਾਰ ਨੇ 489 ਅੰਕਾਂ ਨਾਲ ਬਾਰ੍ਹਵਾਂ, ਨਿੱਧੀ ਪੁੱਤਰੀ ਦਲਬੀਰ ਸਿੰਘ ਨੇ 488 ਅੰਕਾਂ ਨਾਲ 13ਵਾਂ, ਕਿੰਜਲ ਭਾਰਦਵਾਜ ਪੁੱਤਰੀ ਵਿਪਨ ਕੁਮਾਰ ਤੇ ਨਿਤਾਸ਼ਾ ਚੌਧਰੀ ਪੁੱਤਰੀ ਕਰਨੈਲ ਸਿੰਘ ਨੇ ਦੋਵਾਂ 486 ਅੰਕਾਂ ਨਾਲ 15ਵਾਂ, ਐਲਿਸ ਠਾਕੁਰ ਪੁੱਤਰੀ ਇੰਦਰ ਸਿੰਘ ਨੇ 485 ਅੰਕ ਪ੍ਰਾਪਤ ਕਰਕੇ ਬੋਰਡ ਮੈਰਿਟ ਸੂਚੀ ਵਿੱਚ 16ਵਾਂ ਰੈਂਕ ਹਾਸਲ ਕੀਤਾ ਹੈ। ਪ੍ਰਿੰਸੀਪਲ ਰਾਜੇਸ਼ ਠਾਕੁਰ ਨੇ ਮੈਰਿਟ ਸੂਚੀ 'ਚ ਆਏ ਵਿਦਿਆਰਥੀਆਂ ਦਾ ਮੂੰਹ ਮਿੱਠਾ ਕਰਵਾਇਆ। ਉਨ੍ਹਾਂ ਵਿਦਿਆਰਥੀਆਂ ਦੀ ਸ਼ਾਨਦਾਰ ਕਾਮਯਾਬੀ ਦਾ ਵਿਦਿਆਰਥੀਆਂ, ਉਨ੍ਹਾਂ ਦੇ ਮਾਪਿਆਂ ਤੇ ਅਧਿਆਪਕਾਂ ਸਿਰ ਸਾਜਿਆ। ਪਿਛਲੇ ਬਾਰ੍ਹਾਂ ਸਾਲ ਤੋਂ ਸ ਸ ਸ ਸਕੂਲ ਕਮਾਹੀ ਦੇਵੀ ਦੇ ਵਿਦਿਆਰਥੀ ਬੋਰਡ ਦੀ ਮੈਰਿਟ ਸੂਚੀ ਵਿੱਚ ਸ਼ਾਮਲ ਹੋ ਕੇ ਇਲਾਕੇ ਦਾ ਨਾਮ ਰੁਸ਼ਨਾ ਰਹੇ ਹਨ। ਕੰਢੀ ਖ਼ੇਤਰ 'ਚ ਸਸਸ ਸਕੂਲ ਕਮਾਹੀ ਦੇਵੀ ਚਾਨਣ ਮੁਨਾਰੇ ਵੱਜੋਂ ਉੱਭਰਿਆ ਹੈ।ਇਸ ਮੌਕੇ ਲੈਕਚਰਾਰ ਸੂਰਜ ਪ੍ਰਕਾਸ਼, ਵਿਜੈ ਕੁਮਾਰ ਸ਼ਰਮਾ, ਸੰਦੀਪ ਸਿੰਘ, ਜਗਜੀਤ ਸਿੰਘ, ਸੋਹਣ ਸਿੰਘ, ਅਜੇ ਕੁਮਾਰ, ਸੰਦੀਪ ਕਪਿਲ, ਬਲਜਿੰਦਰ ਸਿੰਘ, ਸਤਵਿੰਦਰ ਸਿੰਘ, ਅੰਜਨਾ ਕੁਮਾਰੀ, ਨਿਸ਼ਾ ਚੌਧਰੀ, ਜੋਤਸਨਾ , ਪੂਨਮ ਭਾਰਦਵਾਜ ਆਦਿ ਹਾਜ਼ਰ ਸਨ।



## ਨਗਰ ਕੌਂਸਲ ਦੇ ਕਰਮਚਾਰੀਆਂ ਵੱਲੋਂ ਅੱਠਵੇਂ ਦਿਨ ਵੀ ਮੁਕੰਮਲ ਹੜਤਾਲ



**ਬੰਗਾ (ਅਵਤਾਰ ਕਲੇਰ)**- ਮਿਉਂਸਪਲ ਮੁਲਾਜ਼ਮ ਐਕਸ਼ਨ ਕਮੇਟੀ ਪੰਜਾਬ ਦੇ ਸੱਦੇ ਉਤੇ ਨਗਰ ਕੌਂਸਲ ਨਵਾਂਸ਼ਹਿਰ ਦੇ ਕਰਮਚਾਰੀਆਂ ਨੇ ਅੱਠਵੇਂ ਦਿਨ ਵੀ ਮੁਕੰਮਲ ਹੜਤਾਲ ਕੀਤੀ। ਧਰਨੇ ਨੂੰ ਸੰਬੋਧਨ ਕਰਦਿਆਂ ਮਿਉਂਸਪਲ ਕਰਮਚਾਰੀ ਸੰਗਠਨ ਦੇ ਜ਼ਿਲ੍ਹਾ ਪ੍ਰਧਾਨ ਸੰਨੀ ਬਘਾਨੀਆ,ਨਵਾਂਸ਼ਹਿਰ ਦੇ ਪ੍ਰਧਾਨ ਸੂਰਜ ਖੋਸਲਾ, ਚੇਅਰਮੈਨ ਦੀਪਕ ਖੋਸਲਾ, ਇਫਟੂ ਦੇ ਸੂਬਾ ਪ੍ਰੈਸ ਸਕੱਤਰ ਜਸਬੀਰ ਦੀਪ,ਨਿਊ ਆਟੋ ਯੂਨੀਅਨ ਦੇ ਨਿੱਕੂ,ਜਸਵੀਰ ਸਿੰਘ ਨੇ ਸੰਬੋਧਨ ਕੀਤਾ।ਉਹਨਾਂ ਕਿਹਾ ਕਿ ਮਿਉਂਸਪਲ ਕਰਮਚਾਰੀਆਂ ਦੀ ਪੰਜਾਬ ਭਰ 'ਚ ਮੁਕੰਮਲ ਹੜਤਾਲ ਚੱਲ ਰਹੀ ਹੈ। ਪੰਜਾਬ ਭਰ 'ਚ ਸਫਾਈ ਕੰਮ ਦਾ ਮੁਕੰਮਲ ਬਾਈਕਾਟ ਹੈ।ਕੱਚੇ ਕਾਮੇ ਪੱਕੇ ਕਰਨ, ਘਟੋਂ ਘੱਟ ਉਜਰਤ 40 ਹਜ਼ਾਰ ਕਰਨ ਸਮੇਤ ਪੁਰਾਣੀ ਪੈਨਸ਼ਨ ਸਕੀਮ ਲਾਗੂ ਕਰਨ ਅਤੇ ਹੋਰ ਮੰਗਾਂ ਨੂੰ ਲੈਕੇ ਪੰਜਾਬ ਭਰ ਦੇ ਨਿਗਮਾ, ਨਗਰ ਕੌਂਸਲਾਂ ਤੇ ਨਗਰ ਪੰਚਾਇਤਾਂ ਦੇ ਅਧੀਨ 150 ਤੋਂ ਵਧ ਸਟੇਸ਼ਨਾ ਤੇ ਸਫਾਈ ਸੇਵਕਾਂ ਨੇ ਮੁਕੰਮਲ ਹੜਤਾਲ ਕੀਤੀ ਹੋਈ ਹੈ ਜੋ ਮੰਗਾਂ ਦੀ ਪੂਰਤੀ ਤਕ ਜਾਰੀ ਰਹੇਗੀ।ਆਗੂਆਂ ਕਿਹਾ ਕਿ ਇਹ ਹੜਤਾਲ ਸਾਡਾ ਕੋਈ ਸ਼ੌਕ ਨਹੀਂ ਮਜਬੂਰੀ ਹੈ। ਕਿਉਕਿ ਪੰਜਾਬ ਦਾ 90% ਮੁਲਾਜਮ ਕੱਚਾ ਹੈ ਤੇ ਮਾਤਰ 10 ਹਜ਼ਾਰ ਨਿਗੁਣੀ ਤਨਖਾਹ ਤੇ ਕੰਮ ਕਰ ਰਿਹਾ ਹੈ। ਮਹਿੰਗਾਈ ਕਰਕੇ ਘਰਾਂ ਦਾ ਗੁਜ਼ਾਰਾ ਬੜੀ ਮੁਸ਼ਕਲ ਨਾਲ ਚੱਲਦਾ ਹੈ। ਬਾਅਦ ਵਿੱਚ ਸ਼ਹਿਰ ਅੰਦਰ ਮੁਜ਼ਾਹਰਾ ਵੀ ਕੀਤਾ ਗਿਆ।ਇਸ ਮੌਕੇ ਰਾਜੇਸ਼ ਕੁਮਾਰ, ਸੁੰਨੀ, ਮਾਸਟਰ ਅਸ਼ਨਵੀ, ਸਾਥੀ ਚੰਦ, ਦੇਵੀ ਚੰਦ ਆਗੂ ਵੀ ਹਾਜ਼ਰ ਸਨ।

## ਪੀ ਐਮ ਸ੍ਰੀ ਸਕੂਲ ਦੀ ਵਿਦਿਆਰਥਣ ਜੈਸਮੀਨ ਮੈਰਿਟ 'ਚ



**ਆਦਮਪੁਰ (ਪਰਮਜੀਤ ਸਿੰਘ)** - ਪੀ ਐਮ ਸ੍ਰੀ ਸਰਕਾਰੀ ਕੰਨਿਆ ਸੀਨੀਅਰ ਸੈਕੰਡਰੀ ਸਕੂਲ ਅਲਾਵਲਪੁਰ ਦੀ 10 ਵੀਂ ਜਮਾਤ ਦੀ ਵਿਦਿਆਰਥਣ ਜੈਸਮੀਨ ਪੁੱਤਰੀ ਸੁਖਵਿੰਦਰ ਸਿੰਘ ਮਾਤਾ ਨੀਲਮ ਰਾਣੀ ਪਿੰਡ ਮੁਰਾਦਪੁਰ ਜ਼ਿਲਾ ਜਲੰਧਰ ਨੇ 97.85% (636/650) ਅੰਕ ਪ੍ਰਾਪਤ ਕਰਕੇ ਬੋਰਡ ਵੱਲੋਂ ਜਾਰੀ ਮੈਰਿਟ ਲਿਸਟ ਵਿੱਚ ਆਪਣਾ ਨਾਂਅ ਦਰਜ ਕੀਤਾ ਹੈ। ਵਿਦਿਆਰਥਣ ਨੇ ਸਟੇਟ ਪੱਧਰ ਤੇ ਨੌਵਾਂ ਅਤੇ ਜ਼ਿਲਾ ਜਲੰਧਰ ਵਿੱਚੋਂ ਚੌਥਾ ਸਥਾਨ ਹਾਸਲ ਕਰਕੇ ਆਪਣੇ ਸਕੂਲ ਅਤੇ ਮਾਪਿਆਂ ਦਾ ਨਾਂਅ ਰੌਸ਼ਨ ਕੀਤਾ ਹੈ। ਇਸ ਮੌਕੇ ਸਕੂਲ ਦੇ ਪ੍ਰਿੰਸੀਪਲ ਸ. ਜਗਜੀਤ ਸਿੰਘ ਨੇ ਇਸ ਪ੍ਰਾਪਤੀ ਲਈ ਸਾਰੇ ਅਧਿਅਪਕਾਂ, ਮਾਪਿਆਂ ਅਤੇ ਵਿਦਿਆਰਥਣ ਨੂੰ ਮੁਬਾਰਕਬਾਦ ਦਿੱਤੀ। ਉਹਨਾਂ ਇਸ ਦੇ ਨਾਲ ਹੀ 10ਵੀਂ ਜਮਾਤ ਦਾ ਨਤੀਜਾ 100% ਆਉਣ ਤੇ ਸਾਰੇ ਅਧਿਆਪਕਾਂ ਨੂੰ ਸ਼ੁੱਭ ਇਛਾਵਾਂ ਦਿੱਤੀਆਂ।

## ਵਿਦਿਆਰਥੀਆਂ ਨੂੰ ਸਟੇਸ਼ਨਰੀ ਵੰਡੀ

**ਮੋਰਿੰਡਾ (ਨਿਹਾਲ ਸਿੰਘ ਕਲਸੀ)** ਜ਼ਰੂਰਤਮੰਦਾਂ ਦੀ ਮਦਦ ਕਰਨਾ ਹੀ ਉੱਤਮ ਦਾਨ ਹੁੰਦਾ ਹੈ। ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਕਰਦੇ ਹੋਏ ਸਕੂਲ ਮੁਖੀ ਸੁਸ਼ੀਲ ਕੁਮਾਰ ਕਾਈਨੌਰ ਨੇ ਦੱਸਿਆ ਕਿ ਮਨਦੀਪ ਸਿੰਘ ਬਾਜਵਾ ਵੱਲੋਂ ਸਰਕਾਰੀ ਪ੍ਰਾਇਮਰੀ ਸਕੂਲ ਚਤਾਮਲਾ ਵਿਖੇ ਸਾਰੇ ਬੱਚਿਆਂ ਨੂੰ 10-10 ਕਾਪੀਆਂ ਦੇ ਸੈੱਟ ਬਣਾ ਕੇ ਵੰਡੇ ਗਏ। ਇਸ ਸਮੇਂ ਮਨਦੀਪ ਸਿੰਘ ਬਾਜਵਾ ਵੱਲੋਂ ਆਪਣੇ ਵਿਚਾਰਾਂ ਦਾ ਪ੍ਰਗਟਾਵਾ ਕਰਦੇ ਹੋਏ ਦੱਸਿਆ ਗਿਆ ਕਿ ਪਿਛਲੇ ਕਾਫੀ ਸਮੇਂ ਤੋਂ ਉਹਨਾਂ ਵੱਲੋਂ ਇਹ ਸੇਵਾ ਸਾਰੇ ਸਰਕਾਰੀ ਸਕੂਲਾਂ ਦੇ ਬੱਚਿਆਂ ਲਈ ਕੀਤੀ ਜਾਂਦੀ ਹੈ ਤੇ ਇਸ ਵਾਰ ਵੀ ਉਹਨਾਂ ਦਾ ਟੀਚਾ ਲਗਭਗ 100 ਸਕੂਲਾਂ ਦੇ ਵਿੱਚ ਕਾਪੀਆਂ ਦੇ ਸੈਟ ਵੰਡਣ ਦਾ ਹੈ। ਸੁਸ਼ੀਲ ਕੁਮਾਰ ਕਾਈਨੌਰ ਵੱਲੋਂ ਮਨਦੀਪ ਸਿੰਘ ਬਾਜਵਾ ਅਤੇ ਉਹਨਾਂ ਦੀ ਪੂਰੀ ਟੀਮ ਦਾ ਤਹਿ ਦਿਲੋਂ ਸਵਾਗਤ ਕੀਤਾ ਗਿਆ ਅਤੇ ਧੰਨਵਾਦ ਕੀਤਾ ਗਿਆ ਅਤੇ ਉਹਨਾਂ ਦੇ ਇਸ ਤਰਾਂ ਦੇ ਨੇਕ ਉਪਰਾਲੇ ਕਰਨ ਲਈ ਭਰਪੂਰ ਸ਼ਲਾਘਾ ਕੀਤੀ ਗਈ। ਇਸ ਸਮੇਂ ਆਈ ਹੋਈ ਟੀਮ ਵਿੱਚ ਮਨਦੀਪ ਸਿੰਘ ਬਾਜਵਾ, ਅਮਰਜੀਤ ਸਿੰਘ ਲੱਲਾ, ਮਨਜੀਤ ਸਿੰਘ ਥੇੜੀ, ਜਸ਼ਨ ਸਰਪੰਚ ਸੁਖਜੀਤ ਸਿੰਘ ਚਤਾਮਲਾ ਪੰਚਾਇਤ ਮੈਂਬਰ ਬੀਰਦਵਿੰਦਰ ਸਿੰਘ ਤੋਂ ਇਲਾਵਾ ਸਕੂਲ ਸਟਾਫ ਦੇ ਵਿੱਚ ਮਲਕੀਤ ਸਿੰਘ, ਅਸ਼ਵਨੀ ਕੁਮਾਰ ਤਲਵਿੰਦਰ ਕੌਰ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।



## ਗੁਰੂ ਨਾਨਕ ਕਾਲਜੀਏਟ ਸੀਨੀਅਰ ਸੈਕੰਡਰੀ ਸਕੂਲ ਦਾ ਨਤੀਜਾ ਰਿਹਾ ਸ਼ਾਨਦਾਰ

**ਫਗਵਾੜਾ (ਜਸਵਿੰਦਰ ਢੱਡਾ)**- ਗੁਰੂ ਨਾਨਕ ਕਾਲਜੀਏਟ ਸੀ. ਸੈਕੰਡਰੀ ਸਕੂਲ ਸੁਖਚੈਨਆਣਾ ਸਾਹਿਬ ਫਗਵਾੜਾ ਦਾ ਪੰਜਾਬ ਸਕੂਲ ਸਿਖਿਆ ਬੋਰਡ ਵਲੋਂ ਕਰਵਾਈ ਗਈ 10+2 ਦੀ ਪ੍ਰੀਖਿਆ ਦਾ ਨਤੀਜ਼ਾ ਸ਼ਾਨਦਾਰ ਰਿਹਾ। ਇਸ ਮੌਕੇ ਤੇ ਗੁਰੂ ਕਾਲਜ ਕਮੇਟੀ ਦੇ ਪ੍ਰਧਾਨ ਜਤਿੰਦਰਪਾਲ ਸਿੰਘ ਪਲਾਹੀ, ਕਾਲਜ ਪ੍ਰਿੰਸੀਪਲ ਡਾ. ਗੁਰਦੇਵ ਸਿੰਘ ਰੰਧਾਵਾ ਅਤੇ ਸਕੂਲ ਪ੍ਰਿੰਸੀਪਲ ਸ਼੍ਰੀਮਤੀ ਰਣਜੀਤ ਕੌਰ ਨੇ ਵਿਦਿਆਰਥੀਆਂ ਨੂੰ ਬਹੁਤ-ਬਹੁਤ ਵਧਾਈਆਂ ਦਿੱਤੀਆਂ।

ਸਕੂਲ ਦੇ ਸਟਾਫ ਪਰਮਿੰਦਰ ਕੌਰ, ਮੈਡਮ ਭੁਪਿੰਦਰ ਕੌਰ, ਪ੍ਰਿਅੰਕਾ ਬਾਂਸਲ, ਪ੍ਰੋਫੈਸਰ ਆਸ਼ੁਤੋਸ਼ ਅਤੇ ਸਮੂਹ ਸਟਾਫ ਦੀ ਮਿਹਨਤ ਸਦਕਾ ਵਿਦਿਆਰਥੀਆਂ ਨੇ ਸ਼ਾਨਦਾਰ ਪ੍ਰਾਪਤੀਆਂ ਕੀਤੀਆਂ। ਇਸ ਪ੍ਰੀਖਿਆ ਵਿਚ ਕੁੱਲ 100 ਵਿਦਿਆਰਥੀ ਅਪੀਅਰ ਹੋਏ ਸਨ। ਸਕੂਲ ਦਾ ਨਤੀਜ਼ਾ 100% ਰਿਹਾ। ਬਹੁ-ਗਿਣਤੀ ਵਿਦਿਆਰਥੀਆਂ ਨੇ ਇਹ ਪ੍ਰੀਖਿਆ ਫਸਟ ਡਵੀਜ਼ਨ ਨਾਲ ਪਾਸ ਕੀਤੀ ਹੈ।10+2 ਨਾਨ ਮੈਡੀਕਲ ਵਿਚ ਨਵੰਕਿਤ ਗਿੱਲ ਸਪੁੱਤਰ ਰਮਨ ਕੁਮਾਰ ਨੇ 83.6 % ਅੰਕਾਂ ਨਾਲ ਪਹਿਲਾ ਸਥਾਨ, ਸ਼ਿਵਾਨੀ ਸਪੁਤੱਰੀ ਸੰਤੋਸ਼ ਸਿੰਘ ਨੇ 83.4 % ਅੰਕਾਂ ਨਾਲ ਦੂਸਰਾ ਸਥਾਨ ਅਤੇ ਸਮੀਕਸ਼ਾ ਸਪੁੱਤਰੀ ਬਲਵੀਰ ਚੰਦ ਨੇ 82.8 % ਅੰਕਾਂ ਨਾਲ ਤੀਸਰਾ ਸਥਾਨ ਪ੍ਰਾਪਤ ਕੀਤਾ।10+2 ਕਾਮਰਸ ਵਿਚ ਹਰਸ਼ਦੀਪ ਸਿੰਘ ਸਪੁੱਤਰ ਮਨਜਿੰਦਰ ਸਿੰਘ ਨੇ 90.2 % ਅੰਕਾਂ ਨਾਲ ਪਹਿਲਾ ਸਥਾਨ, ਹਰਮਨਜੀਤ ਕੌਰ ਸਪੁੱਤਰੀ ਹਰਮੇਲ ਸਿੰਘ ਨੇ 86.4 % ਅੰਕ ਪ੍ਰਾਪਤ ਕਰਕੇ ਦੂਸਰਾ ਸਥਾਨ ਅਤੇ ਦਕਸ਼ ਭੱਲਾ ਸਪੁੱਤਰ ਅਜੈ ਕੁਮਾਰ ਨੇ 78.4 % ਅੰਕ ਪ੍ਰਾਪਤ ਕਰਕੇ ਤੀਸਰਾ ਸਥਾਨ ਪ੍ਰਾਪਤ ਕੀਤਾ।10+2 ਆਰਟਸ ਦਾ ਨਤੀਜਾ ਵੀ ਸ਼ਾਨਦਾਰ ਰਿਹਾ।

ਜਿਨ੍ਹਾਂ ਵਿਚੋਂ ਜੋਵਨੀ ਸਪੁੱਤਰੀ ਹਰਪਾਲ ਸਿੰਘ ਨੇ 88 % ਅੰਕਾਂ ਨਾਲ ਪਹਿਲਾ ਸਥਾਨ, ਇਸ਼ਾਨ ਸ਼ਰਮਾਂ ਸਪੁੱਤਰ ਰਿਤੇਸ਼ ਕੁਮਾਰ ਨੇ 84 % ਅੰਕਾਂ ਨਾਲ ਦੂਸਰਾ ਸਥਾਨ, ਅਤੇ ਅਰਸ਼ਦੀਪ ਸਿੰਘ ਸਪੁੱਤਰ ਹਰਦੀਪ ਸਿੰਘ ਨੇ 81 % ਅੰਕਾਂ ਨਾਲ ਤੀਸਰਾ ਸਥਾਨ ਪ੍ਰਾਪਤ ਕੀਤਾ।



## ਸਾਂਝਾ ਕਿਸਾਨ ਮਜ਼ਦੂਰ ਮੋਰਚਾ ਦੀ ਮੀਟਿੰਗ

**ਬਲਾਚੌਰ/ਪੋਜੇਵਾਲ (ਜਸਵਿੰਦਰ ਬੈਂਸ/ਰਾਮ ਲਾਲ)**- ਟੋਲ ਪਲਾਜਾ ਬਛੂਆ ਤੇ ਸਾਂਝਾ ਕਿਸਾਨ ਮਜ਼ਦੂਰ ਮੋਰਚਾ ਸਬੰਧਤ ਭਾਈ ਲਾਲੋ ਲੋਕ ਮੰਚ ਦੇ ਕਾਠਗੜ੍ਹ ਸਰਕਲ ਦੇ ਅਹੁਦੇਦਾਰਾਂ ਦੀ ਮੀਟਿੰਗ ਮਨੋਹਰ ਲਾਲ ਦੀ ਪ੍ਰਧਾਨਗੀ ਹੇਠ ਹੋਈ। ਇਸ ਮੌਕੇ ਸੰਬੋਧਨ ਕਰਦੇ ਹੋਏ ਜਥੇਬੰਦੀ ਦੇ ਸਬਾਈ ਜਨਰਲ ਸਕੱਤਰ ਸਾਥੀਕਰਨ ਸਿੰਘ ਰਾਣਾ ਨੇ ਕਿਹਾ ਕਿ ਪੰਜਾਬ ਦੇ ਮਜ਼ਦੂਰ, ਕਿਸਾਨ ਅਤੇ ਮੁਲਾਜ਼ਮ ਕੇਂਦਰ ਸਰਕਾਰ ਅਤੇ ਪੰਜਾਬ ਸਰਕਾਰ ਤੋਂ ਸੰਘਰਸ਼ਾਂ ਰਾਹੀਂ ਮੰਗ ਕਰ ਰਹੇ ਹਨ ਕਿ ਬਿਜਲੀ ਸੋਧ ਬਿਲ 2025, ਦਾ ਡਰਾਫਟ ਰੱਦ ਕੀਤਾ ਜਾਵੇ, ਕਿਸਾਨਾਂ ਮਜ਼ਦੂਰਾਂ ਨੂੰ ਕਰਜ਼ਾ ਮੁਕਤ ਕੀਤਾ ਜਾਵੇ, ਫਸਲਾਂ ਦਾ ਲਾਹੇਵੰਦ ਭਾਅ ਦਿੱਤਾ ਜਾਵੇ, ਸੀਡ ਬਿਲ ਖਤਮ ਕੀਤਾ ਜਾਵੇ, ਚਰ ਲੇਬਰ ਕੋਡ ਰੱਦ ਕੀਤੇ ਜਾਣ, ਘੱਟੋ ਘੱਟ ਉਜਰਤ ਵਿੱਚ ਵਾਧਾ ਕੀਤਾ ਜਾਵੇ ਅਤੇ ਅਮਰੀਕਾ ਨਾਲ ਕੀਤਾ ਮੁਕਤ ਵਪਾਰ ਸਮਝੌਤਾ ਰੱਦ ਕੀਤਾ ਜਾਵੇ। ਮੀਟਿੰਗ ਵਿੱਚ ਕਾਠਗੜ ਵਿਖੇ ਸਿਹਤ ਕੇਂਦਰ ਦੀ ਅਤੀ ਮਾੜੀ ਹਾਲਤ ਤੇ ਸਨਅਤੀ ਖੇਤਰ ਟੌਸਾ ਵਿੱਚ ਫੈਲ ਰਹੇ ਹਵਾ ਪਾਣੀ ਦੇ ਪ੍ਰਦੂਸ਼ਣ ਤੇ ਖੁੱਲ ਕੇ ਵਿਚਾਰ ਹੋਈ। ਸਰਬ ਸੰਮਤੀ ਨਾਲ ਫੈਸਲਾ ਹੋਇਆ ਕਿ 15 ਮਈ ਨੂੰ ਐਸ ਕੇ ਐਮ ਦੀ ਕਾਲ ਤੇ ਗਵਰਨਰ ਨੂੰ ਮੰਗ ਪੱਤਰ ਦੇਣ ਦੇ ਪ੍ਰੋਗਰਾਮ ਵਿੱਚ ਹਿੱਸਾ ਲਿਆ ਜਾਵੇਗਾ, 16 ਮਈ ਨੂੰ ਕਿਸਾਨ ਭਵਨ ਚੰਡੀਗੜ੍ਹ ਵਿਖੇ ਪਿੰਡ ਬਚਾਓ ਪੰਜਾਬ ਬਚਾਓ ਵਿਸ਼ੇ ਤੇ ਕੀਤੇ ਗਏ ਜਾ ਰਹੇ ਪ੍ਰੋਗਰਾਮ ਵਿੱਚ ਹਿੱਸਾ ਲਿਆ ਜਾਵੇਗਾ। 24 ਮਈ ਤੋਂ ਹਲਕਾ ਬਲਾਚੌਰ ਵਿੱਚ ਜਨ ਸੰਪਰਕ ਲਈ ਮੋਟਰ ਸਾਈਕਲ ਜਥਾ ਮਾਰਚ ਕੀਤਾ ਜਾਵੇਗਾ। ਇਸ ਮੌਕੇ ਜਗਤਾਰ ਸਿੰਘ, ਪ੍ਰੇਮ ਸਿੰਘ ਸਾਬਕਾ ਸਰਪੰਚ, ਮੋਹਨ ਸਿੰਘ ਪ੍ਰਧਾਨ, ਸਤਪਾਲ ਤਹਿਸੀਲ ਪ੍ਰਧਾਨ, ਅਵਤਾਰ ਰਾਮ ਖੇਤ ਮਜ਼ਦੂਰ ਆਗੂ ਅਤੇ ਮਨਰੇਗਾ ਅਧਿਕਾਰ ਅੰਦੋਲਨ ਦੇ ਪ੍ਰੇਮ ਚੰਦ ਆਦਿ ਵੀ ਹਾਜ਼ਰ ਸਨ।



## ਪੇਪਰ ਲੀਕ ਹੋਣ ਦਾ ਕਾਰਨ ਸਿੱਖਿਆ ਤੰਤਰ ਵਿੱਚ ਫੈਲਿਆ ਭ੍ਰਿਸ਼ਟਾਚਾਰ : ਪੀ ਐੱਸ ਐੱਫ

**ਜਲੰਧਰ (ਸ਼ੈਲੀ ਐਲਬਰਟ)**- ਹਾਲ ਹੀ ਵਿੱਚ ਹੋਈ ਨੀਟ ਦੀ ਪ੍ਰੀਖਿਆ ਵਿੱਚ ਸਾਹਮਣੇ ਆਈਆਂ ਬੇਨਿਯਮੀਆਂ ਅਤੇ ਪੇਪਰ ਲੀਕ ਹੋਣ ਦੀਆਂ ਘਟਨਾਵਾਂ ਨੇ ਦੇਸ਼ ਭਰ ਦੇ ਵਿਦਿਆਰਥੀ ਜਗਤ ਵਿੱਚ ਗੁੱਸੇ ਦੀ ਲਹਿਰ ਪੈਦਾ ਕਰ ਦਿੱਤੀ ਹੈ। ਇਸ ਗੰਭੀਰ ਮੁੱਦੇ 'ਤੇ ਆਪਣਾ ਸਖ਼ਤ ਪ੍ਰਤੀਕਰਮ ਦਿੰਦਿਆਂ ਪੰਜਾਬ ਸਟੂਡੈਂਟਸ ਫੈਡਰੇਸ਼ਨ (ਪੀ ਐੱਸ ਐੱਫ) ਨੇ ਇੱਥੋਂ ਪ੍ਰੈਸ ਨੂੰ ਬਿਆਨ ਜਾਰੀ ਕਰਕੇ ਕੇਂਦਰ ਸਰਕਾਰ ਤੇ ਨੈਸ਼ਨਲ ਟੈਸਟਿੰਗ ਏਜੰਸੀ (ਐੱਨ ਟੀ ਏ) ਦੇ ਨਕਾਰਾਪਨ ਦੀ ਸਖ਼ਤ ਨਿਖੇਧੀ ਕੀਤੀ ਹੈ।ਜਥੇਬੰਦੀ ਦੇ ਸੂਬਾ ਪ੍ਰਧਾਨ ਰਵੀ ਲੋਹਗੜ੍ਹ ਅਤੇ ਸੂਬਾ ਜਨਰਲ ਸਕੱਤਰ ਗਗਨਦੀਪ ਨੇ ਰੋਸ ਪ੍ਰਗਟ ਕਰਦਿਆਂ ਕਿਹਾ ਕਿ ਇਹ ਮਹਿਜ਼ ਇੱਕ ਪ੍ਰਸ਼ਾਸਨਿਕ ਗਲਤੀ ਨਹੀਂ, ਸਗੋਂ ਲੱਖਾਂ ਮਿਹਨਤੀ ਵਿਦਿਆਰਥੀਆਂ ਦੇ ਸੁਪਨਿਆਂ ਦਾ ਕਤਲ ਹੈ। ਉਨ੍ਹਾਂ ਕਿਹਾ ਕਿ ਵਿਦਿਆਰਥੀ ਅਤੇ ਉਨ੍ਹਾਂ ਦੇ ਮਾਪੇ ਸਾਲਾਂ ਬੱਧੀ ਮਿਹਨਤ ਕਰਕੇ ਅਤੇ ਆਪਣੀ ਜਮ੍ਹਾਂ ਪੂੰਜੀ ਲਗਾ ਕੇ ਇਸ ਪ੍ਰੀਖਿਆ ਦੀ ਤਿਆਰੀ ਕਰਦੇ ਹਨ, ਪਰ ਨੈਸ਼ਨਲ ਟੈਸਟਿੰਗ ਏਜੰਸੀ ਦੀ ਨਾਕਾਮੀ ਨੇ ਉਨ੍ਹਾਂ ਦੇ ਭਵਿੱਖ ਨੂੰ ਹਨੇਰੇ ਵਿੱਚ ਧੱਕ ਦਿੱਤਾ ਹੈ। ਆਗੂਆਂ ਨੇ ਪ੍ਰੀਖਿਆ ਪ੍ਰਣਾਲੀ 'ਤੇ ਸਵਾਲ ਉਠਾਉਂਦਿਆਂ ਕਿਹਾ ਕਿ ਵਾਰ-ਵਾਰ ਪੇਪਰ ਲੀਕ ਹੋਣਾ ਸਿੱਖਿਆ ਤੰਤਰ ਵਿੱਚ ਫੈਲੇ ਭ੍ਰਿਸ਼ਟਾਚਾਰ ਦਰਸਾਉਂਦਾ ਹੈ। ਉਨ੍ਹਾਂ ਮੰਗ ਕੀਤੀ ਕਿ ਇਸ ਪੂਰੇ ਮਾਮਲੇ ਦੀ ਨਿਰਪੱਖ ਅਤੇ ਉੱਚ-ਪੱਧਰੀ ਜਾਂਚ ਕਰਵਾਈ ਜਾਵੇ ਤਾਂ ਜੋ ਇਸ ਪਿੱਛੇ ਲੁਕੇ ਅਸਲ ਦੋਸ਼ੀਆਂ ਨੂੰ ਬੇਨਕਾਬ ਕੀਤਾ ਜਾ ਸਕੇ।

## ਹਿੰਦੂ ਹਾਈ ਸਕੂਲ ਦੇ ਹੋਣਹਾਰ ਬੱਚਿਆਂ ਦਾ ਸਨਮਾਨ

**ਬੰਗਾ (ਅਵਤਾਰ ਕਲੇਰ)** ਹਿੰਦੂ ਹਾਈ ਸਕੂਲ ਬੰਗਾ ਦਾ ਸੈਸ਼ਨ 2025-26 ਦਾ ਦਸਵੀਂ ਜਮਾਤ ਦਾ ਨਤੀਜਾ ਸ਼ਾਨਦਾਰ ਰਿਹਾ। ਸਾਰੇ ਵਿਦਿਆਰਥੀ ਚੰਗੇ ਅੰਕ ਪ੍ਰਾਪਤ ਕਰਕੇ ਕਲਾਸ ਵਿੱਚੋਂ ਪਾਸ ਹੋਏ। ਵਿਦਿਆਰਥੀਆਂ ਨੇ ਆਪਣੀ ਮਿਹਨਤ ਅਤੇ ਲਗਨ ਨਾਲ ਸਕੂਲ ਅਤੇ ਆਪਣੇ ਮਾਂ-ਬਾਪ ਦਾ ਨਾਂਅ ਰੌਸ਼ਨ ਕੀਤਾ। ਜੀਨਤ ਪੁੱਤਰੀ ਮੁਹੰਮਦ ਜਾਫਰੁਲ ਨੇ ਕੁੱਲ 650 ਅੰਕਾਂ ਵਿੱਚੋਂ 601 ਅੰਕ ਪ੍ਰਾਪਤ ਕਰਕੇ ਸਕੂਲ ਵਿੱਚ ਪਹਿਲਾ ਸਥਾਨ ਪ੍ਰਾਪਤ ਕੀਤਾ, ਦੂਸਰੇ ਸਥਾਨ ਤੇ ਤਮੰਨਾ ਪੁੱਤਰੀ ਬਲਜੀਤ ਕੁਮਾਰ ਨੇ 529 ਅੰਕ ਪ੍ਰਾਪਤ ਕੀਤੇ ਅਤੇ ਤੁਸ਼ਾਰ ਪੁੱਤਰ ਸੁਰਿੰਦਰ ਪਾਲ ਅਤੇ ਸਿਮਰਨਜੀਤ ਕੌਰ ਪੁੱਤਰੀ ਬਲਵੀਰ ਰਾਮ ਨੇ 460 ਅੰਕ ਪ੍ਰਾਪਤ ਕਰਕੇ ਸਾਂਝੇ ਤੌਰ 'ਤੇ ਤੀਜਾ ਸਥਾਨ ਪ੍ਰਾਪਤ ਕੀਤਾ। ਇਹਨਾਂ ਪ੍ਰਾਪਤੀਆਂ ਲਈ ਵਿਦਿਆਰਥੀਆਂ ਦਾ ਵਿਸ਼ੇਸ਼ ਤੌਰ ਤੇ ਸਨਮਾਨ ਕੀਤਾ ਗਿਆ। ਇਸ ਮੌਕੇ ਤੇ ਸਮੂਹ ਅਧਿਆਪਕ ਵੇਦ ਭੂਸ਼ਨ, ਸੀਮਾ ਰਾਣੀ, ਰਜਨੀ, ਸੰਜਨਾ, ਰਿਤੂ ਤੇ ਪੱਲਵੀ ਹਾਜ਼ਰ ਸਨ।



## ਸਰਕਾਰੀ ਮਿਡਲ ਸਕੂਲ ਨੂੰ ਦਾਨੀ ਸੱਜਣ ਵੱਲੋਂ ਇਨਵਰਟਰ ਭੇਟ

**ਬਲਾਚੌਰ (ਜਸਵਿੰਦਰ ਬੈਂਸ)**- ਸਥਾਨਕ ਸਰਕਾਰੀ ਮਿਡਲ ਸਕੂਲ ਰੱਕੜਾਂ ਬੇਟ ਵਿਖੇ ਬੱਚਿਆਂ ਦੀਆਂ ਸੁਵਿਧਾਵਾਂ ਵਿੱਚ ਵਾਧਾ ਕਰਦਿਆਂ ਇੱਕ ਸਾਦੇ ਪਰ ਪ੍ਰਭਾਵਸ਼ਾਲੀ ਸਮਾਗਮ ਦੌਰਾਨ ਦਾਨੀ ਸੱਜਣ ਤੇ ਪੰਚਾਇਤ ਮੈਂਬਰ ਗੁਰਨਾਮ ਸਿੰਘ ਰਾਏ ਵੱਲੋਂ ਸਕੂਲ ਨੂੰ ਇੱਕ ਇਨਵਰਟਰ ਦਾਨ ਵਜੋਂ ਦਿੱਤਾ ਗਿਆ। ?ਇਸ ਮੌਕੇ ਸਕੂਲ ਇੰਚਾਰਜ ਕਰਨ ਕੁਮਾਰ ਨੇ ਦਾਨੀ ਸੱਜਣ ਦਾ ਧੰਨਵਾਦ ਕਰਦਿਆਂ ਕਿਹਾ ਕਿ ਬਿਜਲੀ ਦੇ ਕੱਟਾਂ ਦੌਰਾਨ ਵਿਦਿਆਰਥੀਆਂ ਨੂੰ ਪੜ੍ਹਾਈ ਵਿੱਚ ਆਉਂਦੀ ਦਿੱਕਤ ਹੁਣ ਦੂਰ ਹੋ ਜਾਵੇਗੀ। ਇਸ ਮੌਕੇ ਵਿਸ਼ੇਸ਼ ਤੌਰ 'ਤੇ ਪਹੁੰਚੇ ਸੇਵਾ ਮੁਕਤ ਅਧਿਆਪਕ ਹਰੀ ਸਿੰਘ ਮਾਸਟਰ ਨੇ ਵੀ ਗੁਰਨਾਮ ਸਿੰਘ ਰਾਏ ਦੇ ਇਸ ਉਪਰਾਲੇ ਦੀ ਸ਼ਲਾਘਾ ਕੀਤੀ ਤੇ ਕਿਹਾ ਕਿ ਅਜਿਹੇ ਸਹਿਯੋਗ ਨਾਲ ਸਰਕਾਰੀ ਸਕੂਲਾਂ ਦਾ ਮਿਆਰ ਹੋਰ ਉੱਚਾ ਹੁੰਦਾ ਹੈ। ?ਇਸ ਸਮਾਗਮ ਦੌਰਾਨ ਅਧਿਆਪਕ ਰਾਜਿੰਦਰ ਕੌਰ, ਅਰਚਨਾ ਚੌਹਾਨ ਅਤੇ ਸਮੂਹ ਸਕੂਲ ਮੈਨੇਜਮੈਂਟ ਕਮੇਟੀ ਦੇ ਮੈਂਬਰ ਹਾਜ਼ਰ ਸਨ। ਸਾਰਿਆਂ ਨੇ ਸਾਂਝੇ ਤੌਰ 'ਤੇ ਗੁਰਨਾਮ ਸਿੰਘ ਰਾਏ ਦਾ ਇਸ ਨੇਕ ਕਾਰਜ ਲਈ ਤਹਿ ਦਿਲੋਂ ਸ਼ੁਕਰੀਆ ਅਦਾ ਕੀਤਾ।



## ਬੀ ਕੇ ਯੂ ਏਕਤਾ (ਸਿੱਧੂਪੁਰ) ਵੱਲੋਂ ਬੈਂਕ ਅੱਗੇ ਚੌਥੇ ਦਿਨ ਵੀ ਧਰਨਾ ਜਾਰੀ

**ਡੇਰਾਬਸੀ (ਵਿਨੈ ਕੁਮਾਰ ਜੈਨ)**- ਭਾਰਤੀ ਕਿਸਾਨ ਯੂਨੀਅਨ ਏਕਤਾ (ਸਿੱਧੂਪੁਰ) ਵੱਲੋਂ ਪੰਜਾਬ ਪੱਧਰ 'ਤੇ ਵਿੱਢੀ ਗਈ ਮੁਹਿੰਮ ਤਹਿਤ ਚੌਥੇ ਦਿਨ ਵੀ ਡੇਰਾਬਸੀ ਵਿਖੇ ਬੈਂਕ ਅੱਗੇ ਰੋਸ ਪ੍ਰਦਰਸ਼ਨ ਜਾਰੀ ਰਿਹਾ। ਜ਼ਿਲ੍ਹਾ ਮੋਹਾਲੀ ਦੇ ਕਨਵੀਨਰ ਜਸਵਿੰਦਰ ਸਿੰਘ ਟਿਵਾਣਾ ਦੀ ਅਗਵਾਈ ਹੇਠ ਕਿਸਾਨਾਂ ਨੇ ਤਿੱਖਾ ਰੁਖ਼ ਅਖ਼ਤਿਆਰ ਕਰਦਿਆਂ ਬੈਂਕ ਨੂੰ ਮੁਕੰਮਲ ਤੌਰ 'ਤੇ ਬੰਦ ਕਰਕੇ ਉੱਥੇ ਪੱਕਾ ਮੋਰਚਾ ਲਾ ਦਿੱਤਾ। ?ਧਰਨੇ ਨੂੰ ਸੰਬੋਧਨ ਕਰਦਿਆਂ ਜਥੇਬੰਦੀ ਦੇ ਆਗੂਆਂ ਨੇ ਕਿਹਾ ਕਿ 11 ਮਈ ਤੋਂ ਪੰਜਾਬ ਭਰ ਵਿੱਚ ਵੱਖ-ਵੱਖ ਬੈਂਕਾਂ ਅੱਗੇ ਧਰਨੇ ਦਿੱਤੇ ਜਾ ਰਹੇ ਹਨ, ਪਰ ਅਫ਼ਸੋਸ ਦੀ ਗੱਲ ਹੈ ਕਿ ਤਿੰਨ ਦਿਨ ਬੀਤ ਜਾਣ ਦੇ ਬਾਵਜੂਦ ਸਰਕਾਰ ਜਾਂ ਸਥਾਨਕ ਪ੍ਰਸ਼ਾਸਨ ਦੇ ਕਿਸੇ ਵੀ ਨੁਮਾਇੰਦੇ ਨੇ ਕਿਸਾਨਾਂ ਦੀ ਸਾਰ ਨਹੀਂ ਲਈ। ਪ੍ਰਸ਼ਾਸਨ ਦੀ ਇਸ ਬੇਰੁਖ਼ੀ ਤੋਂ ਗੁੱਸੇ ਵਿੱਚ ਆਏ ਕਿਸਾਨਾਂ ਨੇ ਚੌਥੇ ਦਿਨ ਬੈਂਕ ਦਾ ਕੰਮਕਾਜ ਪੂਰੀ ਤਰ੍ਹਾਂ ਠੱਪ ਕਰ ਦਿੱਤਾ ਤੇ ਸਰਕਾਰ ਵਿਰੁੱਧ ਜੰਮ ਕੇ ਨਾਅਰੇਬਾਜ਼ੀ ਕੀਤੀ।

ਜ਼ਿਲ੍ਹਾ ਫ਼ਰੀਦਕੋਟ ਦੇ ਪਿੰਡ ਹਰੀ ਨੌਂ ਦੇ ਦੋ ਸਕੇ ਭਰਾਵਾਂ, ਜਿਨ੍ਹਾਂ ਨੇ ਬੈਂਕਾਂ ਤੇ ਕਰਜ਼ੇ ਦੀ ਮਾਰ ਹੇਠ ਆ ਕੇ ਖ਼ੁਦਕੁਸ਼ੀ ਕੀਤੀ ਸੀ, ਦੇ ਪੀੜਤ ਪਰਿਵਾਰ ਨੂੰ ਤੁਰੰਤ ਇਨਸਾਫ਼ ਦਿੱਤਾ ਜਾਵੇ।

ਬੈਂਕਾਂ ਵੱਲੋਂ ਕਿਸਾਨਾਂ ਤੋਂ ਸੁਰੱਖਿਆ ਵਜੋਂ ਲਏ ਗਏ ਖਾਲੀ ਚੈੱਕ ਤੁਰੰਤ ਵਾਪਸ ਕੀਤੇ ਜਾਣ ਤਾਂ ਜੋ ਕਿਸਾਨਾਂ ਦੀ ਮਾਨਸਿਕ ਅਤੇ ਆਰਥਿਕ ਲੁੱਟ ਬੰਦ ਹੋ ਸਕੇ। ਕਿਸਾਨਾਂ ਨੂੰ ਕਰਜ਼ੇ ਦੇ ਜਾਲ ਵਿੱਚੋਂ ਕੱਢਣ ਲਈ ਵਨ ਟਾਈਮ ਸੈਟਲਮੈਂਟ ਸਕੀਮ ਲਾਗੂ ਕੀਤੀ ਜਾਵੇ ਤਾਂ ਜੋ ਉਹ ਆਪਣਾ ਸਿਰ ਉੱਚਾ ਕਰਕੇ ਜੀ ਸਕਣ। ?ਇਸ ਮੌਕੇ ਕਿਸਾਨਾਂ ਦੇ ਇਕੱਠ ਨੂੰ ਸੰਬੋਧਨ ਕਰਨ ਲਈ ਵਿਸ਼ੇਸ਼ ਤੌਰ 'ਤੇ ਜ਼ਿਲ੍ਹਾ ਪਟਿਆਲਾ ਦੇ ਪ੍ਰਧਾਨ ਜਗਦੀਪ ਸਿੰਘ ਅਲੂਣਾ ਅਤੇ ਜ਼ਿਲ੍ਹਾ ਫ਼ਤਹਿਗੜ੍ਹ ਸਾਹਿਬ ਦੇ ਪ੍ਰਧਾਨ ਗੁਰਜਿੰਦਰ ਸਿੰਘ ਪਹੁੰਚੇ। ਉਨ੍ਹਾਂ ਕਿਹਾ ਕਿ ਜਿੰਨੀ ਦੇਰ ਤੱਕ ਮੰਗਾਂ ਨਹੀਂ ਮੰਨੀਆਂ ਜਾਂਦੀਆਂ, ਇਹ ਸੰਘਰਸ਼ ਹੋਰ ਤੇਜ਼ ਕੀਤਾ ਜਾਵੇਗਾ। ਧਰਨੇ ਵਿੱਚ ਹੋਰਨਾਂ ਤੋਂ ਇਲਾਵਾ ਬਲਾਕ ਮੋਹਾਲੀ ਦੇ ਪ੍ਰਧਾਨ ਤਰਲੋਚਨ ਸਿੰਘ, ਗੁਰਮੀਤ ਸਿੰਘ ਸਿਆਊ, ਬਲਾਕ ਡੇਰਾਬਸੀ ਦੇ ਕਾਰਜਕਾਰੀ ਪ੍ਰਧਾਨ ਜਸਪਾਲ ਸਿੰਘ, ਪ੍ਰੇਮ ਸਿੰਘ ਰਾਣਾ, ਮਨਜੀਤ ਸਿੰਘ ਦੱਪਰ, ਬਲਪ੍ਰੀਤ ਸਿੰਘ ਫ਼ਤਹਿਗੜ੍ਹ ਸਾਹਿਬ, ਤੇਜਿੰਦਰ ਸਿੰਘ, ਜਸਵੰਤ ਸਿੰਘ ਆਲਮਗੀਰ, ਹਰਪਾਲ ਸਿੰਘ, ਲਾਲ ਸਿੰਘ ਤੇ ਵੱਡੀ ਗਿਣਤੀ ਵਿੱਚ ਇਲਾਕੇ ਦੇ ਕਿਸਾਨ ਮੌਜੂਦ ਸਨ।



## ਨਾਨ ਟੀਚਿੰਗ ਇੰਪਲਾਈਜ ਯੂਨੀਅਨ ਦਾ ਵਫਦ ਸਿੱਖਿਆ ਮੰਤਰੀ ਤੇ ਡੀ ਪੀ ਆਈ ਕਾਲਜ ਪੰਜਾਬ ਨੂੰ ਮਿਲਿਆ

**ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)**- ਪਿਛਲੇ ਲੰਬੇ ਸਮੇਂ ਤੋਂ ਪੰਜਾਬ ਦੇ ਏਡਡ ਕਾਲਜਾਂ ਵਿੱਚ ਸਟਾਫ ਨੂੰ ਗਰਾਂਟ ਨਾ ਮਿਲਣ ਕਾਰਨ ਕਾਫੀ ਬੇਚੈਨੀ ਪਾਈ ਜਾ ਰਹੀ ਅਤੇ ਸਟਾਫ਼ ਆਰਥਿਕ ਤੰਗੀ ਨਾਲ ਜੂਝ ਰਿਹਾ ਸੀ। ਇਸ ਸਬੰਧੀ ਕੱਲ ਨਾਨ ਟੀਚਿੰਗ ਇਮਪਲਾਈਜ਼ ਯੂਨੀਅਨ ਪੰਜਾਬ ਦਾ ਵਫਦ ਮਾਨਯੋਗ ਉਚੇਰੀ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਨੂੰ ਮਿਲਿਆ। ਵਫਦ ਵੱਲੋਂ ਸਿੱਖਿਆ ਮੰਤਰੀ ਨੂੰ ਦੱਸਿਆ ਗਿਆ ਕਿ ਪਿਛਲੇ ਲੰਬੇ ਸਮੇਂ ਤੋਂ ਪੰਜਾਬ ਦੇ ਏਡਡ ਕਾਲਜਾਂ ਨੂੰ ਗਰਾਂਟ ਨਾ ਆਉਣ ਕਾਰਨ ਤਨਖਾਹ ਨਹੀਂ ਮਿਲ ਰਹੀ ਇਸ ਲਈ ਸਟਾਫ ਵਿੱਚ ਕਾਫੀ ਬੇਚੈਨੀ ਪਾਈ ਜਾ ਰਹੀ ਹੈ। ਇਸ ਲਈ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਨੇ ਮੌਕੇ ਤੇ ਸਬੰਧਤ ਮਹਿਕਮੇ ਨੂੰ ਫੋਨ ਰਾਹੀਂ ਆਦੇਸ਼ ਜਾਰੀ ਕੀਤੇ। ਨਾਨ ਟੀਚਿੰਗ ਇੰਪਲਾਈਜ ਯੂਨੀਅਨ ਪੰਜਾਬ ਦੇ ਪ੍ਰੈੱਸ ਸਕੱਤਰ ਸ ਤੇਜਿੰਦਰ ਸਿੰਘ ਨੇ ਦੱਸਿਆ ਕਿ ਇਸ ਸਬੰਧੀ ਨਾਨ ਟੀਚਿੰਗ ਇਮਪਲਾਈਜ ਯੂਨੀਅਨ ਪੰਜਾਬ ਦਾ ਵਫ਼ਦ ਡੀ ਪੀ ਆਈ ਕਾਲਜਾਂ ਪੰਜਾਬ ਐਚ ਐਸ ਬਰਾੜ ਨੂੰ ਮਿਲਿਆ।

ਵਫ਼ਦ ਵੱਲੋਂ ਹੋਰ ਮੰਗਾਂ ਦੇ ਨਾਲ ਗ੍ਰਾਂਟ ਜਾਰੀ ਕਰਨ ਦੀ ਮੰਗ ਨੂੰ ਜ਼ੋਰਦਾਰ ਢੰਗ ਨਾਲ ਉਠਾਇਆ ਅਤੇ ਦੱਸਿਆ ਗਿਆ ਕਿ ਤਨਖਾਹਾਂ ਨਾ ਮਿਲਣ ਕਾਰਨ ਟੀਚਿੰਗ ਅਤੇ ਨਾਨ ਟੀਚਿੰਗ ਸਟਾਫ ਆਰਥਿਕ ਮੰਦਹਾਲੀ ਦਾ ਸ਼ਿਕਾਰ ਹੋ ਰਿਹਾ ਹੈ, ਡੀ ਪੀ ਆਈ ਸਾਬ ਨੇ ਵਫ਼ਦ ਦੀ ਗੱਲ ਨੂੰ ਧਿਆਨ ਨਾਲ ਸੁਣਿਆ ਅਤੇ ਮੌਕੇ ਤੇ ਮਹਿਕਮੇ ਦੇ ਅਧਿਕਾਰੀਆਂ ਅਤੇ ਕਰਮਚਾਰੀਆਂ ਨੂੰ ਆਦੇਸ਼ ਜਾਰੀ ਕੀਤੇ ਗਏ ਅਤੇ ਵਫ਼ਦ ਨੂੰ ਭਰੋਸਾ ਦਿਵਾਇਆ ਕਿ ਅਗਲੇ ਹਫ਼ਤੇ ਦੇ ਆਰੰਭ ਵਿੱਚ ਗ੍ਰਾਂਟ ਜਾਰੀ ਕਰ ਦਿੱਤੀ ਜਾਵੇਗੀ। ਇਸ ਮੌਕੇ ਵਫ਼ਦ ਵਿੱਚ ਪ੍ਰਧਾਨ ਨਾਨ ਟੀਚਿੰਗ ਇੰਪਲਾਈਜ ਯੂਨੀਅਨ ਪੰਜਾਬ ਸ ਸਵਿੰਦਰ ਸਿੰਘ ਗੋਲਾ, ਜਨਰਲ ਸਕੱਤਰ ਜਗਦੀਪ ਸਿੰਘ, ਆਰਗੇਨਾਈਜ਼ਿੰਗ ਸਕੱਤਰ ਪ੍ਰੇਮ ਸਿੰਘ, ਗਜਿੰਦਰ ਸਿੰਘ ਸ੍ਰੀ ਗੁਰੂ ਤੇਗ ਬਹਾਦਰ ਖਾਲਸਾ ਕਾਲਜ ਅਨੰਦਪੁਰ ਸਾਹਿਬ ਤੋਂ ਰਵਿੰਦਰਪਾਲ ਸਿੰਘ ਹਾਜ਼ਰ ਸਨ।ਇਸ ਮੌਕੇ ਠੇਕੇਦਾਰ ਬਚਿੱਤਰ ਸਿੰਘ ਬੈਂਸ ਵਿਸ਼ੇਸ਼ ਤੌਰ 'ਤੇ ਹਾਜ਼ਰ ਰਹੇ।



## ਲੋੜਵੰਦ ਬੱਚੇ ਦੇ ਇਲਾਜ ਲਈ ਕੀਤੀ ਵਿੱਤੀ ਸਹਾਇਤਾ

**ਚੰਡੀਗੜ੍ਹ (ਸੁਰਜੀਤ ਸੁਮਨ)**- ਪਰਮ ਸੇਵਾ ਵੈੱਲਫੇਅਰ ਸੁਸਾਇਟੀ ਦੇ ਸਰਗਰਮ ਮੈਂਬਰਾਂ ਸੋਨੀਆ ਮਹਾਜਨ ਵੱਲੋਂ ਧਿਆਨ ਵਿੱਚ ਲਿਆਉਣ 'ਤੇ ਸੁਸਾਇਟੀ ਵੱਲੋਂ ਲੋੜਵੰਦ ਮਰੀਜ਼ ਕਾਕਾ ਅਨਵੀਰ ਸਿੰਘ ਪੁੱਤਰ ਕੁਲਦੀਪ ਕੁਮਾਰ ਵਾਸੀ ਜ਼ੀਰਕਪੁਰ ਜਿਸ ਦੇ ਹੱਥ ਦਾ ਅਪਰੇਸ਼ਨ ਹੋਇਆ ਹੈ, ਦੀ ਵਿੱਤੀ ਸਹਾਇਤਾ ਕੀਤੀ ਗਈ। ਇਹ ਸਹਾਇਤਾ ਰਾਸ਼ੀ ਸੁਸਾਇਟੀ ਮੈਂਬਰ ਸੋਨੀਆ ਮਹਾਜਨ ਵੱਲੋਂ ਮੌਕੇ 'ਤੇ ਜਾ ਕੇ ਮਰੀਜ਼ ਨੂੰ ਦਿੱਤੀ ਗਈ।ਸੁਸਾਇਟੀ ਪ੍ਰਧਾਨ ਸੋਮ ਨਾਥ ਭੱਟ ਨੇ ਦੱਸਿਆ ਕਿ ਸੁਸਾਇਟੀ ਦੇ ਮਰਦ ਮੈਂਬਰਾਂ ਤੋਂ ਇਲਾਵਾ ਔਰਤ ਮੈਂਬਰਜ਼ ਵੀ ਇਸ ਨੇਕ ਕੰਮ ਵਿੱਚ ਵਧ-ਚੜ੍ਹ ਕੇ ਆਪਣਾ ਯੋਗਦਾਨ ਪਾਉਂਦੀਆਂ ਹਨ, ਜਿਨ੍ਹਾਂ ਵਿੱਚ ਸੁਰਿੰਦਰ ਕੌਰ, ਪ੍ਰਿੰ. ਕੁਲਦੀਪ ਕੌਰ, ਪਰਵੀਨ ਭੱਟ, ਮਧੂ ਸ਼ਰਮਾ ਅੰਬਾਲਾ, ਆਰਤੀ ਸਹਿਗਲ, ਚੰਦਰ ਕਾਂਤਾ, ਸੁਚਿਤਾ ਤਿਵਾੜੀ, ਮਿਨਾਕਸ਼ੀ ਕੌਸ਼ਲ, ਵਿਨਿਤਾ ਪੰਚਕੂਲਾ, ਸੁਨੀਤਾ ਗੌਤਮ, ਕਮਲੇਸ਼ ਕਾਲਕਾ, ਮਮਤਾ, ਅੰਜੂ ਛਾਬੜਾ, ਨਲਿਨੀ ਬੰਗਾਂ, ਰਾਜ ਕੁਮਾਰੀ, ਮਮਤਾ ਗੌਤਮ ਅਤੇ ਸੁਖਵੰਤ ਕੌਰ ਆਦਿ ਸ਼ਾਮਿਲ ਹਨ ਜੋ ਸੁਸਾਇਟੀ ਲਈ ਦਿਨ-ਰਾਤ ਕੰਮ ਕਰਦੀਆਂ ਹਨ ਅਤੇ ਹਰ ਸਮੇਂ ਲੋੜਵੰਦਾਂ ਦੀ ਸੇਵਾ ਲਈ ਤਤਪਰ ਰਹਿੰਦੀਆਂ ਹਨ। ਜ਼ਿਕਰਯੋਗ ਹੈ ਕਿ ਬੱਚੇ ਦੇ ਪਰਿਵਾਰ ਵੱਲੋਂ ਇਸ ਨੇਕ ਕਾਰਜ ਲਈ ਸੁਸਾਇਟੀ ਦਾ ਧੰਨਵਾਦ ਕੀਤਾ ਗਿਆ।



## 17 ਨੂੰ ਮੁੱਖ ਮੰਤਰੀ ਨਿਵਾਸ ਵੱਲ ਰੋਸ ਮਾਰਚ ਲਈ ਮੁਹਿੰਮ ਜਾਰੀ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਮੁਲਾਜ਼ਮਾਂ ਦੀਆਂ ਵਿੱਤੀ ਮੰਗਾਂ ਹੱਲ ਕਰਨ ਤੋਂ ਇਨਕਾਰੀ ਸਰਕਾਰ ਖ਼ਿਲਾਫ਼ ਸੰਘਰਸ਼ ਨੂੰ ਹੋਰ ਮਘਾਉਣ ਲਈ 'ਪੁਰਾਣੇ ਸਕੇਲ, ਪੁਰਾਣੀ ਪੈਨਸ਼ਨ ਅਤੇ ਭੱਤੇ ਬਹਾਲੀ ਮੋਰਚੇ' ਵੱਲੋਂ 17 ਮਈ ਨੂੰ ਮੋਹਾਲੀ ਵਿਖੇ ਵਿਸ਼ਾਲ ਰੋਸ ਰੈਲੀ ਕਰਨ ਉਪਰੰਤ ਮੁੱਖ ਮੰਤਰੀ ਪੰਜਾਬ ਦੇ ਨਿਵਾਸ ਵੱਲ ਕੀਤੇ ਜਾ ਰਹੇ ਰੋਸ ਮਾਰਚ ਦੀਆਂ ਤਿਆਰੀਆਂ ਜ਼ੋਰਾਂ ਉੱਤੇ ਹਨ। ਇਸ ਸਬੰਧੀ ਜਾਣਕਾਰੀ ਦਿੰਦਿਆਂ ਪੁਰਾਣੀ ਪੈਨਸ਼ਨ ਪ੍ਰਾਪਤੀ ਫ਼ਰੰਟ ਦੇ ਦੋਆਬਾ ਜੋਨ ਦੇ ਕਨਵੀਨਰ ਇੰਦਰ ਸੁਖਦੀਪ ਸਿੰਘ ਓਢਰਾ, ਜ਼ਿਲ੍ਹਾ ਕਨਵੀਨਰ ਮਨਜੀਤ ਸਿੰਘ ਦਸੂਹਾ, ਬਲਾਕ ਮੁਕੇਰੀਆਂ ਦੇ ਪ੍ਰਧਾਨ ਬਲਕਾਰ ਸਿੰਘ ਪੁਰੀਕਾ ਅਤੇ ਜਨਰਲ ਸਕੱਤਰ ਵਰਿੰਦਰ ਸੈਣੀ ਨੇ ਦੱਸਿਆ ਕਿ ਸਰਕਾਰ ਵੱਲੋਂ ਮੁਲਾਜ਼ਮਾਂ ਦੀਆਂ ਵਿੱਤੀ ਮੰਗਾਂ ਪ੍ਰਤੀ ਅਪਣਾਈ ਬੇਰੁਖੀ ਦਾ ਬਣਦਾ ਜਵਾਬ ਵੱਡੇ ਸੰਘਰਸ਼ਾਂ ਰਾਹੀਂ ਦਿੱਤਾ ਜਾਵੇਗਾ। ਆਗੂਆਂ ਨੇ ਦੱਸਿਆ ਕਿ ਨਵੇਂ ਕੇਂਦਰੀ ਸਕੇਲਾਂ ਅਧਾਰਿਤ 17-7-2020 ਦਾ ਨੋਟੀਫਿਕੇਸ਼ਨ ਮੁੱਢੋਂ ਰੱਦ ਕਰਵਾਕੇ ਛੇਵੇਂ ਪੰਜਾਬ ਤਨਖਾਹ ਕਮਿਸ਼ਨ ਸਮੇਤ 15% ਵਾਧੇ ਅਨੁਸਾਰ ਤਨਖਾਹਾਂ ਫਿਕਸ ਕਰਵਾਉਣ, ਡਾ. ਸੌਰਵ ਸ਼ਰਮਾ ਤੇ ਬਾਕੀ ਸਮਾਨ ਅਦਾਲਤੀ ਕੇਸਾਂ ਵਿੱਚ ਸੇਵਾ ਨਿਯਮਾਂ ਅਨੁਸਾਰ ਸਹੀ ਅਰਥਾਂ 'ਚ ਪੰਜਾਬ ਤਨਖਾਹ ਸਕੇਲ ਲਾਗੂ ਕਰਵਾਉਣ ਦੀ ਮੰਗ ਨੂੰ ਲੈ ਕੇ ਸੰਘਰਸ਼ਾਂ ਨੂੰ ਜਰਬਾਂ ਦੇਣ ਫੈਸਲੇ ਕੀਤੇ ਗਏ ਅਨੁਸਾਰ 17 ਮਈ ਨੂੰ ਮੋਹਾਲੀ ਵਿਖੇ ਹਜਾਰਾਂ ਮੁਲਾਜ਼ਮਾਂ ਦੀ ਸ਼ਮੂਲੀਅਤ ਕਰਵਾਉਂਦੇ ਹੋਏ ਵਿਸ਼ਾਲ ਸੂਬਾਈ ਰੈਲੀ ਕੀਤੀ ਜਾਵੇਗੀ ਤੇ ਮੁੱਖ ਮੰਤਰੀ ਭਗਵੰਤ ਮਾਨ ਦੀ ਚੰਡੀਗੜ੍ਹ ਰਿਹਾਇਸ਼ ਵੱਲ ਮਾਰਚ ਕੀਤਾ ਜਾਵੇਗਾ। ਇਸ ਮੌਕੇ ਪੂਨਮ ਮੰਗਲ, ਜੀਵਨ ਜੋਤੀ, ਵਰਿੰਦਰ ਕੌਰ, ਗੀਟਾ ਰਾਣੀ, ਜਤਿੰਦਰ ਸਿੰਘ ਚੱਕ ਅੱਲਾ ਬਖ਼ਸ਼, ਸੋਹਣ ਸਿੰਘ ਪੁਆਰ, ਅਨਿਲ ਕੁਮਾਰ, ਬਰੇਸ਼ ਜਸਰੋਟੀਆ, ਜਸਵਿੰਦਰ ਝਿੰਗੜ ਆਦਿ ਵੀ ਹਾਜ਼ਰ ਸਨ।



## ਪਾਵਰਕਾਮ ਟਰਾਸਕੋ ਪੈਨਸ਼ਨਰ ਯੂਨੀਅਨ ਏਟਕ ਦੀ ਮੀਟਿੰਗ



**ਬੰਗਾ (ਅਵਤਾਰ ਕਲੇਰ)**- ਪਾਵਰਕਾਮ ਟਰਾਸਕੋ ਪੈਨਸ਼ਨਰ ਯੂਨੀਅਨ ਏਟਕ ਮੰਡਲ ਨਵਾਂ ਸ਼ਹਿਰ ਵੱਲੋਂ ਮਹੀਨਾਵਾਰ ਮੀਟਿੰਗ ਜਗਦੀਸ਼ ਸਿੰਘ ਦੀ ਪ੍ਰਧਾਨਗੀ ਹੇਠ ਕੀਤੀ ਗਈ। ਸਟੇਜ ਦੀ ਕਾਰਵਾਈ ਮੰਡਲ ਸਕੱਤਰ ਇੰਜ: ਵਿਜੇ ਸਿੰਘ ਵਲੋਂ ਕੀਤੀ ਗਈ। ਮੀਟਿੰਗ ਵਿੱਚ ਸਰਕਲ ਪ੍ਰਧਾਨ ਹਸ਼ਮਤ ਅਲੀ, ਸਰਕਲ ਆਗੂ ਹਰਮੇਸ ਲਾਲ, ਸੂਬਾ ਆਗੂ ਰਾਮ ਆਸਰਾ ਵਲੋਂ ਸ਼ਮੂਲੀਅਤ ਕੀਤੀ ਗਈ। ਮੰਡਲ ਆਗੂ ਕੁੰਦਨ ਸਿੰਘ ਅਡੀਟਰ, ਵਿਜੇ ਸਿੰਘ, ਰਾਮ ਲਖਣ ਕੈਸ਼ੀਅਰ, ਹਰੀ ਕ੍ਰਿਸ਼ਨ , ਪਰਭਾਕਰ ਤਿਵਾੜੀ, ਲਛਮਣ ਦਾਸ ਆਦਿ ਬੁਲਾਰਿਆਂ ਵੱਲੋਂ ਮਹਿੰਗਾਈ ਭੱਤਾ ਦੇ ਬਕਾਏ ਸਕੇਲਾਂ ਦੇ ਬਕਾਏ ਬਿਨਾ ਕਿਸ਼ਤਾਂ ਦਿੱਤੇ ਜਾਣ, ਮੈਡੀਕਲ ਬਿੱਲਾਂ ਦੀਆਂ ਪੈਂਡਿੰਗ ਪਈਆਂ ਅਦਾਇਗੀਆਂ ਤੁਰੰਤ ਕੀਤੀਆਂ ਜਾਣ, ਪੈਨਸ਼ਨਰਾਂ ਸਾਥੀਆਂ ਦੇ ਮਸਲੇ ਪਹਿਲ ਦੇ ਆਧਾਰ ਤੇ ਨਿਪਟਾਏ ਜਾਣ, ਸਾਰੇ ਪੈਨਸ਼ਨਰਾਂ ਫੈਮਿਲੀ ਪੈਨਸ਼ਨਰਾਂ ਦੀਆਂ ਮੁਸ਼ਕਿਲਾਂ ਸੁਣੀਆਂ ਗਈਆਂ ਇਹਨਾਂ ਮੁਸ਼ਕਲਾਂ ਨੂੰ ਹੱਲ ਕਰਨ ਦਾ ਭਰੋਸਾ ਦਿੱਤਾ ਗਿਆ ਅਤੇ ਅਗਲੇ ਸੰਘਰਸ਼ਾਂ ਪ੍ਰਤੀ ਜਾਗਰੂਕ ਕੀਤਾ ਗਿਆ।

ਇਸ ਮੀਟਿੰਗ ਵਿੱਚ ਸੁਰੇਸ਼ ਕੁਮਾਰ ਕੈਸ਼ੀਅਰ, ਸੁਰਿੰਦਰ ਸਿੰਘ ਰਾਣਾ ਕੈਸ਼ੀਅਰ, ਸੁਰਿੰਦਰ ਸਿੰਘ , ਅਸ਼ੋਕ ਕੁਮਾਰ , ਮੋਹਨ ਲਾਲ, ਇੰਜ ਕਸ਼ਮੀਰੀ ਜੇ ਈ, ਧਰਮਪਾਲ, ਕਸ਼ਮੀਰੀ ਲਾਲ, ਕੁਲਵੰਤ ਸਿੰਘ, ਸੁਖਵਿੰਦਰ ਸਿੰਘ, ਕੁਲਵਿੰਦਰ ਪਾਲ, ਅਮਰੀਕ ਸਿੰਘ, ਸਵਰਨ ਦਾਸ ਆਦਿ ਤੋਂ ਇਲਾਵਾ ਹੋਰ ਵੀ ਬਹੁਤ ਵੱਡੀ ਗਿਣਤੀ ਵਿੱਚ ਸਾਥੀਆਂ ਨੇ ਸ਼ਿਰਕਤ ਕੀਤੀ।

## ਚੋਣਾਂ ਤੋਂ ਠੀਕ ਪਹਿਲਾਂ ਐੱਸ ਆਈ ਆਰ ਕਿਉਂ ਕਰਵਾਈ ਜਾ ਰਹੀ : ਵੜਿੰਗ

**ਚੰਡੀਗੜ੍ਹ (ਗੁਰਜੀਤ ਬਿੱਲਾ)**- ਪੰਜਾਬ ਕਾਂਗਰਸ ਦੇ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਨੇ ਪੰਜਾਬ ਵਿੱਚ ਸਪੈਸ਼ਲ ਇਨਟੇਨਸਿਵ ਰਵਿਜ਼ਨ (ਐੱਸ ਆਈ ਆਰ) ਮੁਹਿੰਮ ਦੇ ਸਮੇਂ 'ਤੇ ਸਵਾਲ ਖੜ੍ਹੇ ਕੀਤੇ ਹਨ, ਜਦੋਂ ਕਿ ਰਾਜ ਵਿੱਚ ਵਿਧਾਨ ਸਭਾ ਚੋਣਾਂ ਲਈ ਦੱਸ ਮਹੀਨੇ ਤੋਂ ਵੀ ਘੱਟ ਸਮਾਂ ਬਚਿਆ ਹੈ।ਭਾਰਤੀ ਚੋਣ ਆਯੋਗ ਵੱਲੋਂ ਇਸ ਸਬੰਧੀ ਕੀਤੇ ਐਲਾਨ 'ਤੇ ਪ੍ਰਤੀਕਿਰਿਆ ਦਿੰਦਿਆਂ ਵੜਿੰਗ ਨੇ ਕਿਹਾ ਕਿ ਪੰਜਾਬ ਵਿੱਚ ਚੋਣਾਂ ਤੋਂ ਬਾਅਦ ਵੀ ਇਹ ਕਾਰਵਾਈ ਕੀਤੀ ਜਾ ਸਕਦੀ ਸੀ ਤਾਂ ਜੋ ਲੋਕਾਂ ਨੂੰ ਇਹ ਭਰੋਸਾ ਰਹੇ ਕਿ ਇਸ ਦੇ ਪਿੱਛੇ ਕੋਈ ਲੁਕਿਆ ਹੋਇਆ ਏਜੰਡਾ ਨਹੀਂ ਹੈ।ਉਨ੍ਹਾਂ ਕਿਹਾ ਬਿਹਾਰ ਤੇ ਪੱਛਮੀ ਬੰਗਾਲ ਦੀਆਂ ਚੋਣਾਂ ਨੇ ਇਹ ਗੱਲ ਬਿਲਕੁਲ ਸਾਫ਼ ਕਰ ਦਿੱਤੀ ਹੈ ਕਿ ਕੇਂਦਰ ਦੀ ਭਾਰਤੀ ਜਨਤਾ ਪਾਰਟੀ ਸਰਕਾਰ, ਇਕ ਆਗਿਆਕਾਰੀ ਚੋਣ ਆਯੋਗ ਦੀ ਮਦਦ ਨਾਲ, ਵੋਟਰ ਸੂਚੀਆਂ ਦੀ ਸਪੈਸ਼ਲ ਇਨਟੇਨਸਿਵ ਰਵਿਜ਼ਨ ਵਰਗੀ ਧੋਖਾਧੜੀ ਵਾਲੀ ਕਾਰਵਾਈ ਰਾਹੀਂ ਚੋਣ ਨਤੀਜਿਆਂ ਨੂੰ ਆਪਣੇ ਹੱਕ ਵਿੱਚ ਮੋੜ ਸਕਦੀ ਹੈ।ਉਨ੍ਹਾਂ ਕਿਹਾ ਕਿ ਪੰਜਾਬ ਵਿੱਚ ਦੱਸ ਮਹੀਨਿਆਂ ਤੋਂ ਵੀ ਘੱਟ ਸਮੇਂ ਵਿੱਚ ਚੋਣਾਂ ਹੋਣੀਆਂ ਹਨ, ਹੋ ਸਕਦਾ ਹੈ ਇਸ ਤੋਂ ਵੀ ਪਹਿਲਾਂ ਹੋ ਜਾਣ। ਉਨ੍ਹਾਂ ਸਵਾਲ ਕੀਤਾ ਕਿ ਫਿਰ ਇੱਥੇ ਇਹ ਮੁਹਿੰਮ ਚਲਾਉਣ ਦੀ ਐਨੀ ਜਲਦੀ ਕਿਉਂ ਹੈ? ਪੀ ਸੀ ਸੀ ਪ੍ਰਧਾਨ ਨੇ ਪੁੱਛਿਆ ਕਿ ਜਦੋਂ ਉੱਤਰ ਪ੍ਰਦੇਸ਼ ਅਤੇ ਗੋਆ ਵਰਗੇ ਰਾਜਾਂ ਵਿੱਚ ਇਹ ਮੁਹਿੰਮ ਛੇ ਮਹੀਨੇ ਪਹਿਲਾਂ ਹੀ ਕਰਵਾਈ ਜਾ ਚੁੱਕੀ ਹੈ ਅਤੇ ਉਹ ਰਾਜ ਵੀ ਪੰਜਾਬ ਦੇ ਨਾਲ ਹੀ ਚੋਣਾਂ ਵੱਲ ਜਾ ਰਹੇ ਹਨ, ਤਾਂ ਪੰਜਾਬ ਵਿੱਚ ਇਹ ਅਭਿਆਸ ਉਸ ਵੇਲੇ ਕਿਉਂ ਨਹੀਂ ਕੀਤਾ ਗਿਆ।



## ਵਿਦਿਆਰਥੀਆਂ ਨੇ 12ਵੀਂ ਦੇ ਨਤੀਜਿਆਂ ਵਿੱਚ ਗੱਡੇ ਸ਼ਫਲਤਾ ਦੇ ਝੰਡੇ

**ਪੋਜੇਵਾਲ (ਰਾਮ ਲਾਲ)**- ਇਲਾਕੇ ਦੀ ਨਾਮਵਰ ਵਿੱਦਿਅਕ ਸੰਸਥਾ ਨਿਊ ਆਦਰਸ਼ ਸੀਨੀਅਰ ਸੈਕੰਡਰੀ ਸਕੂਲ ਸੜੋਆ ਨੇ ਸੈਸ਼ਨ 2025-26 ਦੇ ਬਾਰ੍ਹਵੀਂ ਜਮਾਤ ਦੇ ਨਤੀਜਿਆਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦੇ ਹੋਏ ਇੱਕ ਵਾਰ ਫਿਰ ਆਪਣਾ ਲੋਹਾ ਮਨਵਾਇਆ ਹੈ। ਸਕੂਲ ਦੇ ਵਿਦਿਆਰਥੀਆਂ ਨੇ ਸਾਇੰਸ, ਕਾਮਰਸ ਅਤੇ ਆਰਟਸ ਤਿੰਨਾਂ ਹੀ ਸਟ੍ਰੀਮਾਂ ਵਿੱਚ ਬੇਹਤਰੀਨ ਅੰਕ ਹਾਸਲ ਕੀਤੇ ਹਨ।ਹਰਲੀਨ ਕੌਰ 95% ਨੇ ਪਹਿਲਾ, ਹਰਪ੍ਰੀਤ ਕੌਰ 91.4% ਨੇ ਦੂਜਾ ਅਤੇ ਪਲਵੀ ਜਨਾਗਲ 90% ਨੇ ਤੀਜਾ ਸਥਾਨ ਪ੍ਰਾਪਤ ਕੀਤਾ।ਸਿਮਰਨ ਕੌਰ 92.2% ਪਹਿਲੇ ਸਥਾਨ 'ਤੇ ਰਹੀ। ਦਿਲਪ੍ਰੀਤ ਕੌਰ ਅਤੇ ਅੰਸ਼ੁਮਨ 85.2% ਸਾਂਝੇ ਤੌਰ 'ਤੇ ਦੂਜੇ ਅਤੇ ਜਸਪ੍ਰੀਤ ਕੌਰ 84.6% ਤੀਜੇ ਸਥਾਨ 'ਤੇ ਰਹੀ।

ਸ਼ਾਇਨਾ ਨੇ 92% ਅੰਕਾਂ ਨਾਲ ਪਹਿਲਾ ਸਥਾਨ ਪ੍ਰਾਪਤ ਕੀਤਾ, ਜਦਕਿ ਕ੍ਰਿਸ਼ਮਾ 82.4% ਅਤੇ ਜੀਆ 79% ਨੇ ਵੀ ਵਧੀਆ ਪ੍ਰਦਰਸ਼ਨ ਕੀਤਾ।ਇਸ ਖੁਸ਼ੀ ਦੇ ਮੌਕੇ 'ਤੇ ਵਿਦਿਆਰਥੀਆਂ ਦੇ ਮਾਪਿਆਂ ਨੇ ਸਕੂਲ ਪਹੁੰਚ ਕੇ ਸਟਾਫ਼ ਦਾ ਮੂੰਹ ਮਿੱਠਾ ਕਰਵਾਇਆ ਅਤੇ ਅਧਿਆਪਕਾਂ ਦੀ ਮਿਹਨਤ ਦੀ ਸ਼ਲਾਘਾ ਕੀਤੀ। ਸਕੂਲ ਪ੍ਰਬੰਧਕਾਂ ਵੱਲੋਂ ਹੋਣਹਾਰ ਵਿਦਿਆਰਥੀਆਂ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਿਤ ਵੀ ਕੀਤਾ ਗਿਆ।



## ਪ੍ਰਧਾਨ ਮੰਤਰੀ ਦਾ ਤੇਲ ਦੀ ਖਪਤ ਘੱਟ ਕਰਨ, ਸੋਨਾ ਨਾ ਖਰੀਦਣ ਵਾਲਾ ਬਿਆਨ ਦੇਸ਼ ਵਿਰੋਧੀ : ਡਾਲਵੀਆ



**ਬਠਿੰਡਾ (ਪਰਵਿੰਦਰਜੀਤ ਸਿੰਘ)**-ਪੰਜਾਬ ਕਾਂਗਰਸ ਦੇ ਸਹਾਇਕ ਇੰਚਾਰਜ ਰਵਿੰਦਰ ਡਾਲਵੀਆ ਪਹੁੰਚੇ ਵੱਲੋਂ ਜ਼ਿਲ੍ਹਾ ਪ੍ਰਧਾਨ ਰਾਜਨ ਗਰਗ ਦੀ ਅਗਵਾਈ 'ਚ ਸਮੁੱਚੀ ਲੀਡਰਸ਼ਿਪ ਨਾਲ ਨਗਰ ਨਿਗਮ ਚੋਣਾਂ ਨੂੰ ਲੈ ਕੇ ਰਣਨੀਤੀ 'ਤੇ ਵਿਚਾਰ ਕੀਤੀ ਗਈ, ਉੱਥੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਵੱਲੋਂ ਦੇਸ਼ ਵਾਸੀਆਂ ਨੂੰ ਤੇਲ ਘੱਟ ਖਰੀਦਣ, ਖਾਦ ਦੀ ਘੱਟ ਵਰਤੋਂ ਕਰਨ, ਸੋਨਾ ਨਾ ਖਰੀਦਣ ਪ੍ਰਤੀ ਤਿਆਗ ਦੇ ਬਿਆਨ ਨੂੰ ਵੀ ਹੈਰਾਨੀਜਨਕ ਦੱਸਿਆ।ਵੱਖ-ਵੱਖ ਵਿੰਗਾਂ ਦੇ ਅਹੁਦੇਦਾਰ ਵਰਕਰ ਤੇ ਸਮੁੱਚੀ ਲੀਡਰਸ਼ਿਪ ਮੌਜੂਦ ਰਹੀ।ਰਵਿੰਦਰ ਡਾਲਵੀਆ ਨੇ ਕਿਹਾ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦਾ ਦੇਸ਼ ਵਾਸੀਆਂ ਨੂੰ ਬਿਆਨ ਦੇਣ ਤੋਂ ਸਾਬਤ ਹੁੰਦਾ ਹੈ ਕਿ ਪ੍ਰਧਾਨ ਮੰਤਰੀ ਦੇਸ਼ 'ਚ ਬਿਨਾਂ ਮਤਲਬ ਦੀ ਐਮਰਜੈਂਸੀ ਵਾਲੇ ਹਾਲਾਤ ਬਣਾਉਣਾ ਚਾਹੁੰਦੇ ਹਨ, ਕਿਉਂਕਿ ਦੇਸ਼ ਵਾਸੀ ਆਪਣੀ ਲੋੜ ਅਨੁਸਾਰ ਹਰ ਚੀਜ਼ ਦੀ ਖਰੀਦ ਕਰਦੇ ਹਨ। ਉਨ੍ਹਾਂ ਕਿਹਾ ਕਿ ਪ੍ਰਧਾਨ ਮੰਤਰੀ ਨੂੰ ਆਪਣਾ ਬਿਆਨ ਵਾਪਸ ਲੈਣਾ ਚਾਹੀਦਾ ਹੈ ਤੇ ਜੇਕਰ ਉਨ੍ਹਾਂ ਦੁਨੀਆਂ ਦੇ ਹੋਰ ਵੱਡੇ ਦੇਸ਼ਾਂ ਤੋਂ ਕੋਈ ਖਤਰਾ ਹੈ ਤਾਂ ਉਹ ਸਬੰਧੀ ਦੇਸ਼ ਵਾਸੀਆਂ ਵਿਰੋਧੀ ਧਿਰ ਆਗੂ ਸਮੇਤ ਸਮੁੱਚੀਆਂ ਧਿਰਾਂ ਨੂੰ ਸੁਚੇਤ ਕਰਨਾ ਚਾਹੀਦਾ ਹੈ।ਉਨ੍ਹਾਂ ਕਿਹਾ ਕਿ ਕੇਂਦਰ ਸਰਕਾਰ ਦੀਆਂ ਮਾੜੀਆਂ ਨੀਤੀਆਂ ਕਰਕੇ ਅੱਜ ਮਾੜੇ ਹਾਲਾਤ ਬਣੇ ਹੋਏ ਹਨ, ਜਿਸ ਪਾਸੇ ਕਾਂਗਰਸ ਪੂਰੀ ਡਟ ਕੇ ਲੜਾਈ ਲੜ ਰਹੀ ਹੈ।ਡਾਲਵੀਆ ਨੇ ਨੀਟ ਪ੍ਰੀਖਿਆ ਪੇਪਰ ਲੀਕ ਹੋਣ ਤੇ ਕੇਂਦਰ ਸਰਕਾਰ ਨੂੰ ਸਵਾਲਾਂ ਦੇ ਘੇਰੇ ਵਿੱਚ ਲਿਆਂਦਾ ਤੇ ਕਿਹਾ ਕਿ ਸਰਕਾਰ ਬੱਚਿਆਂ ਦੇ ਭਵਿੱਖ ਨਾਲ ਖਿਲਵਾੜ ਕਰ ਰਹੀ ਹੈ।ਉਨ੍ਹਾਂ ਕਿਹਾ ਕਿ ਸੀਬੀਆਈ ਤੇ ਵਿਜੀਲੈਂਸ ਵਿੱਚ ਟਕਰਾ ਕੇਂਦਰ ਅਤੇ ਪੰਜਾਬ ਸਰਕਾਰ ਦੀਆਂ ਨਲਾਇਕੀਆਂ ਦਾ ਹਿੱਸਾ ਹੈ, ਜਿਸ ਦਾ ਖਮਿਆਜ਼ਾ ਆਮ ਲੋਕਾਂ ਅਤੇ ਅਫਸਰਾਂ ਨੂੰ ਭੁਗਤਣਾ ਪੈ ਰਿਹਾ ਹੈ।ਉਨ੍ਹਾਂ ਦਾਅਵਾ ਕੀਤਾ ਕਿ ਨਗਰ ਨਿਗਮ ਦੀਆਂ ਚੋਣਾਂ ਵਿੱਚ ਕਾਂਗਰਸ ਪੂਰਨ ਬਹੁਮਤ ਲੈ ਕੇ ਮੇਅਰ ਬਣਾਏਗੀ, ਕਿਉਂਕਿ ਲੋਕ ਕਾਂਗਰਸ ਨੂੰ ਚਾਹੁੰਦੇ ਹਨ।

## ਸ਼ੇਰ ਜੰਗ ਫਾਊਂਡੇਸ਼ਨ ਵੱਲੋਂ ਐੱਸ ਡੀ ਸਕੂਲ ਦੇ ਬੱਚਿਆਂ ਦਾ ਸਨਮਾਨ

### ਵਿੱਦਿਆ ਸਾਡੀ ਜ਼ਿੰਦਗੀ 'ਚ ਵੱਡੀਆਂ ਤਬਦੀਲੀਆਂ ਲਿਆ ਸਕਦੀ ਹੈ : ਗੁਰਮੀਤ ਕੜਿਆਲਵੀ



**ਮੋਗਾ (ਇਕਬਾਲ ਸਿੰਘ ਖਹਿਰਾ)**-ਅੰਤਰਰਾਸ਼ਟਰੀ ਸ਼ੇਰ ਜੰਗ ਫਾਊਂਡੇਸ਼ਨ ਵੱਲੋਂ ਲੋੜਵੰਦ ਬੱਚਿਆਂ ਨੂੰ ਕਾਪੀਆਂ, ਵਰਦੀਆਂ ਤੇ ਸਕੂਲ ਡਾਇਰੀਆਂ ਵੰਡਣ ਲਈ ਸਮਾਗਮ ਐੱਸ ਡੀ ਸਕੂਲ ਮੋਗਾ ਵਿਖੇ ਕਰਵਾਇਆ ਗਿਆ।ਪੰਜਾਬੀ ਦੇ ਨਾਮਵਰ ਵਿਅੰਗਕਾਰ ਸ਼ੇਰ ਜੰਗ ਜਾਂਗਲੀ ਦੀ ਯਾਦ ਵਿੱਚ ਸਥਾਪਤ ਸ਼ੇਰ ਜੰਗ ਫਾਊਂਡੇਸ਼ਨ ਦੀ ਚੇਅਰਮੈਨ ਵਿਨੇ ਜੰਗ ਦੀ ਪ੍ਰੇਰਨਾ ਨਾਲ ਕਰਵਾਏ ਇਸ ਸਮਾਗਮ ਵਿੱਚ ਫਾਊਂਡੇਸ਼ਨ ਦੇ ਪ੍ਰਤੀਨਿਧ ਵਜੋਂ ਵਿਜੇ ਕੁਮਾਰ ਮਿੱਤਲ ਨੇ ਸ਼ਿਰਕਤ ਕੀਤੀ।ਕਹਾਣੀਕਾਰ ਗੁਰਮੀਤ ਕੜਿਆਲਵੀ ਸਮਾਗਮ ਵਿੱਚ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ।ਐਡਵੋਕੇਟ ਰੁਪਿੰਦਰ ਕਾਂਸਲ, ਹਰੀਸ਼ ਸੂਦ, ਭਾਰਤ ਮਿੱਤਲ, ਸਕੂਲ ਪ੍ਰਿੰਸੀਪਲ ਸ਼੍ਰੀਮਤੀ ਨਵਕਿਰਨ ਗਿੱਲ ਤੇ ਵਾਈਸ ਪ੍ਰਿੰਸੀਪਲ ਤਰਸੇਮ ਅਰੋੜਾ ਪ੍ਰਧਾਨਗੀ ਮੰਡਲ ਵਿੱਚ ਬਿਰਾਜ਼ਮਾਨ ਹੋਏ।ਬੱਚਿਆਂ ਦੇ ਇਕੱਠ ਨੂੰ ਸੰਬੋਧਨ ਕਰਦਿਆਂ ਕਹਾਣੀਕਾਰ ਤੇ ਸਮਾਜਿਕ ਨਿਆ ਤੇ ਅਧਿਕਾਰਤਾ ਅਫ਼ਸਰ ਫਰੀਦਕੋਟ ਗੁਰਮੀਤ ਕੜਿਆਲਵੀ ਨੇ ਕਿਹਾ ਕਿ ਵਿੱਦਿਆ ਇੱਕ ਅਜਿਹਾ ਚਿਰਾਗ ਹੈ, ਜਿਸ ਰਾਹੀਂ ਅਸੀਂ ਆਪਣੀ ਜ਼ਿੰਦਗੀ ਦੇ ਹਨੇਰੇ ਪੱਖ ਨੂੰ ਰੌਸ਼ਨ ਬਣਾ ਸਕਦੇ ਹਾਂ।ਵਿੱਦਿਆ ਸਾਡੀ ਜ਼ਿੰਦਗੀ ਵਿੱਚ ਵੱਡੀਆਂ ਤਬਦੀਲੀਆਂ ਲਿਆ ਸਕਦੀ ਹੈ।ਪ੍ਰਿੰਸੀਪਲ ਨਵਕਿਰਨ ਗਿੱਲ ਨੇ ਬੱਚਿਆਂ ਨੂੰ ਮਹਾਨ ਦੇਸ਼ ਭਗਤਾਂ, ਸਾਹਿਤਕਾਰਾਂ, ਖਿਡਾਰੀਆਂ ਤੇ ਸਮਾਜ ਸੇਵੀਆਂ ਤੋਂ ਪ੍ਰੇਰਨਾ ਲੈ ਕੇ ਅੱਗੇ ਵਧਣ ਲਈ ਕਿਹਾ। ਐਡਵੋਕੇਟ ਰੁਪਿੰਦਰ ਕਾਂਸਲ, ਹਰੀਸ਼ ਸੂਦ ਤੇ ਭਰਤ ਮਿੱਤਲ ਨੇ ਸ਼ੇਰ ਜੰਗ ਫਾਊਂਡੇਸ਼ਨ ਵੱਲੋਂ ਹਰ ਸਾਲ ਵਿਦਿਆਰਥੀਆਂ ਦੀ ਕੀਤੀ ਜਾਂਦੀ ਸਹਾਇਤਾ ਦੀ ਸ਼ਲਾਘਾ ਕੀਤੀ।ਮੰਚ ਸੰਚਾਲਨ ਕਰਦਿਆਂ ਵਿਨੇ ਕੁਮਾਰ ਨੇ ਸਕੂਲ ਦੇ ਬੱਚਿਆਂ ਵੱਲੋਂ ਕੀਤੀਆਂ ਪ੍ਰਾਪਤੀਆਂ ਸਾਂਝੀਆਂ ਕੀਤੀਆਂ।ਸਕੂਲ ਦੇ ਸਟਾਫ ਨੀਲਮ ਸਿੰਘ, ਸਤਪਾਲ ਸਿੰਘ, ਮਨੀ ਸਚਦੇਵਾ, ਨੇਹਾ ਠਾਕਰ, ਰਿੱਤੂ ਬਜਾਜ ਨੇ ਆਈਆਂ ਸ਼ਖ਼ਸੀਅਤਾਂ ਦਾ ਸਵਾਗਤ ਕੀਤਾ।

## ਪੰਜਾਬ ਸਟੇਟ ਪੈਨਸ਼ਨਰ ਵੈੱਲਫ਼ੇਅਰ ਐਸੋ. ਵੱਲੋਂ ਚੇਅਰਮੈਨ ਜੁਨੇਜਾ ਨਾਲ ਮੀਟਿੰਗ

**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਪੰਜਾਬ ਸਟੇਟ ਪੈਨਸ਼ਨਰ ਵੈੱਲਫ਼ੇਅਰ ਐਸੋਸੀਏਸ਼ਨ ਪਟਿਆਲਾ ਦੇ ਅਹੁਦੇਦਾਰਾਂ ਤੇ ਮੈਂਬਰਾਂ ਨੇ ਚੇਅਰਮੈਨ ਪੀਆਰਟੀਸੀ ਐਡਵੋਕੇਟ ਹਰਪਾਲ ਜੁਨੇਜਾ ਨਾਲ ਵਿਸ਼ੇਸ਼ ਮੀਟਿੰਗ ਕੀਤੀ।ਇਸ ਦੌਰਾਨ ਐਸੋਸੀਏਸ਼ਨ ਦੇ ਮੈਂਬਰਾਂ ਨੇ ਚੇਅਰਮੈਨ ਜੁਨੇਜਾ ਦੁਆਰਾ ਪੀਆਰਟੀਸੀ ਦੀ ਬਿਹਤਰੀ, ਯਾਤਰੀ ਸਹੂਲਤਾਂ ਵਿੱਚ ਸੁਧਾਰ ਤੇ ਪ੍ਰਬੰਧਕੀ ਕਾਰਗੁਜ਼ਾਰੀ ਨੂੰ ਹੋਰ ਮਜ਼ਬੂਤ ਬਣਾਉਣ ਲਈ ਕੀਤੇ ਜਾ ਰਹੇ ਉਪਰਾਲਿਆਂ ਦੀ ਭਰਪੂਰ ਸਰਾਹਨਾ ਕੀਤੀ।ਮੀਟਿੰਗ ਦੌਰਾਨ ਮੈਂਬਰਾਂ ਨੇ ਪੁਰਾਣੇ ਅਤੇ ਨਵੇਂ ਬੱਸ ਅੱਡਿਆਂ ਨਾਲ ਸਬੰਧਤ ਕੁਝ ਅਹਿਮ ਵਿਕਾਸ ਕਾਰਜਾਂ ਤੇ ਲੋੜੀਂਦੇ ਸੁਝਾਵ ਚੇਅਰਮੈਨ ਹਰਪਾਲ ਜੁਨੇਜਾ ਦੇ ਧਿਆਨ ਵਿੱਚ ਲਿਆਂਦੇ।ਚੇਅਰਮੈਨ ਜੁਨੇਜਾ ਨੇ ਇਨ੍ਹਾਂ ਮਸਲਿਆਂ ਨੂੰ ਗੰਭੀਰਤਾ ਨਾਲ ਸੁਣਦਿਆਂ ਲੋੜੀਂਦੀ ਕਾਰਵਾਈ ਦਾ ਭਰੋਸਾ ਦਿੱਤਾ।ਇਸ ਮੌਕੇ ਪੈਨਸ਼ਨ ਐਸੋਸੀਏਸ਼ਨ ਦੇ ਆਗੂ ਗੁਰਦੀਪ ਸਿੰਘ ਵਾਲੀਆ (ਪ੍ਰਧਾਨ), ਅਜੀਤ ਸਿੰਘ ਸੈਣੀ (ਚੇਅਰਮੈਨ), ਸਤਪਾਲ ਸਿੰਘ ਚੰਬਲ (ਜਨਰਲ ਸਕੱਤਰ), ਗੁਰਮੀਤ ਸਿੰਘ ਟਿਵਾਣਾ (ਵਿੱਤ ਸਕੱਤਰ), ਪਰਮਜੀਤ ਸਿੰਘ (ਮੀਤ ਪ੍ਰਧਾਨ), ਹਰਚਰਨ ਸਿੰਘ ਗਿੱਲ (ਮੀਤ ਪ੍ਰਧਾਨ), ਬਲਦੇਵ ਕ੍ਰਿਸ਼ਨ ਸ਼ਰਮਾ, ਅਸ਼ੋਕ ਪਰਾਸ਼ਰ (ਸੀਨੀਅਰ ਮੈਂਬਰ) ਤੋਂ ਇਲਾਵਾ ਹੈਰੀ ਮੁਖਮੈਲਪੁਰ, ਰਾਹੁਲ ਮਹਿਤਾ ਸਮੇਤ ਹੋਰ ਮੈਂਬਰ ਹਾਜ਼ਰ ਰਹੇ।



## ਗੁਰਦੇਵ ਸਿੰਘ ਟਿਵਾਣਾ ਬਣੇ ਜ਼ਿਲ੍ਹਾ ਪ੍ਰੀਸ਼ਦ ਪਟਿਆਲਾ ਦੇ ਚੇਅਰਮੈਨ, ਬਿੰਦਰ ਕੌਰ ਦੀ ਉਪ ਚੇਅਰਪਰਸਨ ਵਜੋਂ ਚੋਣ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਨੌਜਵਾਨ ਆਗੂ ਗੁਰਦੇਵ ਸਿੰਘ ਟਿਵਾਣਾ ਨੂੰ ਜ਼ਿਲ੍ਹਾ ਪ੍ਰੀਸ਼ਦ ਪਟਿਆਲਾ ਦਾ ਚੇਅਰਮੈਨ ਚੁਣਿਆ ਗਿਆ ਹੈ।ਉਨ੍ਹਾਂ ਦੇ ਨਾਲ ਬਿੰਦਰ ਕੌਰ ਦੀ ਉਪ ਚੇਅਰਪਰਸਨ ਵਜੋਂ ਚੋਣ ਕੀਤੀ ਗਈ ਹੈ।ਸਰਬਸੰਮਤੀ ਨਾਲ ਚੁਣੇ ਗਏ ਇਨ੍ਹਾਂ ਦੋਵਾਂ ਨੇ ਸਿਹਤ ਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਤੇ ਐਮ.ਐਲ.ਏ ਚੇਤਨ ਸਿੰਘ ਜੌੜਾਮਾਜਰਾ ਦੀ ਮੌਜੂਦਗੀ ਵਿੱਚ ਆਪਣੇ ਅਹੁਦੇ ਸੰਭਾਲ ਲਏ।ਸਿਹਤ ਮੰਤਰੀ ਡਾ. ਬਲਬੀਰ ਸਿੰਘ ਤੇ ਵਿਧਾਇਕ ਚੇਤਨ ਸਿੰਘ ਜੌੜਾਮਾਜਰਾ ਨੇ ਕਿਹਾ ਕਿ ਪਾਰਟੀ ਦੇ ਮਿਹਨਤੀ ਤੇ ਇਮਾਨਦਾਰ ਸਾਥੀ ਗੁਰਦੇਵ ਸਿੰਘ ਟਿਵਾਣਾ ਨੂੰ ਚੇਅਰਮੈਨ ਤੇ ਬੀਬੀ ਬਿੰਦਰ ਕੌਰ ਨੂੰ ਵਾਈਸ ਚੇਅਰਪਰਸਨ ਚੁਣੇ ਜਾਣ 'ਤੇ ਮੁਬਾਰਕਾਂ ਦਿੰਦਿਆਂ ਵਿਸ਼ਵਾਸ ਪ੍ਰਗਟਾਇਆ ਕਿ ਇਹ ਦੋਵੇਂ ਆਗੂ ਲੋਕ ਸੇਵਾ ਦੀ ਭਾਵਨਾ ਨਾਲ ਆਪਣੀ ਜ਼ਿੰਮੇਵਾਰੀ ਨਿਭਾਉਂਦੇ ਹੋਏ ਪਟਿਆਲਾ ਦੇ ਵਿਕਾਸ ਨੂੰ ਹੋਰ ਮਜ਼ਬੂਤ ਕਰਨਗੇ।ਉਨ੍ਹਾਂ ਕਿਹਾ ਕਿ ਉਨ੍ਹਾਂ ਨੂੰ ਇਹ ਵੀ ਭਰੋਸਾ ਹੈ ਕਿ ਗੁਰਦੇਵ ਸਿੰਘ ਟਿਵਾਣਾ ਲੋਕਾਂ ਦੀਆਂ ਉਮੀਦਾਂ 'ਤੇ ਖਰਾ ਉਤਰਨਗੇ।ਸਿਹਤ ਮੰਤਰੀ ਤੇ ਵਿਧਾਇਕ ਨੇ ਕਿਹਾ ਵਾਹਿਗੁਰੂ ਜੀ ਇਨ੍ਹਾਂ ਆਗੂਆਂ ਨੂੰ ਹਮੇਸ਼ਾਂ ਚੜ੍ਹਦੀ ਕਲਾ ਵਿੱਚ ਰੱਖਣ ਤੇ ਲੋਕਾਂ ਦੀ ਸੇਵਾ ਕਰਨ ਦੀ ਤਾਕਤ ਬਖ਼ਸ਼ਣ।ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਤੇ ਪਾਰਟੀ ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਦੀ ਅਗਵਾਈ ਹੇਠ ਹਮੇਸ਼ਾ ਲੋਕਾਂ ਨਾਲ ਜੁੜੇ ਆਗੂਆਂ ਨੂੰ ਵੱਡੀ ਜ਼ਿੰਮੇਵਾਰੀ ਦਿੱਤੀ ਗਈ ਹੈ।ਚੇਅਰਮੈਨ ਗੁਰਦੇਵ ਸਿੰਘ ਟਿਵਾਣਾ ਨੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਸਮੇਤ ਵਿਧਾਇਕ ਚੇਤਨ ਸਿੰਘ ਜੌੜਾਮਾਜਰਾ ਅਤੇ ਸਿਹਤ ਮੰਤਰੀ ਡਾ. ਬਲਬੀਰ ਸਿੰਘ ਦਾ ਧੰਨਵਾਦ ਕਰਦਿਆਂ ਵਿਸ਼ਵਾਸ ਦਿਵਾਇਆ ਕਿ ਉਹ ਸੌਂਪੀ ਗਈ ਜ਼ਿੰਮੇਵਾਰੀ ਨੂੰ ਤਨਦੇਹੀ ਤੇ ਇਮਾਨਦਾਰੀ ਨਾਲ ਨਿਭਾਉਣਗੇ।

## ਗੁਰਦੁਆਰਾ ਸਾਹਿਬ ਦੀ ਨੀਂਹ ਸੰਤ ਮਹਾਂਪੁਰਖਾਂ ਨੇ ਅਰਦਾਸ ਉਪਰੰਤ ਰੱਖੀ



**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**-ਪਿੰਡ ਚੰਨਣਵਾਲ (ਬਰਨਾਲਾ) 'ਚ ਸੰਤ ਬਾਬਾ ਘਾਲਾ ਸਿੰਘ ਨਾਨਕਸਰ ਵਾਲਿਆਂ ਦੇ ਜਨਮ ਅਸਥਾਨ ਵਿਖੇ ਨਵੇਂ ਗੁਰਦੁਆਰਾ ਸਾਹਿਬ, ਸੱਚਖੰਡ ਹਾਲ ਦੀ ਨੀਂਹ ਅਰਦਾਸ ਉਪਰੰਤ ਸੰਤ ਬਾਬਾ ਗੁਰਚਰਨ ਸਿੰਘ ਗੁਲਾਬੀ ਬਾਗ ਦਿੱਲੀ, ਨਾਨਕਸਰ ਕਲੇਰਾਂ ਦੇ ਸੇਵਾਦਾਰ ਬਾਬਾ ਮੇਹਰ ਸਿੰਘ, ਬਾਬਾ ਰਵਿੰਦਰ ਸਿੰਘ, ਬਾਬਾ ਰਾਮਨਦੀਪ ਸਿੰਘ ਮੰਡੀਰਾ, ਭਾਈ ਜਸਵਿੰਦਰ ਸਿੰਘ ਬਿੰਦੀ ਤੇ ਭਾਈ ਗੇਜਾ ਸਿੰਘ ਵੱਲੋਂ ਟੱਕ ਲਾ ਕੇ ਰੱਖੀ ਗਈ। ਸੰਤ ਬਾਬਾ ਘਾਲਾ ਸਿੰਘ ਨੇ ਕਿਹਾ ਕਿ ਇਹ ਗੁਰਦੁਆਰਾ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਨੂੰ ਸਮਰਪਤ ਹੋਵੇਗਾ। ਇਸ ਦੇ ਮੁਕੰਮਲ ਹੋਣ ਨਾਲ ਕਥਾ-ਕੀਰਤਨ ਰਾਹੀਂ ਸਿੱਖੀ ਗਿਆਨ 'ਚ ਵਾਧਾ ਹੋਵੇਗਾ ਅਤੇ ਇਹ ਅਸਥਾਨ ਨਾਮ ਜਪਣ ਤੇ ਨਾਮ ਜਪਾਉਣ ਦਾ ਵੱਡਾ ਕੇਂਦਰ ਬਣੇਗਾ। ਜ਼ਿਲ੍ਹਾ ਪ੍ਰਧਾਨ ਬੇਅੰਤ ਕੌਰ ਖਹਿਰਾ, ਸਰਪੰਚ ਕੁਲਵਿੰਦਰ ਕੌਰ ਧਾਲੀਵਾਲ, ਸੁਰਜਨ ਸਿੰਘ ਚੰਨਣਵਾਲ, ਰਾਮ ਸਿੰਘ, ਗੁਰਜੰਟ ਸਿੰਘ ਚੰਨਣਵਾਲ ਨੇ ਬਾਬਾ ਘਾਲਾ ਸਿੰਘ ਵੱਲੋਂ ਆਪਣੀ ਜਨਮ ਭੋਇ ਚੰਨਣਵਾਲ ਵਿਖੇ ਗੁਰਦੁਆਰਾ ਸਾਹਿਬ ਤੇ ਸੱਚਖੰਡ ਦਰਬਾਰ ਸਾਹਿਬ ਬਣਾਉਣ ਦੇ ਕਾਰਜਾਂ ਦੀ ਸ਼ੁਰੂਆਤ ਕੀਤੇ ਜਾਣ ਦੀ ਭਰਪੂਰ ਸ਼ਲਾਘਾ ਕਰਦਿਆਂ ਇਸ ਕਾਰਜ ਲਈ ਭਰਪੂਰ ਸਹਿਯੋਗ ਦੇਣ ਦਾ ਐਲਾਨ ਕੀਤਾ।ਪ੍ਰਬੰਧਕਾਂ ਵੱਲੋਂ ਸੰਤ ਬਾਬਾ ਘਾਲਾ ਸਿੰਘ ਸਮੇਤ ਵੱਖ-ਵੱਖ ਸ਼ਖ਼ਸੀਅਤਾਂ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ ਗਿਆ।

## ਦਾਸ ਐਂਡ ਬ੍ਰਾਊਨ ਨੇ ਬਾਰ੍ਹਵੀਂ ਦੇ ਨਤੀਜਿਆਂ 'ਚ ਮਾਰੀਆਂ ਮੱਲਾਂ

### ਪਲਕ 97 ਪ੍ਰਤੀਸ਼ਤ ਅੰਕਾਂ ਨਾਲ ਰਹੀ ਅੱਵਲ



**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਸੀਬੀਐੱਸਈ ਦੇ ਬਾਰ੍ਹਵੀਂ ਜਮਾਤ ਦੇ ਨਤੀਜਿਆਂ ਵਿੱਚ ਦਾਸ ਐਂਡ ਬ੍ਰਾਊਨ ਵਰਲਡ ਸਕੂਲ ਦੇ ਵਿਦਿਆਰਥੀਆਂ ਦਾ ਇੱਕ ਵਾਰ ਫਿਰ ਦਬਦਬਾ ਰਿਹਾ ਹੈ। ਸਕੂਲ ਦੀ ਮੈਡੀਕਲ ਸਟਰੀਮ ਦੀ ਵਿਦਿਆਰਥਣ ਪਲਕ ਨੇ 97 ਫੀਸਦੀ ਅੰਕਾਂ ਨਾਲ ਪਹਿਲਾ ਸਥਾਨ ਹਾਸਲ ਕਰਕੇ ਸਕੂਲ ਦਾ ਨਾਂ ਰੌਸ਼ਨ ਕੀਤਾ ਹੈ। ਇਸ ਪ੍ਰੀਖਿਆ ਵਿੱਚ ਸਕੂਲ ਦੇ ਕੁੱਲ 371 ਵਿਦਿਆਰਥੀਆਂ ਨੇ ਹਿੱਸਾ ਲਿਆ ਸੀ। ਪ੍ਰਿੰਸੀਪਲ ਡਾ. ਰੁਚੀ ਪਾਂਡੇ ਨੇ ਦੱਸਿਆ ਕਿ ਮੈਡੀਕਲ ਸਟਰੀਮ ਵਿੱਚ ਪਲਕ ਨੇ 97 ਫੀਸਦੀ ਅੰਕਾਂ ਨਾਲ ਸਕੂਲ ਵਿੱਚ ਪਹਿਲਾ ਸਥਾਨ ਪ੍ਰਾਪਤ ਕੀਤਾ ਹੈ। ਇਸੇ ਤਰ੍ਹਾਂ ਹਿਊਮੈਨਿਟੀਜ਼ ਦੀ ਰਾਜਦੀਪ ਕੌਰ ਨੇ 96.6 ਫੀਸਦੀ ਅੰਕਾਂ ਨਾਲ ਸਕੂਲ ਵਿਚ ਦੂਜਾ ਤੇ ਮੈਡੀਕਲ ਸਟਰੀਮ ਦੀ ਐਸ਼ਪ੍ਰੀਤ ਕੌਰ ਨੇ 94.8 ਫੀਸਦੀ ਅੰਕਾਂ ਨਾਲ ਤੀਜਾ ਸਥਾਨ ਹਾਸਲ ਕੀਤਾ ਹੈ। ਪਲਕ ਨੇ ਦੱਸਿਆ ਕਿ ਉਹ ਡਾਕਟਰ ਬਣ ਕੇ ਸਮਾਜ ਦੀ ਸੇਵਾ ਕਰਨਾ ਚਾਹੁੰਦੀ ਹੈ। ਪਲਕ ਨੇ ਦੱਸਿਆ ਕਿ ਬਚਪਨ ਤੋਂ ਹੀ ਉਸ ਦਾ ਸ਼ੌਕ ਡਾਕਟਰ ਬਣਨਾ ਸੀ ਤੇ ਉਸੇ ਸੁਪਨੇ ਨੂੰ ਪੂਰਾ ਕਰਨ ਲਈ ਉਹ ਸਖ਼ਤ ਮਿਹਨਤ ਕਰ ਰਹੀ ਹੈ। ਪ੍ਰੀਖਿਆ ਦੇ ਦਿਨਾਂ ਦੌਰਾਨ ਸਵੇਰੇ 4 ਵਜੇ ਉੱਠ ਕੇ ਪੜ੍ਹਨਾ ਤੇ ਰੋਜ਼ਾਨਾ 10 ਘੰਟੇ ਕਿਤਾਬਾਂ ਵਿਚ ਜੁਟੇ ਰਹਿਣਾ ਉਸ ਦੀ ਦਿਨਚਰਿਆ ਸੀ। ਉਸ ਨੇ ਆਪਣੀ ਸਫਲਤਾ ਦਾ ਸਿਹਰਾ ਸਕੂਲ ਦੇ ਅਧਿਆਪਕਾਂ ਨੂੰ ਦਿੱਤਾ ਹੈ। ਦੂਜੇ ਪਾਸੇ ਰਾਜਦੀਪ ਕੌਰ ਨਿਆਇਕ ਸੇਵਾਵਾਂ ਵਿੱਚ ਆਪਣਾ ਭਵਿੱਖ ਬਣਾਉਣਾ ਚਾਹੁੰਦੀ ਹੈ। ਪਿੰਡ ਭੜਾਣਾ ਦੀ ਰਹਿਣ ਵਾਲੀ ਰਾਜਦੀਪ ਦੇ ਪਿਤਾ ਗੁਰਪ੍ਰੀਤ ਸਿੰਘ ਕਿਸਾਨ ਹਨ ਤੇ ਮਾਤਾ ਦਲਜੀਤ ਕੌਰ ਹੋਮ ਮੇਕਰ ਹਨ। ਰਾਜਦੀਪ ਨੇ ਦੱਸਿਆ ਕਿ ਉਸ ਨੇ ਐੱਨਸੀਈਆਰਟੀ ਦੀਆਂ ਕਿਤਾਬਾਂ ਨੂੰ ਜ਼ਿਆਦਾ ਪੜ੍ਹਿਆ ਹੈ। ਉਸ ਨੇ ਦੱਸਿਆ ਕਿ ਜਦੋਂ ਉਹ ਤੀਜੀ ਜਮਾਤ ਵਿਚ ਪੜ੍ਹਦੀ ਸੀ, ਉਦੋਂ ਹੀ ਉਸ ਨੇ ਮਨ ਵਿੱਚ ਸੰਕਲਪ ਲੈ ਲਿਆ ਸੀ ਕਿ ਉਹ ਜੱਜ ਬਣੇਗੀ। ਸਕੂਲ ਅਧਿਆਪਕਾਂ ਨੇ ਦੱਸਿਆ ਕਿ ਨਾਨ-ਮੈਡੀਕਲ ਸਟਰੀਮ 'ਚ ਮਨਤਾਜਬੀਰ ਸਿੰਘ 95.8 ਪ੍ਰਤੀਸ਼ਤ, ਕੁਨਾਲ ਬਾਂਸਲ 93.6 ਪ੍ਰਤੀਸ਼ਤ, ਸੁਬਨੀਤ ਕੌਰ 92.4 ਪ੍ਰਤੀਸ਼ਤ ਨੇ ਹਾਸਲ ਕੀਤੇ। ਮੈਡੀਕਲ ਸਟਰੀਮ ਵਿੱਚ ਪਲਕ 97 ਪ੍ਰਤੀਸ਼ਤ, ਐਸ਼ਪ੍ਰੀਤ ਕੌਰ 94.8 ਪ੍ਰਤੀਸ਼ਤ, ਸੁਹਿਰਦ ਕੌਰ 93.4 ਪ੍ਰਤੀਸ਼ਤ ਹਾਸਲ ਕੀਤੇ। ਹਿਊਮੈਨਿਟੀਜ਼ ਸਟਰੀਮ ਵਿੱਚ ਰਾਜਦੀਪ ਕੌਰ 96.6 ਪ੍ਰਤੀਸ਼ਤ, ਗੁਰਨੂਰ ਕੌਰ 94 ਪ੍ਰਤੀਸ਼ਤ, ਕਵਿਸ਼ ਚਾਵਲਾ ਤੇ ਸਕਸ਼ਮ ਮੰਗਲ 93.6 ਪ੍ਰਤੀਸ਼ਤ ਅੰਕ ਹਾਸਲ ਕੀਤੇ। ਕਾਮਰਸ ਗਰੁੱਪ ਵਿੱਚ ਲਕਸ਼ ਗਰਗ 96.4 ਪ੍ਰਤੀਸ਼ਤ, ਸਕਸ਼ਮ ਮੋਂਗਾ 96 ਪ੍ਰਤੀਸ਼ਤ, ਜੀਵਜੋਤ ਸਿੰਘ ਸਾਹਨੀ 94.6 ਪ੍ਰਤੀਸ਼ਤ ਅੰਕ ਹਾਸਲ ਕੀਤੇ। ਫਾਈਨੈਂਸ਼ੀਅਲ ਮਾਰਕੀਟ ਮੈਨੇਜਮੈਂਟ 'ਚ ਮਯੰਕ ਗੁਪਤਾ 95 ਪ੍ਰਤੀਸ਼ਤ, ਹਿਮਾਂਸ਼ੂ ਗਰੋਵਰ 88.6 ਪ੍ਰਤੀਸ਼ਤ, ਕੇਸ਼ਵ ਸ਼ਰਮਾ 82.6 ਪ੍ਰਤੀਸ਼ਤ ਅੰਕ ਹਾਸਲ ਕੀਤੇ। ਬੈਂਕਿੰਗ ਅਤੇ ਇੰਸ਼ੋਰੈਂਸ ਵਿਚ ਸਰਗੁਣ ਕੌਰ 93.6 ਪ੍ਰਤੀਸ਼ਤ, ਗੁਰਵੀਰ ਕੌਰ 93.2 ਪ੍ਰਤੀਸ਼ਤ ਤੇ ਹਰਸਿਰਤ ਕੌਰ 90.8 ਪ੍ਰਤੀਸ਼ਤ ਅੰਕ ਹਾਸਲ ਕੀਤੇ ਹਨ। ਪ੍ਰਿੰਸੀਪਲ ਡਾ. ਰੁਚੀ ਪਾਂਡੇ ਨੇ ਸਾਰੇ ਵਿਦਿਆਰਥੀਆਂ, ਮਾਪਿਆਂ ਤੇ ਅਧਿਆਪਕਾਂ ਨੂੰ ਵਧਾਈ ਦਿੱਤੀ ਹੈ। ਹੈੱਡ ਡੀਜੇਸੀ ਅਜੇ ਮਿੱਤਲ ਨੇ ਕਿਹਾ ਕਿ ਸਕੂਲ ਦਾ ਨਤੀਜਾ ਸ਼ਾਨਦਾਰ ਰਿਹਾ ਹੈ ਅਤੇ ਇਸ ਦਾ ਸਿਹਰਾ ਮਿਹਨਤੀ ਅਧਿਆਪਕਾਂ ਨੂੰ ਜਾਂਦਾ ਹੈ। ਉਨ੍ਹਾਂ ਨੇ ਸਾਰੇ ਵਿਦਿਆਰਥੀਆਂ ਦੇ ਉਜਵੱਲ ਭਵਿੱਖ ਦੀ ਕਾਮਨਾ ਕੀਤੀ।

## ਅੰਧਵਿਸ਼ਵਾਸ ਵਿਰੋਧੀ ਕਾਨੂੰਨਾਂ ਨੂੰ ਲਾਗੂ ਕਰਨ ਲਈ ਡੀ ਸੀ ਨੂੰ ਦਿੱਤਾ ਮੰਗ ਪੱਤਰ



**ਸੰਗਰੂਰ (ਪ੍ਰਵੀਨ ਸਿੰਘ)**-ਅੰਧਵਿਸ਼ਵਾਸ ਤੇ ਵਹਿਮ-ਭਰਮ ਫੈਲਾਅ ਕਿ ਆਮ ਲੋਕਾਂ ਦੀ ਆਰਥਿਕ, ਮਾਨਸਿਕ ਤੇ ਸਰੀਰਕ ਲੁੱਟ ਕਰ ਰਹੇ ਪਾਖੰਡੀ ਬਾਬੇ, ਤਾਂਤਰਿਕ, ਜੋਤਿਸ਼ੀ ਤੇ ਅਖਾਉਤੀ ਪੁੱਛਾਂ ਦੇਣ ਵਾਲਿਆਂ 'ਤੇ ਡਰੱਗ ਐਂਡ ਮੈਜਿਕ ਰੈਮਡੀ ਐਕਟ 1954 ਲਾਗੂ ਕਰਨ ਤੇ ਸੰਵਿਧਾਨ ਦੇ ਆਰਟੀਕਲ 51 ਏ (ਐਚ) ਅਨੁਸਾਰ ਅੰਧਵਿਸ਼ਵਾਸਾਂ ਵਿਰੋਧੀ ਕਾਨੂੰਨਾਂ ਨੂੰ ਵਿਗਿਆਨਿਕ ਵਿਚਾਰਾਂ ਦੇ ਪ੍ਰਚਾਰ ਪ੍ਰਸਾਰ ਲਈ ਲਾਗੂ ਕਰਨ ਲਈ ਜ਼ੋਨ ਮੁਖੀ ਮਾਸਟਰ ਪਰਮ ਵੇਦ ਦੀ ਅਗਵਾਈ ਵਿੱਚ ਸੰਗਰੂਰ, ਸੁਨਾਮ, ਦਿੜ੍ਹਬਾ, ਲੌਂਗੋਵਾਲ, ਛਾਜਲੀ ਇਕਾਈਆਂ ਦੇ ਮੈਂਬਰਾਂ ਜੁਝਾਰ ਸਿੰਘ ਸੂਬਾ ਆਗੂ, ਬਲਵੀਰ ਲੌਂਗੋਵਾਲ, ਸੁਰਿੰਦਰਪਾਲ, ਸੀਤਾ ਰਾਮ ਬਾਲਦ ਕਲਾਂ, ਗੁਰਦੀਪ ਸਿੰਘ ਲਹਿਰਾ, ਲੈਕਚਰਾਰ ਕ੍ਰਿਸ਼ਨ ਸਿੰਘ, ਵਿਸ਼ਵ ਕਾਂਤ, ਮਾਸਟਰ ਰਣਜੀਤ ਸਿੰਘ, ਪਰਮਿੰਦਰ ਸਿੰਘ, ਮਨਧੀਰ ਸਿੰਘ, ਗੁਰਜੰਟ ਸਿੰਘ ਆਦਿ ਨੇ ਡਿਪਟੀ ਕਮਿਸ਼ਨਰ ਸੰਗਰੂਰ ਪੂਨਮਦੀਪ ਕੌਰ ਨੂੰ ਮੰਗ ਪੱਤਰ ਦਿੱਤਾ।ਮੰਗ ਪੱਤਰ ਵਿੱਚ ਕਿਹਾ ਗਿਆ ਹੈ ਕਿ ਤਰਕਸ਼ੀਲ ਸੁਸਾਇਟੀ ਇੱਕ ਵਿਗਿਆਨਕ ਸੋਚ ਅਧਾਰਤ ਸਮਾਜਿਕ ਸੰਸਥਾ ਹੋਣ ਦੇ ਨਾਤੇ ਭਾਰਤੀ ਸੰਵਿਧਾਨ ਦੀ ਧਾਰਾ 51-ਏ (ਐਚ) ਅਨੁਸਾਰ ਪਿਛਲੇ 42 ਸਾਲ ਤੋਂ ਸਮਾਜ ਵਿੱਚ ਵਿਗਿਆਨਕ ਚੇਤਨਾ ਵਿਕਸਿਤ ਕਰਨ ਤੇ ਅੰਧਵਿਸ਼ਵਾਸਾਂ, ਗੈਰ ਵਿਗਿਆਨਕ ਘਟਨਾਵਾਂ, ਅਖੌਤੀ ਚਮਤਕਾਰਾਂ, ਨਸ਼ਿਆਂ, ਭਰੂਣ ਹੱਤਿਆ, ਦਾਜ-ਦਹੇਜ, ਸ਼ੋਰ ਪ੍ਰਦੂਸ਼ਣ ਵਾਤਾਵਰਣ, ਫਿਰਕਾਪ੍ਰਸਤੀ ਆਦਿ ਸਮਾਜਿਕ ਕੁਰੀਤੀਆਂ ਨੂੰ ਜੜ੍ਹੋਂ ਖਤਮ ਕਰਨ ਲਈ ਯਤਨਸ਼ੀਲ ਹੈ।

## ਪੀ ਪੀ ਐੱਸ ਦੇ ਵਿਦਿਆਰਥੀਆਂ ਦਾ ਸੀ ਬੀ ਐੱਸ ਈ ਬਾਰ੍ਹਵੀਂ ਦਾ ਨਤੀਜਾ ਸ਼ਾਨਦਾਰ



**ਭੀਖੀ (ਧਰਮਵੀਰ ਸ਼ਰਮਾ)**-ਸੀ.ਬੀ.ਐੱਸ.ਈ. ਦਿੱਲੀ ਵੱਲੋਂ ਬਾਰ੍ਹਵੀਂ ਜਮਾਤ ਦਾ ਨਤੀਜਾ ਘੋਸ਼ਿਤ ਕੀਤਾ ਗਿਆ ਜਿਸ ਵਿੱਚ ਪੈਰਾਮਾਊਂਟ ਪਬਲਿਕ ਸਕੂਲ, ਚੀਮਾਂ ਦੇ ਬੱਚਿਆਂ ਦਾ ਪਾਸ ਨਤੀਜਾ 100 ਫੀਸਦੀ ਰਿਹਾ। ਇਨ੍ਹਾਂ ਵਿੱਚ ਨਾਨ-ਮੈਡੀਕਲ ਸਟਰੀਮ ਵਿੱਚ ਲੁਕੇਸ਼ ਸਿੰਗਲਾ ਨੇ 93, ਨੇਮਦੀਪ ਕੌਰ ਨੇ 91.6, ਹਸਰਤ ਕੌਰ ਨੇ 90.2, ਕਮਲਪ੍ਰੀਤ ਸ਼ਰਮਾ ਨੇ 82.4, ਅਮਨਿੰਦਰ ਸਿੰਘ ਧਲਿਓ ਨੇ 82.4 ਅਤੇ ਮੈਡੀਕਲ ਸਟਰੀਮ ਵਿੱਚ ਅਨੁਰੀਤ ਕੌਰ ਨੇ 91.4, ਗਗਨਜੋਤ ਕੌਰ ਨੇ 88.8, ਕੋਮਲਪ੍ਰੀਤ ਕੌਰ ਨੇ 86.4, ਜਸਮੀਨ ਕੌਰ ਨੇ 84.6, ਯਸ਼ਲੀਨ ਕੌਰ ਨੇ 83.8, ਰਾਜਵੀਰ ਕੌਰ ਨੇ 82, ਸੁਮਨਪ੍ਰੀਤ ਕੌਰ ਨੇ 81.8 ਅਤੇ ਕਾਮਰਸ ਸਟਰੀਮ ਵਿੱਚ ਤਰਨਪ੍ਰੀਤ ਕੌਰ ਨੇ 91, ਸੁਮਨਦੀਪ ਕੌਰ ਨੇ 88.6, ਭਵਨਜੋਤ ਕੌਰ ਨੇ 87, ਖੁਸ਼ਪ੍ਰੀਤ ਕੌਰ ਨੇ 83, ਹਰਪ੍ਰੀਤ ਕੌਰ ਨੇ 82.4, ਨਵਜੋਤ ਕੌਰ ਨੇ 80.8 ਫੀਸਦੀ ਅੰਕ ਪ੍ਰਾਪਤ ਕਰਕੇ ਸਕੂਲ, ਇਲਾਕੇ ਤੇ ਆਪਣੇ ਮਾਤਾ-ਪਿਤਾ ਦਾ ਨਾਂਅ ਰੌਸ਼ਨ ਕੀਤਾ। ਨਤੀਜਾ ਐਲਾਨੇ ਜਾਣ 'ਤੇ ਸਾਰੇ ਬੱਚਿਆਂ, ਮਾਪਿਆਂ ਤੇ ਅਧਿਆਪਕਾਂ ਵਿੱਚ ਖੁਸ਼ੀ ਦੀ ਲਹਿਰ ਪਾਈ ਗਈ। ਸਕੂਲ ਦੇ ਐਮ. ਡੀ. ਜਸਵੀਰ ਸਿੰਘ ਚੀਮਾ ਤੇ ਮੈਡਮ ਕਿਰਨਪਾਲ ਕੌਰ ਨੇ ਬੱਚਿਆਂ ਨੂੰ ਚੰਗੇ ਨਤੀਜੇ ਲਈ ਵਧਾਈ ਦਿੱਤੀ ਤੇ ਸ਼ੁਭ-ਕਾਮਨਾਵਾਂ ਦਿੱਤੀਆਂ। ਸਕੂਲ ਦੇ ਪ੍ਰਿੰਸੀਪਲ ਸੰਜੇ ਕੁਮਾਰ, ਵਾਇਸ-ਪ੍ਰਿੰਸੀਪਲ ਭੁਸ਼ਪਿੰਦਰ ਕੌਰ ਤੇ ਸਮੂਹ ਸਟਾਫ ਹਾਜ਼ਰ ਸਨ।

## ਆਰਮੀ ਸਕੂਲਾਂ 'ਚ ਪੰਜਾਬੀ ਦੀ ਥਾਂ ਸੰਸਕ੍ਰਿਤ ਲਾਜ਼ਮੀ ਪੜ੍ਹਾਉਣ ਦਾ ਫੈਸਲਾ ਗ਼ਲਤ : ਤਰਕਸ਼ੀਲ ਸੁਸਾਇਟੀ

**ਬਰਨਾਲਾ (ਰਾਜਿੰਦਰ ਬਰਾੜ)**

ਤਰਕਸ਼ੀਲ ਸੁਸਾਇਟੀ ਪੰਜਾਬ ਨੇ ਆਰਮੀ ਵੈੱਲਫੇਅਰ ਐਜੂਕੇਸ਼ਨ ਸੁਸਾਇਟੀ ਵੱਲੋਂ ਆਰਮੀ ਪਬਲਿਕ ਸਕੂਲਾਂ 'ਚ ਪੰਜਾਬੀ ਦੀ ਥਾਂ ਸੰਸਕ੍ਰਿਤੀ ਦੀ ਪੜ੍ਹਾਈ ਲਾਜ਼ਮੀ ਕਰਨ ਦੇ ਮਾਂ ਬੋਲੀ ਵਿਰੋਧੀ ਫ਼ਿਰਕੂ ਫੈਸਲੇ ਦਾ ਸਖ਼ਤ ਵਿਰੋਧ ਕਰਦਿਆਂ ਪੰਜਾਬ ਸਰਕਾਰ, ਭਾਸ਼ਾ ਵਿਭਾਗ ਤੇ ਸੀਬੀਐਸਸੀ ਤੋਂ ਇਸ ਗ਼ੈਰ ਸੰਵਿਧਾਨਕ ਹੁਕਮ ਨੂੰ ਤੁਰੰਤ ਰੱਦ ਕਰਾਉਣ ਦੀ ਮੰਗ ਕੀਤੀ ਹੈ।ਉਨ੍ਹਾਂ ਪੰਜਾਬ ਦੀਆਂ ਸਮੂਹ ਲੋਕ ਪੱਖੀ ਅਤੇ ਅਗਾਂਹਵਧੂ ਅਕਾਦਮਿਕ, ਸਾਹਿਤਕ, ਸਮਾਜਿਕ ਤੇ ਜਨਤਕ ਜਮਹੂਰੀ ਸੰਸਥਾਵਾਂ ਤੇ ਮਾਪਿਆਂ ਤੋਂ ਇਸ ਫੈਸਲੇ ਨੂੰ ਵਾਪਸ ਕਰਾਉਣ ਲਈ ਸਾਂਝਾ ਸੰਘਰਸ਼ ਕਰਨ ਦੀ ਅਪੀਲ ਕੀਤੀ ਹੈ।ਸੂਬਾ ਕਮੇਟੀ ਆਗੂਆਂ ਮਾਸਟਰ ਰਾਜਿੰਦਰ ਭਦੌੜ, ਹੇਮ ਰਾਜ ਸਟੈਨੋ, ਜੋਗਿੰਦਰ ਕੁੱਲੇਵਾਲ, ਰਾਮ ਸਵਰਨ ਲੱਖੇਵਾਲੀ ਤੇ ਸੁਮੀਤ ਅੰਮ੍ਰਿਤਸਰ ਨੇ ਪੰਜਾਬੀ ਵਿਰੋਧੀ ਇਸ ਫ਼ਿਰਕੂ ਫ਼ੈਸਲੇ ਦਾ ਸਖ਼ਤ ਵਿਰੋਧ ਕਰਦਿਆਂ ਕਿਹਾ ਕਿ ਪੰਜਾਬ ਦੇ ਰਾਜ ਭਾਸ਼ਾ ਕਾਨੂੰਨ ਪੰਜਾਬ ਲਰਨਿੰਗ ਆਫ ਪੰਜਾਬੀ ਐਂਡ ਲੈਂਗੁਏਜਿਜ਼ (ਅਮੈਂਡਮੈਂਟ) ਐਕਟ-2008 ਅਨੁਸਾਰ ਪੰਜਾਬ ਦੇ ਹਰ ਸਕੂਲ ਵਿੱਚ ਦਸਵੀਂ ਜਮਾਤ ਤੱਕ ਪੰਜਾਬੀ ਭਾਸ਼ਾ ਦੀ ਪੜ੍ਹਾਈ ਲਾਜ਼ਮੀ ਹੈ, ਪਰ ਆਰਮੀ ਵੈਲਫੇਅਰ ਐਜੂਕੇਸ਼ਨ ਸੁਸਾਇਟੀ ਵੱਲੋਂ ਜਾਰੀ ਸਰਕੂਲਰ ਵਿੱਚ ਪੰਜਾਬੀ ਨੂੰ ਚੌਥੀ ਐਡੀਸ਼ਨਲ ਭਾਸ਼ਾ ਵਜੋਂ ਰੱਖ ਕੇ ਸੰਸਕ੍ਰਿਤ ਨੂੰ ਜਾਣ-ਬੁੱਝ ਕੇ ਲਾਜ਼ਮੀ ਤੌਰ 'ਤੇ ਪੜ੍ਹਾਉਣਾ, ਬੱਚਿਆਂ ਦੇ ਮਾਂ ਬੋਲੀ ਪੰਜਾਬੀ ਸਿੱਖਣ ਦੇ ਮੌਲਿਕ ਅਧਿਕਾਰ, ਭਾਸ਼ਾਈ ਆਜ਼ਾਦੀ ਤੇ ਪੰਜਾਬੀ ਸੱਭਿਆਚਾਰ ਨਾਲ ਸਿੱਧਾ ਖਿਲਵਾੜ ਹੈ।ਉਨ੍ਹਾਂ ਦੋਸ਼ ਲਾਇਆ ਕਿ ਆਰਮੀ ਸਕੂਲਾਂ ਦੀ ਪ੍ਰਬੰਧਕੀ ਕਮੇਟੀ ਵੱਲੋਂ ਆਰਐਸਐਸ ਤੇ ਭਾਜਪਾ ਦੇ ਹਿੰਦੂ ਰਾਸ਼ਟਰ ਦੇ ਫ਼ਿਰਕੂ ਏਜੰਡੇ ਹੇਠ ਪੰਜਾਬੀ ਭਾਸ਼ਾ ਨੂੰ ਲਾਜ਼ਮੀ ਪੜ੍ਹਾਉਣ ਸਬੰਧੀ ਨਿਯਮਾਂ ਨੂੰ ਬਿਲਕੁਲ ਅੱਖੋਂ ਪਰੋਖੇ ਕਰਕੇ ਵਿਦਿਆਰਥੀਆਂ ਉੱਤੇ ਸੰਸਕ੍ਰਿਤ ਨੂੰ ਥੋਪਣਾ, ਪੰਜਾਬ ਰਾਜ ਭਾਸ਼ਾ ਕਾਨੂੰਨ -2008 ਅਤੇ ਨਵੀਂ ਸਿੱਖਿਆ ਨੀਤੀ-2020 ਦੀ ਸਰਾਸਰ ਉਲੰਘਣਾ ਹੈ ਜਿਸ ਲਈ ਪੰਜਾਬ ਸਰਕਾਰ ਵੱਲੋਂ ਆਰਮੀ ਵੈਲਫੇਅਰ ਐਜੂਕੇਸ਼ਨ ਸੁਸਾਇਟੀ ਵਿਰੁੱਧ ਢੁੱਕਵੀਂ ਕਾਨੂੰਨੀ ਕਾਰਵਾਈ ਕੀਤੀ ਜਾਣੀ ਚਾਹੀਦੀ ਹੈ। ਤਰਕਸ਼ੀਲ ਸੁਸਾਇਟੀ ਨੇ ਆਰਮੀ ਸਕੂਲਾਂ 'ਚ ਪੜ੍ਹਦੇ ਵਿਦਿਆਰਥੀਆਂ ਦੇ ਮਾਪਿਆਂ ਤੇ ਸਮੂਹ ਪੰਜਾਬੀ ਹਿਤੈਸ਼ੀਆਂ ਨੂੰ ਇਸ ਪੰਜਾਬੀ ਵਿਰੋਧੀ ਫੈਸਲੇ ਦਾ ਡਟਵਾਂ ਵਿਰੋਧ ਕਰਨ ਦੀ ਵੀ ਅਪੀਲ ਕੀਤੀ।

## ਸੁਖਮਨਪ੍ਰੀਤ ਕੌਰ 98.4% ਅੰਕਾਂ ਨਾਲ ਜ਼ਿਲ੍ਹਾ ਟਾਪਰ

**ਫ਼ਰੀਦਕੋਟ (ਐਲਿਗਜ਼ੈਂਡਰ ਡਿਸੂਜ਼ਾ)**-ਸੈਂਟਰਲ ਬੋਰਡ ਆਫ਼ ਸੈਕੰਡਰੀ ਐਜੂਕੇਸ਼ਨ (ਸੀ.ਬੀ.ਐਸ.ਈ.) ਵੱਲੋਂ ਐਲਾਨੇ ਗਏ 12ਵੀਂ ਜਮਾਤ ਦੇ ਨਤੀਜਿਆਂ ਵਿੱਚ ਬਾਬਾ ਫ਼ਰੀਦ ਪਬਲਿਕ ਸਕੂਲ ਨੇ ਇੱਕ ਵਾਰ ਫਿਰ ਅਕਾਦਮਿਕ ਖੇਤਰ ਵਿੱਚ ਆਪਣੀ ਸਰਦਾਰੀ ਕਾਇਮ ਕੀਤੀ ਹੈ।ਸਕੂਲ ਦੀ ਮਿਹਨਤੀ ਵਿਦਿਆਰਥਣ ਸੁਖਮਨਪ੍ਰੀਤ ਕੌਰ ਨੇ ਕਾਮਰਸ ਸਟਰੀਮ ਵਿੱਚ 98.4% ਫ਼ੀਸਦੀ ਅੰਕ ਹਾਸਲ ਕਰਕੇ ਜ਼ਿਲ੍ਹੇ ਭਰ 'ਚੋਂ ਪਹਿਲਾ ਸਥਾਨ ਪ੍ਰਾਪਤ ਕਰਕੇ ਸਕੂਲ ਤੇ ਇਲਾਕੇ ਦਾ ਨਾਂਅ ਰੌਸ਼ਨ ਕੀਤਾ ਹੈ।

ਸਕੂਲ ਦੇ ਹੋਰਨਾਂ ਵਿਦਿਆਰਥੀਆਂ ਨੇ ਵੀ ਮੱਲਾਂ ਮਾਰਦਿਆਂ ਸ਼ਾਨਦਾਰ ਪ੍ਰਦਰਸ਼ਨ ਕੀਤਾ।ਪ੍ਰਭਜੀਤ ਕੌਰ ਨੇ 97.4 ਫ਼ੀਸਦੀ ਅੰਕਾਂ ਨਾਲ ਦੂਜਾ ਤੇ ਅਮਾਨਿਤ ਕੌਰ ਨੇ 97.2 ਫ਼ੀਸਦੀ ਅੰਕਾਂ ਨਾਲ ਤੀਜਾ ਸਥਾਨ ਹਾਸਲ ਕੀਤਾ।ਵਿਸ਼ੇਵਾਰ ਨਤੀਜਿਆਂ ਵਿੱਚ ਵੀ ਸਕੂਲ ਦੇ ਵਿਦਿਆਰਥੀਆਂ ਨੇ ਝੰਡੇ ਗੱਡੇ ਹਨ।ਅੰਗਰੇਜ਼ੀ, ਇੰਨਫਾਰਮੇਸ਼ਨ ਟੈਕਨਾਲੋਜੀ, ਜਿਊਗਰਾਫ਼ੀ, ਸਾਈਕੋਲੋਜੀ, ਬਾਇਉਲੋਜੀ, ਅਕਾਊਂਟਸ ਅਤੇ ਪੰਜਾਬੀ ਵਰਗੇ ਅਹਿਮ ਵਿਸ਼ਿਆਂ ਵਿੱਚੋਂ ਵਿਦਿਆਰਥੀਆਂ ਨੇ 100 ਵਿੱਚੋਂ 100 ਅੰਕ ਪ੍ਰਾਪਤ ਕੀਤੇ।ਇਸ ਸ਼ਾਨਦਾਰ ਸਫਲਤਾ 'ਤੇ ਸਕੂਲ ਦੀ ਕਾਰਜਕਾਰੀ ਪ੍ਰਿੰਸੀਪਲ ਸੁਖਦੀਪ ਕੌਰ ਨੇ ਖ਼ੁਸ਼ੀ ਜ਼ਾਹਰ ਕਰਦਿਆਂ ਕਿਹਾ ਕਿ ਇਹ ਸਭ ਸੰਸਥਾਪਕ ਚੇਅਰਮੈਨ ਸਵਰਗਵਾਸੀ ਸਰਦਾਰ ਇੰਦਰਜੀਤ ਸਿੰਘ ਖ਼ਾਲਸਾ ਦੀ ਦੂਰਅੰਦੇਸ਼ੀ ਤੇ ਸਿੱਖਿਆ ਪ੍ਰਤੀ ਸਮਰਪਣ ਸਦਕਾ ਸੰਭਵ ਹੋਇਆ ਹੈ।ਉਨ੍ਹਾਂ ਕਿਹਾ ਕਿ ਵਿਦਿਆਰਥੀਆਂ ਨੇ ਖ਼ਾਲਸਾ ਜੀ ਦੇ ਸੁਪਨਿਆਂ ਨੂੰ ਹਕੀਕਤ 'ਚ ਬਦਲਿਆ ਹੈ।ਕਾਰਜਕਾਰੀ ਵਾਈਸ ਪ੍ਰਿੰਸੀਪਲ ਸ੍ਰੀਮਤੀ ਹਰਸਿਮਰਨਜੀਤ ਕੌਰ ਨੇ ਇਸ ਸਫ਼ਲਤਾ ਨੂੰ ਵਿਦਿਆਰਥੀਆਂ ਦੀ ਸਖ਼ਤ ਮਿਹਨਤ ਤੇ ਸਟਾਫ਼ ਦੀ ਨਿਸ਼ਠਾ ਦਾ ਨਤੀਜਾ ਦੱਸਿਆ।

## ਵਾਰਡ ਨੰਬਰ 33 'ਚ 43.67 ਲੱਖ ਦੀ ਲਾਗਤ ਵਾਲੇ ਵਿਕਾਸ ਪ੍ਰੋਜੈਕਟ ਦਾ ਉਦਘਾਟਨ



**ਲੁਧਿਆਣਾ (ਰਾਜ ਸਿੰਗਲਾ)**-ਵਿਧਾਨ ਸਭਾ ਹਲਕਾ ਦੱਖਣੀ ਵਿਖੇ ਵਿਕਾਸ ਪ੍ਰੋਜੈਕਟ ਨਿਰੰਤਰ ਜਾਰੀ ਹਨ, ਜਿਸ ਤਹਿਤ ਵਾਰਡ ਨੰਬਰ 33 ਵਿਖੇ ਵਿਧਾਇਕ ਰਾਜਿੰਦਰ ਪਾਲ ਕੌਰ ਛੀਨਾ ਵੱਲੋਂ ਮੁਹੱਲਾ ਮੱਕੜ ਕਲੋਨੀ ਦੀਆਂ 4 ਗਲੀਆਂ 'ਚ 43.67 ਲੱਖ ਰੁਪਏ ਦੀ ਲਾਗਤ ਨਾਲ ਆਰ.ਐੱਮ.ਸੀ. ਸੜਕਾਂ ਦੇ ਨਿਰਮਾਣ ਕਾਰਜਾਂ ਦਾ ਉਦਘਾਟਨ ਕੀਤਾ ਗਿਆ। ਵਿਧਾਇਕ ਛੀਨਾ ਨੇ ਕਿਹਾ ਕਿ ਮਾਨ ਸਰਕਾਰ ਸਿਰਫ਼ ਵਾਅਦੇ ਨਹੀਂ ਕਰਦੀ, ਸਗੋਂ ਹਰ ਵਾਅਦੇ ਨੂੰ ਜ਼ਮੀਨ ਪੱਧਰ 'ਤੇ ਪੂਰਾ ਵੀ ਕੀਤਾ ਜਾ ਰਿਹਾ ਹੈ।ਉਨ੍ਹਾਂ ਕਿਹਾ ਕਿ ਜਿੱਥੇ ਪਿਛਲੀਆਂ ਸਰਕਾਰਾਂ ਨੇ ਸਾਲਾਂ ਤੱਕ ਲੋਕਾਂ ਨੂੰ ਸਿਰਫ਼ ਝੂਠੇ ਭਰੋਸਿਆਂ ਤੇ ਰਾਜਨੀਤੀ ਵਿੱਚ ਉਲਝਾ ਕੇ ਰੱਖਿਆ, ਉੱਥੇ ਆਮ ਆਦਮੀ ਪਾਰਟੀ ਦੀ ਸਰਕਾਰ ਹਰ ਗਲੀ ਅਤੇ ਹਰ ਘਰ ਤੱਕ ਵਿਕਾਸ ਪ੍ਰੋਜੈਕਟਾਂ ਨੂੰ ਪੁਚਾ ਰਹੀ ਹੈ।ਉਨ੍ਹਾਂ ਕਿਹਾ ਕਿ ਹਲਕਾ ਦੱਖਣੀ ਨੂੰ ਵਿਕਾਸ ਪੱਖੋਂ ਪੰਜਾਬ ਦਾ ਮਾਡਲ ਹਲਕਾ ਬਣਾਇਆ ਜਾ ਰਿਹਾ ਹੈ।ਸੜਕਾਂ, ਗਲੀਆਂ, ਸੀਵਰੇਜ, ਸਟਰੀਟ ਲਾਈਟਾਂ ਤੇ ਹੋਰ ਬੁਨਿਆਦੀ ਸਹੂਲਤਾਂ ਲਈ ਕਰੋੜਾਂ ਰੁਪਏ ਦੇ ਕੰਮ ਜੰਗੀ ਪੱਧਰ 'ਤੇ ਚੱਲ ਰਹੇ ਹਨ।ਉਨ੍ਹਾਂ ਕਿਹਾ ਕਿ ਸੂਬੇ ਵਿੱਚ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦੀ ਨੀਅਤ ਸਾਫ਼ ਹੈ। ਲੋਕਾਂ ਦੇ ਟੈਕਸ ਦਾ ਇੱਕ-ਇੱਕ ਪੈਸਾ ਲੋਕਾਂ ਦੀ ਭਲਾਈ 'ਤੇ ਲਾਇਆ ਜਾ ਰਿਹਾ ਹੈ।ਇਸ ਦੌਰਾਨ ਇਲਾਕਾ ਨਿਵਾਸੀਆਂ ਨੇ ਕਿਹਾ ਕਿ ਪਹਿਲੀ ਵਾਰ ਕਿਸੇ ਸਰਕਾਰ ਦੇ ਵਿਧਾਇਕਾਂ ਵੱਲੋਂ ਲੋਕਾਂ ਦੇ ਘਰ-ਘਰ ਪਹੁੰਚ ਕਰਕੇ ਮੁਸ਼ਕਲਾਂ ਦੇ ਨਿਪਟਾਰੇ ਕਰਾਏ ਜਾ ਰਹੇ ਹਨ।ਉਨ੍ਹਾਂ ਕਿਹਾ ਕਿ ਕਈ ਸਾਲਾਂ ਤੋਂ ਲਟਕੀਆਂ ਮੰਗਾਂ ਨੂੰ ਵਿਧਾਇਕ ਰਾਜਿੰਦਰਪਾਲ ਕੌਰ ਛੀਨਾ ਨੇ ਪਹਿਲ ਦੇ ਆਧਾਰ 'ਤੇ ਮਨਜ਼ੂਰ ਕਰਾ ਕੇ ਲੋਕਾਂ ਦਾ ਭਰੋਸਾ ਜਿੱਤਿਆ ਹੈ।

## ਵਿਦਿਆਰਥੀਆਂ ਨੂੰ ਸਰਟੀਫਿਕੇਟ ਤੇ ਕਿੱਟਾਂ ਵੰਡੀਆਂ



**ਫ਼ਰੀਦਕੋਟ (ਐਲਿਗਜ਼ੈਂਡਰ ਡਿਸੂਜ਼ਾ)**-ਪੰਜਾਬ ਦੇ ਨੌਜਵਾਨਾਂ ਨੂੰ ਹੁਨਰਮੰਦ ਬਣਾ ਕੇ ਰੁਜ਼ਗਾਰ ਦੇ ਕਾਬਲ ਬਣਾਉਣ ਦੀ ਦਿਸ਼ਾ ਵਿੱਚ ਵੱਡਾ ਕਦਮ ਚੁੱਕਦਿਆਂ ਬਾਬਾ ਫ਼ਰੀਦ ਯੂਨੀਵਰਸਿਟੀ ਆਫ਼ ਹੈਲਥ ਸਾਇੰਸਿਜ਼ ਵੱਲੋਂ ਚਲਾਏ ਜਾ ਰਹੇ ਹੈਲਥ ਸਕਿਲ ਡਿਵੈਲਪਮੈਂਟ ਸੈਂਟਰ ਦੇ ਵਿਦਿਆਰਥੀਆਂ ਲਈ ਵਿਸ਼ੇਸ਼ ਸਨਮਾਨ ਸਮਾਰੋਹ ਕਰਾਇਆ ਗਿਆ।ਇਸ ਮੌਕੇ ਕੇਂਦਰੀ ਸਕੀਮਾਂ ਤੇ ਅਧੀਨ ਸਿਖਲਾਈ ਪੂਰੀ ਕਰਨ ਵਾਲੇ ਵਿਦਿਆਰਥੀਆਂ ਨੂੰ ਸਰਟੀਫਿਕੇਟ ਤੇ ਟ੍ਰੇਨਿੰਗ ਲਰਨਿੰਗ ਮਟੀਰੀਅਲ ਕਿੱਟਾਂ ਵੰਡੀਆਂ ਗਈਆਂ।ਸਮਾਰੋਹ ਦੌਰਾਨ ਵੱਖ-ਵੱਖ ਕੋਰਸਾਂ ਦੇ ਕੁੱਲ 51 ਵਿਦਿਆਰਥੀਆਂ ਨੂੰ ਸਰਟੀਫਿਕੇਟ ਪ੍ਰਦਾਨ ਕੀਤੇ ਗਏ। ਪੰਚਕਰਮਾ ਅਸਿਸਟੈਂਟ ਤੇ ਐਮਰਜੈਂਸੀ ਮੈਡੀਕਲ ਟੈਕਨੀਸ਼ੀਅਨ ਦੇ ਦੋ-ਦੋ ਬੈਚਾਂ ਦੇ ਵਿਦਿਆਰਥੀਆਂ ਨੂੰ ਉਨ੍ਹਾਂ ਦੀ ਪੜ੍ਹਾਈ 'ਚ ਸਹਾਈ ਹੋਣ ਵਾਲੀਆਂ ਟ੍ਰੇਨਿੰਗ ਕਿੱਟਾਂ ਵੀ ਦਿੱਤੀਆਂ ਗਈਆਂ।ਸਰਟੀਫਿਕੇਟ ਵੰਡਣ ਦੀ ਰਸਮ ਅਦਾ ਕਰਦਿਆਂ ਯੂਨੀਵਰਸਿਟੀ ਦੇ ਵਾਈਸ ਚਾਂਸਲਰ ਪ੍ਰੋ. (ਡਾ.) ਰਾਜੀਵ ਸੂਦ ਨੇ ਕਿਹਾ ਕਿ ਯੂਨੀਵਰਸਿਟੀ ਪੰਜਾਬ ਦੇ ਨੌਜਵਾਨਾਂ ਨੂੰ ਉਦਯੋਗਿਕ ਲੋੜਾਂ ਮੁਤਾਬਕ ਸਿਹਤ ਸੇਵਾਵਾਂ 'ਚ ਮਾਹਰ ਬਣਾਉਣ ਲਈ ਵਚਨਬੱਧ ਹੈ।ਉਨ੍ਹਾਂ ਦੱਸਿਆ ਕਿ ਪੰਜਾਬ ਸਕਿਲ ਡਿਵੈਲਪਮੈਂਟ ਮਿਸ਼ਨ ਤਹਿਤ ਇਹ ਸਾਰੇ ਕੋਰਸ ਬਿਲਕੁਲ ਮੁਫ਼ਤ ਕਰਾਏ ਜਾ ਰਹੇ ਹਨ। ਡਾ. ਸੂਦ ਨੇ ਜ਼ੋਰ ਦਿੱਤਾ ਕਿ ਹੈਲਥਕੇਅਰ ਦੇ ਖੇਤਰ 'ਚ ਆਉਣ ਵਾਲਾ ਸਮਾਂ ਸੁਨਹਿਰੀ ਹੈ ਅਤੇ ਇਹ ਸਿਖਲਾਈ ਨੌਜਵਾਨਾਂ ਨੂੰ ਆਤਮ-ਨਿਰਭਰ ਬਣਾਉਣ 'ਚ ਮਦਦਗਾਰ ਸਾਬਤ ਹੋਵੇਗੀ।

## ਧੋਖਾਧੜੀ ਦੇ ਮਾਮਲੇ 'ਚ 3 ਵਿਰੁੱਧ ਕੇਸ ਦਰਜ

**ਸ੍ਰੀ ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਸਰਹਿੰਦ ਨੇੜਲੇ ਪਿੰਡ ਭੈਰੋਂਪੁਰ ਵਿੱਚ ਚਾਰ ਭਰਾਵਾਂ ਦੀ ਜ਼ਮੀਨ ਨੂੰ ਕਥਿਤ ਤੌਰ 'ਤੇ ਜਾਅਲੀ ਵਿਅਕਤੀ ਖੜੇ ਕਰਕੇ ਵੇਚਣ ਦੇ ਮਾਮਲੇ ਵਿੱਚ ਪੁਲਸ ਨੇ ਤਿੰਨ ਵਿਅਕਤੀਆਂ ਖ਼ਿਲਾਫ਼ ਕੇਸ ਦਰਜ ਕੀਤਾ ਹੈ।ਦਰਸ਼ਨ ਸਿੰਘ ਵਾਸੀ ਭੈਰੋਂਪੁਰ ਨੇ ਪੁਲਸ ਨੂੰ ਦਿੱਤੀ ਸ਼ਿਕਾਇਤ ਵਿੱਚ ਦੱਸਿਆ ਕਿ ਪਿੰਡ ਦੇ ਚਾਰ ਸਕੇ ਭਰਾ ਇੰਦਰ ਸਿੰਘ, ਬਿਸ਼ਨ ਸਿੰਘ, ਨਵੀਰਾ ਸਿੰਘ ਤੇ ਰਾਮਦਿੱਤਾ ਸਿੰਘ ਲੰਬੇ ਸਮੇਂ ਤੋਂ ਲਾਪਤਾ ਹਨ ਅਤੇ ਉਨ੍ਹਾਂ ਦਾ ਕੋਈ ਵਾਰਿਸ ਸਾਹਮਣੇ ਨਹੀਂ ਆਇਆ।ਉਕਤ ਭਰਾਵਾਂ ਦੇ ਨਾਂਅ 'ਤੇ 16 ਕਨਾਲ 10 ਮਰਲੇ ਜ਼ਮੀਨ ਦਰਜ ਸੀ, ਜਿਸ ਦੀ ਕਾਸ਼ਤ ਲਾਭ ਸਿੰਘ ਦਾ ਪਰਿਵਾਰ ਕਰਦਾ ਸੀ।ਦੋਸ਼ ਹੈ ਕਿ ਲਾਭ ਸਿੰਘ, ਜੋ ਇਸ ਵੇਲੇ ਉੱਤਰ ਪ੍ਰਦੇਸ਼ ਦੇ ਲਖੀਮਪੁਰ ਖੀਰੀ ਵਿੱਚ ਰਹਿ ਰਿਹਾ ਹੈ, ਨੇ ਆਪਣਾ ਨਾਂਅ ਬਦਲ ਕੇ ਇੰਦਰ ਸਿੰਘ ਰੱਖ ਲਿਆ ਤੇ ਜਾਅਲੀ ਦਸਤਾਵੇਜ਼ ਤਿਆਰ ਕਰਾ ਲਏ।ਉਸ ਨੇ ਆਪਣੇ ਰਿਸ਼ਤੇਦਾਰਾਂ ਨੂੰ ਹੋਰ ਭਰਾਵਾਂ ਵਜੋਂ ਪੇਸ਼ ਕਰਕੇ ਮੁਖਤਿਆਰਨਾਮਾ ਬਣਵਾਇਆ ਤੇ ਬਾਅਦ ਵਿੱਚ ਜ਼ਮੀਨ ਵੇਚ ਦਿੱਤੀ।ਪੁਲਸ ਨੇ 419, 420, 465, 467, 468, 471 ਅਤੇ 120-ਬੀ ਆਈਪੀਸੀ ਤਹਿਤ ਕੇਸ ਦਰਜ ਕਰਕੇ ਜਾਂਚ ਸ਼ੁਰੂ ਕਰ ਦਿੱਤੀ ਹੈ।

## ਸਵ: ਚੇਅਰਮੈਨ ਸ਼ਿਵਦਰਸ਼ਨ ਕੁਮਾਰ ਸ਼ਰਮਾ ਦੀ ਯਾਦ ਨੂੰ ਸਮਰਪਤ ਖੋਲ੍ਹਿਆ ਐੱਸ ਕੇ ਐੱਸ ਮੈਮੋਰੀਅਲ ਲਾਅ ਕਾਲਜ

**ਬਰਨਾਲਾ (ਰਾਜਿੰਦਰ ਬਰਾੜ)**

ਪਿਛਲੀ ਇੱਕ ਸਦੀ ਤੋਂ ਬਰਨਾਲਾ ਵਿੱਚ ਵਿੱਦਿਆ ਦੇ ਖੇਤਰ 'ਚ ਸਰਗਰਮ ਸਨਾਤਨ ਧਰਮ ਸਭਾ ਰਜਿ: ਬਰਨਾਲਾ (ਐੱਸ.ਡੀ ਸਭਾ) ਜਿਥੇ ਪਹਿਲਾਂ ਸੱਤ ਸਕੂਲ ਤੇ ਐੱਸ.ਐੱਸ.ਡੀ ਕਾਲਜ ਰਾਹੀਂ ਵਿੱਦਿਆ ਦਾ ਚਾਨਣ ਵੰਡ ਰਹੀ ਹੈ, ਉਥੇ ਹੁਣ ਵੱਡੀ ਪੁਲਾਂਘ ਪੁੱਟਦਿਆਂ ਐੱਸ.ਕੇ.ਐੱਸ ਮੈਮੋਰੀਅਲ ਲਾਅ ਕਾਲਜ ਸ਼ੁਰੂ ਕਰਕੇ ਨਵਾਂ ਮੀਲ ਪੱਥਰ ਗੱਡਣ ਜਾ ਰਹੀ ਹੈ।ਐੱਸ.ਡੀ ਸਭਾ ਦੇ ਚੇਅਰਮੈਨ ਡਾ: ਪੀਨਾਂਕ ਮੋਦਗਿੱਲ, ਪ੍ਰਧਾਨ ਡਾ: ਭੀਮ ਸੈਨ ਗਰਗ, ਜਨਰਲ ਸਕੱਤਰ ਸ਼ਿਵ ਸਿੰਗਲਾ ਤੇ ਪ੍ਰਿੰਸੀਪਲ ਡਾ. ਰਾਕੇਸ਼ ਜਿੰਦਲ ਨੇ ਸਾਂਝੇ ਤੌਰ 'ਤੇ ਦੱਸਿਆ ਹੈ ਕਿ ਐੱਸ.ਡੀ ਸਭਾ ਨੂੰ ਬੁਲੰਦੀਆਂ ਪੁਚਾਉਣ ਵਾਲੇ 'ਬਾਊ ਜੀ' ਸਵ: ਐਡਵੋਕੇਟ ਸ਼ਿਵਦਰਸ਼ਨ ਕੁਮਾਰ ਸ਼ਰਮਾ ਦੀ ਸਦੀਵੀ ਯਾਦ ਨੂੰ ਸਮਰਪਤ ਸਿਵਦਰਸ਼ਨ ਕੁਮਾਰ ਸ਼ਰਮਾ ਮੈਮੋਰੀਅਲ ਲਾਅ ਕਾਲਜ (ਐੱਸ.ਕੇ.ਐੱਸ ਲਾਅ ਕਾਲਜ) ਸ਼ੁਰੂ ਕਰਨ ਜਾ ਰਹੀ ਹੈ। ਉਨ੍ਹਾਂ ਦੱਸਿਆ ਹੈ ਲਾਅ ਕਾਲਜ ਦੀ ਬਿਲਡਿੰਗ ਬਣ ਕੇ ਤਿਆਰ ਹੋ ਚੁੱਕੀ ਹੈ ਅਤੇ ਪੰਜਾਬੀ ਯੂਨੀਵਰਸਿਟੀ ਪਟਿਆਲਾ,




ਪੰਜਾਬ ਸਰਕਾਰ, ਭਾਰਤ ਸਰਕਾਰ ਅਤੇ ਬਾਰ ਕੌਂਸਲ ਇੰਡੀਆ ਤੋਂ ਸਾਰੀਆਂ ਪ੍ਰਵਾਨਗੀਆਂ ਮਿਲ ਚੁੱਕੀਆਂ ਹਨ ਤੇ ਸਟਾਫ਼ ਦੀ ਭਰਤੀ ਹੋ ਰਹੀ ਹੈ।ਹੁਣ ਬਹੁਤ ਜਲਦੀ 'ਐੱਸ.ਕੇ.ਐੱਸ ਮੈਮੋਰੀਅਲ ਲਾਅ ਕਾਲਜ' 'ਚ ਵਿਦਿਆਰਥੀਆਂ ਦੇ ਦਾਖਲੇ ਸ਼ੁਰੂ ਹੋਣ ਜਾ ਰਹੇ ਹਨ।ਉਨ੍ਹਾਂ ਦੱਸਿਆ ਕਿ ਇਲਾਕੇ ਦੇ ਲੋਕਾਂ ਦੀ ਚਿਰੋਕਣੀ ਮੰਗ ਸੀ ਕਿ ਬਰਨਾਲਾ ਵਿੱਚ ਲਾਅ ਕਾਲਜ ਹੋਵੇ, ਕਿਉਂਕਿ ਕਾਨੂੰਨ ਦੀ ਪੜ੍ਹਾਈ ਕਰਨ ਲਈ ਵਿਦਿਆਰਥੀਆਂ ਨੂੰ ਬਹੁਤ ਦੂਰ ਜਾਣਾ ਪੈਂਦਾ ਸੀ। ਸਵ: ਸ੍ਰੀ ਸ਼ਿਵਦਰਸ਼ਨ ਕੁਮਾਰ ਸ਼ਰਮਾ 'ਜੋ 60 ਸਾਲ ਤੋਂ ਵੱਧ ਸਮਾਂ ਵਕਾਲਤ ਦੇ ਖੇਤਰ ਸਰਗਰਮ ਰਹੇ, ਵੀ ਬਰਨਾਲਾ ਵਿੱਚ ਲਾਅ ਕਾਲਜ ਬਣਾਉਣ ਲਈ ਤਤਪਰ ਰਹੇ, ਪਰ ਉਸ ਸਮੇਂ ਸਰਕਾਰ ਵੱਲੋਂ ਨਵੇਂ ਲਾਅ ਕਾਲਜ ਖੋਲਣ 'ਤੇ ਬੰਦਸ਼ਾਂ ਲੱਗੀਆਂ ਹੋਣ ਕਰਕੇ ਉਹਨਾਂ ਦਾ ਇਹ ਸੁਪਨਾ ਜਿਉਂਦੇ ਜੀਅ ਪੂਰਾ ਨਾ ਹੋ ਸਕਿਆ।ਹੁਣ ਜਿਉਂ ਹੀ ਪੰਜਾਬ ਸਰਕਾਰ ਨੇ ਨਵੇਂ ਲਾਅ ਖੋਲ੍ਹਣ 'ਤੇ ਲਾਈ ਪਾਬੰਦੀ ਹਟਾਈ ਤਾਂ ਉਨ੍ਹਾਂ ਦੇ ਸਪੁੱਤਰ ਡਾ. ਪੀਨਾਂਕ ਮੋਦਗਿਲ ਦੇ ਅਣਥੱਕ ਯਤਨਾਂ ਸਦਕਾ 'ਬਾਊ ਜੀ' ਸਿਵਦਰਸ਼ਨ ਕੁਮਾਰ ਸਰਮਾ ਦਾ ਸੁਪਨਾ ਪੂਰਾ ਹੋਇਆ ਤੇ ਬਰਨਾਲਾ ਖੇਤਰ ਵਿੱਚ 'ਐੱਸ.ਕੇ.ਐੱਸ ਮੈਮੋਰੀਅਲ ਲਾਅ ਕਾਲਜ' ਦੀ ਸਥਾਪਨਾ ਹੋਈ ਹੈ, ਜਿਸ ਨਾਲ ਹੁਣ ਇਥੇ ਪਹਿਲੇ ਸਾਲ ਹੀ 120 ਵਿਦਿਆਰਥੀਆਂ ਕਾਨੂੰਨ ਦੀ ਪੜ੍ਹਾਈ ਵਿੱਚ ਦਾਖਲਾ ਲੈ ਸਕਣਗੇ, ਜਿਨ੍ਹਾਂ ਵਿੱਚ 60 ਸੀਟਾਂ ਵਿਦਿਆਰਥੀਆਂ ਲਈ ਪਲਸ ਟੂ ਕਰਨ ਉਪਰੰਤ ਕਾਨੂੰਨ ਦੀ ਪੜ੍ਹਾਈ ਕਰਨ ਵਾਸਤੇ ਹਨ, ਜੋ ਪੰਜ ਸਾਲਾਂ 'ਚ ਆਪਣੀ ਪੜ੍ਹਾਈ ਪੂਰੀ ਕਰਨਗੇ ਤੇ 60 ਸੀਟਾਂ 'ਤੇ ਵਿਦਿਆਰਥੀ ਗਰੇਜੂਏਸ਼ਨ ਉਪਰੰਤ 3 ਸਾਲਾਂ ਵਿੱਚ ਕਾਨੂੰਨ ਦੀ ਪੜ੍ਹਾਈ ਪੂਰੀ ਕਰਨਗੇ।

## ਡੀ ਐੱਮ ਕਾਲਜੀਏਟ ਦਾ ਨਤੀਜਾ 100 ਫੀਸਦੀ ਰਿਹਾ



**ਮੋਗਾ (ਇਕਬਾਲ ਸਿੰਘ ਖਹਿਰਾ)**-ਡੀ. ਐੱਮ. ਕਾਲਜੀਏਟ ਮੋਗਾ ਨੇ ਆਪਣੀਆਂ ਪਲੱਸ 2 (ਬਾਰਵੀਂ) ਪ੍ਰੀਖਿਆਵਾਂ ਵਿੱਚ ਸੱਚਮੁੱਚ ਸ਼ਾਨਦਾਰ ਤੇ 100% ਪਾਸ ਦਰ ਪ੍ਰਾਪਤ ਕੀਤੀ ਹੈ।+2 ਮੈਡੀਕਲ ਸਾਇੰਸ ਸਟ੍ਰੀਮ ਵਿੱਚ ਮਨਪ੍ਰੀਤ ਕੌਰ ਨੇ 91% ਅੰਕਾਂ ਨਾਲ ਪਹਿਲਾ, ਗੁਰਜੀਤ ਕੌਰ ਨੇ 90.8% ਅੰਕਾਂ ਨਾਲ ਦੂਜਾ ਤੇ ਸੀਆ ਨੇ 89.6% ਅੰਕਾਂ ਨਾਲ ਤੀਜਾ ਸਥਾਨ ਪ੍ਰਾਪਤ ਕੀਤਾ।ਨਾਨ-ਮੈਡੀਕਲ ਸਟ੍ਰੀਮ ਵਿੱਚ ਜਸਪ੍ਰੀਤ ਕੌਰ ਨੇ 84.6%, ਮੋਹਿਤ ਕੁਮਾਰ 83.6% ਤੇ ਮੁਕਤਾ 82.6% ਅੰਕ ਪ੍ਰਾਪਤ ਕੀਤੇ। ਕਾਮਰਸ ਸਟ੍ਰੀਮ 'ਚ ਰਸ਼ਮੀਤ ਕੌਰ ਨੇ 90% ਨਾਲ ਪਹਿਲਾ, ਆਦਿਤਿਆ ਨੇ 89% ਨਾਲ ਦੂਜਾ ਤੇ ਨੂਰ ਸਿਦੀਓਰਾ ਨੇ 87.6% ਅੰਕਾਂ ਨਾਲ ਤੀਜਾ ਸਥਾਨ ਪ੍ਰਾਪਤ ਕੀਤਾ।ਆਰਟਸ ਸਟ੍ਰੀਮ 'ਚ ਗੁਰੂਦੇਵਵੀਰ ਨੇ 87% ਅੰਕਾਂ ਨਾਲ ਪਹਿਲਾ, ਅੰਸ਼ਿਕਾ ਨੇ 84.6% ਅੰਕਾਂ ਨਾਲ ਦੂਜਾ, ਜਦੋਂ ਕਿ ਵੰਸ਼ ਤੇ ਪ੍ਰਭਜੋਤ ਕੌਰ ਨੇ 78% ਅੰਕਾਂ ਨਾਲ ਤੀਜਾ ਸਥਾਨ ਪ੍ਰਾਪਤ ਕੀਤਾ।ਇਹ ਸਫਲਤਾ ਪ੍ਰਿੰਸੀਪਲ ਵਿਪਿਨਜੀਤ ਕੌਰ ਤੇ ਸਮੁੱਚੇ ਸਟਾਫ ਦੀ ਸਖ਼ਤ ਮਿਹਨਤ ਤੇ ਸਮਰਪਣ ਦਾ ਪ੍ਰਮਾਣ ਹੈ।ਇਸ ਮੌਕੇ ਪ੍ਰਿੰਸੀਪਲ ਵਿਪਿਨਜੀਤ ਕੌਰ ਨੇ ਵਿਦਿਆਰਥੀਆਂ ਤੇ ਉਨ੍ਹਾਂ ਦੇ ਮਾਪਿਆਂ ਨੂੰ ਵਧਾਈ ਦਿੱਤੀ, ਉਨ੍ਹਾਂ ਦੇ ਉੱਜਵਲ ਭਵਿੱਖ ਲਈ ਸ਼ੁਭ-ਕਾਮਨਾਵਾਂ ਦਿੱਤੀਆਂ ਤੇ ਉਨ੍ਹਾਂ ਦੇ ਭਵਿੱਖ ਦੇ ਯਤਨਾਂ ਲਈ ਹਰ ਸੰਭਵ ਸਹਾਇਤਾ ਦਾ ਭਰੋਸਾ ਦਿੱਤਾ।

## ਅਕਾਲ ਅਕੈਡਮੀ ਢੀਂਡਸਾ ਦਾ ਨਤੀਜਾ ਸ਼ਾਨਦਾਰ




**ਸਮਰਾਲਾ (ਸੁਰਜੀਤ ਸਿੰਘ)**-ਅਕਾਲ ਅਕੈਡਮੀ ਢੀਂਡਸਾ ਦਾ ਬਾਰਵੀਂ ਜਮਾਤ ਦਾ ਨਤੀਜਾ ਸ਼ਾਨਦਾਰ ਰਿਹਾ।ਸ਼ਾਇਨਜੋਤ ਕੌਰ ਤੇ ਮਨਿੰਦਰ ਸਿੰਘ ਨੇ 93.8% ਅੰਕ ਲੈ ਕੇ ਸਕੂਲ ਵਿੱਚੋਂ ਪਹਿਲਾ ਸਥਾਨ ਪ੍ਰਾਪਤ ਕੀਤਾ ਤੇ ਜਪਲੀਨ ਕੌਰ ਨੇ 92.6%, ਪ੍ਰਭਲੀਨ ਕੌਰ ਨੇ 90.4%, ਮਨਦੀਪ ਸਿੰਘ ਨੇ 90.2%, ਤੀਰਥਜੋਤ ਸਿੰਘ ਨੇ 89.2% ਤੇ ਪਵਨ ਬੈਨੀਪਾਲ ਦੇ 83% ਅੰਕ ਲੈ ਕੇ ਆਪਣੀ ਲਗਨ, ਮਿਹਨਤ ਤੇ ਪ੍ਰਤਿਭਾ ਦਾ ਸ਼ਾਨਦਾਰ ਪ੍ਰਦਰਸ਼ਨ ਕੀਤਾ।ਸਕੂਲ ਪ੍ਰਿੰਸੀਪਲ ਮੈਡਮ ਅਰਵਿੰਦਰਪਾਲ ਕੌਰ ਓਬਰਾਏ ਨੇ ਇਸ ਸ਼ਾਨਦਾਰ ਨਤੀਜੇ ਦੀ ਪ੍ਰਾਪਤੀ 'ਤੇ ਸਮੁੱਚੇ ਵਿਦਿਆਰਥੀਆਂ, ਉਨ੍ਹਾਂ ਦੇ ਮਾਪਿਆਂ ਤੇ ਸਕੂਲ ਸਟਾਫ਼ ਨੂੰ ਮੁਬਾਰਕਬਾਦ ਦਿੱਤੀ ਅਤੇ ਵਿਦਿਆਰਥੀਆਂ ਨੂੰ ਭਵਿੱਖ ਵਿੱਚ ਹੋਰ ਮਿਹਨਤ ਕਰਨ ਲਈ ਪ੍ਰੇਰਿਤ ਕੀਤਾ।

## ਸੁਪਰੀਮ ਦੇ ਵਿਦਿਆਰਥੀਆਂ ਬਾਰ੍ਹਵੀਂ ਸੀ ਬੀ ਐੱਸ ਈ ਦੇ ਨਤੀਜਿਆਂ 'ਚ ਮਾਰੀਆਂ ਮੱਲਾਂ



**ਹਠੂਰ (ਨਛੱਤਰ ਸੰਧੂ)**-ਇਲਾਕੇ ਦੀ ਨਾਮਵਰ ਵਿੱਦਿਅਕ ਸੰਸਥਾ ਸੁਪਰੀਮ ਕੌਨਵੈਂਟ ਸਕੂਲ ਬਿਲਾਸਪੁਰ ਮੋਗਾ ਦਾ ਸੀਬੀਐੱਸਈ ਬੋਰਡ ਕਲਾਸ ਬਾਰਵੀਂ ਦਾ ਨਤੀਜਾ ਬਹੁਤ ਹੀ ਸ਼ਾਨਦਾਰ ਰਿਹਾ। ਸਕੂਲ ਦੇ ਵਿਦਿਆਰਥੀਆਂ ਦੁਆਰਾ ਪਿਛਲੇ ਸਾਲਾਂ ਵਾਂਗ ਇਸ ਸਾਲ ਵੀ ਬੋਰਡ ਪ੍ਰੀਖਿਆ ਵਿੱਚ ਬਹੁਤ ਹੀ ਸ਼ਾਨਦਾਰ ਪ੍ਰਦਰਸ਼ਨ ਕੀਤਾ ਗਿਆ। ਤਿੰਨਾਂ ਹੀ ਗਰੁੱਪਾਂ, ਸਾਇੰਸ, ਕਾਮਰਸ ਤੇ ਆਰਟਸ ਵਿੱਚ ਵਿਦਿਆਰਥੀਆਂ ਦੁਆਰਾ ਬਹੁਤ ਹੀ ਚੰਗੀ ਪ੍ਰਤੀਸ਼ਤ ਨਾਲ ਪੁਜ਼ੀਸ਼ਨਾਂ ਹਾਸਲ ਕੀਤੀਆਂ ਗਈਆਂ। ਕਾਮਰਸ ਗਰੁੱਪ ਵਿੱਚ ਗੁਰਲੀਨ ਕੌਰ ਨੇ 96.2% ਅੰਕਾਂ ਨਾਲ ਪਹਿਲਾ, ਜਸ਼ਨਪ੍ਰੀਤ ਕੌਰ ਨੇ 91.8% ਅੰਕਾਂ ਨਾਲ ਦੂਸਰਾ ਤੇ ਅਨਮੋਲਦੀਪ ਸਿੰਘ ਧਾਲੀਵਾਲ ਨੇ 90.2% ਅੰਕਾਂ ਨਾਲ ਤੀਸਰਾ ਸਥਾਨ ਹਾਸਲ ਕੀਤਾ। ਆਰਟਸ ਗਰੁੱਪ ਵਿੱਚ ਅਮਨਿੰਦਰਜੋਤ ਕੌਰ ਨੇ 90.6% ਅੰਕਾਂ ਨਾਲ ਪਹਿਲਾ, ਅੰਮ੍ਰਿਤਪਾਲ ਸਿੰਘ ਨੇ 86.2% ਅੰਕਾਂ ਨਾਲ ਦੂਸਰਾ ਤੇ ਦਇਆ ਸਿੰਘ ਨੇ 82% ਅੰਕਾਂ ਨਾਲ ਤੀਸਰਾ ਸਥਾਨ ਹਾਸਲ ਕੀਤਾ। ਉਧਰ ਸਾਇੰਸ ਗਰੁੱਪ ਵਿੱਚ ਗੌਰੀ ਸਿੰਗਲਾ ਨੇ ਪਹਿਲਾ, ਮਨਪ੍ਰੀਤ ਸਿੰਘ ਨੇ ਦੂਸਰਾ ਤੇ ਜਯਾ ਨੇ ਤੀਸਰਾ ਸਥਾਨ ਹਾਸਲ ਕੀਤਾ ਵਿਸ਼ੇ ਵਾਰ ਵੀ ਵਿਦਿਆਰਥੀਆਂ ਦੁਆਰਾ ਬਹੁਤ ਹੀ ਸ਼ਾਨਦਾਰ ਪ੍ਰਦਰਸ਼ਨ ਕੀਤਾ ਗਿਆ। ਸਕੂਲ ਦੇ ਇਸ ਸ਼ਾਨਦਾਰ ਸਾਲਾਨਾ ਬੋਰਡ ਨਤੀਜੇ ਤੇ ਸਕੂਲ ਪ੍ਰਧਾਨ ਚਰਨ ਸਿੰਘ ਚੇਅਰਮੈਨ ਯੋਗਿੰਦਰ ਪ੍ਰਸਾਦ ਸ਼ਰਮਾ ਨੇ ਮਾਪਿਆਂ, ਸਮੂਹ ਸਟਾਫ ਤੇ ਵਿਦਿਆਰਥੀਆਂ ਨੂੰ ਵਧਾਈ ਦਿੱਤੀ।ਸਕੂਲ ਪ੍ਰਿੰਸੀਪਲ ਕੁੰਜੂਮੋਲ ਜੋਅ, ਵਾਇਸ ਪ੍ਰਿੰਸੀਪਲ ਜਸਮੇਲ ਸਿੰਘ ਨੇ ਕਿਹਾ ਕਿ ਸਕੂਲ ਭਵਿੱਖ ਵਿੱਚ ਵੀ ਸ਼ਾਨਦਾਰ ਨਤੀਜਿਆਂ ਤੇ ਵੱਖ-ਵੱਖ ਗਤੀਵਿਧੀਆਂ ਲਈ ਵਚਨਬੱਧ ਰਹੇਗਾ।

## ਜੀ ਬੀ ਇੰਟਰਨੈਸ਼ਨਲ ਨੇ 12ਵੀਂ ਕਾਮਰਸ ਤੇ ਹਿਊਮੈਨਿਟੀਜ਼ 'ਚ ਦਿੱਤੇ ਸਿਟੀ ਟਾਪਰ

**ਨਾਭਾ (ਵਰਿੰਦਰ ਵਰਮਾ)**

ਜੀ.ਬੀ ਇੰਟਰਨੈਸ਼ਨਲ ਸਕੂਲ ਦੀ ਦਸਵੀਂ ਜਮਾਤ ਦੀ ਨਾਭਾ ਸਿਟੀ ਟਾਪਰ ਸਿਮਰਪ੍ਰੀਤ ਕੌਰ ਤੇ ਨਾਭਾ ਸਿਟੀ ਦੂਜੀ ਟਾਪਰ ਵਾਨਿਆ ਦੀ ਸ਼ਾਨਦਾਰ ਪ੍ਰਾਪਤੀ ਤੋਂ ਬਾਅਦ ਹੁਣ ਬਾਰ੍ਹਵੀਂ ਜਮਾਤ ਦੇ ਕਾਮਰਸ ਤੇ ਹਿਊਮੈਨਿਟੀਜ਼ ਸਟ੍ਰੀਮ ਦੇ ਵਿਦਿਆਰਥੀਆਂ ਨੇ ਵੀ ਉਸੇ ਸਫ਼ਲਤਾ ਦੀ ਪ੍ਰੰਪਰਾ ਨੂੰ ਜਾਰੀ ਰੱਖਦਿਆਂ ਸਿਟੀ ਟਾਪਰ ਬਣਨ ਦਾ ਮਾਣ ਹਾਸਲ ਕੀਤਾ ਹੈ।ਜੀ.ਬੀ ਸਕੂਲ ਦੇ ਬਾਰ੍ਹਵੀਂ ਜਮਾਤ ਦੇ ਵਿਦਿਆਰਥੀਆਂ ਨੇ ਸਿੱਖਿਆ ਪ੍ਰਤੀ ਆਪਣੀ ਅਟੁੱਟ ਲਗਨ ਤੇ ਮਿਹਨਤ ਦਾ ਸਬੂਤ 13 ਮਈ 2026 ਨੂੰ ਸੀ ਬੀ ਐਸ ਈ ਵੱਲੋਂ ਘੋਸ਼ਿਤ ਕੀਤੇ ਗਏ, ਕਲਾਸ 12ਵੀਂ, ਸੈਸ਼ਨ 2025-26 ਦੇ ਨਤੀਜਿਆਂ ਵਿੱਚ ਦਿੱਤਾ।ਇੱਕ ਵਾਰ ਫਿਰ ਜੀ ਬੀ ਦੇ ਹੋਣਹਾਰ ਵਿਦਿਆਰਥੀਆਂ ਨੇ ਸ਼ਾਨਦਾਰ ਪ੍ਰਦਰਸ਼ਨ ਕਰਕੇ ਪੂਰੇ ਅਕਾਦਮਿਕ ਸਾਲ ਦੌਰਾਨ ਅਧਿਆਪਕਾਂ ਅਤੇ ਵਿਦਿਆਰਥੀਆਂ ਦੀ ਅਣਥੱਕ ਮਿਹਨਤ ਨੂੰ ਸਾਬਤ ਕੀਤਾ।ਸਭ ਤੋਂ ਵੱਧ ਮਾਣ ਵਾਲੀ ਗੱਲ ਇਹ ਰਹੀ ਕਿ ਕਾਮਰਸ ਸਟ੍ਰੀਮ ਦੀ ਵਿਦਿਆਰਥਣ ਹਰਸਿਮਰਨ ਕੌਰ ਚੌਹਾਨ ਨੇ 96.8% ਤੇ ਆਰਟਸ ਸਟ੍ਰੀਮ ਦੀ ਵਿਦਿਆਰਥਣ ਯੋਸਾਨਾ ਬਾਂਸਲ ਨੇ 95.8% ਅੰਕ ਪ੍ਰਾਪਤ ਕਰਕੇ ਨਾਭਾ ਸਿਟੀ ਟਾਪਰ ਬਣਨ ਦਾ ਇਤਿਹਾਸ ਰਚਿਆ।ਵਿਦਿਆਰਥੀਆਂ ਨੇ ਆਰਟਸ, ਕਾਮਰਸ ਤੇ ਸਾਇੰਸ ਸਮੇਤ ਵੱਖ-ਵੱਖ ਖੇਤਰਾਂ ਵਿੱਚ ਸ਼ਾਨਦਾਰ ਅੰਕ ਪ੍ਰਾਪਤ ਕਰਕੇ ਸਕੂਲ ਦਾ ਨਾਂਅ ਰੌਸ਼ਨ ਕੀਤਾ।ਖ਼ਾਸ ਤੌਰ 'ਤੇ ਕਾਮਰਸ ਸਟ੍ਰੀਮ ਵਿੱਚ ਤਾਨਿਆਪ੍ਰੀਤ ਕੌਰ ਨੇ 95.4% ਅੰਕ ਲੈ ਕੇ ਦੂਜਾ ਸਥਾਨ ਤੇ ਹਰਗੁਣ ਕੌਰ ਨੇ 92.2% ਅੰਕ ਲੈ ਕੇ ਤੀਜਾ ਸਥਾਨ ਹਾਸਲ ਕੀਤਾ।ਆਰਟਸ ਖੇਤਰ ਵਿੱਚ ਨਮਨਦੀਪ ਕੌਰ ਨੇ 90.6% ਤੇ ਖੁਸ਼ਪ੍ਰੀਤ ਕੌਰ ਨੇ 89.6% ਅੰਕ ਪ੍ਰਾਪਤ ਕਰਕੇ ਕ੍ਰਮਵਾਰ ਦੂਜਾ ਤੇ ਤੀਜਾ ਸਥਾਨ ਹਾਸਲ ਕੀਤਾ।ਇਸ ਤੋਂ ਇਲਾਵਾ ਮੈਡੀਕਲ ਖੇਤਰ ਵਿੱਚ ਸਵਾਤੀ ਸਿੰਘੀ ਨੇ 90%, ਬਿਸਮਨ ਕੌਰ ਗੰਡਾ ਨੇ 86.8% ਅਤੇ ਵੰਸ਼ਿਕਾ ਨੇ 84.4% ਅੰਕ ਪ੍ਰਾਪਤ ਕੀਤੇ।ਨਾਨ-ਮੈਡੀਕਲ ਖੇਤਰ ਵਿੱਚ ਮਨਸਵੀ ਗਰਗ ਨੇ 91.8%, ਜਯੰਤ ਗਰਗ ਨੇ 91% ਅਤੇ ਜਸ਼ਨਪ੍ਰੀਤ ਸਿੰਘ ਨੇ 88.6% ਅੰਕ ਪ੍ਰਾਪਤ ਕਰਕੇ ਸ਼ਾਨਦਾਰ ਨਤੀਜੇ ਦਿੱਤੇ।ਇਸ ਤੋਂ ਇਲਾਵਾ ਸਕੂਲ ਦੀਆਂ ਵਿਦਿਆਰਥਣਾਂ ਹਰਸਿਮਰ ਕੌਰ ਚੌਹਾਨ, ਬੀਰਕਮਲ ਕੌਰ ਅਤੇ ਲਕਸ਼ਿਤਾ ਗੋਇਲ ਨੇ 'ਪੇਂਟਿੰਗ' ਵਿਸ਼ੇ 'ਚ 100 ਵਿੱਚੋਂ 100 ਅੰਕ ਪ੍ਰਾਪਤ ਕੀਤੇ, ਜਦਕਿ ਹਰਸਿਮਰ ਕੌਰ ਚੌਹਾਨ ਨੇ 'ਬਿਜ਼ਨਸ ਸਟੱਡੀਜ਼' 'ਚ ਵੀ ਪੂਰੇ ਅੰਕ ਲੈ ਕੇ ਵਿਸ਼ੇਸ਼ ਉਪਲਬਧੀ ਹਾਸਲ ਕੀਤੀ।



## ਨਿਰਦੇਸ਼ਕ ਖੇਤੀਬਾੜੀ ਵੱਲੋਂ ਕ੍ਰਿਸ਼ੀ ਵਿਗਿਆਨ ਕੇਂਦਰ ਦਾ ਦੌਰਾ

**ਬਠਿੰਡਾ (ਪਰਵਿੰਦਰ ਜੀਤ ਸਿੰਘ)**

ਪੰਜਾਬ ਖੇਤੀਬਾੜੀ ਯੂਨੀਵਰਸਿਟੀ ਦੇ ਕ੍ਰਿਸ਼ੀ ਵਿਗਿਆਨ ਕੇਂਦਰ, ਬਠਿੰਡਾ ਵਿਖੇ ਸ੍ਰੀ ਪਰਵੇਂਦਰ ਸ਼ਿਓਰਾਨ, ਨਿਰਦੇਸ਼ਕ, ਖੇਤੀਬਾੜੀ ਤਕਨਾਲੋਜੀ ਪ੍ਰਯੋਗ ਤੇ ਖੋਜ ਸੰਸਥਾਨ ਜ਼ੋਨ-1 ਨੇ ਦੌਰਾ ਕੀਤਾ।ਉਨ੍ਹਾਂ ਕੇਂਦਰ ਵਿਖੇ ਸਥਾਪਤ ਵੱਖ-ਵੱਖ ਪ੍ਰਦਰਸ਼ਨੀ ਯੂਨਿਟਾਂ ਦਾ ਨਿਰੀਖਣ ਕੀਤਾ ਅਤੇ ਕੇ.ਵੀ.ਕੇ ਵੱਲੋਂ ਕਿਸਾਨਾਂ ਦੀ ਭਲਾਈ ਲਈ ਚਲਾਈਆਂ ਜਾ ਰਹੀਆਂ ਗਤੀਵਿਧੀਆਂ ਬਾਰੇ ਵਿਸਥਾਰ ਨਾਲ ਜਾਣਕਾਰੀ ਹਾਸਲ ਕੀਤੀ।ਉਨ੍ਹਾਂ ਕੇਂਦਰ ਵੱਲੋਂ ਕਿਸਾਨਾਂ ਨੂੰ ਨਵੀਆਂ ਖੇਤੀ ਤਕਨੀਕਾਂ ਨਾਲ ਜੋੜਨ ਅਤੇ ਆਮਦਨ ਵਧਾਉਣ ਲਈ ਕੀਤੇ ਜਾ ਰਹੇ ਉਪਰਾਲਿਆਂ ਦੀ ਸ਼ਲਾਘਾ ਕੀਤੀ।ਇਸ ਮੌਕੇ ਹਰਿਆਣਾ ਤੋਂ ਪਦਮ ਸ਼੍ਰੀ ਐਵਾਰਡੀ ਕਿਸਾਨ ਤੇ ਬੇਬੀ ਕੌਰਨ ਦੇ ਪਿਤਾਮਾ ਵਜੋਂ ਪ੍ਰਸਿੱਧ ਕੰਵਲ ਸਿੰਘ ਚੌਹਾਨ ਵੀ ਵਿਸ਼ੇਸ਼ ਤੌਰ 'ਤੇ ਮੌਜੂਦ ਸਨ।ਉਨ੍ਹਾਂ ਵੀ ਕੇ.ਵੀ.ਕੇ. ਵਿਖੇ ਸਥਾਪਤ ਵੱਖ-ਵੱਖ ਯੂਨਿਟਾਂ ਦਾ ਦੌਰਾ ਕੀਤਾ ਤੇ ਆਪਣੇ ਖੇਤੀਬਾੜੀ ਤਜਰਬਿਆਂ ਅਤੇ ਨਵੀਨਤਮ ਖੇਤੀ ਮਾਡਲਾਂ ਬਾਰੇ ਕੇ.ਵੀ.ਕੇ. ਦੇ ਵਿਗਿਆਨੀਆਂ ਨਾਲ ਵਿਚਾਰ-ਵਟਾਂਦਰਾ ਕੀਤਾ।ਉਨ੍ਹਾਂ ਨੇ ਕਿਹਾ ਕਿ ਖੇਤੀ ਵਿੱਚ ਫ਼ਸਲੀ ਵਿਭਿੰਨਤਾ ਤੇ ਉੱਨਤ ਤਕਨੀਕਾਂ ਨੂੰ ਅਪਣਾਉਣ ਨਾਲ ਕਿਸਾਨ ਆਪਣੀ ਆਮਦਨ ਵਿੱਚ ਵਾਧਾ ਕਰ ਸਕਦੇ ਹਨ।

## ਸ਼ਹੀਦ ਭਗਤ ਸਿੰਘ ਕਾਲਜ ਆਫ ਨਰਸਿੰਗ ਵਿਖੇ ਸਨਮਾਨ ਸਮਾਗਮ




**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਫਿਰੋਜ਼ਪੁਰ ਦੇ ਸੋਢੇਵਾਲਾ ਸਥਿਤ ਸ਼ਹੀਦ ਭਗਤ ਸਿੰਘ ਕਾਲਜ ਆਫ ਨਰਸਿੰਗ ਵਿਖੇ ਅਧਿਆਪਕਾਂ ਦੀ ਮਿਹਨਤ ਤੇ ਸਮਰਪਣ ਭਾਵਨਾ ਨੂੰ ਸਨਮਾਨਤ ਕਰਨ ਲਈ ਇੱਕ ਵਿਸ਼ੇਸ਼ ਤੇ ਪ੍ਰਭਾਵਸ਼ਾਲੀ ਸਮਾਗਮ ਕਰਵਾਇਆ ਗਿਆ। ਇਸ ਮੌਕੇ ਕਾਲਜ ਪ੍ਰਬੰਧਕਾਂ ਵੱਲੋਂ ਉੱਤਮ ਸੇਵਾਵਾਂ ਨਿਭਾਉਣ ਵਾਲੇ ਅਧਿਆਪਕਾਂ ਨੂੰ ਤਰੱਕੀ ਤੇ ਨਿਯੁਕਤੀ ਪੱਤਰ ਸੌਂਪ ਕੇ ਉਨ੍ਹਾਂ ਦਾ ਹੌਸਲਾ ਵਧਾਇਆ ਗਿਆ। ਸਮਾਗਮ ਦਾ ਆਗਾਜ਼ ਬਹੁਤ ਹੀ ਅਧਿਆਤਮਿਕ ਤੇ ਸ਼ਾਨਦਾਰ ਤਰੀਕੇ ਨਾਲ ਦੀਪ ਪ੍ਰਜਵਲਿਤ ਦੀ ਰਸਮ ਨਾਲ ਹੋਇਆ। ਇਹ ਰਸਮ ਗਿਆਨ ਦੇ ਪ੍ਰਕਾਸ਼ ਤੇ ਮਾਨਵਤਾ ਦੀ ਸੇਵਾ ਦੇ ਪ੍ਰਤੀਕ ਵਜੋਂ ਨਿਭਾਈ ਗਈ। ਸਮਾਗਮ ਦੌਰਾਨ ਕਾਲਜ ਦੇ ਸਟਾਫ਼ ਤੇ ਵਿਦਿਆਰਥੀਆਂ ਵਿੱਚ ਭਾਰੀ ਉਤਸ਼ਾਹ ਦੇਖਣ ਨੂੰ ਮਿਲਿਆ। ਇਸ ਮੌਕੇ ਕਾਲਜ ਦੀ ਤਰੱਕੀ ਵਿੱਚ ਅਹਿਮ ਯੋਗਦਾਨ ਪਾਉਣ ਵਾਲੇ ਮਿਸਟਰ ਜਗਦੇਵ ਸਿੰਘ ਨੂੰ ਉਨ੍ਹਾਂ ਦੀਆਂ ਬਿਹਤਰੀਨ ਸੇਵਾਵਾਂ ਬਦਲੇ ਅਸਿਸਟੈਂਟ ਪ੍ਰੋਫੈਸਰ ਵਜੋਂ ਪਦ-ਉੱਨਤ ਕੀਤਾ ਗਿਆ। ਇਸ ਦੇ ਨਾਲ ਹੀ ਅਮਨਦੀਪ ਕੌਰ ਤੇ ਕੋਮਲਜੀਤ ਕੌਰ ਨੂੰ ਲੈਕਚਰਾਰ ਦੇ ਅਹੁਦੇ ਲਈ ਨਿਯੁਕਤੀ ਪੱਤਰ ਸੌਂਪੇ ਗਏ। ਸਮਾਗਮ ਵਿੱਚ ਵਿਸ਼ੇਸ਼ ਤੌਰ 'ਤੇ ਪਹੁੰਚੇ ਧਰਮਪਾਲ ਬਾਂਸਲ (ਸੰਸਥਾਪਕ ਭਗਤੀ ਭਜਨ ਗਰੁੱਪ, ਹਾਰਮਨੀ ਵਨਿਅਮ ਤੇ ਹਾਰਮਨੀ ਆਯੁਰਵੈਦਿਕ ਕਾਲਜ) ਨੇ ਅਧਿਆਪਕਾਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਅਧਿਆਪਕ ਕਿਸੇ ਵੀ ਸਿੱਖਿਆ ਸੰਸਥਾ ਦੀ ਰੀੜ੍ਹ ਦੀ ਹੱਡੀ ਹੁੰਦੇ ਹਨ। ਸਾਡਾ ਮਕਸਦ ਮਿਹਨਤੀ ਤੇ ਯੋਗ ਅਧਿਆਪਕਾਂ ਨੂੰ ਹਮੇਸ਼ਾ ਪ੍ਰੋਤਸਾਹਤ ਕਰਨਾ ਹੈ ਤਾਂ ਜੋ ਵਿਦਿਆਰਥੀਆਂ ਨੂੰ ਵਿਸ਼ਵ ਪੱਧਰੀ ਸਿੱਖਿਆ ਤੇ ਸੇਧ ਮਿਲ ਸਕੇ। ਉਨ੍ਹਾਂ ਪ੍ਰਮੋਟ ਹੋਏ ਅਧਿਆਪਕਾਂ ਦੇ ਉੱਜਵਲ ਭਵਿੱਖ ਦੀ ਕਾਮਨਾ ਵੀ ਕੀਤੀ। ਇਸ ਮੌਕੇ ਕਾਲਜ ਪ੍ਰਿੰਸੀਪਲ ਸੁਖਦੀਪ ਕੌਰ ਤੇ ਡਾ. ਸੰਜੀਵ ਮਾਨਕਟਾਲਾ ਤੋਂ ਇਲਾਵਾ ਸਮੂਹ ਸਟਾਫ਼ ਹਾਜ਼ਰ ਸੀ।

# ਕੇਂਦਰ ਸਰਕਾਰ ਮਨਰੇਗਾ ਕਾਨੂੰਨ ਬਹਾਲ ਕਰੇ: ਪਰਸ਼ੋਤਮ ਕੁਮਾਰ



ਪਠਾਨਕੋਟ (ਦਵਿੰਦਰ ਸਿੰਘ)-ਪਠਾਨਕੋਟ ਬਲਾਕ ਵਿਖੇ ਕੁੱਲ ਹਿੰਦ ਖੇਤ ਮਜ਼ਦੂਰ ਯੂਨੀਅਨ ਵੱਲੋਂ ਬੀਡੀਓ ਪਠਾਨਕੋਟ ਰਾਹੀਂ ਪ੍ਰਧਾਨ ਮੰਤਰੀ ਦੇ ਨਾਂਅ ਮੰਗ ਪੱਤਰ ਜੱਥੇਬੰਦੀ ਦੇ ਜ਼ਿਲ੍ਹਾ ਸਕੱਤਰ ਪਰਸ਼ੋਤਮ ਕੁਮਾਰ ਦੀ ਅਗਵਾਈ ਵਿੱਚ ਦਿੱਤਾ ਗਿਆ।ਯਾਦ ਰਹੇ ਕਿ ਇਹ ਮੰਗ ਪੱਤਰ ਸਾਰੇ ਦੇਸ਼ ਵਿੱਚ ਬਲਾਕ ਦਫ਼ਤਰਾਂ ਰਾਹੀਂ ਪ੍ਰਧਾਨ ਮੰਤਰੀ ਨੂੰ ਮੰਗ ਪਤਰ ਦਿੱਤੇ ਗਏ ਹਨ।ਪ੍ਰੈੱਸ ਨੂੰ ਜਾਣਕਾਰੀ ਦਿੰਦਿਆਂ ਕਾਮਰੇਡ ਪਰਸ਼ੋਤਮ ਕੁਮਾਰ ਨੇ ਕੇਂਦਰ ਸਰਕਾਰ ਤੋਂ ਮੰਗ ਕੀਤੀ ਕਿ ਲਿਆਂਦਾ ਨਵਾਂ ਕਾਨੂੰਨ ਰੱਦ ਕਰ ਕੇ ਮਨਰੇਗਾ ਕਾਨੂੰਨ ਨੂੰ ਬਹਾਲ ਕੀਤਾ ਜਾਵੇ ਕਿਉਂਕਿ ਨਵਾਂ ਕਾਨੂੰਨ ਮਨਰੇਗਾ ਮਜ਼ਦੂਰਾਂ ਕੋਲੋਂ ਕੰਮ ਦੀ ਗਰੰਟੀ ਖੋਹ ਲੈਂਦਾ ਹੈ ਅਤੇ ਮਜ਼ਦੂਰਾਂ ਨੂੰ ਬੇਰੁਜ਼ਗਾਰੀ ਦੀ ਦਲਦਲ ਵੱਲ ਧੱਕ ਦਿੰਦਾ ਹੈ।ਵਿਸ਼ੇਸ਼ ਤੌਰ 'ਤੇ ਔਰਤ ਮਜ਼ਦੂਰਾਂ ਦਾ ਰੁਜ਼ਗਾਰ ਖਤਮ ਕਰ ਦਿੰਦਾ ਹੈ। ਸਾਰੇ ਦੇਸ਼ ਦੀ ਥਾਂ ਇਹ ਕਾਨੂੰਨ ਸਿਰਫ ਕੇਂਦਰ ਸਰਕਾਰ ਦੁਆਰਾ ਨੋਟੀਫਾਈ ਥਾਂ ਤੇ ਲਾਗੂ ਹੁੰਦਾ ਹੈ।ਮਨਰੇਗਾ ਸਕੀਮ ਤੋਂ ਕੇਂਦਰ ਨੇ ਖਰਚ ਕਰਨ ਤੋਂ ਪੱਲਾ ਝਾੜ ਕੇ ਸਟੇਟ 'ਤੇ ਆਰਥਿਕ ਬੋਝ ਪਾ ਦਿੱਤਾ ਹੈ।ਇਸ ਵਿੱਚ ਕੇਂਦਰ ਸਰਕਾਰ ਦਾ ਹਿੱਸਾ 40 ਪ੍ਰਤੀਸ਼ਤ ਅਤੇ ਸਟੇਟ ਦਾ ਹਿੱਸਾ 60 ਪ੍ਰਤੀਸ਼ਤ ਕਰ ਦਿੱਤਾ ਹੈ ਜਦੋਂ ਕਿ ਇਹ ਸਟੇਟ ਦਾ 10 ਪ੍ਰਤੀਸ਼ਤ ਅਤੇ ਕੇਂਦਰ ਸਰਕਾਰ ਦਾ ਹਿੱਸਾ 90 ਪ੍ਰਤੀਸ਼ਤ ਸੀ।ਸਟੇਟ ਦੇ ਆਮਦਨ ਦੇ ਸਾਧਨ ਘੱਟ ਹੋਣ ਕਰਕੇ ਆਪਣਾ ਹਿੱਸਾ ਨਹੀਂ ਪਾ ਸਕਣਗੇ।ਇਸ ਤਰ੍ਹਾਂ ਇਸ ਸਕੀਮ ਦਾ ਭੋਗ ਪੈ ਜਾਵੇਗਾ।ਇਸ ਲਈ ਮਨਰੇਗਾ ਕਾਨੂੰਨ ਬਹਾਲ ਕੀਤਾ ਜਾਵੇ ਅਤੇ ਉਨ੍ਹਾਂ ਮੰਗ ਕੀਤੀ ਕਿ ਇਸ ਸਕੀਮ ਵਿੱਚ ਮਜ਼ਦੂਰ ਨੂੰ 200 ਦਿਨ ਰੁਜ਼ਗਾਰ ਦਿੱਤਾ ਜਾਵੇ।ਇਸ ਵੇਲੇ ਉਨ੍ਹਾਂ ਦੇ ਨਾਲ਼ ਲੇਖ ਰਾਜ, ਜਗਦੀਸ਼ ਰਾਜ, ਬਿਕਰਮ ਜੀਤ, ਸਤ ਪ੍ਰਕਾਸ਼, ਸੁਰਿੰਦਰ ਸਹਿਗਲ, ਕੇਵਲ ਕਾਲੀਆ ਹਾਜ਼ਰ ਸਨ।

# ਨਵੀਆਂ ਵਿਕਸਿਤ ਹੋ ਰਹੀਆਂ ਅਣ-ਅਧਿਕਾਰਤ ਕਲੋਨੀਆਂ 'ਤੇ ਚੱਲਿਆ ਪੀਲਾ ਪੰਜਾ



**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ/ਜਗਦੀਸ਼ ਕਮਲੇਸ਼)**-ਪੰਜਾਬ ਸਰਕਾਰ ਵੱਲੋਂ ਜਾਰੀ ਦਿਸ਼ਾ ਨਿਰਦੇਸ਼ਾਂ ਤਹਿਤ ਏਡੀਏ ਦੇ ਮੁੱਖ ਪ੍ਰਸ਼ਾਸਕ ਨਿਤੇਸ਼ ਕੁਮਾਰ ਜੈਨ, ਆਈ.ਏ.ਐੱਸ ਅਤੇ ਵਧੀਕ ਮੁੱਖ ਪ੍ਰਸ਼ਾਸਕ ਇਨਾਯਤ, ਪੀਸੀਐੱਸ ਵੱਲੋਂ ਜਾਰੀ ਹੁਕਮਾਂ ਦੀ ਪਾਲਣਾ ਕਰਦੇ ਹੋਏ ਜ਼ਿਲ੍ਹਾ ਟਾਊਨ ਪਲਾਨਰ (ਰੈਗੂਲੇਟਰੀ) ਵਿੰਗ ਵੱਲੋਂ ਰਾਮਤੀਰਥ ਰੋਡ ਉਪਰ ਪੈਂਦੇ ਪਿੰਡ ਵਡਾਲਾ ਭਿੱਟੇਵੱਡ ਵਿਖੇ ਨਿਊ ਮੈਪਲ ਸਿਟੀ, ਅਣ-ਅਧਿਕਾਰਤ ਕਲੋਨੀ (ਏਕਮ ਗਾਰਡਨ ਦੇ ਸਾਹਮਣੇ) ਅਤੇ ਆਰ. ਟੀ. ਇਨਕਲੇਵ (ਐਕਸਟੈਂਸ਼ਨ) ਨਾਮਕ ਬਣ ਰਹੀਆਂ ਅਣ-ਅਧਿਕਾਰਤ ਕਲੋਨੀਆਂ ਵਿਰੁੱਧ ਕਾਰਵਾਈ ਕਰਦੇ ਹੋਏ ਕਲੋਨੀਆਂ ਨੂੰ ਢਾਹ ਦਿੱਤਾ ਗਿਆ ਹੈ।ਜ਼ਿਲ੍ਹਾ ਟਾਊਨ ਪਲਾਨਰ, ਅਮਰਿੰਦਰਜੀਤ ਸਿੰਘ ਨੇ ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਭਵਿੱਖ ਦੇ ਵਿਕਾਸ ਨੂੰ ਨਿਯੰਤਰਣ ਕਰਨ ਲਈ ਸਰਕਾਰ ਦੀਆਂ ਹਦਾਇਤਾਂ ਅਨੁਸਾਰ ਪਿੰਡ ਵਡਾਲਾ ਭਿੱਟੇਵੱਡ ਵਿਖੇ ਵਿਕਸਿਤ ਕੀਤੀਆਂ ਜਾ ਰਹੀਆਂ ਨਵੀਆਂ ਅਣ-ਅਧਿਕਾਰਤ ਕਲੋਨੀਆਂ ਨੂੰ ਪਾਪਰਾ ਐਕਟ-1995 ਅਧੀਨ ਨੋਟਿਸ ਜਾਰੀ ਕਰਦਿਆਂ ਕੰਮ ਬੰਦ ਕਰਵਾਉਂਦੇ ਹੋਏ ਇਨ੍ਹਾਂ ਵਿਰੁੱਧ ਡੈਮੋਲੀਸ਼ਨ ਦੀ ਕਾਰਵਾਈ ਕੀਤੀ ਗਈ ਹੈ।ਉਨ੍ਹਾਂ ਦੱਸਿਆ ਕਿ ਇਨ੍ਹਾਂ ਅਣ-ਅਧਿਕਾਰਤ ਕਲੋਨੀਆਂ ਦੇ ਮਾਲਕਾਂ ਨੇ ਸਰਕਾਰੀ ਨਿਯਮਾਂ ਦੀਆਂ ਧੱਜੀਆਂ ਉਡਾਈਆਂ ਅਤੇ ਨੋਟਿਸ ਜਾਰੀ ਹੋਣ ਦੇ ਬਾਵਜੂਦ ਉਕਤ ਅਣ-ਅਧਿਕਾਰਤ ਕਲੋਨੀਆਂ ਸਬੰਧੀ ਸਪੱਸ਼ਟੀਕਰਨ ਦੇਣ ਦੀ ਬਜਾਏ ਮੌਕੇ ਤੇ ਵਿਕਾਸ ਦੇ ਕੰਮਾਂ ਨੂੰ ਜਾਰੀ ਰੱਖਿਆ ਗਿਆ, ਜਿਸ ਦੇ ਤਹਿਤ ਉੱਚ ਅਧਿਕਾਰੀਆਂ ਦੇ ਹੁਕਮਾਂ ਤਹਿਤ ਉਕਤ ਕਾਰਵਾਈ ਅਮਲ ਵਿੱਚ ਲਿਆਂਦੀ ਗਈ।ਉਨ੍ਹਾਂ ਦੱਸਿਆ ਕਿ ਇਸ ਤੋਂ ਇਲਾਵਾ ਰਾਮਤੀਰਥ ਰੋਡ ਉਪਰ ਪੈਂਦੇ ਪਿੰਡ ਵਡਾਲਾ ਭਿੱਟੇਵੱਡ ਵਿਖੇ ਵਿਸਕਿਤ ਨਿਊ ਮੈਪਲ ਸਿਟੀ ਖਿਲਾਫ, ਆਰ. ਟੀ. ਇਨਕਲੇਵ (ਐਕਸਟੈਂਸ਼ਨ) ਖਿਲਾਫ ਪਹਿਲਾਂ ਡੈਮੋਲੀਸ਼ਨ ਦੀ ਕਾਰਵਾਈ ਕੀਤੀ ਗਈ ਸੀ, ਪਰ ਕਲੋਨੀ ਦੇ ਮਾਲਕਾਂ ਵੱਲੋਂ ਦੁਬਾਰਾ ਵਿਕਾਸ ਦੇ ਕੰਮ ਸ਼ੁਰੂ ਕਰ ਲਏ ਸਨ, ਜਿਸ ਕਰਕੇ ਹੁਣ ਨਵੇਂ ਕੀਤੇ ਵਿਕਾਸ ਕਾਰਜਾਂ ਨੂੰ ਮੁੜ ਢਾਹਿਆ ਗਿਆ।ਉਨ੍ਹਾਂ ਸਪੱਸ਼ਟ ਕੀਤਾ ਕਿ ਅਣ-ਅਧਿਕਾਰਤ ਕਲੋਨੀ ਕੱਟਣ ਵਾਲੇ ਵਿਅਕਤੀ ਵਿਰੁੱਧ ਪਾਪਰਾ ਐਕਟ-1995 ਦੀ ਸੋਧ 2024 ਅਨੁਸਾਰ 5 ਤੋਂ 10 ਸਾਲ ਦੀ ਕੈਦ ਅਤੇ 25 ਲੱਖ ਤੋਂ 5 ਕਰੋੜ ਦਾ ਜੁਰਮਾਨਾ ਕੀਤਾ ਜਾ ਸਕਦਾ ਹੈ ਜਿਸ ਕਰਕੇ ਉਕਤ ਕਲੋਨੀ ਅਧੀਨ ਆਉਂਦੀ ਜ਼ਮੀਨ ਦੇ ਮਾਲਕਾਂ ਅਤੇ ਕਲੋਨੀ ਵਿਕਸਿਤ ਕਰਨ ਵਾਲਿਆਂ ਖ਼ਿਲਾਫ਼ ਲੋੜੀਂਦੀ ਕਾਰਵਾਈ ਕਰਨ ਲਈ ਪੁਲਿਸ ਵਿਭਾਗ ਨੂੰ ਵੀ ਰੈਵੇਨਿਊ ਰਿਕਾਰਡ ਦੇ ਆਧਾਰ ਲਿਖਿਆ ਜਾ ਰਿਹਾ ਹੈ।ਏਡੀਏ ਦੇ ਰੈਗੂਲੇਟਰੀ ਵਿੰਗ ਨੇ ਆਮ ਜਨਤਾ ਨੂੰ ਅਪੀਲ ਕਰਦੇ ਹੋਏ ਕਿਹਾ ਕਿ ਉਹ ਗੈਰ-ਕਾਨੂੰਨੀ ਕਲੋਨੀਆਂ ਜੋ ਕਿ ਪੁੱਡਾ ਵਿਭਾਗ ਤੋਂ ਮੰਜ਼ੂਰਸ਼ੁਦਾ ਨਹੀਂ ਹਨ, ਉਨ੍ਹਾਂ ਵਿੱਚ ਪੈਂਦੇ ਪਲਾਟਾਂ ਦੀ ਵਿਕਰੀ ਸਬੰਧੀ ਕਿਸੇ ਵੀ ਇਸ਼ਤਿਹਾਰ ਅਨੁਸਾਰ ਪਲਾਟ ਖਰੀਦਣ ਤੋਂ ਪਹਿਲਾਂ ਉਸ ਕਲੋਨੀ ਸਬੰਧੀ ਪੁੱਡਾ ਵੱਲੋਂ ਜਾਰੀ ਕੀਤੀ ਗਈ ਮੰਜ਼ੂਰੀ ਦੀ ਮੰਗ ਜ਼ਰੂਰ ਕਰਨ ਅਤੇ ਅੰਮ੍ਰਿਤਸਰ ਵਿਕਾਸ ਅਥਾਰਟੀ ਦੀ ਵੈੱਬਸਾਈਟ ਉਪਰ ਉਪਲਬਧ ਅਣ-ਅਧਿਕਾਰਿਤ ਕਲੋਨੀਆਂ ਸਬੰਧੀ ਵੇਰਵਿਆਂ ਨੂੰ ਜ਼ਰੂਰ ਵਾਚ ਲਿਆ ਜਾਵੇ।

ਇਸ ਤੋਂ ਇਲਾਵਾ ਉਨ੍ਹਾਂ ਇਹ ਵੀ ਅਪੀਲ ਕੀਤੀ ਕਿ ਜ਼ਿਲ੍ਹੇ ਅੰਦਰ ਕਿਸੇ ਵੀ ਜਗ੍ਹਾ ਉੱਪਰ ਕਿਸੇ ਵੀ ਪ੍ਰਕਾਰ ਦੀ ਉਸਾਰੀ ਕਰਨ ਤੋਂ ਪਹਿਲਾਂ ਪੁੱਡਾ ਵਿਭਾਗ ਪਾਸੋਂ ਲੋੜੀਂਦੀਆਂ ਪ੍ਰਵਾਨਗੀਆਂ ਪ੍ਰਾਪਤ ਕਰਨ ਉਪਰੰਤ ਹੀ ਉਸਾਰੀ ਕੀਤੀ ਜਾਵੇ।

# ਕੇਂਦਰ ਵੱਲੋਂ ਸਾਉਣੀ ਦੀਆਂ ਫਸਲਾਂ ਦੇ ਐਲਾਨੇ ਭਾਅ ਉਨ੍ਹਾਂ ਦੀਆਂ ਲਾਗਤ ਕੀਮਤਾਂ ਤੋਂ ਵੀ ਘੱਟ : ਡਾ. ਅਜਨਾਲਾ



ਅਜਨਾਲਾ (ਸੁੱਖਤਿੰਦਰ ਸਿੰਘ ਰਾਜੂ)-ਭਾਰਤ ਸਰਕਾਰ ਨੇ ਜਿਹੜੀਆਂ 14 ਸਾਉਣੀ ਦੀਆਂ ਫ਼ਸਲਾਂ ਦੇ ਭਾਅ ਐਲਾਨੇ ਹਨ ਉਹ ਉਨ੍ਹਾਂ ਫਸਲਾਂ ਦੀਆਂ ਲਾਗਤ ਕੀਮਤਾਂ ਵੀ ਪੂਰੀਆਂ ਨਹੀਂ ਕਰਦੇ। ਪ੍ਰੈੱਸ ਨੂੰ ਬਿਆਨ ਜਾਰੀ ਕਰਦਿਆਂ ਖੇਤੀ ਮਾਹਿਰ ਤੇ ਜਮਹੂਰੀ ਕਿਸਾਨ ਸਭਾ ਦੇ ਸੂਬਾ ਪ੍ਰਧਾਨ ਅਤੇ ਸੰਯੁਕਤ ਕਿਸਾਨ ਮੋਰਚੇ ਦੇ ਪ੍ਰਮੁੱਖ ਆਗੂ ਡਾ. ਸਤਨਾਮ ਸਿੰਘ ਅਜਨਾਲਾ ਨੇ ਦੱਸਿਆ ਕਿ ਝੋਨੇ ਦਾ ਭਾਅ 2461 ਰੁਪਏ ਡਾ. ਸਵਾਮੀਨਾਥਨ ਦੇ ਫਾਰਮੂਲੇ ਸੀ 2 + 50 ਫੀਸਦ ਵਾਧਾ ਕਰਕੇ ਮਿਥਿਆ ਜਾਣਾ ਚਾਹੀਦਾ ਸੀ! ਦੇਸ਼ ਭਰ 'ਚ 51. 27 ਮਿਲੀਅਨ ਹੈਕਟੇਅਰ ਅਤੇ ਪੰਜਾਬ ਵਿੱਚ ਤਕਰੀਬਨ 32- 33 ਲੱਖ ਹੈਕਟੇਅਰ ਵਿੱਚ ਝੋਨੇ ਦੀ ਬਿਜਾਈ ਹੁੰਦੀ ਹੈ ਇਸ ਫ਼ਸਲ ਦੀ ਇੱਕ ਏਕੜ ਝੋਨੇ ਦੇ ਪੈਦਾਵਾਰ ਦੇ ਖਰਚੇ ਸਮੇਤ ਜ਼ਮੀਨ ਦਾ ਠੇਕਾ/ ਮਾਮਲਾ , ਬੀਜ ਦਾ ਮੁੱਲ, ਖੇਤ ਦੀ ਤਿਆਰੀ ਸਮੇਤ ਕੱਦੂ ਕਰਨ, ਝੋਨੇ ਦੀ ਲਵਾਈ, ਖਾਦਾਂ ਤੇ ਨਦੀਨਨਾਸ਼ਕ ਦਵਾਈਆਂ, ਖਰਚੇ, ਪਾਣੀ ਲਾਉਣ, ਵੱਟਾਂ ਬਣਨ ਦੇ ਲੇਬਰ ਖਰਚੇ, ਝੋਨੇ ਦੀ ਕਟਾਈ, ਢੁਆਈ ਤੇ ਮੰਡੀ ਦੇ ਖਰਚੇ 14 ਰੁਪਏ 32 ਪੈਸੇ ਪ੍ਰਤੀ ਕੁਇੰਟਲ ਤੇ ਫੁੱਟਕਲ ਖਰਚੇ ਪਾ ਕੇ 54691 ਰੁਪਏ ਲਾਗਤ ਆਉਂਦੀ ਹੈ। ਇਸ ਬਣਦੀ ਰਕਮ ਤੇ 6 ਮਹੀਨੇ ਦਾ 15 ਪ੍ਰਤੀਸ਼ਤ ਸਲਾਨਾ ਵਿਆਜ ਦੇ ਉਪਰ ਵੀ 4851 ਰੁਪਏ ਵਿਆਜ ਪਾ ਕੇ ਕੁਲ ਕਰਮ 59542 ਰੁਪਏ ਬਣਦੀ ਹੈ! ਝੋਨੇ ਦੀ ਔਸਤ ਪੈਦਾਵਾਰ ਤਕਰੀਬਨ 25-26 ਕੁਇੰਟਲ ਰੱਖੀ ਹੈ, ਤਾਂ ਵੀ ਜਿਹੜਾ ਐੱਮ ਐੱਸ ਪੀ ਦਾ ਭਾਅ 2461 ਰੁਪਏ ਨੀਅਤ ਕੀਤਾ ਹੈ ਇਸ ਨਾਲ ਲਾਗਤ ਖਰਚੇ ਵੀ ਪੂਰੇ ਨਹੀਂ ਹੁੰਦੇ!

ਡਾਕਟਰ ਸਵਾਮੀਨਾਥਨ ਦੇ ਫਾਰਮੂਲੇ ਅਨੁਸਾਰ 3307 ਰੁਪਏ ਪ੍ਰਤੀ ਕੁਇੰਟਲ ਬਨਦਾ ਹੈ ਪ੍ਰੰਤ ਜਿਹੜਾ ਭਾਅ 2461 ਰੁਪਏ ਐਲਾਨਿਆ ਇਸ ਨਾਲ 846 ਰੁਪਏ ਪ੍ਰਤੀ ਕੁਇੰਟਲ ਕਿਸਾਨ ਨੂੰ ਘਾਟਾ ਪੈਂਦਾ ਹੈ। ਉਨ੍ਹਾਂ ਕਿਸਾਨਾਂ ਨੂੰ ਹੋਕਾ ਦਿੱਤਾ ਕਿ ਸਾਰੀਆਂ ਫਸਲਾਂ ਸਮੇਤ ਬਾਸਮਤੀ ਅਤੇ ਸਬਜ਼ੀਆਂ, ਫਲਾਂ, ਦੁੱਧ ਤੇ ਲੱਕੜੀ ਆਦਿਕ ਤੇ ਭਾਅ ਡਾਕਟਰ ਸਵਾਮੀਨਾਥਨ ਦੇ ਫਾਰਮੂਲੇ ਅਨੁਸਾਰ ਬਣਦੇ ਲੈਣ ਲਈ ਜਥੇਬੰਦ ਹੋਣ।

## ਮਾਤਾ ਕੁਲਦੀਪ ਕੌਰ ਨਮਿੱਤ ਅੰਤਿਮ ਅਰਦਾਸ ਅੱਜ



ਛੇਹਰਟਾ/ਖਾਸਾ, (ਮਨੋਜ ਕੁਮਾਰ/ਸ਼ਸ਼ਪਾਲ ਸਿੰਘ) : ਅੰਮ੍ਰਿਤਸਰ ਬਾਰ ਐਸੋਸੀਏਸ਼ਨ ਦੇ ਸਾਬਕਾ ਸਕੱਤਰ ਤੇ ਅਖਿਲ ਭਾਰਤੀਆ ਵਿਦਿਆਰਥੀ ਪ੍ਰੀਸ਼ਦ (ਏਬੀਵੀਪੀ) ਦੇ ਸਾਬਕਾ ਸੂਬਾ ਮੀਤ ਪ੍ਰਧਾਨ ਗੁਰਜੀਤ ਸਿੰਘ ਨਾਗਰਾ ਦੇ ਮਾਤਾ ਕੁਲਦੀਪ ਕੌਰ (74 ਸਾਲ) ਪਤਨੀ ਮੱਖਣ ਸਿੰਘ ਦਾ ਬੀਤੇ ਦਿਨੀਂ ਦਿਹਾਂਤ ਹੋ ਗਿਆ ਸੀ। ਉਹ ਆਪਣੇ ਪਿੱਛੇ ਪਤੀ ਤੇ ਦੋ ਵਿਆਹੁਤਾ ਪੁੱਤਰ ਛੱਡ ਗਏ ਹਨ। ਉਨ੍ਹਾਂ ਨਮਿਤ ਰੱਖੇ ਗਏ ਸ੍ਰੀ ਅਖੰਡ ਪਾਠ ਦੇ ਭੋਗ ਤੇ ਅੰਤਿਮ ਅਰਦਾਸ 16 ਮਈ ਦਿਨ ਸ਼ਨਿਚਰਵਾਰ ਨੂੰ ਗੁਰਦੁਆਰਾ ਸ੍ਰੀ ਕਲੀਧਰ ਸਾਹਿਬ, ਨਾਰਾਇਣਗੜ੍ਹ ਚੌਕ, ਛੇਹਰਟਾ ਵਿਖੇ ਬਾਅਦ ਦੁਪਹਿਰ 12 ਤੋਂ 1 ਵਜੇ ਤਕ ਹੋਵੇਗੀ। ਜ਼ਿਕਰਯੋਗ ਹੈ ਕਿ ਗੁਰਜੀਤ ਸਿੰਘ ਨਾਗਰਾ ਪਿਛਲੇ ਕੁਝ ਸਾਲਾਂ ਤੋਂ ਕੈਨੇਡਾ ਦੇ ਵੈਨਕੂਵਰ-ਸਰ੍ਹੀ ਸ਼ਹਿਰਾਂ ਵਿਚ ਰੀਅਲ ਅਸਟੇਟ ਦਾ ਕਾਰੋਬਾਰ ਕਰ ਰਹੇ ਹਨ।

## ਸਕੂਲ ਦੇ ਨੇੜੇ ਨਾੜ ਨੂੰ ਲਗਾਈ ਅੱਗ ਕਾਰਨ ਰਾਹਗੀਰ ਤੇ ਵਿਦਿਆਰਥੀ ਹੋਏ ਪਰੇਸ਼ਾਨ



ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)-ਬੁੱਟਰ ਕਲਾਂ ਪਿੰਡ ਦੇ ਕੋਲ ਸਕੂਲ ਦੇ ਸਾਹਮਣੇ ਲੋਕਾਂ ਵੱਲੋਂ ਸ਼ਰੇਆਮ ਕਣਕ ਦੇ ਨਾੜ ਨੂੰ ਅੱਗ ਲਗਾ ਕੇ ਨਿਯਮਾਂ ਦੀਆਂ ਧੱਜੀਆਂ ਉਡਾਈਆਂ ਗਈਆਂ। ਧੂੰਏਂ ਕਾਰਨ ਜਿੱਥੇ ਰਾਹਗੀਰ ਪਰੇਸ਼ਾਨ ਹੋਏ ਉਥੇ ਵਿਦਿਆਰਥੀ ਵੀ ਔਖੇ ਹੋਏ। ਸਰਕਾਰ ਤੇ ਪ੍ਰਸ਼ਾਸਨ ਵੱਲੋਂ ਮਨਾਹੀ ਦੇ ਬਾਵਜੂਦ ਵੀ ਲੋਕ ਖੇਤਾਂ ਵਿਚ ਅੱਗ ਲਗਾਉਣ ਤੋਂ ਬਾਜ਼ ਨਹੀਂ ਆ ਰਹੇ।ਪਹਿਲਾਂ ਇਹ ਸਿਲਸਿਲਾ ਚੋਰੀ ਛੁਪੇ ਚਲਦਾ ਸੀ ਪਰ ਇਸ ਵਾਰ ਕਿਸਾਨਾਂ ਵੱਲੋਂ ਬਿਨਾਂ ਕਾਨੂੰਨੀ ਡਰ ਕਣਕ ਦੇ ਨਾੜ ਨੂੰ ਅੱਗ ਲਾਉਣਾ ਦਾ ਸਿਲਸਿਲਾ ਸ਼ਰੇਆਮ ਜਾਰੀ ਹੈ।ਜ਼ਿਕਰਯੋਗ ਹੈ ਕਿ ਕਿਸਾਨਾਂ ਵੱਲੋਂ ਖੇਤਾਂ ਵਿਚ ਲਾਈ ਅੱਗ ਦੇ ਧੂੰਏਂ ਨਾਲ ਜਿਥੇ ਸਾਹ ਤੇ ਚਮੜੀ ਨਾਲ ਸਬੰਧਤ ਬਿਮਾਰੀਆਂ ਫੈਲਦੀਆਂ ਹਨ ਉਥੇ ਹੀ ਖੇਤਾਂ ਕਿਨਾਰੇ ਤੇ ਸੜਕਾਂ ਕਿਨਾਰੇ ਖੜ੍ਹੇ ਰੁੱਖ ਵੀ ਸੜਦੇ ਹਨ ਅਤੇ ਉਨ੍ਹਾਂ ਰੁੱਖਾਂ 'ਤੇ ਪੰਛੀਆਂ ਦੇ ਆਲ੍ਹਣਿਆਂ ਵਿੱਚ ਪਏ ਅੰਡੇ, ਪੰਛੀਆਂ ਦੇ ਛੋਟੇ ਬੱਚੇ ਖੇਤਾਂ ਵਿਚ ਮੌਜੂਦ ਮਿੱਤਰ ਕੀੜੇ ਵੀ ਸੜ ਜਾਂਦੇ ਹਨ।ਇਲਾਕੇ ਦੇ ਮੋਹਤਬਰ ਲੋਕਾਂ ਨੇ ਜਿਲਾ ਪ੍ਰਸ਼ਾਸਨ ਗੁਰਦਾਸਪੁਰ ਅਤੇ ਪੰਜਾਬ ਸਰਕਾਰ ਸਮੇਤ ਉਚ ਅਧਿਕਾਰੀਆਂ ਦੇ ਕੋਲੋਂ ਅਤੇ ਸਬੰਧਤ ਅਧਿਕਾਰੀਆਂ ਦੇ ਕੋਲੋਂ ਮੰਗ ਕੀਤੀ ਕਿ ਅਜਿਹਾ ਕਰਨ ਵਾਲਿਆਂ 'ਤੇ ਸਖ਼ਤੀ ਵਧਾਈ ਜਾਵੇ।

## ਵਿਜੈ ਦਾਨਵ ਤੇ ਸੰਨੀ ਜੈਕਸਨ ਵੱਲੋਂ ਪੰਜਾਬ ਸਰਕਾਰ ਦਾ ਧੰਨਵਾਦ



ਛੇਹਰਟਾ/ਖਾਸਾ, (ਮਨੋਜ ਕੁਮਾਰ/ਸ਼ਸ਼ਪਾਲ ਸਿੰਘ) : ਪੰਜਾਬ ਦਲਿਤ ਵਿਕਾਸ ਬੋਰਡ ਦੇ ਚੇਅਰਮੈਨ ਵਿਜੈ ਦਾਨਵ ਤੇ ਭਾਰਤੀਆ ਵਾਲਮੀਕਿ ਧਰਮ ਸਮਾਜ (ਭਾਵਾਧਸ) ਅੰਮ੍ਰਿਤਸਰ ਦੇ ਪ੍ਰਧਾਨ ਸੰਨੀ ਜੈਕਸਨ ਨੇ ਪਾਵਨ ਵਾਲਮੀਕਿ ਤੀਰਥ, ਅੰਮ੍ਰਿਤਸਰ ਵਿਖੇ ਰੈਨੋਵੇਸ਼ਨ ਲਈ 17 ਕਰੋੜ ਰੁਪਏ ਦਾ ਕੰਮ ਸ਼ੁਰੂ ਕਰਵਾਉਣ ਲਈ ਪੰਜਾਬ ਸਰਕਾਰ ਦਾ ਧੰਨਵਾਦ ਕੀਤਾ ਹੈ। ਇਸ ਮੌਕੇ ਚੇਅਰਮੈਨ ਵਿਜੈ ਦਾਨਵ ਤੇ ਸੰਨੀ ਜੈਕਸਨ ਨੇ ਕਿਹਾ ਕਿ ਸੂਬਾ ਸਰਕਾਰ ਵੱਲੋਂ ਪਾਵਨ ਵਾਲਮੀਕਿ ਤੀਰਥ, ਅੰਮ੍ਰਿਤਸਰ ਵਿਖੇ ਰੈਨੋਵੇਸ਼ਨ ਲਈ 17 ਕਰੋੜ ਰੁਪਏ ਨਾਲ ਜੋ ਕੰਮ ਸ਼ੁਰੂ ਕਰਵਾਇਆ ਗਿਆ, ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਸੱਚੀ ਆਸਥਾ ਨੂੰ ਵੇਖ ਕੇ ਵਾਲਮੀਕਿ ਸਮਾਜ ਵਿਚ ਖੁਸ਼ੀ ਦੀ ਲਹਿਰ ਹੈ। ਉਨ੍ਹਾਂ ਕਿਹਾ ਕਿ ਉਹ ਭਗਵੰਤ ਸਿੰਘ ਮਾਨ, ਉਨ੍ਹਾਂ ਦੀ ਟੀਮ ਦਾ, ਆਈ ਹੋਈ ਸੰਗਤ ਤੇ ਪਾਵਨ ਵਾਲਮੀਕੀ ਤੀਰਥ ਸ਼ਰਾਈਨ ਬੋਰਡ ਦੇ ਚੇਅਰਮੈਨ ਸੰਤ ਪ੍ਰਗਟ ਨਾਥ ਦਾ ਦਿਲੋਂ ਧੰਨਵਾਦ ਕਰਦੇ ਹਨ। ਇਸ ਮੌਕੇ ਮੁੱਖ ਮਹਿਮਾਨ ਵਿਧਾਇਕ ਈਟੀਓ ਹਰਭਜਨ ਸਿੰਘ, ਸੋਨੀਆ ਮਾਨ, ਨਰੇਸ਼ ਸਸਗੋਰ, ਬਿਆਸ ਸ਼ਾਖਾ ਦੇ ਪ੍ਰਧਾਨ ਗੁਰਜੀਤ ਸਿੰਘ, ਪਰਮਜੀਤ ਸਿੰਘ ਤੇ ਵੱਡੀ ਗਿਣਤੀ ਵਿਚ ਸੰਤ ਸਮਾਜ ਵੀ ਹਾਜ਼ਰ ਸੀ।

## ਨਗਰ ਕੌਂਸਲ/ਨਗਰ ਪੰਚਾਇਤ ਚੋਣਾਂ ਲਈ 17 ਨਾਮਜ਼ਦਗੀਆਂ ਦਾਖ਼ਲ, ਪੜਤਾਲ 18 ਨੂੰ

ਜਲੰਧਰ (ਸੁਰਿੰਦਰ ਕੁਮਾਰ)-ਨਗਰ ਨਿਗਮ/ਨਗਰ ਕੌਂਸਲ/ਨਗਰ ਪੰਚਾਇਤ ਦੀਆਂ ਆਮ ਚੋਣਾਂ-2026 ਸਬੰਧੀ ਜਾਰੀ ਸ਼ਡਿਊਲ ਅਨੁਸਾਰ ਜ਼ਿਲ੍ਹੇ ਵਿੱਚ 5 ਨਗਰ ਕੌਂਸਲਾਂ ਅਤੇ 2 ਨਗਰ ਪੰਚਾਇਤਾਂ ਲਈ ਨਾਮਜ਼ਦਗੀਆਂ ਭਰਨ ਦੇ ਦੂਜੇ ਦਿਨ ਕੁੱਲ 17 ਨਾਮਜ਼ਦਗੀਆਂ ਪ੍ਰਾਪਤ ਹੋਈਆਂ। ਵਧੀਕ ਡਿਪਟੀ ਕਮਿਸ਼ਨਰ (ਪੇਂਡੂ ਵਿਕਾਸ)-ਕਮ-ਵਧੀਕ ਜ਼ਿਲ੍ਹਾ ਚੋਣ ਅਫ਼ਸਰ, ਜਲੰਧਰ ਦਿਵਿਆ ਪੀ ਨੇ ਇਸ ਸਬੰਧੀ ਵਧੇਰੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਨਗਰ ਕੌਂਸਲ ਆਦਮਪੁਰ ਲਈ 3, ਨਗਰ ਕੌਂਸਲ ਨਕੋਦਰ ਲਈ 4 ਅਤੇ ਨਗਰ ਕੌਂਸਲ ਫਿਲੌਰ ਲਈ 10 ਨਾਮਜ਼ਦਗੀਆਂ ਪ੍ਰਾਪਤ ਹੋਈਆਂ ਹਨ। ਜਦਕਿ ਨਗਰ ਕੌਂਸਲ ਕਰਤਾਰਪੁਰ ਤੇ ਨੂਰਮਹਿਲ ਅਤੇ ਨਗਰ ਪੰਚਾਇਤ ਲੋਹੀਆਂ ਖਾਸ ਤੇ ਮਹਿਤਪੁਰ ਲਈ ਕੋਈ ਨਾਮਜ਼ਦਗੀ ਪ੍ਰਾਪਤ ਨਹੀਂ ਹੋਈ। ਉਨ੍ਹਾਂ ਦੱਸਿਆ ਕਿ ਉਮੀਦਵਾਰ 16 ਮਈ ਤੱਕ ਸਵੇਰੇ 11 ਵਜੇ ਤੋਂ ਦੁਪਹਿਰ ਬਾਅਦ 3 ਵਜੇ ਤੱਕ ਆਪਣੇ ਨਾਮਜ਼ਦਗੀ ਪੱਤਰ ਦਾਖ਼ਲ ਕਰ ਸਕਦੇ ਹਨ। ਉਨ੍ਹਾਂ ਦੱਸਿਆ ਕਿ ਨਾਮਜ਼ਦਗੀ ਪੱਤਰਾਂ ਦੀ ਪੜਤਾਲ 18 ਮਈ ਨੂੰ ਹੋਵੇਗੀ ਅਤੇ 19 ਮਈ ਨੂੰ ਬਾਅਦ ਦੁਪਹਿਰ 3 ਵਜੇ ਤੱਕ ਉਮੀਦਵਾਰ ਕਾਗਜ਼ ਵਾਪਸ ਲੈ ਸਕਣਗੇ। ਜ਼ਿਕਰਯੋਗ ਹੈ ਕਿ ਨਗਰ ਕੌਂਸਲ ਆਦਮਪੁਰ ਦੇ 13 ਵਾਰਡਾਂ, ਕਰਤਾਰਪੁਰ ਦੇ 15, ਨਕੋਦਰ ਦੇ 17, ਨੂਰਮਹਿਲ ਦੇ 13, ਨਗਰ ਕੌਂਸਲ ਫਿਲੌਰ ਦੇ 15 ਵਾਰਡਾਂ ਅਤੇ ਨਗਰ ਪੰਚਾਇਤ ਲੋਹੀਆਂ ਖਾਸ ਤੇ ਮਹਿਤਪੁਰ ਦੇ 13-13 ਵਾਰਡਾਂ ਲਈ ਵੋਟਾਂ 26 ਮਈ ਨੂੰ ਨੂੰ ਸਵੇਰੇ 8 ਵਜੇ ਤੋਂ ਸ਼ਾਮ 5 ਵਜੇ ਤੱਕ ਪੈਣਗੀਆਂ। ਵੋਟਾਂ ਦੀ ਗਿਣਤੀ 29 ਮਈ ਨੂੰ ਹੋਵੇਗੀ।

## ਅਧਿਆਪਕਾਂ ਵੱਲੋਂ ਪ੍ਰਸ਼ਾਸਨਿਕ ਧੱਕੇਸ਼ਾਹੀ ਵਿਰੁੱਧ ਆਰ-ਪਾਰ ਦੀ ਲੜਾਈ ਦਾ ਐਲਾਨ



ਧਾਰੀਵਾਲ (ਮਨਦੀਪ ਵਿੱਕੀ)-ਸਾਂਝੇ ਅਧਿਆਪਕ ਮੋਰਚੇ ਅਤੇ ਜ਼ਿਲ੍ਹੇ ਦੀਆਂ ਸਮੂਹ ਅਧਿਆਪਕ ਜਥੇਬੰਦੀਆਂ ਵੱਲੋਂ ਸੈਂਸਸ (ਮਰਦਮਸ਼ੁਮਾਰੀ) ਡਿਊਟੀਆਂ ਵਿੱਚ ਹੋ ਰਹੀਆਂ ਬੇਨਿਯਮੀਆਂ ਅਤੇ ਪ੍ਰਸ਼ਾਸਨ ਦੇ ਅੜੀਅਲ ਰਵੱਈਏ ਵਿਰੁੱਧ ਡੀ. ਸੀ. ਦਫ਼ਤਰ ਗੁਰਦਾਸਪੁਰ ਵਿਖੇ ਕੁਲਦੀਪ ਪੁਰੋਵਾਲ, ਅਨਿਲ ਕੁਮਾਰ, ਤਜਿੰਦਰ ਸ਼ਾਹ, ਗੁਰਿੰਦਰ ਸਿੱਧੂ, ਸੋਮ ਸਿੰਘ, ਰਜਨੀ ਪ੍ਰਕਾਸ਼, ਦਿਲਬਾਗ ਸਿੰਘ, ਰਵਿੰਦਰਜੀਤ ਸਿੰਘ, ਗਗਨਦੀਪ ਸਿੰਘ, ਅਨੁਭਵ ਗੁਪਤਾ, ਬਲਵਿੰਦਰ ਕੌਰ ਅਤੇ ਅਸ਼ਵਨੀ ਫੱਜੂਪੁਰ ਦੀ ਸਾਂਝੀ ਪ੍ਰਧਾਨਗੀ ਹੇਠ ਇੱਕ ਵਿਸ਼ਾਲ ਰੋਸ ਧਰਨਾ ਦਿੱਤਾ ਗਿਆ।ਅਧਿਆਪਕਾਂ ਦੇ ਭਾਰੀ ਰੋਸ ਨੂੰ ਦੇਖਦਿਆਂ ਏ.ਡੀ.ਸੀ. (ਜੀ) ਨੇ ਮੌਕੇ 'ਤੇ ਪਹੁੰਚ ਕੇ ਮੰਗ ਪੱਤਰ ਪ੍ਰਾਪਤ ਕੀਤਾ ਅਤੇ ਭਰੋਸਾ ਦਿੱਤਾ। ਧਰਨੇ ਨੂੰ ਸੰਬੋਧਨ ਕਰਦਿਆਂ ਪ੍ਰਧਾਨਗੀ ਮੰਡਲ ਦੇ ਆਗੂਆਂ ਨੇ ਦੋਸ਼ ਲਾਇਆ ਕਿ ਜ਼ਿਲ੍ਹਾ ਪ੍ਰਸ਼ਾਸਨ ਨੇ ਡਿਊਟੀਆਂ ਲਗਾਉਣ ਵੇਲੇ ਘੋਰ ਲਾਪਰਵਾਹੀ ਵਰਤੀ ਹੈ।ਜਥੇਬੰਦੀਆਂ ਨੇ ਜ਼ੋਰਦਾਰ ਮੰਗ ਕੀਤੀ ਹੈ ਕਿ ਪ੍ਰਸ਼ਾਸਨ ਇਸ ਡਿਊਟੀ ਅਲਾਟਮੈਂਟ ਦੀ ਤੁਰੰਤ ਸਮੀਖਿਆ ਕਰੇ ਅਤੇ ਨਵੇਂ ਸਿਰੇ ਤੋਂ ਲਿਸਟਾਂ ਜਾਰੀ ਕਰਕੇ ਡਿਊਟੀਆਂ ਨੇੜਲੇ ਸਥਾਨਾਂ 'ਤੇ ਤਾਇਨਾਤ ਕੀਤੀਆਂ ਜਾਣ।ਇਸ ਮੌਕੇ ਬਲਕਾਰ ਸਿੰਘ, ਕਪਿਲ ਸ਼ਰਮਾ, ਮਨਜੀਤ ਸਿੰਘ, ਸੁਖਦੀਪ ਕੌਰ, ਸਤਨਾਮ ਸਿੰਘ, ਸਤਿੰਦਰਜੀਤ, ਰਾਮੇਸ਼ ਖੁੰਡਾ, ਸੁਭਾਸ਼ ਚੰਦਰ, ਧਰਮਿੰਦਰ ਸਿੰਘ, ਰਾਜਨ ਸ਼ਰਮਾ ਗੁਰਮੁੱਖ ਸਿੰਘ, ਰਾਕੇਸ਼ ਕੁਮਾਰ, ਕੁਲਵੰਤ ਸਿੰਘ, ਗੁਰਦਿਆਲ ਚੰਦ, ਹਰਜੀਤ ਸਿੰਘ, ਹਰਦੀਪ ਸਿੰਘ ਆਦਿ ਹਾਜ਼ਰ ਸਨ।

## ਬਾਰ੍ਹਵੀਂ (ਸੀ ਬੀ ਐੱਸ ਈ) ਜਮਾਤ ਦੇ ਨਤੀਜਿਆਂ 'ਚ ਮਾਣਮੱਤਾ ਪ੍ਰਦਰਸ਼ਨ



ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)-ਸੀ.ਬੀ.ਐੱਸ.ਈ ਵੱਲੋਂ ਐਲਾਨੇ ਗਏ ਬਾਰ੍ਹਵੀਂ ਜਮਾਤ ਦੇ ਨਤੀਜਿਆਂ ਵਿਚ ਚੀਫ਼ ਖ਼ਾਲਸਾ ਦੀਵਾਨ ਦੇ ਅਧੀਨ ਚੱਲ ਰਹੇ ਸ੍ਰੀ ਗੁਰੂ ਹਰਿਕ੍ਰਿਸ਼ਨ ਪਬਲਿਕ ਸਕੂਲ, ਮਜੀਠਾ ਰੋਡ ਬਾਈਬਾਸ ਦੇ ਵਿਦਿਆਰਥੀ ਗੁਰਸਿਮਰਨ ਕੌਰ (ਮੈਡੀਕਲ) ਨੇ 95 ਪ੍ਰਤੀਸ਼ਤ ਅੰਕਾਂ ਨਾਲ ਪਹਿਲਾਂ ਸਥਾਨ, ਹਰਕੀਰਤ ਸਿੰਘ (ਮੈਡੀਕਲ) ਨੇ 94.2 ਪ੍ਰਤੀਸ਼ਤ ਅੰਕ ਨਾਲ ਦੂਸਰਾ ਸਥਾਨ ਅਤੇ ਅਰਪਨਦੀਪ ਕੌਰ (ਮੈਡੀਕਲ) ਨੇ 91.4 ਪ੍ਰਤੀਸ਼ਤ ਅੰਕ ਪ੍ਰਾਪਤ ਕਰਕੇ ਤੀਸਰਾ ਸਥਾਨ ਹਾਸਲ ਕਰਕੇ ਸਕੂਲ ਤੇ ਸੰਸਥਾ ਦਾ ਨਾਮ ਰੌਸ਼ਨ ਕੀਤਾ। ਦੀਵਾਨ ਦੇ ਸਰਪ੍ਰਸਤ/ਸਕੂਲ ਮੈਂਬਰ ਇੰਚਾਰਜ ਰਾਜਮਹਿੰਦਰ ਸਿੰਘ ਮਜੀਠਾ, ਜਾਇੰਟ ਸਕੱਤਰ/ਸਕੂਲ ਮੈਂਬਰ ਇੰਚਾਰਜ ਇੰਜੀ.ਜਸਪਾਲ ਸਿੰਘ, ਸ੍ਰ.ਮਨਮੋਹਨ ਸਿੰਘ, ਸ੍ਰ.ਏ.ਪੀ.ਐਸ.ਮਾਨ ਅਤੇ ਪ੍ਰਿੰਸੀਪਲ ਰਿਪੂਦਮਨ ਕੌਰ ਨੇ ਵਧਾਈ ਦਿੰਦਿਆਂ ਸਫਲਤਾ ਦਾ ਸਿਹਰਾ ਵਿਦਿਆਰਥੀਆਂ ਦੀ ਮਿਹਨਤ ਅਤੇ ਅਧਿਆਪਕਾਂ ਦੇ ਸਹੀ ਮਾਰਗ ਦਰਸ਼ਨ ਅਤੇ ਮਾਪਿਆਂ ਦੇ ਸਹਿਯੋਗ ਨੂੰ ਪਾਇਆ।

## ਜ਼ੋਨਲ ਬੈਡਮਿੰਟਨ ਚੈਂਪੀਅਨਸ਼ਿਪ 'ਚ ਰਚਿਆ ਇਤਿਹਾਸ



**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**-ਸ੍ਰੀ ਗੁਰੂ ਹਰਿਕ੍ਰਿਸ਼ਨ ਸੀ ਕੇ ਡੀ ਸਕੂਲ ਆਫ਼ ਐਕਸੀਲੈਂਸ, ਸ਼ੁਭਮ ਇਨਕਲੇਵ ,ਦਬੁਰਜੀ ਦੇ ਵਿਦਿਆਰਥੀਆਂ ਵੱਲੋਂ ਐੱਮ. ਐੱਲ. ਐੱਮ. ਸਪੋਰਟਸ ਕਲੱਬ, ਅੰਮ੍ਰਿਤਸਰ ਵਿਖੇ ਆਯੋਜਿਤ ਸੀ. ਆਈ. ਐੱਸ. ਸੀ. ਈ. ਜ਼ੋਨਲ ਬੈਡਮਿੰਟਨ ਚੈਂਪੀਅਨਸ਼ਿਪ ਵਿੱਚ ਭਾਗ ਲਿਆ ਗਿਆ, ਜਿਸ ਵਿੱਚ ਸਾਰੇ ਐਥਲੀਟਾਂ ਨੇ ਬੇਮਿਸਾਲ ਹੁਨਰ, ਚੁਸਤੀ ਅਤੇ ਦ੍ਰਿੜਤਾ ਦਾ ਪ੍ਰਦਰਸ਼ਨ ਕੀਤਾ ਅਤੇ ਤਗਮੇ ਹਾਸਿਲ ਕੀਤੇ। ਵਰਗ 14 (ਸਿੰਗਲ) ਅੱਠਵੀਂ ਜਮਾਤ ਦੀ ਵਿਦਿਆਰਥਣ ਅੰਮ੍ਰਿਤ ਕੌਰ ਨੇ ਤੀਜਾ ਇਨਾਮ ਪ੍ਰਾਪਤ ਕੀਤਾ ਅਤੇ ਖੇਤਰੀ ਪੱਧਰ ਦੀ ਚੈਂਪੀਅਨਸ਼ਿਪ ਲਈ ਚੁਣੀ ਗਈ। ਵਰਗ 14 (ਡਬਲ) ਅੰਮ੍ਰਿਤ ਕੌਰ ਅਤੇ ਅਗਮਪ੍ਰੀਤ ਕੌਰ ਪਹਿਲਾ ਇਨਾਮ ਪ੍ਰਾਪਤ ਕੀਤਾ। ਵਰਗ 17 ਲੜਕੇ (ਸਿੰਗਲ) ਵਿੱਚ ਵਾਰਿਸਦੀਪ ਸਿੰਘ ਨੇ ਪਹਿਲਾ ਇਨਾਮ ਅਤੇ ਹਰਫ਼ਤਿਹ ਸਿੰਘ ਨੇ ਤੀਜਾ ਇਨਾਮ ਪ੍ਰਾਪਤ ਕੀਤਾ।

ਵਰਗ 17 ਲੜਕੇ (ਡਬਲ) ਵਿੱਚ ਵਾਰਿਸਦੀਪ ਸਿੰਘ ਅਤੇ ਸਿਮਰਪ੍ਰੀਤ ਸਿੰਘ ਨੇ ਪਹਿਲਾ ਇਨਾਮ ਪ੍ਰਾਪਤ ਕੀਤਾ। ਇਸ ਮੌਕੇ ਸਕੂਲ ਦੇ ਮੈਂਬਰ ਇੰਚਾਰਜ ਸਰਜੋਤ ਸਿੰਘ ਸਾਹਨੀ, ਹਰਜੀਤ ਸਿੰਘ ਸਚਦੇਵਾ, ਪ੍ਰਿਤਪਾਲ ਸਿੰਘ ਨਰੂਲਾ, ਹੰਸਬੀਰ ਸਿੰਘ ਅਤੇ ਪ੍ਰਿੰਸੀਪਲ ਹਰਕਮਲਪ੍ਰੀਤ ਕੌਰ ਵੱਲੋਂ ਜੇਤੂ ਖਿਡਾਰੀਆਂ ਅਤੇ ਉਨ੍ਹਾਂ ਦੇ ਕੋਚਾਂ ਨੂੰ ਦਿਲੋਂ ਵਧਾਈਆਂ ਦਿੱਤੀਆਂ ਗਈਆਂ।

## ਪੁਸਤਕ ਮੈਚਿੰਗ ਗ੍ਰਾਂਟ ਅਧੀਨ ਪੁਸਤਕਾਂ 'ਤੇ ਦੁੱਗਣੀ ਸਹੂਲਤ



ਬਟਾਲਾ, (ਡਾ. ਮਲਵਿੰਦਰ ਸਿੰਘ)-ਪੰਜਾਬ ਸਰਕਾਰ ਵੱਲੋਂ ਵਿੱਤੀ ਸਾਲ 2026-27 ਅਧੀਨ ਭਾਸ਼ਾ ਵਿਭਾਗ, ਪੰਜਾਬ ਮਾਣਯੋਗ ਡਾਇਰੈਕਟਰ ਭਾਸ਼ਾਵਾਂ ਦੇ ਆਦੇਸ਼ਾਂ ਅਨੁਸਾਰ ਵਿਭਾਗ ਨੂੰ ਪੁਸਤਕ ਮੈਚਿੰਗ ਗ੍ਰਾਂਟ ਪ੍ਰਾਪਤ ਹੋਣ ਸਬੰਧੀ ਦਫਤਰ ਜ਼ਿਲ੍ਹਾ ਭਾਸ਼ਾ ਅਫਸਰ, ਗੁਰਦਾਸਪੁਰ ਵੱਲੋਂ ਪੇਂਡੂ ਲਾਇਬ੍ਰੇਰੀਆਂ, ਸਕੂਲਾਂ/ਕਾਲਜਾਂ ਅਤੇ ਯੂਨੀਵਰਸਿਟੀਆਂ ਦੀਆਂ ਲਾਇਬ੍ਰੇਰੀਆਂ ਲਈ ਪੁਸਤਕ ਮੈਚਿੰਗ ਗ੍ਰਾਂਟ ਅਧੀਨ ਪੁਸਤਕਾਂ ਦਿੱਤੀਆਂ ਜਾ ਰਹੀਆਂ ਹਨ, ਭਾਵ ਕੋਈ ਵੀ ਸੰਸਥਾ ਜਿੰਨੇ ਰੁਪਏ ਦੀਆਂ ਪੁਸਤਕਾਂ ਦੀ ਖ਼ਰੀਦ ਜ਼ਿਲ੍ਹਾ ਭਾਸ਼ਾ ਦਫਤਰ, ਗੁਰਦਾਸਪੁਰ ਤੋਂ ਕਰਦੀ ਹੈ ਉਸ ਸੰਸਥਾ/ਸਕੂਲ/ਕਾਲਜ ਨੂੰ ਉਨੇ ਹੀ ਰੁਪਏ ਦੀਆਂ ਪੁਸਤਕਾਂ ਮੈਚਿੰਗ ਗ੍ਰਾਂਟ ਅਧੀਨ ਇਸ ਦਫ਼ਤਰ ਵੱਲੋਂ ਮੁਫ਼ਤ ਦਿੱਤੀਆਂ ਜਾਣਗੀਆਂ।

ਦਫਤਰ ਜ਼ਿਲ੍ਹਾ ਭਾਸ਼ਾ ਅਫਸਰ ਗੁਰਦਾਸਪੁਰ ਵੱਲੋਂ ਦੱਸਿਆ ਗਿਆ ਕਿ ਜ਼ਿਲ੍ਹਾ ਭਾਸ਼ਾ ਦਫਤਰ, ਗੁਰਦਾਸਪੁਰ ਤੋਂ ਇਹ ਬਹੁਤ ਹੀ ਮਿਆਰੀ ਅਤੇ ਧਾਰਮਿਕ/ਸਾਹਿਤਕ ਅਤੇ ਇਤਿਹਾਸਕ ਪੁਸਤਕਾਂ ਘੱਟ/ਸਸਤੀ ਕੀਮਤ 'ਤੇ ਸੰਸਥਾ ਦੀਆਂ ਲਾਇਬ੍ਰੇਰੀਆਂ ਲਈ ਖਰੀਦੀਆਂ ਜਾ ਸਕਦੀਆਂ ਹਨ।ਉਨ੍ਹਾਂ ਕਿਹਾ ਕਿ ਇਹ ਵਡਮੁੱਲੀਆਂ ਪੁਸਤਕਾਂ ਵਿਦਿਆਰਥੀਆਂ ਦੇ ਸਾਹਿਤਕ ਅਤੇ ਮਾਨਸਿਕ ਵਿਕਾਸ ਲਈ ਬਹੁਤ ਹੀ ਉਪਯੋਗੀ ਹਨ।ਇਸ ਲਈ ਇਨ੍ਹਾਂ ਪੁਸਤਕਾਂ ਦੀ ਵੱਧ ਤੋਂ ਵੱਧ ਖ਼ਰੀਦ ਪ੍ਰਬੰਧਕੀ ਕੰਪਲੈਕਸ ਗੁਰਦਾਸਪੁਰ ਵਿਖੇ ਸਥਿਤ ਦਫਤਰ ਜ਼ਿਲ੍ਹਾ ਭਾਸ਼ਾ ਅਫਸਰ, ਗੁਰਦਾਸਪੁਰ ਬੀ.ਬਲਾਕ ਕਮਰਾ ਨੰ. 501 502 ਤੋਂ ਕੀਤੀ ਜਾ ਸਕਦੀ ਹੈ।

## ਮੰਗਾਂ ਨੂੰ ਲੈ ਕੇ ਜਲ ਸਪਲਾਈ ਤੇ ਸੈਨੀਟੇਸ਼ਨ ਕੰਟਰੈਕਟ ਵਰਕਰ ਯੂਨੀਅਨ ਦੀ ਮੀਟਿੰਗ



ਦੀਨਾਨਗਰ (ਬਲਵਿੰਦਰ ਸਿੰਘ ਬਿੱਲਾ)-ਜਲ ਸਪਲਾਈ ਅਤੇ ਸੈਨੀਟੇਸ਼ਨ ਕੰਟਰੈਕਟ ਵਰਕਰ ਯੂਨੀਅਨ ਪੰਜਾਬ ਰਜਿ. ਨੰ. 31 ਬਰਾਂਚ ਦੀਨਾ ਨਗਰ ਦੀ ਦੀਨਾਨਗਰ ਵਿਖੇ ਮੀਟਿੰਗ ਕੀਤੀ ਗਈ। ਮੰਗਾਂ ਸਬੰਧੀ ਜਾਣਕਾਰੀ ਦਿੰਦੇ ਹੋਏ ਵਿਪਨਪ੍ਰੀਤ ਸਿੰਘ ਦੀਪਕ ਕੁਮਾਰ , ਬਲਵਿੰਦਰ ਕੁਮਾਰ ਨੇ ਕਿਹਾ ਕਿ ਵੱਖ-ਵੱਖ ਸਰਕਾਰੀ ਵਿਭਾਗਾਂ ਵਿੱਚ ਇਨਲਿਸਟਮੈਂਟ, ਆਊਟਸੋਰਗ, ਠੇਕੇਦਾਰਾਂ, ਕੰਪਨੀਆਂ ਰਾਹੀਂ ਰੱਖੇ ਮੁਲਾਜ਼ਮਾਂ ਨੂੰ ਪੰਜਾਬ ਸਰਕਾਰ ਰੈਗੂਲਰ ਕਰਨ ਤੋਂ ਭੱਜ ਰਹੀ ਹੈ, ਸਰਕਾਰੀ ਵਿਭਾਗਾਂ ਦਾ ਨਿੱਜੀਕਰਨ/ ਪੰਚਾਇਤੀਕਰਨ ਵਾਲੀਆਂ ਲੋਕ ਵਿਰੋਧੀ ਨੀਤੀਆਂ ਨੂੰ ਲਾਗੂ ਲਾਗੂ ਕੀਤਾ ਜਾ ਰਿਹਾ ਹੈ ਜਿਸ ਨੂੰ ਲੈ ਕੇ ਮੁਲਾਜ਼ਮਾ ਵੱਲੋਂ ਲਗਾਤਾਰ ਸੰਘਰਸ਼ ਕੀਤਾ ਜਾ ਰਿਹਾ ਹੈ।ਉਨ੍ਹਾਂ ਕਿਹਾ ਕਿ ਕੱਚੇ ਮੁਲਾਜ਼ਮਾਂ ਨੂੰ ਪੱਕਾ ਕਰਨ ਵਾਲੀ ਪੰਜਾਬ ਸਰਕਾਰ ਦੀ ਕੈਬਨਿਟ ਸਬ ਕਮੇਟੀ ਦੇ ਚੇਅਰਮੈਨ ਅਤੇ ਵਿੱਤ ਮੰਤਰੀ ਨਾਲ ਪੈਨਲ ਮੀਟਿੰਗ 19 ਮਈ ਨੂੰ ਪੰਜਾਬ ਭਵਨ ਚੰਡੀਗੜ੍ਹ ਵਿਖੇ ਤੈਅ ਕੀਤੀ ਗਈ ਹੈ ਅਤੇ ਜੇਕਰ ਪੰਜਾਬ ਸਰਕਾਰ ਨੇ ਮੁਲਾਜ਼ਮਾਂ ਦੀਆਂ ਮੰਗਾਂ ਨੂੰ ਪੂਰਾ ਨਾ ਕੀਤਾ ਤਾਂ ਜਥੇਬੰਦੀ ਵੱਲੋਂ 23 ਮਈ ਨੂੰ ਵਿੱਤ ਮੰਤਰੀ ਦੇ ਹਲਕਾ ਦਿੜਬਾ ਵਿਖੇ ਸੂਬਾ ਪੱਧਰੀ ਰੋਸ ਮੁਜ਼ਾਹਰਾ ਕੀਤਾ ਜਾਵੇਗਾ ਤੇ ਪਿੰਡਾਂ ਵਿੱਚ ਝੰਡਾ ਮਾਰਚ ਵੀ ਕੀਤਾ ਜਾਵੇਗਾ ਜਿਸ ਵਿੱਚ ਪਰਿਵਾਰਾਂ ਅਤੇ ਬੱਚਿਆਂ ਸਮੇਤ ਸ਼ਮੂਲੀਅਤ ਕੀਤੀ ਜਾਵੇਗੀ।

ਇਸ ਮੌਕੇ ਰੋਹਿਤ ਕੁਮਾਰ, ਸੁਰੇਸ਼ ਕੁਮਾਰ, ਸੋਹਨ ਲਾਲ, ਮੰਗਤ ਰਾਮ, ਬੋਧਰਾਜ, ਜੋਧਰਾਜ, ਗੁਰਬਚਨ ਲਾਲ, ਭੁਪਿੰਦਰ ਕੁਮਾਰ, ਪਰਵੀਨ ਸਿੰਘ, ਜਨਕ ਸਿੰਘ , ਪਰਵੀਨ ਸਿੰਘ, ਰਾਜ ਕੁਮਾਰ ਆਦਿ ਹਾਜ਼ਰ ਹੋਏ।

## ਦਸਤਾਰ, ਦੁਮਾਲਾ, ਸ਼ੁੱਧ ਪੰਜਾਬੀ ਤੇ ਪੇਂਟਿੰਗ ਮੁਕਾਬਲੇ 18 ਨੂੰ



ਚੋਹਲਾ ਸਾਹਿਬ (ਰਮਨ ਚੱਢਾ)-ਸ਼ਹੀਦ ਭਾਈ ਤਾਰੂ ਸਿੰਘ ਗੁਰਮਤਿ ਪ੍ਰਚਾਰ ਐਂਡ ਵੈੱਲਫੇਅਰ ਸੁਸਾਇਟੀ ਰਜਿ ਪੰਜਾਬ ਵੱਲੋਂ ਸਰਹੰਦ ਫਤਿਹ ਦਿਵਸ ਨੂੰ ਸਮਰਪਿਤ ਬਾਬਾ ਲੱਖਾ ਸਿੰਘ ਜੀ ਕੋਟੇ ਵਾਲੇ, ਸਿੱਖ ਪ੍ਰਚਾਰਕ ਭਾਈ ਗੁਰਦੀਪ ਸਿੰਘ ਮੁੰਡਾ ਪਿੰਡ ਅਤੇ ਇਲਾਕਾ ਨਿਵਾਸੀ ਸੰਗਤਾਂ ਦੇ ਵਿਸ਼ੇਸ਼ ਸਹਿਯੋਗ ਸਦਕਾ 18 ਮਈ ਦਿਨ ਸੋਮਵਾਰ ਨੂੰ ਸਵੇਰੇ 8-45 ਤੋਂ 12-30 ਤੱਕ ਗੁਰੂ ਨਾਨਕ ਸਾਹਿਬ ਦੇ ਜੱਦੀ ਪਿੰਡ ਅਤੇ ਗੁਰੂ ਹਰਗੋਬਿੰਦ ਸਾਹਿਬ ਮਹਾਰਾਜ ਦੀ ਚਰਨ ਛੋਹ ਪ੍ਰਾਪਤ ਨਗਰ ਡੇਹਰਾ ਸਾਹਿਬ ਵਿਖੇ ਬੱਚਿਆਂ ਦੇ ਦਸਤਾਰ, ਦੁਮਾਲਾ, ਪੇਂਟਿੰਗ ਅਤੇ ਸ਼ੁੱਧ ਪੰਜਾਬੀ ਮੁਕਾਬਲੇ ਕਰਵਾਏ ਜਾ ਰਹੇ ਹਨ।ਇਹ ਜਾਣਕਾਰੀ ਬਾਬਾ ਕੁਲਵਿੰਦਰ ਸਿੰਘ, ਭਾਈ ਗੁਰਦੇਵ ਸਿੰਘ ਮੁੰਡਾ ਪਿੰਡ ਸਿੱਖ ਪ੍ਰਚਾਰਕ, ਮੈਨੇਜਰ ਭਾਈ ਨਿਰਮਲ ਸਿੰਘ ਅਤੇ ਸੁਸਾਇਟੀ ਦੇ ਪ੍ਰਚਾਰਕ ਭਾਈ ਜਗਜੀਤ ਸਿੰਘ ਅਹਿਮਦਪੁਰ ਨੇ ਪ੍ਰੈੱਸ ਨਾਲ ਗੱਲਬਾਤ ਦੌਰਾਨ ਕੀਤਾ।ਉਨ੍ਹਾਂ ਕਿਹਾ ਕਿ ਦਸਤਾਰ, ਦੁਮਾਲਾ ਮੁਕਾਬਲੇ ਵਿੱਚ ਚੌਥੀ ਜਮਾਤ ਤੋਂ ਲੈ ਕੇ ਬਾਰ੍ਹਵੀਂ ਜਮਾਤ , ਪੇਂਟਿੰਗ ਮੁਕਾਬਲੇ ਵਿੱਚ ਛੇਵੀਂ ਜਮਾਤ ਤੋਂ ਬਾਰ੍ਹਵੀਂ ਜਮਾਤ ਅਤੇ ਸ਼ੁੱਧ ਪੰਜਾਬੀ ਮੁਕਾਬਲੇ ਵਿੱਚ ਅੱਠਵੀਂ ਤੋਂ ਬਾਰ੍ਹਵੀਂ ਜਮਾਤ ਦੇ ਵਿਦਿਆਰਥੀ ਭਾਗ ਲੈ ਸਕਦੇ ਹਨ।ਉਨ੍ਹਾਂ ਕਿਹਾ ਕਿ ਦਸਤਾਰ, ਦੁਮਾਲਾ ਅਤੇ ਪੇਂਟਿੰਗ ਮੁਕਾਬਲੇ ਵਿੱਚ ਭਾਗ ਲੈਣ ਵਾਲੇ ਬੱਚੇ ਦਸਤਾਰ, ਦੁਮਾਲਾ, ਬਾਜ ਪਿਨ, ਸ਼ੀਸ਼ਾ, ਏ ਫੋਰ ਸ਼ੀਟ, ਰੰਗ, ਜਮੈਟਰੀ ਬਾਕਸ, ਫੁੱਟਾ ਅਤੇ ਹੋਰ ਲੋੜੀਂਦਾ ਸਾਮਾਨ ਆਪਣਾ ਲੈ ਕੇ ਆਉਣਗੇ।ਸੁਸਾਇਟੀ ਦੇ ਕਨਵੀਨਰ ਭਾਈ ਸੰਦੀਪ ਸਿੰਘ ਖਾਲੜਾ, ਪ੍ਰਧਾਨ ਭਾਈ ਸੰਤੋਖ ਸਿੰਘ ਪੱਟੀ, ਮੀਤ ਪ੍ਰਧਾਨ ਭਾਈ ਹੀਰਾ ਸਿੰਘ ਸੋਹਲ, ਸਕੱਤਰ ਭਾਈ ਨਿਰਮਲ ਸਿੰਘ ਸੁਰ ਸਿੰਘ, ਮੀਤ ਸਕੱਤਰ ਭਾਈ ਹਰਚਰਨ ਸਿੰਘ ਉਬੋਕੇ ਅਤੇ ਖਜ਼ਾਨਚੀ ਭਾਈ ਗੁਰਜੰਟ ਸਿੰਘ ਭਿੱਖੀਵਿੰਡ ਨੇ ਸਕੂਲਾਂ ਦੇ ਪ੍ਰਬੰਧਕ , ਗੁਰਦੁਆਰਾ ਪ੍ਰਬੰਧਕ ਕਮੇਟੀਆਂ ਅਤੇ ਇਲਾਕਾ ਨਿਵਾਸੀ ਸੰਗਤਾਂ ਨੂੰ ਆਪਣੇ ਬੱਚਿਆਂ ਸਮੇਤ 18 ਮਈ ਨੂੰ ਨਿਯਤ ਸਮੇਂ ਤੇ ਗੁਰਦੁਆਰਾ ਸਾਹਿਬ ਵਿਖੇ ਪਹੁੰਚਣ ਦੀ ਬੇਨਤੀ ਕੀਤੀ।

## ਕਾਮਰੇਡ ਜੀਤ ਰਾਜ ਬਾਵਾ ਨੂੰ ਇਨਕਲਾਬੀ ਨਾਅਰਿਆਂ ਨਾਲ ਦਿੱਤੀ ਅੰਤਿਮ ਵਿਦਾਇਗੀ



ਛੇਹਰਟਾ/ਖਾਸਾ (ਮਨੋਜ ਕੁਮਾਰ/ਸ਼ਸ਼ਪਾਲ ਸਿੰਘ)-ਸੀਟੂ ਦੇ ਜ਼ਿਲ੍ਹਾ ਅੰਮ੍ਰਿਤਸਰ ਦੇ ਸਾਬਕਾ ਪ੍ਰਧਾਨ ਕਾਮਰੇਡ ਜੀਤ ਰਾਜ ਬਾਵਾ (84 ਸਾਲ) ਦਾ ਵੀਰਵਾਰ ਨੂੰ ਦਿਹਾਂਤ ਹੋ ਗਿਆ। ਉਹ ਪਿਛਲੇ ਕੁਝ ਦਿਨਾਂ ਤੋਂ ਬਿਮਾਰ ਹੋਣ ਕਾਰਨ ਹਸਪਤਾਲ ਵਿਚ ਦਾਖ਼ਲ ਸਨ। ਸ਼ੁੱਕਰਵਾਰ ਨੂੰ ਉਨ੍ਹਾਂ ਦੀ ਮ੍ਰਿਤਕ ਦੇਹ ਦਾ ਸਸਕਾਰ ਸੀਤਲਾ ਮੰਦਰ ਸ਼ਿਵਪੁਰੀ, ਅੰਮ੍ਰਿਤਸਰ ਵਿਚ ਕਰ ਦਿੱਤਾ ਗਿਆ। ਇਸ ਮੌਕੇ ਸੀਟੂ ਦੇ ਸੂਬਾਈ ਮੀਤ ਪ੍ਰਧਾਨ ਕਾਮਰੇਡ ਸੁੱਚਾ ਸਿੰਘ ਅਜਨਾਲਾ ਨੇ ਸ਼ਰਧਾਂਜਲੀ ਭੇਟ ਕਰਦਿਆਂ ਦੱਸਿਆ ਕਿ ਕਾਮਰੇਡ ਜੀਤ ਰਾਜ ਦੇ ਚਲੇ ਜਾਣ ਨਾਲ ਜਿੱਥੇ ਪਰਿਵਾਰ ਨੂੰ ਘਾਟਾ ਪਿਆ ਹੈ, ਉਥੇ ਹੀ ਜਥੇਬੰਦੀ ਤੇ ਮਜ਼ਦੂਰ ਜਮਾਤ ਨੂੰ ਵੀ ਬਹੁਤ ਵੱਡਾ ਘਾਟਾ ਪਿਆ ਹੈ। ਉਨ੍ਹਾਂ ਦੱਸਿਆ ਕਿ ਕਾਮਰੇਡ ਜੀਤ ਰਾਜ ਨੇ ਆਪਣੀ ਸਾਰੀ ਉਮਰ ਸੀਟੂ ਨੂੰ ਮਜ਼ਬੂਤ ਕਰਨ ਲਈ ਗੁਜ਼ਾਰ ਦਿੱਤੀ ਸੀ। ਉਹ ਅੰਮ੍ਰਿਤਸਰ ਵਿਚ ਸੀਟੂ ਦੀ ਉਸਾਰੀ ਲਈ ਅਹਿਮ ਰੋਲ ਅਦਾ ਕਰਨ ਵਿਚ ਮੋਢੀ ਸਨ। ਉਨ੍ਹਾਂ ਕਈ ਵਾਰ ਜੇਲ੍ਹ ਵੀ ਕੱਟੀ। ਜਥੇਬੰਦੀ ਵਿਚ ਕਈ ਤਰ੍ਹਾਂ ਦੇ ਉਤਰਾ-ਚੜ੍ਹਾ ਆਏ, ਪਰ ਕਾਮਰੇਡ ਜੀਤ ਰਾਜ ਨੇ ਆਪਣੀ ਜਥੇਬੰਦੀ ਦੀ ਵਿਗਿਆਨਿਕ ਸੋਚ ਨਹੀਂ ਛੱਡੀ। ਕਾਮਰੇਡ ਅਜਨਾਲਾ ਨੇ ਦੱਸਿਆ ਕਿ ਉਨ੍ਹਾਂ ਦੀ ਦੇਹ 'ਤੇ ਲਾਲ ਝੰਡਾ ਪਾ ਕੇ ਇਨਕਲਾਬੀ ਨਾਅਰਿਆਂ ਨਾਲ ਉਨ੍ਹਾਂ ਨੂੰ ਅੰਤਿਮ ਵਿਦਾਇਗੀ ਦਿੱਤੀ ਗਈ। ਉਨ੍ਹਾਂ ਦੱਸਿਆ ਕਿ ਕਾਮਰੇਡ ਜੀਤ ਰਾਜ ਨਮਿਤ ਅੰਤਿਮ ਅਰਦਾਸ ਤੇ ਸ਼ਰਧਾਂਜਲੀ ਸਮਾਗਮ 24 ਮਈ ਨੂੰ ਗੁਰੂ ਨਾਨਕਪੁਰਾ ਵਿਖੇ ਹੋਵੇਗਾ। ਇਸ ਦੁੱਖ ਦੀ ਘੜੀ ਵਿਚ ਕਾਮਰੇਡ ਚੰਦਰਸ਼ੇਖਰ ਸੂਬਾ ਪ੍ਰਧਾਨ, ਮਹਾਸਿੰਘ ਰੋੜੀ ਸੂਬਾ ਜਨਰਲ ਸਕੱਤਰ, ਊਸ਼ਾ ਰਾਣੀ ਕੌਮੀ ਸਕੱਤਰ ਸੀਟੂ, ਸਾਥੀ ਚਰਨਜੀਤ ਮਜੀਠਾ ਜ਼ਿਲ੍ਹਾ ਪ੍ਰਧਾਨ, ਨਰਿੰਦਰ ਪਾਲ ਚਮਿਆਰੀ, ਤਰਸੇਮ ਸਿੰਘ ਟਪਿਆਲਾ, ਕਾਮਰੇਡ ਕਿਰਪਾ ਰਾਮ, ਨਰਿੰਦਰ ਧੰਜਲ, ਕੁਲਬੀਰ ਸਿੰਘ, ਸਵਿੰਦਰ ਸਿੰਘ ਮੀਰਾਂਕੋਟ, ਜਸਬੀਰ ਸਿੰਘ ਝਬਾਲ, ਭੈਣ ਕੰਸੋ ਦੇਵੀ, ਭੈਣ ਕਵਲਜੀਤ ਐਡਵੋਕੇਟ, ਗੁਰਦੀਪ ਸਿੰਘ ਬੁਤਾਲਾ, ਸਰੋਜ ਬਾਲਾ, ਧਰਮਪਾਲ, ਵਿਜੇ ਕੁਮਾਰ, ਰਾਮ ਮੂਰਤੀ, ਆਸ਼ੋਕ ਕੁਮਾਰ, ਮਹਿੰਦਰ ਖਹਿਰਾ ਤੇ ਭਰਾਤਰੀ ਜਥੇਬੰਦੀਆਂ ਤੋਂ ਮੋਹਨ ਲਾਲ, ਸ਼ਮਸ਼ੇਰ ਸਿੰਘ, ਜਗਤਾਰ ਸਿੰਘ ਕਰਮਪੁਰਾ ਆਦਿ ਹਾਜ਼ਰ ਸਨ।

## ਖਾਲਸਾ ਕਾਲਜ ਗੁਰਦਾਸਨੰਗਲ ਦਾ ਬਾਰ੍ਹਵੀਂ ਜਮਾਤ ਦਾ ਨਤੀਜਾ ਰਿਹਾ ਸ਼ਾਨਦਾਰ



ਧਾਰੀਵਾਲ (ਮਨਦੀਪ ਵਿੱਕੀ)-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਬੰਧ ਅਧੀਨ ਪ੍ਰਿੰਸੀਪਲ ਡਾ.ਗੁਰਜੀਤ ਸਿੰਘ ਦੀ ਦੇਖ-ਰੇਖ ਹੇਠ ਚੱਲ ਰਹੇ ਬਾਬਾ ਅਜੈ ਸਿੰਘ ਖਾਲਸਾ ਕਾਲਜ ਗੁਰਦਾਸਨੰਗਲ ਦਾ 10+2 ਸਾਇੰਸ, ਕਾਮਰਸ ਅਤੇ ਆਰਟਸ ਦਾ ਨਤੀਜਾ ਬਹੁਤ ਵਧੀਆ ਰਿਹਾ। ਪ੍ਰਿੰਸੀਪਲ ਡਾ.ਗੁਰਜੀਤ ਸਿੰਘ ਨੇ ਦੱਸਿਆ ਕਿ ਪੰਜਾਬ ਸਕੂਲ ਸਿੱਖਿਆ ਬੋਰਡ ਮੋਹਾਲੀ ਵੱਲੋਂ ਲਈ ਪ੍ਰੀਖਿਆ ਵਿੱਚੋਂ ਕਾਲਜ ਦੇ ਬਾਰ੍ਹਵੀਂ ਜਮਾਤ ਦੇ ਵਿਦਿਆਰਥੀਆਂ ਨੇ ਸਾਇੰਸ ਗਰੁੱਖ ਵਿੱਚੋਂ ਵਿੱਚੋਂ ਹਰਗੁਨਤਾਸ਼ ਸਿੰਘ ਨੇ 94% ਨੰਬਰ ਲੈ ਕੇ ਕਾਲਜ ਵਿੱਚੋਂ ਪਹਿਲਾ, ਏਕਮਜੋਤ ਸਿੰਘ ਨੇ 89.4% ਅੰਕ ਪ੍ਰਾਪਤ ਕਰਕੇ ਦੂਜਾ ਸਥਾਨ ਅਤੇ ਅਮਾਨਤਬੀਰ ਕੌਰ ਤੇ ਗੁਰਜੋਤ ਸਿੰਘ ਨੇ ਕ੍ਰਮਵਾਰ 88.6 ਅਤੇ 88.4 ਪ੍ਰਤੀਸ਼ਤ ਨੰਬਰ ਲੈ ਕੇ ਤੀਜਾ ਸਥਾਨ ਹਾਸਲ ਕੀਤਾ। ਕਾਮਰਸ ਵਿੱਚੋਂ ਸੁਨੇਹਾ ਭਗਤ, ਪ੍ਰਭਜੋਤ ਕੌਰ, ਸ਼ਿਵਮਦੀਪ ਸਿੰਘ ਨੇ 83 ਪ੍ਰਤੀਸ਼ਤ ਅੰਕ ਪ੍ਰਾਪਤ ਕਰਕੇ ਕਾਲਜ ਵਿੱਚੋਂ ਪਹਿਲੇ ਸਥਾਨ, ਸੁਪਨਦੀਪ ਸਿੰਘ ਨੇ 82% ਨੰਬਰ ਲੈ ਕੇ ਦੂਜਾ ਸਥਾਨ ਅਤੇ ਠਾਕੁਰ ਸੂਰਯੰਸ਼ ਸਿੰਘ ਨੇ 80% ਨੰਬਰ ਪ੍ਰਾਪਤ ਕਰਕੇ ਤੀਜਾ ਸਥਾਨ ਹਾਸਲ ਕੀਤਾ। ਆਰਟਸ ਵਿੱਚੋਂ ਪ੍ਰਗਤੀ ਨੇ 84%, ਮਾਨਵ ਨੇ 82% ਅਤੇ ਸੁਖਮਨਬੀਰ ਸਿੰਘ 80% ਨੰਬਰ ਲੈ ਕੇ ਕ੍ਰਮਵਾਰ ਪਹਿਲਾ, ਦੂਜਾ ਅਤੇ ਤੀਜਾ ਸਥਾਨ ਪ੍ਰਾਪਤ ਕਰਕੇ ਆਪਣੇ ਕਾਲਜ ਅਤੇ ਮਾਤਾ ਪਿਤਾ ਦਾ ਨਾਮ ਰੌਸ਼ਨ ਕੀਤਾ ਹੈ।

ਪ੍ਰਿੰਸੀਪਲ ਡਾ.ਗੁਰਜੀਤ ਸਿੰਘ ਨੇ ਇਨ੍ਹਾਂ ਹੋਣਹਾਰ ਵਿਦਿਆਰਥੀਆਂ ਅਤੇ ਉਨ੍ਹਾਂ ਦੇ ਮਾਤਾ-ਪਿਤਾ ਨੂੰ ਵਧਾਈ ਦਿੱਤੀ ਤੇ ਵਿਦਿਆਰਥੀਆਂ ਦੇ ਰੌਸ਼ਨ ਭਵਿੱਖ ਦੀ ਕਾਮਨਾ ਕੀਤੀ ਅਤੇ ਵਿਦਿਆਰਥੀਆਂ ਨੂੰ ਭਵਿੱਖ ਵਿੱਚ ਹੋਰ ਜ਼ਿਆਦਾ ਮਿਹਨਤ ਕਰਕੇ ਕਾਲਜ ਦਾ ਨਾਮ ਰੌਸ਼ਨ ਕਰਨ ਦੀ ਗੱਲ ਆਖੀ। ਉਨ੍ਹਾਂ ਕਿਹਾ ਇਹ ਵਧੀਆ ਨਤੀਜੇ ਵਿਦਿਆਰਥੀਆਂ ਦੀ ਸਖ਼ਤ ਮਿਹਨਤ ਅਤੇ ਅਧਿਆਪਕਾਂ ਦੀ ਸੱਚੀ ਲਗਨ ਤੇ ਮਿਹਨਤ ਦਾ ਨਤੀਜਾ ਹਨ। ਇਸ ਮੌਕੇ ਕਾਲਜ ਦੇ ਸਮੂਹ ਸਟਾਫ ਮੈਂਬਰ ਹਾਜ਼ਰ ਸਨ।

## ਸਤਲੁਜ ਪਬਲਿਕ ਸਕੂਲ ਦੇ ਵਿਦਿਆਰਥੀਆਂ ਨੇ ਦਸਵੀਂ ਦੇ ਨਤੀਜਿਆਂ 'ਚ ਨਾਮਣਾ ਖੱਟਿਆ



ਪੱਟੀ, (ਬਲਦੇਵ ਸਿੰਘ ਸੰਧੂ ਕਿਰਤੋਵਾਲ)-ਹਾਲ ਹੀ ਵਿਚ ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਦਸਵੀ ਕਲਾਸ ਦੇ ਐਲਾਨੇ ਨਤੀਜਿਆ 'ਚ ਹਰ ਸਾਲ ਦੀ ਤਰ੍ਹਾਂ ਸਤਲੁਜ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਠੱਕਰਪੁਰਾ ਦਾ ਨਤੀਜਾ ਸ਼ਾਨਦਾਰ ਰਿਹਾ। ਸਕੂਲ ਦੀ ਵਿਦਿਆਰਥਣ ਰੋਬਨਪ੍ਰੀਤ ਕੌਰ ਨੇ 89.38 ਫੀਸਦੀ ਅੰਕ ਹਾਸਲ ਕਰਕੇ ਪਹਿਲਾ ਸਥਾਨ, ਪ੍ਰਿੰਸਪ੍ਰੀਤ ਸਿੰਘ ਨੇ 87.84 ਫੀਸਦੀ ਅੰਕ ਪ੍ਰਾਪਤ ਕਰਕੇ ਦੂਸਰਾ, ਮਨਜੋਤ ਕੌਰ ਨੇ 87.23 ਫੀਸਦੀ ਅੰਕ ਪ੍ਰਾਪਤ ਕਰਕੇ ਤੀਸਰਾ ਕਰਨਦੀਪ ਕੌਰ ਨੇ 86.92 ਫੀਸਦੀ ਅੰਕ ਪ੍ਰਾਪਤ ਕਰਕੇ ਚੌਥਾ ਸਥਾਨ ਹਾਸਲ ਕੀਤਾ।ਇਸ ਮੌਕੇ ਮੈਨੇਜਮੈਂਟ ਮੈਂਬਰ ਹਰਬੀਰ ਸਿੰਘ ਗਿੱਲ, ਪ੍ਰਿੰਸੀਪਲ ਮੈਡਮ ਰਾਜਬੀਰ ਕੌਰ ਤੇ ਵਾਈਸ ਪ੍ਰਿੰਸੀਪਲ ਮੈਡਮ ਦਲਬੀਰ ਕੌਰ ਨੇ ਵਿਦਿਆਰਥੀਆ ਦਾ ਮੂੰਹ ਮਿੱਠਾ ਕਰਵਾਇਆ।ਵਿਦਿਆਰਥੀਆ ਦੇ ਮਾਪਿਆਂ ਨੂੰ ਵਧਾਈ ਦਿੱਤੀ।ਭਵਿੱਖ ਵਿਚ ਹੋਰ ਮਿਹਨਤ ਕਰਕੇ ਉੱਚ ਮੁਕਾਮ ਹਾਸਲ ਕਰਨ ਦੀ ਪ੍ਰੇਰਨਾ ਦੇ ਨਾਲ-ਨਾਲ ਸਕੂਲ ਦੇ ਬਾਕੀ ਵਿਦਿਆਰਥੀਆ ਨੂੰ ਇਨ੍ਹਾਂ ਕੋਲੋਂ ਪ੍ਰੇਰਨਾ ਲੈ ਕੇ ਅੱਗੇ ਵੱਧਣ ਲਈ ਪ੍ਰੇਰਿਤ ਕੀਤਾ ਗਿਆ। ਇਸ ਮੌਕੇ ਹਰਨੂਰ ਸਿੰਘ, ਮੈਡਮ ਪਰਮਿੰਦਰ ਕੌਰ ਸਮੇਤ ਸਾਰਾ ਸਟਾਫ ਹਾਜ਼ਰ ਸੀ।

## ਹਵੇਲੀ 'ਤੇ ਕਬਜ਼ਾ ਕਰਨ ਆਏ ਦੋਸ਼ੀਆਂ ਵਿਰੁੱਧ ਕਾਰਵਾਈ ਦੀ ਮੰਗ

**ਝਬਾਲ (ਹਰਜਿੰਦਰ ਸਿੰਘ ਸੋਨੀ)**-ਐੱਸ ਐੱਸ ਪੀ ਤਰਨਤਾਰਨ ਦਫ਼ਤਰ ਸਾਬਕਾ ਸੈਨਿਕ ਕਾਲਾ ਸਿੰਘ ਪੰਜਵੜ ਦੂਜੀ ਵਾਰ ਸ਼ਿਕਾਇਤ ਲੈ ਕੇ ਪੁੱਜੇ ਅਤੇ ਆਪਣੀ ਪੰਜਵੜ ਸਥਿਤ ਹਵੇਲੀ ਤੇ ਕਬਜ਼ਾ ਕਰਨ ਆਏ ਦੋਸ਼ੀਆਂ ਵਿਰੁੱਧ ਕਾਰਵਾਈ ਕੀਤੇ ਜਾਣ ਦੀ ਮੰਗ ਨੂੰ ਦੁਹਰਾਇਆ।ਪੁਲਸ ਵੱਲੋਂ ਜਾਂਚ ਪੜਤਾਲ ਉਪਰੰਤ ਦੋਸ਼ੀਆਂ ਵਿਰੁੱਧ ਕਾਰਵਾਈ ਕੀਤੇ ਜਾਣ ਦਾ ਵਿਸ਼ਵਾਸ ਦਿਵਾਇਆ।ਕਾਲਾ ਸਿੰਘ ਪੁੱਤਰ ਬਚਨ ਸਿੰਘ ਵਾਸੀ ਪੰਜਵੜ ਖੁਰਦ ਨੇ ਦੱਸਿਆ ਕਿ ਮੇਰੀ ਹਵੇਲੀ ਵਾਲੀ ਜਗ੍ਹਾ 'ਤੇ ਕਬਜ਼ਾ ਕਰਕੇ ਉਸ ਹਵੇਲੀ ਨੂੰ ਹੜੱਪਣ ਦੀਆਂ ਕੋਸ਼ਿਸ਼ਾਂ ਕਰਨ ਵਾਲੇ ਸੁਰਜੀਤ ਕੌਰ ਪਤਨੀ ਬਲਦੇਵ ਸਿੰਘ ਵਾਸੀ ਭਿਖੀਵਿੰਡ, ਰਛਪਾਲ ਸਿੰਘ ਪੁੱਤਰ ਅਰੂੜ ਸਿੰਘ ਵਾਸੀ ਪੰਜਵੜ ਖੁਰਦ, ਮਨਪ੍ਰੀਤ ਸਿੰਘ ਮਣੀ ਪੁੱਤਰ ਰਛਪਾਲ ਸਿੰਘ ਪੰਜਵੜ ਖੁਰਦ, ਗੁਰਮੀਤ ਸਿੰਘ ਪੁੱਤਰ ਭਜਨ ਸਿੰਘ ਵਾਸੀ ਮੱਝੂਪੁਰ, ਰਣਵੀਰ ਸਿੰਘ ਪੁੱਤਰ ਗੁਰਮੀਤ ਸਿੰਘ ਵਾਸੀ ਮੱਝੂਪੁਰ, ਸੁਖਬੀਰ ਸਿੰਘ ਸੁੱਖਾ ਪੁੱਤਰ ਬਲਵੰਤ ਸਿੰਘ ਵਾਸੀ ਮਾੜੀਬੇਹ ਤਹਿਸੀਲ ਭਿੱਖੀਵਿੰਡ ਜ਼ਿਲ੍ਹਾ ਤਰਨਤਾਰਨ ਅਤੇ ਰਣਵੀਰ ਸਿੰਘ ਨਾਲ 4-5 ਅਣਪਛਾਤੇ ਵਿਅਕਤੀਆਂ ਖ਼ਿਲਾਫ਼ ਐੱਸ ਐੱਸ ਪੀ ਤਰਨਤਾਰਨ ਨੂੰ ਦਰਖਾਸਤ ਦਿੱਤੀ ਸੀ ਪਰ ਉਕਤ ਲੋਕਾਂ ਵੱਲੋਂ ਮੇਰੀ ਹਵੇਲੀ ਵਾਲੀ ਜਗਾਹ 'ਤੇ ਕਬਜ਼ਾ ਕਰਨ ਦੀ ਨੀਅਤ ਨਾਲ ਇੱਟਾਂ ਸੁੱਟੀਆਂ ਗਈਆਂ ਤੇ ਮੈਨੂੰ ਤੇ ਮੇਰੇ ਪਰਿਵਾਰ ਨੂੰ ਜਾਨੋਂ ਮਾਰਨ ਦੀਆਂ ਧਮਕੀਆਂ ਦਿੱਤੀਆਂ ਗਈਆਂ।ਕਾਲਾ ਸਿੰਘ ਪੰਜਵੜ ਖੁਰਦ ਨੇ ਪੁਲਸ ਪ੍ਰਸ਼ਾਸਨ ਤੋਂ ਮੰਗ ਕੀਤੀ ਕਿ ਉਕਤ ਵਿਅਕਤੀਆਂ ਖ਼ਿਲਾਫ਼ ਬਣਦੀ ਸਖ਼ਤ ਕਾਨੂੰਨੀ ਕਾਰਵਾਈ ਕੀਤੀ ਜਾਵੇ।



## ਨੌਸਰਬਾਜ਼ ਥ੍ਰੀ-ਵ੍ਹੀਲਰ ਚਾਲਕ ਨੇ ਕੱਢਿਆ ਬਜ਼ੁਰਗ ਦਾ ਬਟੂਆ

**ਛੇਹਰਟਾ/ਖਾਸਾ, (ਮਨੋਜ ਕੁਮਾਰ/ਸ਼ਸ਼ਪਾਲ ਸਿੰਘ)** : ਵੀਰਵਾਰ ਨੂੰ ਪੁਤਲੀਘਰ ਚੌਕ ਵਿਚ ਨੌਸਰਬਾਜ਼ ਥ੍ਰੀ-ਵ੍ਹੀਲਰ ਚਾਲਕ ਨੇ ਇਕ ਬਜ਼ੁਰਗ ਦਾ ਬਟੂਆ ਕੱਢ ਲਿਆ। ਠੱਗੀ ਦਾ ਸ਼ਿਕਾਰ ਹੋਏ ਕਰਮ ਸਿੰਘ ਵਾਸੀ ਰਣਜੀਤਪੁਰਾ ਨੇ ਦੱਸਿਆ ਕਿ ਉਹ ਵੀਰਵਾਰ ਨੂੰ ਬਾਅਦ ਦੁਪਹਿਰ ਪੁਤਲੀਘਰ ਚੌਕ ਤੋਂ ਪੈਦਲ ਘਰ ਜਾ ਰਹੇ ਸਨ। ਅਜੇ ਉਹ ਪੁਤਲੀਘਰ ਚੌਕ ਤੋਂ ਕੁਝ ਕਦਮ ਅੱਗੇ ਹੀ ਆਏ ਸਨ ਕਿ ਇਕ ਥ੍ਰੀ-ਵ੍ਹੀਲਰ ਚਾਲਕ ਨੇ ਉਨ੍ਹਾਂ ਨੂੰ ਆਵਾਜ਼ ਮਾਰ ਕੇ ਕਿਹਾ ਕਿ ਅੰਕਲ ਜੀ, ਘਰ ਨੂੰ ਜਾ ਰਹੇ ਹੋ। ਆ ਜਾਓ, ਮੇਰੇ ਨਾਲ ਹੀ ਅਗਲੀ ਸੀਟ 'ਤੇ ਬੈਠ ਜਾਓ। ਮੈਂ ਵੀ ਘਰ ਹੀ ਜਾ ਰਿਹਾ ਹਾਂ। ਜਦੋਂ ਉਨ੍ਹਾਂ ਉਸ ਨੂੰ ਕਿਹਾ ਕਿ ਉਨ੍ਹਾਂ ਨੇ ਉਸ ਨੂੰ ਪਛਾਣਿਆਂ ਨਹੀਂ। ਇਸ 'ਤੇ ਥ੍ਰੀ-ਵ੍ਹੀਲਰ ਚਾਲਕ ਨੇ ਕਿਹਾ ਕਿ ਅੰਕਲ ਜੀ, ਮੈਂ ਵੀ ਤੁਹਾਡੇ ਮੁਹੱਲੇ ਵਿਚ ਹੀ ਰਹਿੰਦਾ ਹਾਂ। ਤੁਸੀਂ ਭਾਵੇਂ ਮੈਨੂੰ ਨਹੀਂ ਪਛਾਣਦੇ, ਪਰ ਮੈਂ ਤੁਹਾਨੂੰ ਚੰਗੀ ਤਰ੍ਹਾਂ ਪਛਾਣਦਾ ਹਾਂ। ਕਰਮ ਸਿੰਘ ਨੇ ਦੱਸਿਆ ਕਿ ਉਸ ਦੇ ਅਜਿਹਾ ਵਿਸ਼ਵਾਸ਼ ਦਿਵਾਉਣ 'ਤੇ ਉਹ ਥ੍ਰੀ-ਵ੍ਹੀਲਰ ਵਿਚ ਅਗਲੀ ਸੀਟ 'ਤੇ ਉਸ ਨਾਲ ਬੈਠ ਗਏ। ਅਜੇ ਥ੍ਰੀ-ਵ੍ਹੀਲਰ ਚੱਕੀ ਵਾਲੀ ਗਲੀ ਅੱਗੇ ਹੀ ਪੁੱਜਾ ਸੀ ਕਿ ਥ੍ਰੀ-ਵ੍ਹੀਲਰ ਚਾਲਕ ਨੇ ਉਨ੍ਹਾਂ ਨੂੰ ਇਹ ਕਹਿ ਕੇ ਉਤਰਾ ਦਿੱਤਾ ਕਿ ਉਸ ਨੂੰ ਕੋਈ ਕੰਮ ਯਾਦ ਆ ਗਿਆ ਹੈ। ਇਸ 'ਤੇ ਉਹ ਪੈਦਲ ਹੀ ਘਰ ਨੂੰ ਤੁਰ ਪਏ। ਅਜੇ ਉਹ ਕੁਝ ਕੁ ਕਦਮ ਹੀ ਤੁਰੇ ਸਨ ਕਿ ਉਨ੍ਹਾਂ ਵੇਖਿਆ ਕਿ ਉਨ੍ਹਾਂ ਦਾ ਬਟੂਆ ਗਾਇਬ ਸੀ। ਉਨ੍ਹਾਂ ਦੱਸਿਆ ਕਿ ਉਨ੍ਹਾਂ ਨੂੰ ਪੂਰਾ ਯਕੀਨ ਹੈ ਕਿ ਉਕਤ ਥ੍ਰੀ-ਵ੍ਹੀਲਰ ਚਾਲਕ ਨੇ ਹੀ ਉਨ੍ਹਾਂ ਦਾ ਬਟੂਆ ਕੱਢਿਆ ਹੈ। ਉਨ੍ਹਾਂ ਦੱਸਿਆ ਕਿ ਬਟੂਏ ਵਿਚ ਤਿੰਨ ਹਜ਼ਾਰ ਰੁਪਏ, ਬੈਂਕਾਂ ਦੇ ਦੋ ਏਟੀਐਮਜ਼ ਤੇ ਕੁਝ ਹੋਰ ਜ਼ਰੂਰੀ ਦਸਤਾਵੇਜ਼ ਸਨ। ਉਨ੍ਹਾਂ ਕਿਹਾ ਕਿ ਉਹ ਇਸ ਸਬੰਧ ਵਿਚ ਸਬੰਧਤ ਥਾਣੇ ਵਿਚ ਮਾਮਲਾ ਦਰਜ ਕਰਵਾਉਣਗੇ।

## ਆਦਰਸ਼ ਬਿਰਧ ਆਸ਼ਰਮ ਨੇ ਦਿੱਤਾ ਇਕ ਹੋਰ ਬਜ਼ੁਰਗ ਬਾਪੂ ਨੂੰ ਸਹਾਰਾ



**ਦੀਨਾਨਗਰ (ਬਲਵਿੰਦਰ ਸਿੰਘ ਬਿੱਲਾ)**-ਬਜ਼ੁਰਗਾਂ ਦਾ ਵਿਹੜਾ ਆਦਰਸ਼ ਬਿਰਧ ਆਸ਼ਰਮ ਝਾਖੋਲਾੜੀ ਨੇ ਇਕ ਹੋਰ ਬਜ਼ੁਰਗ ਬਾਪੂ ਨੂੰ ਸਹਾਰਾ ਦਿੱਤਾ।ਇਹ ਬਜ਼ੁਰਗ ਗੁਰਦਿਆਲ ਸਿੰਘ ਪੁੱਤਰ ਮਾਨਕ ਸਿੰਘ, ਉਮਰ 86 ਸਾਲ, ਨਿਵਾਸੀ ਬਟਾਲਾ ਦਾ ਹੈ। ਬਜ਼ੁਰਗ ਬਾਪੂ ਨੇ ਦੱਸਿਆ ਕਿ ਮੇਰੇ ਦੋ ਪੁੱਤਰ ਹਨ, ਦੋਵੇਂ ਵਿਆਹੇ ਹਨ ।ਦੋਵੇਂ ਪੁੱਤਰ ਮੈਨੂੰ ਮਾਰਦੇ ਕੁੱਟਦੇ ਹਨ।ਮੈਨੂੰ ਮੇਰੇ ਨੂੰਹ ਪੁੱਤਰ ਖਾਣ ਲਈ ਰੋਟੀ ਅਤੇ ਦਵਾਈ ਦਾਰੂ ਲਈ ਕੋਈ ਵੀ ਪੈਸਾ ਧੇਲਾ ਨਹੀਂ ਦਿੰਦੇ ਹਨ।

ਮੇਰੀ ਜ਼ਿਆਦਾ ਉਮਰ ਹੋਣ ਕਰਕੇ ਮੈਂ ਕੋਈ ਵੀ ਕੰਮ ਨਹੀਂ ਕਰ ਸਕਦਾ।ਮੈਂ ਬਹੁਤ ਦੁਖੀ ਹਾਂ, ਮੇਰਾ ਹੁਣ ਤੁਹਾਡੇ ਤੋਂ ਬਿਨਾਂ ਕੋਈ ਵੀ ਸਹਾਰਾ ਨਹੀਂ ਹੈ।ਮੈਂ ਬਹੁਤ ਆਸ ਦੇ ਨਾਲ ਆਪ ਦੇ ਆਸ਼ਰਮ ਵਿੱਚ ਸਹਾਰਾ ਲੈਣ ਲਈ ਪਹੁੰਚਿਆ ਹਾਂ, ਕਿਰਪਾ ਕਰਕੇ ਮੈਨੂੰ ਸਹਾਰਾ ਦਿਓ ਤਾਂ ਜੋ ਮੈਂ ਆਪਣਾ ਰਹਿੰਦਾ ਜੀਵਨ ਇਸ ਆਸ਼ਰਮ ਵਿਚ ਖੁਸ਼ੀ-ਖੁਸ਼ੀ ਬਤੀਤ ਕਰ ਸਕਾਂ।

ਦੁੱਖਾਂ ਭਰੀ ਕਹਾਣੀ ਸੁਣਨ ਤੋਂ ਬਾਅਦ ਆਸ਼ਰਮ ਸੁਪਰਡੈਂਟ ਮੈਡਮ ਅੰਜਲੀ ਸ਼ਰਮਾ ਅਤੇ ਪ੍ਰਧਾਨ ਸਤਨਾਮ ਸਿੰਘ ਨੇ ਬਾਪੂ ਨੂੰ ਆਸ਼ਰਮ ਵਿਚ ਰਹਿਣ ਦੀ ਆਗਿਆ ਦੇ ਦਿੱਤੀ। ਇਸ ਮੌਕੇ ਆਸ਼ਰਮ ਸਮੂਹ ਸਟਾਫ ਸਵਿਤਾ, ਮਮਤਾ ਦੇਵੀ, ਵਿਜੈ ਕੁਮਾਰੀ, ਸੁਰਜੀਤ ਕੌਰ, ਆਸ਼ਾ ਰਾਣੀ, ਵਿਪਨ ਕੁਮਾਰ, ਰਮੇਸ਼ ਚੰਦਰ ਆਦਿ ਵੀ ਮੌਜੂਦ ਸਨ।

## ਸਾਹਿਬਜ਼ਾਦਾ ਜ਼ੋਰਾਵਰ ਸਿੰਘ ਫ਼ਤਿਹ ਸਿੰਘ ਸਕੂਲ ਧਾਰੀਵਾਲ ਦਾ ਬਾਰ੍ਹਵੀਂ ਦਾ ਨਤੀਜਾ ਸੌ ਫੀਸਦੀ



**ਧਾਰੀਵਾਲ (ਮਨਦੀਪ ਵਿੱਕੀ)**-ਸਾਹਿਬਜ਼ਾਦਾ ਜ਼ੋਰਾਵਰ ਸਿੰਘ ਫਤਿਹ ਸਿੰਘ ਖਾਲਸਾ ਸੀਨੀਅਰ ਸੈਕੰਡਰੀ ਪਬਲਿਕ ਸਕੂਲ ਧਾਰੀਵਾਲ ਦਾ ਨਤੀਜਾ 100% ਰਿਹਾ। ਇਸ ਸਬੰਧੀ ਸਕੂਲ ਪ੍ਰਿੰਸੀਪਲ ਡਾ : ਗਗਨਜੀਤ ਕੌਰ ਨੇ ਦੱਸਿਆ ਕਿ ਇਸ ਸਾਲ ਸਾਇੰਸ ਗਰੁੱਪ ਦੇ ਕੁੱਲ 119 ਵਿਦਿਆਰਥੀਆਂ ਨੇ ਪ੍ਰੀਖਿਆ ਦਿੱਤੀ ਜਿਨ੍ਹਾਂ ਵਿੱਚੋਂ ਚਰਨਜੀਤ ਕੌਰ 90%, ਮੇਹਰ ਮਸੀਹ 88 %, ਨਵਜੋਤ ਕੌਰ 88 %, ਅਨਮੋਲਪ੍ਰੀਤ ਸਿੰਘ 87% , ਹਰਪ੍ਰੀਤ ਕੌਰ 86% ਨੰਬਰ ਲੈ ਕੇ ਸਕੂਲ ਦਾ ਨਾਮ ਰੌਸ਼ਨ ਕੀਤਾ। ਇਨ੍ਹਾਂ ਵਿੱਚੋਂ 85% ਤੋਂ ਉੱਪਰ 9 ਵਿਦਿਆਰਥੀ 80% ਤੋਂ ਉਪਰ 18 ਵਿਦਿਆਰਥੀ 70% ਤੋਂ ਉੱਪਰ 50 ਵਿਦਿਆਰਥੀ 60% ਤੋਂ ਉੱਪਰ 42 ਵਿਦਿਆਰਥੀਆਂ ਨੇ ਨੰਬਰ ਹਾਸਲ ਕੀਤੇ। ਇਸੇ ਤਰ੍ਹਾਂ ਕਮਰਸ ਗਰੁੱਪ ਦੇ ਕੁੱਲ 18 ਵਿਦਿਆਰਥੀਆਂ ਪ੍ਰੀਖਿਆ ਦਿੱਤੀ ਜਿਨ੍ਹਾਂ ਵਿੱਚੋਂ ਮਨਪ੍ਰੀਤ ਸਿੰਘ 84 %, ਸੁਹੇਲ ਸਹੋਤਾ 83%, ਨੰਬਰ ਪ੍ਰਾਪਤ ਕੀਤੇ। ਇਨ੍ਹਾਂ 80% ਤੋਂ ਉੱਪਰ 6 ਵਿਦਿਆਰਥੀ 70% ਤੋਂ ਉੱਪਰ 12 ਵਿਦਿਆਰਥੀ ਰਹੇ। ਹਿਊਮੈਨੀਟੀਜ਼ ਗਰੁੱਪ ਦੇ ਕੁੱਲ 9 ਵਿਦਿਆਰਥੀਆਂ ਨੇ ਪ੍ਰੀਖਿਆ ਦਿੱਤੀ ਜਿਨ੍ਹਾਂ ਵਿੱਚੋਂ ਕੰਚਨ 82%, ਗੁਰਜੋਤ ਸਿੰਘ 75%, ਨੰਬਰ ਪ੍ਰਾਪਤ ਕੀਤੇ, ਇਨ੍ਹਾਂ ਵਿੱਚ 80% ਤੋਂ ਉੱਪਰ ਇੱਕ ਵਿਦਿਆਰਥੀ 70% ਤੋਂ ਉੱਪਰ 02 ਵਿਦਿਆਰਥੀ 60% ਤੋਂ ਉੱਪਰ 6 ਵਿਦਿਆਰਥੀ ਰਹੇ। ਇਸ ਸ਼ਾਨਦਾਰ ਨਤੀਜੇ 'ਤੇ ਖ਼ੁਸ਼ੀ ਪ੍ਰਗਟ ਕਰਦਿਆਂ ਸਕੂਲ ਦੇ ਪ੍ਰਿੰਸੀਪਲ ਡਾ: ਗਗਨਜੀਤ ਕੌਰ, ਪ੍ਰਧਾਨ ਗੁਰਦੇਵ ਸਿੰਘ ਸੋਹਲ (ਐਡਵੋਕੇਟ), ਸਕੱਤਰ ਕੁਲਦੀਪ ਸਿੰਘ ਪਟਵਾਰੀ, ਗੁਰਜੀਤ ਸਿੰਘ ਲੇਹਲ ਅਤੇ ਕੁਲਦੀਪ ਸਿੰਘ ਸੋਹਲ ਨੇ ਮਿਹਨਤੀ ਸਟਾਫ ਅਤੇ ਵਿਦਿਆਰਥੀਆਂ ਦੇ ਮਾਤਾ ਪਿਤਾ ਨੂੰ ਵਧਾਈ ਦਿੱਤੀ।

## ਗੁਰੂਕੁਲ ਪਬਲਿਕ ਸਕੂਲ ਭਿੱਖੀਵਿੰਡ ਦਾ 10ਵੀਂ ਬੋਰਡ ਦਾ ਨਤੀਜਾ ਸੌ ਫੀਸਦੀ ਰਿਹਾ




ਵਲਟੋਹਾ (ਰਣਜੀਤ ਸਿੰਘ ਵਲਟੋਹਾ)-ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਐਲਾਨੇ ਗਏ ਦਸਵੀਂ ਜਮਾਤ ਦੇ ਨਤੀਜਿਆਂ ਵਿੱਚ ਗੁਰੂਕੁਲ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਭਿੱਖੀਵਿੰਡ ਦਾ ਨਤੀਜਾ ਸੌ ਫੀਸਦੀ ਰਿਹਾ।ਨਵਦੀਪ ਕੌਰ ਸਪੁੱਤਰੀ ਸਤਨਾਮ ਸਿੰਘ 89 ਫੀਸਦੀ, ਆਸਥਾ ਸਪੁੱਤਰੀ ਕਵਲਜੀਤ ਸਿੰਘ,ਪਵਨਦੀਪ ਕੌਰ ਸਪੁੱਤਰੀ ਦਲਜੀਤ ਸਿੰਘ ਅਤੇ ਪਵਨਪ੍ਰੀਤ ਕੌਰ ਸਪੁੱਤਰੀ ਤਰਸੇਮ ਸਿੰਘ ਤਿੰਨਾਂ ਵਿਦਿਆਰਥਣਾਂ ਨੇ 87 ਫੀਸਦੀ ਅੰਕ ਹਾਸਲ ਕੀਤੇ। ਪ੍ਰਿੰ. ਲੁਕੇਸ਼ ਮਲਹੋਤਰਾ ਨੇ ਕਿਹਾ ਕਿ ਬੱਚਿਆਂ ਨੇ ਚੰਗੇ ਅੰਕ ਲੈ ਕੇ ਸਾਬਤ ਕਰ ਦਿੱਤਾ ਹੈ ਕਿ ਸਖਤ ਮਿਹਨਤ ਹੀ ਕਾਮਯਾਬੀ ਦੀ ਪੌੜੀ ਹੈ।ਸਕੂਲ ਚੇਅਰਮੈਨ ਦਲਜੀਤ ਮਲਹੋਤਰਾ ਨੇ ਵਿਦਿਆਰਥੀਆਂ ਅਤੇ ਮਾਪਿਆਂ ਨੂੰ ਮੁਬਾਰਕਬਾਦ ਦਿੱਤੀ।ਇਸ ਸਮੇਂ ਸਕੂਲ ਵਾਈਸ ਪ੍ਰਿੰਸੀਪਲ ਪਰਮਜੀਤ ਕੌਰ, ਕੋਆਰਡੀਨੇਟਰ ਹਰਮਨਪ੍ਰੀਤ ਕੌਰ ਅਤੇ ਇੰਦਰਜੀਤ ਕੌਰ, ਅਧਿਆਪਕ ਗੁਰਚਰਨ ਸਿੰਘ, ਅਮਨਦੀਪ ਸਿੰਘ, ਹਰਨੰਦ ਸਿੰਘ, ਨਿਸ਼ਾਨ ਸਿੰਘ, ਸਾਹਿਲ ਕੁਮਾਰ, ਦਿਲਜੀਤ ਸਿੰਘ, ਬਿਕਰਮਜੀਤ ਸਿੰਘ, ਕਿਰਨਜੀਤ ਕੌਰ, ਗੁਰਜੀਤ ਕੌਰ, ਨਵਦੀਪ ਕੌਰ, ਕਾਜਲ ਧਵਨ, ਰਜਵੰਤ ਕੌਰ, ਕਿਰਨ ਕੌਰ, ਅਰੁਣਪ੍ਰੀਤ ਕੌਰ, ਰਮਨਦੀਪ ਕੌਰ, ਦਿਵਿਆ ਸਰੀਨ, ਕੋਮਲਪ੍ਰੀਤ ਕੌਰ, ਨਿਰਮਲ ਕੌਰ, ਕਵਲਜੀਤ ਕੌਰ, ਗੁਰਪ੍ਰੀਤ ਕੌਰ, ਕਰਮਜੀਤ ਕੌਰ, ਨਵਜੋਤ ਮਲਹੋਤਰਾ ਕੋਮਲ ਕੱਕੜ, ਪਰਮਿੰਦਰ ਕੌਰ, ਸੰਦੀਪ ਕੌਰ, ਅਵਨੀਤ ਕੌਰ, ਪਰਮਿੰਦਰ ਕੌਰ, ਰੇਨੂ, ਪ੍ਰਿਆ ਆਦਿ ਹਾਜ਼ਰ ਸਨ।

## ਸਾਂਝਾ ਫਰੰਟ ਦੀ ਸੂਬਾਈ ਕਨਵੈਨਸ਼ਨ ਵਿੱਚ ਪੈਨਸ਼ਨਰ ਕਰਨਗੇ ਭਰਵੀਂ ਸ਼ਮੂਲੀਅਤ : ਧਨੋਆ

**ਜਲੰਧਰ (ਰਾਜੇਸ਼ ਥਾਪਾ)**- ਪੰਜਾਬ ਮੁਲਾਜ਼ਮ ਅਤੇ ਪੈਨਸ਼ਨਰਜ਼ ਸਾਂਝਾ ਫਰੰਟ ਵਲੋਂ 17 ਮਈ ਨੂੰ ਦੇਸ਼ ਭਗਤ ਯਾਦਗਾਰ ਹਾਲ ਜਲੰਧਰ ਵਿਖੇ ਸੂਬਾਈ ਕਨਵੈਨਸ਼ਨ ਕੀਤੀ ਜਾ ਰਹੀ ਹੈ। ਸੂਬਾਈ ਕਨਵੈਨਸ਼ਨ ਵਿੱਚ ਵੱਧ ਚੜ੍ਹ ਕੇ ਸ਼ਮੂਲੀਅਤ ਕਰਨ ਬਾਰੇ ਜਾਣਕਾਰੀ ਦਿੰਦੇ ਹੋਏ ਪੰਜਾਬ ਸਟੇਟ ਪੈਨਸ਼ਨਰਜ਼ ਕਨਫੈਡਰੇਸ਼ਨ (ਰਜਿ) ਅਤੇ ਆਲ ਇੰਡੀਆ ਸਟੇਟ ਗੌਰਮਿੰਟ ਪੈਨਸ਼ਨਰਜ਼ ਫੈਡਰੇਸ਼ਨ ਦੇ ਕੌਮੀ ਮੀਤ ਪ੍ਰਧਾਨ ਕਰਮ ਸਿੰਘ ਧਨੋਆ, ਕੌਮੀ ਸਕੱਤਰ ਮਨਜੀਤ ਸਿੰਘ ਸੈਣੀ, ਕਨਫੈਡਰੇਸ਼ਨ ਦੇ ਹੋਰ ਆਗੂਆਂ ਕੁਲਵਰਨ ਸਿੰਘ ਜਨਰਲ ਸਕੱਤਰ,ਵਰਕਿੰਗ ਪ੍ਰਧਾਨ ਪਿਆਰਾ ਸਿੰਘ ਜਲੰਧਰ, ਮਦਨ ਲਾਲ ਮੰਨਣ ਵਿੱਤ ਸਕੱਤਰ,ਸਰਪ੍ਰਸਤ ਅਜੀਤ ਸਿੰਘ ਫਤਿਹਚੱਕ, ਮੁੱਖ ਸਲਾਹਕਾਰ ਗੁਰਦੀਪ ਸਿੰਘ ਵਾਲੀਆ ਆਦਿ ਨੇ ਕਿਹਾ ਕਿ 17 ਮਈ ਦੀ ਜਲੰਧਰ ਸੂਬਾਈ ਕਨਵੈਨਸ਼ਨ ਵਿੱਚ ਭਰਵੀਂ ਸ਼ਮੂਲੀਅਤ ਕਰਨ ਲਈ ਤਿਆਰੀਆਂ ਪੂਰੀਆਂ ਕੱਸ ਲਈਆਂ ਗਈਆਂ ਹਨ, ਕਨਫੈਡਰੇਸ਼ਨ ਦੇ ਜ਼ਿਲ੍ਹਾ ਪ੍ਰਧਾਨਾਂ/ਜਰਨਲ ਸਕੱਤਰ ਅਤੇ ਸਬ ਯੂਨਿਟਾਂ ਵਿੱਚ ਸ਼ਮੂਲੀਅਤ ਕਰਨ ਲਈ



ਪੈਨਸ਼ਨਰ ਸਾਥੀਆਂ ਦੀ ਕੋਟਾ ਵੰਡ ਕਰ ਦਿੱਤੀ ਹੈ ਅਤੇ ਉਹਨਾਂ ਨੂੰ ਪੂਰੀ ਪੂਰੀ ਤਿਆਰੀ ਨਾਲ ਸ਼ਾਮਲ ਹੋਣ ਦੀ ਅਪੀਲ ਵੀ ਕੀਤੀ ਗਈ ਹੈ। ਕਨਵੈਨਸ਼ਨ ਦੀਆਂ ਮੁੱਖ ਮੰਗਾਂ ਦਾ ਜ਼ਿਕਰ ਕਰਦੇ ਹੋਏ ਕਿਹਾ ਕਿ 31/12/2015 ਤੱਕ ਦੇ ਪੈਨਸ਼ਨਰਾਂ ਨੂੰ 2.59 ਦਾ ਗੁਣਾਂਕ ਨਾ ਦੇਣਾ, ਪੁਰਾਣੀ ਪੈਨਸ਼ਨ ਬਹਾਲੀ ਦਾ ਨੋਟੀਫਿਕੇਸ਼ਨ ਕਰਕੇ ਵੀ ਪੁਰਾਣੀ ਪੈਨਸ਼ਨ ਬਹਾਲ ਨਾ ਕਰਨਾ, ਹਾਈਕੋਰਟ ਵਲੋਂ 30ਜੂਨ ਤੱਕ ਡੀ ਏ ਦੀਆਂ ਕਿਸ਼ਤਾਂ ਅਤੇ ਬਕਾਏ ਜਾਰੀ ਕਰਨ ਦੀਆਂ ਹਦਾਇਤਾਂ ਦੇ ਬਾਵਜੂਦ ਵੀ ਪੰਜਾਬ ਸਰਕਾਰ ਵੱਲੋਂ ਮਿਲੇ ਨੂੰ ਲਟਕਾਉਣ ਲਈ ਐੱਲ ਪੀ ਏ ਦਾਖਲ ਕਰਨਾ, ਸਮੂਹ ਵਿਭਾਗਾਂ ਦੇ ਕੱਚੇ ਮੁਲਾਜ਼ਮਾਂ ਨੂੰ ਪੂਰੇ ਪੂਰੇ ਗ੍ਰੇਡਾਂ ਵਿੱਚ ਰੈਗੂਲਰ ਨਾ ਕਰਨਾ, ਮਾਣ ਭੱਤਾ ਵਰਕਰਾਂ ਨੂੰ ਘੱਟੋ ਘੱਟ ਉਜਰਤ ਦੇ ਘੇਰੇ ਵਿੱਚ ਲਿਆ ਕੇ 26000/- ਰੁਪਏ ਮਿਹਨਤਾਨਾ ਨਾ ਦੇਣਾ ਆਦਿ ਮੰਗ ਪੱਤਰ ਵਿੱਚ ਦਰਜ਼ ਮੰਗਾਂ ਪ੍ਰਤੀ ਸਰਕਾਰ ਵਲੋਂ ਰਚੀ ਭਰ ਵੀ ਗੰਭੀਰਤਾ ਨਹੀਂ ਦਿਖਾਈ ਜਾ ਰਹੀ। ਇਸ ਸਮੇਂ ਹੋਰਨਾਂ ਤੋਂ ਇਲਾਵਾ ਕਨਫੈਡਰੇਸ਼ਨ ਦੇ ਸਹਾਇਕ ਸੂਬਾਈ ਪ੍ਰੈੱਸ ਸਕੱਤਰ ਕੁਲਦੀਪ ਸਿੰਘ ਕੌੜਾ, ਪ੍ਰਮੋਦ ਕੁਮਾਰ ਜੋਸ਼ੀ, ਪਵਨ ਮਸੀਹ, ਰਤਨ ਸਿੰਘ ਗੁਰਾਇਆ, ਸੀਤਲ ਰਾਮ ਬੰਗਾ ਆਦਿ ਪੈਨਸ਼ਨਰ ਸਾਥੀ ਵੀ ਹਾਜ਼ਰ ਹੋਏ।

## ਗੁਰੂ ਨਾਨਕ ਦੇਵ 'ਵਰਸਿਟੀ ਕਾਲਜ 'ਚ ਦਾਖਲਾ ਪ੍ਰਕਿਰਿਆ ਸ਼ੁਰੂ

**ਜਲੰਧਰ (ਕਮਲਜੀਤ ਥਾਬਲਕੇ)** ਗੁਰੂ ਨਾਨਕ ਦੇਵ ਯੂਨੀਵਰਸਿਟੀ ਕਾਲਜ, ਲਾਡੋਵਾਲੀ ਰੋਡ, ਵਿੱਚ ਸੈਸ਼ਨ 2026-27 ਲਈ ਦਾਖਲਾ ਪ੍ਰਕਿਰਿਆ ਪੂਰੇ ਜ਼ੋਰ-ਸ਼ੋਰ ਨਾਲ ਜਾਰੀ ਹੈ। ਕਾਲਜ ਦੀ ਓ ਐੱਸ ਡੀ ਪ੍ਰੋ. (ਡਾ.) ਨਵਜੋਤ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਕਰੀਬ ਸੱਠ ਸਾਲਾਂ ਤੋਂ ਵੱਧ ਸਮੇਂ ਤੋਂ ਵਿਦਿਆ ਦੇ ਖੇਤਰ ਵਿੱਚ ਮਹੱਤਵਪੂਰਨ ਯੋਗਦਾਨ ਪਾਉਂਦਾ ਆ ਰਿਹਾ ਇਹ ਸਿੱਖਿਆ ਸੰਸਥਾਨ ਵਿਦਿਆਰਥੀਆਂ ਨੂੰ ਉੱਚ ਗੁਣਵੱਤਾ ਵਾਲੀ ਸਿੱਖਿਆ ਅਤੇ ਰੋਜ਼ਗਾਰ ਮੁਖੀ ਕੋਰਸ ਮੁਹੱਈਆ ਕਰਵਾ ਰਿਹਾ ਹੈ। ਉਨ੍ਹਾਂ ਕਿਹਾ ਕਿ ਕਾਲਜ ਵਿੱਚ ਵਪਾਰ, ਪ੍ਰਬੰਧਨ, ਕੰਪਿਊਟਰ ਵਿਗਿਆਨ, ਪੱਤਰਕਾਰਤਾ, ਈ-ਕਾਮਰਸ ਅਤੇ ਪੰਜਾਬੀ ਵਿਸ਼ਿਆਂ ਨਾਲ ਸੰਬੰਧਿਤ ਗ੍ਰੈਜੂਏਟ,ਪੋਸਟ ਗ੍ਰੈਜੂਏਟ ਚਲਾਏ ਜਾ ਰਹੇ ਹਨ।ਪ੍ਰੋ. (ਡਾ.) ਨਵਜੋਤ ਕੌਰ ਨੇ ਦੱਸਿਆ ਕਿ ਗ੍ਰੈਜੂਏਸ਼ਨ ਪੱਧਰ 'ਤੇ ਵਿਦਿਆਰਥੀਆਂ ਲਈ ਬੀ.ਕਾਮ ਆਨਰਜ਼, ਬੀ.ਕਾਮ ਵਿੱਤੀ ਸੇਵਾਵਾਂ ਆਨਰਜ਼, ਬੀ.ਸੀ.ਏ ਆਨਰਜ਼, ਈ-ਕਾਮਰਸ ਅਤੇ ਡਿਜ਼ੀਟਲ ਮਾਰਕੀਟਿੰਗ ਵਿੱਚ ਬੀ.ਵੌਕ ਅਤੇ ਪੱਤਰਕਾਰਤਾ ਅਤੇ ਮੀਡੀਆ ਵਿੱਚ ਬੀ.ਵੌਕ ਵਰਗੇ ਕੋਰਸ ਉਪਲਬਧ ਹਨ। ਇਸ ਤੋਂ ਇਲਾਵਾ ਕਾਲਜ ਵਿੱਚ ਪੰਜ ਸਾਲਾ ਕੋਰਸਾਂ ਦੇ ਤਹਿਤ ਐੱਮ.ਬੀ.ਏ, ਐੱਮ.ਕਾਮ, ਡਾਟਾ ਵਿਸ਼ਲੇਸ਼ਣ ਸਮੇਤ ਐੱਮ.ਕਾਮ



ਅਤੇ ਐੱਮ.ਸੀ.ਏ ਕਰਵਾਏ ਜਾ ਰਹੇ ਹਨ, ਜਿਸ ਨਾਲ ਵਿਦਿਆਰਥੀਆਂ ਨੂੰ ਇੱਕੋ ਕੈਂਪਸ ਵਿੱਚ ਉੱਚ ਸਿੱਖਿਆ ਹਾਸਲ ਕਰਨ ਦਾ ਮੌਕਾ ਮਿਲਦਾ ਹੈ।ਉਨ੍ਹਾਂ ਅੱਗੇ ਦੱਸਿਆ ਕਿ ਪੋਸਟ ਗ੍ਰੈਜੂਏਟ ਪੱਧਰ 'ਤੇ ਐੱਮ.ਸੀ.ਏ, ਐੱਮ.ਬੀ.ਏ ਅਤੇ ਐੱਮ.ਏ ਪੰਜਾਬੀ ਵਰਗੇ ਕੋਰਸ ਵੀ ਚਲਾਏ ਜਾ ਰਹੇ ਹਨ, ਜੋ ਵਿਦਿਆਰਥੀਆਂ ਨੂੰ ਵਿਸ਼ੇਸ਼ ਗਿਆਨ ਅਤੇ ਰੋਜ਼ਗਾਰ ਦੇ ਵਧੀਆ ਮੌਕੇ ਪ੍ਰਦਾਨ ਕਰਦੇ ਹਨ। ਪ੍ਰੋ. (ਡਾ.) ਨਵਜੋਤ ਕੌਰ ਨੇ ਕਿਹਾ ਕਿ ਕਾਲਜ ਆਪਣੀ ਤਜਰਬੇਕਾਰ ਅਧਿਆਪਕ, ਅਨੁਸ਼ਾਸਿਤ ਅਕਾਦਮਿਕ ਮਾਹੌਲ, ਵਿਦਿਆਰਥੀ ਕੇਂਦਰਿਤ ਪੜ੍ਹਾਈ ਅਤੇ ਰੋਜ਼ਗਾਰ ਮੁਖੀ ਸਿੱਖਿਆ ਲਈ ਇਲਾਕੇ ਭਰ ਵਿੱਚ ਮਾਣਯੋਗ ਸਥਾਨ ਰੱਖਦਾ ਹੈ। ਉਨ੍ਹਾਂ ਕਿਹਾ ਕਿ ਕਾਲਜ ਦੇ ਵਿਦਿਆਰਥੀ ਵੱਖ-ਵੱਖ ਨਾਮਵਰ ਕੰਪਨੀਆਂ ਵਿੱਚ ਸ਼ਾਨਦਾਰ ਨਿਯੁਕਤੀਆਂ ਪ੍ਰਾਪਤ ਕਰ ਰਹੇ ਹਨ, ਜਿਸ ਕਾਰਨ ਹਰ ਸਾਲ ਵੱਡੀ ਗਿਣਤੀ ਵਿੱਚ ਵਿਦਿਆਰਥੀ ਇਸ ਸੰਸਥਾ ਵੱਲ ਆਕਰਸ਼ਿਤ ਹੋ ਰਹੇ ਹਨ।ਪ੍ਰੋ. (ਡਾ.) ਨਵਜੋਤ ਨੇ ਵਿਸ਼ਵਾਸ ਜਤਾਉਂਦਿਆਂ ਕਿਹਾ ਕਿ ਗੁਰੂ ਨਾਨਕ ਦੇਵ ਯੂਨੀਵਰਸਿਟੀ ਕਾਲਜ ਆਉਣ ਵਾਲੇ ਸਮੇਂ ਵਿੱਚ ਵੀ ਅਕਾਦਮਿਕ ਗੁਣਵੱਤਾ, ਨਵੀਨਤਾ, ਸਰਵਪੱਖੀ ਵਿਕਾਸ ਅਤੇ ਵਿਦਿਆਰਥੀਆਂ ਦੀ ਸਫਲਤਾ ਦੇ ਖੇਤਰ ਵਿੱਚ ਨਵੇਂ ਕੀਰਤੀਮਾਨ ਸਥਾਪਿਤ ਕਰਦਾ ਰਹੇਗਾ। ਉਨ੍ਹਾਂ ਵਿਦਿਆਰਥੀਆਂ ਅਤੇ ਮਾਪਿਆਂ ਨੂੰ ਅਪੀਲ ਕੀਤੀ ਕਿ ਉਹ ਕਾਲਜ ਵਿੱਚ ਦਾਖਲਾ ਲੈ ਕੇ ਆਪਣੇ ਭਵਿੱਖ ਨੂੰ ਨਵੀਆਂ ਉਚਾਈਆਂ ਤੱਕ ਲੈ ਜਾਣ ਲਈ ਇਸ ਮੌਕੇ ਦਾ ਲਾਭ ਜ਼ਰੂਰ ਉਠਾਉਣ।



ਫ਼ਿਲੌਰ ਨਗਰ ਕੌਂਸਲ ਦੇ ਵਾਰਡ ਨੰਬਰ 14 ਤੋਂ ਬੁੱਧ ਪ੍ਰਕਾਸ਼ ਬਟੋਏ, ਵਾਰਡ ਨੰਬਰ 15 ਤੋਂ ਪਾਲ ਰਾਮ ਸੰਧੂ ਵੱਲੋਂ ਨਾਮਜ਼ਦਗੀ ਕਾਗਜ਼ ਦਾਖ਼ਲ ਕਰਾਉਂਦੇ ਹੋਏ। ਉਹਨਾਂ ਨਾਲ ਬਹੁਜਨ ਸਮਾਜ ਪਾਰਟੀ ਦੇ ਬਾਬੂ ਸੁੰਦਰ ਪਾਲ ਵਿਧਾਨ ਸਭਾ ਹਲਕਾ ਫਿਲੌਰ ਦੀ ਇੰਚਾਰਜ ਸਰਪੰਚ ਖੁਸ਼ੀ, ਬਲਾਕ ਸੰਮਤੀ ਦੇ ਚੇਅਰਪਰਸਨ ਸੰਦੀਪ ਕੌਰ, ਕਾਮਰੇਡ ਮੇਜਰ ਫ਼ਿਲੌਰ, ਚਮਨ ਲਾਲ ਚੌਂਕੜੀਆ, ਅਮਨਦੀਪ ਸਿੰਘ ਟੀਨੂ, ਤੇ ਪਤਵੰਤੇ ਸੱਜਣ ਰਾਮ ਪਾਲਾ ਰਾਮ ਸੰਧੂ ਆਦਿ ਹੋਰ ਹਾਜ਼ਰ ਸਨ। **(ਫੋਟੋ ਤੇ ਵੇਰਵਾ : ਹਰਜਿੰਦਰ ਕੌਰ ਚਾਹਲ, ਫ਼ਿਲੌਰ)**

## ਸ੍ਰੀ ਗੁਰੂ ਹਰਿਕ੍ਰਿਸ਼ਨ ਸਕੂਲ ਦਾ ਬਾਰਵੀਂ ਦਾ ਨਤੀਜਾ ਰਿਹਾ 100 ਫੀਸਦੀ



**ਸੁਲਤਾਨਪੁਰ ਲੋਧੀ (ਹਨੀ)**- ਸੀ ਬੀ ਐੱਸ ਸੀ ਵੱਲੋਂ ਐਲਾਨੇ ਗਏ ਬਾਰਵੀਂ ਦੇ ਨਤੀਜੇ 'ਚ ਸ੍ਰੀ ਗੁਰੂ ਹਰਿਕ੍ਰਿਸ਼ਨ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਸੁਲਤਾਨਪੁਰ ਲੋਧੀ ਦਾ ਨਤੀਜਾ ਸ਼ਾਨਦਾਰ ਰਿਹਾ। ਇਸ ਸਬੰਧੀ ਜਾਣਕਾਰੀ ਦਿੰਦਿਆਂ ਸਕੂਲ ਪ੍ਰਸ਼ਾਸਕ ਇੰਜੀਨੀਅਰ ਨਿਮਰਤਾ ਕੌਰ ਨੇ ਦੱਸਿਆ ਕਿ ਵਿਦਿਆਰਥਣ ਗੁਰਲੀਨ ਕੌਰ 95 ਫ਼ੀਸਦੀ ਅੰਕਾਂ ਨਾਲ ਪਹਿਲੇ, ਐਸ਼ਮੀਨ ਕੌਰ 93 ਫ਼ੀਸਦੀ ਅੰਕਾਂ ਨਾਲ ਦੂਜੇ ਅਤੇ ਤਰਨਪ੍ਰੀਤ ਕੌਰ 92.8 ਫੀਸਦੀ ਅੰਕਾਂ ਦੇ ਨਾਲ ਤੀਸਰੇ ਸਥਾਨ 'ਤੇ ਰਹੀ। ਉਹਨਾਂ ਖੁਸ਼ੀ ਦਾ ਪ੍ਰਗਟਾਵਾ ਕਰਦਿਆਂ ਦੱਸਿਆਂ 3 ਵਿਦਿਆਰਥੀਆਂ ਨੇ 90 ਫੀਸਦੀ ਤੋਂ ਉੱਪਰ ਅੰਕ ਪ੍ਰਾਪਤ ਕੀਤੇ, 7 ਵਿਦਿਆਰਥੀਆਂ ਨੇ 80 ਫੀਸਦੀ ਤੋਂ ਵੱਧ ਅੰਕ ਪ੍ਰਾਪਤ ਕੀਤੇ ਤੇ 17 ਵਿਦਿਆਰਥੀਆਂ ਨੇ 70 ਫੀਸਦੀ ਤੋਂ ਉੱਪਰ ਅੰਕ ਪ੍ਰਾਪਤ ਕੀਤੇ,ਜਦਕਿ ਸਕੂਲ ਦਾ ਨਤੀਜਾ 100 ਫ਼ੀਸਦੀ ਰਿਹਾ। ਸਕੂਲ ਦੀ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਬੀਬੀ ਗੁਰਪ੍ਰੀਤ ਕੌਰ ਮੈਂਬਰ ਸ਼੍ਰੋਮਣੀ ਕਮੇਟੀ, ਇੰਜੀਨੀਅਰ ਸਰਵਨ ਸਿੰਘ ਪ੍ਰਧਾਨ ਗੁਰੂ ਨਾਨਕ ਖਾਲਸਾ ਕਾਲਜ ਸੁਲਤਾਨਪੁਰ ਲੋਧੀ, ਸਕੂਲ ਪ੍ਰਸ਼ਾਸਕ ਇੰਜੀਨੀਅਰ ਨਿਮਰਤਾ ਕੌਰ, ਡਾਇਰੈਕਟਰ ਇੰਜੀਨੀਅਰ ਹਰਨਿਆਮਤ ਕੌਰ ਤੇ ਸਟਾਫ ਮੈਂਬਰਾਂ ਨੇ ਵਿਦਿਆਰਥੀਆਂ ਅਤੇ ਉਹਨਾਂ ਦੇ ਮਾਪਿਆਂ ਨੂੰ ਵਧਾਈ ਦਿੱਤੀ ਗਈ।

## ਕੈਬਨਿਟ ਮੰਤਰੀ ਵੱਲੋਂ ਸਵੈ ਜਨਗਣਨਾ ਦੀ ਕੀਤੀ ਸ਼ੁਰੂਆਤ

**ਨੰਗਲ ਭਲਾਣ (ਹਰਭਜਨ ਸਿੰਘ ਢਿੱਲੋਂ)**- ਕੈਬਨਿਟ ਮੰਤਰੀ ਹਰਜੋਤ ਸਿੰਘ ਬੈਂਸ ਵੱਲੋਂ ਸਵੈ ਜਨਗਣਨਾ ਦੀ ਮੁਹਿੰਮ ਦੀ ਸ਼ੁਰੂਆਤ ਕਰਦਿਆਂ ਇਕ ਮਹੱਤਵਪੂਰਨ



ਕਦਮ ਚੁੱਕਿਆ ਗਿਆ ਹੈ। ਉਨ੍ਹਾਂ ਨੇ ਜਨਗਣਨਾ ਲਈ ਬਣਾਈ ਗਈ ਐਪ ਵਿੱਚ ਆਪਣੀ ਵਿਅਕਤੀਗਤ ਜਾਣਕਾਰੀ ਭਰ ਕੇ ਇਸ ਮੁਹਿੰਮ ਨੂੰ ਅੱਗੇ ਵਧਾਇਆ। ਇਸ ਮੌਕੇ ਉਨ੍ਹਾਂ ਕਿਹਾ ਕਿ ਜਨਗਣਨਾ ਦੇ ਅੰਕੜੇ ਦੇਸ਼ ਤੇ ਰਾਜ ਦੀ ਯੋਜਨਾਬੰਦੀ ਲਈ ਬਹੁਤ ਜ਼ਰੂਰੀ ਹੁੰਦੇ ਹਨ, ਇਸ ਲਈ ਹਰ ਨਾਗਰਿਕ ਨੂੰ ਇਸ ਵਿੱਚ ਪੂਰੀ ਸਹਿਯੋਗ ਦੇਣਾ ਚਾਹੀਦਾ ਹੈ। ਕੈਬਨਿਟ ਮੰਤਰੀ ਨੇ ਲੋਕਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਜਨਗਣਨਾ ਸਬੰਧੀ ਦਿੱਤੀ ਜਾਣ ਵਾਲੀ ਜਾਣਕਾਰੀ ਪੂਰੀ ਤਰ੍ਹਾਂ ਸਹੀ ਅਤੇ ਪ੍ਰਮਾਣਿਕ ਹੋਣੀ ਚਾਹੀਦੀ ਹੈ। ਉਨ੍ਹਾਂ ਦੱਸਿਆ ਕਿ ਗਲਤ ਜਾਂ ਅਧੂਰੀ ਜਾਣਕਾਰੀ ਨਾਲ ਸਰਕਾਰੀ ਯੋਜਨਾਵਾਂ ਦੀ ਯੋਜਨਾ ਬਣਾਉਣ ਵਿੱਚ ਰੁਕਾਵਟ ਆ ਸਕਦੀ ਹੈ। ਇਸ ਲਈ ਹਰ ਇਕ ਵਿਅਕਤੀ ਦੀ ਜ਼ਿੰਮੇਵਾਰੀ ਬਣਦੀ ਹੈ ਕਿ ਉਹ ਆਪਣੇ ਪਰਿਵਾਰ ਅਤੇ ਘਰ ਦੀ ਸਹੀ ਜਾਣਕਾਰੀ ਦਰਜ ਕਰੇ। ਹਰਜੋਤ ਸਿੰਘ ਬੈਂਸ ਨੇ ਇਹ ਵੀ ਕਿਹਾ ਕਿ ਡਿਜ਼ੀਟਲ ਮਾਧਿਅਮਾਂ ਰਾਹੀਂ ਜਨਗਣਨਾ ਕਰਨਾ ਸਮੇਂ ਦੀ ਲੋੜ ਹੈ, ਜਿਸ ਨਾਲ ਪ੍ਰਕਿਰਿਆ ਤੇਜ਼, ਸਹਿਜ ਅਤੇ ਪਾਰਦਰਸ਼ੀ ਬਣਦੀ ਹੈ।

ਉਨ੍ਹਾਂ ਕਿਹਾ ਕਿ ਐਪ ਰਾਹੀਂ ਸਵੈ ਜਨਗਣਨਾ ਕਰਨ ਨਾਲ ਲੋਕ ਘਰ ਬੈਠੇ ਹੀ ਆਪਣੀ ਜਾਣਕਾਰੀ ਦਰਜ ਕਰ ਸਕਦੇ ਹਨ, ਜਿਸ ਨਾਲ ਸਮੇਂ ਦੀ ਬਚਤ ਹੋਵੇਗੀ ਅਤੇ ਸਰਕਾਰੀ ਅਧਿਕਾਰੀਆਂ ਉੱਤੇ ਭਾਰ ਵੀ ਘਟੇਗਾ।

## ਸਾਂਝਾ ਅਧਿਆਪਕ ਮੋਰਚਾ ਵੱਲੋਂ ਸਹਾਇਕ ਕਮਿਸ਼ਨਰ ਨਾਲ ਮੀਟਿੰਗ

**ਜਲੰਧਰ (ਰਾਜੇਸ਼ ਥਾਪਾ)**- ਸਾਂਝਾ ਅਧਿਆਪਕ ਮੋਰਚਾ ਜਲੰਧਰ ਅਤੇ ਹੋਰ ਅਧਿਆਪਕ ਜਥੇਬੰਦੀਆਂ ਵੱਲੋਂ ਅਧਿਆਪਕਾਂ ਦੀਆਂ ਜਨਗਣਨਾ ਵਿੱਚ ਜਬਰੀ ਡਿਊਟੀਆਂ ਲਗਾਉਣ ਸਬੰਧੀ ਸਹਾਇਕ ਕਮਿਸ਼ਨਰ ਜਲੰਧਰ ਨਾਲ ਮੀਟਿੰਗ ਕੀਤੀ ਗਈ। ਮੀਟਿੰਗ ਵਿੱਚ ਜਥੇਬੰਦਕ ਆਗੂਆਂ ਨਵਪ੍ਰੀਤ ਸਿੰਘ ਬੱਲੀ, ਸੁਰਿੰਦਰ ਕੁਮਾਰ ਪੁਆਰੀ, ਸੁਖਵਿੰਦਰ ਸਿੰਘ ਮੱਕੜ ਅਤੇ ਤਰਸੇਮ ਲਾਲ ਨੇ ਜਿਲ੍ਹਾ ਪ੍ਰਸ਼ਾਸਨ ਤੇ ਰੋਸ ਜਤਾਉਂਦਿਆਂ ਦੱਸਿਆ ਕਿ ਜਨਗਣਨਾ, ਡਰੱਗ ਸਰਵੇ ਤੇ ਬੀ ਐੱਲ ਓ ਦੀ ਡਿਊਟੀਆਂ ਪੰਜਾਬ ਦੇ ਬਾਕੀ ਵਿਭਾਗਾਂ ਦੇ ਮੁਲਾਜ਼ਮਾਂ ਨੂੰ ਛੋਟ ਦੇ ਕੇ ਬਹੁਤ ਗਿਣਤੀ ਅਧਿਆਪਕਾਂ ਵਿੱਚੋਂ ਹੀ ਲਗਾਈਆਂ ਗਈਆਂ ਹਨ। ਇਹਨਾਂ ਡਿਊਟੀਆਂ ਕਾਰਨ ਸ਼ੁਰੂ ਹੋਏ ਨਵੇਂ ਵਿਦਿਅਕ ਵਰੇ ਵਿੱਚ ਵਿਦਿਆਰਥੀਆਂ ਦੀ ਪੜ੍ਹਾਈ ਦਾ ਬਹੁਤ ਵੱਡਾ ਨੁਕਸਾਨ ਹੋ ਰਿਹਾ ਹੈ। ਅਧਿਆਪਕ ਜਿੱਥੇ ਆਪਣੀ ਵਿਭਾਗੀ ਡਿਊਟੀ ਕਰਦੇ ਹਨ ਇਸ ਦੇ ਨਾਲ ਹੀ ਜਨਗਣਨਾ, ਡਰੱਗ ਸਰਵੇ ਅਤੇ ਬੀ ਐੱਲ ਓ ਡਿਊਟੀਆਂ ਇਕੱਠੀਆਂ ਲੱਗਣ ਕਾਰਨ ਬੇਵੱਸ ਅਤੇ ਨਿਰਾਸ਼ਾ ਦੇ ਆਲਮ ਵਿੱਚ ਦਿਮਾਗੀ ਤੌਰ ਤੇ ਪਰੇਸ਼ਾਨ ਹੋ ਰਹੇ ਹਨ। ਕਿਉਂਕਿ ਉਹਨਾਂ ਨੂੰ ਇੱਕੋ ਸਮੇਂ ਹੀ 2-3 ਡਿਊਟੀਆਂ ਇਕੱਠੀਆਂ ਕਰਦੀਆਂ ਪੈ ਰਹੀਆਂ ਹਨ। ਸਾਰੇ ਜਥੇਬੰਦਕ ਆਗੂਆਂ ਨੇ ਡਿਪਟੀ ਕਮਿਸ਼ਨਰਾਂ ਤੋਂ ਮੰਗ ਕੀਤੀ ਕਿ ਜਨਗਣਨਾ ਵਿੱਚ ਅੰਗਹੀਣ



ਮੁਲਾਜ਼ਮਾਂ, ਗਰਭਵਤੀ ਮਹਿਲਾਵਾਂ, ਦੋ ਸਾਲ ਤੋਂ ਛੋਟੇ ਬੱਚਿਆਂ ਦੀਆਂ ਮਾਵਾਂ, ਕਰੋਨਿਕ ਬਿਮਾਰੀਆਂ, ਪੀੜਿਤ ਮੁਲਾਜ਼ਮਾਂ ਕਪਲ ਕੇਸ ਆਦਿ ਮੁਲਾਜ਼ਮਾਂ ਨੂੰ ਡਿਊਟੀ ਤੋਂ ਛੋਟ ਦਿੱਤੀ ਜਾਵੇ ਅਤੇ ਮੁਲਾਜ਼ਮਾਂ ਦੀਆਂ ਡਿਊਟੀਆਂ ਉਹਨਾਂ ਦੀ ਰਿਹਾਇਸ਼ ਦੇ ਨੇੜੇ ਜਾਂ ਉਹਨਾਂ ਦੀ ਡਿਊਟੀ ਸਥਾਨ ਦੇ ਲਾਗੇ ਪਾਸੇ ਹੀ ਲਗਾਈਆਂ ਜਾਣ ਜਦ ਕਿ ਜਲੰਧਰ ਵਿੱਚ ਬਹੁਤ ਸਾਰੀਆਂ ਡਿਊਟੀਆਂ ਅਧਿਆਪਕਾਂ ਦੀਆਂ ਆਪਣੇ ਘਰ ਤੋਂ 40-40 ਕਿਲੋਮੀਟਰ ਦੂਰ ਲਗਾਈਆਂ ਗਈਆਂ ਹਨ।ਮੀਟਿੰਗ ਵਿੱਚ ਪੰਕਜ ਕੁਮਾਰ, ਰਿਸ਼ੀ ਕੁਮਾਰ, ਸੰਦੀਪ ਕੰਬੋਜ, ਮੰਗਲ ਸਿੰਘ, ਸੁਰਿੰਦਰ ਪਾਲ, ਮਨਜਿੰਦਰ ਸਿੰਘ ਗੁਰਿੰਦਰ ਸਿੰਘ, ਜਸਪਾਲ ਸੰਧੂ ਸਤੀਸ਼ ਕੁਮਾਰ, ਸੁਖਜਿੰਦਰ ਸਿੰਘ, ਵਿਜੈ ਕੁਮਾਰ ਤੇ ਹਰਜੀਤ ਬਾਵਾ ਆਦਿ ਸ਼ਾਮਿਲ ਸਨ।

## ਦੋਪਹੀਆ ਵਾਹਨਾਂ ਦੇ ਕੀਤੇ ਚਲਾਨ



**ਡੇਰਾਬੱਸੀ (ਵਿਨੈ ਕੁਮਾਰ ਜੈਨ)**- ਡੇਰਾਬੱਸੀ ਟਰੈਫਿਕ ਪੁਲਿਸ ਨੇ ਸ਼ਹਿਰ ਵਿੱਚ ਟਰੈਫਿਕ ਨਿਯਮਾਂ ਦੀ ਉਲੰਘਣਾ ਕਰਨ ਵਾਲਿਆਂ ਖ਼ਿਲਾਫ਼ ਸਖ਼ਤ ਮੁਹਿੰਮ ਚਲਾਉਂਦਿਆਂ ਸਬਜ਼ੀ ਮੰਡੀ ਕੋਲ ਮੇਨ ਹਾਈਵੇ 'ਤੇ ਵਿਸ਼ੇਸ਼ ਨਾਕਾਬੰਦੀ ਕਰਕੇ 35 ਦੋਪਹੀਆ ਵਾਹਨਾਂ ਦੇ ਚਲਾਨ ਕੀਤੇ। ਇਹ ਚਲਾਨ ਮੁੱਖ ਤੌਰ 'ਤੇ ਟ੍ਰਿਪਲ ਰਾਈਡਿੰਗ, ਗਲਤ ਪਾਰਕਿੰਗ, ਨੰਬਰ ਪਲੇਟ ਨਾ ਲਗਾਉਣ ਅਤੇ ਬਿਨਾਂ ਹੈਲਮਟ ਵਾਹਨ ਚਲਾਉਣ ਦੇ ਦੋਸ਼ਾਂ ਹੇਠ ਕੱਟੇ ਗਏ।ਟਰੈਫਿਕ ਇੰਚਾਰਜ ਸੁਰਿੰਦਰ ਸਿੰਘ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਸ਼ਹਿਰ ਵਿੱਚ ਟਰੈਫਿਕ ਨਿਯਮਾਂ ਦੀ ਉਲੰਘਣਾ ਕਿਸੇ ਵੀ ਸੂਰਤ ਵਿੱਚ ਬਰਦਾਸ਼ਤ ਨਹੀਂ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਬਿਨਾਂ ਨੰਬਰ ਪਲੇਟ, ਟ੍ਰਿਪਲ ਰਾਈਡਿੰਗ, ਗਲਤ ਪਾਰਕਿੰਗ ਅਤੇ ਬਿਨਾਂ ਹੈਲਮਟ ਮੋਟਰਸਾਈਕਲ ਚਲਾਉਣ ਵਾਲਿਆਂ ਖ਼ਿਲਾਫ਼ ਨਿਰੰਤਰ ਕਾਰਵਾਈ ਕੀਤੀ ਜਾ ਰਹੀ ਹੈ।

## ਵਿਧਾਇਕ ਨੇ ਸੜਕ ਨਿਰਮਾਣ ਕਾਰਜ ਸ਼ੁਰੂ ਕਰਵਾਇਆ

**ਹੁਸ਼ਿਆਰਪੁਰ (ਬਲਬੀਰ ਸਿੰਘ ਸੈਣੀ, ਓ ਪੀ ਰਾਣਾ)**- ਪੰਜਾਬ ਸਰਕਾਰ ਵੱਲੋਂ ਸ਼ਹਿਰ ਦੇ ਵਿਕਾਸ ਕਾਰਜਾਂ ਨੂੰ ਲਗਾਤਾਰ ਤੇਜ਼ੀ ਨਾਲ ਅੱਗੇ ਵਧਾਇਆ ਜਾ ਰਿਹਾ ਹੈ। ਇਸੇ ਲੜੀ ਤਹਿਤ ਵਿਧਾਇਕ ਬ੍ਰਹਮ ਸ਼ੰਕਰ ਜਿੰਪਾ ਨੇ ਵਾਰਡ ਨੰਬਰ 11 ਵਿੱਚ ਲਗਭਗ 39 ਲੱਖ ਰੁਪਏ ਦੀ ਲਾਗਤ ਨਾਲ ਬਣਨ ਵਾਲੀ ਸਵਾ ਕਿਲੋਮੀਟਰ ਲੰਬੀ ਸੜਕ ਦੇ ਨਿਰਮਾਣ ਕਾਰਜ ਦੀ ਸ਼ੁਰੂਆਤ ਕਰਵਾਈ। ਇਸ ਮੌਕੇ ਇਲਾਕੇ ਦੇ ਲੋਕਾਂ ਵਿੱਚ ਖੁਸ਼ੀ ਦਾ ਮਾਹੌਲ ਦੇਖਣ ਨੂੰ ਮਿਲਿਆ ਅਤੇ ਸਥਾਨਕ ਨਿਵਾਸੀਆਂ ਨੇ ਲੰਬੇ ਸਮੇਂ ਤੋਂ ਲੰਬਿਤ ਇਸ ਮੰਗ ਨੂੰ ਪੂਰਾ ਕਰਨ ਲਈ ਵਿਧਾਇਕ ਦਾ



ਧੰਨਵਾਦ ਕੀਤਾ।ਵਿਧਾਇਕ ਬ੍ਰਹਮ ਸ਼ੰਕਰ ਜਿੰਪਾ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਸੂਬੇ ਦੇ ਹਰ ਵਰਗ ਦੀ ਭਲਾਈ ਅਤੇ ਬੁਨਿਆਦੀ ਸਹੂਲਤਾਂ ਦੇ ਵਿਸਥਾਰ ਲਈ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਦੀ ਅਗਵਾਈ ਹੇਠ ਪੰਜਾਬ ਵਿੱਚ ਵਿਕਾਸ ਕਾਰਜ ਤੇਜ਼ੀ ਨਾਲ ਕਰਵਾਏ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਵਾਰਡ ਨੰਬਰ 11 ਦੀ ਇਹ ਸੜਕ ਬਣਨ ਨਾਲ ਲੋਕਾਂ ਨੂੰ ਆਵਾਜਾਈ ਵਿੱਚ ਕਾਫ਼ੀ ਸਹੂਲਤ ਮਿਲੇਗੀ ਅਤੇ ਇਲਾਕੇ ਦੀ ਤਸਵੀਰ ਵੀ ਬਦਲੇਗੀ।

## ਸਕੂਲ ਆਫ਼ ਐਮੀਨੈਂਸ ਦਾ ਨਤੀਜਾ ਰਿਹਾ ਸ਼ਾਨਦਾਰ

**ਬਲਾਚੌਰ (ਜਸਵਿੰਦਰ ਬੈਂਸ)**- ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਐਲਾਨੇ ਗਏ 12ਵੀਂ ਜਮਾਤ ਦੇ ਨਤੀਜਿਆਂ ਵਿੱਚ ਸਕੂਲ ਆਫ਼ ਐਮੀਨੈਂਸ ਮਹਿੰਦੀਪੁਰ ਦਾ ਨਤੀਜਾ ਸ਼ਾਨਦਾਰ ਰਿਹਾ ਹੈ। ਸਕੂਲ ਦੇ ਕੁੱਲ ਵਿਦਿਆਰਥੀ ਪ੍ਰੀਖਿਆ ਵਿੱਚ ਸਫਲਤਾਪੂਰਵਕ ਪਾਸ ਹੋਏ ਹਨ।ਕਾਮਰਸ ਗਰੁੱਪ ਦੀ ਵਿਦਿਆਰਥਣ ਹਰਸਿਮਰਤ ਕੌਰ ਨੇ 500 ਵਿੱਚੋਂ 491 ਅੰਕ 98.2% ਪ੍ਰਾਪਤ ਕਰਕੇ ਪੰਜਾਬ ਦੀ ਮੈਰਿਟ



ਸੂਚੀ ਵਿੱਚ ਆਪਣਾ ਨਾਂ ਦਰਜ ਕਰਵਾਇਆ। ਸਕੂਲ ਵਿੱਚੋਂ ਕ੍ਰਿਤਿਕਾ ਨੇ 96.2% ਅੰਕਾਂ ਨਾਲ ਦੂਜਾ ਸਥਾਨ ਪ੍ਰਾਪਤ ਕੀਤਾ, ਜਦਕਿ ਪੁਨੀਤ ਅਤੇ ਅਨੁਰਾਗ ਵਰਮਾ ਨੇ 95.6% ਅੰਕ ਲੈ ਕੇ ਸਾਂਝੇ ਤੌਰ 'ਤੇ ਤੀਜਾ ਸਥਾਨ ਹਾਸਲ ਕੀਤਾ। ਕਾਮਰਸ ਦੇ 21 ਵਿਦਿਆਰਥੀਆਂ ਨੇ 90% ਤੋਂ ਵੱਧ ਅੰਕ ਪ੍ਰਾਪਤ ਕੀਤੇ ਹਨ।ਸਾਇੰਸ ਗਰੁੱਪ ਵਿੱਚ ਕੁੱਲ 55 ਵਿਦਿਆਰਥੀ ਸਨ। ਗਰੀਮਾ ਨੇ 92.8% ਅੰਕਾਂ ਨਾਲ ਪਹਿਲਾ, ਗੁਰਦੀਪ ਕੌਰ ਨੇ 92.6% ਨਾਲ ਦੂਜਾ ਅਤੇ ਭਾਵਨਾ ਚੌਧਰੀ ਨੇ 91.4% ਅੰਕਾਂ ਨਾਲ ਤੀਜਾ ਸਥਾਨ ਪ੍ਰਾਪਤ ਕੀਤਾ।ਆਰਟਸ ਗਰੁੱਪ ਵਿੱਚ ਜਸਮੀਤ ਕੌਰ 87% ਅੰਕਾਂ ਨਾਲ ਪਹਿਲੇ, ਰੂਬੀ 83.6% ਨਾਲ ਦੂਜੇ ਅਤੇ ਪ੍ਰਭਜੋਤ ਕੌਰ 81.8% ਅੰਕਾਂ ਨਾਲ ਤੀਜੇ ਸਥਾਨ 'ਤੇ ਰਹੀ। ਇਸ ਸ਼ਾਨਦਾਰ ਪ੍ਰਾਪਤੀ 'ਤੇ ਸਕੂਲ ਮੁਖੀ ਸ੍ਰੀ ਜਗਮੋਹਣ ਸਿੰਘ ਜੀ ਜਸਵਿੰਦਰ ਬੈਂਸ ਚੇਅਰਮੈਨ ਨੇ ਸਮੂਹ ਸਟਾਫ਼, ਵਿਦਿਆਰਥੀਆਂ ਅਤੇ ਮਾਪਿਆਂ ਨੂੰ ਵਧਾਈ ਦਿੱਤੀ।

## ਡੇਂਗੂ ਜਾਗਰੂਕਤਾ ਲੈਕਚਰ ਕਰਵਾਇਆ



**ਗੜ੍ਹਸ਼ੰਕਰ (ਫੂਲਾ ਸਿੰਘ ਬੀਰਮਪੁਰ)**- ਬੱਬਰ ਅਕਾਲੀ ਮੈਮੋਰੀਅਲ ਖ਼ਾਲਸਾ ਕਾਲਜ ਗੜ੍ਹਸ਼ੰਕਰ ਵਿਖੇ ਡੇਂਗੂ ਜਾਗਰੂਕਤਾ ਲੈਕਚਰ ਕਰਵਾਇਆ ਗਿਆ । ਇਸ ਮੌਕੇ ਮੁੱਖ ਬੁਲਾਰੇ ਰਾਜੇਸ਼ ਪਰਤੀ ਐੱਮ ਪੀ ਐੱਚ. ਡਬਲਯੂ. ਨੇ ਵਿਦਿਆਰਥੀਆਂ ਨੂੰ ਡੇਂਗੂ ਤੋਂ ਬਚਾਅ ਲਈ ਵਿਸਥਾਰ ਪੂਰਵਕ ਜਾਣਕਾਰੀ ਦਿੱਤੀ । ਉਨ੍ਹਾਂ ਵਿਦਿਆਰਥੀਆਂ ਨੂੰ ਡੇਂਗੂ ਤੋਂ ਬਚਾਅ ਲਈ ਅਪਨਾਉਣ ਵਾਲੇ ਤਰੀਕਿਆਂ ਤੋਂ ਜਾਣੂ ਕਰਵਾਉਂਦੇ ਹੋਏ ਇਸਦੀ ਰੋਕਥਾਮ ਲਈ ਯਤਨ ਕਰਨ ਲਈ ਪ੍ਰੇਰਿਤ ਕੀਤਾ । ਪ੍ਰਿੰਸੀਪਲ ਡਾ. ਅਮਨਦੀਪ ਹੀਰਾ ਨੇ ਲੈਕਚਰ ਲਈ ਸਿਵਲ ਹਸਪਤਾਲ ਪ੍ਰਬੰਧਕਾਂ ਦਾ ਧੰਨਵਾਦ ਕੀਤਾ ਤੇ ਵਿਦਿਆਰਥੀਆਂ ਨੂੰ ਲੈਕਚਰ ਤੋਂ ਲਾਭ ਲੈਣ ਲਈ ਪ੍ਰੇਰਿਤ ਕੀਤਾ।

## ਭਾਈ ਨੰਦ ਲਾਲ ਖਾਲਸਾ ਸਕੂਲ ਦਾ ਬਾਰਵੀ ਦਾ ਨਤੀਜਾ ਰਿਹਾ ਸੌ ਫੀਸਦੀ

**ਮੋਰਿੰਡਾ (ਨਿਹਾਲ ਸਿੰਘ ਕਲਸੀ)**- ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋ ਐਲਾਨੇ ਬਾਰਵੀਂ ਜਮਾਤ ਦੇ ਨਤੀਜੇ 'ਚ ਭਾਈ ਨੰਦ ਲਾਲ ਖਾਲਸਾ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਮੋਰਿੰਡਾ ਦੇ ਵਿਦਿਆਰਥੀਆਂ ਨੇ ਸ਼ਾਨਦਾਰ ਮੱਲਾ ਮਾਰੀਆ ਹਨ। ਸਕੂਲ ਦਾ ਨਤੀਜਾ ਹਰ ਸਾਲ ਦੀ ਤਰ੍ਹਾਂ 100% ਰਿਹਾ। ਬਾਰਵੀਂ ਜਮਾਤ ਵਿੱਚ ਕੁੱਲ 46 ਵਿਦਿਆਰਥੀਆਂ ਨੇ ਬੋਰਡ ਦੀ ਪ੍ਰੀਖਿਆ ਦਿੱਤੀ ਜਿਸ ਵਿੱਚ 90% ਤੋਂ ਉਪਰ 7 ਵਿਦਿਆਰਥੀ, 81 ਤੋਂ 89 % ਦੇ ਵਿਚਕਾਰ 20 ਵਿਦਿਆਰਥੀ, 71 ਤੋ 80% ਤੱਕ 16 ਵਿਦਿਆਰਥੀ, 66 ਤੋਂ 70% ਤੱਕ ਦੇ 3 ਵਿਦਿਆਰਥੀ ਰਹੇ।



ਕਾਮਰਸ ਗਰੁੱਪ ਦੇ ਵਿੱਚ ਰਮਨਦੀਪ ਕੌਰ 481/500 (96%) ਅੰਕ ਪ੍ਰਾਪਤ ਕਰਕੇ ਪਹਿਲੇ ਸਥਾਨ ਤੇ ਰਹੀ। ਦੂਜੇ ਨੰਬਰ ਤੇ ਤਨਵੀਰ ਕੌਰ ਨੇ 477/500 ( 95.4% ) ਅੰਕ ਪ੍ਰਾਪਤ ਕੀਤੇ। ਤੀਜੇ ਸਥਾਨ ਤੇ ਮਨਜੋਤ ਕੌਰ ਨੇ 461/500 (92% ) ਅੰਕ ਪ੍ਰਾਪਤ ਕੀਤੇ ਹਨ। ਇਸੇ ਤਰ੍ਹਾਂ ਹਿਊਮੈਨਟੀਜ਼ ਗਰੁੱਪ ਦੇ ਵਿੱਚ ਕਮਲਜੋਤ ਕੌਰ ਨੇ 475/500 (95%) ਅੰਕ ਪ੍ਰਾਪਤ ਕਰਕੇ ਪਹਿਲੇ ਸਥਾਨ ਤੇ ਰਹੀ। ਪ੍ਰਭਸਿਮਰਨ ਸਿੰਘ ਨੇ 472/500 ( 94.4%) ਅੰਕ ਪ੍ਰਾਪਤ ਕਰਕੇ ਦੂਜੇ ਸਥਾਨ ਤੇ ਰਿਹਾ। ਤੀਜੇ ਸਥਾਨ ਤੋਂ ਨਵਨੀਤ ਕੌਰ ਨੇ 466/500 ( 93. 2%) ਸਾਇੰਸ ਗਰੁੱਪ ਦੇ ਵਿੱਚ ਕੋਮਲਪ੍ਰੀਤ ਕੌਰ ਨੇ 465/500 (93%) ਅੰਕ ਪ੍ਰਾਪਤ ਕਰਕੇ ਪਹਿਲਾ ਸਥਾਨ ਪ੍ਰਾਪਤ ਕੀਤਾ ਦੂਜੇ ਸਥਾਨ ਤੇ ਵਰਨੀਤ ਕੌਰ ਨੇ 428/500 (85.6 %) ਕਰਕੇ ਤੀਜਾ ਸਥਾਨ ਤੇ ਪ੍ਰਭਜੋਤ ਸਿੰਘ ਨੇ 427/500 (85.4%) ਅੰਕ ਪ੍ਰਾਪਤ ਕੀਤੇ ਹਨ।

## 'ਭੂਚਾਲ-ਰੋਧੀ ਤੇ ਊਰਜਾ-ਕੁਸ਼ਲ ਢਾਂਚਿਆਂ ਨਾਲ ਸਮਾਰਟ ਕਾਲੋਨੀ' ਵਿਸ਼ੇ 'ਤੇ ਪ੍ਰੋਜੈਕਟ ਵਰਕ

**ਜਲੰਧਰ (ਸ਼ੈਲੀ ਐਲਬਰਟ)**- ਪ੍ਰਿੰਸੀਪਲ ਡਾ. ਜਗਰੂਪ ਸਿੰਘ ਦੀ ਗਤੀਸ਼ੀਲ ਅਗਵਾਈ ਅਤੇ ਡਾ. ਰਾਜੀਵ ਭਾਟੀਆ ਮੁਖੀ ਵਿਭਾਗ, ਐਰ. ਕਨਵ ਮਹਾਜਨ ਲੈਕਚਰਾਰ ਦੀ ਯੋਗ ਰਹਿਨੁਮਾਈ ਹੇਠ ਮੇਹਰ ਚੰਦ ਪੋਲੀਟੈਕਨਿਕ ਕਾਲਜ ਜਲੰਧਰ ਦੇ ਸਿਵਲ ਇੰਜੀਨੀਅਰਿੰਗ ਵਿਭਾਗ ਦੇ ਵਿਦਿਆਰਥੀਆਂ ਨੇ ਟਿਕਾਊ ਅਤੇ ਸੁਰੱਖਿਅਤ ਸ਼ਹਿਰੀ ਵਿਕਾਸ ਖੇਤਰ ਵਿੱਚ ਇੱਕ ਨਵਾਂ ਮਾਪਦੰਡ ਸਥਾਪਿਤ ਕੀਤਾ ਹੈ। ਦੂਜੇ ਸਾਲ ਦੇ ਵਿਦਿਆਰਥੀ ਬਲਰਾਜ, ਏਕਮਜੀਤ, ਗਗਨਦੀਪ, ਗਹਿਨ, ਹਰਸ਼ਿਤ, ਮਨਸਿਮਰਨ ਅਤੇ ਅਰੁਣ ਵੱਲੋਂ ਤਿਆਰ ਕੀਤਾ ਗਿਆ ਇਹ ਪ੍ਰੋਜੈਕਟ ਸੁਰੱਖਿਅਤ, ਪਰਿਆਵਰਣ-ਅਨੁਕੂਲ ਅਤੇ ਤਕਨੀਕੀ ਤੌਰ 'ਤੇ ਅਧੁਨਿਕ ਰਹਾਇਸ਼ੀ ਇਲਾਕਿਆਂ ਦੀ ਵੱਧ ਰਹੀ ਲੋੜ ਨੂੰ ਧਿਆਨ ਵਿੱਚ ਰੱਖ ਕੇ ਤਿਆਰ ਕੀਤਾ ਗਿਆ ਹੈ। ਆਧੁਨਿਕ ਇੰਜੀਨੀਅਰਿੰਗ ਤਕਨੀਕਾਂ ਅਤੇ ਟਿਕਾਊ




ਯੋਜਨਾਬੰਦੀ ਨੂੰ ਇਕੱਠੇ ਜੋੜਦੇ ਹੋਏ ਸਮਾਰਟ ਕਾਲੋਨੀ ਦਾ ਉਦੇਸ਼ ਨਿਵਾਸੀਆਂ ਨੂੰ ਸੁਰੱਖਿਅਤ ਅਤੇ ਆਰਾਮਦਾਇਕ ਜੀਵਨ-ਸ਼ੈਲੀ ਪ੍ਰਦਾਨ ਕਰਨਾ ਹੈ, ਨਾਲ ਹੀ ਪਰਿਆਵਰਣ 'ਤੇ ਪੈਣ ਵਾਲੇ ਪ੍ਰਭਾਵ ਨੂੰ ਘਟਾਉਣਾ ਵੀ ਹੈ। ਇਸ ਪ੍ਰੋਜੈਕਟ ਵਿੱਚ ਭੂਚਾਲ-ਰੋਧੀ ਢਾਂਚਿਆਂ ਨੂੰ ਵਿਸ਼ੇਸ਼ ਤੌਰ 'ਤੇ ਧਿਆਨ ਵਿੱਚ ਰੱਖਿਆ ਗਿਆ ਹੈ। ਇਮਾਰਤਾਂ ਨੂੰ ਉੱਚ-ਗੁਣਵੱਤਾ ਵਾਲੇ ਨਿਰਮਾਣ ਸਮੱਗਰੀ ਅਤੇ ਅਧੁਨਿਕ ਭੂਚਾਲ-ਰੋਧੀ ਤਕਨੀਕਾਂ ਨਾਲ ਤਿਆਰ ਕੀਤਾ ਜਾ ਰਿਹਾ ਹੈ ਤਾਂ ਜੋ ਢਾਂਚਿਆਂ ਦੀ ਮਜ਼ਬੂਤੀ ਅਤੇ ਸੁਰੱਖਿਆ ਯਕੀਨੀ ਬਣਾਈ ਜਾ ਸਕੇ। ਇਸ ਦੇ ਨਾਲ ਹੀ ਕਾਲੋਨੀ ਵਿੱਚ ਊਰਜਾ-ਕੁਸ਼ਲ ਬੁਨਿਆਦੀ ਢਾਂਚਾ ਵਿਕਸਿਤ ਕੀਤਾ ਜਾ ਰਿਹਾ ਹੈ, ਜਿਸ ਵਿੱਚ ਸੂਰਜੀ ਊਰਜਾ ਪ੍ਰਣਾਲੀ, ਕੁਦਰਤੀ ਹਵਾ ਪ੍ਰਵਾਹ ਅਤੇ ਸਮਾਰਟ ਲਾਈਟਿੰਗ ਵਰਗੀਆਂ ਊਰਜਾ-ਬਚਾਉਣ ਵਾਲੀਆਂ ਤਕਨੀਕਾਂ ਦੀ ਵਰਤੋਂ ਕੀਤੀ ਜਾਵੇਗੀ। ਇਸ ਨਾਲ ਬਿਜਲੀ ਦੀ ਖਪਤ ਅਤੇ ਕਾਰਬਨ ਉਤਸਰਜਨ ਵਿੱਚ ਕਮੀ ਆਵੇਗੀ। ਇਹ ਪਹਿਲ ਟਿਕਾਊ ਸ਼ਹਿਰੀ ਵਿਕਾਸ ਵਿੱਚ ਮਹੱਤਵਪੂਰਨ ਯੋਗਦਾਨ ਪਾਏਗੀ ਅਤੇ ਭਵਿੱਖ ਦੀਆਂ ਰਹਾਇਸ਼ੀ ਯੋਜਨਾਵਾਂ ਲਈ ਇੱਕ ਪ੍ਰੇਰਨਾਦਾਇਕ ਮਾਡਲ ਸਾਬਤ ਹੋਵੇਗੀ।

## ਰਾਜਿੰਦਰਾ ਕਲੋਨੀ 'ਚ ਲੱਖਾਂ ਦੇ ਗਹਿਣੇ ਤੇ ਨਕਦੀ ਲੈ ਕੇ ਚੋਰ ਫਰਾਰ

**ਡੇਰਾਬੱਸੀ (ਵਿਨੈ ਕੁਮਾਰ ਜੈਨ)**- ਡੇਰਾਬੱਸੀ ਨਗਰ ਕੌਂਸਲ ਦੇ ਅਧੀਨ ਪੈਂਦੇ ਮੁਬਾਰਿਕਪੁਰ ਖੇਤਰ ਦੀ ਰਾਜਿੰਦਰਾ ਕਲੋਨੀ ਵਿੱਚ ਦਿਨ-ਦਿਹਾੜੇ ਚੋਰੀ ਦੀ ਇੱਕ ਵੱਡੀ ਵਾਰਦਾਤ ਸਾਹਮਣੇ ਆਈ ਹੈ। ਚੋਰਾਂ ਨੇ ਇੱਕ ਬੰਦ ਮਕਾਨ ਨੂੰ ਨਿਸ਼ਾਨਾ ਬਣਾਉਂਦੇ ਹੋਏ ਉੱਥੋਂ ਲੱਖਾਂ ਰੁਪਏ ਦੇ ਸੋਨੇ ਦੇ ਗਹਿਣੇ, ਹਜ਼ਾਰਾਂ ਦੀ ਨਕਦੀ ਅਤੇ ਇੱਥੋਂ ਤੱਕ ਕਿ ਬੱਚਿਆਂ ਦੇ ਗੋਲਕ ਵਿੱਚ ਜਮ੍ਹਾ ਕੀਤੇ ਸਿੱਕੇ ਵੀ ਨਹੀਂ ਛੱਡੇ। ਪੀੜਤ ਅਮਿਤ ਗੁਪਤਾ ਪੁੱਤਰ ਸਵ. ਸ਼ਿਆਮ ਲਾਲ ਗੁਪਤਾ, ਵਾਸੀ ਮਕਾਨ ਨੰਬਰ 1472, ਰਾਜਿੰਦਰਾ ਇਨਕਲੇਵ, ਮੁਬਾਰਿਕਪੁਰ ਨੇ ਦੱਸਿਆ ਕਿ ਘਟਨਾ ਉਸ ਸਮੇਂ ਵਾਪਰੀ ਜਦੋਂ ਪਰਵਾਰ ਦੇ ਸਾਰੇ ਮੈਂਬਰ ਆਪਣੇ ਕੰਮਾਂ-ਕਾਰਾਂ 'ਤੇ ਗਏ ਹੋਏ ਸਨ। ਅਮਿਤ ਗੁਪਤਾ ਨੇ ਦੱਸਿਆ ਕਿ ਚੋਰਾਂ ਨੇ ਅਲਮਾਰੀਆਂ ਦੇ ਤਾਲੇ ਤੋੜ ਕੇ ਉੱਥੇ ਪਈ 22 ਹਜ਼ਾਰ ਰੁਪਏ ਦੀ ਨਕਦੀ ਚੋਰੀ ਕਰ ਲਈ। ਇਸ ਤੋਂ ਇਲਾਵਾ ਚੋਰਾਂ ਨੇ ਬੱਚਿਆਂ ਦੀ ਮਿੱਟੀ ਦੀ ਗੋਲਕ ਵੀ ਤੋੜ ਦਿੱਤੀ ਅਤੇ ਉਸ ਵਿੱਚ ਜਮ੍ਹਾ ਕੀਤੇ ਕਰੀਬ 4 ਹਜ਼ਾਰ ਰੁਪਏ ਦੇ ਸਿੱਕੇ (ਰੇਜਗਾਰੀ) ਵੀ ਲੈ ਗਏ।ਪੀੜਤ ਮੁਤਾਬਕ ਚੋਰ ਕਰੀਬ 9 ਤੋਲੇ ਸੋਨੇ ਦੇ ਗਹਿਣੇ ਅਤੇ ਇੱਕ ਰਸੋਈ ਗੈਸ ਸਿਲੰਡਰ ਵੀ ਨਾਲ ਲੈ ਗਏ। ਘਟਨਾ ਵਾਲੀ ਥਾਂ ਦੇ ਆਲੇ-ਦੁਆਲੇ ਕੋਈ ਸੀ ਸੀ ਟੀ ਵੀ ਕੈਮਰਾ ਨਾ ਹੋਣ ਕਾਰਨ ਪੁਲਿਸ ਨੂੰ ਚੋਰਾਂ ਦੀ ਪਛਾਣ ਕਰਨ ਵਿੱਚ ਕਾਫੀ ਦਿੱਕਤਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਘਟਨਾ ਦੀ ਸੂਚਨਾ ਮਿਲਦੇ ਹੀ ਮੁਬਾਰਿਕਪੁਰ ਪੁਲਿਸ ਚੌਕੀ ਦੀ ਟੀਮ ਮੌਕੇ 'ਤੇ ਪਹੁੰਚੀ ਅਤੇ ਸਥਿਤੀ ਦਾ ਜਾਇਜ਼ਾ ਲਿਆ।



## ਬਾਰਵੀਂ ਦੇ ਹੋਣਹਾਰ ਵਿਦਿਆਰਥੀਆਂ ਦੇ ਸਨਮਾਨ 'ਚ ਕਰਵਾਇਆ ਸਮਾਗਮ




**ਫਗਵਾੜਾ (ਡਾ. ਰਮਨ, ਜਸਵਿੰਦਰ ਢੱਡਾ)**- ਜੀ.ਆਰ.ਡੀ. ਕਾਲਜ ਫਗਵਾੜਾ ਦੇ ਪ੍ਰਬੰਧਕਾਂ ਵਲੋਂ ਪੰਜਾਬ ਸਕੂਲ ਸਿੱਖਿਆ ਬੋਰਡ ਵਲੋਂ ਲਈ ਗਈ ਬਾਰਵੀਂ ਜਮਾਤ ਦੀ ਸਾਲਾਨਾ ਪ੍ਰੀਖਿਆ 'ਚ ਵਧੀਆ ਅੰਕ ਹਾਸਲ ਕਰਨ ਵਾਲੇ ਵਿਦਿਆਰਥੀਆਂ ਦੇ ਸਨਮਾਨ 'ਚ ਇੱਕ ਵਿਸ਼ੇਸ਼ ਸਮਾਗਮ ਦਾ ਆਯੋਜਨ ਕੀਤਾ ਗਿਆ। ਕਾਲਜ ਦੇ ਡਾਇਰੈਕਟਰ ਐਜੂਕੇਸ਼ਨ ਡਾ. ਨੀਲਮ ਸੇਠੀ ਅਤੇ ਪ੍ਰਿੰਸੀਪਲ ਗੁਰਜੀਤ ਕੌਰ ਦੀ ਅਗਵਾਈ ਹੇਠ ਆਯੋਜਿਤ ਸਮਾਗਮ ਵਿੱਚ ਜੀ ਆਰ ਡੀ ਟਰੱਸਟ ਦੇ ਸੀਨੀਅਰ ਵਾਇਸ ਚੇਅਰਮੈਨ ਤਾਰਾ ਚੰਦ ਚੁੰਬਰ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ। ਉਹਨਾਂ ਟਰੱਸਟ ਚੇਅਰਮੈਨ ਯੂ ਸੀ ਸਰੋਆ ਅਤੇ ਸਮੂਹ ਟਰੱਸਟ ਮੈਂਬਰਾਂ ਵਲੋਂ ਵਿਦਿਆਰਥੀਆਂ ਨੂੰ ਸ਼ੁੱਭ ਇੱਛਾਵਾਂ ਦਿੱਤੀਆਂ। ਕਾਲਜ ਸਟਾਫ ਵਲੋਂ ਵਿਦਿਆਰਥੀਆਂ ਨੂੰ ਫੁੱਲਾਂ ਦੇ ਹਾਰ ਪਾ ਕੇ ਅਤੇ ਮੂੰਹ ਮਿੱਠਾ ਕਰਵਾ ਕੇ ਹੌਸਲਾ ਅਫਜਾਈ ਕੀਤੀ ਗਈ। ਪ੍ਰਿੰਸੀਪਲ ਗੁਰਜੀਤ ਕੌਰ ਨੇ ਦੱਸਿਆ ਕਿ ਬਾਰਵੀਂ ਦਾ ਨਤੀਜਾ ਹਮੇਸ਼ਾ ਦੀ ਤਰ੍ਹਾਂ ਇਸ ਵਾਰ ਵੀ ਸ਼ਾਨਦਾਰ ਰਿਹਾ। ਸਿਮਰਨ ਕੌਰ, ਮੁਸਕਾਨ ਤੇ ਗਗਨਦੀਪ ਨੇ ਪਹਿਲੇ ਦਰਜੇ ਵਿੱਚ ਪ੍ਰੀਖਿਆ ਪਾਸ ਕੀਤੀ ਹੈ। ਡਾ. ਨੀਲਮ ਸੇਠੀ ਨੇ ਸਮੂਹ ਵਿਦਿਆਰਥੀਆਂ ਨੂੰ ਸ਼ੁੱਭ ਇੱਛਾਵਾਂ ਦਿੰਦੇ ਹੋਏ ਕਿਹਾ ਕਿ ਵਿਦਿਆ ਦਾ ਖਜਾਨਾ ਜੀਵਨ ਭਰ ਹਮੇਸ਼ਾ ਨਾਲ ਰਹਿੰਦਾ ਹੈ। ਇਸ ਲਈ ਗ੍ਰੈਜੂਏਸ਼ਨ ਦੀਆਂ ਕਲਾਸਾਂ ਵਿੱਚ ਹੋਰ ਜਿਆਦਾ ਮਿਹਨਤ ਅਤੇ ਲਗਨ ਦੇ ਨਾਲ ਪੜ੍ਹਾਈ ਕਰਦੇ ਹੋਏ ਜੀਵਨ ਵਿੱਚ ਉੱਚਾ ਮੁਕਾਮ ਹਾਸਲ ਕੀਤਾ ਜਾਵੇ। ਇਸ ਮੌਕੇ ਸਮੂਹ ਕਾਲਜ ਸਟਾਫ ਅਤੇ ਵਿਦਿਆਰਥੀ ਹਾਜ਼ਰ ਸਨ।

## ਸਰਕਾਰੀ ਕੰਨਿਆ ਸਕੂਲ ਦਾ ਅੱਠਵੀਂ, ਦਸਵੀਂ ਅਤੇ ਬਾਰਵੀਂ ਦਾ ਨਤੀਜਾ ਰਿਹਾ ਸ਼ਾਨਦਾਰ

**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)**- ਸਰਕਾਰੀ ਕੰਨਿਆ ਸੀਨੀਅਰ ਸੈਕੰਡਰੀ ਸਕੂਲ ਸ੍ਰੀ ਅਨੰਦਪੁਰ ਸਾਹਿਬ ਦਾ ਅੱਠਵੀਂ ਦਸਵੀਂ ਅਤੇ ਬਾਰਵੀਂ ਜਮਾਤ ਦਾ ਨਤੀਜਾ ਇਸ ਸਾਲ ਬਹੁਤ ਹੀ ਸ਼ਾਨਦਾਰ ਰਿਹਾ। ਸਕੂਲ ਦੀਆਂ ਵਿਦਿਆਰਥਣਾ ਨੇ ਮਿਹਨਤ ਅਤੇ ਲਗਨ ਨਾਲ ਚੰਗੇ ਅੰਕ ਪ੍ਰਾਪਤ ਕਰਕੇ ਸਕੂਲ ਮਾਪਿਆਂ ਦੇ ਇਲਾਕੇ ਦਾ ਨਾਂਅ ਰੋਸ਼ਨ ਕੀਤਾ ਹੈ।



ਅੱਠਵੀਂ ਜਮਾਤ ਵਿੱਚ ਰਿਧੀਮਾ ਨੇ 96% ਅੰਕ ਪ੍ਰਾਪਤ ਕਰਕੇ ਪਹਿਲਾ ਸਥਾਨ ਹਾਸਿਲ ਕੀਤਾ। ਇਮਲੀ ਸ਼ਰਮਾ ਨੇ 95% ਅੰਕਾਂ ਨਾਲ ਦੂਜਾ ਅਤੇ ਜਸਨੂਰ ਕੌਰ ਨੇ 93%ਅੰਕਾਂ ਨਾਲ ਤੀਜਾ ਸਥਾਨ ਪ੍ਰਾਪਤ ਕੀਤਾ।ਦਸਵੀਂ ਜਮਾਤ ਵਿੱਚ ਚਾਹਤ ਪ੍ਰੀਤ ਅਤੇ ਰੇਮਨਪ੍ਰੀਤ ਕੌਰ ਨੇ 588/650 ਅੰਕ ਪ੍ਰਾਪਤ ਕਰਕੇ ਸਾਂਝੇ ਤੌਰ ਤੇ ਪਹਿਲਾ ਸਥਾਨ ਹਾਸਿਲ ਕੀਤਾ ਅਤੇ ਜਸਮੀਤ ਕੌਰ ਨੇ 585/650 ਅੰਕਾਂ ਨਾਲ ਦੂਜਾ ਅਤੇ ਸਿਮਰ ਨੇ580/650 ਅੰਕਾਂ ਨਾਲ ਤੀਜਾ ਸਥਾਨ ਪ੍ਰਾਪਤ ਕੀਤਾ। ਬਾਰਵੀਂ ਜਮਾਤ ਦੇ ਸਾਇੰਸ ਸਟਰੀਮ ਵਿੱਚ ਹਰਪ੍ਰੀਤ ਕੌਰ ਨੇ 96.6% ਅੰਕਾਂ ਨਾਲ ਪਹਿਲਾ ਸਥਾਨ ਅਤੇ ਪ੍ਰਾਚੀ ਨੇ 95.8% ਅੰਕਾਂ ਨਾਲ ਦੂਜਾ ਅਤੇ ਮੁਸਕਾਨ ਨੇ 95% ਅੰਕਾਂ ਨਾਲ ਤੀਜਾ ਸਥਾਨ ਪ੍ਰਾਪਤ ਕੀਤਾ। ਆਰਟ ਸਟਰੀਮ ਵਿੱਚ ਹਰਮੀਤ ਕੌਰ ਨੇ 94.4% ਅੰਕਾਂ ਨਾਲ ਪਹਿਲਾ ਸਥਾਨ ਹਾਸਿਲ ਕੀਤਾ ਅਤੇ ਦਲਜੀਤ ਕੌਰ ਨੇ 93.8 ਅੰਕਾਂ ਨਾਲ ਦੂਜਾ ਅਤੇ ਕੰਚਨ ਨੇ 91.8 ਅੰਕਾਂ ਨਾਲ ਤੀਜਾ ਸਥਾਨ ਪ੍ਰਾਪਤ ਕੀਤਾ। ਸਕੂਲ ਦੇ ਪ੍ਰਿੰਸੀਪਲ ਸ੍ਰੀ ਨੀਰਜ ਕੁਮਾਰ ਵਰਮਾ ਨੇ ਵਿਦਿਆਰਥਣਾ ਅਧਿਆਪਕਾਂ ਅਤੇ ਮਾਪਿਆਂ ਨੂੰ ਵਧਾਈ ਦਿੰਦੇ ਕਿਹਾ ਕਿ ਇਹ ਨਤੀਜੇ ਸਕੂਲ ਦੀ ਉੱਚ ਪੜ੍ਹਾਈ ਅਤੇ ਅਨੁਸ਼ਾਸਨ ਦਾ ਪ੍ਰਮਾਣ ਹਨ ।

## ਨਗਰ ਕੌਂਸਲ ਚੋਣਾਂ ਲਈ ਨਵੇਂ ਜਾਤੀ ਸਰਟੀਫਿਕੇਟ ਬਣਾਉਣ ਦੀ ਲੋੜ ਨਹੀਂ : ਐੱਸ ਡੀ ਐੱਮ

**ਬੰਗਾ (ਅਵਤਾਰ ਕਲੇਰ)**- ਨਗਰ ਕੌਂਸਲ ਚੋਣਾਂ ਨੂੰ ਲੈ ਕੇ ਰਿਜ਼ਰਵ ਵਾਰਡਾਂ ਤੋਂ ਚੋਣ ਲੜਨ ਦੇ ਇੱਛੁਕ ਉਮੀਦਵਾਰਾਂ ਲਈ ਰਾਹਤ ਭਰੀ ਖ਼ਬਰ ਸਾਹਮਣੇ ਆਈ ਹੈ। ਐੱਸ ਡੀ ਐੱਮ ਵਿਪਨ ਭੰਡਾਰੀ ਨੇ ਸਪੱਸ਼ਟ ਕਰਦਿਆਂ ਕਿਹਾ ਹੈ ਕਿ ਰਿਜ਼ਰਵ ਵਾਰਡਾਂ ਵਿੱਚੋਂ ਕੌਂਸਲਰ ਦੀ ਚੋਣ ਲੜਨ ਵਾਲੇ ਉਮੀਦਵਾਰਾਂ ਨੂੰ ਨਵੇਂ ਜਾਤੀ ਸਰਟੀਫਿਕੇਟ ਬਣਾਉਣ ਦੀ ਕੋਈ ਲੋੜ ਨਹੀਂ ਹੈ। ਉਮੀਦਵਾਰ ਆਪਣੇ ਪਹਿਲਾਂ ਤੋਂ ਬਣੇ ਹੋਏ ਜਾਤੀ ਸਰਟੀਫਿਕੇਟ ਨੋਮੀਨੇਸ਼ਨ ਪੇਪਰਾਂ ਨਾਲ ਲਗਾ ਸਕਦੇ ਹਨ। ਉਨ੍ਹਾਂ ਸਪੱਸ਼ਟ ਕੀਤਾ ਕਿ ਸਰਕਾਰ ਜਾਂ ਚੋਣ ਪ੍ਰਸ਼ਾਸਨ ਵੱਲੋਂ ਇਸ ਸਬੰਧੀ ਕੋਈ ਨਵਾਂ ਸਰਟੀਫਿਕੇਟ ਬਣਾਉਣ ਦੇ ਹੁਕਮ ਜਾਰੀ ਨਹੀਂ ਕੀਤੇ ਗਏ। ਇਸ ਲਈ ਪਹਿਲਾਂ ਜਾਰੀ ਹੋਏ



ਜਾਤੀ ਸਰਟੀਫਿਕੇਟ ਹੀ ਮੰਨਣਯੋਗ ਹੋਣਗੇ। ਉਨ੍ਹਾਂ ਦੱਸਿਆ ਕਿ ਨਗਰ ਕੌਂਸਲ ਚੋਣਾਂ ਸਬੰਧੀ ਚੋਣ ਪ੍ਰਕਿਰਿਆ ਨੋਟੀਫਿਕੇਸ਼ਨ ਦੇ ਅਨੁਸਾਰ ਸ਼ੁਰੂ ਹੋ ਚੁੱਕੀ ਹੈ ਅਤੇ ਪ੍ਰਸ਼ਾਸਨ ਵੱਲੋਂ ਚੋਣਾਂ ਨੂੰ ਪੂਰੀ ਤਰ੍ਹਾਂ ਪਾਰਦਰਸ਼ੀ ਅਤੇ ਸ਼ਾਂਤੀਪੂਰਨ ਢੰਗ ਨਾਲ ਕਰਵਾਉਣ ਲਈ ਸਾਰੇ ਪ੍ਰਬੰਧ ਮੁਕੰਮਲ ਕੀਤੇ ਜਾ ਰਹੇ ਹਨ। ਐੱਸ ਡੀ ਐੱਮ ਨੇ ਜਾਣਕਾਰੀ ਸਾਂਝੀ ਕਰਦਿਆਂ ਕਿਹਾ ਕਿ ਨਗਰ ਕੌਂਸਲ ਚੋਣਾਂ ਲਈ 26 ਮਈ ਨੂੰ ਵੋਟਾਂ ਪੈਣਗੀਆਂ, ਚੋਣ ਨਤੀਜੇ 29 ਮਈ ਨੂੰ ਘੋਸ਼ਿਤ ਕੀਤੇ ਜਾਣਗੇ। ਉਨ੍ਹਾਂ ਕਿਹਾ ਕਿ ਚੋਣ ਪ੍ਰਕਿਰਿਆ ਨੂੰ ਸੁਚਾਰੂ ਢੰਗ ਨਾਲ ਨੇਪਰੇ ਚਾੜ੍ਹਨ ਲਈ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਅਤੇ ਮੁਲਾਜ਼ਮਾਂ ਨੂੰ ਜ਼ਿੰਮੇਵਾਰੀਆਂ ਸੌਂਪ ਦਿੱਤੀਆਂ ਗਈਆਂ ਹਨ। ਚੋਣਾਂ ਦੌਰਾਨ ਕਾਨੂੰਨ ਵਿਵਸਥਾ ਬਣਾਈ ਰੱਖਣ ਅਤੇ ਲੋਕਾਂ ਨੂੰ ਕਿਸੇ ਵੀ ਤਰ੍ਹਾਂ ਦੀ ਦਿੱਕਤ ਨਾ ਆਉਣ ਦੇ ਮੱਦੇਨਜ਼ਰ ਪ੍ਰਸ਼ਾਸਨ ਪੂਰੀ ਤਰ੍ਹਾਂ ਸਚੇਤ ਹੈ। ਉਨ੍ਹਾਂ ਉਮੀਦਵਾਰਾਂ ਅਤੇ ਆਮ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਅਫਵਾਹਾਂ ਤੋਂ ਬਚਣ ਅਤੇ ਕਿਸੇ ਵੀ ਜਾਣਕਾਰੀ ਲਈ ਸਿਰਫ਼ ਪ੍ਰਸ਼ਾਸਨਿਕ ਅਧਿਕਾਰੀਆਂ ਨਾਲ ਹੀ ਸੰਪਰਕ ਕਰਨ।

## ਮਨਸੂਰਪੁਰ ਸਕੂਲ ਦਾ ਬਾਰ੍ਹਵੀਂ, ਦਸਵੀਂ ਤੇ ਅੱਠਵੀਂ ਦਾ ਨਤੀਜਾ ਰਿਹਾ 100 ਫੀਸਦੀ

**ਗੁਰਾਇਆ, ਫਿਲੌਰ (ਬਿੰਦਰ ਸੁੰਮਨ, ਨਿਰਮਲ)**- ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਐਲਾਨੇ ਗਏ ਨਤੀਜਿਆਂ ਵਿੱਚ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਮਨਸੂਰਪੁਰ ਦਾ ਨਤੀਜਾ ਸੌ ਫੀਸਦੀ ਰਿਹਾ। ਬੋਰਡ ਦੀਆਂ ਤਿੰਨੇ ਹੀ ਜਮਾਤਾਂ ਵਿੱਚੋਂ ਸਾਰੇ ਵਿਦਿਆਰਥੀ ਸ਼ਾਨਦਾਰ ਅੰਕ ਪ੍ਰਾਪਤ ਕਰਕੇ ਪਾਸ ਹੋਏ ਹਨ। ਬਾਰ੍ਹਵੀਂ ਜਮਾਤ ਵਿੱਚ ਅੰਕਿਤਾ ਅਤੇ ਜੱਸੀ ਕਰੜਾ ਨੇ 412 ਅੰਕ ਪ੍ਰਾਪਤ ਕਰਕੇ ਸਕੂਲ ਦਾ ਪਹਿਲਾ ਸਥਾਨ ਮੱਲਿਆ। ਜਸ਼ਨਦੀਪ ਸਿੰਘ ਦੁਸਾਂਝ 405 ਅੰਕ ਲੈ ਕੇ ਦੂਜੇ ਸਥਾਨ 'ਤੇ ਰਿਹਾ ਅਤੇ ਗੁਰਮੀਨ ਕੌਰ 404 ਅੰਕ ਲੈ ਕੇ ਤੀਜੇ ਸਥਾਨ 'ਤੇ ਰਹੀ। ਦਸਵੀਂ ਜਮਾਤ ਵਿੱਚ ਰਾਗਨੀ 492 ਅੰਕ ਲੈ ਕੇ ਪਹਿਲੇ ਸਥਾਨ 'ਤੇ ਰਹੀ। ਬਿਕਰਮ ਅਕਸ਼ੇ ਰੱਤੂ 464 ਅੰਕ ਲੈ ਕੇ ਦੂਜੇ ਸਥਾਨ 'ਤੇ ਰਿਹਾ ਅਤੇ ਜਸ਼ਨ ਪਾਲ 438 ਅੰਕ ਲੈ ਕੇ ਤੀਜੇ ਸਥਾਨ ਤੇ ਰਿਹਾ। ਇਸੇ ਤਰ੍ਹਾਂ ਬੋਰਡ ਦੀ ਅੱਠਵੀਂ ਜਮਾਤ ਵਿੱਚ ਰਜਨੀ ਦਈਆ 483 ਅੰਕ ਪ੍ਰਾਪਤ ਕਰਕੇ ਪਹਿਲੇ ਸਥਾਨ 'ਤੇ ਰਹੀ। ਨਿਧੀ ਰਾਣੀ 462 ਅੰਕ ਪ੍ਰਾਪਤ ਕਰਕੇ ਦੂਜੇ ਸਥਾਨ 'ਤੇ ਰਹੀ ਅਤੇ ਗੁਰਜੋਤ ਸਿੰਘ 445 ਅੰਕ ਪ੍ਰਾਪਤ ਕਰਕੇ ਤੀਜੇ ਸਥਾਨ 'ਤੇ ਰਿਹਾ। ਅੱਜ ਸਕੂਲ ਵਿਖੇ ਪਹਿਲੇ ਤਿੰਨ ਸਥਾਨਾਂ 'ਤੇ ਆਉਣ ਵਾਲੇ ਵਿਦਿਆਰਥੀਆਂ ਨੂੰ ਸਕੂਲ ਵਿੱਚ ਬੁਲਾ ਕੇ ਹਾਰ ਪਾ ਕੇ ਉਹਨਾਂ ਦਾ ਸਵਾਗਤ ਕੀਤਾ ਗਿਆ ਅਤੇ ਸਮੂਹ ਸਟਾਫ ਮੈਂਬਰਾਂ ਨੇ ਮਿਠਾਈ ਖੁਆ ਕੇ ਉਹਨਾਂ ਦਾ ਮੂੰਹ ਮਿੱਠਾ ਕਰਾਇਆ।



## ਲੋਕ ਪੁਲਿਸ ਨਾਲ ਸਹਿਯੋਗ ਕਰਨ : ਜਤਿਨ ਕਪੂਰ

**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)**- ਗੁਰੂ ਨਗਰੀ ਸ੍ਰੀ ਅਨੰਦਪੁਰ ਸਾਹਿਬ ਦੇ ਨਵੇਂ ਨਿਯੁਕਤ ਥਾਣਾ ਮੁਖੀ ਜਤਿਨ ਕਪੂਰ ਨੇ ਸਮੁੱਚੇ ਇਲਾਕਾ ਵਾਸੀਆਂ ਨੂੰ ਪੁਲਿਸ ਨਾਲ ਪੂਰਾ ਸਹਿਯੋਗ ਕਰਨ ਦੀ ਅਪੀਲ ਕੀਤੀ ਹੈ। ਉਹਨਾਂ ਕਿਹਾ ਕਿ ਜੇਕਰ ਕਿਤੇ ਵੀ ਸਮਾਜ ਵਿਰੋਧੀ ਗਤੀਵਿਧੀਆਂ ਹੋ ਰਹੀਆਂ ਹਨ ਤਾਂ ਉਸ ਦੀ ਜਾਣਕਾਰੀ ਤੁਰੰਤ ਪੁਲਿਸ ਨੂੰ ਦਿੱਤੀ ਜਾਵੇ। ਜਾਣਕਾਰੀ ਦੇਣ ਵਾਲੇ ਵਿਅਕਤੀ ਦਾ ਨਾਮ ਅਤੇ ਪਤਾ ਪੂਰੀ ਤਰ੍ਹਾਂ ਗੁਪਤ ਰੱਖਿਆ ਜਾਵੇਗਾ। ਜਤਿਨ ਕਪੂਰ ਨੇ ਕਿਹਾ ਕਿ ਚੋਣਾਂ ਦੇ ਮੱਦੇਨਜ਼ਰ ਪੁਲਿਸ ਵੱਲੋਂ ਚੌਕਸੀ ਵਧਾਈ ਗਈ ਹੈ ਅਤੇ ਸ਼ਹਿਰ ਵਾਸੀਆਂ ਦਾ ਸਹਿਯੋਗ ਵੀ ਬਹੁਤ ਜਰੂਰੀ ਹੈ ਤਾਂ ਜੋ ਕਿਸੇ ਵੀ ਗਲਤ ਅਨਸਰ ਨੂੰ ਕਾਬੂ ਕੀਤਾ ਜਾ ਸਕੇ। ਉਹਨਾਂ ਕਿਹਾ ਕਿ ਜੇਕਰ ਕਿਸੇ ਵੀ ਵਿਅਕਤੀ ਵੱਲੋਂ ਚਿੱਟੇ, ਨਾਜਾਇਜ਼ ਸ਼ਰਾਬ ਜਾਂ ਹੋਰ ਗੈਰਕਾਨੂੰਨੀ ਧੰਦੇ ਕੀਤੇ ਜਾਣ ਦੀ ਸੂਚਨਾ ਮਿਲਦੀ ਹੈ ਤਾਂ ਪੁਲਿਸ ਤੁਰੰਤ ਕਾਰਵਾਈ ਕਰਕੇ ਮਾਮਲਾ ਦਰਜ ਕਰੇਗੀ।



## ਕਿਸਾਨਾਂ ਨੂੰ ਫਸਲਾਂ ਦਾ ਲਾਹੇਵੰਦ ਭਾਅ ਨਾ ਮਿਲਣਾ ਗੰਭੀਰ ਚਿੰਤਾ ਦਾ ਵਿਸ਼ਾ : ਲਾਚੋਵਾਲ



**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਕਿਸਾਨਾਂ ਨੂੰ ਫਸਲਾਂ ਦਾ ਲਾਹੇਵੰਦ ਭਾਅ ਨਾ ਮਿਲਣਾ ਗੰਭੀਰ ਚਿੰਤਾ ਦਾ ਵਿਸ਼ਾ ਹੈ। ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਆਜ਼ਾਦ ਕਿਸਾਨ ਸੰਘਰਸ਼ ਕਮੇਟੀ ਦੀ ਜਥੇਦਾਰ ਗੁਰਦੀਪ ਸਿੰਘ ਖੁਣਖੁਣ ਸਰਪ੍ਰਸਤ ਦੀ ਅਗਵਾਈ ਹੇਠ ਹੋਈ ਮਹੀਨਾਵਾਰ ਮੀਟਿੰਗ 'ਚ ਵਿਚਾਰੇ ਗਏ ਮੁੱਦਿਆਂ ਤੇ ਗੱਲਬਾਤ ਕਰਦਿਆਂ ਹੋਇਆ ਪ੍ਰਧਾਨ ਪਰਮਿੰਦਰ ਸਿੰਘ ਲਾਚੋਵਾਲ ਨੇ ਕੀਤਾ। ਇਸ ਸਮੇਂ ਉਹਨਾਂ ਕਿਹਾ ਕਿ ਕੇਂਦਰ ਤੇ ਪੰਜਾਬ ਦੀਆਂ ਸਰਕਾਰਾਂ ਨੂੰ ਇਸ ਤੇ ਗੰਭੀਰਤਾ ਨਾ ਵਿਚਾਰ ਕਰਨ ਦੀ ਲੋੜ ਹੈ ਕਿ ਕਿਸਾਨਾਂ ਨੂੰ ਉਹਨਾਂ ਦੀਆਂ ਫਸਲਾਂ ਦਾ ਲਾਹੇਵੰਦ ਭਾਅ ਮਿਲ ਸਕੇ ਨਹੀਂ ਤਾਂ ਕਿਸਾਨ ਹੌਲੀ ਹੌਲੀ ਖੇਤ ਨਾਲੋਂ ਟੁੱਟ ਜਾਣਗੇ। ਇਹ ਸਮੇਂ ਖਸ ਖਸ ਦੀ ਖੇਤੀ ਤੋਂ ਪਾਬੰਦੀ ਹਟਾ ਕੇ ਮੁੜ ਸ਼ੁਰੂ ਕਰਨ ਦੀ ਬਕਾਲਤ ਕਰਨ ਵਾਲੀ ਜਥੇਬੰਦੀ ਇਨਸਾਫ ਟੀਮ ਪੰਜਾਬ ਦੇ ਆਗੂ ਕੁਲਵੰਤ ਸਿੰਘ ਪੱਡਾ, ਗੁਰਿੰਦਰ ਸਿੰਘ ਫਤਿਹਗੜ੍ਹ, ਕੁਲਵੰਤ ਸਿੰਘ ਗਿੱਲ ਰੋਪੜ ਵਿਸ਼ੇਸ਼ ਤੌਰ ਤੇ ਹਾਜ਼ਰ ਹੋਏ ਤੇ ਉਹਨਾਂ ਨੇ ਕਿਸਾਨਾਂ ਨਾਲ ਆਪਣੇ ਵਿਚਾਰ ਸਾਂਝੇ ਕਰਦੇ ਹੋਏ ਕਿਹਾ ਕਿ ਨਸ਼ਿਆਂ ਦੀ ਦਲਦਲ ਵਿੱਚ ਫਸ ਕੇ ਨੌਜਵਾਨ ਆਪਣੇ ਜੀਵਨ ਨੂੰ ਬਰਬਾਦ ਕਰ ਰਹੇ ਹਨ ਤੇ ਆਪਣਾ ਪਰਿਵਾਰ ਅਤੇ ਸਮਾਜ ਨਾਲੋਂ ਟੁੱਟ ਕੇ ਜੀਵਨ ਦੁੱਖਾਂ ਭਰਿਆ ਬਣਾ ਰਹੇ ਹਨ ਪਰ ਖਸ ਖਸ ਦੀ ਖੇਤੀ ਸ਼ੁਰੂ ਹੋਣ ਨਾਲ ਸਿੰਥੈਟਿਕ ਡਰੱਗ ਦੇ ਆਦੀ ਨੌਜਵਾਨਾਂ ਨੂੰ ਬਚਾਇਆ ਜਾ ਸਕਦਾ ਹੈ। ਇਸ ਸਮੇਂ ਹਰਪ੍ਰੀਤ ਸਿੰਘ ਪੰਡੋਰੀ ਖਜੂਰ, ਅਕਬਰ ਸਿੰਘ ਬੁਰੇ ਜੱਟਾਂ, ਬਿੱਕਰ ਸਿੰਘ ਸ਼ੇਰਪੁਰ, ਜਸਪਾਲ ਸਿੰਘ ਰਾਜਾ, ਕੁਲਦੀਪ ਸਿੰਘ ਦੇਹਰੀਵਾਲ, ਪ੍ਰੀਤਮ ਸਿੰਘ ਨੰਗਲ ਕਲਾਲ, ਗੁਰਨਾਮ ਸਿੰਘ ਸਿੰਗੜੀਵਾਲਾ, ਕਰਨੈਲ ਸਿੰਘ ਢੱਡੇ, ਲੰਬੜਦਾਰ ਜਗਤ ਸਿੰਘ, ਸਤਵੰਤ ਸਿੰਘ ਮੁਰਾਦਪੁਰ ਆਦਿ ਹਾਜ਼ਰ ਸਨ।

## ਬੁੱਧੀਜੀਵੀਆਂ ਅਤੇ ਕਾਰਕੁਨਾਂ ਉੱਪਰ ਐੱਨ ਐੱਸ ਏ ਲਗਾਉਣਾ ਬੰਦ ਕਰੇ ਸਰਕਾਰ : ਜਮਹੂਰੀ ਫਰੰਟ

**ਜਲੰਧਰ**- ਓਪਰੇਸ਼ਨ ਗਰੀਨ ਹੰਟ ਵਿਰੋਧੀ ਜਮਹੂਰੀ ਫਰੰਟ ਪੰਜਾਬ ਦੇ ਸੂਬਾ ਕਨਵੀਨਰਾਂ ਡਾ. ਪਰਮਿੰਦਰ ਸਿੰਘ, ਪ੍ਰੋ. ਏ ਕੇ ਮਲੇਰੀ, ਬੂਟਾ ਸਿੰਘ ਮਹਿਮੂਦਪੁਰ ਅਤੇ ਯਸ਼ ਪਾਲ ਨੇ ਪ੍ਰੈੱਸ ਬਿਆਨ ਜਾਰੀ ਕਰਕੇ ਨੋਇਡਾ ਪੁਲਿਸ ਵੱਲੋਂ ਲੋਕਪੱਖੀ ਬੁੱਧੀਜੀਵੀ ਸੱਤਿਅਮ ਵਰਮਾ, ਆਕ੍ਰਿਤੀ ਅਤੇ ਹੋਰ ਕਾਰਕੁਨਾਂ ਉੱਪਰ ਨੈਸ਼ਨਲ ਸਕਿਊਰਿਟੀ ਐਕਟ ਲਗਾਏ ਜਾਣ ਦੀ ਸਖ਼ਤ ਸ਼ਬਦਾਂ ਵਿਚ ਨਿਖੇਧੀ ਕੀਤੀ ਹੈ। ਫਰੰਟ ਦੇ ਆਗੂਆਂ ਨੇ ਕਿਹਾ ਕਿ ਮਜ਼ਦੂਰਾਂ ਦਾ ਘੱਟੋ ਘੱਟ ਉਜ਼ਰਤ ਦਰਾਂ ਲਾਗੂ ਕਰਾਉਣ ਅਤੇ ਮਹਿੰਗਾਈ ਅਨੁਸਾਰ ਉਜ਼ਰਤਾਂ ਵਿਚ ਵਾਧਾ ਕਰਾਉਣ ਦੀਆਂ ਮੰਗਾਂ ਮੰਨਵਾਉਣ ਲਈ ਸੰਘਰਸ਼ ਕਰਨਾ ਅਤੇ ਸੰਘਰਸ਼ ਦੀ ਹਮਾਇਤ ਕਰਨਾ ਨਾਗਰਿਕਾਂ ਦਾ ਜਮਹੂਰੀ ਹੱਕ ਹੈ। ਨੋਇਡਾ ਪੁਲਿਸ ਨੇ ਭਾਜਪਾ ਸਰਕਾਰ ਦੇ ਇਸ਼ਾਰੇ 'ਤੇ ਮਜ਼ਦੂਰਾਂ ਦੇ ਹਿਤਾਂ ਲਈ ਆਵਾਜ਼ ਉਠਾਉਣ ਵਾਲੇ ਬੁੱਧੀਜੀਵੀਆਂ ਅਤੇ ਕਾਰਕੁਨਾਂ ਨੂੰ ਕੌਮੀ ਸੁਰੱਖਿਆ ਲਈ ਖ਼ਤਰਾ ਕਰਾਰ ਦੇ ਕੇ ਇਹ ਸੰਦੇਸ਼ ਦਿੱਤਾ ਹੈ ਕਿ ਹਕੂਮਤ ਲਈ ਸਰਮਾਏਦਾਰੀ ਦੇ ਮੁਨਾਫ਼ੇ ਦੀ ਸੁਰੱਖਿਆ ਹੀ ਕੌਮੀ ਸੁਰੱਖਿਆ ਹੈ ਅਤੇ ਇਸ ਕਥਿਤ ਕੌਮੀ ਸੁਰੱਖਿਆ ਵਿੱਚੋਂ ਮਜ਼ਦੂਰ ਜਮਾਤ ਤੇ ਹੋਰ ਮਿਹਨਤਕਸ਼ ਲੋਕ ਪੂਰੀ ਤਰ੍ਹਾਂ ਮਨਫ਼ੀ ਹਨ। ਕਾਨੂੰਨੀ ਤੌਰ 'ਤੇ ਤੈਅ ਕੀਤੀਆਂ ਘੱਟੋ ਘੱਟ ਉਜਰਤਾਂ ਅਤੇ ਮਜ਼ਦੂਰਾਂ ਦੀ ਜੀਵਨ ਸੁਰੱਖਿਆ ਲਈ ਜ਼ਰੂਰੀ ਹੋਰ ਸਹੂਲਤਾਂ ਲਾਗੂ ਨਾ ਕਰਵਾਕੇ ਸਰਕਾਰਾਂ ਅਤੇ ਪ੍ਰਸ਼ਾਸਨ ਖ਼ੁਦ ਲਾਕਾਨੂੰਨੀਆਂ ਕਰ ਰਹੇ ਹਨ ਅਤੇ ਜੇਕਰ ਮਜ਼ਦੂਰ ਸਮੂਹਿਕ ਸੰਘਰਸ਼ ਦੇ ਦਬਾਅ ਰਾਹੀਂ ਇਹ ਮੰਗਾਂ ਮੰਨਵਾਉਣ ਦੇ ਰਾਹ ਪੈਂਦੇ ਹਨ ਤਾਂ ਕਾਰਪੋਰੇਟ ਮੈਨੇਜਮੈਂਟਾਂ ਅਤੇ ਪੁਲਿਸ-ਪ੍ਰਸ਼ਾਸਨ ਅਮਨ-ਕਾਨੂੰਨ ਨੂੰ ਖ਼ਤਰੇ ਦੀ ਦੁਹਾਈ ਦੇਣ ਲੱਗਦੇ ਹਨ। ਉਨ੍ਹਾਂ ਮੰਗ ਕੀਤੀ ਕਿ ਮਜ਼ਦੂਰ ਸੰਘਰਸ਼ ਦੇ ਹੱਕ ਵਿਚ ਆਵਾਜ਼ ਉਠਾਉਣ ਵਾਲੇ ਬੁੱਧੀਜੀਵੀਆਂ, ਸਮਾਜਿਕ ਕਾਰਕੁਨਾਂ ਅਤੇ ਸੰਘਰਸ਼ਸ਼ੀਲ ਮਜ਼ਦੂਰਾਂ ਨੂੰ ਤੁਰੰਤ ਰਿਹਾ ਕੀਤਾ ਜਾਵੇ ਅਤੇ ਕੌਮੀ ਸੁਰੱਖਿਆ ਐਕਟ ਤੁਰੰਤ ਵਾਪਸ ਲਿਆ ਜਾਵੇ।

## ਖੂਨਦਾਨ ਕੈਂਪ ਲਗਾਇਆ

**ਚੰਡੀਗੜ੍ਹ (ਗੁਰਜੀਤ ਬਿੱਲਾ)**- ਰਿਆਤ ਬਾਹਰਾ ਯੂਨੀਵਰਸਿਟੀ ਦੇ ਯੂਨੀਵਰਸਿਟੀ ਸਕੂਲ ਆਫ਼ ਫਿਜ਼ੀਓਥੈਰੇਪੀ ਐਂਡ ਰੇਡੀਓਲੋਜੀ (ਯੂਐਸਪੀਆਰ) ਨੇ ਗ੍ਰੀਸ਼ੀਅਨ ਹਸਪਤਾਲ ਬਲੱਡ ਸੈਂਟਰ ਦੇ ਸਹਿਯੋਗ ਨਾਲ ਇੱਕ ਖੂਨਦਾਨ ਕੈਂਪ ਦਾ ਸਫਲਤਾਪੂਰਵਕ ਆਯੋਜਨ ਕੀਤਾ, ਜਿਸ ਵਿੱਚ ਵਿਦਿਆਰਥੀਆਂ,ਅੰਤਰਰਾਸ਼ਟਰੀ ਵਿਦਿਆਰਥੀਆਂ, ਫੈਕਲਟੀ ਮੈਂਬਰਾਂ ਅਤੇ ਸਟਾਫ ਦੀ ਉਤਸ਼ਾਹੀ ਭਾਗੀਦਾਰੀ ਵੇਖੀ ਗਈ ਜਿਹਨਾਂ ਨੇ ਸਮਾਜਿਕ ਜ਼ਿੰਮੇਵਾਰੀ ਤੇ ਭਾਈਚਾਰਕ ਭਲਾਈ ਪ੍ਰਤੀ ਆਪਣੀ ਵਚਨਬੱਧਤਾ ਨੂੰ ਹੋਰ ਮਜ਼ਬੂਤ ਕੀਤਾ ਗਿਆ। ਇਹ ਉਪਰਾਲਾ ਚਾਂਸਲਰ ਗੁਰਵਿੰਦਰ ਸਿੰਘ ਬਾਹਰਾ ਦੀ ਅਗਵਾਈ ਹੇਠ ਕੀਤਾ ਗਿਆ ਸੀ। ਇਸ ਕੈਂਪ ਪ੍ਰੋਫੈਸਰ (ਡਾ.) ਸੰਜੇ ਕੁਮਾਰ ਵਾਈਸ ਚਾਂਸਲਰ ਅਤੇ ਡਾ. ਸਤੀਸ਼ ਕੁਮਾਰ ਪ੍ਰੋ ਵਾਈਸ ਚਾਂਸਲਰ ਸਰਪ੍ਰਸਤੀ ਅਤੇ ਮਾਰਗਦਰਸ਼ਨ ਤਹਿਤ ਲਗਾਇਆ ਗਿਆ ਜਿਨ੍ਹਾਂ ਨੇ ਪ੍ਰਬੰਧਕ ਟੀਮ ਦੇ ਯਤਨਾਂ ਦੀ ਸ਼ਲਾਘਾ ਕੀਤੀ ਅਤੇ ਭਾਗੀਦਾਰਾਂ ਨੂੰ ਇਸ ਮਾਨਵਤਾਵਾਦੀ ਕਾਰਜ ਵਿੱਚ ਯੋਗਦਾਨ ਪਾਉਣ ਲਈ ਉਤਸ਼ਾਹਿਤ ਕੀਤਾ। ਪ੍ਰਬੰਧਕ ਕਮੇਟੀ ਦੀ ਅਗਵਾਈ ਡਾ. ਲਲਿਤ ਗੁਪਤਾ ਕਰ ਰਹੇ ਸਨ, ਜਿਨ੍ਹਾਂ ਦੇ ਸਮਰਪਿਤ ਯਤਨਾਂ ਨੇ ਕੈਂਪ ਦੇ ਸੁਚਾਰੂ ਸੰਚਾਲਨ ਨੂੰ ਯਕੀਨੀ ਬਣਾਇਆ। ਇਹ ਕੈਂਪ ਵਿੱਚ 50 ਤੋਂ ਵੱਧ ਸਵੈ-ਇੱਛਾ ਨਾਲ ਖੂਨਦਾਨੀਆਂ ਨੇ ਇਸ ਜੀਵਨ-ਰੱਖਿਅਕ ਕਾਰਜ ਦਾ ਸਮਰਥਨ ਕਰਨ ਲਈ ਖੂਨਦਾਨ ਕੀਤਾ । ਇਸ ਮੌਕੇ ਗ੍ਰੀਸ਼ੀਅਨ ਹਸਪਤਾਲ ਬਲੱਡ ਸੈਂਟਰ ਦੀ ਮੈਡੀਕਲ ਟੀਮ ਨੇ ਯੂਨੀਵਰਸਿਟੀ ਭਾਈਚਾਰੇ ਵੱਲੋਂ ਦਿੱਤੀ ਗਈ ਸਰਗਰਮ ਸ਼ਮੂਲੀਅਤ ਅਤੇ ਸਮਰਥਨ ਦੀ ਸ਼ਲਾਘਾ ਕੀਤੀ।



### ਜਨਮ ਦਿਨ ਮੁਬਾਰਕ



ਸੁਹਾਨੀ, ਗੁਰਦਾਸਪੁਰ

### ਵਰ੍ਹੇਗੰਢ ਮੁਬਾਰਕ



ਜਸਬੀਰ ਸਿੰਘ ਅਤੇ ਜਸਪਾਲ ਕੌਰ ਵਾਸੀ ਸ਼ਾਂਤੀਪੁਰੀ ਨੇ ਵਿਆਹ ਦੀ 31ਵੀਂ ਵਰ੍ਹੇਗੰਢ ਮਨਾਈ।